ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

# ਚੜ੍ਹਦੀਕਲਾ

***

DAILY CHARHDIKALA, PATIALA

ਰਜਿਸਟਰਡ ਪੋਸਟਲ ਰਜਿ: ਨੰ.
Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 97



ਫ਼ੋਨ: +91- 92168-07500
E-mail: news@charhdikala.com
www.charhdikala.com

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ



ਕੁੱਲ ਪੰਨੇ: 12 (Thursday, 9 April, 2026) ਵੀਰਵਾਰ, 9 ਅਪ੍ਰੈਲ, 2026, 27 ਚੇਤ, ਨਾਨਕਸ਼ਾਹੀ ਸੰਮਤ 558, ਬਿਕ੍ਰਮੀ 2083/ PRGI (RNI) Regd. No. 22972/1972/ ਮੁੱਲ: 2 ਰੁਪਏ


### ਜੰਗਬੰਦੀ ਤੋਂ ਬਾਅਦ ਈਰਾਨ 'ਚ ਭਾਰਤੀ ਦੂਤਾਵਾਸ ਵੱਲੋਂ ਭਾਰਤੀਆਂ ਲਈ ਸਲਾਹ ਜਾਰੀ

ਨਵੀਂ ਦਿੱਲੀ, 8 ਅਪ੍ਰੈਲ (ਚ.ਨ.ਸ.): ਪੱਛਮੀ ਏਸ਼ੀਆ ਵਿਚ ਇਕ ਮਹੀਨੇ ਤੋਂ ਵੱਧ ਸਮੇਂ ਤੱਕ ਚੱਲੀ ਲੜਾਈ ਤੋਂ ਬਾਅਦ ਈਰਾਨ ਅਤੇ ਅਮਰੀਕਾ ਨੇ ਜੰਗਬੰਦੀ ਦਾ ਐਲਾਨ ਅੱਜ ਕਰ ਦਿੱਤਾ। ਇਸ ਦੌਰਾਨ ਤਹਿਰਾਨ ਵਿਚ ਭਾਰਤੀ ਦੂਤਾਵਾਸ ਨੇ ਅੱਜ 8 ਅਪ੍ਰੈਲ ਨੂੰ ਇਕ ਮਹੱਤਵਪੂਰਨ ਐਡਵਾਈਜ਼ਰੀ ਜਾਰੀ ਕੀਤੀ ਹੈ। ਮੌਜੂਦਾ ਸਥਿਤੀ ਨੂੰ ਦੇਖਦੇ ਹੋਏ ਦੂਤਾਵਾਸ ਨੇ ਭਾਰਤੀ ਨਾਗਰਿਕਾਂ ਨੂੰ ਤੁਰੰਤ ਦੇਸ਼ ਛੱਡਣ ਦੀ ਸਲਾਹ ਦਿੱਤੀ ਹੈ। ਇਹ ਸਲਾਹ 7 ਅਪ੍ਰੈਲ ਨੂੰ ਜਾਰੀ ਕੀਤੀ ਗਈ ਇਕ ਪਿਛਲੀ ਐਡਵਾਈਜ਼ਰੀ ਤੋਂ ਬਾਅਦ ਹੈ, ਜਿਸ ਵਿਚ ਨਾਗਰਿਕਾਂ ਨੂੰ ਚੌਕਸ ਅਤੇ ਸੁਰੱਖਿਅਤ ਰਹਿਣ ਦੀ ਸਲਾਹ ਦਿੱਤੀ ਗਈ ਸੀ। (ਬਾਕੀ ਸਫ਼ਾ 2 'ਤੇ)

## ਮਾਨ ਵੱਲੋਂ ਮੀਂਹ ਕਾਰਨ ਖ਼ਰਾਬ ਹੋਈਆਂ ਫ਼ਸਲਾਂ ਦੀ ਵਿਸ਼ੇਸ਼ ਗਿਰਦਾਵਰੀ ਦੇ ਹੁਕਮ

### ਕੁਦਰਤੀ ਮਾਰ ਹੇਠ ਆਏ ਕਿਸਾਨਾਂ ਦੇ ਨੁਕਸਾਨ ਦੀ ਪੂਰਤੀ ਕਰੇਗੀ ਪੰਜਾਬ ਸਰਕਾਰ: ਮੁੱਖ ਮੰਤਰੀ

ਚੜ੍ਹਦੀਕਲਾ ਬਿਊਰੋ
================

ਚੰਡੀਗੜ੍ਹ, 8 ਅਪ੍ਰੈਲ : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬੇ 'ਚ ਬੇਮੌਸਮੀ ਮੀਂਹ, ਤੇਜ਼ ਹਵਾਵਾਂ ਅਤੇ ਗੜੇਮਾਰੀ ਕਾਰਨ ਕਣਕ ਦੀ ਪੱਕੀ ਫ਼ਸਲ ਦੇ ਹੋਏ ਨੁਕਸਾਨ ਦੇ ਜਾਇਜ਼ੇ ਲਈ ਵਿਸ਼ੇਸ਼ ਗਿਰਦਾਵਰੀ ਦੇ ਹੁਕਮ ਜਾਰੀ ਕੀਤੇ ਹਨ। ਉਨ੍ਹਾਂ ਕਿਹਾ ਕਿ ਕੁਦਰਤੀ ਮਾਰ ਹੇਠ ਆਏ ਕਿਸਾਨਾਂ ਦੇ ਹਰ ਨੁਕਸਾਨ ਦੀ ਪੂਰਤੀ ਪੰਜਾਬ ਸਰਕਾਰ ਕਰੇਗੀ । ਸਰਕਾਰ ਦੇ ਕਿਸਾਨਾਂ ਨਾਲ ਡਟ ਕੇ ਖੜ੍ਹੇ ਹੋਣ ਦਾ ਦਾਅਵਾ ਕਰਦਿਆਂ ਉਨ੍ਹਾਂ ਕਿਹਾ ਕਿ ਜਲਦੀ ਤੋਂ ਜਲਦੀ ਕਿਸਾਨਾਂ ਨੂੰ ਢੁੱਕਵਾਂ ਮੁਆਵਜ਼ਾ ਦਿੱਤਾ ਜਾਵੇਗਾ। ਪ੍ਰਾਪਤ ਹੋਈ ਜਾਣਕਾਰੀ ਅਨੁਸਾਰ ਸਰਕਾਰ ਨੇ ਡਿਪਟੀ ਕਮਿਸ਼ਨਰਾਂ ਨੂੰ ਲੈਂਡ ਮੈਨੂਅਲ ਰਿਕਾਰਡ ਦੇ ਆਧਾਰ 'ਤੇ ਵਿਸ਼ੇਸ਼ ਗਿਰਦਾਵਰੀ ਕਰਵਾ ਕੇ ਮੁਆਵਜ਼ਾ ਤਿਆਰ ਕਰਨ ਲਈ ਕਿਹਾ ਹੈ।ਪ੍ਰਾਪਤ ਹੋਈ ਜਾਣਕਾਰੀ ਅਨੁਸਾਰ ਪੰਜਾਬ ਦੇ ਸੱਤ ਜ਼ਿਲ੍ਹਿਆਂ 'ਚ ਫ਼ਸਲੀ ਨੁਕਸਾਨ ਸਾਹਮਣੇ ਆਇਆ ਹੈ। ਤੇਜ਼



ਹਵਾਵਾਂ ਨੇ ਕਣਕ ਦੀ ਫ਼ਸਲ ਵਿਛਾ ਦਿੱਤੀ ਹੈ ਜਿਸ ਨਾਲ ਕਿਸਾਨਾਂ ਦੇ ਲਾਗਤ ਖ਼ਰਚੇ ਵੀ ਵਧਣਗੇ ।ਮੰਡੀਆਂ 'ਚ ਬੇਸ਼ੱਕ ਫ਼ਸਲ ਦੀ ਆਮਦ ਸ਼ੁਰੂ ਹੋ ਗਈ ਹੈ ਪਰ ਬਦਲੇ ਹੋਏ ਮੌਸਮ ਕਾਰਨ ਕਣਕ ਦੀ ਕਟਾਈ 'ਚ ਤੇਜ਼ੀ ਨਹੀਂ ਆ ਸਕੀ। ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਜਾਰੀ ਹੁਕਮਾਂ ਮਗਰੋਂ ਡਿਪਟੀ ਕਮਿਸ਼ਨਰਾਂ ਨੇ ਆਪੋ-ਆਪਣੇ ਜ਼ਿਲ੍ਹਿਆਂ 'ਚ ਵਿਸ਼ੇਸ਼ ਗਿਰਦਾਵਰੀ ਦੀ ਤਿਆਰੀ ਵਿੱਢ ਦਿੱਤੀ ਹੈ। ਸੂਬੇ 'ਚ ਕਿਸਾਨਾਂ ਦੀਆਂ ਫ਼ਸਲਾਂ ਦੇ ਖ਼ਰਾਬੇ ਦੇ ਮੱਦੇਨਜ਼ਰ ਵਿਰੋਧੀ ਸਿਆਸੀ ਪਾਰਟੀਆਂ ਦੇ ਆਗੂ ਵੀ ਸਰਗਰਮ ਹਨ ਅਤੇ ਉਹ ਖੇਤਾਂ ਦੇ (ਬਾਕੀ ਸਫ਼ਾ 2 'ਤੇ)

### ਪਾਕਿਸਤਾਨ ਬਣਿਆ ਵਿਚੋਲਾ !

# ਈਰਾਨ ਤੇ ਅਮਰੀਕਾ ਵਿਚਾਲੇ ਹੋਈ 2 ਹਫ਼ਤਿਆਂ ਦੀ ਗੋਲੀਬੰਦੀ

ਚੜ੍ਹਦੀਕਲਾ ਬਿਊਰੋ
================

ਵਾਸ਼ਿੰਗਟਨ/ਤਹਿਰਾਨ, 8 ਅਪ੍ਰੈਲ : ਅਮਰੀਕੀ ਰਾਸ਼ਟਰਪਤੀ ਟਰੰਪ ਨੇ ਮੰਗਲਵਾਰ ਨੂੰ ਸੀਜ਼ਫਾਇਰ ਦਾ ਵੱਡਾ ਐਲਾਨ ਕੀਤਾ, ਜਿਸ ਵਿੱਚ ਈਰਾਨ 'ਤੇ ਹਮਲਿਆਂ ਨੂੰ ਦੋ ਹਫ਼ਤਿਆਂ ਲਈ ਰੋਕ ਦਿੱਤਾ ਗਿਆ। ਟਰੰਪ ਮੁਤਾਬਕ ਇਹ ਫੈਸਲਾ ਪਾਕਿਸਤਾਨੀ ਪ੍ਰਧਾਨ ਮੰਤਰੀ ਸ਼ਾਹਬਾਜ਼ ਸ਼ਰੀਫ ਅਤੇ ਫੀਲਡ ਮਾਰਸ਼ਲ ਅਸੀਮ ਮੁਨੀਰ ਨਾਲ ਗੱਲਬਾਤ ਤੋਂ ਬਾਅਦ ਲਿਆ ਗਿਆ। ਈਰਾਨ ਦੇ ਸਰਕਾਰੀ ਮੀਡੀਆ ਨੇ ਵੀ ਟਰੰਪ ਦੇ ਐਲਾਨ ਤੋਂ ਬਾਅਦ ਜੰਗਬੰਦੀ ਦੀ ਪੁਸ਼ਟੀ ਕੀਤੀ। ਟਰੰਪ ਨੇ ਕਿਹਾ ਕਿ ਜੇ ਈਰਾਨ ਹੋਰਮੁਜ਼ ਜਲਡਮਰੂ ਨੂੰ ਪੂਰੀ ਤਰ੍ਹਾਂ ਤੁਰੰਤ ਅਤੇ ਸੁਰੱਖਿਅਤ ਢੰਗ ਨਾਲ ਖੋਲ੍ਹਣ ਲਈ ਸਹਿਮਤ ਹੁੰਦਾ ਹੈ, ਤਾਂ ਇਹ ਦੋ-ਪੱਖੀ ਜੰਗਬੰਦੀ ਹੋਵੇਗੀ।

ਟਰੰਪ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਲਿਖਿਆ ਕਿ, ਪਾਕਿਸਤਾਨੀ ਪ੍ਰਧਾਨ ਮੰਤਰੀ ਸ਼ਾਹਬਾਜ਼ ਸ਼ਰੀਫ ਅਤੇ ਫੀਲਡ ਮਾਰਸ਼ਲ ਅਸੀਮ ਮੁਨੀਰ ਨਾਲ ਮੇਰੀ ਗੱਲਬਾਤ ਦੇ ਆਧਾਰ 'ਤੇ, ਜਿਸ ਵਿੱਚ ਉਨ੍ਹਾਂ ਨੇ ਅੱਜ ਰਾਤ ਮੈਨੂੰ ਈਰਾਨ ਨੂੰ ਭੇਜੀ ਜਾ ਰਹੀ



ਵਿਨਾਸ਼ਕਾਰੀ ਤਾਕਤ ਨੂੰ ਰੋਕਣ ਲਈ ਬੇਨਤੀ ਕੀਤੀ ਅਤੇ ਇਸ ਸ਼ਰਤ 'ਤੇ ਕਿ ਈਰਾਨ ਹੋਰਮੁਜ਼ ਜਲਡਮਰੂ ਨੂੰ ਪੂਰੀ ਤਰ੍ਹਾਂ, ਤੁਰੰਤ ਅਤੇ ਸੁਰੱਖਿਅਤ ਢੰਗ ਨਾਲ ਖੋਲ੍ਹਣ ਲਈ ਸਹਿਮਤ ਹੋਵੇ, ਮੈਂ ਦੋ ਹਫ਼ਤਿਆਂ ਦੀ ਮਿਆਦ ਲਈ ਈਰਾਨ 'ਤੇ ਬੰਬਾਰੀ ਅਤੇ ਹਮਲੇ ਮੁਅੱਤਲ ਕਰਨ ਲਈ ਸਹਿਮਤ ਹੋ ਗਿਆ ਹਾਂ। ਉਨ੍ਹਾਂ ਅੱਗੇ ਕਿਹਾ ਕਿ ਇਹ ਦੋ-ਪੱਖੀ ਜੰਗਬੰਦੀ ਹੋਵੇਗੀ। ਅਜਿਹਾ ਕਰਨ ਦਾ ਕਾਰਨ ਇਹ ਹੈ ਕਿ ਅਸੀਂ ਪਹਿਲਾਂ ਹੀ ਸਾਰੇ ਫੌਜੀ ਉਦੇਸ਼ਾਂ ਨੂੰ ਪ੍ਰਾਪਤ ਕਰ ਲਿਆ ਹੈ ਅਤੇ ਉਨ੍ਹਾਂ ਤੋਂ ਵੀ ਅੱਗੇ ਵੱਧ ਚੁੱਕੇ ਹਾਂ, ਅਤੇ ਈਰਾਨ ਨਾਲ ਲੰਬੇ ਸਮੇਂ ਦੀ ਸ਼ਾਂਤੀ ਅਤੇ ਮੱਧ ਪੂਰਬ ਵਿੱਚ ਸ਼ਾਂਤੀ ਸਬੰਧੀ ਇੱਕ ਫੈਸਲਾਕੁੰਨ ਸਮਝੌਤੇ ਦੀ ਦਿਸ਼ਾ ਵਿਚ ਕਾਫੀ ਅੱਗੇ ਵਧ ਚੁੱਕੇ ਹਾਂ। ਉਨ੍ਹਾਂ ਕਿਹਾ ਕਿ ਅਮਰੀਕਾ ਨੂੰ ਈਰਾਨ ਤੋਂ 10 ਨੁਕਤਿਆਂ ਵਾਲਾ ਪ੍ਰਸਤਾਵ ਮਿਲਿਆ ਹੈ, ਜਿਸਦੀ 'ਤੇ ਗੱਲਬਾਤ ਅੱਗੇ ਵਧ ਸਕਦੀ ਹੈ। ਟਰੰਪ ਨੇ ਦਾਅਵਾ ਕੀਤਾ ਕਿ ਜ਼ਿਆਦਾਤਰ ਮੁੱਦਿਆਂ 'ਤੇ ਸਹਿਮਤੀ ਬਣ ਗਈ ਹੈ ਜੋ ਪਹਿਲਾਂ ਵਿਵਾਦ ਵਿੱਚ ਸਨ। ਸਮਝੌਤੇ ਨੂੰ ਅੰਤਿਮ ਰੂਪ ਦੇਣ ਲਈ ਦੋ ਹਫ਼ਤੇ ਦਿੱਤੇ ਗਏ ਹਨ।

## ਭਾਰਤ ਵੱਲੋਂ ਅਮਰੀਕਾ-ਈਰਾਨ ਜੰਗਬੰਦੀ ਦਾ ਸਵਾਗਤ

ਚੜ੍ਹਦੀਕਲਾ ਬਿਊਰੋ
================

ਨਵੀਂ ਦਿੱਲੀ, 8 ਅਪ੍ਰੈਲ :ਭਾਰਤ ਨੇ ਬੁੱਧਵਾਰ ਨੂੰ ਅਮਰੀਕਾ ਅਤੇ ਈਰਾਨ ਵਿਚਾਲੇ ਹੋਈ ਜੰਗਬੰਦੀ ਦਾ ਸਵਾਗਤ ਕੀਤਾ। ਭਾਰਤ ਨੇ ਉਮੀਦ ਜਤਾਈ ਕਿ ਇਹ ਕਦਮ ਪੱਛਮੀ ਏਸ਼ੀਆ ਵਿੱਚ ਸਥਾਈ ਸ਼ਾਂਤੀ ਦਾ ਰਾਹ ਪੱਧਰਾ ਕਰੇਗਾ। ਇਸ ਦੇ ਨਾਲ ਹੀ ਭਾਰਤ ਨੇ ਦੋਵਾਂ ਦੇਸ਼ਾਂ ਵਿਚਾਲੇ



ਲਗਾਤਾਰ ਗੱਲਬਾਤ ਅਤੇ ਕੂਟਨੀਤਕ ਰਿਸ਼ਤਿਆਂ ਨੂੰ ਬਣਾਏ ਰੱਖਣ ਦੀ ਲੋੜ 'ਤੇ ਵੀ ਜ਼ੋਰ ਦਿੱਤਾ।ਇੱਕ ਅਧਿਕਾਰਤ ਬਿਆਨ ਵਿੱਚ ਭਾਰਤ ਸਰਕਾਰ ਨੇ ਦੁਹਰਾਇਆ ਕਿ ਸੰਘਰਸ਼ ਨੂੰ ਖਤਮ ਕਰਨ ਲਈ ਤਣਾਅ ਘਟਾਉਣਾ, ਗੱਲਬਾਤ ਅਤੇ ਕੂਟਨੀਤੀ ਜ਼ਰੂਰੀ ਹੈ।ਇਸ ਸੰਘਰਸ਼ ਵਿੱਚ ਕਈ ਦਿਨਾਂ ਤੱਕ ਭਾਰੀ ਟਕਰਾਅ ਦੇਖਣ ਨੂੰ ਮਿਲਿਆ ਸੀ, ਜਿਸ ਨਾਲ ਇੱਕ ਵਿਆਪਕ ਖੇਤਰੀ ਜੰਗ ਦਾ ਡਰ ਪੈਦਾ ਹੋ ਗਿਆ ਸੀ।

ਵਿਦੇਸ਼ ਮੰਤਰਾਲੇ ਨੇ ਕਿਹਾ, 'ਅਸੀਂ ਅਮਰੀਕਾ-ਈਰਾਨ ਵਿਚਾਲੇ ਹੋਈ ਜੰਗਬੰਦੀ ਦਾ ਸਵਾਗਤ ਕਰਦੇ ਹਾਂ ਅਤੇ ਉਮੀਦ ਕਰਦੇ ਹਾਂ ਕਿ ਇਹ ਪੱਛਮੀ ਏਸ਼ੀਆ ਵਿੱਚ ਸਥਾਈ ਸ਼ਾਂਤੀ ਵੱਲ ਲੈ ਜਾਵੇਗੀ। ਜਿਵੇਂ ਕਿ ਅਸੀਂ ਪਹਿਲਾਂ ਵੀ ਲਗਾਤਾਰ ਵਕਾਲਤ ਕੀਤੀ ਹੈ, ਇਸ ਜੰਗ ਨੂੰ ਜਲਦੀ ਖਤਮ ਕਰਨ ਲਈ ਤਣਾਅ ਘਟਾਉਣਾ, ਗੱਲਬਾਤ ਅਤੇ ਕੂਟਨੀਤੀ ਬਹੁਤ ਜ਼ਰੂਰੀ ਹੈ।'ਬਿਆਨ ਵਿੱਚ ਕਿਹਾ ਗਿਆ ਹੈ ਕਿ ਭਾਰਤ ਨੂੰ ਉਮੀਦ ਹੈ ਕਿ (ਬਾਕੀ ਸਫ਼ਾ 2 'ਤੇ)

## ਆੜ੍ਹਤੀਆਂ ਨੇ ਵਾਪਸ ਲਈ ਹੜਤਾਲ, ਕਣਕ ਦੀ ਖ਼ਰੀਦ ਮੁੜ ਸ਼ੁਰੂ



ਚੜ੍ਹਦੀਕਲਾ ਬਿਊਰੋ
================

ਚੰਡੀਗੜ੍ਹ, 8 ਅਪ੍ਰੈਲ :ਪੰਜਾਬ ਦੇ ਆੜ੍ਹਤੀਆਂ ਨੇ ਅੱਜ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਅਤੇ ਜਲ ਸਰੋਤ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਨਾਲ ਮੀਟਿੰਗ ਤੋਂ ਬਾਅਦ ਹਫ਼ਤੇ ਤੋਂ ਚੱਲ ਰਹੀ ਹੜਤਾਲ ਵਾਪਸ ਲੈ ਲਈ ਹੈ। ਹੜਤਾਲ ਵਾਪਸ ਹੋਣ ਨਾਲ ਸੂਬੇ ਦੀਆਂ ਮੰਡੀਆਂ ਵਿੱਚ ਕਣਕ ਦੀ ਫ਼ਸਲ ਦੀ ਨਿਰਵਿਘਨ ਖਰੀਦ ਮੁੜ ਸ਼ੁਰੂ ਹੋਣ ਲਈ ਰਾਹ ਪੱਧਰਾ ਹੋ ਗਿਆ ਹੈ। ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀਆਂ ਹਦਾਇਤਾਂ ਤਹਿਤ ਸ. ਖੁੱਡੀਆਂ ਅਤੇ ਸ੍ਰੀ ਗੋਇਲ ਨੇ ਫੈਡਰੇਸ਼ਨ ਆਫ਼ ਆੜ੍ਹਤੀਆ ਐਸੋਸੀਏਸ਼ਨ ਆਫ਼ ਪੰਜਾਬ ਦੇ ਪ੍ਰਧਾਨ ਵਿਜੇ ਕਾਲੜਾ ਦੀ ਅਗਵਾਈ ਹੇਠ ਆੜ੍ਹਤੀਆਂ ਦੇ ਵਫ਼ਦ ਨਾਲ ਉਨ੍ਹਾਂ ਦੀਆਂ ਵੱਖ-ਵੱਖ ਮੰਗਾਂ 'ਤੇ ਵਿਸਥਾਰਪੂਰਵਕ ਵਿਚਾਰ-ਚਰਚਾ ਕੀਤੀ। ਸਰਕਾਰ ਵੱਲੋਂ ਆੜ੍ਹਤੀਆਂ ਦੇ ਜਾਇਜ਼ ਮਸਲਿਆਂ 'ਤੇ ਹਮਦਰਦੀ ਨਾਲ ਵਿਚਾਰ ਕਰਨ (ਬਾਕੀ ਸਫ਼ਾ 2 'ਤੇ)

### ਖੁੱਡੀਆਂ ਵੱਲੋਂ ਮੀਂਹ ਕਾਰਨ ਫ਼ਸਲਾਂ ਨੂੰ ਪੁੱਜੇ ਨੁਕਸਾਨ ਦੇ ਮੁਲਾਂਕਣ ਲਈ ਕੇਂਦਰ ਨੂੰ ਟੀਮ ਭੇਜਣ ਦੀ ਅਪੀਲ

ਚੰਡੀਗੜ੍ਹ, 8 ਅਪ੍ਰੈਲ (ਚ.ਨ.ਸ.):ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਅੱਜ ਕੇਂਦਰ ਸਰਕਾਰ ਨੂੰ ਪੱਤਰ ਲਿਖ ਕੇ ਹਾਲ ਹੀ ਵਿੱਚ ਭਾਰੀ ਮੀਂਹ ਅਤੇ ਗੜ੍ਹੇਮਾਰੀ ਕਾਰਨ ਕਣਕ ਸਮੇਤ ਹਾੜ੍ਹੀ ਦੀਆਂ ਹੋਰ ਫ਼ਸਲਾਂ ਦੇ ਨੁਕਸਾਨ ਦਾ ਜਾਇਜ਼ਾ ਲੈਣ ਲਈ ਤੁਰੰਤ ਇੱਕ ਉੱਚ ਪੱਧਰੀ ਟੀਮ ਭੇਜਣ ਦੀ ਅਪੀਲ ਕੀਤੀ ਹੈ। ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ੍ਰੀ ਸ਼ਿਵਰਾਜ ਸਿੰਘ ਚੌਹਾਨ ਨੂੰ ਲਿਖੇ ਪੱਤਰ ਵਿੱਚ ਸ. ਗੁਰਮੀਤ ਸਿੰਘ ਖੁੱਡੀਆਂ ਨੇ (ਬਾਕੀ ਸਫ਼ਾ 2 'ਤੇ)

### ਜੰਗਬੰਦੀ ਕਰਵਾ ਕੇ ਪਾਕਿਸਤਾਨ ਨੇ ਭਰੋਸੇਯੋਗਤਾ ਵਾਲੀ ਪਛਾਣ ਬਣਾਈ: ਖਵਾਜਾ ਆਸਿਫ਼

ਇਸਲਾਮਾਬਾਦ, 8 ਅਪ੍ਰੈਲ (ਚ.ਨ.ਸ.)ਪਾਕਿਸਤਾਨ ਦੇ ਰੱਖਿਆ ਮੰਤਰੀ ਖਵਾਜਾ ਆਸਿਫ਼ ਨੇ ਬੁੱਧਵਾਰ ਨੂੰ ਦਾਅਵਾ ਕੀਤਾ ਹੈ ਕਿ ਪਾਕਿਸਤਾਨ ਨੂੰ ਹੁਣ ਖੇਤਰੀ



ਅਤੇ ਵਿਸ਼ਵ ਪੱਧਰ 'ਤੇ ਇੱਕ ਭਰੋਸੇਮੰਦ ਅਤੇ ਵਿਸ਼ਵਾਸਯੋਗ ਵਿਚੋਲੇ ਵਜੋਂ ਪਛਾਣਿਆ ਜਾ ਰਿਹਾ ਹੈ। ਇਹ ਬਿਆਨ ਅਮਰੀਕਾ ਅਤੇ ਈਰਾਨ ਵਿਚਕਾਰ ਪਾਕਿਸਤਾਨ ਦੀ ਵਿਚੋਲਗੀ ਸਦਕਾ ਦੋ ਹਫ਼ਤਿਆਂ ਦੀ ਜੰਗਬੰਦੀ ਹੋਣ ਤੋਂ ਕੁਝ ਘੰਟਿਆਂ ਬਾਅਦ ਆਇਆ ਹੈ। ਮੀਡੀਆ ਨਾਲ ਗੱਲਬਾਤ ਕਰਦਿਆਂ ਆਸਿਫ਼ ਨੇ ਇਸ ਜੰਗਬੰਦੀ ਨੂੰ ਆਪਣੀ ਸਮੁੱਚੀ ਲੀਡਰਸ਼ਿਪ ਦੀ ਵੱਡੀ ਸਫ਼ਲਤਾ ਦੱਸਦਿਆਂ ਕਿਹਾ ਕਿ ਪਾਕਿਸਤਾਨ ਹੁਣ ਇੱਕ ਅਜਿਹੇ (ਬਾਕੀ ਸਫ਼ਾ 2 'ਤੇ)

## ਈਰਾਨ ਨੂੰ ਹਥਿਆਰ ਦੇਣ ਵਾਲੇ ਦੇਸ਼ਾਂ 'ਤੇ ਲੱਗੇਗਾ 50 ਫ਼ੀਸਦੀ ਟੈਰਿਫ: ਟਰੰਪ

ਚੜ੍ਹਦੀਕਲਾ ਬਿਊਰੋ
================

ਵਾਸ਼ਿੰਗਟਨ, 8 ਅਪ੍ਰੈਲ : ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਦੁਨੀਆ ਭਰ ਦੇ ਦੇਸ਼ਾਂ ਨੂੰ ਸਖ਼ਤ ਚਿਤਾਵਨੀ ਦਿੰਦਿਆਂ ਕਿਹਾ ਹੈ ਕਿ ਜਿਹੜਾ ਵੀ ਦੇਸ਼ ਈਰਾਨ ਨੂੰ ਹਥਿਆਰਾਂ ਦੀ ਸਪਲਾਈ ਕਰੇਗਾ, ਅਮਰੀਕਾ ਉਸ 'ਤੇ ਤੁਰੰਤ ਪ੍ਰਭਾਵ ਨਾਲ 50 ਫੀਸਦੀ ਟੈਰਿਫ ਲਗਾ ਦੇਵੇਗਾ। ਟਰੰਪ ਨੇ ਸਪੱਸ਼ਟ ਕੀਤਾ ਹੈ ਕਿ ਇਹ ਫੈਸਲਾ ਬਿਨਾਂ ਕਿਸੇ ਦੇਰੀ ਦੇ ਲਾਗੂ ਕੀਤਾ ਜਾਵੇਗਾ ਅਤੇ ਇਸ ਮਾਮਲੇ ਵਿੱਚ ਕਿਸੇ ਵੀ ਦੇਸ਼ ਨੂੰ ਕਿਸੇ ਵੀ ਤਰ੍ਹਾਂ ਦੀ ਕੋਈ ਰਿਆਇਤ ਜਾਂ ਛੋਟ ਨਹੀਂ ਦਿੱਤੀ ਜਾਵੇਗੀ। ਉਨ੍ਹਾਂ ਦਾ ਮੰਨਣਾ ਹੈ ਕਿ ਈਰਾਨ ਦੀ ਫੌਜੀ ਤਾਕਤ ਨੂੰ ਰੋਕਣ ਲਈ ਉਨ੍ਹਾਂ ਦੇ ਸਹਿਯੋਗੀਆਂ 'ਤੇ ਆਰਥਿਕ ਦਬਾਅ



ਬਣਾਉਣਾ ਬਹੁਤ ਜ਼ਰੂਰੀ ਹੈ। ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਮੰਗਲਵਾਰ ਦੇਰ ਰਾਤ ਈਰਾਨ 'ਤੇ ਵਿਨਾਸ਼ਕਾਰੀ ਹਮਲੇ ਕਰਨ ਦੀਆਂ ਆਪਣੀਆਂ ਧਮਕੀਆਂ ਵਾਪਸ ਲੈ ਲਈਆਂ ਹਨ। ਅਮਰੀਕਾ ਅਤੇ ਈਰਾਨ ਦੋ ਹਫ਼ਤਿਆਂ ਦੀ ਜੰਗਬੰਦੀ ਲਈ ਸਹਿਮਤ ਹੋ ਗਏ ਹਨ, ਜਿਸ ਵਿੱਚ ਹੋਰਮੁਜ਼ ਦੇ ਜਲਮਾਰਗ ਨੂੰ ਮੁੜ ਖੋਲ੍ਹਣਾ ਵੀ ਸ਼ਾਮਲ ਹੈ। ਟਰੰਪ ਨੇ ਤਹਿਰਾਨ ਨੂੰ ਦਿੱਤੀ ਗਈ ਸਮਾਂ ਸੀਮਾ ਖਤਮ ਹੋਣ ਤੋਂ ਦੋ ਘੰਟੇ ਪਹਿਲਾਂ ਜੰਗ ਨੂੰ ਰੋਕਣ ਦਾ ਫੈਸਲਾ ਕੀਤਾ। ਈਰਾਨ ਦੀ ਸੁਪਰੀਮ ਨੈਸ਼ਨਲ ਸਕਿਉਰਿਟੀ ਕੌਂਸਲ ਨੇ ਜੰਗਬੰਦੀ ਨੂੰ ਸਵੀਕਾਰ ਕਰਦਿਆਂ ਕਿਹਾ ਕਿ ਉਹ ਸ਼ੁੱਕਰਵਾਰ ਤੋਂ ਪਾਕਿਸਤਾਨ ਵਿੱਚ ਅਮਰੀਕਾ ਨਾਲ ਗੱਲਬਾਤ ਸ਼ੁਰੂ ਕਰੇਗੀ। ਹਾਲਾਂਕਿ, ਬੁੱਧਵਾਰ ਸਵੇਰੇ ਵੀ ਇਜ਼ਰਾਈਲ, ਈਰਾਨ ਅਤੇ ਖਾੜੀ ਖੇਤਰ ਵਿੱਚ ਹਮਲੇ ਜਾਰੀ ਰਹੇ।

ਇਜ਼ਰਾਈਲ ਦੇ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਨੇ ਕਿਹਾ ਕਿ ਇਜ਼ਰਾਈਲ ਇਸ ਜੰਗਬੰਦੀ ਦਾ ਸਮਰਥਨ ਕਰਦਾ ਹੈ, ਪਰ ਇਹ ਸਮਝੌਤਾ ਲਿਬਨਾਨ ਵਿੱਚ ਹਿਜ਼ਬੁੱਲ੍ਹਾ ਵਿਰੁੱਧ ਲੜਾਈ 'ਤੇ ਲਾਗੂ ਨਹੀਂ ਹੁੰਦਾ। ਇਜ਼ਰਾਈਲ ਨੇ ਸ਼ਰਤ ਰੱਖੀ ਹੈ ਕਿ ਈਰਾਨ ਤੁਰੰਤ ਹੋਰਮੁਜ਼ ਦੀ ਜਲਮਾਰਗ ਖੋਲ੍ਹੇ ਅਤੇ (ਬਾਕੀ ਸਫਾ 2 'ਤੇ)

### ਸੀਜ਼ਫਾਇਰ ਦੇ ਐਲਾਨ ਮਗਰੋਂ ਡਿੱਗੀਆਂ ਕੱਚੇ ਤੇਲ ਦੀਆਂ ਕੀਮਤਾਂ

ਵਾਸ਼ਿੰਗਟਨ, 8 ਅਪ੍ਰੈਲ (ਚ.ਨ.ਸ.): ਅਮਰੀਕਾ ਅਤੇ ਈਰਾਨ ਦੇ ਦੋ ਹਫ਼ਤਿਆਂ ਦੀ ਜੰਗਬੰਦੀ 'ਤੇ ਸਹਿਮਤ ਹੋਣ ਤੋਂ ਬਾਅਦ ਗਲੋਬਲ ਆਇਲ ਮਾਰਕੀਟ ਵਿਚ ਵੱਡੀ ਗਿਰਾਵਟ ਦੇਖਣ ਨੂੰ ਮਿਲੀ ਹੈ। ਇਸ ਸਮਝੌਤੇ ਤਹਿਤ ਹੋਰਮੁਜ਼ ਜਲਡਮਰੂ ਨੂੰ ਮੁੜ ਖੋਲ੍ਹਣ ਦੀ ਉਮੀਦ ਹੈ, ਜਿਸ ਨਾਲ ਸਪਲਾਈ ਵਿੱਚ ਰੁਕਾਵਟਾਂ ਨੂੰ ਘੱਟ ਕਰਨ ਦੀਆਂ ਉਮੀਦਾਂ ਵਧੀਆਂ ਹਨ। ਇਸ ਉਮੀਦ ਕਾਰਨ ਕੱਚੇ ਤੇਲ ਦੀਆਂ ਕੀਮਤਾਂ ਡਿੱਗ ਕੇ 97 ਡਾਲਰ ਪ੍ਰਤੀ ਬੈਰਲ ਹੇਠਾਂ ਆ ਗਈਆਂ ਹਨ। ਇਸ ਐਲਾਨ ਤੋਂ ਬਾਅਦ ਕੱਚੇ ਤੇਲ ਦੀਆਂ ਕੀਮਤਾਂ ਵਿੱਚ ਤੇਜ਼ੀ ਨਾਲ ਗਿਰਾਵਟ ਆਈ। ਵੈਸਟ ਟੈਕਸਾਸ ਇੰਟਰਮੀਡੀਏਟ ਵਜੋਂ ਜਾਣੇ ਜਾਂਦੇ ਅਮਰੀਕੀ ਕੱਚੇ ਤੇਲ ਦੀ ਕੀਮਤ 17% ਡਿੱਗ ਕੇ 97 ਡਾਲਰ ਪ੍ਰਤੀ ਬੈਰਲ ਤੋਂ ਹੇਠਾਂ ਆ ਗਈ। ਇਸ ਦੌਰਾਨ ਬ੍ਰੈਂਟ ਕਰੂਡ ਦੀਆਂ ਕੀਮਤਾਂ ਵੀ ਡਿੱਗ ਗਈਆਂ, ਜੋ ਲਗਭਗ 94 ਡਾਲਰ ਪ੍ਰਤੀ ਬੈਰਲ 'ਤੇ (ਬਾਕੀ ਸਫਾ 2 'ਤੇ)

### ਦੇਸ਼ 'ਚ ਭਾਰੀ ਮੀਂਹ ਨੇ ਲੋਕਾਂ ਦਾ ਕੀਤਾ ਬੁਰਾ ਹਾਲ, ਕਈ ਸੂਬਿਆਂ ਲਈ ਅਲਰਟ ਜਾਰੀ

ਨਵੀਂ ਦਿੱਲੀ, 8 ਅਪ੍ਰੈਲ (ਚ.ਨ.ਸ.):ਦੇਸ਼ ਵਿੱਚ ਲਗਾਤਾਰ ਦੋ ਪੱਛਮੀ ਗੜਬੜੀਆਂ ਦੇ ਸਰਗਰਮ ਹੋਣ ਕਾਰਨ ਮੌਸਮ ਬਦਲ ਗਿਆ ਹੈ। ਦੇਸ਼ ਦੇ ਕਈ ਸੂਬਿਆਂ ਵਿਚ ਲਗਾਤਾਰ ਮੀਂਹ ਤੇ ਗੜੇਮਾਰੀ ਹੋ ਰਹੀ ਹੈ। ਜਿਸ ਨਾਲ ਮੌਸਮ ਠੰਢਾ ਹੋ ਗਿਆ ਹੈ। ਅੱਜ ਵੀ ਉੱਤਰ ਪ੍ਰਦੇਸ਼ ਅਤੇ ਰਾਜਸਥਾਨ ਸਮੇਤ 20 ਰਾਜਾਂ ਵਿੱਚ ਤੂਫ਼ਾਨ ਅਤੇ ਮੀਂਹ ਪੈਣ ਦੀ ਸੰਭਾਵਨਾ ਹੈ। 10 ਰਾਜਾਂ ਵਿੱਚ ਗੜੇਮਾਰੀ ਸੰਭਵ ਹੈ।ਜੰਮੂ-ਕਸ਼ਮੀਰ ਦੇ ਰਾਮਬਨ ਵਿੱਚ ਜ਼ਮੀਨ ਖਿਸਕਣ ਕਾਰਨ ਜੰਮੂ-ਸ਼੍ਰੀਨਗਰ ਹਾਈਵੇਅ ਬੰਦ ਹੋ ਗਿਆ। ਹਿਮਾਚਲ ਪ੍ਰਦੇਸ਼ ਦੇ ਚੰਬਾ ਵਿੱਚ ਮੰਗਲਵਾਰ ਸਵੇਰੇ ਜ਼ਮੀਨ ਖਿਸਕਣ ਕਾਰਨ ਇੱਕ ਨਿਰਮਾਣ ਅਧੀਨ ਪੁਲ ਢਹਿ ਗਿਆ। ਮੰਗਲਵਾਰ ਦੇਰ ਸ਼ਾਮ ਉੱਤਰ ਪ੍ਰਦੇਸ਼ ਦੇ ਲਖਨਊ ਵਿੱਚ ਧੂੜ ਭਰੀ ਹਨੇਰੀ ਆਈ। 10 ਤੋਂ ਵੱਧ ਜ਼ਿਲ੍ਹਿਆਂ (ਬਾਕੀ ਸਫਾ 2 'ਤੇ)

### ਪੰਜਾਬ ਦੇ ਲੱਖਾਂ ਸਰਕਾਰੀ ਮੁਲਾਜ਼ਮਾਂ ਲਈ ਵੱਡੀ ਖ਼ੁਸ਼ਖ਼ਬਰੀ

## ਹੁਣ ਸਾਰੇ ਸਰਕਾਰੀ ਮੁਲਾਜ਼ਮਾਂ ਨੂੰ ਆਈ.ਏ.ਐਸ.,ਆਈ.ਪੀ.ਐਸ. ਅਤੇ ਜੱਜਾਂ ਦੇ ਬਰਾਬਰ ਮਿਲੇਗਾ ਡੀ.ਏ.: ਹਾਈਕੋਰਟ

ਚੜ੍ਹਦੀਕਲਾ ਬਿਊਰੋ
================

ਚੰਡੀਗੜ੍ਹ, 8 ਅਪ੍ਰੈਲ : ਪੰਜਾਬ-ਹਰਿਆਣਾ ਹਾਈਕੋਰਟ ਨੇ ਪੰਜਾਬ ਸਰਕਾਰ ਦੇ ਲੱਖਾਂ ਕਰਮਚਾਰੀਆਂ ਨੂੰ ਵੱਡੀ ਰਾਹਤ ਦਿੰਦਿਆਂ ਇੱਕ ਅਹਿਮ ਫੈਸਲਾ ਸੁਣਾਇਆ




ਹੈ । ਅਦਾਲਤ ਨੇ ਹੁਕਮ ਦਿੱਤਾ ਹੈ ਕਿ ਸੂਬੇ ਦੇ ਸਾਰੇ ਸਰਕਾਰੀ ਮੁਲਾਜ਼ਮਾਂ ਨੂੰ ਹੁਣ ਆਈ.ਏ.ਐਸ., ਆਈ.ਪੀ.ਐਸ., ਆਈ.ਐਫ਼.ਐਸ. ਅਤੇ ਨਿਆਂਇਕ ਅਧਿਕਾਰੀਆਂ ਦੇ ਬਰਾਬਰ ਮਹਿੰਗਾਈ ਭੱਤਾ (ਡੀ.ਏ.) ਦਿੱਤਾ ਜਾਵੇ। ਹੁਣ ਤੱਕ ਪੰਜਾਬ ਸਰਕਾਰ ਵੱਲੋਂ ਡੀ.ਏ. ਦੀ ਵੰਡ ਵਿੱਚ ਵੱਡਾ ਪਾੜਾ ਰੱਖਿਆ ਜਾ ਰਿਹਾ ਸੀ, ਜਿਸ ਕਾਰਨ ਮੁਲਾਜ਼ਮਾਂ ਵਿੱਚ ਭਾਰੀ ਰੋਸ ਸੀ। ਉੱਚ ਅਧਿਕਾਰੀ: ਆਈ.ਏ.ਐਸ., ਆਈ.ਪੀ.ਐਸ., ਆਈ.ਐਫ਼.ਐਸ. ਅਤੇ ਜੱਜਾਂ ਨੂੰ 58 ਪ੍ਰਤੀਸ਼ਤ ਡੀ.ਏ. ਮਿਲ ਰਿਹਾ ਸੀ ਜਦਕਿ ਹੋਰ ਸਾਰੇ ਸਰਕਾਰੀ ਕਰਮਚਾਰੀਆਂ ਨੂੰ ਸਿਰਫ਼ 42 ਪ੍ਰਤੀਸ਼ਤ ਡੀ.ਏ. ਦਿੱਤਾ ਜਾ ਰਿਹਾ ਸੀ। ਅਦਾਲਤ ਨੇ ਇਸ ਵੰਡ ਨੂੰ 'ਬੇਇਨਸਾਫ਼ੀ ਅਤੇ ਵਿਤਕਰਾ' ਕਰਾਰ ਦਿੱਤਾ ਹੈ। ਅਦਾਲਤ ਨੇ ਸਵਾਲ ਕੀਤਾ ਕਿ ਜਦੋਂ ਆਮ ਕਰਮਚਾਰੀ ਘੱਟ ਤਨਖਾਹਾਂ ਦੇ (ਬਾਕੀ ਸਫਾ 2 'ਤੇ)

### ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਦੇ ਬਕਾਇਆ ਡੀ.ਏ./ਡੀ.ਆਰ. ਦੇ ਮੁੱਦੇ ਦੇ ਹੱਲ ਲਈ ਸਬ-ਕਮੇਟੀ ਗਠਿਤ

ਚੰਡੀਗੜ੍ਹ , 8 ਅਪ੍ਰੈਲ (ਚ.ਨ.ਸ.):ਪੰਜਾਬ ਤੇ ਹਰਿਆਣਾ ਹਾਈਕੋਰਟ ਨੇ ਪੰਜਾਬ ਦੇ ਸਰਕਾਰੀ ਮੁਲਾਜ਼ਮਾਂ ਨੂੰ ਵੱਡੀ ਰਾਹਤ ਦਿੰਦੇ ਹੋਏ ਸਾਰੇ ਮੁਲਾਜ਼ਮਾਂ ਨੂੰ ਉੱਚ ਅਧਿਕਾਰੀਆਂ ਜਿੰਨਾ ਡੀ.ਏ.ਜਾਰੀ ਕਰਨ ਦੇ ਹੁਕਮ ਦਿੱਤੇ ਹਨ। ਇਸੇ ਤਹਿਤ ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਦੇ ਡੀ.ਏ./ਡੀ.ਆਰ. ਨੂੰ ਲੈ ਕੇ ਵੱਡਾ ਫੈਸਲਾ ਲਿਆ ਗਿਆ ਹੈ। ਸੂਬਾ ਸਰਕਾਰ ਵੱਲੋਂ ਇਕ ਨਵੀਂ ਸਬ-ਕਮੇਟੀ ਦਾ(ਬਾਕੀ ਸਫਾ 2 'ਤੇ)

### ਪ੍ਰਧਾਨ ਮੰਤਰੀ ਦੀ ਵਿਦੇਸ਼ ਨੀਤੀ ਬੇਨਕਾਬ ਹੋਈ

ਨਵੀਂ ਦਿੱਲੀ, 8 ਅਪ੍ਰੈਲ (ਚ.ਨ.ਸ.):ਕਾਂਗਰਸ ਨੇ ਬੁੱਧਵਾਰ ਨੂੰ ਕਿਹਾ ਕਿ ਪੱਛਮੀ ਏਸ਼ੀਆ ਦੇ ਸੰਘਰਸ਼ ਵਿੱਚ ਦੋ ਹਫ਼ਤਿਆਂ ਦੀ ਜੰਗਬੰਦੀ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਵਿਦੇਸ਼ ਨੀਤੀ ਨੂੰ ਬੇਨਕਾਬ ਕਰ ਦਿੱਤਾ ਹੈ। ਪਾਰਟੀ ਨੇ ਭਾਰਤ ਦੀ ਕੂਟਨੀਤਕ ਰਣਨੀਤੀ 'ਤੇ ਸਵਾਲ ਚੁੱਕੇ ਹਨ। ਅਮਰੀਕਾ-ਇਜ਼ਰਾਈਲ ਬਲਾਕ ਅਤੇ ਈਰਾਨ ਵਿਚਾਲੇ ਹੋਈ ਜੰਗਬੰਦੀ 'ਤੇ ਪ੍ਰਤੀਕਿਰਿਆ ਦਿੰਦੇ ਹੋਏ ਕਾਂਗਰਸ ਦੇ ਸੀਨੀਅਰ ਆਗੂ ਜੈਰਾਮ ਰਮੇਸ਼ ਨੇ ਕਿਹਾ ਕਿ ਇਸ ਘਟਨਾਕ੍ਰਮ ਦਾ ਦੁਨੀਆਂ ਭਰ ਵਿੱਚ ਸਾਵਧਾਨੀ ਨਾਲ ਸਵਾਗਤ ਕੀਤਾ ਜਾਵੇਗਾ, ਪਰ ਉਨ੍ਹਾਂ ਨੇ ਇਸ ਸੰਕਟ ਵਿੱਚ ਭਾਰਤ ਦੀ ਭੂਮਿਕਾ ਅਤੇ ਸਥਿਤੀ 'ਤੇ ਚਿੰਤਾ ਪ੍ਰਗਟਾਈ। ਉਨ੍ਹਾਂ ਨੇ ਗਾਜ਼ਾ ਦੀ ਸਥਿਤੀ ਅਤੇ ਪੱਛਮੀ ਕੰਢੇ ਦੇ ਘਟਨਾਕ੍ਰਮ 'ਤੇ ਸਰਕਾਰ ਦੇ ਜਵਾਬ ਦੀ ਘਾਟ ਦੀ ਆਲੋਚਨਾ ਕੀਤੀ।ਇਸ ਮੌਕੇ ਕਾਂਗਰਸੀ ਆਗੂ ਨੇ ਜੰਗਬੰਦੀ (ਬਾਕੀ ਸਫਾ 2 'ਤੇ)

### ਕਿਸਾਨਾਂ ਲਈ ਖ਼ੁਸ਼ਖ਼ਬਰੀ !

## ਖਰੀਫ ਸੀਜ਼ਨ ਦੀਆਂ ਖਾਦਾਂ ਲਈ 41,534 ਕਰੋੜ ਦੀ ਸਬਸਿਡੀ ਨੂੰ ਹਰੀ ਝੰਡੀ

ਚੜ੍ਹਦੀਕਲਾ ਬਿਊਰੋ
================

ਨਵੀਂ ਦਿੱਲੀ, 8 ਅਪ੍ਰੈਲ :ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਪ੍ਰਧਾਨਗੀ ਹੇਠ ਹੋਈ ਆਰਥਿਕ ਮਾਮਲਿਆਂ ਦੀ ਕੈਬਨਿਟ ਕਮੇਟੀ ਦੀ ਬੈਠਕ 'ਚ ਕਿਸਾਨਾਂ ਦੇ ਹਿੱਤ 'ਚ ਇੱਕ ਵੱਡਾ ਅਹਿਮ ਫੈਸਲਾ ਲਿਆ ਗਿਆ ਹੈ। ਕੇਂਦਰੀ ਮੰਤਰੀ ਮੰਡਲ ਨੇ ਆਉਣ ਵਾਲੇ ਖਰੀਫ ਸੀਜ਼ਨ (2026) ਲਈ ਫਾਸਫੇਟਿਕ ਅਤੇ ਪੋਟਾਸ਼ ਖਾਦਾਂ 'ਤੇ 41,534 ਕਰੋੜ ਰੁਪਏ ਦੀ ਸਬਸਿਡੀ ਨੂੰ ਮਨਜ਼ੂਰੀ ਦੇ ਦਿੱਤੀ ਹੈ।

**ਪਿਛਲੇ ਸਾਲ ਨਾਲੋਂ 12 ਫੀਸਦੀ ਵਾਧਾ**

ਸੂਚਨਾ ਅਤੇ ਪ੍ਰਸਾਰਣ ਮੰਤਰੀ ਅਸ਼ਵਨੀ ਵੈਸ਼ਨਵ ਨੇ ਜਾਣਕਾਰੀ ਦਿੱਤੀ ਕਿ ਇਹ ਸਬਸਿਡੀ ਪਿਛਲੇ ਸਾਲ ਦੇ ਖਰੀਫ ਸੀਜ਼ਨ ਦੇ ਮੁਕਾਬਲੇ ਲਗਭਗ 12 ਫੀਸਦੀ (4,317 ਕਰੋੜ ਰੁਪਏ) ਵੱਧ ਹੈ। ਇਹ ਸਬਸਿਡੀ ਦਰਾਂ 1 ਅਪ੍ਰੈਲ ਤੋਂ



30 ਸਤੰਬਰ, 2026 ਤੱਕ ਦੀ ਮਿਆਦ ਲਈ ਲਾਗੂ ਰਹਿਣਗੀਆਂ। ਆਮ ਤੌਰ 'ਤੇ ਖਰੀਫ ਫਸਲਾਂ ਦੀ ਬਿਜਾਈ ਜੂਨ ਮਹੀਨੇ ਵਿੱਚ ਦੱਖਣ-ਪੱਛਮੀ ਮਾਨਸੂਨ ਦੇ ਆਉਣ ਨਾਲ ਸ਼ੁਰੂ ਹੁੰਦੀ ਹੈ, ਜਿਸ ਲਈ ਇਹ ਫੈਸਲਾ ਕਿਸਾਨਾਂ ਲਈ ਬਹੁਤ ਰਾਹਤ ਵਾਲਾ ਸਾਬਤ ਹੋਵੇਗਾ।

### 'ਭਾਰਤੀ ਰਾਸ਼ਟਰਵਾਦੀ ਪਾਰਟੀ' ਪੰਜਾਬ ਦੀਆਂ ਸਾਰੀਆਂ ਸੀਟਾਂ 'ਤੇ ਚੋਣ ਲੜੇਗੀ : ਡਾ. ਸਿੱਧੂ

ਚੰਡੀਗੜ੍ਹ, 8 ਅਪ੍ਰੈਲ (ਚ.ਨ.ਸ.):ਪੰਜਾਬ ਕਾਂਗਰਸ ਦੇ ਸਾਬਕਾ ਪ੍ਰਧਾਨ ਨਵਜੋਤ ਸਿੰਘ ਸਿੱਧੂ ਦੀ ਪਤਨੀ ਡਾ. ਨਵਜੋਤ ਕੌਰ ਸਿੱਧੂ ਵੱਲੋਂ ਲੰਘੇ ਦਿਨੀਂ 'ਭਾਰਤੀ ਰਾਸ਼ਟਰਵਾਦੀ ਪਾਰਟੀ' ਦਾ ਗਠਨ ਕੀਤਾ ਗਿਆ। ਅੱਜ ਚੰਡੀਗੜ੍ਹ 'ਚ ਪ੍ਰੈੱਸ ਕਾਨਫ਼ਰੰਸ ਕਰਦੇ ਹੋਏ ਡਾ. ਨਵਜੋਤ ਕੌਰ ਸਿੱਧੂ ਨੇ ਵੱਡਾ ਐਲਾਨ ਕਰਦਿਆਂ ਕਿਹਾ ਕਿ ਸਾਡੀ ਭਾਰਤੀ ਰਾਸ਼ਟਰਵਾਦੀ ਪਾਰਟੀ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਦੌਰਾਨ 117 ਸੀਟਾਂ 'ਤੇ ਚੋਣ ਲੜੇਗੀ। ਉਨ੍ਹਾਂ ਕਿਹਾ ਕਿ ਸਾਡੀ ਪਾਰਟੀ ਦਾ ਮੁੱਖ ਮੁੱਦਾ ਕਿਸਾਨੀ 'ਤੇ ਰਹੇਗਾ। ਉਨ੍ਹਾਂ ਕਿਹਾ ਕਿ ਪੰਜਾਬ ਦੇ ਕਿਸਾਨਾਂ ਨੂੰ ਅਫ਼ੀਮ ਦੀ ਖੇਤੀ ਵੀ ਕਰਨ ਦਿੱਤੀ ਜਾਣੀ ਚਾਹੀਦੀ ਅਤੇ ਸਰਕਾਰੀ ਦੇਖ-ਰੇਖ ਵਿਚ ਅਫ਼ੀਮ ਦੀ ਖੇਤੀ ਹੋਣੀ ਚਾਹੀਦੀ ਹੈ। ਡਾ. ਸਿੱਧੂ ਨੇ ਕਿਹਾ ਕਿ ਅਸੀਂ ਪੰਜਾਬ ਨੂੰ ਉਸ ਦੀ ਗੁਆਚੀ ਸ਼ਾਨ, ਸੋਨੇ ਦੀ ਚਿੜੀ ਹੋਣ ਦਾ (ਬਾਕੀ ਸਫਾ 2 'ਤੇ)

### ਖ਼ਾਮੇਨੇਈ ਦੀ ਸ਼ਹਾਦਤ ਸਬੰਧੀ ਦਿੱਲੀ 'ਚ 12 ਨੂੰ ਸਮਾਗਮ

## ਈਰਾਨੀ ਵਫ਼ਦ ਵੱਲੋਂ ਸ਼੍ਰੋਮਣੀ ਕਮੇਟੀ ਪ੍ਰਧਾਨ ਅਤੇ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਵਿਸ਼ੇਸ਼ ਸੱਦਾ



ਬਬਲੂ ਮਹਾਜਨ
================

ਅੰਮ੍ਰਿਤਸਰ, 8 ਅਪ੍ਰੈਲ: ਈਰਾਨ ਦੇ ਸੁਪਰੀਮ ਲੀਡਰ ਦੇ ਦਫ਼ਤਰ ਨਾਲ ਸਬੰਧਤ ਇਕ ਉੱਚ ਪੱਧਰੀ ਵਫ਼ਦ ਅੱਜ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਪਹੁੰਚਿਆ। ਵਫ਼ਦ ਦੇ ਮੈਂਬਰ ਡਾ. ਮੁਹੰਮਦ ਹੁਸੈਨ ਜ਼ਿਵਾਂਦ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅਧਿਕਾਰੀਆਂ ਨਾਲ ਮੁਲਾਕਾਤ ਕੀਤੀ ਅਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਨੂੰ ਦਿੱਲੀ ਵਿੱਚ ਹੋਣ ਵਾਲੇ ਇੱਕ ਵਿਸ਼ੇਸ਼ ਸਮਾਗਮ ਲਈ ਸੱਦਾ ਪੱਤਰ ਦਿੱਤਾ।ਡਾ. ਜ਼ਿਵਾਂਦ ਨੇ ਦੱਸਿਆ ਕਿ 12 ਅਪ੍ਰੈਲ ਨੂੰ ਦਿੱਲੀ ਸਥਿਤ 'ਈਰਾਨ ਕਲਚਰ ਹਾਊਸ' ਵਿਖੇ (ਬਾਕੀ ਸਫ਼ਾ 2 'ਤੇ)

## ਨੌਜਵਾਨਾਂ ਨੂੰ ਸਬੂਤ ਤੋਂ ਬਿਨਾਂ ਗ੍ਰਿਫ਼ਤਾਰ ਕਰਨ 'ਤੇ ਪੰਜਾਬ ਪੁਲਿਸ ਨੇ ਲਗਾਈ ਰੋਕ

ਚੜ੍ਹਦੀਕਲਾ ਬਿਊਰੋ
================

ਚੰਡੀਗੜ੍ਹ, 8 ਅਪ੍ਰੈਲ : ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ 'ਬਸਤੀਵਾਦੀ ਦੌਰ ਦੀ ਪੁਲੀਸਿੰਗ' ਅਤੇ ਸਿਰਫ਼ ਗੈਰ-ਪ੍ਰਮਾਣਿਤ 'ਗੁਪਤ ਸੂਚਨਾ' ਦੇ




ਆਧਾਰ 'ਤੇ ਨੌਜਵਾਨਾਂ ਵਿਰੁੱਧ ਗੰਭੀਰ ਅਪਰਾਧਿਕ ਮਾਮਲੇ ਦਰਜ ਕਰਨ ਲਈ ਲਗਾਈ ਗਈ ਫਟਕਾਰ ਤੋਂ ਬਾਅਦ ਪੰਜਾਬ ਪੁਲਿਸ ਨੇ ਨਿਰਦੇਸ਼ ਦਿੱਤੇ ਹਨ ਕਿ ਸਾਫ਼-ਸੁਥਰੇ ਪਿਛੋਕੜ ਵਾਲੇ ਨੌਜਵਾਨਾਂ ਵਿਰੁੱਧ ਜ਼ਬਰਦਸਤੀ ਕਾਰਵਾਈ ਕੇਵਲ ਸਪੱਸ਼ਟ ਅਤੇ ਨਿਰਪੱਖ ਸਬੂਤਾਂ ਦੇ ਆਧਾਰ 'ਤੇ ਹੀ ਕੀਤੀ ਜਾਵੇਗੀ। ਪੁਲਿਸ ਨੇ ਇਹ ਵੀ ਸਪੱਸ਼ਟ ਕੀਤਾ ਹੈ ਕਿ ਆਮ ਤੌਰ 'ਤੇ ਉਨ੍ਹਾਂ ਦੀ ਪਛਾਣ ਮੀਡੀਆ ਵਿੱਚ ਨਸ਼ਰ ਨਹੀਂ ਕੀਤੀ ਜਾਵੇਗੀ। ਇਸ ਤੋਂ ਇਲਾਵਾ ਜਦੋਂ ਤੱਕ ਬਹੁਤ ਜ਼ਰੂਰੀ ਨਾ ਹੋਵੇ, ਉਨ੍ਹਾਂ ਦੇ ਵਿੱਦਿਅਕ ਅਦਾਰਿਆਂ ਅਤੇ ਰੁਜ਼ਗਾਰਦਾਤਾਵਾਂ ਨੂੰ ਵੀ ਜਾਂਚ ਬਾਰੇ ਸੂਚਿਤ ਨਹੀਂ ਕੀਤਾ ਜਾਵੇਗਾ। ਬੱਚਿਆਂ ਅਤੇ ਨੌਜਵਾਨਾਂ ਪ੍ਰਤੀ ਸੰਵੇਦਨਸ਼ੀਲ ਇਸ ਵੱਡੇ ਬਦਲਾਅ ਵਿੱਚ ਪੁਲਿਸ ਨੇ ਨਿਰਦੇਸ਼ ਦਿੱਤੇ ਹਨ ਕਿ ਨੌਜਵਾਨਾਂ—ਖਾਸ ਕਰਕੇ 18-20 ਸਾਲ ਦੀ ਉਮਰ ਵਰਗ ਦੇ—ਨੂੰ ਜਾਂਚ ਦੌਰਾਨ ਜਨਤਕ ਤੌਰ 'ਤੇ ਸਾਹਮਣੇ ਆਉਣ, ਸੰਸਥਾਗਤ ਨੁਕਸਾਨ ਅਤੇ ਅਕਾਦਮਿਕ ਰੁਕਾਵਟਾਂ ਤੋਂ ਬਚਾਇਆ ਜਾਵੇਗਾ।3 ਅਪ੍ਰੈਲ ਦੀ ਤਾਰੀਕ ਵਾਲਾ ਇਹ ਸਰਕੂਲਰ ਇੱਕ ਅਪਰਾਧਿਕ ਮਾਮਲੇ ਦੀ ਸੁਣਵਾਈ ਦੌਰਾਨ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਸਾਹਮਣੇ ਰੱਖਿਆ ਗਿਆ। ਜਿਸ ਵਿੱਚ ਫੀਲਡ ਅਫਸਰਾਂ ਲਈ 17 ਵਿਆਪਕ ਸੰਚਾਲਨ ਦਿਸ਼ਾ-ਨਿਰਦੇਸ਼ ਦਿੱਤੇ ਗਏ ਹਨ ਤਾਂ ਜੋ ਇੱਕ ਅਜਿਹਾ ਪ੍ਰੋਟੋਕੋਲ ਬਣਾਇਆ ਜਾ ਸਕੇ ਜਿਸ ਨਾਲ ਜਾਂਚ ਦੀ ਪ੍ਰਕਿਰਿਆ ਪਹਿਲੀ ਵਾਰ ਸ਼ੱਕ ਦੇ ਘੇਰੇ ਵਿੱਚ ਆਏ ਨੌਜਵਾਨਾਂ ਲਈ ਖੁਦ ਇੱਕ ਸਜ਼ਾ ਨਾ ਬਣ ਜਾਵੇ।ਇਨ੍ਹਾਂ 17 ਹੁਕਮਾਂ ਵਿੱਚ ਸਪੱਸ਼ਟ ਸੁਰੱਖਿਆ ਉਪਾਅ ਹਨ,'ਅਜਿਹੇ ਵਿਅਕਤੀਆਂ ਦੀ ਪਛਾਣ ਮੀਡੀਆ ਨੂੰ ਉਦੋਂ ਤੱਕ (ਬਾਕੀ ਸਫਾ 2 'ਤੇ)

### ਭਵਾਨੀਪੁਰ ਵਿਧਾਨ ਸਭਾ ਸੀਟ ਤੋਂ ਮਮਤਾ ਵੱਲੋਂ ਨਾਮਜ਼ਦਗੀ ਪੱਤਰ ਦਾਖ਼ਲ



ਕੋਲਕਾਤਾ , 8 ਅਪ੍ਰੈਲ (ਚ.ਨ.ਸ.): ਪੱਛਮੀ ਬੰਗਾਲ ਦੀ ਮੁੱਖ ਮੰਤਰੀ ਮਮਤਾ ਬੈਨਰਜੀ ਨੇ ਭਵਾਨੀਪੁਰ ਵਿਧਾਨ ਸਭਾ ਸੀਟ ਲਈ ਆਪਣਾ ਨਾਮਜ਼ਦਗੀ ਪੱਤਰ ਦਾਖਲ ਕਰਵਾ ਦਿੱਤਾ ਹੈ। ਇਸ ਮੌਕੇ ਉਨ੍ਹਾਂ ਦੇ ਨਾਲ ਸਮਰਥਕਾਂ ਦੀ ਇੱਕ ਵੱਡੀ ਭੀੜ ਇਕੱਠੀ ਹੋਈ ਦਿਖਾਈ ਸੀ, ਜਿਨ੍ਹਾਂ ਨੇ ਉਨ੍ਹਾਂ ਦੇ ਸਮਰਥਨ ਵਿੱਚ ਨਾਅਰੇ ਲਗਾਏ। ਇਸ ਦੌਰਾਨ ਆਪਣੀ ਟ੍ਰੇਡਮਾਰਕ ਮੁਸਕਰਾਹਟ ਅਤੇ ਹੱਥ ਜੋੜ ਕੇ ਬੈਨਰਜੀ ਨੇ ਸੜਕ ਦੇ ਦੋਵੇਂ ਪਾਸੇ ਲਾਈਨਾਂ ਵਿੱਚ ਖੜ੍ਹੇ ਪਾਰਟੀ (ਬਾਕੀ ਸਫਾ 2 'ਤੇ)

## ਆਰ.ਬੀ.ਆਈ. ਨੇ ਵਿਆਜ ਦਰਾਂ 'ਚ ਨਹੀਂ ਕੀਤਾ ਕੋਈ ਬਦਲਾਅ

ਚੜ੍ਹਦੀਕਲਾ ਬਿਊਰੋ
================

ਮੁੰਬਈ , 8 ਅਪ੍ਰੈਲ :ਭਾਰਤੀ ਰਿਜ਼ਰਵ ਬੈਂਕ ਨੇ ਬੁੱਧਵਾਰ ਨੂੰ ਉਮੀਦ ਅਨੁਸਾਰ ਵਿਆਜ ਦਰਾਂ ਵਿੱਚ ਕੋਈ ਬਦਲਾਅ ਨਹੀਂ ਕੀਤਾ ਹੈ। ਇਹ ਫੈਸਲਾ ਅਮਰੀਕਾ-ਇਜ਼ਰਾਈਲ ਦੀ ਈਰਾਨ ਵਿਰੁੱਧ ਛੇ ਹਫ਼ਤਿਆਂ ਦੀ



ਲੜਾਈ ਤੋਂ ਬਾਅਦ ਹੋਈ ਜੰਗਬੰਦੀ ਅਤੇ ਦੁਨੀਆਂ ਭਰ ਦੇ ਹਾਲਾਤ ਸੁਧਰਨ ਦੀ ਉਮੀਦ ਨੂੰ ਦੇਖਦੇ ਹੋਏ ਲਿਆ ਗਿਆ ਹੈ।

ਪਿਛਲੇ ਮਹੀਨੇ ਸਰਕਾਰ ਵੱਲੋਂ ਆਰ ਬੀ ਆਈ ਲਈ ਮਹਿੰਗਾਈ ਦਾ ਨਵਾਂ ਟੀਚਾ ਐਲਾਨੇ ਜਾਣ ਤੋਂ ਬਾਅਦ ਇਹ ਪਹਿਲੀ ਮੁਦਰਾ ਨੀਤੀ ਸਮੀਖਿਆ ਹੈ। ਸਰਕਾਰ ਨੇ ਆਰ ਬੀ ਆਈ ਨੂੰ ਮਾਰਚ 2031 ਤੱਕ ਅਗਲੇ ਪੰਜ ਸਾਲਾਂ ਲਈ ਪ੍ਰਚੂਨ ਮਹਿੰਗਾਈ ਨੂੰ 4 ਫੀਸਦੀ (2 ਫੀਸਦੀ ਉੱਪਰ ਜਾਂ ਹੇਠਾਂ ਦੀ ਛੋਟ ਦੇ ਨਾਲ) 'ਤੇ ਰੱਖਣ ਲਈ ਕਿਹਾ ਹੈ। ਇਸ ਵਿੱਤੀ ਸਾਲ ਦੀ ਪਹਿਲੀ ਮੁਦਰਾ ਨੀਤੀ ਦਾ ਐਲਾਨ ਕਰਦੇ ਹੋਏ ਆਰ.ਬੀ.ਆਈ ਦੇ ਗਵਰਨਰ ਸੰਜੇ ਮਲਹੋਤਰਾ ਨੇ ਦੱਸਿਆ ਕਿ ਮੁਦਰਾ ਨੀਤੀ ਕਮੇਟੀ ਨੇ ਸਾਰਿਆਂ ਦੀ (ਬਾਕੀ ਸਫਾ 2 'ਤੇ)

### ਸਬਰੀਮਾਲਾ ਮੰਦਰ 'ਚ ਔਰਤਾਂ ਦੇ ਦਾਖ਼ਲੇ ਦਾ ਮਾਮਲਾ

# ਔਰਤ ਮਹੀਨੇ 'ਚ 3 ਦਿਨ 'ਅਛੂਤ' ਕਿਵੇਂ ਹੋ ਸਕਦੀ ਹੈ ? : ਜਸਟਿਸ ਨਾਗਰਤਨਾ

## ਅਦਾਲਤ ਧਾਰਮਕ ਮਾਮਲਿਆਂ 'ਚ ਦਖ਼ਲ ਨਾ ਦੇਵੇ : ਕੇਂਦਰ ਸਰਕਾਰ



, 8 ਅਪ੍ਰੈਲ (ਚ.ਨ.ਸ.) : ਸੁਪਰੀਮ ਕੋਰਟ ਦੇ ਨੌਂ ਜੱਜਾਂ ਦੇ ਸੰਵਿਧਾਨਕ ਬੈਂਚ ਨੇ ਮਾਮਲੇ ਦੇ ਪਹਿਲੇ ਦਿਨ ਪੰਜ ਘੰਟੇ ਸੁਣਵਾਈ ਕੀਤੀ ਕਿ ਕੀ ਸਬਰੀਮਾਲਾ ਮੰਦਰ ਵਿਚ ਔਰਤਾਂ ਦੇ ਪ੍ਰਵੇਸ਼ ਦੀ ਆਗਿਆ ਦੇਣ ਵਾਲੇ ਹੁਕਮ ਨੂੰ ਜਾਰੀ ਰੱਖਣਾ ਚਾਹੀਦਾ ਹੈ। ਕੇਂਦਰ ਸਰਕਾਰ ਨੇ ਸ਼ੁਰੂ ਵਿਚ ਸੁਪਰੀਮ ਕੋਰਟ ਦੇ ਮਾਹਵਾਰੀ ਦੀ ਉਮਰ ਦੀਆਂ ਔਰਤਾਂ ਨੂੰ ਸਬਰੀਮਾਲਾ ਮੰਦਰ ਵਿਚ ਪ੍ਰਵੇਸ਼ ਕਰਨ ਦੀ ਆਗਿਆ ਦੇਣ ਦੇ ਫੈਸਲੇ ਦਾ ਸਮਰਥਨ ਕੀਤਾ ਸੀ।ਜਸਟਿਸ ਬੀ.ਵੀ. ਨਾਗਰਤਨਾ ਨੇ ਕਿਹਾ, "ਮੈਨੂੰ ਸਮਝ ਨਹੀਂ ਆ ਰਿਹਾ ਕਿ ਇਸ ਮਾਮਲੇ ਵਿਚ ਛੂਤ-ਛਾਤ ਦੇ ਵਿਰੁਧ ਅਧਿਕਾਰ, ਧਾਰਾ 17 'ਤੇ ਕਿਵੇਂ ਬਹਿਸ ਕਰਨੀ ਹੈ। ਇਕ ਔਰਤ ਹੋਣ ਦੇ ਨਾਤੇ, ਮੈਂ ਇਹ ਕਹਿਣਾ ਚਾਹਾਂਗੀ ਕਿ ਇਹ ਅਸੰਭਵ ਹੈ ਕਿ ਔਰਤਾਂ ਨੂੰ ਹਰ ਮਹੀਨੇ ਤਿੰਨ ਦਿਨ ਅਛੂਤ ਮੰਨਿਆ ਜਾਵੇ ਅਤੇ ਫਿਰ ਅਚਾਨਕ ਚੌਥੇ ਦਿਨ ਕੋਈ ਛੂਤ-ਛਾਤ ਨਹੀਂ ਹੁੰਦੀਅਦਾਲਤ ਦਾ ਇਹ ਨਿਰੀਖਣ ਕੇਂਦਰ ਵੱਲੋਂ ਪੇਸ਼ ਹੋਏ ਸਾਲਿਸਿਟਰ ਜਨਰਲ ਤੁਸ਼ਾਰ ਮਹਿਤਾ ਦੇ 2018 ਦੇ ਸਬਰੀਮਾਲਾ ਫੈਸਲੇ ਤੋਂ ਬਾਅਦ ਆਇਆ, ਜਿਸ ਵਿਚ ਕਿਹਾ ਗਿਆ ਸੀ ਕਿ 10 ਤੋਂ 50 ਸਾਲ ਦੀ ਉਮਰ ਦੀਆਂ ਔਰਤਾਂ ਨੂੰ ਮੰਦਰ ਵਿਚ ਦਾਖ਼ਲ ਹੋਣ ਤੋਂ ਰੋਕਣਾ ਸੰਵਿਧਾਨ ਦੀ ਧਾਰਾ 17 ਤਹਿਤ ਛੂਤ-ਛਾਤ ਹੈ। ਸੁਪਰੀਮ ਕੋਰਟ ਵਿਚ ਕੇਂਦਰ ਸਰਕਾਰ ਨੇ ਸਬਰੀਮਾਲਾ ਮੰਦਰ ਅੰਦਰ ਔਰਤਾਂ ਦੇ ਦਾਖ਼ਲੇ 'ਤੇ ਪਾਬੰਦੀ ਦਾ ਸਮਰਥਨ ਕੀਤਾ ਹੈ।ਸਰਕਾਰ ਨੇ ਦਲੀਲ ਦਿੱਤੀ ਕਿ ਇਹ ਮਾਮਲਾ ਧਾਰਮਕ ਵਿਸ਼ਵਾਸ ਅਤੇ ਪੰਥਕ ਖ਼ੁਦਮੁਖਤਿਆਰਤਾ ਨਾਲ ਜੁੜਿਆ ਹੈ, ਜਿਸ ਉੱਤੇ ਅਦਾਲਤੀ ਸਮੀਖਿਆ ਨਹੀਂ ਹੋ ਸਕਦੀ। ਸੋਲਿਸਿਟਰ ਜਨਰਲ ਤੁਸ਼ਾਰ ਮਹਿਤਾ ਨੇ ਨੌਂ-ਜੱਜਾਂ ਦੀ ਸੰਵਿਧਾਨਕ ਬੈਂਚ ਅੱਗੇ ਕਿਹਾ, "ਹਰ ਪੰਥ ਦੀ ਪ੍ਰਥਾ ਦਾ ਆਦਰ ਕਰਨਾ ਲਾਜ਼ਮੀ ਹੈ। ਜੇ ਮੈਂ ਮਜ਼ਾਰ ਜਾਂ ਗੁਰਦੁਆਰੇ ਜਾਵਾਂ ਤੇ ਸਿਰ ਢੱਕਣਾ ਪਵੇ, ਤਾਂ ਇਹ ਮੇਰੀ ਇੱਜ਼ਤ ਜਾਂ ਚੋਣ ਦੀ ਉਲੰਘਣਾ ਨਹੀਂ।" ਉਨ੍ਹਾਂ ਨੇ ਇਹ ਵੀ ਜੋੜਿਆ ਕਿ ਅਦਾਲਤ ਨੂੰ ਧਾਰਮਕ ਰੀਤਾਂ ਦੀ ਵਿਗਿਆਨਿਕਤਾ ਜਾਂ ਆਧੁਨਿਕਤਾ ਦੀ ਜਾਂਚ ਨਹੀਂ ਕਰਨੀ ਚਾਹੀਦੀ

## ਅਸ਼ੋਕ ਖਰਾਤ ਖ਼ਿਲਾਫ਼ 11 ਹੋਰ ਔਰਤਾਂ ਨੇ ਦਰਜ ਕਰਵਾਈ ਸ਼ਿਕਾਇਤ, ਕੁੱਲ ਮਾਮਲੇ 19 ਹੋਏ



ਮੁੰਬਈ, 8 ਅਪ੍ਰੈਲ (ਚ.ਨ.ਸ.) : ਸਵੈ-ਘੋਸ਼ਿਤ ਬਾਬਾ ਅਸ਼ੋਕ ਖਰਾਤ ਦੇ ਮਾਮਲਿਆਂ 'ਚ ਅਧਿਕਾਰੀਆਂ ਵੱਲੋਂ ਕੀਤੀ ਗਈ ਜਨਤਕ ਅਪੀਲ ਮਗਰੋਂ 11 ਹੋਰ ਔਰਤਾਂ ਨੇ ਪੁਲਿਸ ਨਾਲ ਸੰਪਰਕ ਕਰ ਕੇ ਉਸ ਖ਼ਿਲਾਫ਼ ਸ਼ਿਕਾਇਤ ਦਰਜ ਕਰਵਾਈ ਹੈ। ਮਿਲੀ ਜਾਣਕਾਰੀ ਅਨੁਸਾਰ, ਇਨ੍ਹਾਂ ਨਵੇਂ ਮਾਮਲਿਆਂ ਦੀ ਕਿਸੇ ਵੀ ਪੀੜਤਾ ਦਾ ਵੀਡੀਓ ਲੀਕ ਜਾਂ ਵਾਇਰਲ ਨਹੀਂ ਹੋਇਆ ਹੈ, ਹਾਲਾਂਕਿ ਉਨ੍ਹਾਂ ਨੇ ਦੋਸ਼ ਲਗਾਇਆ ਹੈ ਕਿ ਖਰਾਤ ਨੇ 'ਊਰਜਾ' ਅਤੇ 'ਮਨ-ਸਰੀਰ ਇਲਾਜ' ਦੇ ਬਹਾਨੇ ਉਨ੍ਹਾਂ ਦਾ ਜਿਨਸੀ ਸ਼ੋਸ਼ਣ ਕੀਤਾ। ਇਨ੍ਹਾਂ ਤਾਜ਼ਾ ਸ਼ਿਕਾਇਤਾਂ ਦੇ ਨਾਲ ਖਰਾਤ ਖ਼ਿਲਾਫ਼ ਦਰਜ ਮਾਮਲਿਆਂ ਦੀ ਕੁੱਲ ਗਿਣਤੀ ਹੁਣ 19 ਤੱਕ ਪਹੁੰਚ ਗਈ ਹੈ। ਪੁਲਿਸ ਪਹਿਲਾਂ ਤੋਂ ਹੀ ਜਿਨਸੀ ਸ਼ੋਸ਼ਣ ਦੇ 8 ਮਾਮਲਿਆਂ ਦੀ ਜਾਂਚ ਕਰ ਰਹੀ ਹੈ।ਇਨ੍ਹਾਂ 11 ਔਰਤਾਂ ਨੇ ਦੱਸਿਆ ਕਿ 2018 ਤੋਂ ਉਹ ਖਰਾਤ ਦੇ ਜਾਲ 'ਚ ਫਸੀਆਂ ਹੋਈਆਂ ਸਨ। ਹੁਣ ਨਿਆਂ ਦੀ ਗੁਹਾਰ ਲਗਾਉਣ ਲਈ ਅੱਗੇ ਆਈਆਂ ਹਨ। ਵੀਡੀਓ ਸਬੂਤ ਨਾ ਹੋਣ ਦੇ ਬਾਵਜੂਦ ਪੀੜਤਾਂ ਨੇ ਕਿਹਾ ਹੈ ਕਿ ਖਰਾਤ ਨੇ ਉਨ੍ਹਾਂ ਦਾ ਸ਼ੋਸ਼ਣ ਕਰਨ ਲਈ ਹੋਰ ਤਕਨੀਕੀ ਸਾਧਨਾਂ ਅਤੇ ਜ਼ਬਰਦਸਤੀ ਦਾ ਇਸਤੇਮਾਲ ਕੀਤਾ। ਸੂਤਰਾਂ ਨੇ ਖੁਲਾਸਾ ਕੀਤਾ ਕਿ ਇਨ੍ਹਾਂ 'ਚੋਂ ਕਈ ਔਰਤਾਂ ਸਮਾਜਿਕ ਕਲੰਕ ਅਤੇ ਬਦਨਾਮੀ ਦੇ ਡਰੋਂ ਹੁਣ ਤੱਕ ਚੁੱਪ ਸਨ। ਜਾਂਚ ਟੀਮ ਦੀ ਅਪੀਲ ਤੋਂ ਬਾਅਦ ਉਨ੍ਹਾਂ ਨੇ ਅਧਿਕਾਰਤ ਸ਼ਿਕਾਇਤ ਦਰਜ ਕਰਵਾਉਣ ਦਾ ਸਾਹਸ ਜੁਟਾਇਆ ਹੈ।

## 2029 ਦੀਆਂ ਚੋਣਾਂ ਤੱਕ 33 ਫ਼ੀਸਦੀ ਮਹਿਲਾ ਰਾਖਵਾਂਕਰਨ ਲਾਗੂ ਕਰਨ ਲਈ ਕਾਨੂੰਨਾਂ 'ਚ ਸੋਧਾਂ ਦੀ ਤਿਆਰੀ

ਨਵੀਂ ਦਿੱਲੀ, 8 ਅਪ੍ਰੈਲ (ਚ.ਨ.ਸ.) : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਕੇਂਦਰੀ ਕੈਬਨਿਟ ਨੇ ਮੌਜੂਦਾ ਕਾਨੂੰਨਾਂ ਵਿੱਚ ਸੋਧਾਂ ਨੂੰ ਮਨਜ਼ੂਰੀ ਦੇਣ ਲਈ ਤਿਆਰੀ ਖਿੱਚ ਲਈ ਹੈ ਤਾਂ ਜੋ ਲੰਮੇ ਸਮੇਂ ਤੋਂ ਲਟਕ ਰਹੇ 33 ਫੀਸਦੀ ਮਹਿਲਾ ਰਾਖਵੇਂਕਰਨ ਨੂੰ 2029 ਦੀਆਂ ਲੋਕ ਸਭਾ ਚੋਣਾਂ ਤੱਕ ਲਾਗੂ ਕੀਤਾ ਜਾ ਸਕੇ।ਇਸ ਉਦੇਸ਼ ਲਈ ਦੋ ਬਿੱਲਾਂ ਨੂੰ ਮਨਜ਼ੂਰੀ ਮਿਲਣ ਦੀ ਉਮੀਦ ਹੈ। ਪਹਿਲਾ ਬਿੱਲ 2023 ਦੇ 'ਨਾਰੀ ਸ਼ਕਤੀ ਵੰਦਨ ਕਾਨੂੰਨ' ਵਿੱਚ ਬਦਲਾਅ ਕਰਨ ਲਈ ਹੈ। ਮੌਜੂਦਾ ਕਾਨੂੰਨ ਮੁਤਾਬਕ ਲੋਕ ਸਭਾ ਅਤੇ ਵਿਧਾਨ ਸਭਾਵਾਂ ਵਿੱਚ ਔਰਤਾਂ ਲਈ ਇੱਕ ਤਿਹਾਈ ਸੀਟਾਂ ਉਦੋਂ ਹੀ ਰਾਖਵੀਆਂ ਹੋ ਸਕਦੀਆਂ ਹਨ, ਜਦੋਂ 2026 ਦੀ ਮਰਦਮਸ਼ੁਮਾਰੀ ਤੋਂ ਬਾਅਦ ਸੀਟਾਂ ਦੀ ਨਵੀਂ ਹੱਦਬੰਦੀ ਦਾ ਕੰਮ ਪੂਰਾ ਹੋ ਜਾਵੇਗਾ।ਦੂਜੇ ਬਿੱਲ ਰਾਹੀਂ ਸੰਵਿਧਾਨ ਦੀ 84ਵੀਂ ਸੋਧ ਵਿੱਚ ਬਦਲਾਅ ਕਰਨ ਦੀ ਲੋੜ ਪਵੇਗੀ, ਜੋ ਭਾਰਤ ਵਿੱਚ 2026 ਤੱਕ ਸੀਟਾਂ ਦੀ ਹੱਦਬੰਦੀ ਦੀ ਪ੍ਰਕਿਰਿਆ 'ਤੇ ਰੋਕ ਲਗਾਉਂਦੀ ਹੈ। ਹੁਣ ਹੱਦਬੰਦੀ ਦੇ ਕੰਮ ਨੂੰ ਜਲਦੀ ਸ਼ੁਰੂ ਕਰਨ ਲਈ ਸਰਕਾਰ ਨੂੰ ਇਸ ਰੋਕ ਨੂੰ ਖਤਮ ਕਰਨਾ ਹੋਵੇਗਾ।ਸਰਕਾਰ ਦੀ ਯੋਜਨਾ ਲੋਕ ਸਭਾ ਅਤੇ ਸੂਬਿਆਂ ਦੀਆਂ ਵਿਧਾਨ ਸਭਾਵਾਂ ਵਿੱਚ ਸੀਟਾਂ ਦੀ ਗਿਣਤੀ 50 ਫੀਸਦੀ ਵਧਾਉਣ ਅਤੇ ਇਨ੍ਹਾਂ ਸਦਨਾਂ ਦੇ ਵਧੇ ਹੋਏ ਮੈਂਬਰਾਂ ਦੀ ਗਿਣਤੀ ਦੇ ਆਧਾਰ 'ਤੇ ਔਰਤਾਂ ਨੂੰ ਰਾਖਵਾਂਕਰਨ ਦੇਣ ਦੀ ਹੈ।ਮਹਿਲਾ ਰਾਖਵਾਂਕਰਨ ਬਿੱਲ 1990 ਦੇ ਦਹਾਕੇ ਤੋਂ ਲਟਕ ਰਿਹਾ ਸੀ। ਸਾਲ 2023 ਵਿੱਚ ਨਵੇਂ ਸੰਸਦ ਭਵਨ ਵਿੱਚ ਸੰਸਦ ਮੈਂਬਰਾਂ ਵੱਲੋਂ ਸਰਬਸੰਮਤੀ ਨਾਲ ਪਾਸ ਕੀਤਾ ਜਾਣ ਵਾਲਾ ਇਹ ਪਹਿਲਾ ਵਿਧਾਨਿਕ ਬਿੱਲ ਸੀ।




## ਦਿੱਲੀ 'ਚ 80 ਸਾਲਾ ਬਜ਼ੁਰਗ ਵੱਲੋਂ ਗੋਲ਼ੀ ਮਾਰ ਕੇ ਖ਼ੁਦਕੁਸ਼ੀ

ਨਵੀਂ ਦਿੱਲੀ, 8 ਅਪ੍ਰੈਲ (ਚ.ਨ.ਸ.) : ਦਿੱਲੀ ਦੇ ਬਾਹਰੀ ਇਲਾਕੇ ਮੰਗੋਲਪੁਰੀ 'ਚ 80 ਸਾਲਾ ਬਜ਼ੁਰਗ ਨੇ ਆਪਣੇ ਲਾਇਸੈਂਸੀ ਰਿਵਾਲਵਰ ਨਾਲ ਕਥਿਤ ਤੌਰ 'ਤੇ ਗੋਲੀ ਮਾਰ ਕੇ ਖੁਦਕੁਸ਼ੀ ਕਰ ਲਈ। ਇਕ ਅਧਿਕਾਰੀ ਨੇ ਦੱਸਿਆ ਕਿ ਮ੍ਰਿਤਕ ਉਮਰਾਵ ਸਿੰਘ ਪੀਤਮਪੁਰਾ ਦੇ ਸੁਵਿਧਾ ਕੁੰਜ ਦਾ ਵਸਨੀਕ ਸੀ ਅਤੇ ਉਹ ਰੀਅਲ ਅਸਟੇਟ ਕਾਰੋਬਾਰ ਨਾਲ ਜੁੜਿਆ ਹੋਇਆ ਸੀ।ਮੰਗੋਲਪੁਰੀ ਥਾਣੇ ਨੂੰ ਘਟਨਾ ਦੀ ਸੂਚਨਾ ਮਿਲੀ, ਜਿਸ ਤੋਂ ਬਾਅਦ ਇਕ ਟੀਮ ਮੌਕੇ 'ਤੇ ਪਹੁੰਚੀ ਅਤੇ ਉਮਰਾਵ ਨੂੰ ਗੋਲੀ ਲੱਗਣ ਦੇ ਕਾਰਨ ਜ਼ਖਮੀ ਹਾਲਤ 'ਚ ਪਾਇਆ। ਪੁਲਿਸ ਮੁਤਾਬਕ ਮੈਡੀਕਲ ਜਾਂਚ ਦੌਰਾਨ ਉਮਰਾਵ ਸਿੰਘ ਨੂੰ ਮ੍ਰਿਤਕ ਐਲਾਨ ਦਿੱਤਾ ਗਿਆ। ਮ੍ਰਿਤਕ ਦੇ ਪਰਿਵਾਰਕ ਮੈਂਬਰਾਂ ਨੇ ਪੁਲਿਸ ਨੂੰ ਦੱਸਿਆ ਕਿ ਉਮਰਾਵ ਕੁਝ ਸਮੇਂ ਤੋਂ ਅਸਥਮਾ ਤੇ ਦਿਮਾਗ ਸੰਬੰਧੀ ਬਿਮਾਰੀਆਂ ਤੋਂ ਪੀੜਤ ਸੀ।

# ਪਹਿਲੇ ਸਫ਼ੇ ਦੀ ਬਾਕੀ

### ਜੰਗਬੰਦੀ ਤੋਂ ਬਾਅਦ ਈਰਾਨ 'ਚ ਭਾਰਤੀ ਦੂਤਾਵਾਸ

ਦੂਤਾਵਾਸ ਨੇ ਭਾਰਤੀ ਨਾਗਰਿਕਾਂ ਨੂੰ ਦੂਤਾਵਾਸ ਦੇ ਅਧਿਕਾਰੀਆਂ ਨਾਲ ਸੰਪਰਕ ਕਰਨ ਅਤੇ ਉਨ੍ਹਾਂ ਦੁਆਰਾ ਪ੍ਰਦਾਨ ਕੀਤੇ ਗਏ ਸੁਰੱਖਿਅਤ ਰਸਤਿਆਂ ਰਾਹੀਂ ਹੀ ਈਰਾਨ ਤੋਂ ਬਾਹਰ ਨਿਕਲਣ ਦੀ ਸਲਾਹ ਦਿੱਤੀ ਹੈ।ਦੂਤਾਵਾਸ ਨੇ ਭਾਰਤੀ ਨਾਗਰਿਕਾਂ ਦੀ ਸਹਾਇਤਾ ਲਈ ਚਾਰ ਐਮਰਜੈਂਸੀ ਹੈਲਪਲਾਈਨ ਨੰਬਰ ਜਾਰੀ ਕੀਤੇ ਹਨ। ਇਹ ਨੰਬਰ +989128109115, +989128109102, +989128109109, ਅਤੇ +989932179359 ਹਨ।

### ਭਾਰਤ ਵੱਲੋਂ ਅਮਰੀਕਾ-ਈਰਾਨ

ਹੋਰਮੁਜ਼ ਜਲਮਾਰਗ ਰਾਹੀਂ ਸਮੁੰਦਰੀ ਜਹਾਜ਼ਾਂ ਦੀ ਆਵਾਜਾਈ ਅਤੇ ਆਲਮੀ ਵਪਾਰ ਬਿਨਾਂ ਕਿਸੇ ਰੁਕਾਵਟ ਦੇ ਜਾਰੀ ਰਹੇਗਾ।

ਇਹ ਜੰਗਬੰਦੀ ਉਸ ਲੜਾਈ ਨੂੰ ਰੋਕਣ ਲਈ ਇੱਕ ਵੱਡਾ ਕਦਮ ਹੈ, ਜਿਸ ਨੇ ਖਾੜੀ ਦੇਸ਼ਾਂ ਵਿੱਚ ਤਣਾਅ ਪੈਦਾ ਕਰ ਦਿੱਤਾ ਸੀ ਅਤੇ ਦੁਨੀਆ ਭਰ ਦੇ ਵਪਾਰ ਤੇ ਤੇਲ ਦੀ ਸਪਲਾਈ ਵਿੱਚ ਰੁਕਾਵਟ ਪਾਈ ਸੀ। ਅਮਰੀਕਾ ਅਤੇ ਈਰਾਨ ਵਿਚਾਲੇ ਹੋਏ ਇਸ ਸਮਝੌਤੇ ਤਹਿਤ ਹੁਣ ਹੋਰਮੁਜ਼ ਜਲਮਾਰਗ ਨੂੰ ਮੁੜ ਖੋਲ੍ਹਿਆ ਜਾਵੇਗਾ, ਜੋ ਕਿ ਦੁਨੀਆ ਭਰ ਵਿੱਚ ਤੇਲ ਭੇਜਣ ਲਈ ਸਭ ਤੋਂ ਮਹੱਤਵਪੂਰਨ ਸਮੁੰਦਰੀ ਰਸਤਾ ਹੈ।

ਦੋ ਹਫ਼ਤਿਆਂ ਦੀ ਇਹ ਜੰਗਬੰਦੀ ਪਾਕਿਸਤਾਨ ਅਤੇ ਕਈ ਹੋਰ ਦੇਸ਼ਾਂ ਦੀਆਂ ਕੂਟਨੀਤਕ ਕੋਸ਼ਿਸ਼ਾਂ ਤੋਂ ਬਾਅਦ ਸੰਭਵ ਹੋਈ ਹੈ, ਜਿਸ ਨੂੰ ਹੁਣ ਆਪਸੀ ਗੱਲਬਾਤ ਦੇ ਇੱਕ ਮੌਕੇ ਵਜੋਂ ਦੇਖਿਆ ਜਾ ਰਿਹਾ ਹੈ। ਮੰਨਿਆ ਜਾ ਰਿਹਾ ਹੈ ਕਿ ਇਸ ਕਦਮ ਨਾਲ ਦੋਵਾਂ ਦੇਸ਼ਾਂ ਵਿਚਾਲੇ ਤਣਾਅ ਨੂੰ ਹੋਰ ਵਧਣ ਤੋਂ ਰੋਕਣ ਵਿੱਚ ਮਦਦ ਮਿਲੇਗੀ।ਹਾਲਾਂਕਿ, ਜੰਗਬੰਦੀ ਦੇ ਟਿਕਣ ਬਾਰੇ ਅਨਿਸ਼ਚਿਤਤਾ ਬਣੀ ਹੋਈ ਹੈ। ਮਾਹਰਾਂ ਨੇ ਚਿਤਾਵਨੀ ਦਿੱਤੀ ਹੈ ਕਿ ਸੰਘਰਸ਼ ਨੂੰ ਮੁੜ ਸ਼ੁਰੂ ਹੋਣ ਤੋਂ ਰੋਕਣ ਲਈ ਲਗਾਤਾਰ ਰਾਬਤਾ ਬਣਾਈ ਰੱਖਣਾ ਬਹੁਤ ਜ਼ਰੂਰੀ ਹੋਵੇਗਾ। ਉੱਥੇ ਹੀ ਭਾਰਤ ਦਾ ਇਹ ਪੱਖ ਦੁਨੀਆ ਭਰ ਵਿੱਚ ਸ਼ਾਂਤੀ ਲਈ ਉੱਠ ਰਹੀਆਂ ਮੰਗਾਂ ਦਾ ਸਮਰਥਨ ਕਰਦਾ ਹੈ। ਵੱਖ-ਵੱਖ ਦੇਸ਼ਾਂ ਦੀਆਂ ਸਰਕਾਰਾਂ ਹੁਣ ਆਉਣ ਵਾਲੇ ਦਿਨਾਂ ਦੇ ਹਾਲਾਤਾਂ 'ਤੇ ਨੇੜਿਓਂ ਨਜ਼ਰ ਰੱਖ ਰਹੀਆਂ ਹਨ।

### ਮਾਨ ਵੱਲੋਂ ਮੀਂਹ ਕਾਰਨ ਖ਼ਰਾਬ ਹੋਈਆਂ

ਗੇੜੇ 'ਤੇ ਗੇੜਾ ਮਾਰ ਰਹੇ ਹਨ।

ਜ਼ਿਕਰਯੋਗ ਹੈ ਕਿ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਵੀ ਪਿਛਲੇ ਦਿਨੀਂ ਹਲਕਾ ਲੰਬੀ ਦੇ ਪ੍ਰਭਾਵਿਤ ਪਿੰਡਾਂ ਅਤੇ ਖੇਤਾਂ ਦਾ ਦੌਰਾ ਕੀਤਾ ਸੀ। ਭਾਜਪਾ ਪ੍ਰਧਾਨ ਸੁਨੀਲ ਜਾਖੜ ਨੇ ਕਿਹਾ ਕਿ ਸਰਕਾਰ ਰੈਲੀਆਂ ਦੀ ਥਾਂ ਫ਼ਸਲੀ ਨੁਕਸਾਨ ਵੱਲ ਧਿਆਨ ਦੇਵੇ। ਖੇਤੀ ਮਹਿਕਮੇ ਵੱਲੋਂ ਜੋ ਮੁਢਲੀ ਰਿਪੋਰਟ ਤਿਆਰ ਕੀਤੀ ਗਈ ਹੈ, ਉਸ ਅਨੁਸਾਰ ਸੂਬੇ ਦੇ ਸੱਤ ਜ਼ਿਲ੍ਹਿਆਂ 'ਚ ਹੁਣ ਤੱਕ 1.25 ਲੱਖ ਏਕੜ ਫ਼ਸਲ ਨੁਕਸਾਨੀ ਗਈ ਹੈ। ਫ਼ਾਜ਼ਿਲਕਾ 'ਚ 43,978, ਸ੍ਰੀ ਮੁਕਤਸਰ ਸਾਹਿਬ 'ਚ 42,720, ਬਠਿੰਡਾ 'ਚ 20,430, ਮੋਗਾ 'ਚ 11,520, ਮਾਨਸਾ 'ਚ 3650, ਅੰਮ੍ਰਿਤਸਰ 'ਚ 2300, ਫ਼ਿਰੋਜ਼ਪੁਰ 'ਚ 715 ਏਕੜ ਫਸਲ ਖ਼ਰਾਬ ਹੋਣ ਦੀ ਜਾਣਕਾਰੀ ਸਾਹਮਣੇ ਆਈ ਹੈ। ਰਿਪੋਰਟ ਅਨੁਸਾਰ 31 ਮਾਰਚ ਅਤੇ ਪਹਿਲੀ ਅਪਰੈਲ ਨੂੰ ਸਭ ਤੋਂ ਵੱਧ 81,112 ਏਕੜ ਫ਼ਸਲ ਨੁਕਸਾਨੀ ਗਈ ਹੈ। ਬੀਤੇ ਦਿਨੀਂ ਪਏ ਮੀਂਹ ਕਾਰਨ ਪੰਜਾਬ 'ਚ 41,951 ਏਕੜ ਫ਼ਸਲ ਦਾ ਨੁਕਸਾਨ ਹੋਇਆ ਹੈ। ਅੰਮ੍ਰਿਤਸਰ ਜ਼ਿਲ੍ਹੇ 'ਚ 2300 ਏਕੜ ਰਕਬਾ ਪ੍ਰਭਾਵਿਤ ਹੋਇਆ ਹੈ।

### ਸੀਜ਼ਫਾਇਰ ਦੇ ਐਲਾਨ ਮਗਰੋਂ

ਬੰਦ ਹੋਈਆਂ।

ਈਰਾਨ ਦੇ ਵਿਦੇਸ਼ ਮੰਤਰੀ ਅੱਬਾਸ ਅਰਾਕਚੀ ਮੁਤਾਬਕ ਪਾਕਿਸਤਾਨ ਵੱਲੋਂ ਪੇਸ਼ ਕੀਤੀ ਗਈ ਜੰਗਬੰਦੀ ਯੋਜਨਾ ਨੂੰ ਸਵੀਕਾਰ ਕਰ ਲਿਆ ਗਿਆ ਹੈ। ਅਗਲੇ ਦੋ ਹਫ਼ਤਿਆਂ ਲਈ ਇੱਕ ਸੁਰੱਖਿਅਤ ਸਮੁੰਦਰੀ ਰਸਤਾ ਯਕੀਨੀ ਬਣਾਇਆ ਜਾਵੇਗਾ। ਇਸ ਦੌਰਾਨ ਵ੍ਹਾਈਟ ਹਾਊਸ ਦੇ ਅਧਿਕਾਰੀਆਂ ਮੁਤਾਬਕ ਇਜ਼ਰਾਈਲ ਵੀ ਇਸ ਪ੍ਰਸਤਾਵ 'ਤੇ ਸਹਿਮਤ ਹੋ ਗਿਆ ਹੈ, ਜਿਸ ਨਾਲ ਵਿਸ਼ਵ ਬਾਜ਼ਾਰਾਂ ਵਿੱਚ ਰਾਹਤ ਆਈ ਹੈ। ਦੱਸ ਦੇਈਏ ਕਿ ਹੋਰਮੁਜ਼ ਜਲਡਮਰੂ ਦੁਨੀਆ ਦੇ ਸਭ ਤੋਂ ਮਹੱਤਵਪੂਰਨ ਤੇਲ ਰੂਟਾਂ ਵਿੱਚੋਂ ਇੱਕ ਹੈ, ਜੋ ਲੱਗਭੱਗ 20 ਫੀਸਦੀ ਗਲੋਬਲ ਤੇਲ ਅਤੇ LNG ਲੈ ਕੇ ਜਾਂਦਾ ਹੈ। ਇਸ ਦੇ ਬੰਦ ਹੋਣ ਨਾਲ ਊਰਜਾ ਬਾਜ਼ਾਰ ਵਿੱਚ ਕਾਫ਼ੀ ਉਥਲ-ਪੁਥਲ ਹੋਈ। ਹਾਲਾਂਕਿ, ਕੀਮਤਾਂ ਵਿੱਚ ਗਿਰਾਵਟ ਦੇ ਬਾਵਜੂਦ, WTI ਫਰਵਰੀ ਤੋਂ ਲੱਗਭੱਗ 50 ਫੀਸਦੀ ਉੱਪਰ ਹੈ, ਜੋ ਦਰਸਾਉਂਦਾ ਹੈ ਕਿ ਸੰਕਟ ਪੂਰੀ ਤਰ੍ਹਾਂ ਖਤਮ ਨਹੀਂ ਹੋਇਆ ਹੈ। ਵੈਸਟਪੈਕ ਬੈਂਕਿੰਗ ਕਾਰਪੋਰੇਸ਼ਨ ਦੇ ਵਸਤੂ ਮਾਹਰ ਰੌਬਰਟ ਰੇਨੀ ਮੁਤਾਬਕਤੇਲ ਦੀ ਸਪਲਾਈ ਤੁਰੰਤ ਆਮ ਵਾਂਗ ਨਹੀਂ ਆਵੇਗੀ। ਬੰਦ ਖੂਹਾਂ ਨੂੰ ਮੁੜ ਚਾਲੂ ਕਰਨ, ਜਹਾਜ਼ਾਂ ਨੂੰ ਤਾਇਨਾਤ ਕਰਨ ਅਤੇ ਸਟਾਕਾਂ ਨੂੰ ਭਰਨ ਵਿੱਚ ਮਹੀਨੇ ਲੱਗ ਸਕਦੇ ਹਨ। ਇਸਦਾ ਮਤਲਬ ਹੈ ਕਿ ਕੀਮਤਾਂ ਵਿੱਚ ਗਿਰਾਵਟ ਦੇ ਬਾਵਜੂਦ, ਬਾਜ਼ਾਰ ਵਿੱਚ ਅਸਥਿਰਤਾ ਬਣੀ ਰਹਿ ਸਕਦੀ ਹੈ।

### ਈਰਾਨ ਨੂੰ ਹਥਿਆਰ ਦੇਣ ਵਾਲੇ ਦੇਸ਼ਾਂ

ਹਮਲੇ ਬੰਦ ਕਰੇ। ਪਾਕਿਸਤਾਨ ਦੇ ਪ੍ਰਧਾਨ ਮੰਤਰੀ ਅਨੁਸਾਰ, ਇਸ ਜੰਗਬੰਦੀ ਵਿੱਚ ਇਜ਼ਰਾਈਲ ਅਤੇ ਹਿਜ਼ਬੁੱਲ੍ਹਾ ਵਿਚਕਾਰ ਲੜਾਈ ਰੋਕਣ ਦੀ ਅਪੀਲ ਵੀ ਸ਼ਾਮਲ ਹੈ। ਇਸ ਪ੍ਰਕਿਰਿਆ ਦੌਰਾਨ ਈਰਾਨ ਦੀ 10-ਨੁਕਾਤੀ ਯੋਜਨਾ ਦੇ ਫਾਰਸੀ ਅਤੇ ਅੰਗਰੇਜ਼ੀ ਸੰਸਕਰਣਾਂ ਵਿੱਚ ਫਰਕ ਕਾਰਨ ਕੁਝ ਭੁਲੇਖਾ ਵੀ ਪੈਦਾ ਹੋਇਆ, ਜਿੱਥੇ ਫਾਰਸੀ ਸੰਸਕਰਣ ਵਿੱਚ 'ਪਰਮਾਣੂ ਸੋਧ ਦੀ ਪ੍ਰਵਾਨਗੀ' ਸ਼ਾਮਲ ਸੀ।

ਈਰਾਨ ਦੇ ਵਿਦੇਸ਼ ਮੰਤਰੀ ਅੱਬਾਸ ਅਰਾਗਚੀ ਨੇ ਕਿਹਾ ਕਿ ਜਲਮਾਰਗ ਰਾਹੀਂ ਆਵਾਜਾਈ ਈਰਾਨੀ ਫੌਜੀ ਪ੍ਰਬੰਧਨ ਹੇਠ ਹੋਵੇਗੀ ਅਤੇ ਇਸ ਰਾਹੀਂ ਲੰਘਣ ਵਾਲੇ ਜਹਾਜ਼ਾਂ ਤੋਂ ਈਰਾਨ ਅਤੇ ਓਮਾਨ ਫੀਸ ਵਸੂਲਣਗੇ, ਜਿਸਦੀ ਵਰਤੋਂ ਈਰਾਨ ਮੁੜ ਨਿਰਮਾਣ ਲਈ ਕਰੇਗਾ। ਈਰਾਨ ਨੇ ਜੰਗ ਖਤਮ ਕਰਨ ਲਈ ਖੇਤਰ ਵਿੱਚੋਂ ਅਮਰੀਕੀ ਫੌਜਾਂ ਦੀ ਵਾਪਸੀ, ਪਾਬੰਦੀਆਂ ਹਟਾਉਣ ਅਤੇ ਫ੍ਰੀਜ਼ ਕੀਤੇ ਗਏ ਫੰਡਾਂ ਨੂੰ ਜਾਰੀ ਕਰਨ ਦੀ ਮੰਗ ਕੀਤੀ ਹੈ। ਟਰੰਪ ਨੇ ਦੱਸਿਆ ਕਿ ਉਨ੍ਹਾਂ ਨੇ ਇਹ ਫੈਸਲਾ ਪਾਕਿਸਤਾਨੀ ਪ੍ਰਧਾਨ ਮੰਤਰੀ ਸ਼ਾਹਬਾਜ਼ ਸ਼ਰੀਫ ਅਤੇ ਫੌਜ ਮੁਖੀ ਜਨਰਲ ਆਸਿਮ ਮੁਨੀਰ ਨਾਲ ਗੱਲਬਾਤ ਤੋਂ ਬਾਅਦ ਲਿਆ ਹੈ।

ਇਸ ਜੰਗਬੰਦੀ ਦੇ ਐਲਾਨ ਦੇ ਬਾਵਜੂਦ ਤਹਿਰਾਨ ਦੀਆਂ ਸੜਕਾਂ 'ਤੇ ਸਰਕਾਰ ਪੱਖੀ ਪ੍ਰਦਰਸ਼ਨਕਾਰੀਆਂ ਨੇ ਅਮਰੀਕਾ ਅਤੇ ਇਜ਼ਰਾਈਲ ਵਿਰੁੱਧ ਨਾਅਰੇਬਾਜ਼ੀ ਕੀਤੀ। ਜੰਗ ਸ਼ੁਰੂ ਹੋਣ ਤੋਂ ਹੁਣ ਤੱਕ ਈਰਾਨ ਵਿੱਚ 1,900 ਤੋਂ ਵੱਧ ਅਤੇ ਲਿਬਨਾਨ ਵਿੱਚ 1,500 ਤੋਂ ਵੱਧ ਲੋਕ ਮਾਰੇ ਜਾ ਚੁੱਕੇ ਹਨ, ਜਦਕਿ ਲੱਖਾਂ ਲੋਕ ਬੇਘਰ ਹੋਏ ਹਨ। ਖਾੜੀ ਦੇਸ਼ਾਂ ਵਿੱਚ ਵੀ ਮਿਜ਼ਾਈਲ ਅਲਰਟ ਜਾਰੀ ਹਨ ਅਤੇ ਅਬੂ ਧਾਬੀ ਵਿੱਚ ਇੱਕ ਗੈਸ ਪਲਾਂਟ ਨੂੰ ਅੱਗ ਲੱਗਣ ਦੀਆਂ ਖ਼ਬਰਾਂ ਹਨ। ਅਮਰੀਕੀ ਫੌਜ ਨੇ ਫਿਲਹਾਲ ਹਮਲਾਵਰ ਕਾਰਵਾਈਆਂ ਰੋਕ ਦਿੱਤੀਆਂ ਹਨ। ਪਰ ਰੱਖਿਆਤਮਕ ਕਾਰਵਾਈਆਂ ਜਾਰੀ ਰੱਖਣ ਦੀ ਗੱਲ ਕਹੀ ਹੈ।

### ਜੰਗਬੰਦੀ ਕਰਵਾ ਕੇ ਪਾਕਿਸਤਾਨ

ਨਵੇਂ ਯੁੱਗ ਵਿੱਚ ਦਾਖ਼ਲ ਹੋ ਗਿਆ ਹੈ ਜਿੱਥੇ ਦੇਸ਼ ਵਿੱਚ ਸਥਿਰਤਾ ਅਤੇ ਸ਼ਾਂਤੀ ਕਾਇਮ ਹੋਵੇਗੀ। ਉਨ੍ਹਾਂ ਕਿਹਾ ਕਿ ਅਰਬ ਦੇਸ਼ਾਂ ਅਤੇ ਗੁਆਂਢੀ ਭਰਾ ਈਰਾਨ ਨੇ

ਪਾਕਿਸਤਾਨ 'ਤੇ ਭਰੋਸਾ ਜਤਾਇਆ ਹੈ ਅਤੇ ਅਮਰੀਕਾ ਵੀ ਹੁਣ ਸਾਡੇ ਵੱਲ ਉਮੀਦ ਨਾਲ ਦੇਖ ਰਿਹਾ ਹੈ। ਪੱਛਮੀ ਏਸ਼ੀਆ ਵਿੱਚ ਸ਼ਾਂਤੀ ਸਥਾਪਿਤ ਕਰਨ ਦੇ ਯਤਨਾਂ ਵਿੱਚ ਭਾਰਤੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਭੂਮਿਕਾ ਬਾਰੇ ਪੁੱਛੇ ਗਏ ਇੱਕ ਸਵਾਲ ਦੇ ਜਵਾਬ ਵਿੱਚ ਖਵਾਜਾ ਆਸਿਫ਼ ਨੇ ਕਿਹਾ ਕਿ ਭਾਰਤੀ ਨੇਤਾ ਕੋਲ ਹੁਣ ਕਹਿਣ ਲਈ ਕੁਝ ਨਹੀਂ ਬਚਿਆ ਹੈ। ਦੂਜੇ ਪਾਸੇ, ਭਾਰਤ ਨੇ ਬੁੱਧਵਾਰ ਨੂੰ ਇਸ ਜੰਗਬੰਦੀ ਦਾ ਸਵਾਗਤ ਤਾਂ ਕੀਤਾ ਪਰ ਇਸ ਪੂਰੀ ਪ੍ਰਕਿਰਿਆ ਵਿੱਚ ਪਾਕਿਸਤਾਨ ਦੀ ਭੂਮਿਕਾ ਦਾ ਜ਼ਿਕਰ ਕਰਨ ਤੋਂ ਗੁਰੇਜ਼ ਕੀਤਾ। ਆਸਿਫ਼ ਨੇ ਅੱਗੇ ਕਿਹਾ ਕਿ ਪਿਛਲੇ ਸਾਲ ਭਾਰਤ ਨਾਲ ਹੋਏ ਟਕਰਾਅ ਤੋਂ ਬਾਅਦ ਪਾਕਿਸਤਾਨ ਨੇ ਇੱਕ ਲੰਬਾ ਸਫ਼ਰ ਤੈਅ ਕੀਤਾ ਹੈ ਅਤੇ ਹੁਣ ਈਰਾਨ-ਅਮਰੀਕਾ ਜੰਗਬੰਦੀ ਤੋਂ ਬਾਅਦ ਪੂਰੀ ਦੁਨੀਆ ਦੀਆਂ ਨਜ਼ਰਾਂ ਇਸਲਾਮਾਬਾਦ 'ਤੇ ਟਿਕੀਆਂ ਹੋਈਆਂ ਹਨ, ਜਿਸ ਨਾਲ ਪਾਕਿਸਤਾਨ ਕੌਮਾਂਤਰੀ ਸਿਆਸਤ ਦੇ ਕੇਂਦਰ ਵਿੱਚ ਆ ਗਿਆ ਹੈ।

### ਆੜ੍ਹਤੀਆਂ ਨੇ ਵਾਪਸ ਲਈ ਹੜਤਾਲ,

ਅਤੇ ਹੱਲ ਕਰਨ ਦੇ ਭਰੋਸੇ ਤੋਂ ਬਾਅਦ ਫੈਡਰੇਸ਼ਨ ਨੇ ਹੜਤਾਲ ਤੁਰੰਤ ਵਾਪਸ ਲੈਣ ਦਾ ਐਲਾਨ ਕੀਤਾ।

ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ, "ਮੌਸਮ ਦੀ ਖਰਾਬੀ ਨੇ ਸਾਡੇ ਕਿਸਾਨਾਂ ਨੂੰ ਬਹੁਤ ਪ੍ਰਭਾਵਿਤ ਕੀਤਾ ਹੈ। ਇਸ ਵਿੱਚ ਕੋਈ ਸ਼ੱਕ ਨਹੀਂ ਹੈ ਕਿ ਭਾਵੇਂ ਸਰਕਾਰ ਹੋਵੇ ਜਾਂ ਆੜ੍ਹਤੀਏ ਜਾਂ ਕੋਈ ਹੋਰ ਭਾਈਵਾਲ, ਅਸੀਂ ਸਾਰੇ ਕਿਸਾਨਾਂ ਕਰਕੇ ਹੀ ਵਸਦੇ ਹਾਂ। ਕੁਦਰਤੀ ਆਫ਼ਤਾਂ ਨਾਲ ਕੋਈ ਵੀ ਇਕੱਲਿਆਂ ਨਹੀਂ ਨਜਿੱਠ ਸਕਦਾ, ਇਸ ਲਈ ਅਜਿਹੇ ਸਮੇਂ ਸਾਨੂੰ ਇੱਕਜੁੱਟ ਹੋ ਕੇ ਇੱਕ ਦੂਜੇ ਦੇ ਮੋਢੇ ਨਾਲ ਮੋਢਾ ਜੋੜ ਕੇ ਖੜ੍ਹਨਾ ਚਾਹੀਦਾ ਹੈ।

ਉਨ੍ਹਾਂ ਆੜ੍ਹਤੀਆਂ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਦੇ ਦਰਵਾਜ਼ੇ ਗੱਲਬਾਤ ਲਈ ਹਮੇਸ਼ਾ ਖੁੱਲ੍ਹੇ ਹਨ। ਉਨ੍ਹਾਂ ਅੱਗੇ ਕਿਹਾ, "ਇਹ ਜ਼ਰੂਰੀ ਨਹੀਂ ਹੈ ਕਿ ਅਸੀਂ ਹਮੇਸ਼ਾ ਮੁੱਦਿਆਂ ਨੂੰ ਹੱਲ ਕਰਨ ਲਈ ਕੋਈ ਵੱਡੀ ਰਸਮੀ ਮੀਟਿੰਗ ਕਰੀਏ। ਛੋਟੀ ਪਰ ਸੁਹਿਰਦ ਗੱਲਬਾਤ ਵੀ ਵੱਡੀਆਂ ਸਮੱਸਿਆਵਾਂ ਨੂੰ ਹੱਲ ਕਰ ਸਕਦੀ ਹੈ। ਜੇਕਰ ਕਿਸੇ ਆੜ੍ਹਤੀਏ ਜਾਂ ਕਿਸਾਨ ਨੂੰ ਕੋਈ ਮੁਸ਼ਕਲ ਆਉਂਦੀ ਹੈ ਤਾਂ ਮੈਨੂੰ ਦੱਸੋ। ਅਸੀਂ ਇਕੱਠੇ ਬੈਠ ਕੇ ਹੱਲ ਲੱਭਾਂਗੇ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਸਰਗਰਮ ਪਹੁੰਚ ਦਾ ਸਵਾਗਤ ਕਰਦਿਆਂ ਵਿਜੇ ਕਾਲੜਾ ਨੇ ਕਿਹਾ ਕਿ ਅਸੀਂ ਇੱਕ ਪਰਿਵਾਰ ਹਾਂ। ਪਰਿਵਾਰ ਵਿੱਚ ਗੱਲਬਾਤ ਰਾਹੀਂ ਮਸਲਿਆਂ ਨੂੰ ਹੱਲ ਕੀਤਾ ਜਾਂਦਾ ਹੈ ਅਤੇ ਕਿਸਾਨ ਸਾਡੀ ਪ੍ਰਮੁੱਖ ਤਰਜੀਹ ਹਨ ਤੇ ਹਮੇਸ਼ਾ ਰਹਿਣਗੇ।

ਅਧਿਕਾਰੀਆਂ ਨੂੰ ਕਣਕ ਦੀ ਸੁਚਾਰੂ, ਪਾਰਦਰਸ਼ੀ ਅਤੇ ਨਿਰਵਿਘਨ ਖ਼ਰੀਦ ਯਕੀਨੀ ਬਣਾਉਣ ਦੇ ਨਿਰਦੇਸ਼ ਦਿੰਦਿਆਂ ਖੁੱਡੀਆਂ ਨੇ ਮੁੱਖ ਮੰਤਰੀ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਕਿਸਾਨਾਂ ਦੇ ਹਿੱਤਾਂ ਦੀ ਰਾਖੀ ਪ੍ਰਤੀ ਵਚਨਬੱਧਤਾ ਦੁਹਰਾਈ ਅਤੇ ਆੜ੍ਹਤੀਆਂ ਦੀਆਂ ਜਾਇਜ਼ ਸਮੱਸਿਆਵਾਂ ਨੂੰ ਜਲਦੀ ਤੋਂ ਜਲਦੀ ਹੱਲ ਕਰਨ ਦਾ ਭਰੋਸਾ ਦਿੱਤਾ।

### ਖੁੱਡੀਆਂ ਵੱਲੋਂ ਮੀਂਹ ਕਾਰਨ ਫ਼ਸਲਾਂ ਨੂੰ ਪੁੱਜੇ ਨੁਕਸਾਨ ਦੇ ਮੁਲਾਂਕਣ ਲਈ

ਹਾਲ ਹੀ ਵਿੱਚ ਖ਼ਰਾਬ ਮੌਸਮ ਕਰਕੇ ਸੂਬੇ ਵਿੱਚ ਕਣਕ ਦੀ ਫ਼ਸਲ 'ਤੇ ਪਏ ਪ੍ਰਤੀਕੂਲ ਪ੍ਰਭਾਵ ਦਾ ਜ਼ਿਕਰ ਕਰਦਿਆਂ ਕਿਹਾ ਕਿ ਮੌਜੂਦਾ ਹਾੜ੍ਹੀ ਸੀਜ਼ਨ ਦੌਰਾਨ 35 ਲੱਖ ਹੈਕਟੇਅਰ 'ਤੇ ਕਣਕ ਦੀ ਬਿਜਾਈ ਕੀਤੀ ਕੀਤੀ ਗਈ ਸੀ ਅਤੇ ਇਸ ਵਾਰ ਫ਼ਸਲ ਦਾ ਬੰਪਰ ਝਾੜ ਹੋਣ ਦੀ ਉਮੀਦ ਲਾਈ ਜਾ ਰਹੀ ਸੀ, ਪਰ ਲਗਾਤਾਰ ਮੀਂਹ ਅਤੇ ਗੜੇਮਾਰੀ ਕਰਕੇ ਫ਼ਸਲਾਂ ਦੇ ਨੁਕਸਾਨ ਨੇ ਕਿਸਾਨ ਭਾਈਚਾਰੇ ਲਈ ਵੱਡੀ ਚਿੰਤਾ ਖੜ੍ਹੀ ਕਰ ਦਿੱਤੀ ਹੈ।

ਖੁੱਡੀਆਂ ਨੇ ਦੱਸਿਆ ਕਿ ਸੂਬੇ ਦੇ ਖੇਤੀਬਾੜੀ ਵਿਭਾਗ ਦੇ ਮੁੱਢਲੇ ਮੁਲਾਂਕਣ ਅਨੁਸਾਰ 1.30 ਲੱਖ ਏਕੜ ਤੋਂ ਵੱਧ ਰਕਬੇ ਵਿੱਚ ਫਸਲਾਂ ਦੇ ਨੁਕਸਾਨ ਦਾ ਅਨੁਮਾਨ ਲਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਮੀਂਹ ਨਾ ਰੁਕਣ ਕਰਕੇ ਨੁਕਸਾਨ ਵੀ ਵਧਦਾ ਜਾ ਰਿਹਾ ਹੈ ਅਤੇ ਅੰਕੜਾ ਹੋਰ ਵੀ ਵੱਧ ਸਕਦਾ ਹੈ।

ਉਨ੍ਹਾਂ ਅੱਗੇ ਕਿਹਾ ਕਿ ਇਹ ਨੁਕਸਾਨ ਸਿਰਫ਼ ਕਣਕ ਤੱਕ ਸੀਮਤ ਨਹੀਂ ਹੈ। ਕਿਉਂਕਿ ਫਾਜ਼ਿਲਕਾ, ਸ੍ਰੀ ਮੁਕਤਸਰ ਸਾਹਿਬ, ਬਠਿੰਡਾ, ਫਰੀਦਕੋਟ, ਅੰਮ੍ਰਿਤਸਰ, ਮੋਗਾ ਅਤੇ ਮਾਨਸਾ ਸਮੇਤ ਕਈ ਜ਼ਿਲ੍ਹਿਆਂ ਵਿੱਚ ਸਬਜ਼ੀਆਂ, ਹਰੇ ਚਾਰੇ ਅਤੇ ਹਾੜ੍ਹੀ ਦੀਆਂ ਹੋਰ ਫਸਲਾਂ ਨੂੰ ਵੀ ਨੁਕਸਾਨ ਪਹੁੰਚਿਆ ਹੈ। ਇਹ ਨੁਕਸਾਨ ਕਿਸਾਨਾਂ ਦੀ ਰੋਜ਼ੀ-ਰੋਟੀ ਅਤੇ ਰਾਜ ਦੀ ਖੇਤੀਬਾੜੀ ਆਰਥਿਕਤਾ ਨੂੰ ਗੰਭੀਰ ਖ਼ਤਰਾ ਦਰਪੇਸ਼ ਕਰ ਰਿਹਾ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਇਸ ਸੰਕਟ ਦਾ ਸਾਹਮਣਾ ਕਰਨ ਲਈ ਕੀਤੇ ਜਾ ਰਹੇ ਯਤਨਾਂ ਦਾ ਵੇਰਵਾ ਦਿੰਦਿਆਂ ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਰਾਜ ਨੇ ਪਹਿਲਾਂ ਹੀ ਫਸਲਾਂ ਦੇ ਨੁਕਸਾਨ ਦਾ ਜਾਇਜ਼ਾ ਲੈਣ ਲਈ ਵਿਸ਼ੇਸ਼ ਗਿਰਦਾਵਰੀ ਦੇ ਹੁਕਮ ਦਿੱਤੇ ਹਨ।

ਨੁਕਸਾਨ ਦੇ ਪੈਮਾਨੇ ਅਤੇ ਕਿਸਾਨਾਂ 'ਤੇ ਪੈ ਰਹੇ ਵਿੱਤੀ ਬੋਝ ਨੂੰ ਧਿਆਨ ਵਿੱਚ ਰੱਖਦਿਆਂ ਉਨ੍ਹਾਂ ਨੇ ਕੇਂਦਰ ਤੋਂ ਇਸ ਸਬੰਧੀ ਤੁਰੰਤ ਰਾਹਤ ਅਤੇ ਮੁਆਵਜ਼ਾ ਮੰਗਿਆ ਹੈ। ਸ. ਖੁੱਡੀਆਂ ਨੇ ਜ਼ੋਰ ਦੇ ਕੇ ਕਿਹਾ ਕਿ ਵਿਸਤ੍ਰਿਤ ਮੁਲਾਂਕਣ ਲਈ ਤੁਰੰਤ ਕੇਂਦਰੀ ਟੀਮ ਭੇਜਣ ਦੀ ਲੋੜ ਹੈ।ਉਨ੍ਹਾਂ ਨਾਲ ਹੀ ਭਰੋਸਾ ਦਿੱਤਾ ਕਿ ਰਾਜ ਸਰਕਾਰ ਕਿਸਾਨਾਂ ਦੇ ਸਮਰਥਨ ਲਈ ਵਚਨਬੱਧ ਹੈ ਅਤੇ ਕੇਂਦਰੀ ਟੀਮ ਨੂੰ ਹਰ ਲੋੜੀਂਦਾ ਸਹਿਯੋਗ ਦਿੱਤਾ ਜਾਵੇਗਾ।

### ਦੇਸ਼ 'ਚ ਭਾਰੀ ਮੀਂਹ ਨੇ ਲੋਕਾਂ ਦਾ ਕੀਤਾ

ਵਿੱਚ ਮੀਂਹ ਪਿਆ, ਜਿਸ ਕਾਰਨ ਕਈ ਇਲਾਕਿਆਂ ਵਿੱਚ ਦਰੱਖਤ ਅਤੇ ਬਿਜਲੀ ਦੇ ਖੰਭੇ ਡਿੱਗ ਗਏ।ਰਾਜਸਥਾਨ ਦੇ ਉਦੈਪੁਰ ਵਿੱਚ, ਤੂਫਾਨ ਕਾਰਨ ਇੱਕ ਘਰ ਦੀ ਕੰਧ ਢਹਿ ਗਈ, ਜਦੋਂ ਕਿ ਜੈਸਲਮੇਰ ਅਤੇ ਨਾਗੌਰ ਦੇ ਮਾਰੂਥਲ ਜ਼ਿਲ੍ਹਿਆਂ ਵਿੱਚ ਵੀ ਮੀਂਹ ਦੇ ਨਾਲ-ਨਾਲ ਗੜੇਮਾਰੀ ਹੋਈ। ਮੱਧ ਪ੍ਰਦੇਸ਼ ਦੇ ਉੱਪਰੀ ਇਲਾਕਿਆਂ ਵਿੱਚ ਤਿੰਨ ਚੱਕਰਵਾਤੀ ਸਰਕੂਲੇਸ਼ਨ ਸਰਗਰਮ ਹਨ। ਇਸ ਕਾਰਨ 18 ਜ਼ਿਲ੍ਹਿਆਂ ਵਿੱਚ ਮੀਂਹ ਅਤੇ ਬਿਜਲੀ ਗਰਜ ਨਾਲ ਚੇਤਾਵਨੀ ਜਾਰੀ ਕੀਤੀ ਗਈ ਹੈ। ਮੰਗਲਵਾਰ ਨੂੰ 19 ਜ਼ਿਲ੍ਹਿਆਂ ਵਿੱਚ ਮੀਂਹ ਪਿਆ।ਅੱਜ ਜੰਮੂ-ਕਸ਼ਮੀਰ, ਹਿਮਾਚਲ ਪ੍ਰਦੇਸ਼, ਉਤਰਾਖੰਡ, ਪੰਜਾਬ, ਹਰਿਆਣਾ, ਦਿੱਲੀ ਅਤੇ ਉੱਤਰ ਪ੍ਰਦੇਸ਼ ਵਿੱਚ ਭਾਰੀ ਮੀਂਹ ਅਤੇ ਬਿਜਲੀ ਗਰਜ ਨਾਲ ਤੂਫਾਨ ਆਉਣ ਦੀ ਸੰਭਾਵਨਾ ਹੈ। 40 ਤੋਂ 60 ਕਿਲੋਮੀਟਰ ਪ੍ਰਤੀ ਘੰਟਾ ਦੀ ਰਫ਼ਤਾਰ ਨਾਲ ਹਵਾਵਾਂ ਚੱਲ ਸਕਦੀਆਂ ਹਨ। ਬਿਹਾਰ, ਝਾਰਖੰਡ, ਪੱਛਮੀ ਬੰਗਾਲ, ਮੱਧ ਪ੍ਰਦੇਸ਼ ਅਤੇ ਛੱਤੀਸਗੜ੍ਹ ਵਿੱਚ ਵੀ ਮੀਂਹ ਅਤੇ ਗੜੇ ਪੈਣ ਦੀ ਸੰਭਾਵਨਾ ਹੈ।

### ਹੁਣ ਸਾਰੇ ਸਰਕਾਰੀ ਮੁਲਾਜ਼ਮਾਂ ਨੂੰ ਆਈ.ਏ.ਐਸ.,

ਬਾਵਜੂਦ ਮਹਿੰਗਾਈ ਦੀ ਵੱਧ ਮਾਰ ਝੱਲ ਰਹੇ ਹਨ, ਤਾਂ ਉਨ੍ਹਾਂ ਨਾਲ ਅਜਿਹਾ ਵਿਤਕਰਾ ਕਿਉਂ ਕੀਤਾ ਜਾ ਰਿਹਾ ਹੈ ? ਸੀਨੀਅਰ ਅਧਿਕਾਰੀਆਂ ਨੂੰ ਵੱਧ ਅਤੇ ਆਮ ਕਰਮਚਾਰੀਆਂ ਨੂੰ ਘੱਟ ਡੀ.ਏ. ਦੇਣਾ ਤਰਕਸੰਗਤ ਨਹੀਂ ਹੈ। ਸਰਕਾਰ ਨੇ ਅਦਾਲਤ ਵਿੱਚ ਪੱਖ ਰੱਖਿਆ ਕਿ ਸੂਬੇ ਦੀ ਮਾੜੀ ਵਿੱਤੀ ਹਾਲਤ ਕਾਰਨ ਇਹ ਅਦਾਇਗੀ ਰੁਕੀ ਹੋਈ ਸੀ ਅਤੇ ਹਾਲਤ ਸੁਧਰਨ 'ਤੇ ਬਕਾਇਆ ਜਾਰੀ ਕਰ ਦਿੱਤਾ ਜਾਵੇਗਾ। ਹਾਲਾਂਕਿ, ਹਾਈਕੋਰਟ ਨੇ ਸਰਕਾਰ ਦੀਆਂ ਦਲੀਲਾਂ ਨੂੰ ਦਰਕਿਨਾਰ ਕਰਦਿਆਂ ਸਖ਼ਤ ਹਦਾਇਤ ਜਾਰੀ ਕੀਤੀ ਹੈ। ਸਰਕਾਰ 30 ਜੂਨ, 2026 ਤੱਕ ਸਾਰੇ ਕਰਮਚਾਰੀਆਂ ਨੂੰ ਡੀਏ ਦੇ ਬਕਾਏ ਜਾਰੀ ਕਰਨਾ ਯਕੀਨੀ ਬਣਾਵੇ। ਇਸ ਫੈਸਲੇ ਨਾਲ ਪੰਜਾਬ ਦੇ ਲੱਖਾਂ ਪਰਿਵਾਰਾਂ ਨੂੰ ਆਰਥਿਕ ਮਦਦ ਮਿਲੇਗੀ ਅਤੇ ਲੰਬੇ ਸਮੇਂ ਤੋਂ ਚੱਲੀ ਆ ਰਹੀ ਡੀ.ਏ. ਦੀ ਅਸਮਾਨਤਾ ਖਤਮ ਹੋ ਜਾਵੇਗੀ।

### ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਦੇ

ਗਠਨ ਕੀਤਾ ਗਿਆ ਹੈ ਜੋ ਕਿ ਇਸ ਬਕਾਇਆ ਡੀ.ਏ./ਡੀ.ਆਰ. ਦੀ ਸਮੀਖਿਆ ਕਰੇਗੀ। ਮੰਤਰੀ ਹਰਪਾਲ ਚੀਮਾ ਨੂੰ ਸਬ-ਕਮੇਟੀ ਦਾ ਚੇਅਰਮੈਨ ਬਣਾਇਆ ਗਿਆ ਹੈ ਤੇ ਮੰਤਰੀ ਅਮਨ ਅਰੋੜਾ ਤੇ ਮੰਤਰੀ ਡਾ. ਬਲਜੀਤ ਕੌਰ ਕਮੇਟੀ ਦੇ ਮੈਂਬਰ ਹੋਣਗੇ। ਪੰਜਾਬ ਸਰਕਾਰ ਨੇ ਮੁਲਾਜ਼ਮਾਂ ਦੇ ਬਕਾਇਆ ਡੀ.ਏ./ਡੀ.ਆਰ. ਦੇ ਮੁਦੇ ਦੇ ਹੱਲ ਲਈ ਇਹ ਕਦਮ ਚੁੱਕਿਆ ਹੈ। ਇਹ ਕਮੇਟੀ 6ਵੇਂ ਪੇਅ ਕਮਿਸ਼ਨ 2011 ਦੀਆਂ ਤਨਖਾਹ ਸੋਧਾਂ ਤੇ ਕੇਂਦਰੀ ਮੁਲਾਜ਼ਮਾਂ ਦੇ ਮੁਕਾਬਲੇ ਪੰਜਾਬ ਦੇ ਮੁਲਾਜ਼ਮਾਂ ਦੀਆਂ ਤਨਖਾਹਾਂ ਦੇ ਢਾਂਚੇ ਦਾ ਡੂੰਘਾਈ ਨਾਲ ਅਧਿਐਨ ਕਰੇਗੀ। ਕਮੇਟੀ 2016 ਤੋਂ 2021 ਤੱਕ ਦੇਣ ਵਾਲੇ ਬਕਾਏ ਕਰਕੇ ਸਰਕਾਰੀ ਖਜ਼ਾਨੇ 'ਤੇ ਪੈਣ ਵਾਲੇ ਵਿੱਤੀ ਬੋਝ ਤੇ ਡਾ. ਸੌਰਵ ਸ਼ਰਮਾ ਕੇਸ ਵਿਚ ਅਦਾਲਤੀ ਕੇਸ ਨੂੰ ਧਿਆਨ ਵਿਚ ਰੱਖ ਕੇ ਆਪਣੀ ਰਿਪੋਰਟ ਮੰਤਰੀ ਮੰਡਲ ਨੂੰ ਸੌਂਪੇਗੀ ਤੇ ਲੰਬੇ ਸਮੇਂ ਤੋਂ ਆਪਣੀਆਂ ਮੰਗਾਂ ਨੂੰ ਲੈ ਕੇ ਪ੍ਰਦਰਸ਼ਨ ਕਰ ਰਹੇ ਲੱਖਾਂ ਮੁਲਾਜ਼ਮ ਅਤੇ ਪੈਨਸ਼ਨਰਾਂ ਨੂੰ ਇਸ ਕਮੇਟੀ ਦੀਆਂ ਸਿਰਫਾਰਸ਼ਾਂ ਤੋਂ ਵੱਡੀ ਉਮੀਦ ਹੈ।

### ਪ੍ਰਧਾਨ ਮੰਤਰੀ ਦੀ ਵਿਦੇਸ਼

ਕਰਵਾਉਣ ਵਿੱਚ ਪਾਕਿਸਤਾਨ ਦੀ ਕਥਿਤ ਭੂਮਿਕਾ ਵੱਲ ਵੀ ਇਸ਼ਾਰਾ ਕੀਤਾ ਅਤੇ ਇਸ ਨੂੰ ਭਾਰਤ ਦੀ ਕੂਟਨੀਤਕ ਪਹੁੰਚ ਲਈ ਇੱਕ ਝਟਕਾ ਕਰਾਰ ਦਿੱਤਾ। ਉਨ੍ਹਾਂ ਕਿਹਾ ਕਿ ਪਾਕਿਸਤਾਨ ਨੂੰ ਵਿਸ਼ਵ ਪੱਧਰ 'ਤੇ ਅਲੱਗ-ਥਲੱਗ ਕਰਨ ਦੀਆਂ ਕੋਸ਼ਿਸ਼ਾਂ ਦੇ ਲੋੜੀਂਦੇ ਨਤੀਜੇ ਨਹੀਂ ਨਿਕਲੇ। ਉਨ੍ਹਾਂ ਨੇ ਇਸ ਦੀ ਤੁਲਨਾ ਸਾਬਕਾ ਪ੍ਰਧਾਨ ਮੰਤਰੀ ਮਨਮੋਹਨ ਸਿੰਘ ਦੇ ਕਾਰਜਕਾਲ ਦੌਰਾਨ ਮੁੰਬਈ ਅੱਤਵਾਦੀ ਹਮਲਿਆਂ ਤੋਂ ਬਾਅਦ ਦੀ ਕੂਟਨੀਤਕ ਪਹੁੰਚ ਨਾਲ ਕੀਤੀ।

ਉਨ੍ਹਾਂ ਕਿਹਾ, 'ਜੰਗਬੰਦੀ ਕਰਵਾਉਣ ਵਿੱਚ ਪਾਕਿਸਤਾਨ ਵੱਲੋਂ ਨਿਭਾਈ ਗਈ ਭੂਮਿਕਾ ਸਰਕਾਰ ਦੀ ਰਣਨੀਤੀ 'ਤੇ ਸਵਾਲ ਖੜ੍ਹੇ ਕਰਦੀ ਹੈ। ਗੰਭੀਰ ਆਰਥਿਕ ਤਣਾਅ ਦਾ ਸਾਹਮਣਾ ਕਰ ਰਿਹਾ ਦੇਸ਼ ਅਜਿਹੀ ਭੂਮਿਕਾ ਨਿਭਾਉਣ ਦੇ ਯੋਗ ਹੋਇਆ ਹੈ, ਜੋ ਭਾਰਤ ਦੀ ਕੂਟਨੀਤਕ ਸਥਿਤੀ ਬਾਰੇ ਗੰਭੀਰ ਚਿੰਤਾਵਾਂ ਪੈਦਾ ਕਰਦਾ ਹੈ।'

ਕਾਂਗਰਸੀ ਆਗੂ ਨੇ ਮਈ 2025 ਵਿੱਚ 'ਅਪਰੇਸ਼ਨ ਸਿੰਦੂਰ' ਨੂੰ ਅਚਾਨਕ ਰੋਕਣ ਬਾਰੇ ਵੀ ਸਰਕਾਰ ਤੋਂ ਸਵਾਲ ਪੁੱਛੇ ਅਤੇ ਨੋਟ ਕੀਤਾ ਕਿ ਇਸ ਦਾ ਪਹਿਲਾ ਐਲਾਨ ਅਮਰੀਕਾ ਵੱਲੋਂ ਆਇਆ ਸੀ ਅਤੇ ਇਸ ਕਦਮ ਦੀ ਅਜੇ ਤੱਕ ਸਹੀ ਵਿਆਖਿਆ ਨਹੀਂ ਕੀਤੀ ਗਈ ਹੈ।

### 'ਭਾਰਤੀ ਰਾਸ਼ਟਰਵਾਦੀ ਪਾਰਟੀ' ਪੰਜਾਬ

ਮਾਣ ਵਾਪਸ ਦਿਵਾਉਣ ਲਈ ਕੰਮ ਕਰਾਂਗੇ। ਇਹ ਇਕ ਅਜਿਹਾ ਸੂਬਾ ਹੋਵੇਗਾ, ਜਿੱਥੇ ਲੋਕ ਪਿਆਰ ਨਾਲ ਅਤੇ ਰਲ ਮਿਲ ਕੇ ਰਹਿਣ। ਨਿਆਂ ਸੁਤੰਤਰਤਾ ਦੇ ਅਧਿਕਾਰ ਅਤੇ ਆਜ਼ਾਦੀ ਦੀ ਸ਼ਕਤੀ ਨੂੰ ਪਛਾਣਾਂਗੇ। ਜਿੱਥੇ ਲੋਕ ਬਿਨਾਂ ਕਿਸੇ ਬਾਹਰੀ ਦਖ਼ਲ ਦੇ, ਨਿਸ਼ਕਾਮ ਸੇਵਾ ਅਤੇ ਅਧਿਆਤਮਕ ਵਿਕਾਸ ਦੇ ਉਦੇਸ਼ ਨਾਲ ਕੰਮ ਕਰਦੇ ਹੋਏ ਆਪਣੇ ਉਦੇਸ਼ ਨੂੰ ਦ੍ਰਿਸ਼ਟੀਕੋਣ ਦੇਣਗੇ, ਇਹ ਪੰਜਾਬ ਦੇ ਲੋਕਾਂ ਦੀ ਲੋਕਾਂ ਲਈ ਅਤੇ ਲੋਕਾਂ ਵੱਲੋਂ ਚਲਾਈ ਜਾਣ ਵਾਲੀ ਸਰਕਾਰ ਹੋਵੇਗੀ। ਡਾ.ਸਿੱਧੂ ਨੇ ਕਿਹਾ ਕਿ ਅਸੀਂ ਇਕ ਨਵਾਂ ਬਦਲ ਤਿਆਰ ਕਰਨ 'ਤੇ ਕੰਮ ਕਰ ਰਹੇ ਹਾਂ। ਅਸੀਂ ਆਪਣਾ ਜੀਵਨ ਆਪਣੇ ਦੇਸ਼ ਨੂੰ ਸਮਰਪਿਤ ਕਰਨਾ ਚਾਹੁੰਦੇ ਹਾਂ। ਲੋਕਾਂ ਨੂੰ ਉਹ ਸਭ ਦੇਣਾ ਚਾਹੁੰਦੇ ਹਾਂ, ਜਿਸ ਦੇ ਉਹ ਸੱਚਮੁੱਚ ਹੱਕਦਾਰ ਹਨ। ਇਸ ਮੌਕੇ ਡਾ. ਨਵਜੋਤ ਕੌਰ ਸਿੱਧੂ ਵੱਲੋਂ ਵਿਰੋਧੀਆਂ 'ਤੇ ਵੀ ਨਿਸ਼ਾਨੇ ਸਾਧੇ ਗਏ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਅੰਦਰ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਸਾਰੀਆਂ ਸੀਟਾਂ ਤੋਂ ਟਿਕਟ ਵਿਕ ਚੁੱਕੀਆਂ ਹਨ। ਉਨ੍ਹਾਂ ਕਿਹਾ ਕਿ ਕਈ ਕਾਂਗਰਸੀ ਆਗੂਆਂ ਦੀ ਫਾਈਲਾਂ ਮੇਰੇ ਹਨ ਜਿਨ੍ਹਾਂ ਦਾ ਖੁਲਾਸਾ ਮੈਂ ਸਮਾਂ ਆਉਣ 'ਤੇ ਕਰਾਂਗੀ। ਰਾਜਾ ਵੜਿੰਗ ਸਬੰਧੀ ਬੋਲਦੇ ਹੋਏ ਕਿਹਾ ਕਿ ਉਸ ਦੀ ਵੀ ਫਾਈਲ ਮੇਰੇ ਕੋਲ ਹੈ।

### ਆਰ.ਬੀ.ਆਈ. ਨੇ ਵਿਆਜ ਦਰਾਂ

ਸਹਿਮਤੀ ਨਾਲ ਰੈਪੋ ਰੇਟ ਨੂੰ 5.25 ਫੀਸਦੀ 'ਤੇ ਹੀ ਰੱਖਣ ਦਾ ਫੈਸਲਾ ਕੀਤਾ ਹੈ।

ਵਿਆਜ ਦਰਾਂ ਵਿੱਚ ਕਟੌਤੀ ਨਾ ਕਰਨ ਦਾ ਇਹ ਫੈਸਲਾ ਖਪਤਕਾਰ ਮੁੱਲ ਸੂਚਕ ਅੰਕ (ਸੀ.ਪੀ.ਆਈ.) 'ਤੇ ਆਧਾਰਿਤ ਪ੍ਰਚੂਨ ਮਹਿੰਗਾਈ ਕਾਰਨ ਲਿਆ ਗਿਆ ਹੈ, ਜੋ ਫਰਵਰੀ ਵਿੱਚ 3.21 ਫੀਸਦੀ ਰਹੀ ਸੀ ਅਤੇ ਆਰ ਬੀ ਆਈ ਦੇ 4 ਫੀਸਦੀ ਦੇ ਤੈਅ ਕੀਤੇ ਹੋਏ ਟੀਚੇ ਦੇ ਨੇੜੇ ਪਹੁੰਚ ਗਈ ਸੀ। ਇਹ ਨੀਤੀਗਤ ਫੈਸਲਾ ਅਜਿਹੇ ਸਮੇਂ ਲਿਆ ਗਿਆ ਹੈ ਜਦੋਂ ਪੱਛਮੀ ਏਸ਼ੀਆ ਵਿੱਚ ਡੇਢ ਮਹੀਨੇ ਤੱਕ ਚੱਲੀ ਲੜਾਈ ਕਾਰਨ ਤੇਲ ਦੀ ਸਪਲਾਈ ਵਿੱਚ ਦਿੱਕਤ ਆਈ ਅਤੇ ਕੱਚੇ ਤੇਲ ਦੀਆਂ ਕੀਮਤਾਂ ਵਧ ਗਈਆਂ। ਇਸ ਕਾਰਨ ਤੇਲ ਦਰਾਮਦ ਕਰਨ ਵਾਲੇ ਭਾਰਤ ਵਰਗੇ ਦੇਸ਼ਾਂ 'ਤੇ ਮਹਿੰਗਾਈ ਅਤੇ ਆਰਥਿਕ ਬੋਝ ਕਾਫੀ ਵੱਧ ਗਿਆ। ਇਸ ਤੋਂ ਇਲਾਵਾ ਜੰਗ ਸ਼ੁਰੂ ਹੋਣ ਤੋਂ ਬਾਅਦ ਰੁਪਿਆ 4 ਫੀਸਦੀ ਤੋਂ ਜ਼ਿਆਦਾ ਡਿੱਗ ਗਿਆ ਸੀ, ਜਿਸ ਨਾਲ ਸਾਮਾਨ ਦਰਾਮਦ ਕਰਨਾ ਮਹਿੰਗਾ ਹੋ ਗਿਆ ਅਤੇ ਮਹਿੰਗਾਈ ਵਧਣ ਦਾ ਡਰ ਪੈਦਾ ਹੋ ਗਿਆ। ਹਾਲਾਂਕਿ, ਅਮਰੀਕਾ ਅਤੇ ਈਰਾਨ ਦਰਮਿਆਨ ਜੰਗਬੰਦੀ ਦੇ ਐਲਾਨ ਤੋਂ ਬਾਅਦ ਅਮਰੀਕੀ ਡਾਲਰ ਦੇ ਮੁਕਾਬਲੇ ਰੁਪਿਆ 50 ਪੈਸੇ ਮਜ਼ਬੂਤ ਹੋ ਕੇ 92.56 'ਤੇ ਪਹੁੰਚ ਗਿਆ ਹੈ। ਪਿਛਲੇ ਮਹੀਨੇ ਰੁਪਿਆ ਇਤਿਹਾਸਕ ਹੇਠਲੇ ਪੱਧਰ 'ਤੇ ਆ ਗਿਆ ਸੀ ਅਤੇ ਡਾਲਰ ਦੇ ਮੁਕਾਬਲੇ 95 ਦਾ ਅੰਕੜਾ ਪਾਰ ਕਰ ਗਿਆ ਸੀ।

### ਭਵਾਨੀਪੁਰ ਵਿਧਾਨ ਸਭਾ ਸੀਟ ਤੋਂ ਮਮਤਾ ਵੱਲੋਂ

ਵਰਕਰਾਂ ਅਤੇ ਸਮਰਥਕਾਂ ਦਾ ਸਵਾਗਤ ਕੀਤਾ। ਮਮਤਾ ਬੈਨਰਜੀ ਨੇ ਅਲੀਪੁਰ ਸਰਵੇਖਣ ਭਵਨ ਵਿਖੇ ਆਪਣਾ ਨਾਮਜ਼ਦਗੀ ਪੱਤਰ ਦਾਖ਼ਲ ਕਰਵਾਇਆ।

ਨਾਮਜ਼ਦਗੀ ਪੱਤਰ ਦਾਖ਼ਲ ਕਰਨ ਤੋਂ ਪਹਿਲਾਂ ਕੱਢੇ ਗਏ ਰੋਡ ਸ਼ੋਅ ਦੌਰਾਨ ਤ੍ਰਿਣਮੂਲ ਕਾਂਗਰਸ ਦੇ ਵਰਕਰਾਂ ਨੇ 'ਮਮਤਾ ਬੈਨਰਜੀ ਜ਼ਿੰਦਾਬਾਦ' ਅਤੇ 'ਤ੍ਰਿਣਮੂਲ ਜ਼ਿੰਦਾਬਾਦ' ਦੇ ਨਾਅਰੇ ਲਗਾਏ। ਦੱਸ ਦੇਈਏ ਕਿ ਭਵਾਨੀਪੁਰ ਤੋਂ ਤਿੰਨ ਵਾਰ ਵਿਧਾਇਕ ਰਹੀ ਮਮਤਾ ਬੈਨਰਜੀ ਦਾ ਸਾਹਮਣਾ ਭਾਰਤੀ ਜਨਤਾ ਪਾਰਟੀ (ਭਾਜਪਾ) ਦੇ ਉਮੀਦਵਾਰ ਸੁਵੇਂਦੂ ਅਧਿਕਾਰੀ ਨਾਲ ਹੋਵੇਗਾ।

### ਨੌਜਵਾਨਾਂ ਨੂੰ ਸਬੂਤ ਤੋਂ ਬਿਨਾਂ ਗ੍ਰਿਫ਼ਤਾਰ

ਨਹੀਂ ਦੱਸੀ ਜਾਵੇਗੀ ਜਦੋਂ ਤੱਕ ਕਾਨੂੰਨੀ ਤੌਰ 'ਤੇ ਜ਼ਰੂਰੀ ਨਾ ਹੋਵੇ,' ਅਤੇ ਵਿਦਿਅਕ ਅਦਾਰਿਆਂ ਜਾਂ ਮਾਲਕਾਂ ਨੂੰ 'ਉਦੋਂ ਤੱਕ ਸੂਚਿਤ ਨਹੀਂ ਕੀਤਾ ਜਾਵੇਗਾ ਜਦੋਂ ਤੱਕ ਕਾਨੂੰਨ ਦੁਆਰਾ ਜਾਂ ਅਦਾਲਤ ਦੇ ਵਿਸ਼ੇਸ਼ ਨਿਰਦੇਸ਼ਾਂ ਤਹਿਤ ਲੋੜੀਂਦਾ ਨਾ ਹੋਵੇ।' ਇਹ ਸਰਕੂਲਰ ਉਨ੍ਹਾਂ ਦੇ ਡਿਜੀਟਲ ਅਤੇ ਅਕਾਦਮਿਕ ਜੀਵਨ ਦੀ ਸੁਰੱਖਿਆ ਲਈ ਅਹਿਮ ਹੈ ਕਿਉਂਕਿ ਇਸ ਵਿੱਚ ਕਿਹਾ ਗਿਆ ਹੈ ਕਿ 'ਨਿੱਜੀ ਇਲੈਕਟ੍ਰਾਨਿਕ ਉਪਕਰਨਾਂ ਦੀ ਜ਼ਬਤੀ ਕੇਵਲ ਲੋੜੀਂਦਾ ਡੇਟਾ ਕੱਢਣ ਤੱਕ ਹੀ ਸੀਮਤ ਹੋਵੇਗੀ,' ਅਤੇ ਇਹ ਨਿਰਦੇਸ਼ ਦਿੱਤਾ ਗਿਆ ਹੈ ਕਿ ਅਕਾਦਮਿਕ ਜਾਂ ਪੇਸ਼ੇਵਰ ਗਤੀਵਿਧੀਆਂ ਵਿੱਚ ਵਿਘਨ ਤੋਂ ਬਚਣ ਲਈ ਇਹ ਉਪਕਰਨ ਤੁਰੰਤ ਵਾਪਸ ਕੀਤੇ ਜਾਣ। ਇਸ ਵਿੱਚ ਇਸ ਗੱਲ 'ਤੇ ਵੀ ਜ਼ੋਰ ਦਿੱਤਾ ਗਿਆ ਹੈ ਕਿ ਅਕਾਦਮਿਕ ਨਿਰੰਤਰਤਾ ਨੂੰ ਬਰਕਰਾਰ ਰੱਖਿਆ ਜਾਣਾ ਚਾਹੀਦਾ ਹੈ ਅਤੇ ਜਾਂਚ ਅਧਿਕਾਰੀ (IO) ਨੂੰ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਪੜ੍ਹਾਈ ਵਿੱਚ ਬੇਲੋੜੀ ਰੁਕਾਵਟ ਨਾ ਆਵੇ। ਇਸ ਤੋਂ ਇਲਾਵਾ, ਪੁਲਿਸ ਸਟੇਸ਼ਨਾਂ ਵਿੱਚ ਪੇਸ਼ੀਆਂ ਵਾਜਬ ਅੰਤਰਾਲਾਂ 'ਤੇ ਤੈਅ ਕੀਤੀਆਂ ਜਾਣਗੀਆਂ, ਤਾਂ ਜੋ ਕਲਾਸਾਂ, ਪ੍ਰੀਖਿਆਵਾਂ ਅਤੇ ਸ਼ੁਰੂਆਤੀ ਕਰੀਅਰ 'ਤੇ ਪੈਣ ਵਾਲੇ ਪ੍ਰਭਾਵ ਨੂੰ ਧਿਆਨ ਵਿੱਚ ਰੱਖਿਆ ਜਾ ਸਕੇ। ਸਰਕੂਲਰ ਵਿੱਚ ਕਿਹਾ ਗਿਆ ਹੈ, ਅਜਿਹੇ ਵਿਅਕਤੀ ਵਿਰੁੱਧ ਲੱਗੇ ਦੋਸ਼ਾਂ ਦੀ ਪ੍ਰਕਿਰਤੀ ਅਤੇ ਗੰਭੀਰਤਾ ਦਾ ਪਤਾ ਲਗਾਉਣ ਲਈ ਹਿਰਾਸਤੀ ਪੁੱਛਗਿੱਛ ਦੀ ਲੋੜ ਹੁੰਦੀ ਹੈ। ਜੇ ਅਜਿਹਾ ਵਿਅਕਤੀ ਜਾਂਚ ਵਿੱਚ ਸਹਿਯੋਗ ਕਰਦਾ ਹੈ ਅਤੇ ਸਬੂਤ ਦਸਤਾਵੇਜ਼ੀ ਰੂਪ ਵਿੱਚ ਮੌਜੂਦ ਹਨ, ਤਾਂ ਹਿਰਾਸਤੀ ਪੁੱਛਗਿੱਛ ਬੇਲੋੜੀ ਸਮਝੀ ਜਾ ਸਕਦੀ ਹੈ। ਹਿਰਾਸਤੀ ਪੁੱਛਗਿੱਛ ਦੀ ਲੋੜ ਨੂੰ ਸਾਬਤ ਕਰਨ ਵਾਲੇ ਕਾਰਨ ਦਰਜ ਕੀਤੇ ਜਾਣੇ ਚਾਹੀਦੇ ਹਨ।

ਸਰਕੂਲਰ ਨਿਰਦੇਸ਼ ਦਿੰਦਾ ਹੈ ਕਿ ਜ਼ਬਰਦਸਤੀ ਕਾਰਵਾਈ ਕੇਵਲ ਰਿਕਾਰਡ 'ਤੇ ਉਪਲਬਧ ਸਪੱਸ਼ਟ ਅਤੇ ਨਿਰਪੱਖ ਸਬੂਤਾਂ ਦੇ ਆਧਾਰ 'ਤੇ ਅਤੇ 'ਅਰਨੇਸ਼ ਕੁਮਾਰ ਬਨਾਮ ਸਟੇਟ ਆਫ ਬਿਹਾਰ' ਦੇ ਕੇਸ ਵਿੱਚ ਤੈਅ ਕੀਤੇ ਗਏ ਸਿਧਾਂਤਾਂ ਦੇ ਅਨੁਸਾਰ ਹੀ ਕੀਤੀ ਜਾਣੀ ਚਾਹੀਦੀ ਹੈ। ਸੁਪਰੀਮ ਕੋਰਟ ਦਾ ਹਵਾਲਾ ਦਿੱਤਾ ਗਿਆ ਫੈਸਲਾ ਇਹ ਕਹਿੰਦਾ ਹੈ ਕਿ 'ਪੁਲਿਸ ਸਿਰਫ਼ ਇਸ ਲਈ ਗ੍ਰਿਫ਼ਤਾਰ ਨਹੀਂ ਕਰ ਸਕਦੀ ਕਿਉਂਕਿ ਕੋਈ ਅਪਰਾਧ ਸੰਗੀਨ ਹੈ।' ਇਹ ਇਹ ਵੀ ਲਾਜ਼ਮੀ ਕਰਦਾ ਹੈ ਕਿ ਜਾਂਚ ਅਧਿਕਾਰੀ ਨੂੰ ਕਿਸੇ ਵੀ ਗ੍ਰਿਫ਼ਤਾਰੀ ਦੀ ਲੋੜ ਦੇ ਕਾਰਨ ਦਰਜ ਕਰਕੇ ਉਸ ਨੂੰ ਸਹੀ ਠਹਿਰਾਉਣਾ ਚਾਹੀਦਾ ਹੈ ਅਤੇ ਕਾਨੂੰਨੀ ਨੋਟਿਸ ਪ੍ਰਕਿਰਿਆ ਦੀ ਵਰਤੋਂ ਨੂੰ ਉਤਸ਼ਾਹਿਤ ਕਰਨਾ ਚਾਹੀਦਾ ਹੈ। ਇਸ ਵਿੱਚ ਨੋਟ ਕੀਤਾ ਗਿਆ ਹੈ ਕਿ 'ਜੇ ਕੋਈ ਵਿਅਕਤੀ ਪੇਸ਼ ਹੋਣ ਦੇ ਨੋਟਿਸ ਦੀ ਪਾਲਣਾ ਕਰਦਾ ਹੈ, ਤਾਂ ਗ੍ਰਿਫ਼ਤਾਰੀ ਆਮ ਤੌਰ 'ਤੇ ਬੇਲੋੜੀ ਸਮਝੀ ਜਾਂਦੀ ਹੈ।' ਇਹ ਸਰਕੂਲਰ ਸਬੂਤਾਂ ਦੀ ਸਖ਼ਤੀ 'ਤੇ ਵੀ ਜ਼ੋਰ ਦਿੰਦਾ ਹੈ ਅਤੇ ਸਪੱਸ਼ਟ ਕਰਦਾ ਹੈ ਕਿ ਕਿਸੇ ਵੀ ਵਿਅਕਤੀ ਨੂੰ ਸਿਰਫ਼ ਸਹਿ-ਦੋਸ਼ੀ ਦੇ ਖੁਲਾਸੇ ਵਾਲੇ ਬਿਆਨ ਦੇ ਆਧਾਰ 'ਤੇ ਬਿਨਾਂ ਕਿਸੇ ਸੁਤੰਤਰ ਪੁਸ਼ਟੀ ਦੇ ਮੁਲਜ਼ਮ ਵਜੋਂ ਨਾਮਜ਼ਦ ਨਹੀਂ ਕੀਤਾ ਜਾਣਾ ਚਾਹੀਦਾ। ਇਸ ਵਿੱਚ ਕਿਹਾ ਗਿਆ ਹੈ ਕਿ 'ਕਿਸੇ ਵੀ ਪੁਸ਼ਟੀ ਕਰਨ ਵਾਲੇ ਸਬੂਤ ਦੀ ਅਣਹੋਂਦ ਵਿੱਚ ਅਜਿਹੇ ਬਿਆਨ ਇੱਕ ਕਮਜ਼ੋਰ ਕਿਸਮ ਦੇ ਸਬੂਤ ਹੁੰਦੇ ਹਨ।'

ਅਧਿਕਾਰੀਆਂ ਨੂੰ ਉਸ ਵਿਅਕਤੀ ਨੂੰ ਮੁੱਖ ਜਾਂ ਹੋਰ ਸਹਿ-ਦੋਸ਼ੀਆਂ ਨਾਲ ਜੋੜਨ ਵਾਲੇ ਭੌਤਿਕ ਸਬੂਤ ਇਕੱਠੇ ਕਰਨ ਦੀ ਕੋਸ਼ਿਸ਼ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ, ਜਿਸ ਵਿੱਚ ਮੋਬਾਈਲ ਜਾਂ ਵਟਸਐਪ ਸੰਚਾਰ, ਕਥਿਤ ਅਪਰਾਧ ਦੇ ਸਮੇਂ ਦੀ ਲੋਕੇਸ਼ਨ ਡੇਟਾ, ਜਾਂ ਕੋਈ ਹੋਰ ਪੁਸ਼ਟੀਕਰਨ ਸਮੱਗਰੀ ਸ਼ਾਮਲ ਹੈ। ਕਿਸੇ ਵੀ ਗ੍ਰਿਫ਼ਤਾਰੀ, ਤਲਾਸ਼ੀ ਜਾਂ ਜ਼ਬਤੀ ਤੋਂ ਪਹਿਲਾਂ ਅਪਰਾਧਿਕ ਪਿਛੋਕੜ ਦੀ ਅਣਹੋਂਦ ਦੀ ਪੁਸ਼ਟੀ ਅਤੇ ਦਸਤਾਵੇਜ਼ੀਕਰਨ ਕਰਨਾ ਵੀ ਲਾਜ਼ਮੀ ਬਣਾਇਆ ਗਿਆ ਹੈ।

ਨਿਰਪੱਖਤਾ ਅਤੇ ਜਵਾਬਦੇਹੀ ਯਕੀਨੀ ਬਣਾਉਣ ਲਈ ਅਜਿਹੇ ਸਾਰੇ ਮਾਮਲਿਆਂ ਦੀ ਫੀਲਡ ਯੂਨਿਟਾਂ ਦੇ ਮੁਖੀਆਂ ਦੁਆਰਾ ਸਮੇਂ-ਸਮੇਂ 'ਤੇ ਨਿਗਰਾਨੀ ਸਮੀਖਿਆ ਕੀਤੀ ਜਾਵੇਗੀ। ਸਰਕੂਲਰ ਸਪੱਸ਼ਟ ਕਰਦਾ ਹੈ ਕਿ ਜਿੱਥੇ ਸਮੀਖਿਆ ਤੋਂ ਬਾਅਦ ਸਬੂਤ ਨਾਕਾਫ਼ੀ ਰਹਿੰਦੇ ਹਨ, ਉੱਥੇ 'ਬਿਨਾਂ ਦੇਰੀ ਦੇ ਨਾਮ ਹਟਾਉਣ ਜਾਂ ਕੇਸ ਨੂੰ ਬੰਦ ਕਰਨ ਲਈ ਉਚਿਤ ਕਦਮ ਚੁੱਕੇ ਜਾਣੇ ਚਾਹੀਦੇ ਹਨ।' ਕੇਸ ਡਾਇਰੀਆਂ ਵਿੱਚ 'ਉਮਰ, ਪਿਛੋਕੜ ਅਤੇ ਪਿਛੋਕੜ ਦੀ ਅਣਹੋਂਦ 'ਤੇ ਉਚਿਤ ਵਿਚਾਰ' ਸਪੱਸ਼ਟ ਰੂਪ ਵਿੱਚ ਝਲਕਣਾ ਚਾਹੀਦਾ ਹੈ, ਅਤੇ ਕਿਸੇ ਵੀ ਕਥਿਤ ਅਸਹਿਯੋਗ ਨੂੰ ਜ਼ਬਰਦਸਤੀ ਕਾਰਵਾਈ ਕਰਨ ਤੋਂ ਪਹਿਲਾਂ ਦਸਤਾਵੇਜ਼ੀ ਰੂਪ ਵਿੱਚ ਦਰਜ ਕੀਤਾ ਜਾਣਾ ਚਾਹੀਦਾ ਹੈ। ਇਹ ਹਦਾਇਤਾਂ ਹਾਈ ਕੋਰਟ ਦੇ ਸਾਹਮਣੇ ਜਸਟਿਸ ਸੰਜੇ ਵਸ਼ਿਸ਼ਟ ਵੱਲੋਂ ਇਸ ਚਿੰਤਾ ਦੇ ਪ੍ਰਗਟਾਵੇ ਤੋਂ ਬਾਅਦ ਰੱਖੀਆਂ ਗਈਆਂ ਸਨ ਕਿ ਅਪਰਾਧਿਕ ਮਾਮਲਿਆਂ ਵਿੱਚ ਨੌਜਵਾਨ ਲੜਕਿਆਂ ਦੀ ਸ਼ਮੂਲੀਅਤ ਬੇਲੋੜੀ ਅਪਰਾਧਿਕ ਕਾਰਵਾਈ ਅਤੇ ਉਨ੍ਹਾਂ ਦੇ ਭਵਿੱਖ ਦੇ ਸੰਭਾਵੀ ਵਿਨਾਸ਼ ਵੱਲ ਲੈ ਜਾ ਰਹੀ ਹੈ। ਸਰਕੂਲਰ ਰੋਜ਼ਾਨਾ ਦੀ ਪੁਲੀਸਿੰਗ ਵਿੱਚ ਅਨੁਪਾਤਕਤਾ, ਮਾਣ-ਮਰਿਆਦਾ ਅਤੇ ਪ੍ਰਕਿਰਿਆਤਮਕ ਨਿਰਪੱਖਤਾ ਨੂੰ ਸ਼ਾਮਲ ਕਰਕੇ ਇਸ ਚਿੰਤਾ ਨੂੰ ਅਮਲੀ ਜਾਮਾ ਪਹਿਨਾਉਂਦਾ ਹੈ।

### ਈਰਾਨੀ ਵਫ਼ਦ ਵੱਲੋਂ ਸ਼੍ਰੋਮਣੀ ਕਮੇਟੀ ਪ੍ਰਧਾਨ

ਈਰਾਨ ਦੇ ਰਹਿਬਰ ਸੱਯਦੁਨਾ ਅਲ-ਕਾਇਦ ਹਜ਼ਰਤ ਆਇਤੁੱਲਾ ਅਲ-ਉਜ਼ਮਾ ਸੱਯਦ ਅਲੀ ਖ਼ਾਮੇਨੇਈ ਦੀ ਸ਼ਹਾਦਤ ਦੀ ਯਾਦ ਵਿੱਚ 40ਵੇਂ ਦਿਨ ਦਾ ਸਮਾਗਮ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਿੱਖ ਧਰਮ ਅਤੇ ਇਸਲਾਮ ਵਿੱਚ 'ਸ਼ਹਾਦਤ' ਦਾ ਸੰਕਲਪ ਬਹੁਤ ਡੂੰਘਾ ਹੈ; ਦੋਵੇਂ ਵਿਸ਼ਵਾਸ ਕਰਦੇ ਹਨ ਕਿ ਸ਼ਹੀਦ ਹਮੇਸ਼ਾ ਜ਼ਿੰਦਾ ਅਤੇ ਅਮਰ ਰਹਿੰਦਾ ਹੈ। ਉਨ੍ਹਾਂ ਪੰਜਾਬ ਵਿਧਾਨ ਸਭਾ ਵੱਲੋਂ ਇਰਾਨ ਦੇ ਹੱਕ ਵਿੱਚ ਪਾਸ ਕੀਤੇ ਮਤੇ ਦੀ ਵੀ ਸ਼ਲਾਘਾ ਕੀਤੀ ਅਤੇ ਭਾਰਤ-ਇਰਾਨ ਦੇ 5,000 ਸਾਲ ਪੁਰਾਣੇ ਸਬੰਧਾਂ ਦਾ ਜ਼ਿਕਰ ਕੀਤਾ।

ਮੀਡੀਆ ਨਾਲ ਗੱਲਬਾਤ ਕਰਦਿਆਂ ਡਾ. ਜ਼ਿਵਾਂਦ ਨੇ ਪੱਛਮੀ ਏਸ਼ੀਆ ਦੇ ਹਾਲਾਤ 'ਤੇ ਤਿੱਖੀ ਪ੍ਰਤੀਕਿਰਿਆ ਦਿੱਤੀ। ਉਨ੍ਹਾਂ ਕਿਹਾ ਕਿ ਮੌਜੂਦਾ ਜੰਗਬੰਦੀ ਸਿਰਫ਼ ਅਸਥਾਈ ਹੈ, ਜਦਕਿ ਇਰਾਨ 'ਸਥਾਈ ਸ਼ਾਂਤੀ' ਚਾਹੁੰਦਾ ਹੈ। ਉਨ੍ਹਾਂ ਦੋਸ਼ ਲਾਇਆ ਕਿ ਪਿਛਲੇ ਸਾਲਾਂ ਦੌਰਾਨ ਹੋਏ ਹਮਲਿਆਂ ਵਿੱਚ ਇਰਾਨ ਦੇ ਮਾਸੂਮ ਬੱਚਿਆਂ, ਸਕੂਲਾਂ ਅਤੇ ਹਸਪਤਾਲਾਂ ਨੂੰ ਨਿਸ਼ਾਨਾ ਬਣਾਇਆ ਗਿਆ ਹੈ।

ਡਾ. ਜ਼ਿਵਾਂਦ ਨੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਦਾਅਵਿਆਂ 'ਤੇ ਹਮਲਾ ਕਰਦਿਆਂ ਕਿਹਾ, ਜੋ ਵਿਅਕਤੀ ਦਿਨ ਵੇਲੇ ਇਰਾਨ ਨੂੰ ਨਕਸ਼ੇ ਤੋਂ ਮਿਟਾਉਣ ਦੀਆਂ ਗੱਲਾਂ ਕਰਦਾ ਹੈ, ਉਹ ਰਾਤ ਨੂੰ ਜੰਗ ਰੋਕਣ ਦੀਆਂ ਭੀਖਾਂ ਮੰਗਦਾ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਇਰਾਨ ਨੇ ਅਮਰੀਕਾ ਨੂੰ ਆਪਣੀਆਂ 10 ਸ਼ਰਤਾਂ ਮੰਨਣ ਲਈ 10 ਦਿਨਾਂ ਦੀ ਮੋਹਲਤ ਦਿੱਤੀ ਹੈ।

ਇਰਾਨੀ ਅਧਿਕਾਰੀ ਨੇ ਚਿਤਾਵਨੀ ਦਿੱਤੀ ਕਿ ਜੇਕਰ 10 ਦਿਨਾਂ ਅੰਦਰ ਇਰਾਨ ਦੀਆਂ ਸ਼ਰਤਾਂ ਨਾ ਮੰਨੀਆਂ ਗਈਆਂ ਅਤੇ ਨੁਕਸਾਨ ਦਾ ਹਰਜਾਨਾ ਨਾ ਦਿੱਤਾ ਗਿਆ, ਤਾਂ 11ਵੇਂ ਦਿਨ ਇਰਾਨ ਅਮਰੀਕਾ ਅਤੇ ਇਜ਼ਰਾਈਲ 'ਤੇ ਪਹਿਲਾਂ ਨਾਲੋਂ 100 ਗੁਣਾ ਵੱਧ ਮਿਜ਼ਾਈਲਾਂ ਨਾਲ ਹਮਲਾ ਕਰੇਗਾ। ਉਨ੍ਹਾਂ ਕਿਹਾ ਕਿ ਇਰਾਨ ਹੁਣ ਕਿਸੇ ਵੀ ਅਖੌਤੀ ਜੰਗਬੰਦੀ 'ਤੇ ਭਰੋਸਾ ਨਹੀਂ ਕਰੇਗਾ ਜਦੋਂ ਤੱਕ ਸੰਯੁਕਤ ਰਾਸ਼ਟਰ ਅਤੇ ਸੁਰੱਖਿਆ ਕੌਂਸਲ ਇਸ ਦੀ ਮਜ਼ਬੂਤ ਗਾਰੰਟੀ ਨਹੀਂ ਦਿੰਦੇ। ਇਸ ਮੌਕੇ ਉਨ੍ਹਾਂ ਵਿਸ਼ਵ ਭਾਈਚਾਰੇ ਨੂੰ ਅਪੀਲ ਕੀਤੀ ਕਿ ਉਹ ਖੇਤਰ ਵਿੱਚ ਅਸਲ ਸ਼ਾਂਤੀ ਸਥਾਪਿਤ ਕਰਨ ਲਈ ਅੱਗੇ ਆਉਣ।

ਚੜ੍ਹਦੀਕਲਾ
ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈੱਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'।
PRGI (RNI) Regd. No. 22972/1972

Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala.
Chief Editor : Jagjit Singh Dardi
PRGI (RNI) Regd. No. 22972/1972

# ਭਗਵੰਤ ਮਾਨ ਸਰਕਾਰ ਵੱਲੋਂ ਮੋਹਾਲੀ ਵਿੱਚ ਅਤਿ-ਆਧੁਨਿਕ ਬਹੁ-ਮੰਤਵੀ ਪ੍ਰਦਰਸ਼ਨੀ ਤੇ ਕਨਵੈਨਸ਼ਨ ਸੈਂਟਰ ਕੀਤਾ ਜਾਵੇਗਾ ਵਿਕਸਤ : ਸੰਜੀਵ ਅਰੋੜਾ

ਚੰਡੀਗੜ੍ਹ, 8 ਅਪ੍ਰੈਲ (ਅੰਮ੍ਰਿਤਪਾਲ ਸਿੰਘ): ਪੰਜਾਬ ਦੇ ਉਦਯੋਗ ਤੇ ਵਣਜ, ਨਿਵੇਸ਼ ਪ੍ਰੋਤਸਾਹਨ, ਸਥਾਨਕ ਸਰਕਾਰਾਂ ਤੇ ਬਿਜਲੀ ਮੰਤਰੀ ਸੰਜੀਵ ਅਰੋੜਾ ਨੇ ਮੋਹਾਲੀ ਵਿਖੇ ਪਲਕਸ਼ਾ ਯੂਨੀਵਰਸਿਟੀ ਅਤੇ ਸੈਕਟਰ 83 ਦੇ ਇਨਫੋਸਿਸ ਕੈਂਪਸ ਨੇੜੇ ਇੱਕ ਅਤਿ-ਆਧੁਨਿਕ ਬਹੁ-ਮੰਤਵੀ ਪ੍ਰਦਰਸ਼ਨੀ ਤੇ ਕਨਵੈਨਸ਼ਨ ਸੈਂਟਰ (ਈ.ਸੀ.ਸੀ.) ਵਿਕਸਿਤ ਕਰਨ ਦਾ ਐਲਾਨ ਕੀਤਾ, ਜੋ ਨਿਵੇਸ਼, ਬੁਨਿਆਦੀ ਢਾਂਚੇ ਤੇ ਵਿਸ਼ਵਵਿਆਪੀ ਵਪਾਰਕ ਮੌਕਿਆਂ ਦੇ ਕੇਂਦਰ ਵਜੋਂ ਤੇਜ਼ੀ ਨਾਲ ਉਭਰ ਰਹੇ ਪੰਜਾਬ ਦਾ ਪ੍ਰਤੱਖ ਪ੍ਰਮਾਣ ਹੈ। ਸੰਜੀਵ ਅਰੋੜਾ ਨੇ ਕਿਹਾ, "ਅਰਵਿੰਦ ਕੇਜਰੀਵਾਲ, ਕੌਮੀ ਕਨਵੀਨਰ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦੂਰਅੰਦੇਸ਼ ਅਗਵਾਈ ਹੇਠ ਕੀਤੀ ਜਾ ਰਹੀ ਇਹ ਇਤਿਹਾਸਕ ਪਹਿਲਕਦਮੀ ਪੰਜਾਬ ਨੂੰ ਨਿਵੇਸ਼ਾਂ ਤੇ ਆਲਮੀ ਸਮਾਗਮਾਂ ਲਈ ਪਸੰਦੀਦਾ ਸਥਾਨ ਵਜੋਂ ਸਥਾਪਿਤ ਕਰਨ ਪ੍ਰਤੀ ਪੰਜਾਬ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ।" ਪ੍ਰਾਜੈਕਟ ਸਬੰਧੀ ਹੋਰ ਜਾਣਕਾਰੀ ਸਾਂਝੀ ਕਰਦਿਆਂ ਉਨ੍ਹਾਂ ਦੱਸਿਆ ਕਿ ਕਨਵੈਨਸ਼ਨ ਸੈਂਟਰ ਮੋਹਾਲੀ ਆਈਟੀ ਸਿਟੀ ਦੇ ਬਿਲਕੁਲ ਵਿਚੋ-ਵਿੱਚ ਲਗਭਗ 14 ਏਕੜ 'ਚ ਫੈਲਿਆ ਜਨਤਕ-ਨਿੱਜੀ ਭਾਈਵਾਲੀ ਮਾਡਲ ਤਹਿਤ ਵਿਕਸਤ ਕੀਤਾ ਜਾਵੇਗਾ ਲਗਭਗ 250 ਕਰੋੜ ਰੁਪਏ ਦੀ ਅਨੁਮਾਨਿਤ ਲਾਗਤ ਵਾਲਾ ਇਹ ਪ੍ਰਾਜੈਕਟ ਐਗਜ਼ੀਕਨ ਈਵੈਂਟਸ ਮੀਡੀਆ ਸਲਿਊਸ਼ਨਜ਼ ਲਿਮਟਿਡ ਵੱਲੋਂ ਵਿਕਸਿਤ ਕੀਤਾ ਜਾਵੇਗਾ। ਉਨ੍ਹਾਂ ਅੱਗੇ ਕਿਹਾ ਕਿ ਪ੍ਰਾਜੈਕਟ ਲਈ ਰਿਆਇਤ ਦੀ ਮਿਆਦ 15 ਸਾਲ ਹੋਵੇਗੀ। ਮੰਤਰੀ ਨੇ ਕਿਹਾ, "ਇਸ ਪ੍ਰਾਜੈਕਟ ਤਹਿਤ ਵੱਡੇ ਪੱਧਰ 'ਤੇ ਕੌਮੀ ਤੇ ਕੌਮਾਂਤਰੀ ਸਮਾਗਮਾਂ ਦੀ ਮੇਜ਼ਬਾਨੀ ਕਰਨ ਲਈ ਇੱਕ ਅਤਿ-ਆਧੁਨਿਕ ਕਨਵੈਨਸ਼ਨ ਸੈਂਟਰ ਬਣਾਇਆ ਜਾਵੇਗਾ, ਜੋ ਵਿਸ਼ਵ ਪੱਧਰੀ ਬੁਨਿਆਦੀ ਢਾਂਚਾ ਤੇ ਸਹੂਲਤਾਂ ਨਾਲ ਲੈਸ ਹੋਵੇਗਾ।" ਉਨ੍ਹਾਂ ਅੱਗੇ ਦੱਸਿਆ ਕਿ



ਇਹ ਪ੍ਰਾਜੈਕਟ ਦੋ ਪੜਾਵਾਂ 'ਚ ਪੂਰਾ ਕੀਤਾ ਜਾਵੇਗਾ। ਪਹਿਲਾ ਪੜਾਅ 31 ਦਸੰਬਰ '26 ਤੱਕ ਤੇ ਦੂਜਾ ਪੜਾਅ 31 ਦਸੰਬਰ '27 ਤੱਕ ਪੂਰਾ ਕਰਨ ਦਾ ਟੀਚਾ ਹੈ। ਬੁਨਿਆਦੀ ਢਾਂਚੇ ਬਾਰੇ ਦੱਸਦਿਆਂ ਮੰਤਰੀ ਨੇ ਕਿਹਾ ਕਿ ਈ.ਸੀ.ਸੀ. 'ਚ ਲਾਰਜ-ਸਪੈਨ ਕਾਲਮ-ਫ੍ਰੀ ਪ੍ਰਦਰਸ਼ਨੀ ਹਾਲ ਹੋਣਗੇ, ਜਿਸ 'ਚ ਲਗਭਗ 40,000 ਵਰਗ ਫੁੱਟ ਤੇ 15,000 ਵਰਗ ਫੁੱਟ ਦੇ ਦੋ ਵੱਡੇ ਹਾਲ ਸਮੇਤ ਲਗਭਗ 15,000 ਵਰਗ ਫੁੱਟ ਵਿੱਚ ਫੈਲੇ ਰਿਟੇਲ, ਫੂਡ ਅਤੇ ਬੈਵਰਿਜ ਜ਼ੋਨ ਤੇ ਲਗਭਗ 1000 ਵਾਹਨਾਂ ਲਈ ਪਾਰਕਿੰਗ ਬੁਨਿਆਦੀ ਢਾਂਚਾ ਵੀ ਸ਼ਾਮਲ ਹੋਵੇਗਾ। ਉਨ੍ਹਾਂ ਅੱਗੇ ਕਿਹਾ ਕਿ ਇਸ ਸਹੂਲਤ ਵਿੱਚ ਵਿਸ਼ਵ ਪੱਧਰੀ ਲੈਂਡਸਕੇਪਡ ਜਨਤਕ ਥਾਵਾਂ ਤੇ ਸਮਾਗਮ ਕਰਨ ਲਈ ਖੁੱਲ੍ਹੇ ਜਨਤਕ ਖੇਤਰ ਵੀ ਸ਼ਾਮਲ ਹੋਣਗੇ। ਮੰਤਰੀ ਸੰਜੀਵ ਅਰੋੜਾ ਨੇ ਕਿਹਾ, "ਈ.ਸੀ.ਸੀ. ਇੱਕ ਲਚਕਦਾਰ, ਬਹੁ-ਕਾਰਜਸ਼ੀਲ ਸਥਾਨ ਵਜੋਂ ਕੰਮ ਕਰੇਗਾ, ਜੋ 5,000 ਤੋਂ 10,000 ਡੈਲੀਗੇਟਾਂ ਦੇ ਨਾਲ ਕਾਨਫਰੰਸਾਂ ਤੇ ਸੰਮੇਲਨਾਂ ਦੀ ਮੇਜ਼ਬਾਨੀ ਕਰਨ, 2,000 ਲੋਕਾਂ ਦੀ ਸਹੂਲਤ ਲਈ ਲਗਭਗ 20,000 ਵਰਗ ਫੁੱਟ ਦੇ ਮਿਲਣ "ਗਿਲਣ ਵਾਲੇ ਖੇਤਰਾਂ, 200 ਤੋਂ 500 ਬੂਥਾਂ ਵਾਲੇ ਵਪਾਰਕ ਮੇਲੇ ਤੇ ਪ੍ਰਦਰਸ਼ਨੀਆਂ, 1000 ਤੋਂ 10000 ਸਰੋਤਿਆਂ ਵਾਲੇ ਕਾਰਪੋਰੇਟ ਸਮਾਗਮ, 1000 ਤੋਂ 10000 ਲੋਕਾਂ ਲਈ ਸੱਭਿਆਚਾਰਕ ਤੇ ਰੰਗਾਰੰਗ ਪ੍ਰੋਗਰਾਮ ਤੇ 15000 ਲੋਕਾਂ ਤੱਕ ਸਮਾਜਿਕ ਸਮਾਗਮਾਂ ਦੀ ਮੇਜ਼ਬਾਨੀ ਕਰਨ ਦੇ ਸਮਰੱਥ ਹੈ।" ਆਧੁਨਿਕ ਡਿਜ਼ਾਈਨ ਤੇ ਸਥਿਰਤਾ 'ਤੇ ਜ਼ੋਰ ਦਿੰਦਿਆਂ ਉਨ੍ਹਾਂ ਕਿਹਾ ਕਿ ਇਸ ਸਹੂਲਤ ਤਹਿਤ ਉੱਨਤ ਕਾਲਮ-ਫ੍ਰੀ ਢਾਂਚਾਗਤ ਪ੍ਰਣਾਲੀਆਂ, ਕੁਸ਼ਲ ਟ੍ਰੈਫਿਕ ਸਰਕੂਲੇਸ਼ਨ ਤੇ ਲਾਜਿਸਟਿਕਸ ਯੋਜਨਾਬੰਦੀ, ਆਧੁਨਿਕ ਐਮ.ਈ.ਪੀ., ਏ.ਵੀ. ਤੇ ਆਈਟੀ ਪ੍ਰਣਾਲੀਆਂ ਦਾ ਏਕੀਕਰਨ, ਐਨਬੀਸੀ ਦੀ ਪਾਲਣਾ, ਅੱਗ ਸੁਰੱਖਿਆ ਤੇ ਪਹੁੰਚਯੋਗਤਾ ਮਿਆਰਾਂ ਤੇ ਗ੍ਰਿਹਾ 5-ਸਟਾਰ ਟਿਕਾਊ ਡਿਜ਼ਾਈਨ ਸਿਧਾਂਤਾਂ ਨੂੰ ਅਪਣਾਉਣਾ ਸ਼ਾਮਲ ਹੋਵੇਗਾ।

ਮੰਤਰੀ ਸੰਜੀਵ ਅਰੋੜਾ ਨੇ ਕਿਹਾ, "ਇਹ ਕਨਵੈਨਸ਼ਨ ਤੇ ਪ੍ਰਦਰਸ਼ਨੀ ਕੇਂਦਰ ਪੰਜਾਬ ਲਈ ਇੱਕ ਨੁਹਾਰ-ਬਦਲੂ ਪ੍ਰਾਜੈਕਟ ਹੋਵੇਗਾ। ਇਹ ਗਲੋਬਲ ਪ੍ਰੋਗਰਾਮਾਂ ਦੀ ਮੇਜ਼ਬਾਨੀ ਕਰਨ, ਨਿਵੇਸ਼ਾਂ ਨੂੰ ਆਕਰਸ਼ਿਤ ਕਰਨ ਅਤੇ ਵੱਡੇ ਪੱਧਰ 'ਤੇ ਰੁਜ਼ਗਾਰ ਪੈਦਾ ਕਰਨ ਦੀ ਸਾਡੀ ਸਮਰੱਥਾ ਨੂੰ ਪ੍ਰਭਾਵੀ ਢੰਗ ਨਾਲ ਵਾਧਾ ਕਰੇਗਾ। ਮੋਹਾਲੀ ਇੱਕ ਆਧੁਨਿਕ ਸ਼ਹਿਰੀ ਅਤੇ ਤਕਨਾਲੋਜੀ ਹੱਬ ਵਜੋਂ ਤੇਜ਼ੀ ਨਾਲ ਉੱਭਰ ਰਿਹਾ ਹੈ ਅਤੇ ਅਜਿਹਾ ਵਿਸ਼ਵ ਪੱਧਰੀ ਬੁਨਿਆਦੀ ਢਾਂਚਾ ਇਸਦੇ ਵਿਕਾਸ ਦੀ ਰਫ਼ਤਾਰ ਵਿੱਚ ਨੂੰ ਹੋਰ ਤੇਜ਼ੀ ਲਿਆਵੇਗਾ।" ਆਰਥਿਕ ਪ੍ਰਭਾਵਾਂ ਨੂੰ ਉਜਾਗਰ ਕਰਦਿਆਂ ਉਨ੍ਹਾਂ ਕਿਹਾ ਕਿ ਇਸ ਪ੍ਰਾਜੈਕਟ ਦੇ ਪਹਿਲੇ ਪੰਜ ਸਾਲਾਂ ਵਿੱਚ 15000 ਤੋਂ 25000 ਦੇ ਵਿਚਕਾਰ ਰੁਜ਼ਗਾਰ ਦੇ ਮੌਕੇ ਪੈਦਾ ਹੋਣ ਦੀ ਉਮੀਦ ਹੈ ਤੇ ਸੈਰ-ਸਪਾਟਾ, ਪਰਾਹੁਣਚਾਰੀ ਤੇ ਸਹਾਇਕ ਖੇਤਰਾਂ ਨੂੰ ਹੁਲਾਰਾ ਦਿੰਦੇ ਹੋਏ, ਇੱਕ ਮੋਹਰੀ ਮਾਈਸ ਡੈਸਟੀਨੇਸ਼ਨ ਵਜੋਂ ਪੰਜਾਬ ਦੀ ਸਥਿਤੀ ਨੂੰ ਮਜ਼ਬੂਤ ਕਰੇਗਾ। ਮੰਤਰੀ ਸੰਜੀਵ ਅਰੋੜਾ ਨੇ ਅੱਗੇ ਕਿਹਾ, "ਇਹ ਪ੍ਰਾਜੈਕਟ ਮੋਹਾਲੀ ਨੂੰ 21ਵੀਂ ਸਦੀ ਦੇ ਆਈਟੀ ਤੇ ਸੇਵਾਵਾਂ ਦੇ ਹੱਬ ਵਜੋਂ ਵਿਕਸਤ ਕਰਨ, ਕਾਰੋਬਾਰ ਕਰਨ ਵਿੱਚ ਆਸਾਨੀ ਵਧਾਉਣ, ਨਿਵੇਸ਼ਕ ਈਕੋਸਿਸਟਮ ਨੂੰ ਮਜ਼ਬੂਤ ਕਰਨ ਤੇ ਵਿਸ਼ਵ ਪੱਧਰੀ ਸਹਿਯੋਗ ਤੇ ਸਮਾਗਮਾਂ ਨੂੰ ਸਮਰਥਨ ਦੇਣ ਲਈ ਵਿਸ਼ਵ ਪੱਧਰੀ ਬੁਨਿਆਦੀ ਢਾਂਚਾ ਬਣਾਉਣ ਦੇ ਪੰਜਾਬ ਸਰਕਾਰ ਦੇ ਵਿਆਪਕ ਦ੍ਰਿਸ਼ਟੀਕੋਣ ਨਾਲ ਮੇਲ ਖਾਂਦਾ ਹੈ।" ਪ੍ਰੈਸ ਕਾਨਫਰੰਸ ਦੌਰਾਨ ਐਗਜ਼ੀਕਨ ਗਰੁੱਪ ਦੇ ਚੇਅਰਮੈਨ ਐਮ. ਕਿਊ. ਸਈਦ, ਪੁੱਡਾ ਦੇ ਏ.ਸੀ.ਏ. ਵਿਕਾਸ ਹੀਰਾ, ਪ੍ਰਾਜੈਕਟ ਦੇ ਆਰਕੀਟੈਕਟ ਸੰਜੇ ਸੂਰਿਯਾ ਤੇ ਰਾਹੁਲ ਸ਼ਾਹ, ਡਾਇਰੈਕਟਰ ਮੌਜੂਦ ਸਨ।

# ਬਰਿੰਦਰ ਕੁਮਾਰ ਗੋਇਲ ਵੱਲੋਂ ਪੀ.ਏ.ਯੂ. ਲੁਧਿਆਣਾ ਵਿਖੇ ਉੱਤਰੀ ਭਾਰਤ ਦੇ ਪਹਿਲੇ ਕੇਂਦਰੀ ਧਰੁਵੀ ਸਿੰਚਾਈ ਪ੍ਰਣਾਲੀ ਦਾ ਉਦਘਾਟਨ

ਚੰਡੀਗੜ੍ਹ/ਲੁਧਿਆਣਾ, 8 ਅਪ੍ਰੈਲ (ਚ.ਨ.ਸ.): ਪੰਜਾਬ ਦੇ ਭੂਮੀ ਤੇ ਜਲ ਸੰਭਾਲ, ਖਾਣਾਂ ਤੇ ਭੂ-ਵਿਗਿਆਨ ਤੇ ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ (ਪੀ.ਏ.ਯੂ), ਲੁਧਿਆਣਾ ਵਿਖੇ ਸੂਬੇ ਦੇ ਪਹਿਲੇ ਕੇਂਦਰੀ ਧਰੁਵੀ ਸਿੰਚਾਈ ਪ੍ਰਣਾਲੀ ਦਾ ਉਦਘਾਟਨ ਕੀਤਾ। ਇਹ ਉੱਤਰੀ ਭਾਰਤ 'ਚ ਆਧੁਨਿਕ, ਸਵੈਚਾਲਿਤ ਸਿੰਚਾਈ ਤਕਨਾਲੋਜੀ ਦਾ ਸਥਾਪਤ ਕੀਤਾ ਗਿਆ ਪਹਿਲਾ ਪ੍ਰਾਜੈਕਟ ਹੈ। ਇਸ ਮੌਕੇ ਪੀ.ਏ.ਯੂ ਦੇ ਵਾਈਸ ਚਾਂਸਲਰ ਡਾ. ਸਤਬੀਰ ਸਿੰਘ ਗੋਸਲ, ਡੀ.ਜੀ.ਐਮ ਨਾਬਾਰਡ ਅਮਿਤ ਗਰਗ ਤੇ ਹੋਰ ਮੌਜੂਦ ਸਨ। ਪ੍ਰਗਤੀਸ਼ੀਲ ਕਿਸਾਨ, ਵਿਗਿਆਨੀ, ਫੈਕਲਟੀ ਮੈਂਬਰ ਤੇ ਮਿੱਟੀ ਤੇ ਜਲ ਸੰਭਾਲ, ਖੇਤੀਬਾੜੀ, ਬਾਗਬਾਨੀ ਤੇ ਹੋਰ ਸਹਿਯੋਗੀ ਵਿਭਾਗਾਂ ਦੇ ਸੀਨੀਅਰ ਅਧਿਕਾਰੀ ਵੀ ਉਦਘਾਟਨ ਸਮਾਰੋਹ ਵਿੱਚ ਸ਼ਾਮਲ ਹੋਏ। ਇਸ ਮੌਕੇ ਬੋਲਦਿਆਂ, ਕੈਬਨਿਟ ਮੰਤਰੀ ਗੋਇਲ ਨੇ ਵਿਗਿਆਨੀਆਂ, ਅਧਿਕਾਰੀਆਂ ਤੇ ਵਿਦਿਆਰਥੀਆਂ ਨੂੰ ਆਰਟੀਫੀਸ਼ੀਅਲ ਇੰਟੈਲੀਜੈਂਸ (ਏ.ਆਈ) ਦੇ ਉੱਭਰ ਰਹੇ ਯੁੱਗ ਵਿੱਚ ਨਵੀਨਤਾ 'ਤੇ ਧਿਆਨ ਕੇਂਦਰਿਤ ਕਰਨ ਤੇ ਅਤਿ-ਆਧੁਨਿਕ ਖੇਤੀ ਤਕਨਾਲੋਜੀਆਂ ਨੂੰ ਅਪਣਾਉਣ ਦੀ ਅਪੀਲ ਕੀਤੀ। ਉਨ੍ਹਾਂ ਨੇ ਪੰਜਾਬ ਵਿੱਚ ਭੂਮੀਗਤ ਪਾਣੀ ਦੀ ਨਾਜ਼ੁਕ ਸਥਿਤੀ ਨੂੰ ਉਜਾਗਰ ਕਰਦਿਆਂ ਪਾਣੀ ਦੀ ਸੰਭਾਲ ਲਈ ਆਧੁਨਿਕ ਸਿੰਚਾਈ ਤਰੀਕਿਆਂ ਨੂੰ ਉਤਸ਼ਾਹਿਤ ਕਰਨ ਦੀ ਤੁਰੰਤ ਲੋੜ 'ਤੇ ਜ਼ੋਰ ਦਿੱਤਾ।

ਬਰਿੰਦਰ ਗੋਇਲ ਨੇ ਪੰਜਾਬ ਸਰਕਾਰ ਦੀ ਭੂਮੀਗਤ ਪਾਣੀ ਦੀ ਸੰਭਾਲ ਪ੍ਰਤੀ ਦ੍ਰਿੜ ਵਚਨਬੱਧਤਾ ਨੂੰ ਦੁਹਰਾਉਂਦਿਆਂ ਖੇਤੀਬਾੜੀ ਵਿੱਚ ਸਤਹੀ ਪਾਣੀ ਦੀ ਵਰਤੋਂ ਵਧਾਉਣ ਵਿੱਚ ਕੀਤੀਆਂ ਗਈਆਂ ਮਹੱਤਵਪੂਰਨ ਪ੍ਰਗਤੀਆਂ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਪੰਜਾਬ ਵਿੱਚ ਉੱਨਤ ਕੇਂਦਰੀ ਧਰੁਵੀ ਸਿੰਚਾਈ ਪ੍ਰਣਾਲੀ ਨੂੰ ਪੇਸ਼ ਕਰਨ ਲਈ ਮਿੱਟੀ ਤੇ ਜਲ ਸੰਭਾਲ ਵਿਭਾਗ ਦੀ ਸ਼ਲਾਘਾ ਕੀਤੀ ਤੇ ਪੀ.ਏ.ਯੂ ਵਿਖੇ ਇਸ ਮੋਹਰੀ ਪ੍ਰਦਰਸ਼ਨੀ ਪ੍ਰੋਜੈਕਟ ਨੂੰ ਫੰਡ ਦੇਣ ਲਈ ਨਾਬਾਰਡ ਦਾ ਧੰਨਵਾਦ ਕੀਤਾ। ਤਕਨਾਲੋਜੀ ਦਾ ਵਰਣਨ ਕਰਦੇ ਹੋਏ ਮੰਤਰੀ ਨੇ ਕਿਹਾ ਕਿ ਕੇਂਦਰੀ ਧਰੁਵੀ ਸਿੰਚਾਈ ਪ੍ਰਣਾਲੀ ਇੱਕ ਵਾਰ, ਪੂਰੀ ਤਰ੍ਹਾਂ ਸਵੈਚਾਲਿਤ ਸਿੰਚਾਈ ਹੱਲ ਪੇਸ਼ ਕਰਦੀ ਹੈ, ਖਾਸ ਤੌਰ 'ਤੇ ਮਜ਼ਦੂਰਾਂ ਦੀ ਘਾਟ ਦਾ ਸਾਹਮਣਾ ਕਰ ਰਹੇ ਪੰਜਾਬ ਦੇ ਖੇਤਾਂ ਲਈ ਲਾਭਦਾਇਕ ਹੈ। ਇਸ ਪ੍ਰਣਾਲੀ ਨੂੰ ਕਿਸੇ ਵੀ ਦਸਤੀ ਦਖਲ ਦੀ ਲੋੜ ਨਹੀਂ ਹੈ ਤੇ 3 ਏਕੜ ਦੇ ਖੇਤ ਲਈ ਸ਼ੁੱਧਤਾ ਸਿੰਚਾਈ ਸਿਰਫ਼ ਲੋੜੀਂਦੇ ਡਾਟਾ ਨੂੰ ਦਰਜ ਕਰਕੇ ਪ੍ਰਾਪਤ ਕੀਤੀ ਜਾ ਸਕਦੀ ਹੈ, ਜਿਸ ਨਾਲ ਪੂਰਾ ਕਾਰਜ ਇੱਕ ਚੱਕਰ ਵਿੱਚ ਪੂਰਾ ਹੋ ਸਕਦਾ ਹੈ। ਉਨ੍ਹਾਂ ਨੇ ਪੰਜਾਬ ਦੇ ਖੇਤੀਬਾੜੀ ਤੇ ਪੇਂਡੂ ਬੁਨਿਆਦੀ ਢਾਂਚੇ ਦੇ ਖੇਤਰਾਂ ਵਿੱਚ ਨਾਬਾਰਡ ਦੁਆਰਾ ਲਾਗੂ ਕੀਤੀਆਂ ਜਾ ਰਹੀਆਂ ਵੱਖ-ਵੱਖ ਯੋਜਨਾਵਾਂ ਅਤੇ ਪ੍ਰੋਗਰਾਮਾਂ 'ਤੇ ਚਾਨਣਾ ਪਾਇਆ। ਉਨ੍ਹਾਂ ਨੇ ਇਸ ਤਰ੍ਹਾਂ ਦੀਆਂ ਨਵੀਨਤਾਕਾਰੀ ਅਤੇ ਮਾਰਗ-ਤੋੜਨ ਵਾਲੀਆਂ ਪਹਿਲਕਦਮੀਆਂ ਲਈ ਪੂਰਾ ਸਮਰਥਨ ਦੇਣ ਦਾ ਭਰੋਸਾ ਦਿੱਤਾ, ਨਾਲ ਹੀ ਚੱਲ ਰਹੇ ਅਤੇ ਆਉਣ ਵਾਲੇ ਪ੍ਰੋਜੈਕਟਾਂ ਲਈ ਨਿਰੰਤਰ ਸਹਾਇਤਾ ਵੀ ਦਿੱਤੀ।



ਪੀ.ਏ.ਯੂ ਵਿਖੇ ਸਥਾਪਿਤ ਵਿਸ਼ਵ ਪੱਧਰੀ ਸਿੰਚਾਈ ਸਹੂਲਤ ਦੀ ਸ਼ਲਾਘਾ ਕਰਦੇ ਹੋਏ ਉਨ੍ਹਾਂ ਕਿਹਾ ਕਿ ਇਹ ਕਿਸਾਨ ਭਾਈਚਾਰੇ ਲਈ ਸ਼ੁੱਧਤਾ ਤੇ ਸਵੈਚਾਲਿਤ ਸਿੰਚਾਈ ਦੇ ਇੱਕ ਸ਼ਾਨਦਾਰ ਪ੍ਰਦਰਸ਼ਨ ਮਾਡਲ ਵਜੋਂ ਕੰਮ ਕਰੇਗਾ।

ਮੁੱਖ ਭੂਮੀ ਸੰਭਾਲ ਮਹਿੰਦਰ ਸਿੰਘ ਸੈਣੀ ਨੇ ਨਾਬਾਰਡ-ਸਹਾਇਤਾ ਪ੍ਰਾਪਤ ਪ੍ਰੋਜੈਕਟ ਦੇ ਤਕਨੀਕੀ ਵੇਰਵੇ ਪ੍ਰਦਾਨ ਕੀਤੇ। ਉਨ੍ਹਾਂ ਦੱਸਿਆ ਕਿ ਉਲਟਾ ਛਿੜਕਾਅ ਪ੍ਰਣਾਲੀਆਂ 60 ਮੀਟਰ-ਲੰਬੇ ਆਰਮ 'ਤੇ ਲਗਾਈਆਂ ਗਈਆਂ ਹਨ ਜੋ ਇੱਕ ਕੇਂਦਰੀ ਧਰੁਵੀ ਬਿੰਦੂ ਦੇ ਦੁਆਲੇ ਘੁੰਮਦੀਆਂ ਹਨ, ਬਿਨਾਂ ਕਿਸੇ ਹੱਥੀਂ ਮਿਹਨਤ ਦੇ 3-ਏਕੜ ਦੇ ਗੋਲਾਕਾਰ ਖੇਤਰ ਨੂੰ ਸਿੰਚਾਈ ਕਰਦੀਆਂ ਹਨ। ਉਨ੍ਹਾਂ ਅੱਗੇ ਕਿਹਾ ਕਿ ਇਹ ਪ੍ਰਣਾਲੀ ਪਾਣੀ ਦੀ ਵਰਤੋਂ ਕੁਸ਼ਲਤਾ ਵਿੱਚ ਮਹੱਤਵਪੂਰਨ ਸੁਧਾਰ ਕਰਦੀ ਹੈ, ਫਸਲਾਂ ਦੀ ਪੈਦਾਵਾਰ ਨੂੰ ਵਧਾਉਂਦੀ ਹੈ ਅਤੇ ਰਾਜ ਭਰ ਵਿੱਚ ਆਧੁਨਿਕ ਸਿੰਚਾਈ ਅਭਿਆਸਾਂ ਲਈ ਇੱਕ ਮਾਡਲ ਵਜੋਂ ਕੰਮ ਕਰੇਗੀ।

# ਸੰਧਵਾਂ ਨੇ 'ਮੇਰਾ ਘਰ ਮੇਰੇ ਨਾਮ' ਸਕੀਮ ਤਹਿਤ ਸੌਂਪੇ ਮਾਲਕੀ ਸਰਟੀਫ਼ੀਕੇਟ

ਚੰਡੀਗੜ੍ਹ, 8 ਅਪ੍ਰੈਲ (ਚ.ਨ.ਸ.): ਜ਼ਿਲ੍ਹਾ ਫ਼ਰੀਦਕੋਟ ਦੇ ਕੋਟਕਪੂਰਾ 'ਚ ਪੈਂਦੇ ਪਿੰਡ ਫਿੱਡੇ ਕਲਾਂ ਵਿਖੇ ਕਰਵਾਏ ਸਮਾਗਮ ਦੌਰਾਨ ਪੰਜਾਬ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ "ਮੇਰਾ ਘਰ ਮੇਰੇ ਨਾਮ" ਸਕੀਮ ਤਹਿਤ 170 ਤੋਂ ਵੱਧ ਲਾਭਪਾਤਰੀਆਂ ਨੂੰ ਉਨ੍ਹਾਂ ਦੇ ਘਰਾਂ ਦੇ ਮਾਲਕੀ ਸਰਟੀਫੀਕੇਟ ਸੌਂਪੇ। ਇਹ ਸਕੀਮ ਪੰਜਾਬ ਸਰਕਾਰ ਵੱਲੋਂ ਪੰਜਾਬ ਦੇ ਲੋਕਾਂ ਨੂੰ ਜਾਇਦਾਦ ਮਾਲਕੀ ਅਧਿਕਾਰ ਪ੍ਰਦਾਨ ਕਰਨ ਦੇ ਮੱਦੇਨਜ਼ਰ ਚਲਾਈ ਜਾ ਰਹੀ ਹੈ।

ਹੁਣ ਤੋਂ ਪਹਿਲੋਂ, ਇਲਾਕੇ ਦੇ ਬਹੁਤੇ ਲੋਕ ਆਪਣੇ ਘਰਾਂ ਵਿੱਚ ਰਹਿਣ ਦੇ ਬਾਵਜੂਦ ਕਾਨੂੰਨੀ ਦਸਤਾਵੇਜ਼ਾਂ ਜਾਂ ਮਾਲਕੀ ਅਧਿਕਾਰਾਂ ਤੋਂ ਵਾਂਝੇ ਸਨ। ਜਿਸ ਕਾਰਨ ਉਨ੍ਹਾਂ ਨੂੰ ਬੈਂਕ ਕਰਜ਼ਾ ਲੈਣ ਜਾਂ ਘਰ ਦੀ ਖ਼ਰੀਦ-ਫ਼ਰੋਖ਼ਤ ਕਰਨ ਸਮੇਂ ਕਈ ਕਿਸਮ ਦੀਆਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ। ਇਸ ਸਕੀਮ ਰਾਹੀਂ ਗਰੀਬ ਅਤੇ ਮੱਧ ਵਰਗੀ ਪਰਿਵਾਰਾਂ ਨੂੰ ਨਾ ਸਿਰਫ਼ ਆਪਣੇ ਘਰਾਂ ਦੇ ਮੁਕੰਮਲ ਕਾਨੂੰਨੀ ਅਧਿਕਾਰ ਮਿਲਣਗੇ ਸਗੋਂ ਉਨ੍ਹਾਂ ਦੇ ਜੀਵਨ ਵਿੱਚ ਸੁਰੱਖਿਆ ਅਤੇ ਸਥਿਰਤਾ ਵੀ ਆਵੇਗੀ। ਕੋਟਕਪੂਰਾ ਦੇ ਵਸਨੀਕਾਂ ਨੇ ਪੰਜਾਬ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਨੇ ਅੱਜ ਸਾਡਾ ਅਧੂਰਾ ਸੁਪਨਾ ਪੂਰਾ ਕੀਤਾ ਹੈ। ਸਪੀਕਰ ਨੇ ਕਿਹਾ ਕਿ ਅਸੀਂ ਪੰਜਾਬ ਦੇ ਲੋਕਾਂ ਦੀ ਮਦਦ ਕਰਨ ਵਿੱਚ ਕੋਈ ਕਸਰ ਬਾਕੀ ਨਹੀਂ ਛੱਡਾਂਗੇ ਤਾਂ ਜੋ ਉਹ ਆਪਣੀ ਜ਼ਿੰਦਗੀ ਬੜੇ ਮਾਣ -ਸਤਿਕਾਰ ਨਾਲ ਬਸਰ ਕਰ ਸਕਣ।

# ਗੈਂਗਸਟਰਾਂ 'ਤੇ ਵਾਰ ਦੇ 78ਵੇਂ ਦਿਨ 400 ਥਾਵਾਂ ਉੱਤੇ ਛਾਪੇਮਾਰੀ ਦੌਰਾਨ 192 ਕਾਬੂ

ਚੰਡੀਗੜ੍ਹ, 8 ਅਪ੍ਰੈਲ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਹੇਠ ਸ਼ੁਰੂ ਕੀਤੀ ਗਈ ਫੈਸਲਾਕੁੰਨ "ਗੈਂਗਸਟਰਾਂ ਤੇ ਵਾਰ" ਮੁਹਿੰਮ ਦੇ 78ਵੇਂ ਦਿਨ ਪੰਜਾਬ ਪੁਲਿਸ ਨੇ ਅੱਜ ਰਾਜ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ ਅਤੇ ਮੈਪ ਕੀਤੇ 400 ਟਿਕਾਣਿਆਂ ਤੇ ਛਾਪੇਮਾਰੀ ਕੀਤੀ। ਜ਼ਿਕਰਯੋਗ ਹੈ ਕਿ "ਗੈਂਗਸਟਰਾਂ ਤੇ ਵਾਰ" ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਫੈਸਲਾਕੁੰਨ ਜੰਗ ਹੈ, ਜੋ 20 ਜਨਵਰੀ, 2026 ਨੂੰ ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਵੱਲੋਂ ਸ਼ੁਰੂ ਕੀਤੀ ਗਈ ਸੀ। ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਪੰਜਾਬ ਦੇ ਤਾਲਮੇਲ ਨਾਲ ਸਾਰੇ ਜ਼ਿਲ੍ਹਿਆਂ ਦੀਆਂ ਪੁਲਿਸ ਟੀਮਾਂ ਰਾਜ ਭਰ ਵਿੱਚ ਵਿਸ਼ੇਸ਼ ਕਾਰਵਾਈਆਂ ਕਰ ਰਹੀਆਂ ਹਨ। 78ਵੇਂ ਦਿਨ, ਪੁਲਿਸ ਟੀਮਾਂ ਨੇ ਪੰਜ ਹਥਿਆਰ ਬਰਾਮਦ ਕਰਨ ਤੋਂ ਬਾਅਦ 192 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ, ਜਿਸ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਹੁਣ ਗ੍ਰਿਫ਼ਤਾਰੀਆਂ ਦੀ ਕੁੱਲ ਗਿਣਤੀ 19,642 ਹੋ ਗਈ ਹੈ। ਇਸ ਤੋਂ ਇਲਾਵਾ 109 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਹੈ, ਜਦੋਂ ਕਿ 41 ਵਿਅਕਤੀਆਂ ਨੂੰ ਪੁੱਛਗਿੱਛ ਤੋਂ ਬਾਅਦ ਛੱਡ ਦਿੱਤਾ ਗਿਆ। ਪੁਲਿਸ ਟੀਮਾਂ ਨੇ ਕਾਰਵਾਈ ਦੌਰਾਨ ਛੇ ਭਗੌੜੇ ਅਪਰਾਧੀਆਂ ਨੂੰ ਵੀ ਗ੍ਰਿਫ਼ਤਾਰ ਕੀਤਾ ਹੈ। ਲੋਕ ਐਂਟੀ ਗੈਂਗਸਟਰ ਹੈਲਪਲਾਈਨ 93946- 93946 ਰਾਹੀਂ ਗੁਪਤ ਰੂਪ ਚ ਲੋੜੀਂਦੇ ਅਪਰਾਧੀਆਂ ਤੇ ਗੈਂਗਸਟਰਾਂ ਬਾਰੇ ਰਿਪੋਰਟ ਕਰ ਸਕਦੇ ਹਨ ਤੇ ਅਪਰਾਧ ਅਤੇ ਅਪਰਾਧਿਕ ਗਤੀਵਿਧੀਆਂ ਬਾਰੇ ਸੂਹ ਵੀ ਦਿੱਤੀ ਜਾ ਸਕਦੀ ਹੈ।

ਇਸ ਦੌਰਾਨ ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁੱਧ ਆਪਣੀ ਮੁਹਿੰਮ "ਯੁੱਧ ਨਸ਼ਿਆਂ ਵਿਰੁੱਧ" ਦੇ 403ਵੇਂ ਦਿਨ 115 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 841 ਗ੍ਰਾਮ ਹੈਰੋਇਨ, 860 ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 25,550 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ। ਇਸ ਨਾਲ, ਸਿਰਫ 403 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 57,728 ਹੋ ਗਈ ਹੈ। ਨਸ਼ਾ ਛੁਡਾਊ ਮੁਹਿੰਮ ਤਹਿਤ ਪੰਜਾਬ ਪੁਲਿਸ ਨੇ ਅੱਜ 24 ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬੇ ਦਾ ਇਲਾਜ ਕਰਵਾਉਣ ਲਈ ਰਾਜ਼ੀ ਕੀਤਾ ਹੈ।

# ਜ਼ਮਾਨਤੀ ਮਾਮਲੇ 'ਚ ਮੁਹਾਲੀ ਦੇ ਜੋੜੇ ਦੀ ਗ੍ਰਿਫ਼ਤਾਰੀ ਵਿਰੁੱਧ ਹਾਈ ਕੋਰਟ ਸਖ਼ਤ

ਚੰਡੀਗੜ੍ਹ, 8 ਅਪ੍ਰੈਲ (ਚ.ਨ.ਸ.): ਪੰਜਾਬ ਵਿੱਚ ਪੁਲਿਸ ਕਾਰਵਾਈ ਦੇ ਢੰਗ ਬਾਰੇ ਗੰਭੀਰ ਸਵਾਲ ਉਠਾਉਂਦੇ ਹੋਏ, ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਇੱਕ ਮਾਮਲੇ ਵਿੱਚ ਸਖ਼ਤ ਰੁਖ਼ ਅਪਣਾਇਆ ਹੈ। ਮੋਹਾਲੀ ਵਾਸੀ ਇੱਕ ਜੋੜੇ ਨੂੰ ਜ਼ਮਾਨਤੀ ਅਪਰਾਧ ਵਿਚ ਗ੍ਰਿਫਤਾਰ ਕਰਨ ਅਤੇ ਉਨ੍ਹਾਂ ਦੇ ਦੋ ਨਬਾਲਗ ਬੱਚਿਆਂ ਨੂੰ ਜ਼ਬਰਦਸਤੀ ਥਾਣੇ ਲਿਜਾਉਣ ਦੇ ਮਾਮਲੇ ਵਿਚ ਅਦਾਲਤ ਨੇ ਪੰਜਾਬ ਸਰਕਾਰ ਨੂੰ ਸਬੰਧਤ ਪੁਲਿਸ ਅਧਿਕਾਰੀਆਂ ਖਿਲਾਫ ਕਾਰਵਾਈ ਯਕੀਨੀ ਬਣਾਉਣ ਦੇ ਹੁਕਮ ਦਿੱਤੇ ਹਨ। ਇਹ ਹੁਕਮ ਮੋਨਿਕਾ ਛਾਬੜਾ ਵੱਲੋਂ ਦਾਇਰ ਪਟੀਸ਼ਨ 'ਤੇ ਜਾਰੀ ਕੀਤਾ ਗਿਆ ਹੈ। ਇਸ ਮਾਮਲੇ ਦੀ ਅਗਲੀ ਸੁਣਵਾਈ 10 ਅਪ੍ਰੈਲ, 2026 ਨੂੰ ਹੋਣੀ ਹੈ।




ਪਟੀਸ਼ਨਰਾਂ ਵੱਲੋਂ, ਉਨ੍ਹਾਂ ਦੇ ਵਕੀਲ ਮਨੀਸ਼ ਗਿਰੀ ਨੇ ਅਦਾਲਤ ਨੂੰ ਦੱਸਿਆ ਕਿ 20 ਨਵੰਬਰ, 2025 ਨੂੰ ਦਰਜ ਐਫ.ਆਈ.ਆਰ. ਨੰਬਰ 150 (ਪੁਲਿਸ ਸਟੇਸ਼ਨ ਫੇਜ਼ 11, ਮੋਹਾਲੀ) ਵਿੱਚ ਲਗਾਏ ਗਏ ਦੋਸ਼ ਪੂਰੀ ਤਰ੍ਹਾਂ ਜ਼ਮਾਨਤੀ ਹਨ। ਇਸ ਦੇ ਬਾਵਜੂਦ, ਪੁਲਿਸ ਸਵੇਰੇ-ਸਵੇਰੇ ਘਰ ਵਿੱਚ ਦਾਖਲ ਹੋਈ ਅਤੇ ਜੋੜੇ ਨੂੰ ਗ੍ਰਿਫਤਾਰ ਕਰ ਲਿਆ, ਹਾਲਾਂਕਿ ਗ੍ਰਿਫ਼ਤਾਰੀ ਲਈ ਕੋਈ ਠੋਸ ਸਬੂਤ ਦਰਜ ਨਹੀਂ ਕੀਤੇ ਗਏ ਸਨ। ਸਭ ਤੋਂ ਹੈਰਾਨ ਕਰਨ ਵਾਲਾ ਪਹਿਲੂ ਇਹ ਸੀ ਕਿ ਪੁਲਿਸ ਜੋੜੇ ਦੇ ਦੋ ਛੋਟੇ ਬੱਚਿਆਂ, ਜਿਨ੍ਹਾਂ ਦੀ ਉਮਰ ਲਗਭਗ ਡੇਢ ਸਾਲ ਅਤੇ ਪੰਜ ਸਾਲ ਸੀ, ਨੂੰ ਵੀ ਪੁਲਿਸ ਸਟੇਸ਼ਨ ਲੈ ਗਈ, ਭਾਵੇਂ ਕਿ ਉਨ੍ਹਾਂ 'ਤੇ ਕਿਸੇ ਅਪਰਾਧ ਦਾ ਦੋਸ਼ ਨਹੀਂ ਸੀ। ਬਾਅਦ ਵਿੱਚ, ਜਦੋਂ ਉਨ੍ਹਾਂ ਨੂੰ ਮੈਜਿਸਟਰੇਟ ਦੇ ਸਾਹਮਣੇ ਪੇਸ਼ ਕੀਤਾ ਗਿਆ, ਤਾਂ ਇਹ ਸਪੱਸ਼ਟ ਹੋ ਗਿਆ ਕਿ ਸਾਰੀਆਂ ਧਾਰਾਵਾਂ ਜ਼ਮਾਨਤਯੋਗ ਸਨ, ਅਤੇ ਜੋੜੇ ਨੂੰ ਉਸੇ ਦਿਨ ਰਿਹਾਅ ਕਰ ਦਿੱਤਾ ਗਿਆ।

ਪਟੀਸ਼ਨਰ ਨੇ ਇਸ ਨੂੰ ਸੁਪਰੀਮ ਕੋਰਟ ਦੇ ਦਿਸ਼ਾ-ਨਿਰਦੇਸ਼ਾਂ ਦੀ ਘੋਰ ਉਲੰਘਣਾ ਕਿਹਾ, ਜੋ ਗ੍ਰਿਫਤਾਰੀਆਂ ਦੌਰਾਨ ਬਣਦੀ ਪ੍ਰਕਿਰਿਆ ਨੂੰ ਲਾਜ਼ਮੀ ਬਣਾਉਂਦੇ ਹਨ। ਕਈ ਹਾਲੀਆ ਫੈਸਲਿਆਂ ਦਾ ਹਵਾਲਾ ਦਿੰਦੇ ਹੋਏ, ਸੁਪਰੀਮ ਕੋਰਟ ਨੇ ਸਪੱਸ਼ਟ ਕੀਤਾ ਕਿ ਗ੍ਰਿਫਤਾਰੀਆਂ ਨਿਯਮ ਨਹੀਂ ਸਗੋਂ ਅਪਵਾਦ ਹਨ, ਖਾਸ ਕਰਕੇ ਸੱਤ ਸਾਲ ਤੱਕ ਦੀਆਂ ਸਜ਼ਾਵਾਂ ਵਾਲੇ ਮਾਮਲਿਆਂ ਵਿੱਚ। ਪਟੀਸ਼ਨ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਅਜਿਹੀਆਂ ਕਾਰਵਾਈਆਂ ਭਾਰਤੀ ਸੰਵਿਧਾਨ ਦੇ ਅਨੁਛੇਦ 14 ਅਤੇ 21 ਦੀ ਉਲੰਘਣਾ ਕਰਦੀਆਂ ਹਨ, ਜੋ ਸਮਾਨਤਾ ਅਤੇ ਨਿੱਜੀ ਆਜ਼ਾਦੀ ਦੀ ਗਰੰਟੀ ਦਿੰਦੀਆਂ ਹਨ। ਨਾਬਾਲਗ ਬੱਚਿਆਂ ਦੀ ਸੁਰੱਖਿਆ ਅਤੇ ਪੁਲਿਸ ਜਵਾਬਦੇਹੀ ਬਾਰੇ ਵੀ ਗੰਭੀਰ ਚਿੰਤਾਵਾਂ ਉਠਾਈਆਂ ਗਈਆਂ ਸਨ। ਅਦਾਲਤ ਨੂੰ ਇਹ ਵੀ ਦੱਸਿਆ ਗਿਆ ਕਿ ਇਸ ਮਾਮਲੇ ਵਿੱਚ ਸੀਨੀਅਰ ਅਧਿਕਾਰੀਆਂ ਨੂੰ ਇੱਕ ਵਿਸਤ੍ਰਿਤ ਸ਼ਿਕਾਇਤ ਸੌਂਪੀ ਗਈ ਸੀ, ਪਰ ਕੋਈ ਠੋਸ ਕਾਰਵਾਈ ਨਹੀਂ ਕੀਤੀ ਗਈ। ਨਤੀਜੇ ਵਜੋਂ, ਇਨਸਾਫ਼ ਲਈ ਹਾਈ ਕੋਰਟ ਤੱਕ ਪਹੁੰਚ ਕੀਤੀ ਗਈ। ਪੂਰੀ ਘਟਨਾ ਨੂੰ ਗੰਭੀਰਤਾ ਨਾਲ ਲੈਂਦੇ ਹੋਏ, ਹਾਈ ਕੋਰਟ ਨੇ ਰਾਜ ਸਰਕਾਰ ਨੂੰ ਸਬੰਧਤ ਅਧਿਕਾਰੀਆਂ ਦੀ ਭੂਮਿਕਾ ਦੀ ਜਾਂਚ ਕਰਨ ਅਤੇ ਢੁਕਵੀਂ ਕਾਰਵਾਈ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਹਨ।

## ਥਰਮਲ ਪਲਾਂਟ ਹਾਦਸੇ 'ਤੇ ਹਾਈ ਕੋਰਟ ਸਖ਼ਤ

# ਦੋ ਅਧਿਕਾਰੀਆਂ ਵਿਰੁੱਧ ਵਿਭਾਗੀ ਕਾਰਵਾਈ 60 ਦਿਨਾਂ 'ਚ ਕਰੋ ਪੂਰੀ: ਅਦਾਲਤ

ਚੰਡੀਗੜ੍ਹ, 8 ਅਪ੍ਰੈਲ (ਚ.ਨ.ਸ.): ਪੰਜਾਬ ਦੇ ਲਹਿਰਾ ਮੁਹੱਬਤ ਵਿਖੇ ਥਰਮਲ ਪਲਾਂਟ ਦੇ ਯੂਨਿਟ 2 ਦੇ ਢਹਿ ਜਾਣ ਦੇ ਮਾਮਲੇ ਵਿੱਚ ਸਖ਼ਤ ਰੁਖ਼ ਅਪਣਾਉਂਦੇ ਹੋਏ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਪਾਵਰਕਾਮ ਨੂੰ ਜ਼ਿੰਮੇਵਾਰ ਅਧਿਕਾਰੀਆਂ ਵਿਰੁੱਧ ਬਕਾਇਆ ਵਿਭਾਗੀ ਕਾਰਵਾਈ 60 ਦਿਨਾਂ ਦੇ ਅੰਦਰ ਪੂਰੀ ਕਰਨ ਦੇ ਨਿਰਦੇਸ਼ ਦਿੱਤੇ ਹਨ। ਅਦਾਲਤ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਸਿਰਫ਼ ਕਾਰਨ ਦੱਸੋ ਨੋਟਿਸ ਜਾਰੀ ਕਰਨ ਨੂੰ ਮਾਮਲੇ ਦਾ ਅੰਤ ਨਹੀਂ ਮੰਨਿਆ ਜਾ ਸਕਦਾ। ਸਗੋਂ ਕਾਰਵਾਈ ਨੂੰ ਉਨ੍ਹਾਂ ਦੇ ਤਰਕਪੂਰਨ ਸਿੱਟੇ 'ਤੇ ਲਿਜਾਣਾ ਜ਼ਰੂਰੀ ਹੈ।

ਇਹ ਹੁਕਮ ਚੀਫ਼ ਜਸਟਿਸ ਅਤੇ ਜਸਟਿਸ ਸੰਜੀਵ ਬੇਰੀ ਦੇ ਡਿਵੀਜ਼ਨ ਬੈਂਚ ਨੇ ਪਟੀਸ਼ਨਰ ਐਚ.ਸੀ. ਅਰੋੜਾ ਦੁਆਰਾ ਵਿਅਕਤੀਗਤ ਤੌਰ 'ਤੇ ਦਾਇਰ ਜਨਹਿਤ ਪਟੀਸ਼ਨ ਦੀ ਸੁਣਵਾਈ ਕਰਦੇ ਹੋਏ ਦਿੱਤਾ। ਪਟੀਸ਼ਨ ਵਿੱਚ ਦੋਸ਼ ਲਗਾਇਆ ਗਿਆ ਸੀ ਕਿ ਲਹਿਰਾ ਮੁਹੱਬਤ ਥਰਮਲ ਪਲਾਂਟ ਦੇ ਯੂਨਿਟ 2 ਦਾ ਢਹਿ ਜਾਣਾ 13 ਮਈ, 2022 ਨੂੰ ਸਬੰਧਤ ਅਧਿਕਾਰੀਆਂ ਅਤੇ ਕਰਮਚਾਰੀਆਂ ਦੀ ਲਾਪਰਵਾਹੀ ਅਤੇ ਗੈਰ-ਜ਼ਿੰਮੇਵਾਰੀ ਦਾ ਨਤੀਜਾ ਸੀ। ਇਸ ਹਾਦਸੇ ਕਾਰਨ ਨਾ ਸਿਰਫ਼ ਲਗਭਗ 2.4 ਕਰੋੜ ਰੁਪਏ ਦਾ ਸਿੱਧਾ ਵਿੱਤੀ ਨੁਕਸਾਨ ਹੋਇਆ, ਸਗੋਂ ਲਗਭਗ ਇੱਕ ਸਾਲ ਤੱਕ ਬਿਜਲੀ ਉਤਪਾਦਨ ਵਿੱਚ ਵੀ ਵਿਘਨ ਪਿਆ, ਜਿਸ ਨਾਲ ਸੂਬੇ ਦੀ ਊਰਜਾ ਸਪਲਾਈ 'ਤੇ ਮਾੜਾ ਪ੍ਰਭਾਵ ਪਿਆ।

ਸੁਣਵਾਈ ਦੌਰਾਨ, ਪੀ.ਐਸ.ਪੀ.ਸੀ. ਐਲ. ਨੇ ਅਦਾਲਤ ਨੂੰ ਦੱਸਿਆ ਕਿ ਸਤੰਬਰ, 2024 ਵਿੱਚ ਮਾਮਲੇ ਨਾਲ ਸਬੰਧਤ ਅਧਿਕਾਰੀਆਂ ਨੂੰ ਕਾਰਨ ਦੱਸੋ ਨੋਟਿਸ ਜਾਰੀ ਕੀਤੇ ਗਏ ਸਨ। ਇਨ੍ਹਾਂ ਅਧਿਕਾਰੀਆਂ ਵਿੱਚ ਡਿਪਟੀ ਚੀਫ਼ ਇੰਜੀਨੀਅਰ ਇੰਜੀਨੀਅਰ ਬਰਿੰਦਰਜੀਤ ਸਿੰਘ ਸੋਹੀ ਅਤੇ ਐਡੀਸ਼ਨਲ ਸੁਪਰਡੈਂਟ ਇੰਜੀਨੀਅਰ ਇੰਜੀਨੀਅਰ ਅਜੇ ਸਹਿਗਲ ਸ਼ਾਮਲ ਸਨ। ਹਾਲਾਂਕਿ, ਡਿਵੀਜ਼ਨ ਬੈਂਚ ਨੇ ਇਸ ਜਵਾਬ ਨਾਲ ਅਸੰਤੁਸ਼ਟੀ ਪ੍ਰਗਟ ਕੀਤੀ, ਇਹ ਨੋਟ ਕਰਦੇ ਹੋਏ ਕਿ ਨੋਟਿਸ ਜਾਰੀ ਕੀਤੇ ਜਾਣ ਦੇ ਬਾਵਜੂਦ, ਕੋਈ ਠੋਸ ਕਾਰਵਾਈ ਜਾਂ ਅੰਤਿਮ ਫੈਸਲਾ ਨਹੀਂ ਲਿਆ ਗਿਆ ਸੀ। ਅਦਾਲਤ ਨੇ ਟਿੱਪਣੀ ਕੀਤੀ ਕਿ ਜੇਕਰ ਵਿਭਾਗੀ ਕਾਰਵਾਈ ਸ਼ੁਰੂ ਕੀਤੀ ਗਈ ਹੈ, ਤਾਂ ਇਸ ਨੂੰ ਅਣਮਿੱਥੇ ਸਮੇਂ ਲਈ ਲਟਕਾਇਆ ਨਹੀਂ ਜਾ ਸਕਦਾ। ਅਦਾਲਤ ਨੇ ਪੀ.ਐਸ.ਪੀ.ਸੀ.ਐਲ. ਨੂੰ 60 ਦਿਨਾਂ ਅੰਦਰ ਦੋਵਾਂ ਅਧਿਕਾਰੀਆਂ ਵਿਰੁੱਧ ਅਨੁਸ਼ਾਸਨੀ ਕਾਰਵਾਈ ਪੂਰੀ ਕਰਨ ਅਤੇ ਢੁਕਵਾਂ ਫੈਸਲਾ ਲੈਣ ਦੇ ਨਿਰਦੇਸ਼ ਦਿੱਤੇ। ਅਦਾਲਤ ਨੇ ਅੱਗੇ ਸਪੱਸ਼ਟ ਕੀਤਾ ਕਿ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ ਨੂੰ ਦੁਹਰਾਉਣ ਤੋਂ ਰੋਕਣ ਲਈ ਜਵਾਬਦੇਹੀ ਤੈਅ ਕਰਨਾ ਜ਼ਰੂਰੀ ਹੈ।

# 'ਮੁੱਖ ਮੰਤਰੀ ਸਿਹਤ ਯੋਜਨਾ' ਹੇਠ ਚਾਰ ਮਹੀਨੇ ਦੀ ਦਿਲਜੋਤ ਨੂੰ 2.77 ਲੱਖ ਦਾ ਇਲਾਜ ਕਵਰ ਮਿਲਿਆ

ਚੰਡੀਗੜ੍ਹ, 8 ਅਪ੍ਰੈਲ (ਚ.ਨ.ਸ.): ਮੁੱਖ ਮੰਤਰੀ ਸਿਹਤ ਯੋਜਨਾ ਦੀ ਸ਼ੁਰੂਆਤ ਦੌਰਾਨ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਸੀ ਕਿ ਇਲਾਜ ਬਾਰੇ ਸੋਚੋ, ਨਾ ਕਿ ਬਿੱਲ ਬਾਰੇ। ਸਰਕਾਰ ਤੁਹਾਡੇ ਇਲਾਜ ਦਾ ਖ਼ਰਚਾ ਚੁੱਕੇਗੀ। ਅਬੋਹਰ ਵਿੱਚ ਰਸ਼ਪ੍ਰੀਤ ਕੌਰ ਅਤੇ ਭਰਤ ਕੁਮਾਰ ਦੇ ਘਰ ਜੰਮੀ ਚਾਰ ਮਹੀਨੇ ਦੀ ਦਿਲਜੋਤ ਵਰਗੇ ਪਰਿਵਾਰਾਂ ਲਈ ਇਹ ਸ਼ਬਦ ਬਹੁਤ ਮਾਇਨੇ ਰੱਖਦੇ ਹਨ। ਦਿਲਜੋਤ ਨੂੰ ਗੰਭੀਰ ਸੰਕਰਮਣ ਅਤੇ ਵੈਂਟ੍ਰਿਕਿਊਲਰ ਸੈਪਟਲ ਡਿਫੈਕਟ (ਦਿਲ ਵਿੱਚ ਛੇਦ) ਦੀ ਬੀਮਾਰੀ ਪਾਈ ਗਈ, ਜੋ ਜਨਮ ਤੋਂ ਪਹਿਲਾਂ ਹੀ ਵਿਕਸਿਤ ਹੋ ਜਾਂਦੀ ਹੈ। ਉਸਦੇ ਮਾਪੇ ਉਸਨੂੰ ਇਲਾਜ ਲਈ ਬਠਿੰਡਾ ਲੈ ਗਏ, ਉਨ੍ਹਾਂ ਦਾ ਇੱਕੋ ਮਕਸਦ ਸੀ" ਉਸਦੀ ਜ਼ਿੰਦਗੀ ਬਚਾਉਣਾ। ਗੰਭੀਰ ਇਲਾਜ ਦਾ ਖਰਚਾ ਬਹੁਤ ਵੱਧ ਸੀ, ਪਰ ਮੁੱਖ ਮੰਤਰੀ ਸਿਹਤ ਯੋਜਨਾ ਉਨ੍ਹਾਂ ਲਈ ਵਰਦਾਨ ਬਣ ਕੇ ਆਈ। ਦਿਲਜੋਤ ਨੂੰ ਵਿਸ਼ੇਸ਼ ਚਿਕਿਤਸਕ ਦੇਖਭਾਲ ਮਿਲੀ, ਜਿਸ ਵਿੱਚ 24 ਘੰਟੇ ਨਿਗਰਾਨੀ ਸ਼ਾਮਲ ਸੀ, ਅਤੇ ਉਸਦੇ ਪਰਿਵਾਰ ਨੂੰ ਇੱਕ ਦਿਨ ਵੀ ਪੈਸਿਆਂ ਦੀ ਚਿੰਤਾ ਨਹੀਂ ਕਰਨੀ ਪਈ।

ਭਰਤ ਕੁਮਾਰ, ਜੋ ਅਬੋਹਰ ਵਿੱਚ ਇੱਕ ਛੋਟਾ ਸੈਲੂਨ ਚਲਾਉਂਦੇ ਹਨ, ਨੇ ਕਿਹਾ ਕਿ ਉਸਨੂੰ ਡਾਕਟਰਾਂ ਵੱਲੋਂ ਇਹ ਦੱਸਿਆ ਗਿਆ ਸੀ ਕਿ ਉਨ੍ਹਾਂ ਦੀ ਧੀ ਦੇ ਦਿਲ ਵਿੱਚ ਛੇਦ ਹੈ। ਉਨ੍ਹਾਂ ਦੀ ਬੱਚੀ ਦਾ ਇਲਾਜ ਦੋ ਵੱਖ-ਵੱਖ ਹਸਪਤਾਲਾਂ ਵਿੱਚ ਹੋਇਆ ਅਤੇ ਸਿਹਤ ਕਾਰਡ ਹੇਠ 2.77 ਲੱਖ ਰੁਪਏ ਦਾ ਸਾਰਾ ਖਰਚਾ ਕਵਰ ਹੋ ਗਿਆ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਇਹ ਯੋਜਨਾ ਯਕੀਨੀ ਬਣਾਉਂਦੀ ਹੈ ਕਿ ਕਿਸੇ ਵੀ ਪਰਿਵਾਰ ਨੂੰ ਸਿਹਤ ਤੇ ਆਰਥਿਕ ਮੁਸ਼ਕਲਾਂ ਵਿੱਚੋਂ ਕਿਸੇ ਇੱਕ ਦੀ



ਚੋਣ ਨਾ ਕਰਨੀ ਪਵੇ। ਇਸ ਯੋਜਨਾ ਹੇਠ ਹਰ ਮਾਂ ਅਤੇ ਨਵਜਾਤ ਬੱਚੇ ਨੂੰ ਸਾਲਾਨਾ 10 ਲੱਖ ਤੱਕ ਦਾ ਕੈਸ਼ਲੈੱਸ ਇਲਾਜ ਮਿਲ ਸਕਦਾ ਹੈ "ਚਾਹੇ ਸਰਕਾਰੀ ਹਸਪਤਾਲ ਹੋਵੇ ਜਾਂ ਸੂਚੀਬੱਧ ਨਿੱਜੀ ਹਸਪਤਾਲ" ਤੇ ਇਹ ਸਹੂਲਤ ਬੱਚੇ ਦੇ ਜਨਮ ਦੇ ਪਹਿਲੇ ਘੰਟਿਆਂ ਤੋਂ ਹੀ ਉਪਲਬਧ ਹੁੰਦੀ ਹੈ।

ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਬਲਬੀਰ ਸਿੰਘ ਨੇ ਕਿਹਾ ਕਿ ਅਸੀਂ ਪਿੰਡਾਂ ਵਿੱਚ ਪ੍ਰੋਗਰਾਮ ਚਲਾ ਰਹੇ ਹਾਂ ਤਾਂ ਜੋ ਪਰਿਵਾਰ ਸਮੇਂ 'ਤੇ ਜਾਂਚ ਕਰਵਾਉਣ ਅਤੇ ਇਲਾਜ ਵਿੱਚ ਦੇਰੀ ਨਾ ਕਰਨ। ਪਿਛਲੇ ਤਿੰਨ ਮਹੀਨਿਆਂ ਵਿੱਚ ਹੀ 6,000 ਤੋਂ ਵੱਧ ਨਵਜਾਤ ਬੱਚਿਆਂ ਦਾ ਇਲਾਜ ਇਸ ਯੋਜਨਾ ਹੇਠ ਕੀਤਾ ਗਿਆ ਹੈ, ਜੋ ਨਵਜੰਮੇ ਬੱਚਿਆਂ ਨੂੰ ਸਮੇਂ ਸਿਰ ਚਿਕਿਤਸਕ ਸੇਵਾ ਦੇਣ ਵਿੱਚ ਯੋਜਨਾ ਦੀ ਵਧ ਰਹੀ ਪਹੁੰਚ ਨੂੰ ਦਰਸਾਉਂਦਾ ਹੈ। ਇਹ ਯੋਜਨਾ ਜਨਮ ਦੇ ਸਮੇਂ ਘੱਟ ਵਜ਼ਨ, ਸਮੇਂ ਤੋਂ ਪਹਿਲਾਂ ਜਨਮ, ਸੰਕਰਮਣ ਅਤੇ ਹੋਰ ਨਵਜਾਤ ਜਟਿਲਤਾਵਾਂ ਦੇ ਇਲਾਜ ਵਿੱਚ ਮਦਦ ਕਰਦੀ ਹੈ ਅਤੇ ਮਾਂ ਦੀ ਸਿਹਤ ਸੰਭਾਲ ਅਤੇ ਜਣੇਪੇ ਤੋਂ ਬਾਅਦ ਦੀਆਂ ਸਿਹਤ ਸੇਵਾਵਾਂ ਨੂੰ ਵੀ ਮਜ਼ਬੂਤ ਬਣਾਉਂਦੀ ਹੈ।

ਦਿਲਜੋਤ ਦਾ ਕੇਸ ਇਕੱਲਾ ਨਹੀਂ ਹੈ। ਸਾਰੇ ਪੰਜਾਬ ਵਿੱਚ ਹੁਣ ਪਰਿਵਾਰ ਨਵਜਾਤ ਬੱਚਿਆਂ ਨੂੰ ਸ਼ੁਰੂਆਤੀ ਦਿਨਾਂ ਵਿੱਚ ਹੀ ਇਲਾਜ ਲਈ ਹਸਪਤਾਲ ਲੈ ਕੇ ਆ ਰਹੇ ਹਨ, ਕਿਉਂਕਿ ਉਨ੍ਹਾਂ ਨੂੰ ਭਰੋਸਾ ਹੈ ਕਿ ਇਲਾਜ ਦਾ ਖਰਚਾ ਉਨ੍ਹਾਂ ਨੂੰ ਨਹੀਂ ਝੱਲਣਾ ਪਵੇਗਾ। ਬਠਿੰਡਾ ਦੇ ਅੱਗਰਵਾਲ ਹਸਪਤਾਲ ਵਿੱਚ ਇੱਕ ਨਵਜਾਤ, ਜਿਸ ਨੂੰ ਗੰਭੀਰ ਪੀਲੀਆ ਅਤੇ ਸਾਂਹ ਲੈਣ ਵਿੱਚ ਦਿੱਕਤ ਸੀ, ਦਾ ਲਗਭਗ 1 ਲੱਖ ਰੁਪਏ ਦਾ ਇਲਾਜ ਪੂਰੀ ਤਰ੍ਹਾਂ ਇਸ ਯੋਜਨਾ ਹੇਠ ਕਵਰ ਕੀਤਾ ਗਿਆ।

ਪਟਿਆਲਾ ਦੇ ਗਢਾਇਆ ਪਿੰਡ ਦੇ ਮਨਕੀਰਤ ਸਿੰਘ ਨੂੰ ਜਨਮ ਤੋਂ ਕੁਝ ਦਿਨਾਂ ਬਾਅਦ ਪੀਲੀਆ ਅਤੇ ਸਾਂਹ ਦੀ ਸਮੱਸਿਆ ਲਈ ਇਲਾਜ ਦੀ ਲੋੜ ਪਈ। ਉਸਦੇ ਪਿਤਾ ਬਲਵਿੰਦਰ ਸਿੰਘ ਨੇ ਕਿਹਾ ਕਿ ਮੇਰੇ ਪੁੱਤਰ ਦਾ ਜਨਮ 25 ਮਾਰਚ ਨੂੰ ਹੋਇਆ ਸੀ ਅਤੇ ਉਸਨੂੰ ਕੁਝ ਸਮੱਸਿਆਵਾਂ ਸਨ। ਅਸੀਂ ਉਸਦੀ ਸਿਹਤ ਲਈ ਚਿੰਤਿਤ ਸੀ, ਪਰ ਇਸ ਤੋਂ ਵੱਧ ਚਿੰਤਾ ਸਾਨੂੰ ਖਰਚੇ ਦੀ ਸੀ। ਅਸੀਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਯੋਜਨਾ ਦਾ ਧੰਨਵਾਦ ਕਰਦੇ ਹਾਂ, ਜਿਸ ਤਹਿਤ ਸਾਡਾ ਸਾਰਾ ਖਰਚਾ ਕਵਰ ਹੋ ਗਿਆ। ਫਰੀਦਕੋਟ ਦੇ ਕੋਟਕਪੂਰਾ ਦੀ ਬਿਮਲਾ ਰਾਣੀ ਨੇ ਹਾਲ ਹੀ ਵਿੱਚ ਇੱਕ ਬੱਚੇ ਨੂੰ ਜਨਮ ਦਿੱਤਾ, ਜਿਸਨੂੰ ਨਵਜਾਤ ਦੇਖਭਾਲ ਦੀ ਲੋੜ ਸੀ। ਪਰਿਵਾਰ ਦੇ ਇੱਕ ਮੈਂਬਰ ਮੁਤਾਬਕ ਉਸਦਾ ਅਠਾਰਾਂ ਦਿਨਾਂ ਦਾ ਬੱਚਾ ਹੁਣ ਸੁਰੱਖਿਅਤ ਤਰੀਕੇ ਨਾਲ ਇਸ ਯੋਜਨਾ ਹੇਠ ਇਲਾਜ ਲੈ ਰਿਹਾ ਹੈ।

ਇਹ ਮਾਮਲੇ ਇਸ ਯੋਜਨਾ ਪ੍ਰਤੀ ਲੋਕਾਂ ਦੇ ਹਾਂ-ਪੱਖੀ ਹੁੰਗਾਰੇ ਨੂੰ ਦਰਸਾਉਂਦੇ ਹਨ। ਯੋਜਨਾ ਦੇ ਸ਼ੁਰੂ ਹੋਣ ਤੋਂ ਲੈ ਕੇ ਹੀ ਪੰਜਾਬ ਭਰ ਵਿੱਚ ਵੱਧ ਤੋਂ ਵੱਧ ਪਰਿਵਾਰ ਮਾਂਵਾਂ ਅਤੇ ਨਵਜੰਮੇ ਬੱਚਿਆਂ ਨੂੰ ਪਹਿਲੇ 72 ਘੰਟਿਆਂ ਵਿੱਚ ਹੀ ਹਸਪਤਾਲ ਲੈ ਕੇ ਆ ਰਹੇ ਹਨ, ਜਿਸ ਨਾਲ ਸਿਹਤ ਨਤੀਜੇ ਬਿਹਤਰ ਹੋ ਰਹੇ ਹਨ ਅਤੇ ਦੇਰੀ ਹੋਣ ਕਰਕੇ ਵਧਣ ਵਾਲੀਆਂ ਜਟਿਲਤਾਵਾਂ ਘੱਟ ਰਹੀਆਂ ਹਨ। ਪੰਜਾਬ ਸਰਕਾਰ ਲੋਕਾਂ ਨੂੰ ਲਗਾਤਾਰ ਪ੍ਰੇਰਿਤ ਕਰ ਰਹੀ ਹੈ ਕਿ ਉਹ ਨਿਰਧਾਰਤ ਕੇਂਦਰਾਂ ਅਤੇ ਜ਼ਮੀਨੀ ਪੱਧਰ ਦੇ ਕੈਂਪਾਂ ਰਾਹੀਂ ਸਿਹਤ ਕਾਰਡ ਲਈ ਰਜਿਸਟਰ ਕਰਵਾਉਣ ਤਾਂ ਜੋ ਉਹ ਮੁੱਖ ਮੰਤਰੀ ਸਿਹਤ ਯੋਜਨਾ ਅਧੀਨ ਨਕਦੀ ਰਹਿਤ ਇਲਾਜ ਦਾ ਲਾਭ ਲੈ ਸਕਣ।

# ਸੀਪੀ67 'ਚ ਵਿਸਾਖੀ ਦੀ ਰੌਣਕ, ਰਵਾਇਤੀ ਸਜਾਵਟ ਬਣੀ ਖਾਸ ਖਿੱਚ ਦਾ ਕੇਂਦਰ



ਮੋਹਾਲੀ, 8 ਅਪ੍ਰੈਲ (ਹਰਦੀਪ ਕੌਰ): ਸੀਪੀ67 ਮਾਲ ਇੱਕ ਜੀਵੰਤ ਸੱਭਿਆਚਾਰਕ ਕੇਂਦਰ ਵਿੱਚ ਬਦਲ ਗਿਆ ਹੈ ਕਿਉਂਕਿ ਇਹ ਵਿਸਾਖੀ ਨੂੰ ਰਵਾਇਤੀ ਪੰਜਾਬੀ ਸਜਾਵਟ ਨਾਲ ਮਨਾਉਂਦਾ ਹੈ, ਆਪਣੇ ਥੀਮ 'ਵਿਰਸਾ ਪੰਜਾਬ ਦਾ' ਰਾਹੀਂ ਤਿਉਹਾਰ ਦੀ ਭਾਵਨਾ ਨੂੰ ਜ਼ਿੰਦਾ ਕਰਦਾ ਹੈ। ਪ੍ਰਚੂਨ ਮੰਜ਼ਿਲ ਨੂੰ ਅਮੀਰ, ਤਿਉਹਾਰਾਂ ਦੇ ਰੰਗਾਂ ਨਾਲ ਸਜਾਇਆ ਗਿਆ ਹੈ, ਜੋ ਸੈਲਾਨੀਆਂ ਨੂੰ ਪੰਜਾਬ ਦੀ ਵਿਰਾਸਤ ਵਿੱਚ ਇੱਕ ਡੂੰਘੀ ਝਲਕ ਪ੍ਰਦਾਨ ਕਰਦਾ ਹੈ। ਮਾਲ ਫੁਲਕਾਰੀ ਤੋਂ ਪ੍ਰੇਰਿਤ ਸਥਾਪਨਾਵਾਂ, ਪੇਂਡੂ ਪਿੰਡ ਦੇ ਤੱਤਾਂ ਅਤੇ ਤਿਉਹਾਰਾਂ ਦੇ ਨਮੂਨੇ ਪ੍ਰਦਰਸ਼ਿਤ ਕਰਦਾ ਹੈ ਜੋ ਇੱਕ ਰਵਾਇਤੀ ਪੰਜਾਬੀ ਮੇਲੇ ਦੇ ਸੂਹਜ ਨੂੰ ਸੁੰਦਰਤਾ ਨਾਲ ਦੁਬਾਰਾ ਬਣਾਉਂਦੇ ਹਨ। ਚਾਰਪਾਈਆਂ ਅਤੇ ਟਰੈਕਟਰ ਡਿਸਪਲੇਅ ਤੋਂ ਲੈ ਕੇ ਹੱਥ ਨਾਲ ਬਣੇ ਪ੍ਰੋਪਸ ਅਤੇ ਗੇਂਦੇ ਦੇ ਲਹਿਜ਼ੇ ਤੱਕ, ਹਰ ਵੇਰਵਾ ਸੈਟਿੰਗ ਵਿੱਚ ਪ੍ਰਮਾਣਿਕਤਾ ਜੋੜਦਾ ਹੈ, ਇਸਨੂੰ ਖਰੀਦਦਾਰਾਂ ਅਤੇ ਸੈਲਾਨੀਆਂ ਲਈ ਇੱਕੋ ਜਿਹੇ ਦ੍ਰਿਸ਼ਟੀਗਤ ਤੌਰ 'ਤੇ ਮਨਮੋਹਕ ਬਣਾਉਂਦਾ ਹੈ।

ਸੈਲਾਨੀਆਂ ਦੀ ਸ਼ਮੂਲੀਅਤ ਨੂੰ ਵਧਾਉਣ ਲਈ ਤਿਆਰ ਕੀਤਾ ਗਿਆ, ਸਥਾਪਨਾਵਾਂ ਵਿੱਚ ਕਈ ਫੋਟੋ-ਅਨੁਕੂਲ ਸਥਾਨ ਵੀ ਹਨ, ਜੋ ਤਿਉਹਾਰਾਂ ਦੇ ਮਾਹੌਲ ਨੂੰ ਹਾਸਲ ਕਰਨ ਦੀ ਕੋਸ਼ਿਸ਼ ਕਰ ਰਹੇ ਪਰਿਵਾਰਾਂ ਅਤੇ ਨੌਜਵਾਨਾਂ ਨੂੰ ਆਕਰਸ਼ਿਤ ਕਰਦੇ ਹਨ। ਸਜਾਵਟ ਮਾਲ ਵਿੱਚ ਚੱਲ ਰਹੇ ਜਸ਼ਨਾਂ ਨੂੰ ਸਹਿਜੇ ਹੀ ਪੂਰਕ ਕਰਦੀ ਹੈ, ਸਮੁੱਚੇ ਵਿਸਾਖੀ ਦੇ ਅਨੁਭਵ ਨੂੰ ਵਧਾਉਂਦੀ ਹੈ। ਇਸ ਪਹਿਲਕਦਮੀ 'ਤੇ ਬੋਲਦੇ ਹੋਏ, ਹੋਮਲੈਂਡ ਗਰੁੱਪ ਦੇ ਸੀਈਓ ਉਮੰਗ ਜਿੰਦਲ ਨੇ ਕਿਹਾ, "'ਵਿਰਸਾ ਪੰਜਾਬ ਦਾ' ਰਾਹੀਂ, ਅਸੀਂ ਪੰਜਾਬ ਦੀ ਸੱਭਿਆਚਾਰਕ ਅਮੀਰੀ ਨੂੰ ਜ਼ਿੰਦਾ ਕਰਨ ਅਤੇ ਇੱਕ ਅਜਿਹੀ ਜਗ੍ਹਾ ਬਣਾਉਣ ਦੀ ਕੋਸ਼ਿਸ਼ ਕੀਤੀ ਹੈ ਜਿੱਥੇ ਲੋਕ ਪਰੰਪਰਾ ਦੇ ਸਾਰ ਦਾ ਅਨੁਭਵ ਕਰਦੇ ਹੋਏ ਜਸ਼ਨ ਮਨਾਉਣ ਲਈ ਇਕੱਠੇ ਹੋ ਸਕਣ। ਵਿਸਾਖੀ ਦੇ ਜਸ਼ਨ ਸਾਡੇ ਲਈ ਇੱਕ ਮੁੱਖ ਸਾਲਾਨਾ ਹਾਈਲਾਈਟ ਬਣ ਗਏ ਹਨ, ਅਤੇ ਇਹ ਸੀਪੀ67 'ਤੇ ਉਨ੍ਹਾਂ ਦੀ ਮੇਜ਼ਬਾਨੀ ਕਰਨ ਦਾ ਸਾਡਾ ਲਗਾਤਾਰ ਤੀਜਾ ਸਾਲ ਹੈ। ਹਰ ਸਾਲ, ਅਸੀਂ ਆਪਣੇ ਸੈਲਾਨੀਆਂ ਲਈ ਇੱਕ ਵਿਲੱਖਣ ਅਤੇ ਦਿਲਚਸਪ ਅਨੁਭਵ ਤਿਆਰ ਕਰਨ ਦੀ ਕੋਸ਼ਿਸ਼ ਕਰਦੇ ਹਾਂ।" ਇਸ ਤਿਉਹਾਰੀ ਪਹਿਲਕਦਮੀ ਨੇ ਜਸ਼ਨ ਦੇ ਮਾਹੌਲ ਨੂੰ ਹੋਰ ਉੱਚਾ ਕੀਤਾ ਹੈ, ਸੀਪੀ67 ਨੂੰ ਖੇਤਰ ਵਿੱਚ ਵਿਸਾਖੀ ਦੇ ਜਸ਼ਨਾਂ ਲਈ ਇੱਕ ਮੁੱਖ ਸਥਾਨ ਵਜੋਂ ਸਥਾਪਿਤ ਕੀਤਾ ਹੈ।

# ਹਾਈ ਕੋਰਟ ਨੇ ਗ੍ਰਿਫ਼ਤਾਰ ਕੀਤੇ ਵਿਅਕਤੀ ਨੂੰ ਦਿੱਤੀ ਜ਼ਮਾਨਤ

## ਆਪ੍ਰੇਸ਼ਨ ਸਿੰਦੂਰ ਮਾਮਲੇ 'ਚ ਸੰਵੇਦਨਸ਼ੀਲ ਜਾਣਕਾਰੀ ਸਾਂਝੀ ਕਰਨ ਦਾ ਸੀ ਦੋਸ਼

ਚੰਡੀਗੜ੍ਹ, 8 ਅਪ੍ਰੈਲ (ਚ.ਨ.ਸ.): ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਆਪ੍ਰੇਸ਼ਨ ਸਿੰਦੂਰ ਨਾਲ ਸਬੰਧਤ ਸੰਵੇਦਨਸ਼ੀਲ ਜਾਣਕਾਰੀ ਸਾਂਝੀ ਕਰਨ ਦੇ ਦੋਸ਼ ਵਿੱਚ ਗ੍ਰਿਫਤਾਰ ਕੀਤੇ ਗਏ ਇੱਕ ਵਿਅਕਤੀ ਨੂੰ ਜ਼ਮਾਨਤ ਦੇ ਦਿੱਤੀ ਹੈ। ਅਦਾਲਤ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਮਾਮਲੇ ਵਿੱਚ ਦੋਸ਼ੀ ਦੀ ਸ਼ਮੂਲੀਅਤ ਨੂੰ ਸਾਬਤ ਕਰਨ ਲਈ ਰਿਕਾਰਡ 'ਤੇ ਕੋਈ ਠੋਸ ਸਬੂਤ ਨਹੀਂ ਹੈ ਤੇ ਸਿਰਫ਼ ਦੋਸ਼ਾਂ ਦੇ ਆਧਾਰ 'ਤੇ ਨਜ਼ਰਬੰਦੀ ਨੂੰ ਜਾਇਜ਼ ਨਹੀਂ ਠਹਿਰਾਇਆ ਜਾ ਸਕਦਾ। ਸੁਣਵਾਈ ਦੌਰਾਨ, ਜਸਟਿਸ ਵਿਨੋਦ ਐਸ.ਭਾਰਦਵਾਜ ਦੇ ਸਿੰਗਲ ਬੈਂਚ ਨੇ ਕਿਹਾ ਕਿ ਸੂਬਾਈ ਪੱਖ ਇਹ ਸਾਬਤ ਕਰਨ ਲਈ ਕੋਈ ਠੋਸ ਸਮੱਗਰੀ ਪੇਸ਼ ਕਰਨ ਵਿੱਚ ਅਸਫਲ ਰਿਹਾ ਕਿ ਦੋਸ਼ੀ ਨੇ ਪਾਕਿਸਤਾਨ ਜਾਂ ਕਿਸੇ ਹੋਰ ਨਾਲ ਕੋਈ ਵੀਡੀਓ ਜਾਂ ਫੋਟੋਆਂ ਸਾਂਝੀਆਂ ਕੀਤੀਆਂ ਹਨ। ਅਦਾਲਤ ਨੇ ਟਿੱਪਣੀ ਕੀਤੀ ਕਿ ਦੋਸ਼ ਸਿਰਫ਼ ਸ਼ੱਕ 'ਤੇ ਆਧਾਰਿਤ ਹਨ, ਜਿਨ੍ਹਾਂ ਨੂੰ ਸਾਬਤ ਕਰਨ ਲਈ ਕੋਈ ਸਿੱਧਾ ਸਬੂਤ ਨਹੀਂ ਹੈ। ਅਦਾਲਤ ਨੇ ਇਸ ਮਹੱਤਵਪੂਰਨ ਤੱਥ ਨੂੰ ਵੀ ਨੋਟ ਕੀਤਾ ਕਿ ਦੋਸ਼ੀ ਵਿਰੁੱਧ ਸਿਰਫ਼ ਦੋ ਐਫ.ਆਈ.ਆਰ. ਦਰਜ ਕੀਤੀਆਂ ਗਈਆਂ ਹਨ ਅਤੇ ਉਸ ਵਿਰੁੱਧ ਕੋਈ ਹੋਰ ਅਪਰਾਧਿਕ ਮਾਮਲਾ ਲੰਬਿਤ ਨਹੀਂ ਹੈ। ਇਸ ਤੋਂ ਇਲਾਵਾ, ਉਸ ਦੀ ਨਜ਼ਰਬੰਦੀ ਦੀ ਮਿਆਦ ਨਿਰਵਿਵਾਦ ਹੈ, ਜੋ ਜ਼ਮਾਨਤ ਦੇਣ ਲਈ ਇੱਕ ਮੁੱਖ ਆਧਾਰ ਵਜੋਂ ਕੰਮ ਕਰਦੀ ਹੈ। ਸੁਣਵਾਈ ਦੌਰਾਨ, ਬਚਾਅ ਪੱਖ ਨੇ ਦਲੀਲ ਦਿੱਤੀ ਕਿ ਦੋਸ਼ੀ ਵਿਰੁੱਧ ਦਰਜ ਪਹਿਲੀ ਐਫ.ਆਈ.ਆਰ. 2018 ਵਿੱਚ ਫੇਸਬੁੱਕ 'ਤੇ ਹਥਿਆਰਾਂ ਨਾਲ ਫੋਟੋਆਂ ਅਪਲੋਡ ਕਰਨ ਨਾਲ ਸਬੰਧਤ ਸੀ, ਜਦੋਂ ਕਿ ਦੂਜੀ ਐਫ.ਆਈ.ਆਰ. ਕਥਿਤ ਤੌਰ 'ਤੇ ਪੁਲਿਸ ਹਿਰਾਸਤ ਵਿੱਚ ਦਿੱਤੇ ਗਏ ਬਿਆਨ 'ਤੇ ਅਧਾਰਤ ਸੀ। ਉਨ੍ਹਾਂ ਕਿਹਾ ਕਿ ਸੱਤ ਸਾਲ ਪੁਰਾਣੇ ਤੱਥਾਂ ਦੇ ਆਧਾਰ 'ਤੇ ਅਚਾਨਕ ਕੀਤੀ ਗਈ ਕਾਰਵਾਈ ਸ਼ੱਕ ਪੈਦਾ ਕਰਦੀ ਹੈ।

ਬਚਾਅ ਪੱਖ ਨੇ ਇਹ ਵੀ ਦਲੀਲ ਦਿੱਤੀ ਕਿ ਦੋਸ਼ੀ ਦਾ ਮੋਬਾਈਲ ਫੋਨ ਪਹਿਲਾਂ ਹੀ ਪੁਲਿਸ ਦੁਆਰਾ ਜ਼ਬਤ ਕਰ ਲਿਆ ਗਿਆ ਸੀ ਤੇ ਇਸ ਤੋਂ ਕੋਈ ਨਵੀਂ ਅਪਰਾਧਕ ਸਮੱਗਰੀ ਬਰਾਮਦ ਨਹੀਂ ਕੀਤੀ ਗਈ ਸੀ। ਕਥਿਤ ਕਾਲਾਂ ਵੀ ਆਪ੍ਰੇਸ਼ਨ ਸਿੰਦੂਰ ਸ਼ੁਰੂ ਹੋਣ ਤੋਂ ਪਹਿਲਾਂ ਹੋਈਆਂ ਸਨ ਤੇ ਇਹ ਸਾਬਤ ਨਹੀਂ ਕੀਤਾ ਜਾ ਸਕਿਆ ਕਿ ਕੋਈ ਸੰਵੇਦਨਸ਼ੀਲ ਜਾਣਕਾਰੀ ਅਸਲ ਵਿੱਚ ਸਾਂਝੀ ਕੀਤੀ ਗਈ ਸੀ। ਅਧਿਕਾਰਤ ਗੁਪਤ ਐਕਟ, 1923 ਦੇ ਉਪਬੰਧਾਂ ਦਾ ਹਵਾਲਾ ਦਿੰਦੇ ਹੋਏ, ਅਦਾਲਤ ਨੇ ਕਿਹਾ ਕਿ ਇਸ ਕਾਨੂੰਨ ਤਹਿਤ ਮੁਕੱਦਮਾ ਸ਼ੁਰੂ ਕਰਨ ਲਈ ਕੇਂਦਰ ਸਰਕਾਰ ਤੋਂ ਪਹਿਲਾਂ ਇਜਾਜ਼ਤ ਲਾਜ਼ਮੀ ਹੈ। ਹੈਰਾਨ ਕਰਨ ਵਾਲੀ ਗੱਲ ਹੈ ਕਿ ਜੁਲਾਈ, 2025 ਵਿੱਚ ਇਜਾਜ਼ਤ ਲੈਣ ਦੇ ਬਾਵਜੂਦ, ਨੌਂ ਮਹੀਨਿਆਂ ਬਾਅਦ ਵੀ ਪ੍ਰਵਾਨਗੀ ਨਹੀਂ ਦਿੱਤੀ ਗਈ ਹੈ। ਨਤੀਜੇ ਵਜੋਂ,ਅਦਾਲਤ ਨੇ ਕਿਹਾ ਕਿ ਅਜਿਹੀ ਪ੍ਰਵਾਨਗੀ ਤੋਂ ਬਿਨਾਂ, ਮਾਮਲੇ ਵਿੱਚ ਨੋਟਿਸ ਨਹੀਂ ਲਿਆ ਜਾ ਸਕਦਾ ਅਤੇ ਮੁਕੱਦਮਾ ਸ਼ੁਰੂ ਨਹੀਂ ਹੋ ਸਕਦਾ। ਇਸ ਦੌਰਾਨ, ਰਾਜ ਨੇ ਦੋਸ਼ ਲਗਾਇਆ ਕਿ ਦੋਸ਼ੀ ਪਾਕਿਸਤਾਨ ਸਥਿਤ ਵਿਅਕਤੀਆਂ, ਕਥਿਤ ਤੌਰ 'ਤੇ ਆਈ.ਐਸ. ਆਈ. ਏਜੰਟਾਂ, ਦੇ ਸੰਪਰਕ ਵਿੱਚ ਸੀ ਤੇ ਫੌਜੀ ਗਤੀਵਿਧੀਆਂ ਬਾਰੇ ਜਾਣਕਾਰੀ ਸਾਂਝੀ ਕਰਦਾ ਸੀ। ਹਾਲਾਂਕਿ,ਅਦਾਲਤ ਨੇ ਲੋੜੀਂਦੇ ਸਬੂਤਾਂ ਦੀ ਘਾਟ ਕਾਰਨ ਇਨ੍ਹਾਂ ਦਾਅਵਿਆਂ ਨੂੰ ਸਵੀਕਾਰ ਨਹੀਂ ਕੀਤਾ।ਸਾਰੇ ਪਹਿਲੂਆਂ 'ਤੇ ਵਿਚਾਰ ਕਰਨ ਤੋਂ ਬਾਅਦ, ਹਾਈ ਕੋਰਟ ਨੇ ਦੋਸ਼ੀ ਨੂੰ ਨਿਯਮਤ ਜ਼ਮਾਨਤ 'ਤੇ ਰਿਹਾਅ ਕਰਨ ਦਾ ਹੁਕਮ ਦਿੱਤਾ, ਜੋ ਕਿ ਹੇਠਲੀ ਅਦਾਲਤ ਦੀ ਸੰਤੁਸ਼ਟੀ ਦੇ ਅਧੀਨ ਹੈ।

# ਅਕਾਲੀ ਦਲ ਬਾਦਲ ਨੂੰ ਇੱਕ ਹੋਰ ਵੱਡਾ ਝਟਕਾ, ਰਵਿੰਦਰ ਸਿੰਘ ਖੁਰਾਨਾ ਟੀਮ ਕਾਲਕਾ ਦਾ ਬਣੇ ਹਿੱਸਾ

ਨਵੀਂ ਦਿੱਲੀ, 8 ਅਪ੍ਰੈਲ (ਅੰਮ੍ਰਿਤਪਾਲ ਸਿੰਘ): ਦਿੱਲੀ ਦੀ ਸਿੱਖ ਰਾਜਨੀਤੀ ਵਿੱਚ ਅਕਾਲੀ ਦਲ ਬਾਦਲ ਨੂੰ ਉਸ ਵੇਲੇ ਇੱਕ ਹੋਰ ਵੱਡਾ ਝਟਕਾ ਲੱਗਿਆ ਜਦੋਂ ਪਾਰਟੀ ਦੇ ਸੀਨੀਅਰ



ਨੇਤਾ ਰਵਿੰਦਰ ਸਿੰਘ ਖੁਰਾਨਾ ਆਪਣੇ ਸੈਂਕੜਿਆਂ ਸਾਥੀਆਂ ਸਮੇਤ ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਵਿੱਚ ਸ਼ਾਮਲ ਹੋ ਗਏ। ਹਰਮੀਤ ਸਿੰਘ ਕਾਲਕਾ ਅਤੇ ਸਰਦਾਰ ਐਮ.ਪੀ. ਚੱਢਾ ਵੱਲੋਂ ਉਨ੍ਹਾਂ ਨੂੰ ਪਾਰਟੀ ਦਾ ਪਟਕਾ ਪਹਿਨਾ ਕੇ ਸ਼ਾਮਲ ਕੀਤਾ ਗਿਆ। ਇਸ ਦੇ ਨਾਲ ਹੀ ਉਨ੍ਹਾਂ ਨੂੰ ਪਾਰਟੀ ਦਾ ਸਰਪ੍ਰਸਤ ਐਲਾਨਿਆ ਗਿਆ। ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਤੇ ਮਹਾਸਚਿਵ ਜਗਦੀਪ ਸਿੰਘ ਕਾਹਲੋਂ ਨੇ ਰਵਿੰਦਰ ਸਿੰਘ ਖੁਰਾਨਾ ਤੇ ਉਨ੍ਹਾਂ ਦੇ ਸਾਥੀਆਂ ਦਾ ਪਾਰਟੀ ਵਿੱਚ ਸ਼ਾਮਲ ਹੋਣ 'ਤੇ ਸਵਾਗਤ ਕੀਤਾ। ਉਨ੍ਹਾਂ ਨੇ ਕਿਹਾ ਕਿ ਰਵਿੰਦਰ ਸਿੰਘ ਖੁਰਾਨਾ ਤੇ ਉਨ੍ਹਾਂ ਦੇ ਪਰਿਵਾਰ ਦਾ ਦਿੱਲੀ ਦੀ ਸਿੱਖ ਰਾਜਨੀਤੀ ਤੇ ਖਾਸ ਕਰਕੇ ਦਿੱਲੀ ਗੁਰਦੁਆਰਾ ਕਮੇਟੀ ਵਿੱਚ ਮਹੱਤਵਪੂਰਨ ਯੋਗਦਾਨ ਰਿਹਾ ਹੈ। ਰਵਿੰਦਰ ਸਿੰਘ ਖੁਰਾਨਾ ਦਿੱਲੀ ਗੁਰਦੁਆਰਾ ਕਮੇਟੀ ਵਿੱਚ ਮਹਾਸਚਿਵ, ਸੀਨੀਅਰ ਉਪ ਪ੍ਰਧਾਨ ਤੇ ਸਾਂਝੇ ਸਕੱਤਰ ਵਰਗੇ ਮਹੱਤਵਪੂਰਨ ਅਹੁਦਿਆਂ 'ਤੇ ਸੇਵਾ ਕਰ ਚੁੱਕੇ ਹਨ। ਇਸ ਦੇ ਨਾਲ ਹੀ ਉਹ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਤੇ ਗੁਰੂ ਨਾਨਕ ਦੇਵ ਕਾਲਜ ਦੇਵ ਨਗਰ ਵਿੱਚ ਚੇਅਰਮੈਨ ਵਜੋਂ ਵੀ ਸੇਵਾਵਾਂ ਨਿਭਾ ਚੁੱਕੇ ਹਨ। ਇਸ ਲਈ ਨਿਸ਼ਚਿਤ ਤੌਰ 'ਤੇ ਉਨ੍ਹਾਂ ਦੇ ਆਉਣ ਨਾਲ ਪਾਰਟੀ ਨੂੰ ਕਾਫੀ ਮਜ਼ਬੂਤੀ ਮਿਲੀ ਹੈ। ਰਵਿੰਦਰ ਸਿੰਘ ਖੁਰਾਨਾ ਨੇ ਕਿਹਾ ਕਿ ਦਿੱਲੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਿੱਚ ਹਰਮੀਤ ਸਿੰਘ ਕਾਲਕਾ, ਜਗਦੀਪ ਸਿੰਘ ਕਾਹਲੋਂ ਤੇ ਉਨ੍ਹਾਂ ਦੀ ਟੀਮ ਵੱਲੋਂ ਸਿਹਤ, ਸਿੱਖਿਆ ਆਦਿ ਖੇਤਰਾਂ ਵਿੱਚ ਕੀਤੀਆਂ ਜਾ ਰਹੀਆਂ ਸੇਵਾਵਾਂ ਨੂੰ ਉਹ ਲੰਮੇ ਸਮੇਂ ਤੋਂ ਦੇਖ ਰਹੇ ਹਨ। ਖਾਸ ਕਰਕੇ ਜਿਸ ਤਰ੍ਹਾਂ ਕਰੋਨਾ ਕਾਲ ਤੇ ਕਿਸਾਨ ਮੋਰਚੇ ਦੌਰਾਨ ਇਸ ਟੀਮ ਨੇ ਸੇਵਾਵਾਂ ਦਿੱਤੀਆਂ, ਉਹ ਕਾਬਿਲ-ਏ-ਤਾਰੀਫ਼ ਹਨ। ਇਸ ਤੋਂ ਪ੍ਰਭਾਵਿਤ ਹੋ ਕੇ ਉਨ੍ਹਾਂ ਨੇ ਟੀਮ ਕਾਲਕਾ ਦਾ ਹਿੱਸਾ ਬਣਨ ਦਾ ਫੈਸਲਾ ਕੀਤਾ। ਉਨ੍ਹਾਂ ਨੇ ਕਿਹਾ ਕਿ ਹਰਮੀਤ ਸਿੰਘ ਕਾਲਕਾ ਨੇ ਉਨ੍ਹਾਂ 'ਤੇ ਭਰੋਸਾ ਕਰਕੇ ਉਨ੍ਹਾਂ ਨੂੰ ਪਾਰਟੀ ਵਿੱਚ ਮਹੱਤਵਪੂਰਨ ਅਹੁਦਾ ਦਿੱਤਾ ਹੈ ਅਤੇ ਉਹ ਪਾਰਟੀ ਨੂੰ ਮਜ਼ਬੂਤ ਕਰਨ ਲਈ ਆਪਣੀਆਂ ਸੇਵਾਵਾਂ ਨਿਭਾਉਣ ਦੀ ਪੂਰੀ ਕੋਸ਼ਿਸ਼ ਕਰਨਗੇ। ਇਸ ਮੌਕੇ 'ਤੇ ਦਿੱਲੀ ਕਮੇਟੀ ਦੇ ਸੀਨੀਅਰ ਉਪ ਪ੍ਰਧਾਨ ਹਰਵਿੰਦਰ ਸਿੰਘ ਕੇ.ਪੀ., ਮੈਂਬਰ ਬੀਬੀ ਰਣਜੀਤ ਕੌਰ, ਭੁਪਿੰਦਰ ਸਿੰਘ ਭੁੱਲਰ, ਸੁਖਵਿੰਦਰ ਸਿੰਘ ਬੱਬਰ, ਮੀਡੀਆ ਸਲਾਹਕਾਰ ਸੁਦੀਪ ਸਿੰਘ, ਵਿਕੀ ਪਾਲਕੋ, ਸੁਖਦੇਵ ਸਿੰਘ ਰਿਆਤ, ਕੁਵੰਰ ਸਿੰਘ ਆਨੰਦ ਸਮੇਤ ਕਈ ਗਣਮਾਨਯ ਸ਼ਖ਼ਸੀਅਤਾਂ ਮੌਜੂਦ ਸਨ।

# ਸ਼ਹੀਦਾਂ ਦੀ ਧਰਤੀ ਸੰਗਰੂਰ ਨੂੰ 'ਸਿਉਂਕ' ਕਹਿਣਾ ਬਾਜਵਾ ਦੀ ਘਟੀਆ ਮਾਨਸਿਕਤਾ ਦੀ ਉਪਜ : ਧਾਲੀਵਾਲ

- ਬਾਜਵਾ ਨੇ ਊਧਮ ਸਿੰਘ ਤੇ ਠੀਕਰੀਵਾਲਾ ਦੀ ਧਰਤੀ ਦਾ ਅਪਮਾਨ ਕੀਤਾ, ਬਿਨਾਂ ਸ਼ਰਤ ਮਾਫ਼ੀ ਮੰਗਣ : ਧਾਲੀਵਾਲ
- ਸੰਗਰੂਰ ਤੋਂ ਉੱਠੀ ਇਨਕਲਾਬੀ ਲਹਿਰ 2027 ਵਿੱਚ ਬਾਜਵਾ ਦੇ ਗੜ੍ਹ ਕਾਦੀਆਂ ਤਕ ਪਹੁੰਚੇਗੀ ਤੇ ਪੰਜਾਬ ਚੋਂ ਪੂਰੀ ਕਾਂਗਰਸ ਦਾ ਸਫਾਇਆ ਕਰੇਗੀ: ਧਾਲੀਵਾਲ

ਚੰਡੀਗੜ੍ਹ, 8 ਅਪ੍ਰੈਲ (ਅੰਮ੍ਰਿਤਪਾਲ ਸਿੰਘ): ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਮੁੱਖ ਬੁਲਾਰੇ ਤੇ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਨੇ ਪੰਜਾਬ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਵੱਲੋਂ ਸੰਗਰੂਰ ਦੀ ਧਰਤੀ ਨੂੰ 'ਸਿਉਂਕ' ਪੈਦਾ ਕਰਨ ਵਾਲੀ ਧਰਤੀ ਦੱਸਣ ਵਾਲੇ ਬਿਆਨ 'ਤੇ ਤਿੱਖਾ ਹਮਲਾ ਕੀਤਾ ਹੈ। ਧਾਲੀਵਾਲ ਨੇ ਇਸ ਨੂੰ ਬਾਜਵਾ ਦੀ ਘਟੀਆ ਮਾਨਸਿਕਤਾ ਤੇ ਪੰਜਾਬ ਦੇ ਸ਼ਾਨਾਮੱਤੇ ਇਤਿਹਾਸ ਪ੍ਰਤੀ ਉਨ੍ਹਾਂ ਦੀ ਅਗਿਆਨਤਾ ਦਾ ਪ੍ਰਤੀਕ ਕਰਾਰ ਦਿੱਤਾ। ਬੁੱਧਵਾਰ ਨੂੰ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਧਾਲੀਵਾਲ ਨੇ ਕਿਹਾ ਕਿ ਪ੍ਰਤਾਪ ਸਿੰਘ ਬਾਜਵਾ ਨੂੰ ਬੋਲਣ ਤੋਂ ਪਹਿਲਾਂ ਸੰਗਰੂਰ ਦਾ ਇਤਿਹਾਸ ਪੜ੍ਹ ਲੈਣਾ ਚਾਹੀਦਾ ਸੀ। ਜਿਸ ਧਰਤੀ ਨੇ ਸ਼ਹੀਦ-ਏ-ਆਜ਼ਮ ਊਧਮ ਸਿੰਘ, ਸੇਵਾ ਸਿੰਘ ਠੀਕਰੀਵਾਲਾ ਵਰਗੇ ਮਹਾਨ ਦੇਸ਼ ਭਗਤ, ਨਾਮਧਾਰੀ ਕੂਕਾ ਲਹਿਰ ਤੇ ਰਿਆਸਤੀ ਅੰਦੋਲਨਾਂ ਨੂੰ ਜਨਮ ਦਿੱਤਾ, ਉਸ ਨੂੰ 'ਸਿਉਂਕ' ਕਹਿਣਾ ਬੇਹੱਦ ਸ਼ਰਮਨਾਕ ਹੈ। ਉਨ੍ਹਾਂ ਕਿਹਾ ਕਿ ਸੰਗਰੂਰ ਉਹ ਜ਼ਿਲ੍ਹਾ ਹੈ ਜਿਸ ਨੇ ਹਮੇਸ਼ਾ



ਇਨਕਲਾਬੀ ਲਹਿਰਾਂ ਦੀ ਅਗਵਾਈ ਕੀਤੀ ਹੈ, ਚਾਹੇ ਉਹ ਆਜ਼ਾਦੀ ਦੀ ਜੰਗ ਹੋਵੇ ਜਾਂ ਹਾਲੀਆ ਕਿਸਾਨ ਅੰਦੋਲਨ।

ਧਾਲੀਵਾਲ ਨੇ ਸਵਾਲ ਕੀਤਾ ਕਿ ਬਾਜਵਾ ਜਿਸ ਕਾਂਗਰਸੀ ਆਗੂ ਸੰਤ ਰਾਮ ਸਿੰਗਲਾ ਦੀ ਬਰਸੀ 'ਤੇ ਬੋਲ ਰਹੇ ਸਨ, ਕੀ ਉਹ ਵੀ 'ਸਿਉਂਕ' ਸਨ? ਉਨ੍ਹਾਂ ਕਿਹਾ ਕਿ ਉੱਥੇ ਮੌਜੂਦ ਸਾਬਕਾ ਮੰਤਰੀ ਵਿਜੇ ਇੰਦਰ ਸਿੰਗਲਾ ਦੀ ਜ਼ਮੀਰ ਨੇ ਉਨ੍ਹਾਂ ਨੂੰ ਕਿਵੇਂ ਨਹੀਂ ਟੋਕਿਆ ਕਿ ਬਾਜਵਾ ਸੰਗਰੂਰ ਦੀ ਧਰਤੀ ਨੂੰ ਕੀ ਕਹਿ ਰਹੇ ਹਨ? ਕੀ ਬਾਜਵਾ ਅਨੁਸਾਰ ਸਾਬਕਾ ਮੁੱਖ ਮੰਤਰੀ ਰਾਜਿੰਦਰ ਕੌਰ ਭੱਠਲ ਅਤੇ ਉਨ੍ਹਾਂ ਦੇ ਸੁਤੰਤਰਤਾ ਸੈਨਾਨੀ ਪਿਤਾ ਹੀਰਾ ਸਿੰਘ ਭੱਠਲ ਵੀ 'ਸਿਉਂਕ' ਸਨ? ਬਾਜਵਾ ਨੂੰ ਪੰਜਾਬ ਦੇ ਲੋਕਾਂ ਅਤੇ ਸੰਗਰੂਰ ਦੇ ਨਿਵਾਸੀਆਂ ਤੋਂ ਤੁਰੰਤ ਮੁਆਫੀ ਮੰਗਣੀ ਚਾਹੀਦੀ ਹੈ। ਕਾਂਗਰਸ 'ਤੇ ਪਲਟਵਾਰ ਕਰਦਿਆਂ ਧਾਲੀਵਾਲ ਨੇ ਕਿਹਾ ਕਿ ਅਸਲ ਵਿੱਚ ਕਾਂਗਰਸ ਉਹ 'ਸਿਉਂਕ' ਹੈ ਜਿਸ ਨੇ 75 ਸਾਲਾਂ ਤੱਕ ਦੇਸ਼ ਤੇ ਪੰਜਾਬ ਨੂੰ ਲੁੱਟਿਆ ਹੈ। ਉਨ੍ਹਾਂ ਕਿਹਾ ਕਿ ਬਾਜਵਾ ਸਾਹਿਬ, ਤੁਸੀਂ ਉਸ ਪਾਰਟੀ ਦੇ ਨੇਤਾ ਹੋ ਜਿਸ ਨੇ ਪੰਜਾਬ ਵਿੱਚ ਐਮਰਜੈਂਸੀ ਲਗਾਈ, ਆਪ੍ਰੇਸ਼ਨ ਬਲੂ ਸਟਾਰ ਕੀਤਾ, ਸਿੱਖਾਂ ਦਾ ਕਤਲੇਆਮ ਕੀਤਾ ਤੇ ਹਜ਼ਾਰਾਂ ਨੌਜਵਾਨਾਂ ਨੂੰ ਝੂਠੇ ਪੁਲਿਸ ਮੁਕਾਬਲਿਆਂ ਵਿੱਚ ਮਰਵਾ ਦਿੱਤਾ। ਕੋਲਾ ਘੁਟਾਲੇ ਤੋਂ ਲੈ ਕੇ ਕੈਪਟਨ ਸਰਕਾਰ ਵੇਲੇ ਸਾਧੂ ਸਿੰਘ ਧਰਮਸੋਤ ਅਤੇ ਆਸ਼ੂ ਵਰਗੇ ਮੰਤਰੀਆਂ ਦੇ ਭ੍ਰਿਸ਼ਟਾਚਾਰ ਤੱਕ, ਤੁਹਾਡੀ ਪਾਰਟੀ ਨੇ ਪੰਜਾਬ ਨੂੰ ਕੇਵਲ ਬਰਬਾਦ ਹੀ ਕੀਤਾ ਹੈ।

ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਆਮ ਆਦਮੀ ਪਾਰਟੀ ਕੋਈ ਸਾਧਾਰਨ ਪਾਰਟੀ ਨਹੀਂ, ਸਗੋਂ ਸੰਗਰੂਰ ਦੀ ਇਸੇ ਕ੍ਰਾਂਤੀਕਾਰੀ ਮਿੱਟੀ ਤੋਂ ਉੱਠੀ ਇੱਕ ਲਹਿਰ ਹੈ, ਜਿਸ ਨੇ ਕੈਪਟਨ ਅਮਰਿੰਦਰ ਸਿੰਘ, ਬਾਦਲ ਪਰਿਵਾਰ ਅਤੇ ਭੱਠਲ ਵਰਗੇ ਵੱਡੇ-ਵੱਡੇ ਸਿਆਸੀ ਕਿਲ੍ਹਿਆਂ ਦੀਆਂ ਜੜ੍ਹਾਂ ਹਿਲਾ ਦਿੱਤੀਆਂ। ਉਨ੍ਹਾਂ ਚੇਤਾਵਨੀ ਦਿੰਦਿਆਂ ਕਿਹਾ ਕਿ ਜੋ ਲਹਿਰ ਸੰਗਰੂਰ ਤੋਂ ਚੱਲੀ ਸੀ, ਉਹ 2027 ਵਿੱਚ ਬਾਜਵਾ ਦੇ ਗੜ੍ਹ ਕਾਦੀਆਂ ਤੱਕ ਪਹੁੰਚੇਗੀ ਅਤੇ ਕਾਂਗਰਸ ਦਾ ਪੂਰੀ ਤਰ੍ਹਾਂ ਸਫਾਇਆ ਕਰ ਦੇਵੇਗੀ। ਪਿਛਲੀ ਵਾਰ 92 ਸੀਟਾਂ ਆਈਆਂ ਸਨ, ਅਗਲੀ ਵਾਰ 100 ਤੋਂ ਪਾਰ ਹੋਣਗੀਆਂ ਕਿਉਂਕਿ ਪੰਜਾਬ ਦੇ ਲੋਕ ਹੁਣ ਕਾਂਗਰਸ ਦੀ 'ਲੁੱਟ ਅਤੇ ਕੁੱਟ' ਵਾਲੀ ਰਾਜਨੀਤੀ ਨੂੰ ਬਰਦਾਸ਼ਤ ਨਹੀਂ ਕਰਨਗੇ।

## ਸੰਪਾਦਕੀ

# ਜੰਗਬੰਦੀ-ਕੁਝ ਰਾਹਤ

ਮੱਧ-ਪੂਰਬ ਦੀ ਧਰਤੀ ਉੱਤੇ ਦਹਾਕਿਆਂ ਤੋਂ ਚੱਲੀ ਆ ਰਹੀ ਤਣਾਅ ਭਰੀ ਸਥਿਤੀ ਇੱਕ ਵਾਰ ਫਿਰ ਭੱਖ ਉੱਠੀ ਜਦੋਂ 28 ਫਰਵਰੀ 2026 ਨੂੰ ਅਮਰੀਕਾ ਅਤੇ ਇਜ਼ਰਾਈਲ ਨੇ ਇੱਕਠੇ ਮਿਲ ਕੇ ਈਰਾਨ ਦੀ ਫੌਜੀ ਲੀਡਰਸ਼ਿਪ, ਪ੍ਰਮਾਣੂ ਪ੍ਰੋਗਰਾਮ ਅਤੇ ਰਣਨੀਤਕ ਬੁਨਿਆਦੀ ਢਾਂਚੇ ਵਿਰੁੱਧ ਵੱਡੀ ਫੌਜੀ ਮੁਹਿੰਮ ਸ਼ੁਰੂ ਕੀਤੀ। ਇਸ ਜੰਗ ਨੇ ਪੂਰੀ ਦੁਨੀਆ ਨੂੰ ਚਿੰਤਾ ਵਿੱਚ ਪਾ ਦਿੱਤਾ ਅਤੇ ਤੇਲ ਦੀਆਂ ਕੀਮਤਾਂ ਅਸਮਾਨ ਛੂਹਣ ਲੱਗੀਆਂ। ਇਸ ਜੰਗ ਦੌਰਾਨ ਈਰਾਨ ਨੇ ਇਜ਼ਰਾਈਲ ਅਤੇ ਖਾੜੀ ਦੇਸ਼ਾਂ ਉੱਤੇ ਮਿਜ਼ਾਈਲ ਅਤੇ ਡਰੋਨ ਹਮਲੇ ਕੀਤੇ, ਨਾਲ ਹੀ ਹੋਰਮੁਜ਼ ਦੀ ਖਾੜੀ ਉੱਤੇ ਆਪਣਾ ਕਬਜ਼ਾ ਕਾਇਮ ਕਰਕੇ ਵਿਸ਼ਵ ਊਰਜਾ ਸੰਕਟ ਪੈਦਾ ਕਰ ਦਿੱਤਾ। ਅਮਰੀਕਾ ਵਿੱਚ ਪੈਟਰੋਲ ਦੀ ਕੀਮਤ ਜੰਗ ਤੋਂ ਪਹਿਲਾਂ 2.98 ਡਾਲਰ ਪ੍ਰਤੀ ਗੈਲਨ ਤੋਂ ਵੱਧ ਕੇ 4.14 ਡਾਲਰ ਪ੍ਰਤੀ ਗੈਲਨ ਹੋ ਗਈ, ਯਾਨੀ ਲਗਭਗ 39 ਫੀਸਦੀ ਦਾ ਵਾਧਾ। ਟਰੰਪ ਪ੍ਰਸ਼ਾਸਨ ਨੇ ਈਰਾਨ ਉੱਤੇ ਲਗਾਤਾਰ ਦਬਾਅ ਬਣਾਈ ਰੱਖਿਆ। ਟਰੰਪ ਨੇ ਈਰਾਨ ਦੇ ਪੁਲਾਂ, ਬਿਜਲੀ ਘਰਾਂ ਅਤੇ ਹੋਰ ਬੁਨਿਆਦੀ ਢਾਂਚੇ ਨੂੰ ਤਬਾਹ ਕਰਨ ਦੀ ਧਮਕੀ ਦਿੱਤੀ ਸੀ — ਇੱਕ ਅਜਿਹੀ ਮੁਹਿੰਮ ਜਿਸ ਬਾਰੇ ਫੌਜੀ ਅਤੇ ਕਾਨੂੰਨੀ ਮਾਹਰਾਂ ਨੇ ਚੇਤਾਵਨੀ ਦਿੱਤੀ ਕਿ ਇਹ ਅੰਤਰਰਾਸ਼ਟਰੀ ਕਾਨੂੰਨ ਦੀ ਉਲੰਘਣਾ ਹੋਵੇਗੀ। ਇਸ ਖ਼ਤਰਨਾਕ ਮੋੜ ਉੱਤੇ ਪਾਕਿਸਤਾਨ ਇੱਕ ਮਹੱਤਵਪੂਰਨ ਵਿਚੋਲੇ ਵਜੋਂ ਅੱਗੇ ਆਇਆ। ਟਰੰਪ ਨੇ ਕਿਹਾ ਕਿ ਉਸਨੇ ਪਾਕਿਸਤਾਨੀ ਪ੍ਰਧਾਨ ਮੰਤਰੀ ਸ਼ਹਿਬਾਜ਼ ਸ਼ਰੀਫ਼ ਅਤੇ ਫੌਜ ਮੁਖੀ ਜਨਰਲ ਆਸਿਮ ਮੁਨੀਰ ਨਾਲ ਗੱਲਬਾਤ ਤੋਂ ਬਾਅਦ ਇਹ ਫ਼ੈਸਲਾ ਕੀਤਾ, ਜਿਨ੍ਹਾਂ ਨੇ ਉਸਨੂੰ ਫੌਜੀ ਕਾਰਵਾਈ ਰੋਕਣ ਅਤੇ ਦੋ ਹਫ਼ਤੇ ਦੀ ਜੰਗਬੰਦੀ ਦਾ ਢਾਂਚਾ ਪੇਸ਼ ਕੀਤਾ। ਪਾਕਿਸਤਾਨੀ ਪ੍ਰਧਾਨ ਮੰਤਰੀ ਸ਼ਰੀਫ਼ ਨੇ ਦੋਵਾਂ ਦੇਸ਼ਾਂ ਦੇ ਵਫ਼ਦਾਂ ਨੂੰ 10 ਅਪ੍ਰੈਲ 2026 ਨੂੰ ਇਸਲਾਮਾਬਾਦ ਵਿੱਚ ਹੋਰ ਗੱਲਬਾਤ ਲਈ ਸੱਦਾ ਦਿੱਤਾ। ਟਰੰਪ ਨੇ ਆਪਣੇ ਸੋਸ਼ਲ ਮੀਡੀਆ 'ਤੇ ਲਿਖਿਆ ਕਿ ਜੇ ਈਰਾਨ ਹੋਰਮੁਜ਼ ਦੀ ਖਾੜੀ ਨੂੰ ਪੂਰੀ ਤਰ੍ਹਾਂ, ਤੁਰੰਤ ਅਤੇ ਸੁਰੱਖਿਅਤ ਖੋਲ੍ਹਣ ਲਈ ਰਾਜ਼ੀ ਹੁੰਦਾ ਹੈ ਤਾਂ ਉਹ ਦੋ ਹਫ਼ਤਿਆਂ ਲਈ ਈਰਾਨ ਉੱਤੇ ਹਮਲੇ ਮੁਅੱਤਲ ਕਰ ਦੇਵੇਗਾ। ਈਰਾਨ ਦੇ ਵਿਦੇਸ਼ ਮੰਤਰੀ ਅੱਬਾਸ ਅਰਾਘਚੀ ਨੇ ਤਹਿਰਾਨ ਦੀ ਸਹਿਮਤੀ ਦੀ ਪੁਸ਼ਟੀ ਕੀਤੀ ਅਤੇ ਕਿਹਾ ਕਿ ਈਰਾਨ ਦੋ ਹਫ਼ਤਿਆਂ ਲਈ ਹੋਰਮੁਜ਼ ਦੀ ਖਾੜੀ ਵਿੱਚੋਂ ਸੁਰੱਖਿਅਤ ਲੰਘਣ ਦੀ ਆਗਿਆ ਦੇਵੇਗਾ। ਈਰਾਨ ਦੀ 10-ਨੁਕਾਤੀ ਤਜਵੀਜ਼ ਵਿੱਚ ਸਾਰੀਆਂ ਪਾਬੰਦੀਆਂ ਹਟਾਉਣ, ਵਿਦੇਸ਼ਾਂ ਵਿੱਚ ਜਮੇ ਈਰਾਨੀ ਸੰਪੱਤੀਆਂ ਦੀ ਵਾਪਸੀ, ਖੇਤਰ ਵਿੱਚੋਂ ਅਮਰੀਕੀ ਫੌਜ ਦੀ ਵਾਪਸੀ, ਮੁਆਵਜ਼ਾ ਅਤੇ ਯੂਰੇਨੀਅਮ ਸੰਸ਼ੋਧਨ ਦੇ ਅਧਿਕਾਰ ਸ਼ਾਮਲ ਸਨ। ਜੰਗਬੰਦੀ ਦੀ ਖ਼ਬਰ ਸੁਣਦਿਆਂ ਹੀ ਵਿਸ਼ਵ ਬਾਜ਼ਾਰਾਂ ਵਿੱਚ ਰੌਣਕ ਆ ਗਈ। ਅਮਰੀਕੀ ਐੱਸ ਐਂਡ ਪੀ 500 ਫਿਊਚਰਜ਼ ਰਾਤ 10:30 ਵਜੇ ਤੱਕ 2.3 ਫੀਸਦੀ ਉੱਪਰ ਚਲੇ ਗਏ, ਜਾਪਾਨ ਦਾ ਨਿੱਕੇਈ ਸੂਚਕਾਂਕ 5.1 ਫੀਸਦੀ ਅਤੇ ਹਾਂਗਕਾਂਗ ਦਾ ਹੈਂਗ ਸੇਂਗ 2.4 ਫੀਸਦੀ ਉੱਪਰ ਗਿਆ। ਤੇਲ ਦੀਆਂ ਕੀਮਤਾਂ ਵਿੱਚ ਦੋਹਰੇ ਅੰਕਾਂ ਦੀ ਗਿਰਾਵਟ ਆਈ—ਅਮਰੀਕੀ ਡਬਲਿਊ ਟੀ ਆਈ ਕੱਚਾ ਤੇਲ 14.3 ਫੀਸਦੀ ਡਿੱਗ ਕੇ ਲਗਭਗ 97 ਡਾਲਰ ਪ੍ਰਤੀ ਬੈਰਲ ਉੱਤੇ ਆ ਗਿਆ। ਦਿਲਚਸਪ ਗੱਲ ਇਹ ਰਹੀ ਕਿ ਦੋਵੇਂ ਧਿਰਾਂ ਨੇ ਜੰਗਬੰਦੀ ਨੂੰ ਆਪਣੀ ਜਿੱਤ ਵਜੋਂ ਪੇਸ਼ ਕੀਤਾ। ਈਰਾਨ ਦੀ ਸੁਪਰੀਮ ਨੈਸ਼ਨਲ ਸਿਕਿਉਰਿਟੀ ਕੌਂਸਲ ਨੇ ਕਿਹਾ ਕਿ ਜੰਗ ਦੇ ਲਗਭਗ ਸਾਰੇ ਟੀਚੇ ਹਾਸਲ ਕਰ ਲਏ ਗਏ ਹਨ। ਦੂਜੇ ਪਾਸੇ, ਟਰੰਪ ਨੇ ਇਸਨੂੰ ਸਭ ਦੀ ਜਿੱਤ ਕਰਾਰ ਦਿੱਤਾ ਅਤੇ ਕਿਹਾ ਕਿ ਅਮਰੀਕਾ ਆਪਣੇ ਸਾਰੇ ਫੌਜੀ ਟੀਚੇ ਪੂਰੇ ਕਰ ਚੁੱਕਾ ਹੈ। ਭਾਵੇਂ ਜੰਗਬੰਦੀ ਹੋ ਗਈ, ਪਰ ਕਈ ਸਵਾਲ ਅਜੇ ਵੀ ਅਣਸੁਲਝੇ ਹਨ। ਇਜ਼ਰਾਈਲ ਦੇ ਪ੍ਰਧਾਨ ਮੰਤਰੀ ਨੇ ਕਿਹਾ ਕਿ ਜੰਗਬੰਦੀ ਵਿੱਚ ਲੇਬਨਾਨ ਸ਼ਾਮਲ ਨਹੀਂ ਹੈ, ਜਦਕਿ ਪਾਕਿਸਤਾਨੀ ਪ੍ਰਧਾਨ ਮੰਤਰੀ ਨੇ ਕਿਹਾ ਕਿ ਇਹ ਸਭ ਥਾਵਾਂ ਉੱਤੇ ਲਾਗੂ ਹੋਵੇਗੀ। ਈਰਾਨ ਦੀ ਸੁਪਰੀਮ ਨੈਸ਼ਨਲ ਸਿਕਿਉਰਿਟੀ ਕੌਂਸਲ ਨੇ ਸਪੱਸ਼ਟ ਕੀਤਾ ਕਿ ਇਹ ਜੰਗ ਦਾ ਅੰਤ ਨਹੀਂ ਹੈ। ਅਮਰੀਕਾ-ਈਰਾਨ ਵਿਚਾਲੇ 14 ਦਿਨ ਦੀ ਜੰਗਬੰਦੀ ਨਿਸ਼ਚਿਤ ਤੌਰ 'ਤੇ ਇੱਕ ਅਹਿਮ ਕੂਟਨੀਤਕ ਮੋੜ ਹੈ। ਪਾਕਿਸਤਾਨ ਦੀ ਵਿਚੋਲਗੀ ਨਾਲ ਹੋਈ ਇਸ ਜੰਗਬੰਦੀ ਨੇ 40 ਦਿਨਾਂ ਦੀ ਅਮਰੀਕੀ-ਇਜ਼ਰਾਈਲੀ ਤਬਾਹੀ ਨੂੰ ਰੋਕਿਆ ਅਤੇ ਖੇਤਰ ਨੂੰ ਹੋਰ ਵੱਡੀ ਜੰਗ ਦੀ ਕਗਾਰ ਤੋਂ ਪਿੱਛੇ ਕੀਤਾ। ਦੋ ਹਫ਼ਤਿਆਂ ਦੌਰਾਨ ਇਸਲਾਮਾਬਾਦ ਵਿੱਚ ਹੋਣ ਵਾਲੀਆਂ ਗੱਲਬਾਤਾਂ ਦਾ ਨਤੀਜਾ ਹੀ ਦੱਸੇਗਾ ਕਿ ਮੱਧ-ਪੂਰਬ ਵਿੱਚ ਸਥਾਈ ਸ਼ਾਂਤੀ ਦਾ ਰਾਹ ਕਿੱਥੇ ਜਾਂਦਾ ਹੈ।

**-ਜਗਜੀਤ ਸਿੰਘ ਦਰਦੀ**

## ਈਰਾਨ-ਇਜ਼ਰਾਈਲ-ਅਮਰੀਕਾ ਵਿਚਕਾਰ ਸੀਜ਼ਫਾਇਰ

# ਦੁਨੀਆਂ ਲਈ ਰਾਹਤ ਅਤੇ ਵਿਸ਼ਵ ਸ਼ਾਂਤੀ ਲਈ ਇੱਕ ਨਵੀਂ ਉਮੀਦ



ਪ੍ਰੋ . ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਪਿਛਲੇ ਦਿਨਾਂ ਤੋਂ ਚੱਲ ਰਹੀ ਵਿਸ਼ਵ ਤਬਾਹੀ, ਮੌਤਾਂ ਅਤੇ ਈਰਾਨ, ਇਜ਼ਰਾਈਲ ਅਤੇ ਅਮਰੀਕਾ ਵਿਚਕਾਰ ਇੱਕ ਅਸਥਾਈ ਦੋ ਹਫ਼ਤਿਆਂ ਦਾ ਸੀਜ਼ਫਾਇਰ ਐਲਾਨ ਕੀਤਾ ਗਿਆ ਹੈ।

ਹੁਣ ਇਹ ਫੈਸਲਾ ਫਰਵਰੀ 28,2026 ਨੂੰ ਸ਼ੁਰੂ ਹੋਈ ਯੁੱਧ ਦੀਆਂ ਪੰਜ ਹਫ਼ਤਿਆਂ ਤੋਂ ਵੱਧ ਚੱਲ ਰਹੀਆਂ ਘਟਨਾਵਾਂ ਤੋਂ ਬਾਅਦ ਆਇਆ ਹੈ। ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਇਸ ਨੂੰ ਈਰਾਨ ਵੱਲੋਂ ਪੇਸ਼ ਕੀਤੀ ਗਈ 10-ਪੁਆਇੰਟ ਯੋਜਨਾ ਨੂੰ ਕੰਮਯਾਬ ਦੱਸਿਆ, ਹਾਲਾਂਕਿ ਬਾਅਦ ਵਿਚ ਉਨ੍ਹਾਂ ਨੇ ਇਸ ਨੂੰ ਧੋਖਾਧੜੀ ਵੀ ਕਿਹਾ। ਇਸ ਸੀਜ਼ਫਾਇਰ ਵਿਚ ਸਟਰੇਟ ਆਫ਼ ਹਾਰਮੁਜ਼ ਨੂੰ ਮੁੜ ਖੋਲ੍ਹਣਾ ਸ਼ਾਮਲ ਹੈ, ਜੋ ਵਿਸ਼ਵ ਤੇਲ ਸਪਲਾਈ ਲਈ ਬਹੁਤ ਮਹੱਤਵਪੂਰਨ ਹੈ।

ਇਸ ਯੁੱਧ ਦੀ ਸ਼ੁਰੂਆਤ ਅਮਰੀਕਾ ਅਤੇ ਇਜ਼ਰਾਈਲ ਵੱਲੋਂ ਈਰਾਨ ਉੱਤੇ ਹਜ਼ਾਰਾਂ ਹਵਾਈ ਹਮਲਿਆਂ ਨਾਲ ਹੋਈ ਸੀ, ਜਿਸ ਵਿਚ ਈਰਾਨੀ ਸੁਪਰੀਮ ਲੀਡਰ ਅਲੀ ਖਾਮਨੇਈ ਸਮੇਤ ਕਈ ਉੱਚ ਅਧਿਕਾਰੀ ਮਾਰੇ ਗਏ। ਈਰਾਨ ਨੇ ਇਸ ਦਾ ਜਵਾਬ ਮਿਜ਼ਾਈਲਾਂ ਅਤੇ ਡਰੋਨਾਂ ਨਾਲ ਦਿੱਤਾ, ਜਿਸ ਨਾਲ ਇਜ਼ਰਾਈਲ, ਲੈਬਨਾਨ ਅਤੇ ਖਾੜੀ ਦੇਸ਼ਾਂ ਵਿਚ ਨੁਕਸਾਨ ਹੋਇਆ। ਇਸ ਤੋਂ ਇਲਾਵਾ ਸਟਰੇਟ ਆਫ਼ ਹਾਰਮੁਜ਼ ਨੂੰ ਬੰਦ ਕਰ ਦਿੱਤਾ ਗਿਆ, ਜਿਸ ਨਾਲ ਵਿਸ਼ਵ ਆਰਥਿਕਤਾ ਉੱਤੇ ਗੰਭੀਰ ਅਸਰ ਪਿਆ। ਪਾਕਿਸਤਾਨ, ਚੀਨ ਅਤੇ ਹੋਰ ਵਿਚੋਲਿਆਂ ਦੀ ਮਿਹਨਤ ਨਾਲ ਇਹ ਸੀਜ਼ਫਾਇਰ ਤੈਅ ਹੋਇਆ ਹੈ। ਈਰਾਨੀ ਟੀਵੀ ਨੇ ਇਸ ਨੂੰ ਈਰਾਨ ਦੀ ਜਿੱਤ ਵਜੋਂ ਪੇਸ਼ ਕੀਤਾ ਹੈ।

ਅੱਜ ਇਹ ਸੀਜ਼ਫਾਇਰ ਦੁਨੀਆਂ ਲਈ ਰਾਹਤ ਦੀ ਖ਼ਬਰ ਹੈ ਕਿਉਂਕਿ ਇਸ ਨਾਲ ਤੇਲ ਦੀਆਂ ਕੀਮਤਾਂ ਘੱਟ ਹੋਈਆਂ ਹਨ ਅਤੇ ਵਿਸ਼ਵ ਆਰਥਿਕਤਾ ਵਿਚ ਅਸਥਿਰਤਾ ਘਟੀ ਹੈ ਪਰ ਇਹ ਸਿਰਫ਼ ਅਸਥਾਈ ਹੈ ਅਤੇ ਲੰਬੇ ਸਮੇਂ ਲਈ ਸ਼ਾਂਤੀ ਲਈ ਗੰਭੀਰ ਗੱਲਬਾਤ ਦੀ ਲੋੜ ਹੈ। ਯੁੱਧ ਦੀਆਂ ਸੰਭਾਵਨਾਵਾਂ ਅਤੇ ਅੰਕੜੇ ਫਰਵਰੀ ਤੋਂ ਅਪ੍ਰੈਲ 2026 ਤੱਕ ਚੱਲੇ ਇਸ ਯੁੱਧ ਵਿਚ ਹਜ਼ਾਰਾਂ ਲੋਕ ਮਾਰੇ ਗਏ ਅਤੇ ਲੱਖਾਂ ਵਿਸਥਾਪਿਤ ਹੋਏ। ਵੱਖ-ਵੱਖ ਸਰੋਤਾਂ ਅਨੁਸਾਰ ਅੰਕੜੇ ਇਸ ਤਰ੍ਹਾਂ ਹਨ: ਈਰਾਨ ਵਿਚ: ਹੈਂਗਾਵ ਅਤੇ HRANA ਵਰਗੀਆਂ ਸੰਸਥਾਵਾਂ ਅਨੁਸਾਰ 3,600 ਤੋਂ 7,300 ਤੱਕ ਮੌਤਾਂ, ਜਿਨ੍ਹਾਂ ਵਿਚ 1,700 ਤੋਂ ਵੱਧ ਨਾਗਰਿਕ ਸ਼ਾਮਲ ਹਨ (ਬੱਚਿਆਂ ਸਮੇਤ)। ਈਰਾਨੀ ਸਿਹਤ ਮੰਤਰਾਲੇ ਅਨੁਸਾਰ 2,000 ਤੋਂ ਵੱਧ ਮੌਤਾਂ ਅਤੇ 26,500 ਤੋਂ ਵੱਧ ਜ਼ਖ਼ਮੀ। ਯੁੱਧ ਵਿਚ ਈਰਾਨੀ ਫੌਜੀ ਟਿਕਾਣਿਆਂ, ਤੇਲ ਫੈਕਟਰੀਆਂ ਅਤੇ ਯੂਨੀਵਰਸਿਟੀਆਂ ਉੱਤੇ ਹਮਲੇ ਹੋਏ।

ਅੱਜ ਇਜ਼ਰਾਈਲ ਵਿਚ 23 ਤੋਂ 39 ਮੌਤਾਂ (ਜਿਨ੍ਹਾਂ ਵਿਚ ਇੱਕ ਸਿਪਾਹੀ ਸ਼ਾਮਲ), 7,000 ਤੋਂ ਵੱਧ ਜ਼ਖ਼ਮੀ। ਈਰਾਨੀ ਮਿਜ਼ਾਈਲ ਹਮਲਿਆਂ ਨਾਲ ਤੇਲ ਅਵੀਵ ਅਤੇ ਹੋਰ ਇਲਾਕਿਆਂ ਵਿਚ ਨੁਕਸਾਨ ਹੋਇਆ। ਉਧਰ ਲੈਬਨਾਨ ਵਿਚ 1,500 ਤੋਂ ਵੱਧ ਮੌਤਾਂ, ਜਿਨ੍ਹਾਂ ਵਿਚ ਹਿਜ਼ਬੁੱਲਾਹ ਲੜਾਕੂ ਅਤੇ ਨਾਗਰਿਕ ਸ਼ਾਮਲ ਹਨ। ਇਜ਼ਰਾਈਲੀ ਹਮਲਿਆਂ ਨਾਲ ਲੈਬਨਾਨ ਵਿਚ ਇੱਕ ਛੇਵੀਂ ਆਬਾਦੀ ਵਿਸਥਾਪਿਤ ਹੋਈ। ਅਮਰੀਕਾ ਅਤੇ ਹੋਰਨਾਂ ਦੇ ਅਮਰੀਕੀ ਫੌਜ ਵਿਚ 15 ਮੌਤਾਂ ਅਤੇ 500 ਤੋਂ ਵੱਧ ਜ਼ਖ਼ਮੀ। ਖਾੜੀ ਦੇਸ਼ਾਂ ਵਿਚ ਵੀ ਨੁਕਸਾਨ ਹੋਇਆ।

ਅੱਜ ਕੁੱਲ ਮਿਲਾ ਕੇ 4,000 ਤੋਂ 9,000 ਤੱਕ ਮੌਤਾਂ ਅਤੇ ਲੱਖਾਂ ਜ਼ਖ਼ਮੀ ਰਿਪੋਰਟ ਹੋਏ ਹਨ। ਆਰਥਿਕ ਨੁਕਸਾਨ ਅਰਬਾਂ ਡਾਲਰਾਂ ਵਿਚ ਹੈ-ਤੇਲ ਉਤਪਾਦਨ ਘਟਿਆ, ਸਟਰੇਟ ਆਫ਼ ਹਾਰਮੁਜ਼ ਬੰਦ ਹੋਣ ਨਾਲ ਏਸ਼ੀਆ ਵਿਚ ਤੇਲ ਦੀ ਘਾਟ ਪਈ ਅਤੇ ਵਿਸ਼ਵ ਬਾਜ਼ਾਰ ਵਿਚ ਅਸਥਿਰਤਾ ਆਈ। ਯੁੱਧ ਨੇ ਈਰਾਨ ਦੀ ਨਿਊਕਲੀਅਰ ਅਤੇ ਮਿਜ਼ਾਈਲ ਸਮਰੱਥਾ ਨੂੰ ਨਿਸ਼ਾਨਾ ਬਣਾਇਆ, ਜਦਕਿ ਈਰਾਨ ਨੇ ਆਪਣੀਆਂ ਪ੍ਰਾਕਸੀ ਤਾਕਤਾਂ (ਹਿਜ਼ਬੁੱਲਾਹ, ਹੂਥੀਆਂ) ਰਾਹੀਂ ਜਵਾਬ ਦਿੱਤਾ। ਇਸ ਯੁੱਧ ਦੀਆਂ ਸੰਭਾਵਨਾਵਾਂ ਲੰਬੇ ਸਮੇਂ ਤੋਂ ਬਣੀਆਂ ਹੋਈਆਂ ਸਨ - ਈਰਾਨ ਦੀ ਨਿਊਕਲੀਅਰ ਯੋਜਨਾ, ਇਜ਼ਰਾਈਲ ਨਾਲ ਵੈਰ-ਵਿਰੋਧ, ਅਮਰੀਕੀ ਪਾਬੰਦੀਆਂ ਅਤੇ ਖੇਤਰੀ ਪ੍ਰਭਾਵ ਲਈ ਲੜਾਈ। ਫਰਵਰੀ 2026 ਵਿਚ ਇਹ ਖੁੱਲ੍ਹੀ ਜੰਗ ਵਿਚ ਬਦਲ ਗਈ, ਜਿਸ ਨਾਲ ਵਿਸ਼ਵ ਯੁੱਧ ਦਾ ਖਤਰਾ ਵੱਧ ਗਿਆ ਸੀ। ਈਰਾਨ ਦਾ ਪੱਖ ਅਤੇ ਉਸਦੀਆਂ ਮੰਗਾਂਈਰਾਨ ਨੇ ਯੁੱਧ ਨੂੰ ਅਮਰੀਕਾ ਅਤੇ ਇਜ਼ਰਾਈਲ ਵੱਲੋਂ ਆਕ੍ਰਮਣ ਦੱਸਿਆ ਅਤੇ ਆਪਣੀ ਰੱਖਿਆ ਵਜੋਂ ਜਵਾਬੀ ਕਾਰਵਾਈ ਕੀਤੀ।

ਹੁਣ ਉਸਨੇ ਅਸਥਾਈ ਸੀਜ਼ਫਾਇਰ ਤੋਂ ਇਨਕਾਰ ਕਰਕੇ ਪੱਕੀ ਸ਼ਾਂਤੀ ਦੀ ਮੰਗ ਕੀਤੀ। ਈਰਾਨ ਵੱਲੋਂ ਪੇਸ਼ 10-ਪੁਆਇੰਟ ਯੋਜਨਾ ਵਿਚ ਮੁੱਖ ਮੰਗਾਂ ਹਨ:ਸਾਰੀਆਂ ਲੜਾਈਆਂ ਖਤਮ ਕਰਨਾ (ਲੈਬਨਾਨ ਵਿਚ ਹਿਜ਼ਬੁੱਲਾਹ ਉੱਤੇ ਹਮਲੇ ਸਮੇਤ)।

ਅਮਰੀਕਾ ਅਤੇ ਇਜ਼ਰਾਈਲ ਵੱਲੋਂ ਗੈਰ-ਆਕ੍ਰਮਣ ਦੀ ਗਾਰੰਟੀ।

ਪਾਬੰਦੀਆਂ ਹਟਾਉਣਾ ਅਤੇ ਯੁੱਧ ਨੁਕਸਾਨ ਲਈ ਮੁਆਵਜ਼ਾ।

ਅਮਰੀਕੀ ਫੌਜੀ ਤਾਕਤਾਂ ਦਾ ਖੇਤਰ ਤੋਂ ਵਾਪਸੀ।

ਸਟਰੇਟ ਆਫ਼ ਹਾਰਮੁਜ਼ ਉੱਤੇ ਈਰਾਨੀ ਸਰਬਸੱਤਾਤਾ ਅਤੇ ਉਸ ਨੂੰ ਖੋਲ੍ਹਣ ਲਈ ਸ਼ਰਤਾਂ (ਜਿਵੇਂ ਟੋਲ ਲੈਣਾ)।

ਈਰਾਨੀ ਅਧਿਕਾਰੀਆਂ ਦੀ ਹੱਤਿਆ ਰੋਕਣਾ ਅਤੇ ਭਵਿੱਖ ਵਿਚ ਇਸ ਤਰ੍ਹਾਂ ਦੀਆਂ ਘਟਨਾਵਾਂ ਤੋਂ ਬਚਾਅ।

ਈਰਾਨ ਨੇ ਅਸਥਾਈ 45-ਦਿਨਾਂ ਸੀਜ਼ਫਾਇਰ ਯੋਜਨਾ ਨੂੰ ਰੱਦ ਕਰ ਦਿੱਤਾ ਅਤੇ ਕਿਹਾ ਕਿ ਉਹ ਪੱਕੀ ਸ਼ਾਂਤੀ ਚਾਹੁੰਦਾ ਹੈ। ਉਸਨੇ ਆਪਣੀਆਂ ਪ੍ਰਾਕਸੀ ਤਾਕਤਾਂ ਰਾਹੀਂ ਵੀ ਦਬਾਅ ਬਣਾਇਆ ਅਤੇ ਯੁੱਧ ਨੂੰ ਆਪਣੀ ਰਾਸ਼ਟਰੀ ਇੱਜ਼ਤ ਅਤੇ ਸਰਬਸੱਤਾਤਾ ਨਾਲ ਜੋੜਿਆ। ਈਰਾਨੀ ਫੌਰਨ ਮੰਤਰੀ ਅੱਬਾਸ ਅਰਾਗਚੀ ਨੇ ਕਿਹਾ ਕਿ ਹਮਲੇ ਰੁੱਕਣ ਤੋਂ ਬਾਅਦ ਹੀ ਸਟਰੇਟ ਖੋਲ੍ਹਿਆ ਜਾਵੇਗਾ। ਈਰਾਨ ਆਪਣੀ ਨਿਊਕਲੀਅਰ ਯੋਜਨਾ ਅਤੇ ਮਿਜ਼ਾਈਲ ਪ੍ਰੋਗਰਾਮ ਨੂੰ ਰੱਖਿਆ ਵਜੋਂ ਵੇਖਦਾ ਹੈ ਅਤੇ ਇਸ ਨੂੰ ਛੱਡਣ ਲਈ ਗੰਭੀਰ ਗਾਰੰਟੀਆਂ ਚਾਹੁੰਦਾ ਹੈ।

ਅੱਜ ਈਰਾਨ ਦਾ ਪੱਖ ਇਹ ਹੈ ਕਿ ਉਹ ਖੇਤਰੀ ਤਾਕਤ ਵਜੋਂ ਆਪਣਾ ਹੱਕ ਮੰਗਦਾ ਹੈ ਅਤੇ ਅਮਰੀਕੀ-ਇਜ਼ਰਾਈਲੀ ਆਕ੍ਰਮਣਕਾਰੀ ਨੀਤੀਆਂ ਖਿਲਾਫ ਲੜ ਰਿਹਾ ਹੈ। ਉਸਨੇ ਯੁੱਧ ਨੂੰ ਆਪਣੀ ਰਾਸ਼ਟਰੀ ਏਕਤਾ ਵਧਾਉਣ ਵਾਲਾ ਵੀ ਦੱਸਿਆ ਹੈ। ਸੀਜ਼ਫਾਇਰ ਦਾ ਪਿਛੋਕੜ ਅਤੇ ਵਿਸ਼ਵ ਪ੍ਰਭਾਵ ਇਸ ਸੀਜ਼ਫਾਇਰ ਵਿਚ ਪਾਕਿਸਤਾਨ (ਪੀਐੱਮ ਸ਼ਹਬਾਜ਼ ਸ਼ਰੀਫ ਅਤੇ ਆਰਮੀ ਚੀਫ ਅਸਿਮ ਮੁਨੀਰ) ਅਤੇ ਚੀਨ ਦੀ ਵੱਡੀ ਭੂਮਿਕਾ ਰਹੀ। ਇਜ਼ਰਾਈਲ ਨੇ ਇਸ ਨੂੰ ਸਮਰਥਨ ਦਿੱਤਾ ਹੈ ਪਰ ਲੈਬਨਾਨ ਵਿਚ ਹਿਜ਼ਬੁੱਲਾਹ ਖਿਲਾਫ ਲੜਾਈ ਨੂੰ ਇਸ ਤੋਂ ਬਾਹਰ ਰੱਖਿਆ ਹੈ। ਇਸ ਨਾਲ ਤੇਲ ਦੀਆਂ ਕੀਮਤਾਂ ਘੱਟ ਹੋਈਆਂ ਅਤੇ ਵਿਸ਼ਵ ਬਾਜ਼ਾਰ ਵਿਚ ਰਾਹਤ ਮਿਲੀ। ਦੁਨੀਆਂ ਵਿਚ ਯੁੱਧ ਦੀਆਂ ਹਾਲਤਾਂ ਬਦਲਣੀਆਂ ਚਾਹੀਦੀਆਂ ਹਨ। 2026 ਵਿਚ ਯੂਕ੍ਰੇਨ-ਰੂਸ, ਸੂਡਾਨ, ਮਿਆਂਮਾਰ ਅਤੇ ਹੋਰ ਥਾਵਾਂ ਉੱਤੇ ਵੀ ਯੁੱਧ ਚੱਲ ਰਹੇ ਹਨ। ਇਸ ਈਰਾਨ ਯੁੱਧ ਨੇ ਦਿਖਾਇਆ ਕਿ ਖੇਤਰੀ ਟਕਰਾਅ ਵਿਸ਼ਵ ਆਰਥਿਕਤਾ ਅਤੇ ਊਰਜਾ ਸੁਰੱਖਿਆ ਨੂੰ ਕਿਵੇਂ ਪ੍ਰਭਾਵਿਤ ਕਰਦਾ ਹੈ। ਅਨੁਮਾਨ ਅਨੁਸਾਰ ਜੇਕਰ ਇਹ ਸੀਜ਼ਫਾਇਰ ਟੁੱਟਿਆ ਤਾਂ ਤੇਲ ਦੀਆਂ ਕੀਮਤਾਂ 150 ਡਾਲਰ ਪ੍ਰਤੀ ਬੈਰਲ ਤੱਕ ਪਹੁੰਚ ਸਕਦੀਆਂ ਹਨ ਅਤੇ ਵਿਸ਼ਵ ਰਿਸੈਸ਼ਨ ਆ ਸਕਦਾ ਹੈ।

ਅੱਜ ਇਸ ਲਈ ਯੁੱਧ ਰੋਕਣਾ ਅਤੇ ਡਿਪਲੋਮੈਸੀ ਨੂੰ ਤਰਜੀਹ ਦੇਣੀ ਲਾਜ਼ਮੀ ਹੈ। ਸ਼ਾਂਤੀ ਨੂੰ ਲੰਬਾ ਟਿਕਾਉਣ ਲਈ ਉਪਾਅ ਇਸ ਅਸਥਾਈ ਸੀਜ਼ਫਾਇਰ ਨੂੰ ਲੰਬਾ ਟਿਕਾਉਣ ਲਈ ਠੋਸ ਕਦਮ ਲੈਣੇ ਪੈਣਗੇ। ਅੱਜ ਪੱਕੀ ਗੱਲਬਾਤ ਅਤੇ ਗਾਰੰਟੀਆਂ ਦੇ ਨਾਲ ਈਰਾਨ ਦੀ 10-ਪੁਆਇੰਟ ਯੋਜਨਾ ਅਤੇ ਅਮਰੀਕਾ-ਇਜ਼ਰਾਈਲ ਦੀਆਂ ਚਿੰਤਾਵਾਂ (ਨਿਊਕਲੀਅਰ ਪ੍ਰੋਗਰਾਮ, ਮਿਜ਼ਾਈਲਾਂ, ਪ੍ਰਾਕਸੀ ਤਾਕਤਾਂ) ਉੱਤੇ ਵਿਚਾਰ। ਇੱਕ ਨਵੀਂ ਅੰਤਰਰਾਸ਼ਟਰੀ ਸਮਝੌਤਾ (JCPOA ਵਰਗਾ) ਬਣਾਉਣਾ, ਜਿਸ ਵਿਚ ਨਿਊਕਲੀਅਰ ਗਤੀਵਿਧੀਆਂ ਉੱਤੇ ਨਿਗਰਾਨੀ ਹੋਵੇ ਅਤੇ ਪਾਬੰਦੀਆਂ ਹਟਾਈਆਂ ਜਾਣ।

ਅੱਜ ਖੇਤਰੀ ਸੁਰੱਖਿਆ ਢਾਂਚਾ ਮੱਧ ਪੂਰਬ ਵਿਚ ਇੱਕ ਓਐੱਸਸੀਈ ਵਰਗਾ ਫੋਰਮ ਬਣਾਉਣਾ, ਜਿਸ ਵਿਚ ਈਰਾਨ, ਇਜ਼ਰਾਈਲ, ਅਰਬ ਦੇਸ਼ ਅਤੇ ਵੱਡੀਆਂ ਤਾਕਤਾਂ ਸ਼ਾਮਲ ਹੋਣ। ਇਸ ਵਿਚ ਗੈਰ-ਆਕ੍ਰਮਣ ਸਮਝੌਤਾ ਅਤੇ ਆਰਥਿਕ ਸਹਿਯੋਗ ਸ਼ਾਮਲ ਹੋਵੇ।

**ਆਰਥਿਕ ਸਹਿਯੋਗ:** ਈਰਾਨ ਨੂੰ ਆਰਥਿਕ ਰਾਹਤ ਦੇ ਕੇ ਉਸਨੂੰ ਮੁੱਖ ਧਾਰਾ ਵਿਚ ਲਿਆਉਣਾ। ਤੇਲ ਉਤਪਾਦਨ ਵਧਾਉਣ ਅਤੇ ਬੁਨਿਆਦੀ ਢਾਂਚੇ ਵਿਚ ਨਿਵੇਸ਼ ਰਾਹੀਂ ਸਥਿਰਤਾ ਲਿਆਉਣੀ।

**ਅੰਤਰਰਾਸ਼ਟਰੀ ਨਿਗਰਾਨੀ:** ਯੂਐੱਨ ਅਤੇ ਆਈਏਈਏ ਵਰਗੀਆਂ ਸੰਸਥਾਵਾਂ ਰਾਹੀਂ ਨਿਊਕਲੀਅਰ ਅਤੇ ਮਿਜ਼ਾਈਲ ਪ੍ਰੋਗਰਾਮ ਉੱਤੇ ਨਿਗਰਾਨੀ। ਹਥਿਆਰ ਨਿਯੰਤਰਣ ਲਈ ਨਵੀਆਂ ਗੱਲਬਾਤਾਂ ਨਾਲ ਪਾਲਿਸੀ ਬਦਲਾਅ ਹੈ।

ਅੱਜ ਇਜ਼ਰਾਈਲ-ਫਲਸਤੀਨੀ ਮਸਲੇ ਨੂੰ ਹੱਲ ਕਰਨਾ, ਜੋ ਖੇਤਰੀ ਅਸਥਿਰਤਾ ਦਾ ਇੱਕ ਵੱਡਾ ਕਾਰਨ ਹੈ। ਈਰਾਨ ਨੂੰ ਆਪਣੀਆਂ ਪ੍ਰਾਕਸੀ ਤਾਕਤਾਂ ਉੱਤੇ ਰੋਕ ਲਗਾਉਣੀ ਪਵੇਗੀ ਅਤੇ ਇਜ਼ਰਾਈਲ ਨੂੰ ਆਪਣੀਆਂ ਸੁਰੱਖਿਆ ਚਿੰਤਾਵਾਂ ਲਈ ਡਿਪਲੋਮੈਟਿਕ ਰਾਹ ਅਪਣਾਉਣਾ ਪਵੇਗਾ। ਅੱਜ ਇਹ ਉਪਾਅ ਲਾਗੂ ਕਰਨ ਲਈ ਚੀਨ, ਰੂਸ, ਯੂਰਪੀ ਯੂਨੀਅਨ ਅਤੇ ਅਰਬ ਦੇਸ਼ਾਂ ਦੀ ਭਾਗੀਦਾਰੀ ਲਾਜ਼ਮੀ ਹੈ। ਜੇਕਰ ਇਹ ਸਫਲ ਹੋਇਆ ਤਾਂ ਮੱਧ ਪੂਰਬ ਵਿਚ ਟਿਕਾਊ ਸ਼ਾਂਤੀ ਆ ਸਕਦੀ ਹੈ ਅਤੇ ਦੁਨੀਆਂ ਵਿਚ ਯੁੱਧਾਂ ਦੀ ਗਿਣਤੀ ਘੱਟ ਸਕਦੀ ਹੈ। ਅੰਤ ਵਿਚ ਅਨੁਮਾਨ ਅਤੇ ਸੁਝਾਅ ਇਹ ਸੀਜ਼ਫਾਇਰ ਇੱਕ ਮੋੜ ਹੈ ਪਰ ਇਸ ਨੂੰ ਟਿਕਾਉਣ ਲਈ ਤੁਰੰਤ ਗੱਲਬਾਤ ਸ਼ੁਰੂ ਹੋਣੀ ਚਾਹੀਦੀ ਹੈ। ਦੁਨੀਆਂ ਵਿਚ ਯੁੱਧ ਦੀ ਸਥਿਤੀ ਬਦਲਣ ਲਈ ਡਿਪਲੋਮੈਸੀ, ਆਰਥਿਕ ਸਹਿਯੋਗ ਅਤੇ ਹਥਿਆਰ ਨਿਯੰਤਰਣ ਉੱਤੇ ਧਿਆਨ ਦੇਣਾ ਪਵੇਗਾ। ਈਰਾਨ ਦਾ ਪੱਖ ਵੀ ਸ਼ਾਮਲ ਕਰਕੇ ਇੱਕ ਸੰਤੁਲਿਤ ਸਮਝੌਤਾ ਹੀ ਲੰਬੀ ਸ਼ਾਂਤੀ ਲਿਆ ਸਕਦਾ ਹੈ।

ਅੱਜ ਜੇਕਰ ਸਾਰੀਆਂ ਧਿਰਾਂ ਆਪਣੀਆਂ ਚਿੰਤਾਵਾਂ ਅਤੇ ਮੰਗਾਂ ਨੂੰ ਡਾਇਲਾਗ ਰਾਹੀਂ ਹੱਲ ਕਰਨਗੀਆਂ ਤਾਂ ਇਹ ਖੇਤਰ ਅਤੇ ਦੁਨੀਆਂ ਲਈ ਇੱਕ ਨਵੀਂ ਸ਼ੁਰੂਆਤ ਹੋ ਸਕਦੀ ਹੈ। ਯੁੱਧ ਨਾਲੋਂ ਸ਼ਾਂਤੀ ਹੀ ਟਿਕਾਊ ਵਿਕਾਸ ਅਤੇ ਸੁਰੱਖਿਆ ਲਿਆ ਸਕਦੀ ਹੈ। ਅੱਜ ਇਸ ਲਈ ਅੰਤਰਰਾਸ਼ਟਰੀ ਭਾਈਚਾਰੇ ਨੂੰ ਤੁਰੰਤ ਕਾਰਵਾਈ ਕਰਨੀ ਚਾਹੀਦੀ ਹੈ ਤਾਂ ਜੋ ਇਹ ਅਸਥਾਈ ਰਾਹਤ ਲੰਬੀ ਸ਼ਾਂਤੀ ਵਿਚ ਬਦਲ ਜਾਵੇ।

## ਦਿਲ ਦੀ ਸੁਰੱਖਿਆ ਲਈ ਦਵਾਈਆਂ ਦੀ ਅਹਿਮੀਅਤ

# ਮੰਦਾ ਕੋਲੇਸਟਰੋਲ ਅਤੇ ਹਾਰਟ ਅਟੈਕ ਤੋਂ ਬਚਾਅ ਦਾ ਮੁਕੰਮਲ ਵਿਗਿਆਨਕ ਮਾਰਗਦਰਸ਼ਨ



ਵਿੰਕਲਜੀਤ ਸਿੰਘ ਸਰਾ
9501477889

**ਦਿਲ ਦੇ ਰੋਗਾਂ ਦਾ ਵਧਦਾ ਪ੍ਰਕੋਪ ਅਤੇ ਮੌਜੂਦਾ ਸਥਿਤੀ** : ਅਜੋਕੇ ਸਮੇਂ ਵਿੱਚ ਮਨੁੱਖੀ ਸਿਹਤ ਦੇ ਸਾਹਮਣੇ ਸਭ ਤੋਂ ਵੱਡੀ ਚੁਣੌਤੀ ਦਿਲ ਦੀਆਂ ਬਿਮਾਰੀਆਂ ਹਨ, ਜਿਨ੍ਹਾਂ ਨੂੰ ਵਿਗਿਆਨਕ ਭਾਸ਼ਾ ਵਿੱਚ ਕਾਰਡੀਓਵੈਸਕੁਲਰ ਡਿਜ਼ੀਜ਼ (CVD) ਕਿਹਾ ਜਾਂਦਾ ਹੈ। ਵਿਸ਼ਵ ਪੱਧਰ 'ਤੇ ਮੌਤਾਂ ਦੇ ਅੰਕੜਿਆਂ ਨੂੰ ਦੇਖੀਏ ਤਾਂ ਦਿਲ ਦਾ ਦੌਰਾ ਇੱਕ ਅਜਿਹੀ ਖ਼ਾਮੋਸ਼ ਬਿਮਾਰੀ ਸਾਬਤ ਹੋ ਰਹੀ ਹੈ ਜੋ ਬਿਨਾਂ ਕਿਸੇ ਵੱਡੀ ਚੇਤਾਵਨੀ ਦੇ ਇਨਸਾਨ ਦੀ ਜ਼ਿੰਦਗੀ ਨੂੰ ਖ਼ਤਮ ਕਰ ਦਿੰਦੀ ਹੈ। ਭਾਰਤ ਵਰਗੇ ਦੇਸ਼ ਵਿੱਚ ਇਹ ਸਮੱਸਿਆ ਹੋਰ ਵੀ ਗੰਭੀਰ ਹੈ ਕਿਉਂਕਿ ਇੱਥੇ ਨੌਜਵਾਨ ਆਬਾਦੀ ਵਿੱਚ ਦਿਲ ਦੇ ਦੌਰਿਆਂ ਦੀ ਦਰ ਤੇਜ਼ੀ ਨਾਲ ਵੱਧ ਰਹੀ ਹੈ। ਆਮ ਤੌਰ 'ਤੇ ਲੋਕ ਇਹ ਮੰਨਦੇ ਹਨ ਕਿ ਦਿਲ ਦੀ ਬਿਮਾਰੀ ਸਿਰਫ਼ ਬੁਢਾਪੇ ਦੀ ਨਿਸ਼ਾਨੀ ਹੈ ਜਾਂ ਇਹ ਸਿਰਫ਼ ਉਨ੍ਹਾਂ ਲੋਕਾਂ ਨੂੰ ਹੁੰਦੀ ਹੈ ਜੋ ਬਹੁਤ ਜ਼ਿਆਦਾ ਮੋਟੇ ਹਨ ਪਰ ਮਾਹਿਰਾਂ ਅਨੁਸਾਰ ਇਹ ਧਾਰਨਾਵਾਂ ਬਿਲਕੁਲ ਗਲਤ ਹਨ। ਦਿਲ ਦੀ ਸਿਹਤ ਦਾ ਸਿੱਧਾ ਸਬੰਧ ਸਾਡੇ ਖ਼ੂਨ ਵਿੱਚ ਮੌਜੂਦ ਲਿਪਿਡਸ, ਖਾਸ ਕਰਕੇ LDL ਕੋਲੇਸਟਰੋਲ ਨਾਲ ਹੈ।

**ਦਿਲ ਦੇ ਦੌਰੇ ਦਾ ਅਸਲੀ ਕਾਰਨ; ਪਲੇਕ ਅਤੇ ਬਲੌਕੇਜ** : ਦਿਲ ਦੇ ਦੌਰੇ ਦੇ ਪਿੱਛੇ ਅਸਲੀ ਕਾਰਨ ਨੂੰ ਸਮਝਣ ਲਈ ਸਾਨੂੰ ਆਪਣੀਆਂ ਧਮਨੀਆਂ ਦੀ ਬਣਤਰ ਅਤੇ ਕਾਰਜ ਪ੍ਰਣਾਲੀ ਨੂੰ ਸਮਝਣਾ ਪਵੇਗਾ। ਸਾਡੇ ਦਿਲ ਨੂੰ ਲਗਾਤਾਰ ਕੰਮ ਕਰਨ ਲਈ ਆਕਸੀਜਨ ਭਰਪੂਰ ਖ਼ੂਨ ਦੀ ਲੋੜ ਹੁੰਦੀ ਹੈ ਜੋ ਕੋਰੋਨਰੀ ਧਮਨੀਆਂ ਰਾਹੀਂ ਸਪਲਾਈ ਹੁੰਦਾ ਹੈ। ਜਦੋਂ ਸਾਡੇ ਖ਼ੂਨ ਵਿੱਚ LDL ਯਾਨੀ ਮੰਦਾ ਕੋਲੇਸਟਰੋਲ ਵੱਧ ਜਾਂਦਾ ਹੈ ਤਾਂ ਇਹ ਹੌਲੀ-ਹੌਲੀ ਇਨ੍ਹਾਂ ਧਮਨੀਆਂ ਦੀਆਂ ਅੰਦਰੂਨੀ ਕੰਧਾਂ 'ਤੇ ਜਮ੍ਹਾ ਹੋਣਾ ਸ਼ੁਰੂ ਹੋ ਜਾਂਦਾ ਹੈ। ਇਸ ਜਮ੍ਹਾ ਹੋਈ ਚਰਬੀ ਨੂੰ 'ਪਲੇਕ' (Plaque) ਕਿਹਾ ਜਾਂਦਾ ਹੈ। ਜਦੋਂ ਇਹ ਪਲੇਕ ਅਚਾਨਕ ਫਟ ਜਾਂਦਾ ਹੈ ਅਤੇ ਉੱਥੇ ਖ਼ੂਨ ਦਾ ਗੋਲਾ (Clot) ਬਣ ਜਾਂਦਾ ਹੈ ਤਾਂ ਇਹ ਖ਼ੂਨ ਦੀ ਸਪਲਾਈ ਨੂੰ ਪੂਰੀ ਤਰ੍ਹਾਂ ਰੋਕ ਦਿੰਦਾ ਹੈ, ਜਿਸ ਨੂੰ ਅਸੀਂ ਹਾਰਟ ਅਟੈਕ ਕਹਿੰਦੇ ਹਾਂ।

**ਕੋਵਿਡ-19 ਅਤੇ ਵੈਕਸੀਨੇਸ਼ਨ ਦਾ ਦਿਲ ਦੀ ਸਿਹਤ 'ਤੇ ਪ੍ਰਭਾਵ; ਤੱਥ ਅਤੇ ਮਿੱਥ** : ਪਿਛਲੇ ਕੁਝ ਸਮੇਂ ਤੋਂ ਇਹ ਸਵਾਲ ਬਹੁਤ ਉੱਠ ਰਿਹਾ ਹੈ ਕਿ ਕੀ ਕੋਵਿਡ-19 ਵੈਕਸੀਨ ਦਾ ਦਿਲ ਦੇ ਦੌਰਿਆਂ ਨਾਲ ਕੋਈ ਸਬੰਧ ਹੈ। ਡਾਕਟਰੀ ਮਾਹਿਰਾਂ ਅਤੇ ਵਿਗਿਆਨਕ ਅਧਿਐਨਾਂ ਅਨੁਸਾਰ ਇਸ ਦੇ ਦੋ ਮਹੱਤਵਪੂਰਨ ਪਹਿਲੂ ਹਨ। ਪਹਿਲਾ, ਕੋਵਿਡ-19 ਵਾਇਰਸ ਖ਼ੁਦ ਸਰੀਰ ਵਿੱਚ 'ਇਨਫਲੇਮੇਸ਼ਨ' (ਸੋਜਿਸ਼) ਪੈਦਾ ਕਰਦਾ ਹੈ ਜੋ ਧਮਨੀਆਂ ਵਿੱਚ ਮੌਜੂਦ ਪਲੇਕ ਨੂੰ ਅਸਥਿਰ ਕਰ ਸਕਦਾ ਹੈ। ਬਹੁਤ ਸਾਰੇ ਲੋਕਾਂ ਨੂੰ ਕੋਵਿਡ ਤੋਂ ਬਾਅਦ ਦਿਲ ਦੀਆਂ ਸਮੱਸਿਆਵਾਂ ਹੋਈਆਂ ਹਨ ਕਿਉਂਕਿ ਵਾਇਰਸ ਨੇ ਉਨ੍ਹਾਂ ਦੇ ਦਿਲ ਦੀਆਂ ਮਾਸਪੇਸ਼ੀਆਂ 'ਤੇ ਅਸਰ ਪਾਇਆ ਸੀ। ਦੂਜਾ, ਜਿੱਥੋਂ ਤੱਕ ਵੈਕਸੀਨ ਦਾ ਸਬੰਧ ਹੈ ਵਿਗਿਆਨਕ ਅੰਕੜੇ ਦੱਸਦੇ ਹਨ ਕਿ ਵੈਕਸੀਨ ਦੇ ਗੰਭੀਰ ਸਾਈਡ-ਇਫੈਕਟਸ (ਜਿਵੇਂ ਮਾਇਓਕਾਰਡਾਇਟਿਸ) ਬਹੁਤ ਹੀ ਵਿਰਲੇ ਮਾਮਲਿਆਂ ਵਿੱਚ ਹੁੰਦੇ ਹਨ। ਮਾਹਿਰਾਂ ਦਾ ਮੰਨਣਾ ਹੈ ਕਿ ਵੈਕਸੀਨ ਨਾਲੋਂ ਕੋਵਿਡ ਵਾਇਰਸ ਖ਼ੁਦ ਦਿਲ ਲਈ ਜ਼ਿਆਦਾ ਖ਼ਤਰਨਾਕ ਸਾਬਤ ਹੋਇਆ ਹੈ। ਕੋਵਿਡ ਤੋਂ ਬਾਅਦ ਲੋਕਾਂ ਵਿੱਚ ਆਪਣੀ ਸਿਹਤ ਪ੍ਰਤੀ ਜਾਗਰੂਕਤਾ ਵਧੀ ਹੈ, ਜਿਸ ਕਾਰਨ ਹੁਣ ਲੋਕ ਜ਼ਿਆਦਾ ਟੈਸਟ ਕਰਵਾ ਰਹੇ ਹਨ ਅਤੇ ਬਿਮਾਰੀਆਂ ਪਹਿਲਾਂ ਨਾਲੋਂ ਜ਼ਿਆਦਾ ਸਾਹਮਣੇ ਆ ਰਹੀਆਂ ਹਨ। ਇਹ ਕਹਿਣਾ ਗਲਤ ਹੋਵੇਗਾ ਕਿ ਸਾਰੇ ਹਾਰਟ ਅਟੈਕ ਵੈਕਸੀਨ ਕਾਰਨ ਹੋ ਰਹੇ ਹਨ; ਅਸਲ ਵਿੱਚ ਸਾਡੀ ਬਦਲਦੀ ਜੀਵਨਸ਼ੈਲੀ ਅਤੇ ਹਾਈ ਮੰਦਾ ਕੋਲੇਸਟਰੋਲ ਹੀ ਇਸ ਦੇ ਮੁੱਖ ਕਾਰਨ ਹਨ।

**ਡਾ. ਬੀ. ਦਿਨੇਸ਼ਾ ਅਨੁਸਾਰ ਸਿਰਫ਼ ਜੀਵਨਸ਼ੈਲੀ 'ਤੇ ਨਿਰਭਰਤਾ ਦੇ ਖ਼ਤਰੇ** : ਡਾ. ਬੀ. ਦਿਨੇਸ਼ਾ (ਡਾਇਰੈਕਟਰ, ਸ੍ਰੀ ਜੈਦੇਵ ਇੰਸਟੀਚਿਊਟ) ਦਾ ਮੰਨਣਾ ਹੈ ਕਿ ਬਹੁਤ ਸਾਰੇ ਲੋਕ ਇਹ ਵੱਡੀ ਗਲਤੀ ਕਰਦੇ ਹਨ ਕਿ ਉਹ ਸਿਰਫ਼ ਜੀਵਨਸ਼ੈਲੀ ਵਿੱਚ ਬਦਲਾਅ (Lifestyle changes) ਜਾਂ ਕੁਦਰਤੀ ਤਰੀਕਿਆਂ ਨਾਲ ਉੱਚ ਕੋਲੇਸਟਰੋਲ ਨੂੰ ਠੀਕ ਕਰਨ ਦੀ ਕੋਸ਼ਿਸ਼ ਕਰਦੇ ਹਨ। ਡਾ. ਦਿਨੇਸ਼ਾ ਸਪੱਸ਼ਟ ਕਰਦੇ ਹਨ ਕਿ ਜਦੋਂ ਕੋਲੇਸਟਰੋਲ ਦਾ ਪੱਧਰ ਬਹੁਤ ਜ਼ਿਆਦਾ ਵੱਧ ਜਾਂਦਾ ਹੈ ਜਾਂ ਜਦੋਂ ਕਿਸੇ ਵਿਅਕਤੀ ਨੂੰ ਪਹਿਲਾਂ ਹੀ ਦਿਲ ਦਾ ਦੌਰਾ ਪੈ ਚੁੱਕਾ ਹੁੰਦਾ ਹੈ ਤਾਂ ਸਿਰਫ਼ ਸੈਰ ਕਰਨੀ ਜਾਂ ਡਾਇਟਿੰਗ ਕਰਨੀ ਕਾਫ਼ੀ ਨਹੀਂ ਹੁੰਦੀ। ਉਹ ਚਿਤਾਵਨੀ ਦਿੰਦੇ ਹਨ ਕਿ ਡਾਕਟਰ ਦੁਆਰਾ ਦੱਸੀ ਗਈ ਦਵਾਈ ਨੂੰ ਛੱਡਣਾ ਜਾਂ ਉਸ ਤੋਂ ਦੂਰ ਜਾਣਾ ਮਰੀਜ਼ ਨੂੰ ਬਹੁਤ ਵੱਡੇ ਖ਼ਤਰੇ ਵਿੱਚ ਪਾ ਸਕਦਾ ਹੈ।

**ਡਾ. ਬੀ. ਦਿਨੇਸ਼ਾ ਵੱਲੋਂ ਵਿਅਕਤੀਗਤ LDL ਟਾਰਗੇਟ ਦੀ ਮਹੱਤਤਾ** : ਡਾ. ਬੀ. ਦਿਨੇਸ਼ਾ ਅਨੁਸਾਰ, ਹਰ ਵਿਅਕਤੀ ਲਈ ਕੋਲੇਸਟਰੋਲ ਦਾ ਸੁਰੱਖਿਅਤ ਪੱਧਰ ਵੱਖਰਾ ਹੋਣਾ ਚਾਹੀਦਾ ਹੈ। ਉਨ੍ਹਾਂ ਨੇ ਦੱਸਿਆ ਕਿ ਪਹਿਲਾਂ 100 mg/dL LDL ਨੂੰ ਆਮ ਮੰਨਿਆ ਜਾਂਦਾ ਸੀ ਪਰ ਹੁਣ ਨਵੀਆਂ ਗਾਈਡਲਾਈਨਜ਼ ਅਨੁਸਾਰ ਬਹੁਤ ਸਾਰੇ ਮਰੀਜ਼ਾਂ ਲਈ ਇਹ ਪੱਧਰ 55 mg/dL ਤੋਂ ਵੀ ਘੱਟ ਹੋਣਾ ਚਾਹੀਦਾ ਹੈ। ਖਾਸ ਕਰਕੇ ਉਨ੍ਹਾਂ ਲੋਕਾਂ ਲਈ ਜਿਨ੍ਹਾਂ ਨੂੰ ਸ਼ੂਗਰ, ਹਾਈ ਬਲੱਡ ਪ੍ਰੈਸ਼ਰ ਹੈ ਜਾਂ ਜੋ ਸਿਗਰਟਨੋਸ਼ੀ ਕਰਦੇ ਹਨ। ਜਿੰਨਾ ਘੱਟ LDL ਦਾ ਪੱਧਰ ਹੋਵੇਗਾ ਦਿਲ ਦੇ ਦੌਰੇ ਜਾਂ ਸਟਰੋਕ ਦਾ ਖ਼ਤਰਾ ਓਨਾ ਹੀ ਘੱਟ ਜਾਵੇਗਾ।

**ਦਵਾਈਆਂ ਦੀ ਅਸਲੀ ਸ਼ਕਤੀ; ਪਲੇਕ ਸਟੈਬੀਲਾਈਜ਼ੇਸ਼ਨ** : ਆਧੁਨਿਕ ਚਿਕਿਤਸਾ ਵਿਗਿਆਨ ਵਿੱਚ 'ਸਟੈਟਿਨਸ' ਵਰਗੀਆਂ ਦਵਾਈਆਂ ਨੇ ਦਿਲ ਦੇ ਇਲਾਜ ਵਿੱਚ ਕ੍ਰਾਂਤੀ ਲਿਆ ਦਿੱਤੀ ਹੈ। ਡਾ. ਬੀ. ਦਿਨੇਸ਼ਾ ਦੱਸਦੇ ਹਨ ਕਿ ਦਵਾਈਆਂ ਸਿਰਫ਼ ਖ਼ੂਨ ਵਿੱਚੋਂ ਚਰਬੀ ਹੀ ਨਹੀਂ ਘਟਾਉਂਦੀਆਂ ਸਗੋਂ ਇਹ ਧਮਨੀਆਂ ਵਿੱਚ ਮੌਜੂਦ ਪਲੇਕ ਨੂੰ 'ਸਟੇਬਲ' ਯਾਨੀ ਸਖ਼ਤ ਕਰ ਦਿੰਦੀਆਂ ਹਨ। ਜੇਕਰ ਪਲੇਕ ਸਥਿਰ ਹੋਵੇਗਾ ਤਾਂ ਉਸ ਦੇ ਫਟਣ ਅਤੇ ਖ਼ੂਨ ਦਾ ਗੋਲਾ ਬਣਨ ਦੀ ਸੰਭਾਵਨਾ ਬਹੁਤ ਘੱਟ ਜਾਂਦੀ ਹੈ। ਉਹ ਕਹਿੰਦੇ ਹਨ ਕਿ ਦਵਾਈ ਦੀ ਮਹੱਤਤਾ ਇਸ ਗੱਲ ਵਿੱਚ ਹੈ ਕਿ ਇਹ ਦਿਲ ਦੇ ਦੌਰੇ ਦੇ ਖ਼ਤਰੇ ਨੂੰ ਸਿੱਧੇ ਤੌਰ 'ਤੇ ਘਟਾ ਦਿੰਦੀ ਹੈ।

**ਇਲਾਜ ਵਿੱਚ ਅਣਗਹਿਲੀ ਅਤੇ ਦਵਾਈਆਂ ਛੱਡਣ ਦੇ ਮਾੜੇ ਨਤੀਜੇ** : ਡਾ. ਬੀ. ਦਿਨੇਸ਼ਾ ਇਸ ਗੱਲ 'ਤੇ ਚਿੰਤਾ ਪ੍ਰਗਟ ਕਰਦੇ ਹਨ ਕਿ ਭਾਰਤ ਵਿੱਚ ਬਹੁਤ ਸਾਰੇ ਮਰੀਜ਼ ਇਲਾਜ ਦੇ ਨਿਯਮਾਂ ਦੀ ਪਾਲਣਾ ਨਹੀਂ ਕਰਦੇ। ਉਹ ਦੱਸਦੇ ਹਨ ਕਿ ਲੋਕ ਅਕਸਰ ਛੇ ਮਹੀਨੇ ਜਾਂ ਸਾਲ ਭਰ ਦਵਾਈ ਲੈਣ ਤੋਂ ਬਾਅਦ ਇਹ ਸੋਚ ਕੇ ਦਵਾਈ ਬੰਦ ਕਰ ਦਿੰਦੇ ਹਨ ਕਿ ਉਹ ਹੁਣ ਠੀਕ ਮਹਿਸੂਸ ਕਰ ਰਹੇ ਹਨ। ਉਹ ਸਪੱਸ਼ਟ ਕਰਦੇ ਹਨ ਕਿ ਜੇਕਰ ਤੁਸੀਂ ਟਾਰਗੇਟ LDL ਲੈਵਲ ਪ੍ਰਾਪਤ ਕਰ ਵੀ ਲਿਆ ਹੈ ਤਾਂ ਵੀ ਤੁਹਾਨੂੰ ਦਵਾਈ ਜਾਰੀ ਰੱਖਣੀ ਚਾਹੀਦੀ ਹੈ। ਦਵਾਈ ਛੱਡਣ ਨਾਲ ਦੂਜਾ ਦੌਰਾ ਪੈਣ ਦਾ ਖ਼ਤਰਾ ਬਹੁਤ ਵੱਧ ਜਾਂਦਾ ਹੈ।

**ਪ ਰਿ ਵਾ ਰ ਕ ਹਾਈਪਰਕੋਲੇਸਟਰੋਲੇਮੀਆ; ਜਦੋਂ ਬਿਮਾਰੀ ਜੈਨੇਟਿਕ ਹੋਵੇ** : ਡਾ. ਬੀ. ਦਿਨੇਸ਼ਾ ਨੇ 'ਫੈਮੀਲੀਅਲ ਹਾਈਪਰਕੋਲੇਸਟਰੋਲੇਮੀਆ' (68) ਦੇ ਗੰਭੀਰ ਪਹਿਲੂ ਬਾਰੇ ਵੀ ਚਾਨਣਾ ਪਾਇਆ। ਇਹ ਇੱਕ ਅਜਿਹੀ ਜੈਨੇਟਿਕ ਸਥਿਤੀ ਹੈ ਜਿੱਥੇ ਸਰੀਰ ਵਿੱਚ LDL ਦਾ ਪੱਧਰ ਜਨਮ ਤੋਂ ਹੀ ਬਹੁਤ ਜ਼ਿਆਦਾ ਹੁੰਦਾ ਹੈ। ਇੱਥੇ ਸਿਰਫ਼ ਚੰਗੀ ਖ਼ੁਰਾਕ ਅਤੇ ਕਸਰਤ ਕੰਮ ਨਹੀਂ ਆਉਂਦੀ ਕਿਉਂਕਿ ਸਰੀਰ ਖ਼ੁਦ ਹੀ ਕੋਲੇਸਟਰੋਲ ਦਾ ਉਤਪਾਦਨ ਜ਼ਿਆਦਾ ਕਰ ਰਿਹਾ ਹੁੰਦਾ ਹੈ। ਅਜਿਹੇ ਕੇਸਾਂ ਵਿੱਚ ਸਿਰਫ਼ ਅਤੇ ਸਿਰਫ਼ ਦਵਾਈ ਹੀ ਇਕੋ-ਇੱਕ ਸਹਾਰਾ ਹੁੰਦੀ ਹੈ।

**ਕੋਲੇਸਟਰੋਲ ਨਾਲ ਜੁੜੇ ਭੁਲੇਖੇ ਅਤੇ ਅਸਲੀਅਤ** : ਡਾ. ਬੀ. ਦਿਨੇਸ਼ਾ ਨੇ ਸਮਾਜ ਵਿੱਚ ਪ੍ਰਚੱਲਿਤ ਕਈ ਗਲਤ ਫਹਿਮੀਆਂ ਨੂੰ ਵੀ ਦੂਰ ਕੀਤਾ ਹੈ। ਅਕਸਰ ਲੋਕ ਇਹ ਮੰਨਦੇ ਹਨ ਕਿ ਸਾਰੇ ਕੋਲੇਸਟਰੋਲ ਮਾੜੇ ਹੁੰਦੇ ਹਨ ਜਦੋਂ ਕਿ ਸੱਚ ਇਹ ਹੈ ਕਿ ਸਰੀਰ ਨੂੰ ਸੈੱਲ ਬਣਾਉਣ ਲਈ ਕੋਲੇਸਟਰੋਲ ਦੀ ਲੋੜ ਹੁੰਦੀ ਹੈ ਪਰ LDL ਦਾ ਜ਼ਿਆਦਾ ਹੋਣਾ ਨੁਕਸਾਨਦੇਹ ਹੈ। ਇੱਕ ਹੋਰ ਵੱਡਾ ਭੁਲੇਖਾ ਇਹ ਹੈ ਕਿ ਬਾਹਰੋਂ ਤੰਦਰੁਸਤ ਦਿਖਣ ਵਾਲੇ ਵਿਅਕਤੀ ਨੂੰ ਦਵਾਈ ਦੀ ਲੋੜ ਨਹੀਂ ਹੈ। ਡਾ. ਦਿਨੇਸ਼ਾ ਅਨੁਸਾਰ ਬਾਹਰੀ ਤੰਦਰੁਸਤੀ ਅੰਦਰੂਨੀ ਸਿਹਤ ਦੀ ਗਾਰੰਟੀ ਨਹੀਂ ਹੈ।

**ਭਾਰਤੀ ਸਿਹਤ ਪ੍ਰਣਾਲੀ ਵਿੱਚ ਚੁਣੌਤੀਆਂ ਅਤੇ ਡਾਕਟਰਾਂ ਦੀ ਭੂਮਿਕਾ** : ਡਾ. ਬੀ. ਦਿਨੇਸ਼ਾ ਦਾ ਕਹਿਣਾ ਹੈ ਕਿ ਭਾਰਤ ਵਿੱਚ ਇੱਕ ਵੱਡੀ ਚੁਣੌਤੀ ਇਹ ਹੈ ਕਿ ਡਾਕਟਰਾਂ ਕੋਲ ਮਰੀਜ਼ਾਂ ਨੂੰ ਵਿਸਥਾਰ ਨਾਲ ਸਮਝਾਉਣ ਲਈ ਸਮਾਂ ਘੱਟ ਹੁੰਦਾ ਹੈ। ਉਹ ਸੁਝਾਅ ਦਿੰਦੇ ਹਨ ਕਿ ਦਿਲ ਦੀ ਸਿਹਤ ਅਤੇ LDL ਬਾਰੇ ਗੱਲਬਾਤ ਜਨਰਲ ਫਿਜ਼ੀਸ਼ੀਅਨ (GP) ਪੱਧਰ ਤੋਂ ਹੀ ਸ਼ੁਰੂ ਹੋਣੀ ਚਾਹੀਦੀ ਹੈ। ਦਵਾਈ ਦੀ ਪਾਲਣਾ (Adherence) ਨੂੰ ਵਧਾਉਣ ਲਈ ਮਰੀਜ਼ ਅਤੇ ਡਾਕਟਰ ਵਿਚਕਾਰ ਬਿਹਤਰ ਸੰਚਾਰ ਹੋਣਾ ਬਹੁਤ ਜ਼ਰੂਰੀ ਹੈ।

**ਨੌਜਵਾਨਾਂ ਵਿੱਚ ਵਧਦੇ ਦਿਲ ਦੇ ਦੌਰੇ; ਇੱਕ ਗੰਭੀਰ ਚਿੰਤਾ** : ਅੱਜਕੱਲ੍ਹ ਨੌਜਵਾਨਾਂ ਵਿੱਚ ਦਿਲ ਦੇ ਦੌਰਿਆਂ ਦੀ ਵਧਦੀ ਗਿਣਤੀ ਬਾਰੇ ਡਾ. ਬੀ. ਦਿਨੇਸ਼ਾ ਦੱਸਦੇ ਹਨ ਕਿ ਇਸ ਦੇ ਪਿੱਛੇ ਗਲਤ ਖ਼ੁਰਾਕ, ਤਣਾਅ ਅਤੇ ਸਿਗਰਟਨੋਸ਼ੀ ਵੱਡੇ ਕਾਰਨ ਹਨ। ਉਨ੍ਹਾਂ ਅਨੁਸਾਰ ਸਕੂਲਾਂ ਅਤੇ ਕਾਲਜਾਂ ਦੇ ਪੱਧਰ 'ਤੇ ਹੀ ਬੱਚਿਆਂ ਨੂੰ ਸਿਹਤਮੰਦ ਜੀਵਨਸ਼ੈਲੀ ਅਤੇ LDL ਦੇ ਖ਼ਤਰਿਆਂ ਬਾਰੇ ਸਿੱਖਿਆ ਦਿੱਤੀ ਜਾਣੀ ਚਾਹੀਦੀ ਹੈ। ਜੇਕਰ ਅਸੀਂ ਨੌਜਵਾਨ ਪੀੜ੍ਹੀ ਨੂੰ ਅੱਜ ਜਾਗਰੂਕ ਕਰਾਂਗੇ ਤਾਂ ਹੀ ਅਸੀਂ ਭਵਿੱਖ ਵਿੱਚ ਦੇਸ਼ 'ਤੇ ਪੈਣ ਵਾਲੇ ਸਿਹਤ ਦੇ ਬੋਝ ਨੂੰ ਘਟਾ ਸਕਾਂਗੇ।

**ਦਿਲ ਦੀ ਸਿਹਤ ਲਈ ਇੱਕ ਸਾਂਝੀ ਵਚਨਬੱਧਤਾ** : ਲੋੜ ਇਸ ਗੱਲ ਦੀ ਹੈ ਕਿ ਅਸੀਂ ਦਿਲ ਦੇ ਰੋਗਾਂ ਨੂੰ ਸਿਰਫ਼ ਇੱਕ ਬਿਮਾਰੀ ਵਜੋਂ ਨਹੀਂ ਸਗੋਂ ਇੱਕ ਜੀਵਨਸ਼ੈਲੀ ਅਤੇ ਜਾਗਰੂਕਤਾ ਦੀ ਚੁਣੌਤੀ ਵਜੋਂ ਦੇਖੀਏ । ਡਾ. ਬੀ. ਦਿਨੇਸ਼ਾ ਦੇ ਵਿਚਾਰਾਂ ਤੋਂ ਸਪੱਸ਼ਟ ਹੈ ਕਿ ਦਵਾਈਆਂ ਦਿਲ ਦੇ ਦੌਰਿਆਂ ਦੇ ਖ਼ਿਲਾਫ਼ ਸਾਡਾ ਸਭ ਤੋਂ ਮਜ਼ਬੂਤ ਹਥਿਆਰ ਹਨ। ਜੀਵਨਸ਼ੈਲੀ ਵਿੱਚ ਬਦਲਾਅ (ਕਸਰਤ, ਚੰਗਾ ਖਾਣਾ) ਬਹੁਤ ਜ਼ਰੂਰੀ ਹਨ ਪਰ ਇਹ ਦਵਾਈਆਂ ਦੇ ਪੂਰਕ ਹਨ ਬਦਲ ਨਹੀਂ। ਕੋਵਿਡ ਵਰਗੀਆਂ ਚੁਣੌਤੀਆਂ ਦੇ ਬਾਵਜੂਦ, ਵਿਗਿਆਨਕ ਇਲਾਜ ਹੀ ਸਾਨੂੰ ਲੰਬੀ ਅਤੇ ਸਿਹਤਮੰਦ ਜ਼ਿੰਦਗੀ ਦੇ ਸਕਦਾ ਹੈ।



ਕਮਲਜੀਤ ਸਿੰਘ ਬਨਵੈਤ
98147 34035

# ਈਰਾਨ-ਅਮਰੀਕਾ ਜੰਗ ਵਿੱਚ ਲੋਕਾਂ ਦੀ ਜਿੱਤ

- ਦੋ ਦਹਾਕਿਆਂ ਤੋਂ ਜੰਗ ਵਿੱਚ ਉਲਝੇ ਅਮਰੀਕਾ ਦੀ ਅਗਵਾਈ ਵਾਲੀਆਂ ਜੰਗਾਂ ਵਿੱਚ 9.4 ਲੱਖ ਲੋਕਾਂ ਦੀ ਜਾਨ ਗਈ, 664 ਲੱਖ ਕਰੋੜ ਰੁਪਏ ਖ਼ਰਚ ਹੋਣ ਦਾ ਅੰਦਾਜ਼ਾ
- ਅਫ਼ਗਾਨਿਸਤਾਨ ਜੰਗ 2001 ਤੋਂ 2021 ਤੱਕ ਚੱਲੀ, ਇਸ ਵਿੱਚ 2. 41 ਲੱਖ ਲੋਕਾਂ ਦੀ ਮੌਤ ਹੋਈ
- 2003 ਵਿੱਚ ਈਰਾਕ 'ਤੇ ਹਮਲਾ ਵਿਨਾਸ਼ਕਾਰੀ ਹਥਿਆਰਾਂ ਦੇ ਦੋਸ਼ਾਂ ਦੇ ਅਧਾਰ 'ਤੇ ਕੀਤਾ ਗਿਆ ਜੋ ਬਾਅਦ ਵਿੱਚ ਗਲਤ ਸਾਬਤ ਹੋਇਆ
- ਈਰਾਨੀ ਸਭਿਅਤਾ ਤਬਾਹ ਕਰਨ ਦੀ ਧਮਕੀ ਦੇਣ ਤੋਂ ਅਗਲੇ ਦਿਨ ਬਾਅਦ ਹੀ ਡੋਨਾਲਡ ਟਰੰਪ ਠੰਡੇ ਪਏ

ਵਿਸ਼ਵ ਭਰ ਦੇ ਲੋਕਾਂ ਲਈ ਬੜੇ ਚਿਰਾਂ ਬਾਅਦ ਅੱਜ ਦਾ ਸੁਭਾਗਾ ਦਿਨ ਚੜ੍ਹਿਆ ਜਦੋਂ ਈਰਾਨ ਅਤੇ ਅਮਰੀਕਾ ਵਾਲੇ ਪਾਸੇ ਤੋਂ ਸੁੱਖ ਦਾ ਸੁਨੇਹਾ ਮਿਲਿਆ ਹੈ। ਦੋਵੇਂ ਮੁਲਕ ਦਸ ਦਿਨਾਂ ਲਈ ਜੰਗਬੰਦੀ ਕਰਨ ਵਾਸਤੇ ਰਾਜੀ ਹੋ ਗਏ ਹਨ। ਪਾਕਿਸਤਾਨ ਨੇ ਵਿਚੋਲਗਿਰੀ ਦੀ ਅਹਿਮ ਭੂਮਿਕਾ ਨਿਭਾਈ ਹੈ, ਜਿਸ ਲਈ ਈਰਾਨ ਨੇ ਧੰਨਵਾਦ ਵੀ ਕੀਤਾ ਹੈ। ਜੰਗ ਕਿਸੇ ਮਸਲੇ ਦਾ ਹੱਲ ਨਹੀਂ ਹੈ। ਮੈਂ ਸ਼ੁਰੂ ਤੋਂ ਹੀ ਲਿਖਦਾ ਆ ਰਿਹਾ ਹਾਂ ਕਿ ਮਸਲੇ ਪਰਿਵਾਰ ਦੇ ਹੋਣ ਜਾਂ ਮੁਲਕਾਂ ਦੇ ਸੰਵਾਦ ਨਾਲ ਹੀ ਨਜਿੱਠੇ ਜਾਂਦੇ ਹਨ। ਹਾਲ ਦੀ ਘੜੀ ਦੋਹੇਂ ਮੁਲਕਾਂ ਨੇ ਮਿਥੀਆਂ ਸ਼ਰਤਾਂ ਉੱਤੇ ਆਪਣੀ ਸਹਿਮਤੀ ਵੀ ਦਿੱਤੀ ਹੈ।

ਬੀਤੀ ਰਾਤ ਪੂਰਾ ਵਿਸ਼ਵ ਚੈਨ ਨਾਲ ਨਹੀਂ ਸੁੱਤਾ ਕਿਉਂਕਿ ਸੂਰਜ ਦੇ ਮਿਟਣ ਵੇਲੇ ਅਮਰੀਕਾ ਦੇ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਚਿਤਾਵਨੀ ਦਿੱਤੀ ਸੀ ਕਿ ਜੇ ਈਰਾਨ ਨੇ ਰਣਨੀਤਿਕ ਪੱਖੋਂ ਅਹਿਮ ਹੋਰਮੁਜ਼ ਜਲ ਮਾਰਗ ਮੁੜ ਖੋਲ੍ਹਣ ਸਣੇ ਹੋਰ ਸ਼ਰਤਾਂ ਬਾਰੇ ਸਮਝੌਤੇ ਉੱਪਰ ਨਿਰਧਾਰਤ ਸਰਜਰੀ ਮਹੌਲਤ ਅੰਦਰ ਸਹਿਮਤੀ ਨਾ ਦਿੱਤੀ ਤਾਂ ਇਸਲਾਮ ਗਣਰਾਜ ਦੀ ਪੂਰੀ ਸਭਿਅਤਾ ਰਾਤੋ ਰਾਤ ਖਤਮ ਕਰ ਦਿੱਤੀ ਜਾਵੇਗੀ। ਇਹ ਚਿਤਾਵਨੀ ਅਜਿਹੇ ਮੌਕੇ ਆਈ ਸੀ ਜਦੋਂ ਈਰਾਨ 'ਤੇ ਹਵਾਈ ਹਮਲਿਆਂ ਵਿੱਚ ਦੋ ਪੁਲਾਂ ਤੇ ਇੱਕ ਲਿਸਟ ਸਟੇਸ਼ਨ ਨੂੰ ਨਿਸ਼ਾਨਾ ਬਣਾਇਆ ਗਿਆ ਸੀ।

ਅਮਰੀਕਾ ਵੱਲੋਂ ਦਿੱਤੀ ਅੰਤਿਮ ਚੇਤਾਵਨੀ ਦੌਰਾਨ ਈਰਾਨ ਦੇ ਰਾਸ਼ਟਰਪਤੀ ਮਾਸੂਦ ਪੇਜੇਸ਼ਕੀਅਨ ਨੇ ਕਹਿ ਦਿੱਤਾ ਸੀ ਕਿ ਉਹਨਾਂ ਸਮੇਤ ਇਕ ਕਰੋੜ 40 ਲੱਖ ਈਰਾਨੀ ਵਲੰਟੀਅਰ ਜੰਗ ਵਿੱਚ ਆਪਣੀ ਜਾਨ ਦੇਣ ਲਈ ਤਿਆਰ ਹਨ। ਉਸ ਨੇ ਕਿਹਾ ਸੀ ਕਿ ਉਹ ਆਪਣੇ ਮੁਲਕ ਲਈ ਜਾਨ ਦੇਣ ਵਾਸਤੇ ਤਿਆਰ ਸੀ, ਹੁਣ ਵੀ ਹੈ ਅਤੇ ਅੱਗੇ ਵੀ ਰਹੇਗਾ। ਇੱਕ ਹੋਰ ਖਬਰ ਅਨੁਸਾਰ ਈਰਾਨ ਦੀ ਰਾਜਧਾਨੀ ਤਹਿਰਾਣ ਦੇ ਉੱਤਰ ਪੱਛਮ ਵਿੱਚ ਸਥਿਤ ਅਲਗੋਜ ਸੂਬੇ ਵਿੱਚ ਹੋਏ ਹਵਾਈ ਹਮਲੇ ਵਿੱਚ ਘੱਟੋ ਘੱਟ 18 ਜਣਿਆਂ ਦੀ ਮੌਤ ਹੋ ਗਈ ਸੀ। ਇਜ਼ਰਾਈਲ ਦੋਹਾਂ ਮੁਲਕਾਂ ਦੇ ਸਮਝੌਤੇ ਵਿੱਚੋਂ ਮਨਫੀ ਦਿਸ ਰਿਹਾ ਹੈ। ਜੰਗਬੰਦੀ ਹੋਣ ਨਾਲ ਵਿਸ਼ਵ ਭਾਰਤ ਦੇ ਮੁਲਕ ਆਮ ਵਿਸ਼ੇਸ਼ ਕਰਕੇ ਖਾੜੀ ਦੇਸ਼ਾਂ ਨੂੰ ਰਾਹਤ ਮਿਲੀ ਹੈ।

ਜੰਗ ਕਿਸੇ ਮਸਲੇ ਦਾ ਹੱਲ ਨਹੀਂ। ਯੂਨੀ ਸੇਫ ਦੀ ਰਿਪੋਰਟ ਅਨੁਸਾਰ ਪਿਛਲੇ 10 ਸਾਲਾਂ ਦੌਰਾਨ ਮੁਲਕ ਭਰ ਵਿੱਚ ਹੋਈਆਂ ਜੰਗਾਂ ਵਿੱਚ 40 ਬੱਚਿਆਂ ਦੀ ਜਾਨ ਗਈ ਹੈ ਅਤੇ ਛੇ ਕਰੋੜ ਤੋਂ ਵੱਧ ਬੱਚੇ ਭੁੱਖ ਦੀ ਕਾਗਾਰ 'ਤੇ ਗਏ ਹਨ। 40 ਫ਼ੀਸਦੀ ਬੱਚਿਆਂ ਨੂੰ ਵੈਕਸੀਨੇਸ਼ਨ ਨਹੀਂ ਮਿਲੀ ਹੈ। ਯੂਕਰੇਨ ਜਿਹੇ ਜੰਗ ਗ੍ਰਸਤ ਮੁਲਕਾਂ ਦੇ 87 ਫ਼ੀਸਦੀ ਬੱਚੇ ਸਕੂਲ ਸਿੱਖਿਆ ਤੋਂ ਵਾਂਝੇ ਰਹਿ ਗਏ ਹਨ। ਰੂਸ ਨੇ ਅਮਰੀਕਾ ਦੇ 3370 ਵਿਦਿਅਕ ਅਦਾਰਿਆਂ ਨੂੰ ਨਿਸ਼ਾਨਾ ਬਣਾਇਆ ਹੈ। ਰਿਪੋਰਟ ਅਨੁਸਾਰ ਰੂਸ ਨੇ ਯੂਕਰੇਨ ਤੋਂ 20 ਹਜ਼ਾਰ ਨੌਜਵਾਨ ਅਗਵਾ ਕਰਕੇ ਉਹਨਾਂ ਦੇ ਹੱਥ ਬੰਦੂਕਾਂ ਫੜਾ ਕੇ ਉਹਨਾਂ ਨੂੰ ਯੂਕਰੇਨ ਦੇ ਖ਼ਿਲਾਫ਼ ਹੀ ਸਰਹੱਦਾਂ ਉੱਤੇ ਖੜ੍ਹੇ ਕਰ ਦਿੱਤਾ ਹੈ। ਅਮਰੀਕਾ ਈਰਾਨ ਦੀ ਲੜਾਈ ਵਿੱਚ 18 ਦੇ ਕਰੀਬ ਭਾਰਤੀ ਜਾਨ ਗਵਾ ਚੁੱਕੇ ਹਨ।

ਅਮਰੀਕਾ ਦੀ ਗੱਲ ਕਰੀਏ ਤਾਂ 11 ਸਤੰਬਰ 2001 ਦੇ ਹਮਲਿਆਂ ਤੋਂ ਬਾਅਦ ਅਤਿਵਾਦ ਵਿਰੁੱਧ ਜੰਗ ਦਾ ਐਲਾਨ ਕਰਨ ਵਾਲਾ ਅਮਰੀਕਾ ਖੁਦ ਹੀ ਫਸਿਆ ਨਜ਼ਰ ਆ ਰਿਹਾ ਹੈ। ਵਾਰ ਆਨ ਟੈਰਰ ਦੇ ਨਾਂ 'ਤੇ ਸ਼ੁਰੂ ਹੋਈ ਇਹ ਲੜਾਈ ਹੁਣ ਕਈ ਦੇਸ਼ਾਂ ਤੱਕ ਫੈਲ ਚੁੱਕੀ ਹੈ ਜਿੱਥੇ ਬੰਬਾਂ ਅਤੇ ਡਰੋਨ ਹਮਲਿਆਂ ਨੇ ਲੱਖਾਂ ਜ਼ਿੰਦਗੀਆਂ ਨਿਗਲ ਲਈਆਂ ਹਨ। ਬਰਾਊਨ ਯੂਨੀਵਰਸਿਟੀ ਦੇ ਇੱਕ ਅਧਿਐਨ ਅਨੁਸਾਰ 2001 ਤੋਂ ਬਾਅਦ ਅਮਰੀਕੀ ਅਗਵਾਈ ਵਾਲੀਆਂ ਜੰਗਾਂ ਵਿੱਚ ਤਕਰੀਬਨ 9.40 ਲੱਖ ਲੋਕਾਂ ਦੀ ਮੌਤ ਹੋ ਚੁੱਕੀ ਹੈ ਅਤੇ ਇਸ ਉੱਤੇ 66 ਲੱਖ ਕਰੋੜ ਰੁਪਏ ਖ਼ਰਚ ਹੋਣ ਦਾ ਅੰਦਾਜ਼ਾ ਹੈ।

ਇਹਨਾਂ ਜੰਗਾਂ 'ਤੇ ਅਮਰੀਕਾ ਹੁਣ ਤੱਕ ਤਕਰੀਬਨ 58 ਟਰਿਲੀਅਨ ਡਾਲਰ ਜਿਹੜੇ ਕਿ 481 ਲੱਖ ਕਰੋੜ ਰੁਪਏ ਬਣਦੇ ਹਨ ਖਰਚ ਕਰ ਚੁੱਕਾ ਹੈ। ਇਸ ਵਿੱਚ ਰੱਖਿਆ ਵਿਭਾਗ, ਹੋਮਲੈਂਡ ਸਿਕਿਉਰਟੀ, ਫੌਜੀਆਂ ਲਈ ਸਿਹਤ ਸੇਵਾਵਾਂ ਅਤੇ ਵਿਆਜ ਦੀ ਅਦਾਇਗੀ ਸ਼ਾਮਲ ਹੈ। ਆਉਣ ਵਾਲੇ 30 ਸਾਲਾਂ ਵਿੱਚ ਸਾਬਕਾ ਫੌਜੀਆਂ ਦੀ ਦੇਖਭਾਲ ਉੱਤੇ 2.2 ਟ੍ਰਿਲੀਅਨ ਡਾਲਰ ਭਾਵ 183 ਲੱਖ ਕਰੋੜ ਰੁਪਏ ਹੋਰ ਖਰਚ ਆਉਣ ਦਾ ਅਨੁਮਾਨ ਹੈ, ਜਿਸ ਨਾਲ ਕੁੱਲ ਲਾਗਤ ਲਗਭਗ 8 ਟਰਿਲੀਅਨ ਡਾਲਰ ਤਕਰੀਬਨ 64 ਲੱਖ ਕਰੋੜ ਤੱਕ ਪਹੁੰਚ ਸਕਦੀ ਹੈ।

ਜੇਕਰ ਸਿੱਧੇ ਤੌਰ 'ਤੇ ਹੋਈਆਂ ਮੌਤਾਂ ਜਿਵੇਂ ਕਿ ਭੁੱਖਮਰੀ, ਬਿਮਾਰੀ ਅਤੇ ਸਿੰਧ ਸਭਾਵਾਂ ਦੀ ਘਾਟ ਨੂੰ ਸ਼ਾਮਿਲ ਕੀਤਾ ਜਾਵੇ ਤਾਂ ਇਹ ਅੰਕੜਾ ਹੋਰ ਵੀ ਵੱਧ ਹੋ ਸਕਦਾ ਹੈ। 2021 ਤੋਂ ਬਾਅਦ ਅਮਰੀਕਾ ਨੇ ਕਿਸੇ ਵੀ ਵੱਡੇ ਪੱਧਰ 'ਤੇ ਜ਼ਮੀਨੀ ਜੰਗ ਵਿੱਚ ਸ਼ਾਮਿਲ ਹੋਣ ਦੀ ਬਜਾਏ ਮੁੱਖ ਤੌਰ 'ਤੇ ਡਰੋਨ ਹਮਲਿਆਂ, ਹਵਾਈ ਮੁਹਿੰਮਾਂ ਅਤੇ ਮੱਧ ਪੂਰਬ ਵਿੱਚ ਪਾਕਸੀ ਵਾਰ ਰਾਹੀਂ ਦਖਲ ਅੰਦਾਜ਼ੀ ਜਾਰੀ ਰੱਖੀ ਹੈ। ਮੁੱਖ ਘਟਨਾਵਾਂ ਵਿੱਚ ਅਗਸਤ 2021 ਵਿੱਚ ਅਫਗਾਨਿਸਤਾਨ ਤੋਂ ਅੰਤਿਮ ਵਾਪਸੀ, 2022 ਤੋਂ ਸੀਰੀਆ ਅਤੇ ਸੋਮਾਲੀਆ ਵਿੱਚ ਅੱਤਵਾਦ ਵਿਰੋਧੀ ਆਪਰੇਸ਼ਨ ਅਤੇ 2023 ਵਿੱਚ ਯਮਨ ਤੇ ਹੂਤੀ ਟਿਕਾਣਿਆਂ 'ਤੇ ਹਮਲੇ ਸ਼ਾਮਿਲ ਹਨ।

ਅਫਗਾਨਿਸਤਾਨ ਜੰਗ 2001 ਤੋਂ 2021 ਤੱਕ ਚੱਲੀ ਅਤੇ ਇਹ ਅਮਰੀਕਾ ਦੀ ਸਭ ਤੋਂ ਲੰਬੀ ਜੰਗ ਸਾਬਿਤ ਹੋਈ। ਇਸੇ ਦੌਰਾਨ ਤਕਰੀਬਨ ਦੋ ਲੱਖ 41 ਹਜ਼ਾਰ ਲੋਕਾਂ ਦੀ ਮੌਤ ਹੋਈ। ਸ਼ੁਰੂਆਤ ਵਿੱਚ ਤਾਲਿਬਾਨ ਨੂੰ ਸੱਤਾ ਤੋਂ ਹਟਾਉਣ ਵਿੱਚ ਸਫਲਤਾ ਮਿਲੀ ਪਰ ਲੰਮੇ ਸਮੇਂ ਤੱਕ ਚੱਲੇ ਸੰਘਰਸ਼ ਤੋਂ ਬਾਅਦ ਅਮਰੀਕੀ ਫੌਜ ਦੀ ਵਾਪਸੀ ਦੇ ਨਾਲ ਹੀ ਤਾਲਿਬਾਨ ਮੁੜ ਸੱਤਾ ਵਿੱਚ ਆ ਗਿਆ। ਹਰ ਪੜਾਅ 'ਤੇ ਬਦਲਦੀ ਰਣਨੀਤੀ ਅਤੇ ਹਾਲਾਤਾਂ ਦੇ ਬਾਵਜੂਦ ਅਮਰੀਕਾ ਦੀ ਤਾਲਿਬਾਨੀਆਂ ਦੇ ਨਾਲ 20 ਸਾਲ ਲੰਮੀ ਜੰਗ ਅੰਤ ਵਿੱਚ ਉੱਥੇ ਹੀ ਆ ਕੇ ਖਤਮ ਹੋਈ, ਜਿੱਥੋਂ ਸ਼ੁਰੂ ਹੋਈ ਸੀ। ਮਕਸਦ ਸੀ 11 ਸਤੰਬਰ 2001 ਦੇ ਅਮਰੀਕਾ ਉੱਤੇ ਹੋਏ ਵੱਡੇ ਅੱਤਵਾਦੀ ਹਮਲੇ ਵਿੱਚ ਮਾਰੇ ਗਏ ਆਪਣੇ 2977 ਲੋਕਾਂ ਦੀ ਮੌਤ ਦਾ ਬਦਲਾ ਲੈਣਾ। ਇਹੀ ਕਾਰਨ ਸੀ ਕਿ ਓਸਾਮਾ ਬਿਨ ਲਾਦੇਨ ਨੂੰ ਮਾਰ ਮੁਕਾਉਣ ਤੋਂ ਬਾਅਦ ਅਫਗਾਨਿਸਤਾਨ ਨੂੰ ਉਸਦੇ ਆਪਣੇ ਹਾਲਤ 'ਤੇ ਛੱਡ ਦਿੱਤਾ ਗਿਆ ਸੀ।

ਅਮਰੀਕਾ ਨੇ 2001 ਤੋਂ ਬਾਅਦ ਅਫਗਾਨਿਸਤਾਨ ਇਰਾਕ ਅਤੇ ਸੀਰੀਆ ਵਰਗੇ ਦੇਸ਼ਾਂ ਵਿੱਚ ਵੱਡੇ ਪੱਧਰ 'ਤੇ ਜੰਗਾਂ ਲੜੀਆਂ ਜਦ ਕਿ ਪਾਕਿਸਤਾਨ ਯਮਨ ਸੋਮਾਲੀਆ ਤੇ ਲੀਬੀਆ ਸਮੇਤ ਹੋਰ ਦੇਸ਼ਾਂ ਵਿੱਚ ਏਅਰ ਸਟਰਾਈਕ ਅਤੇ ਡਰੋਨ ਹਮਲੇ ਕੀਤੇ ਕਈ ਮਾਮਲਿਆਂ ਵਿੱਚ ਇਹ ਹਮਲੇ ਇੱਕ ਹੀ ਸਾਲ ਵਿੱਚ ਵਾਰ-ਵਾਰ ਹੋਏ ਹਾਲਾਂਕਿ ਗੁਪਤ ਆਪਰੇਸ਼ਨਾਂ ਕਾਰਨ ਅਸਲ ਗਿਣਤੀ ਇਸ ਤੋਂ ਵੀ ਵੱਧ ਹੋ ਸਕਦੀ ਹੈ। 2003 ਵਿੱਚ ਇਰਾਕ 'ਤੇ ਹਮਲਾ ਵਿਨਾਸ਼ਕਾਰੀ ਹਥਿਆਰਾਂ ਦੇ ਦੋਸ਼ਾਂ ਦੇ ਆਧਾਰ 'ਤੇ ਕੀਤਾ ਗਿਆ ਸੀ ਜੋ ਬਾਅਦ ਵਿੱਚ ਗਲਤ ਸਾਬਿਤ ਹੋਇਆ। ਸ਼ੁਰੂਆਤੀ ਜਿੱਤ ਤੋਂ ਬਾਅਦ ਦੇਸ਼ ਵਿੱਚ ਅਸਥਿਰਤਾ ਵਧੀ ਅਤੇ ਅੱਤਵਾਦੀ ਸੰਗਠਨਾਂ ਦਾ ਉਭਾਰ ਹੋਇਆ। 2011 ਵਿੱਚ ਅਮਰੀਕੀ ਫੌਜਾਂ ਦੀ ਵਾਪਸੀ ਹੋਈ ਅਤੇ ਇਸਦੇ ਪ੍ਰਭਾਵਿਤ ਬਣੇ ਰਹੇ।

ਹੁਣ ਇਹ ਈਰਾਨ ਉੱਤੇ ਕੀਤਾ ਹਮਲਾ ਅਮਰੀਕਾ ਲਈ ਘਾਟੇ ਦਾ ਸੌਦਾ ਰਿਹਾ ਹੈ, ਹਾਲਾਂਕਿ ਈਰਾਨ ਦੇ 150 ਤੋਂ ਵੱਧ ਸਕੂਲੀ ਬੱਚੇ ਜੰਗ ਨਿਗਲ ਗਈ। ਸਵੇਰੇ ਸਵੇਰੇ ਸਕੂਲ ਪੜ੍ਹਨ ਗਏ ਬੱਚਿਆਂ ਨੂੰ ਇਹ ਨਹੀਂ ਸੀ ਪਤਾ ਕਿ ਉਹਨਾਂ ਵੱਲੋਂ ਕੀਤੀ ਬਾਏ ਬਾਏ ਉਹਨਾਂ ਦੀ ਮਾਪਿਆਂ ਨੂੰ ਆਖ਼ਰੀ ਬਾਏ ਬਾਏ ਹੋਵੇਗੀ। ਡੋਨਾਲਡ ਟਰੰਪ ਦੇ ਖ਼ਿਲਾਫ਼ ਉਸ ਦੇ ਮੁਲਕ ਵਿੱਚ ਹੀ ਵੱਡੇ ਪ੍ਰਦਰਸ਼ਨ ਹੋਏ ਹਨ। ਵਿਸ਼ਵ ਭਰ ਦੇ ਲੋਕਾਂ ਨੇ ਇਹ ਜੰਗ ਖਤਮ ਕਰਨ ਦੀ ਦੁਹਾਈ ਦਿੱਤੀ। ਸੱਚ ਤਾਂ ਇਹ ਵੀ ਹੈ ਕਿ ਵਿਸ਼ਵ ਦੇ ਜ਼ਿਆਦਾਤਰ ਮੁਲਕ ਡੋਨਾਲਡ ਟਰੰਪ ਨੂੰ ਲਾਹਨਤਾਂ ਪਾਉਂਦੇ ਰਹੇ।

ਹੁਣ ਜੇ ਅਮਰੀਕਾ ਅਤੇ ਈਰਾਨ ਦੇ ਹਾਕਮਾਂ ਦੇ ਦਿਲਾਂ ਵਿੱਚ ਰੱਬ ਵਸਿਆ ਹੈ ਤਾਂ ਇਹ ਜੰਗ ਹਮੇਸ਼ਾ ਲਈ ਖ਼ਤਮ ਹੋਣੀ ਚਾਹੀਦੀ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਕਈ ਸਦੀਆਂ ਪਹਿਲਾਂ ਸੰਵਾਦ ਦਾ ਸੁਨੇਹਾ ਦੇ ਗਏ ਸਨ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਸੁਨੇਹਾ ਜਿੰਨਾ ਉਸ ਵੇਲੇ ਲੋੜੀਂਦਾ ਸੀ, ਅੱਜ ਉਸ ਤੋਂ ਵੀ ਵੱਧ ਢੁਕਵਾਂ ਹੈ।

# 2.71 ਗ੍ਰਾਮ ਹੈਰੋਇਨ ਸਮੇਤ ਨੌਜਵਾਨ ਗ੍ਰਿਫ਼ਤਾਰ

ਰਾਹੋਂ, 8 ਅਪ੍ਰੈਲ (ਸੰਜੀਵ ਕੁਮਾਰ ਬੌਬੀ): ਨਸ਼ਿਆਂ ਨੂੰ ਠੱਲ੍ਹ ਪਾਉਂਦੇ ਹੋਏ ਬੀਤੀ ਕੱਲ੍ਹ ਰਾਹੋਂ ਦੀ ਪੁਲਿਸ ਵੱਲੋਂ ਨੂੰ ਇੱਕ ਵਿਅਕਤੀ ਆਉਂਦਾ ਦਿਖਾਈ ਦਿੱਤਾ, ਸ਼ੱਕ ਦੇ ਆਧਾਰ 'ਤੇ ਉਸ ਕੋਲੋਂ ਤਲਾਸ਼ੀ ਲੈਣ 'ਤੇ ਉਸ ਵੱਲੋਂ ਕੋਲੋਂ 2.71 ਗ੍ਰਾਮ ਹੈਰੋਇਨ ਬ੍ਰਾਮਦ ਕੀਤੀ ਗਈ। ਪੁਲਿਸ ਪਾਰਟੀ ਵੱਲੋਂ ਉਸ ਨੂੰ ਮੌਕੇ 'ਤੇ ਕਾਬੂ ਕਰਕੇ ਅਗਲੀ ਤਫਤੀਸ਼ ਸ਼ੁਰੂ ਕਰ ਦਿੱਤੀ ਗਈ ਹੈ। ਥਾਣਾ ਮੁਖੀ



ਐਸ.ਐਚ.ਓ. ਵਰਿੰਦਰ ਕੁਮਾਰ ਨੇ ਦੱਸਿਆ ਕਿ ਰਾਹੋਂ ਦੀ ਪੁਲਿਸ ਪਾਰਟੀ ਵੱਲੋਂ 2.71 ਗ੍ਰਾਮ ਹੈਰੋਇਨ ਸਮੇਤ ਇੱਕ ਵਿਅਕਤੀ ਨੂੰ ਕਾਬੂ ਕੀਤਾ ਹੈ। ਉਨ੍ਹਾਂ ਆਖਿਆ ਕਿ ਪੁਲਿਸ ਪਾਰਟੀ ਜਦੋਂ ਥਾਣਾ ਰਾਹੋਂ ਤੋਂ ਹੁੰਦੇ ਹੋਏ ਬਿਸਤ ਦੁਆਬ ਨਹਿਰ ਰੋਡ ਤੋਂ ਹੁੰਦੇ ਹੋਏ ਰੇਲਵੇ ਲਾਈਨਾਂ ਵੱਲ ਰੋਡ 'ਤੇ ਪੁਲਿਸ ਪਾਰਟੀ ਨੇ ਆਖਿਆ ਕਿ ਦੋਸ਼ੀ ਨੂੰ ਗ੍ਰਿਫਤਾਰ ਕਰ ਲਿਆ ਹੈ, ਜਿਸ ਦੀ ਪਹਿਚਾਣ ਹੁਸਨ ਉਰਫ਼ ਨੰਨੂ ਪੁੱਤਰ ਬਲਵਿੰਦਰ ਕੁਮਾਰ ਮੁਹੱਲਾ ਤਾਜਪੁਰਾ, ਰਾਹੋਂ ਵਜੋਂ ਹੋਈ ਹੈ। ਦੋਸ਼ੀ ਨੂੰ ਮਾਣਯੋਗ ਅਦਾਲਤ ਵਿੱਚ ਪੇਸ਼ ਕਰਕੇ ਹੋਰ ਤਫ਼ਤੀਸ਼ ਲਈ ਰਿਮਾਂਡ ਹਾਸਲ ਕੀਤਾ ਜਾਵੇਗਾ। ਇਸ ਮੌਕੇ ਪੁਲਿਸ ਪਾਰਟੀ ਮੌਜੂਦ ਸੀ।

# ਵਿਧਾਇਕ ਅਮਰਪਾਲ ਸਿੰਘ ਨੇ ਪਿੰਡ ਵਾਸੀਆਂ ਦੇ ਭਰਵੇਂ ਇਕੱਠ 'ਚ ਸਰਕਾਰ ਦੀਆਂ ਚਾਰ ਸਾਲਾਂ ਪ੍ਰਾਪਤੀਆਂ ਤੋਂ ਜਾਣੂੰ ਕਰਵਾਇਆ

ਸ੍ਰੀ ਹਰਿਗੋਬਿੰਦਪੁਰ ਸਾਹਿਬ/ ਬਟਾਲਾ, 8 ਅਪ੍ਰੈਲ (ਸੁਖ ਅੰਮ੍ਰਿਤ ਘੁਮਾਣ/ਡਾ. ਸਰਬਜੀਤ ਭਿੰਡਰ): ਸ੍ਰੀ ਹਰਿਗੋਬਿੰਦਪੁਰ ਸਾਹਿਬ ਦੇ ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਕਿਸ਼ਨਕੋਟ ਵੱਲੋਂ ਪਿੰਡ ਖੁਜਾਲਾ ਵਿਖੇ ਪਿੰਡ ਵਾਸੀਆਂ ਨੂੰ ਪੰਜਾਬ ਸਰਕਾਰ ਦੀਆਂ ਚਾਰ ਸਾਲਾਂ ਪ੍ਰਾਪਤੀਆਂ ਤੋਂ ਜਾਣੂੰ ਕਰਵਾਉਂਦਿਆਂ ਕਿਹਾ ਕਿ ਪਿੰਡ ਵਾਸੀਆਂ ਦਾ ਭਾਰੀ ਇਕੱਠ ਦੱਸ ਰਿਹਾ ਹੈ ਕਿ ਲੋਕ ਮਾਨ ਸਰਕਾਰ ਦੇ ਵੱਲੋਂ ਕੀਤੇ ਕੰਮਾ ਤੋਂ ਖੁਸ਼ ਹਨ। ਵਿਧਾਇਕ ਅਮਰਪਾਲ ਸਿੰਘ ਨੇ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਆਪ ਪਾਰਟੀ ਵੱਲੋਂ ਦਿੱਤੀ ਗਰੰਟੀ ਅਨੁਸਾਰ ਔਰਤਾਂ ਨੂੰ 1,000 ਰੁਪਏ ਦੇਣ ਦਾ ਕੀਤਾ ਗਿਆ ਵਾਅਦਾ ਪੂਰਾ ਹੋ ਗਿਆ ਹੈ।ਉਨ੍ਹਾਂ ਨੇ ਅੱਗੇ ਕਿਹਾ ਕਿ ਪੰਜਾਬ ਦੇ 90 ਫੀਸਦ ਘਰਾਂ ਦੇ ਬਿਜਲੀ ਦੇ ਬਿੱਲ ਜ਼ੀਰੋ ਆ ਰਹੇ ਹਨ। ਕਿਸਾਨਾਂ ਦੇ ਟਿਊਬਵੱਲਾਂ ਲਈ ਦਿਨ ਵੇਲੇ ਬਿਜਲੀ ਸਪਲਾਈ ਯਕੀਨੀ ਬਣਾਈ ਗਈ ਹੈ।



ਉਨ੍ਹਾਂ ਦੱਸਿਆ ਕਿ ਬਿਮਾਰੀ ਦੇ ਸਮੇਂ ਪੰਜਾਬ ਦੇ ਲੋਕਾਂ ਲਈ ਡਾਕਟਰੀ ਇਲਾਜ ਦੇ ਖਰਚਿਆਂ ਨੂੰ ਪੂਰਾ ਕਰਨ ਲਈ 10 ਲੱਖ ਰੁਪਏ ਦੀ ਮੁਫ਼ਤ ਸਿਹਤ ਬੀਮਾ ਯੋਜਨਾ ਵੀ ਲਾਗੂ ਕੀਤੀ ਗਈ ਹੈ, ਜਿਸਦਾ ਲਾਭ ਨਾਗਰਿਕ ਪ੍ਰਾਪਤ ਕਰ ਰਹੇ ਹਨ। 985 ਆਮ ਆਦਮੀ ਕਲੀਨਿਕਾਂ ਰਾਹੀਂ ਮੁਫ਼ਤ ਇਲਾਜ, ਦਵਾਈਆਂ ਤੇ ਜਾਂਚ ਟੈਸਟ ਮੁਫ਼ਤ ਮੁਹੱਈਆ ਕਰਵਾਏ ਜਾ ਰਹੇ ਹਨ।ਉਨ੍ਹਾਂ ਦੱਸਿਆ ਕਿ ਪਿਛਲੇ ਚਾਰ ਸਾਲਾਂ ਵਿੱਚ ਪੰਜਾਬ ਵਿੱਚ ਰਿਕਾਰਡ 1.55 ਲੱਖ ਕਰੋੜ ਦਾ ਨਿਵੇਸ਼ ਹੋਇਆ ਹੈ। ਭਾਰਤੀ ਪਹਿਲੀ ਸੜਕ ਸੁਰੱਖਿਆ ਫੋਰਸ ਦਾ ਗਠਨ ਪੰਜਾਬ ਵਿੱਚ ਕੀਤਾ ਗਿਆ ਹੈ ਜਿਸ ਨਾਲ 50. 12 ਫੀਸਦ ਮੌਤ ਦੀ ਦਰ ਘਟੀ ਹੈ।ਪਹਿਲੀ ਵਾਰ ਸ਼ਹੀਦ ਸੈਨਿਕਾਂ ਦੇ ਪਰਿਵਾਰਾਂ ਲਈ ਇੱਕ ਕਰੋੜ ਰੁਪਏ ਦੀ ਰਾਸ਼ੀ ਮੁਹੱਈਆ ਕਰਵਾਈ ਗਈ ਹੈ। 50 ਸਾਲ ਤੋਂ ਵੱਧ ਉਮਰ ਦੇ ਸਾਰੇ ਨਾਗਰਿਕਾਂ ਲਈ ਮੁਫਤ ਤੀਰਥ ਯਾਤਰਾ ਸ਼ੁਰੂ ਕੀਤੀ ਗਈ ਹੈ। ਸਮੇਤ ਲੋਕ ਹੇਤ ਵਿੱਚ ਵੱਡੇ ਫੈਸਲੇ ਰਹਿ ਗਏ ਹਨ।

# ਵਿਧਾਇਕ ਰੰਧਾਵਾ ਨੇ ਸਰਬਸੰਮਤੀ ਨਾਲ ਚੁਣੀਆਂ ਪੰਚਾਇਤਾਂ ਨੂੰ 1.15 ਕਰੋੜ ਦੇ ਚੈਕ ਵੰਡੇ

ਕਲਾਨੌਰ, 8 ਅਪ੍ਰੈਲ (ਇਕਬਾਲ ਵਾਲੀਆ/ਕਮਲਜੀਤ ਸਿੰਘ): ਵਿਧਾਨ ਸਭਾ ਹਲਕਾ ਡੇਰਾ ਬਾਬਾ ਨਾਨਕ ਦੇ ਬਲਾਕ ਕਲਾਨੌਰ ਵਿੱਚ ਹਲਕਾ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਵੱਲੋਂ ਪਿਛਲੇ ਸਮੇਂ ਸਰਬਸੰਮਤੀ ਨਾਲ ਚੁਣੀਆਂ ਗਈਆਂ 23 ਗ੍ਰਾਮ ਪੰਚਾਇਤਾਂ ਨੂੰ ਪਿੰਡਾਂ ਦੇ ਵਿਕਾਸ ਕਾਰਜ ਲਈ ਇੱਕ ਕਰੋੜ 15 ਲੱਖ ਰੁਪਏ ਦੇ ਚੈਕ ਭੇਟ ਕੀਤੇ ਗਏ। ਇਸ ਮੌਕੇ 'ਤੇ ਉਨ੍ਹਾਂ ਸਰਪੰਚਾਂ ਪੰਚਾਂ ਨੂੰ ਸੰਬੋਧਨ ਕਰਦਿਆਂ ਹੋਇਆਂ ਕਿਹਾ ਕਿ ਸਰਕਾਰ ਵੱਲੋਂ ਦਿੱਤੀਆਂ ਗਈਆਂ ਗ੍ਰਾਂਟਾਂ ਨੂੰ ਪਿੰਡਾਂ ਵਿੱਚ ਇਮਾਨਦਾਰੀ ਨਾਲ ਖਰਚ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਸਰਪੰਚ ਬਣਾਉਣ ਵਾਲੀ ਵੀ ਜਨਤਾ ਹੈ ਤੇ ਸਰਪੰਚ ਹਟਾਉਣ ਵਾਲੀ ਵੀ ਜਨਤਾ ਹੈ, ਇਸ ਲਈ ਸਾਨੂੰ ਅਜਿਹੇ ਕੰਮ ਕਰਨੇ ਚਾਹੀਦੇ ਹਨ ਕਿ ਆਉਣ ਵਾਲੇ ਸਮੇਂ ਵਿੱਚ ਵੀ ਸਰਪੰਚਾਂ ਨੂੰ ਪਿੰਡਾਂ ਦੇ ਲੋਕਾਂ ਦਾ ਸਹਿਯੋਗ ਮਿਲ ਸਕੇ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ



ਦੀ ਸਰਕਾਰ ਵੱਲੋਂ ਚੋਣਾਂ ਦੌਰਾਨ ਵਾਅਦਾ ਕੀਤਾ ਸੀ ਕਿ ਜੋ ਵੀ ਪੰਚਾਇਤ ਸਰਬਸੰਮਤੀ ਨਾਲ ਚੁਣੀਆਂ ਜਾਣਗੀਆਂ ਉਨ੍ਹਾਂ ਨੂੰ 5 ਲੱਖ ਰੁਪਏ ਗ੍ਰਾਂਟ ਇਨਾਮ ਵਜੋਂ ਦਿੱਤੀ ਜਾਵੇਗੀ। ਇਸ ਮੌਕੇ 'ਤੇ ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਪਿੰਡਾਂ ਵਿੱਚ ਸੋਲਰ ਲਾਈਟਾਂ ਲਗਾਈਆਂ ਜਾ ਰਹੀਆਂ ਹਨ, ਉਨ੍ਹਾਂ ਕਿਹਾ ਕਿ ਜਿਹੜੀਆਂ ਲਾਈਟਾਂ ਬੰਦ ਹਨ, ਉਹ ਰਿਪੇਅਰ ਕਰਵਾਈਆਂ ਜਾਣਗੀਆਂ ਹਰ ਇਕ ਪਿੰਡਾਂ ਨੂੰ ਜੱਗ-ਮੱਗ ਕੀਤਾ ਜਾਵੇਗਾ। ਇਸ ਮੌਕੇ ਬੀਡੀਪੀਓ ਸੁਰਜੀਤ ਸਿੰਘ ਬਰਾੜ, ਸਰਪੰਚ ਹਰਦੀਪ ਸਿੰਘ ਮਠਾਰੂ, ਸਰਪੰਚ ਜਤਿੰਦਰ ਗੋਰਾ, ਸਰਪੰਚ ਪਲਵਿੰਦਰ ਸਿੰਘ ਮੱਲ੍ਹੀ, ਸਰਪੰਚ ਗੱਜਣ ਸਿੰਘ, ਸਰਪੰਚ ਕੁਲਦੀਪ ਸਿੰਘ ਇੰਸਪੈਕਟਰ ਦਲੇਰਪੁਰ, ਸਰਪੰਚ ਨੱਥਾ ਰਾਮ, ਗੁਰਵਿੰਦਰ ਸਿੰਘ ਭੰਡਵਾਂ, ਪ੍ਰਗਟ ਸਿੰਘ ਭੰਡਵਾ, ਚੰਚਲ ਕੁਮਾਰ, ਗੁਰਦੀਪ ਸਿੰਘ ਸਰਪੰਚ, ਪ੍ਰਤਾਪ ਸਿੰਘ ਜੋਈ ਹਾਜ਼ਰ ਸਨ।

# ਮੀਂਹ ਤੇ ਗੜ੍ਹੇਮਾਰੀ ਨਾਲ ਬਰਬਾਦ ਫਸਲਾਂ ਦਾ 50 ਹਜ਼ਾਰ ਪ੍ਰਤੀ ਏਕੜ ਮੁਆਵਜ਼ਾ ਦੇਵੇ ਸਰਕਾਰ: ਅਮਰੀਕ ਸਿੰਘ



ਸ੍ਰੀ ਹਰਿਗੋਬਿੰਦਪੁਰ ਸਾਹਿਬ, 8 ਅਪ੍ਰੈਲ (ਡਾ. ਨਰਿੰਦਰ ਸਿੰਘ ਘੁਮਾਣ/ ਜਗੀਰ ਸਿੰਘ ਮੰਡ): ਪੰਜਾਬ 'ਚ ਹਾਲ ਹੀ 'ਚ ਪਏ ਬੇਮੌਸਮੀ ਮੀਂਹ ਤੇ ਗੜ੍ਹੇਮਾਰੀ ਨਾਲ ਕਣਕ ਸਮੇਤ ਹੋਰ ਫ਼ਸਲਾਂ ਨੂੰ ਭਾਰੀ ਨੁਕਸਾਨ ਹੋਇਆ ਹੈ। ਇਸ ਨੂੰ ਲੈ ਕੇ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਜ਼ਿਲ੍ਹਾ ਜਨਰਲ ਸਕੱਤਰ ਅਮਰੀਕ ਸਿੰਘ ਮੀਕੇ ਨੇ ਆਪਣੇ ਗ੍ਰਹਿ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਪੰਜਾਬ ਸਰਕਾਰ ਤੋਂ ਮੰਗ ਕਰਦਿਆਂ ਬੇਮੌਸਮੇ ਮੀਂਹ ਪੈਣ ਨਾਲ ਪ੍ਰਭਾਵਿਤ ਕਿਸਾਨਾਂ ਨੂੰ 50 ਹਜ਼ਾਰ ਰੁਪਏ ਪ੍ਰਤੀ ਏਕੜ ਮੁਆਵਜ਼ਾ ਦੇਣ ਦੀ ਮੰਗ ਕੀਤੀ ਹੈ। ਜ਼ਿਲ੍ਹਾ ਜਨਰਲ ਸਕੱਤਰ ਨੇ ਕਿਹਾ ਕਿ ਕਿਸਾਨ ਪਹਿਲਾਂ ਹੀ ਹੜ੍ਹ ਦੇ ਨੁਕਸਾਨ ਤੋਂ ਪੂਰੀ ਤਰ੍ਹਾਂ ਉਭਰ ਨਹੀਂ ਸਕੇ ਸਨ ਤੇ ਹੁਣ ਬੇਮੌਸਮੀ ਮੀਂਹ ਨੇ ਕਣਕ ਤੋਂ ਲੈ ਕੇ ਸਬਜ਼ੀਆਂ ਤੱਕ ਦੀਆਂ ਫ਼ਸਲਾਂ ਨੂੰ ਬੁਰੀ ਤਰ੍ਹਾਂ ਪ੍ਰਭਾਵਿਤ ਕੀਤਾ ਹੈ। ਇਸ ਨਾਲ ਕਿਸਾਨ ਆਰਥਿਕ ਦੇ ਨਾਲ-ਨਾਲ ਮਾਨਸਿਕ ਰੂਪ ਨਾਲ ਵੀ ਟੁੱਟ ਚੁੱਕੇ ਹਨ। ਉਨ੍ਹਾਂ ਕਿਹਾ ਕਿ ਪਹਿਲਾਂ ਤੋਂ ਕਰਜ਼ੇ ਦੇ ਬੋਝ ਹੇਠ ਦੱਬੇ ਕਿਸਾਨਾਂ ਨੂੰ ਜੇਕਰ ਸਮੇਂ 'ਤੇ ਮੁਆਵਜ਼ਾ ਮਿਲ ਜਾਵੇ ਤਾਂ ਉਨ੍ਹਾਂ ਨੂੰ ਵੱਡੀ ਰਾਹਤ ਮਿਲ ਸਕਦੀ ਹੈ। ਉਨ੍ਹਾਂ ਹਾਲ ਹੀ 'ਚ ਕਰਜ਼ੇ ਕਾਰਨ ਖੁਦਕੁਸ਼ੀ ਕਰਨ ਵਾਲੇ ਕਿਸਾਨਾਂ ਦਾ ਜ਼ਿਕਰ ਕਰਦੇ ਹੋਏ ਇਸ ਨੂੰ ਪੰਜਾਬ ਲਈ ਬੇਹੱਦ ਦੁਖਦਾਈ ਤੇ ਚਿੰਤਾਜਨਕ ਦੱਸਿਆ। ਇਸ ਸਮੇਂ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਗਰੁੱਪ ਦੇ ਸਮੂਹ ਆਗੂ ਮੈਂਬਰ ਹਾਜ਼ਰ ਸਨ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਗੁਰਨਾਮ ਸਿੰਘ ਸੰਗਰ, ਜ਼ਿਲ੍ਹਾ ਪ੍ਰਚਾਰ ਸ਼ਰਵਣ ਸਿੰਘ ਤਲਵੰਡੀ, ਤਰਲੋਕ ਸਿੰਘ ਮੀਕੇ, ਬਲਾਕ ਪ੍ਰਧਾਨ ਰਣਧੀਰ ਸਿੰਘ, ਸੁਲੱਖਣ ਸਿੰਘ ਮੀਕੇ, ਦਰਸ਼ਨ ਸਿੰਘ ਮੀਕੇ, ਜਸਵੰਤ ਸਿੰਘ, ਅਮਰਜੀਤ ਸਿੰਘ ਡੇਰਾ ਬਾਬਾ ਨਾਨਕ, ਕੁਲਵਿੰਦਰ ਸਿੰਘ ਛੈਲੋਵਾਲ, ਕੁਲਵਿੰਦਰ ਸਿੰਘ ਪੰਨੂੰ, ਮੇਜਰ ਸਿੰਘ ਤਲਵੰਡੀ, ਗੁਰਮੁੱਖ ਸਿੰਘ ਸੂਚ ਆਦਿ ਕਿਸਾਨ ਆਗੂ ਹਾਜ਼ਰ ਸਨ।

# ਪਿੰਡ ਛੈਲੋਵਾਲ ਦੇ ਪਿਓ-ਪੁੱਤਰ ਪੁਲਿਸ ਪ੍ਰਸ਼ਾਸਨ ਕੋਲੋਂ ਇਨਸਾਫ਼ ਲੈਣ ਲਈ ਚੜ੍ਹੇ ਹਾਈ ਵੋਲਟੇਜ ਟਾਵਰ 'ਤੇ

ਘੁਮਾਣ/ਸ੍ਰੀ ਹਰਿਗੋਬਿੰਦਪੁਰ ਸਾਹਿਬ, 8 ਅਪ੍ਰੈਲ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ/ਡਾ. ਸਰਬਜੀਤ ਭਿੰਡਰ): ਪੁਲਿਸ ਥਾਣਾ ਘੁਮਾਣ ਅਧੀਨ ਪੈਂਦੇ ਪਿੰਡ ਛੈਲੋਵਾਲ ਦੇ ਪਿਓ-ਪੁੱਤਰ ਬਿਜਲੀ ਦੇ ਇੱਕ ਹਾਈ ਵੋਲਟੇਜ ਦੇ ਉਚੇ ਟਾਵਰ ਉਤੇ ਇਸ ਕਰਕੇ ਚੜ੍ਹੇ ਹੋਏ ਹਨ, ਉਨ੍ਹਾਂ ਨੂੰ ਪੁੱਤਰ ਦੇ ਕਤਲ ਦਾ ਇਨਸਾਫ ਨਹੀਂ ਮਿਲਿਆ। ਉਨ੍ਹਾਂ ਨੇ ਦੋਸ਼ ਲਗਾਇਆ ਕਿ ਬਟਾਲਾ ਦੀ ਪੁਲਿਸ ਉਨ੍ਹਾਂ ਦੇ ਸਕੂਲ ਪੜ੍ਹਦੇ ਪੁੱਤਰ ਨੂੰ ਘਰੋਂ ਚੁੱਕ ਕੇ ਲੈ ਗਈ ਹੈ। ਟਾਵਰ ਉਤੇ ਚੜ੍ਹੇ ਹਰਦੇਵ ਸਿੰਘ ਉਰਫ ਹੀਰਾ ਸਿੰਘ ਤੇ ਉਸ ਦੇ ਸਪੁੱਤਰ ਹਰਮਨ ਸਿੰਘ ਨੇ ਦੱਸਿਆ ਕਿ ਬੀਤੇ ਸਮੇਂ ਵਿੱਚ ਉਨ੍ਹਾਂ ਦੇ ਪੁੱਤਰ ਦਾ ਸਕੂਲ ਦੇ ਬਾਹਰ ਕਤਲ ਕਰ ਦਿੱਤਾ ਗਿਆ ਸੀ। ਕਤਲ ਕਰਨ ਵਾਲੀ ਪਾਰਟੀ ਵੱਲੋਂ ਹੁਣ ਉਨ੍ਹਾਂ ਨੂੰ ਇਸ ਮਾਮਲੇ ਵਿੱਚ ਗਵਾਹੀਆਂ ਨਾ ਦੇਣ ਲਈ ਦਬਾਅ ਪਾਇਆ ਜਾ ਰਿਹਾ ਹੈ ਤੇ ਬੀਤੇ ਦਿਨ ਵੀ ਜਦ ਉਹ ਗਵਾਹੀ ਦੇਣ ਬਟਾਲੇ ਗਏ ਸਨ ਤਾਂ ਉਨ੍ਹਾਂ ਨਾਲ ਝਗੜਾ ਕਰਦੇ ਹੋਏ ਕੁੱਟਮਾਰ ਕੀਤੀ ਗਈ ਸੀ ਪਰ ਪੁਲਿਸ ਨੇ ਉਲਟਾ ਹਰਦੇਵ ਸਿੰਘ ਤੇ ਹਰਮਨ ਸਿੰਘ ਆਦਿ ਦੇ ਉਤੇ ਹੀ ਝੂਠਾ ਮਾਮਲਾ ਦਰਜ ਕਰ ਦਿੱਤਾ ਹੈ। ਉਨ੍ਹਾਂ ਨੇ ਕਿਹਾ ਕਿ ਇਸ ਝੂਠੇ ਮਾਮਲੇ ਨੂੰ ਰੱਦ ਕਰਵਾਉਣ ਤੇ ਆਪਣੇ ਬੇਟੇ ਦੀ ਰਿਹਾਈ ਲਈ ਉਹ ਟਾਵਰ ਉਤੇ ਚੜ੍ਹੇ ਹਨ। ਇਸ ਮੌਕੇ ਥਾਣਾ ਮੁਖੀ ਘੁਮਾਣ ਹਰਜਿੰਦਰ ਸਿੰਘ ਵੀ ਪਹੁੰਚੇ, ਜਦੋਂ ਉਨ੍ਹਾਂ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਨੇ ਕਿਹਾ ਕਿ ਇਹ ਮਾਮਲਾ ਬਟਾਲਾ ਥਾਣੇ ਦਾ ਹੈ, ਜਿੱਥੇ ਇਨ੍ਹਾਂ ਦੇ ਝਗੜੇ ਵਿੱਚ ਕੁਝ ਮੈਂਬਰਾਂ ਨੂੰ ਨਾਮਜ਼ਦ ਕੀਤਾ ਗਿਆ ਹੈ ਪਰ ਇਸ ਮਾਮਲੇ ਦੀ ਪੂਰੀ ਸੁਣਵਾਈ ਤੇ ਕਿਸੇ ਵੀ ਇਨਕੁਆਰੀ ਲਈ ਉਚ ਪੁਲਿਸ ਅਧਿਕਾਰੀ ਤੇ ਉਕਤ ਥਾਣੇ ਵਿੱਚ ਹੀ ਇਨ੍ਹਾਂ ਹਰਦੇਵ ਸਿੰਘ ਤੇ ਪਰਿਵਾਰ ਵੱਲੋਂ ਉਚ ਅਧਿਕਾਰੀਆਂ ਨੂੰ ਦਰਖਾਸਤ ਦੇ ਕੇ ਕਰਵਾਈ ਜਾ ਸਕਦੀ ਹੈ ਤਾਂ ਹੀ ਕੋਈ ਸੁਣਵਾਈ ਹੋ ਸਕਦੀ ਹੈ। ਇਸ ਮੌਕੇ ਐਸਐਚਓ ਘੁਮਾਣ ਤੇ ਹੋਰ ਕੁਝ ਪਤਵੰਤਿਆਂ ਨੇ ਟਾਵਰ ਉਤੇ ਚੜ੍ਹੇ ਹੋਏ ਹਰਦੇਵ ਸਿੰਘ ਉਰਫ ਹੀਰਾ ਸਿੰਘ ਤੇ ਹਰਮਨ ਸਿੰਘ ਨੂੰ ਹੇਠਾਂ ਉਤਰ ਕੇ ਆਪਣੇ ਇਨਸਾਫ ਲਈ ਬਨਦੀ ਮੰਗ ਕਰਨ ਦੀ ਅਪੀਲ ਕੀਤੀ। ਖਬਰ ਲਿਖੇ ਜਾਣ ਤੱਕ ਅਜੇ ਦੋਵੇਂ ਹੀ ਪਿਓ-ਪੁੱਤਰ ਟਾਵਰ ਉਤੇ ਚੜ੍ਹੇ ਹੋਏ ਹਨ। ਪੁਲਿਸ ਤੇ ਹੋਰ ਸਾਰੀਆਂ ਜਥੇਬੰਦੀਆਂ ਦੀ ਅਪੀਲ ਦਾ ਕੋਈ ਅਸਰ ਨਹੀਂ ਹੋਇਆ। ਉਨ੍ਹਾਂ ਕਿਹਾ ਕਿ ਪੁਲਿਸ ਜਿੰਨਾ ਚਿਰ ਸਾਡੇ ਗ੍ਰਿਫਤਾਰ ਪੁੱਤਰ ਨੂੰ ਨਹੀਂ ਛੱਡਦੀ ਤੇ ਸਾਨੂੰ ਇਨਸਾਫ ਨਹੀਂ ਦਿੰਦੀ ਅਸੀਂ ਟਾਵਰ 'ਤੇ ਹੀ ਰਹਾਂਗੇ।



# ਖ਼ਾਲਸਾ ਸਾਜਨਾ ਦਿਵਸ ਵਿਸਾਖੀ ਨੂੰ ਸਮਰਿਪਤ 18ਵਾਂ ਗੁਰਮਤਿ ਸਮਾਗਮ 11 ਤੋਂ

ਧਾਰੀਵਾਲ, 8 ਅਪ੍ਰੈਲ (ਅਸ਼ੋਕ ਕੁਮਾਰ): ਗੁਰੂ ਕਲਗੀਧਰ ਫਾਊਂਡੇਸ਼ਨ ਰਜਿ. ਫੱਜੂਪੁਰ, ਫਤੇਨੰਗਲ, ਲੇਹਲ ਵੱਲੋਂ ਇਲਾਕੇ ਦੀਆਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਖ਼ਾਲਸਾ ਸਾਜਨਾ ਦਿਵਸ ਤੇ ਵਿਸਾਖੀ ਨੂੰ ਸਮਰਪਿਤ 18ਵਾਂ ਸਾਲਾਨਾ ਗੁਰਮਤਿ ਸਮਾਗਮ 11 ਤੋਂ 14 ਅਪ੍ਰੈਲ ਤਹਿਤ ਪਿੰਡ ਫੱਜੂਪੁਰ ਵਿਖੇ ਕਰਵਾਇਆ ਜਾ ਰਿਹਾ ਹੈ। ਗੁਰਮਤਿ ਸਮਾਗਮ ਸਬੰਧੀ ਜਾਣਕਾਰੀ ਦਿੰਦੇ ਹੋਏ ਸੇਵਾਦਾਰ ਭਾਈ ਪ੍ਰਸ਼ੋਤਮ ਸਿੰਘ, ਭਾਈ ਨਰਿੰਦਰ ਜੀਤ ਲੇਹਲ, ਇਕਬਾਲ ਸਿੰਘ ਲੱਕੀ, ਭਾਈ ਗੁਰਦੇਵ ਸਿੰਘ, ਡਾ. ਬਿਕਰਮਜੀਤ ਸਿੰਘ, ਸਚਿਨਦੀਪ ਸਿੰਘ ਲੇਹਲ, ਪਲਵਿੰਦਰ ਸਿੰਘ ਲੱਕੀ ਤੇ ਸ਼ਮਸ਼ੇਰ ਸਿੰਘ ਲੇਹਲ ਨੇ ਦੱਸਿਆ ਕਿ 11 ਅਪ੍ਰੈਲ ਨੂੰ ਦੁਪਿਹਰੇ ਗੁਰਬਾਣੀ ਕੰਠ ਤੇ ਬੱਚਿਆਂ ਦੇ ਦਸਤਾਰ ਮੁਕਾਬਲੇ ਹੋਣਗੇ, ਗੁਰਦੁਆਰਾ ਸਿੰਘ ਸਭਾ ਫੱਜੂਪੁਰ ਤੋਂ 12 ਅਪ੍ਰੈਲ ਨੂੰ ਸਵੇਰੇ 10.00 ਵਜੇ ਨਗਰ ਕੀਰਤਨ ਸਜਾਇਆ ਜਾਵੇਗਾ, ਸ੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਧਾਰੀਵਾਲ ਸੰਗਤੀ ਰੂਪ ਵਿੱਚ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ, ਸ਼ਾਮ 6.00 ਵਜੇ ਤੋਂ 7.00 ਵਜੇ ਤੱਕ ਕਰਨਗੇ ਤੇ 13-14 ਅਪ੍ਰੈਲ ਨੂੰ ਰਾਤ 7.00 ਵਜੇ 11 ਵਜੇ ਤੱਕ ਸਰਕਾਰੀ ਹਾਈ ਸਕੂਲ ਲੇਹਲ ਵਿਖੇ ਗੁਰਮਤਿ ਦੀਵਾਨ ਸਜਾਏ ਜਾਣਗੇ। ਜਿਸ ਦੌਰਾਨ ਪ੍ਰਸਿੱਧ ਕਥਾ-ਵਾਚਕ, ਪ੍ਰਚਾਰਕ, ਰਾਗੀ ਜੱਥੇ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਜੋੜਨਗੇ। ਸਮੁੱਚੇ ਪ੍ਰਬੰਧਕਾਂ, ਸੇਵਾਦਾਰ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਸਮਾਗਮਾਂ ਵਿੱਚ ਸ਼ਮੂਲੀਅਤ ਕਰਕੇ ਗੁਰੂਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨ। ਸਮਾਗਮ ਦੌਰਾਨ ਗੁਰੂ ਕਾ ਅਤੁੱਟ ਲੰਗਰ ਵਰਤੇਗਾ।



# ਕਾਂਗਰਸ ਨੂੰ ਵੱਡਾ ਝਟਕਾ, ਕਈ ਪਾਰਟੀ ਵਰਕਰ 'ਆਪ' 'ਚ ਸ਼ਾਮਲ



ਸ੍ਰੀ ਹਰਿਗੋਬਿੰਦਪੁਰ ਸਾਹਿਬ/ ਘੁਮਾਣ, 8 ਅਪ੍ਰੈਲ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਵਿਧਾਨ ਸਭਾ ਹਲਕਾ ਸ੍ਰੀ ਹਰਿਗੋਬਿੰਦਪੁਰ ਸਾਹਿਬ ਦੇ ਪਿੰਡ ਬੋਹਜਾ ਵਿੱਚ ਕਾਂਗਰਸ ਪਾਰਟੀ ਨੂੰ ਉਸ ਵੇਲੇ ਵੱਡਾ ਝੱਟਕਾ ਲੱਗਾ, ਜਦੋਂ ਬਲਾਕ ਸੰਮਤੀ ਮੈਂਬਰ ਮੁਖਤਾਰ ਸਿੰਘ ਬੋਹਜਾ ਦੀ ਪ੍ਰੇਰਨਾ ਸਦਕਾ ਤੇ ਹਲਕਾ ਵਿਧਾਇਕ ਐਡ. ਅਮਰਪਾਲ ਸਿੰਘ ਕਿਸ਼ਨਕੋਟ ਤੇ ਪੰਜਾਬ ਸਰਕਾਰ ਦੀਆਂ ਲੋਕ ਪੱਖੀ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਪਿੰਡ ਬੋਹਜਾ ਦੇ ਕਾਂਗਰਸੀ ਵਰਕਰ ਸੁਰਜੀਤ ਸਿੰਘ, ਜੋਗਾ ਸਿੰਘ, ਲਖਵਿੰਦਰ ਸਿੰਘ, ਦਲਬੀਰ ਸਿੰਘ, ਪ੍ਰਗਟ ਸਿੰਘ ਅਜੀਤ ਸਿੰਘ, ਬਲਵੰਤ ਸਿੰਘ ਪਰਿਵਾਰ ਸਮੇਤ ਕਾਂਗਰਸ ਪਾਰਟੀ ਨੂੰ ਅਲਵਿਦਾ ਕਹਿ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ। ਕਾਂਗਰਸ ਪਾਰਟੀ ਨੂੰ ਅਲਵਿਦਾ ਕਹਿਣ ਵਾਲੇ ਵਰਕਰਾਂ ਨੂੰ ਹਲਕਾ ਵਿਧਾਇਕ ਐਡ. ਅਮਰਪਾਲ ਸਿੰਘ ਕਿਸ਼ਨਕੋਟ ਤੇ ਬਲਾਕ ਸੰਮਤੀ ਮੈਂਬਰ ਮੁਖਤਾਰ ਸਿੰਘ ਬੋਹਜਾ ਵੱਲੋਂ ਸਿਰੋਪਾਓ ਭੇਟ ਕਰਕੇ ਪਾਰਟੀ ਵਿੱਚ ਸ਼ਾਮਲ ਕੀਤਾ ਗਿਆ। ਇਸ ਮੌਕੇ ਪੀਏ ਨਵ ਭਿੰਡਰ, ਪੰਚ ਲਵਪ੍ਰੀਤ ਸਿੰਘ, ਪੰਚ ਕਰਨਬੀਰ ਕੌਰ, ਪੰਚ ਪ੍ਰਮਜੀਤ ਸਿੰਘ, ਸੂਬੇਦਾਰ ਜਗੀਰ ਸਿੰਘ ਸੂਬੇਦਾਰ ਮੁਹਿੰਦਰ ਸਿੰਘ, ਡਾ. ਗੁਲਜ਼ਾਰ ਸਿੰਘ, ਗੁਰਚਰਨ ਸਿੰਘ, ਡਾ. ਸਰਬਜੀਤ ਸਿੰਘ, ਨੰਬਰਦਾਰ ਦਿਲਬਾਗ ਸਿੰਘ, ਹਰੀ ਸਿੰਘ, ਚੰਨਣ ਸਿੰਘ, ਰਛਪਾਲ ਸਿੰਘ, ਹਰਨੇਕ ਸਿੰਘ, ਸੁਰਜੀਤ ਸਿੰਘ, ਜੋਗਾ ਸਿੰਘ, ਸਰਪੰਚ ਜੋਬਨ ਸਿੰਘ ਨਿੱਕਾ ਬੋਹਜਾ, ਸੁਖਦੇਵ ਸਿੰਘ, ਬਲਵਿੰਦਰ ਸਿੰਘ ਯੂਐਸਏ, ਭੁਪਿੰਦਰ ਸਿੰਘ, ਲੱਖਾ ਸਿੰਘ, ਦਲਬੀਰ ਸਿੰਘ, ਸਤਨਾਮ ਸਿੰਘ, ਬਲਾਕ ਪ੍ਰਧਾਨ ਸਲਵਿੰਦਰ ਸਿੰਘ, ਤਰਸੇਮ ਸਿੰਘ, ਅਮਰੀਕ ਸਿੰਘ ਮਾੜੀ, ਗੁਰਮੇਜ ਸਿੰਘ ਇੰਸਪੈਕਟਰ ਭਗਵਾਨ ਸਿੰਘ ਤੇ ਬਲਵੰਤ ਸਿੰਘ ਹਾਜ਼ਰ ਸਨ।

# ਹਿੰਦੂਆਂ ਦੇ ਬਣਦੇ ਹੱਕ ਦਿਵਾਉਣ ਲਈ 10 ਨੂੰ ਡਿਪਟੀ ਕਮਿਸ਼ਨਰਾਂ ਨੂੰ ਮੰਗ ਪੱਤਰ ਦਿੱਤੇ ਜਾਣਗੇ: ਰਾਹੁਲ ਖੰਨਾ

ਟਾਂਡਾ ਉੜਮੁੜ, 8 ਅਪ੍ਰੈਲ (ਅਰਜੁਨ ਜੈਨ): ਪੰਜਾਬ ਸਰਕਾਰ ਤੋਂ ਹਿੰਦੂਆਂ ਨੂੰ ਉਮੀਦ ਸੀ ਕਿ ਉਨ੍ਹਾਂ ਦੇ ਬਣਦੇ ਹੱਕ ਸਰਕਾਰ ਜਲਦ ਦੇ ਦੇਵੇਗੀ ਪਰ ਅਜਿਹਾ ਨਾ ਹੋਣ ਕਾਰਨ ਤੇ ਕੁੰਭਕਰਨੀ ਨੀਂਦੇ ਸੁੱਤੀ ਪਈ ਸਰਕਾਰ ਨੂੰ ਜਗਾਉਣ ਲਈ 10 ਅਪ੍ਰੈਲ ਨੂੰ ਡਿਪਟੀ ਕਮਿਸ਼ਨਰਾਂ ਨੂੰ ਮੰਗ ਪੱਤਰ ਦੇਣ ਸਬੰਧੀ ਵਿਚਾਰ-ਵਟਾਂਦਰਾ ਕਰਨ ਲਈ ਸ਼ਿਵ ਸੈਨਾ ਹਿੰਦੁਸਤਾਨ ਦੇ ਪੰਜਾਬ ਯੂਥ ਪ੍ਰਧਾਨ ਰਾਹੁਲ ਖੰਨਾ ਦੀ ਅਗਵਾਈ ਵਿੱਚ ਇੱਕ ਮੀਟਿੰਗ ਦਾ ਆਯੋਜਨ ਕੀਤਾ ਗਿਆ। ਮੀਟਿੰਗ 'ਚ ਜ਼ਿਲ੍ਹਾ ਚੇਅਰਮੈਨ ਵਿਵੇਕ ਵਿਜਨ, ਦੋਆਬਾ ਪ੍ਰਧਾਨ ਪ੍ਰਸ਼ਾਂਤ ਪੰਡਿਤ, ਯੂਵਾ ਨੇਤਾ ਰਾਜੂ ਖੋਸਲਾ, ਜ਼ਿਲ੍ਹਾ ਸਕੱਤਰ ਮਿਥਲੇਸ਼ ਗਰਗ, ਜ਼ਿਲ੍ਹਾ ਪ੍ਰਧਾਨ ਪੁਨੀਤ ਢੀਂਗਰਾ, ਬਲਾਕ ਚੇਅਰਮੈਨ ਗੌਰਵ ਬੇਦੀ, ਹਿੰਦੂ ਨੇਤਾ ਜਿੰਮੀ ਖੰਨਾ, ਕਮਲ ਧੀਰ, ਹਿੰਦੂ ਨੇਤਾ ਮੋਨੂੰ ਖੁਰਾਣਾ, ਉਘੇ ਸਮਾਜ ਸੇਵੀ ਅਰਵ ਖੋਸਲਾ, ਉਘੇ ਸਮਾਜ ਸੇਵੀ ਗਗਨਦੀਪ, ਸਿਟੀ ਚੇਅਰਮੈਨ ਅਰੁਣ ਸੇਠੀ, ਜ਼ਿਲ੍ਹਾ ਉਪ-



ਚੇਅਰਮੈਨ ਸੰਜੀਵ ਖੰਨਾ, ਰਜੀਵ ਖੰਨਾ, ਹਰਦੀਪ ਸਿੰਘ, ਪਰਮਜੀਤ ਸਿੰਘ, ਬਬਲੂ ਕੁਮਾਰ ਤੇ ਬੰਟੀ ਰਾਜਪੂਤ ਤੋਂ ਇਲਾਵਾ ਹੋਰ ਸ਼ਿਵ ਸੈਨਾ ਵਰਕਰਾਂ ਨੇ ਆਪਣੇ-ਆਪਣੇ ਵਿਚਾਰ ਸਾਂਝੇ ਕੀਤੇ। ਹਾਜ਼ਰ ਇਕੱਠ ਨੂੰ ਸੰਬੋਧਨ ਕਰਦੇ ਹੋਏ ਪ੍ਰਧਾਨ ਰਾਹੁਲ ਖੰਨਾ ਨੇ ਕਿਹਾ ਕਿ ਸ਼ਿਵ ਸੈਨਾ ਹਿੰਦੁਸਤਾਨ ਆਪਣੇ ਮੰਗ ਪੱਤਰ ਰਾਹੀਂ ਇਹ ਮੰਗ ਕਰ ਰਹੀ ਹੈ ਕਿ ਆਤੰਕਵਾਦ ਦੌਰਾਨ ਪੰਜਾਬ ਦੇ ਪੀੜਤ 35 ਹਜ਼ਾਰ ਹਿੰਦੂਆਂ ਨੂੰ ਉਨ੍ਹਾਂ ਦੇ ਬਣਦੇ ਹੱਕ ਤੇ ਪਿਛਲੀ ਪੰਜਾਬ ਸਰਕਾਰ ਵੱਲੋਂ ਮਨਜ਼ੂਰ ਕੀਤੇ ਗਏ 781 ਕਰੋੜ ਰੁਪਏ ਜਲਦ ਜਾਰੀ ਕੀਤੇ ਜਾਣ। ਉਨ੍ਹਾਂ ਕਿਹਾ ਕਿ ਇਸ ਸਬੰਧੀ ਪਹਿਲਾਂ ਵੀ ਮੰਗ ਕੀਤੀ ਜਾ ਚੁੱਕੀ ਹੈ। ਰਾਹੁਲ ਖੰਨਾ ਨੇ ਕਿਹਾ ਕਿ ਪੰਜਾਬ ਦੇ ਸਾਰੇ ਡਿਪਟੀ ਕਮਿਸ਼ਨਰਾਂ ਨੂੰ 10 ਅਪ੍ਰੈਲ ਨੂੰ ਪੰਜਾਬ ਸਰਕਾਰ ਦੇ ਨਾਂ 'ਤੇ ਮੰਗ ਪੱਤਰ ਦਿੱਤੇ ਜਾਣਗੇ। ਉਨ੍ਹਾਂ ਕਿਹਾ ਕਿ ਜੇਕਰ 30 ਅਪ੍ਰੈਲ ਤੱਕ ਸਰਕਾਰ ਨੇ ਸਾਡੀਆਂ ਮੰਗਾਂ ਪ੍ਰਵਾਨ ਨਹੀਂ ਕੀਤੀਆਂ ਤੇ ਹਿੰਦੂਆਂ ਨੂੰ ਉਨ੍ਹਾਂ ਦੇ ਬਣਦੇ ਹੱਕ ਨਹੀਂ ਦਿੱਤੇ ਤਾਂ ਸ਼ਿਵ ਸੈਨਾ ਹਿੰਦੁਸਤਾਨ ਪੰਜਾਬ ਦੇ ਸਾਰੇ ਹਿੰਦੂ ਪੀੜਤ ਪਰਿਵਾਰਾਂ ਤੇ ਹਿੰਦੂ ਸੰਗਠਨਾਂ ਦੇ ਸਹਿਯੋਗ ਨਾਲ ਸੰਘਰਸ਼ ਦਾ ਬਿਗੁਲ ਵਜਾ ਦੇਵੇਗੀ, ਜਿਸ ਵਿੱਚ ਰੋਸ ਪ੍ਰਦਰਸ਼ਨ ਤੇ ਸੜਕ ਜਾਮ ਲਗਾਏ ਜਾਣਗੇ।

# ਗਲੋਬਲ ਸ਼ਰਵਣ ਪੁਰਸਕਾਰ ਸਮਾਰੋਹ 10 ਨੂੰ

ਹੁਸ਼ਿਆਰਪੁਰ, 8 ਅਪ੍ਰੈਲ (ਪਰਮਿੰਦਰ ਘੁੰਮਣ): ਮਾਤ-ਪਿਤਾ ਗੋਧਾਮ ਟਰੱਸਟ ਵੱਲੋਂ 10 ਅਪ੍ਰੈਲ ਨੂੰ ਦੁਨੀਆਂ ਦੇ ਪਹਿਲੇ ਮਾਤ-ਪਿਤਾ ਮੰਦਰ ਵਿਖੇ 15ਵੇਂ ਮਾਤ-ਪਿਤਾ ਪੂਜਨ ਦਿਵਸ ਦੌਰਾਨ ਗਲੋਬਲ ਸ਼ਰਵਣ ਪੁਰਸਕਾਰ ਸਮਾਰੋਹ ਦਾ ਆਯੋਜਨ ਕੀਤਾ ਜਾ ਰਿਹਾ ਹੈ। ਟਰੱਸਟ ਦੇ ਸੰਸਥਾਪਕ ਟਰੱਸਟੀ ਗੋਚਰ ਦਾਸ ਗਿਆਨ ਨੇ ਦੱਸਿਆ ਕਿ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਪੁਰਸਕਾਰ ਸਮਾਰੋਹ-2025 ਵਿੱਚ ਮੁੱਖ ਮਹਿਮਾਨ ਹੋਣਗੇ। ਰਾਜ ਸਭਾ ਮੈਂਬਰ ਰੇਖਾ ਸ਼ਰਮਾ ਇਸ ਮੌਕੇ ਮੁੱਖ ਵਿਸ਼ੇਸ਼ ਮਹਿਮਾਨ ਹੋਣਗੇ। ਇਸ ਮੌਕੇ 'ਤੇ ਹਰਿਆਣਾ ਦੇ ਸਾਬਕਾ ਸਪੀਕਰ ਗਿਆਨ ਚੰਦ ਗੁਪਤਾ, ਹਰਿਆਣਾ ਦੇ ਮੁੱਖ ਮੰਤਰੀ ਦੇ ਰਾਜਨੀਤਿਕ ਸਕੱਤਰ ਤਰੁਣ ਭੰਡਾਰੀ, ਪੰਚਕੂਲਾ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਅਜੇ ਮਿੱਤਲ, ਰਾਜਪੁਰਾ ਤੋਂ ਸੀਨੀਅਰ ਭਾਜਪਾ ਆਗੂ ਜਗਦੀਸ਼ ਜੱਗਾ ਤੇ ਡੇਰਾਬੱਸੀ ਤੋਂ ਭਾਜਪਾ ਆਗੂ ਗੁਰਦਰਸ਼ਨ ਸਿੰਘ ਸੈਣੀ ਵਿਸ਼ੇਸ਼ ਮਹਿਮਾਨ ਹੋਣਗੇ।ਪੁਰਸਕਾਰ ਸਮਾਰੋਹ ਵਿੱਚ ਭਾਰਤ, ਚੰਡੀਗੜ੍ਹ, ਹਰਿਆਣਾ, ਪੰਜਾਬ, ਦਿੱਲੀ ਤੇ




ਮਹਾਰਾਸ਼ਟਰ ਸ਼੍ਰੇਣੀਆਂ ਵਿੱਚ ਗਲੋਬਲ ਸ਼ਰਵਣ ਪੁਰਸਕਾਰ ਦਿੱਤੇ ਜਾਣਗੇ। ਇਹ ਧਿਆਨ ਦੇਣ ਯੋਗ ਹੈ ਕਿ ਦੁਨੀਆਂ ਦਾ ਪਹਿਲਾ ਮਾਤਾ-ਪਿਤਾ ਮੰਦਰ ਬਨੂੜ-ਅੰਬਾਲਾ ਰੋਡ, ਜ਼ਿਲ੍ਹਾ ਮੋਹਾਲੀ 'ਤੇ ਬਣਾਇਆ ਜਾ ਰਿਹਾ ਹੈ, ਜਿੱਥੇ ਹਰ ਸਾਲ 10 ਅਪ੍ਰੈਲ ਨੂੰ ਮਾਤਾ-ਪਿਤਾ ਪੂਜਾ ਦਿਵਸ ਬਹੁਤ ਧੂਮਧਾਮ ਨਾਲ ਮਨਾਇਆ ਜਾਂਦਾ ਹੈ, ਜਿਸ ਵਿੱਚ ਵੱਖ-ਵੱਖ ਰਾਜਾਂ ਦੇ ਲੋਕ ਆਉਂਦੇ ਹਨ ਤੇ ਆਪਣੇ ਮਾਤਾ-ਪਿਤਾ ਦੀ ਪੂਜਾ ਕਰਦੇ ਹਨ। ਬਹੁਤ ਜਲਦੀ ਦੁਨੀਆਂ ਦਾ ਪਹਿਲਾ ਮਾਤਾ-ਪਿਤਾ ਮੰਦਰ ਸਮਾਜ ਨੂੰ ਸਮਰਪਿਤ ਕੀਤਾ ਜਾਵੇਗਾ।ਪ੍ਰੈਸ ਕਾਨਫਰੰਸ ਵਿੱਚ ਚੇਅਰਮੈਨ ਤੇ ਟਰੱਸਟੀ ਕਸ਼ਮੀਰੀ ਲਾਲ ਗੁਪਤਾ, ਟਰੱਸਟੀ ਸੁਰੇਸ਼ ਸਿੰਗਲਾ, ਅਮਰਜੀਤ ਬਾਂਸਲ, ਜੈ ਗੋਪਾਲ ਬਾਂਸਲ, ਮਾਮਨ ਰਾਮ ਗਰਗ, ਦੀਪਕ ਮਿੱਤਲ, ਪ੍ਰਧਾਨ ਸੁਭਾਸ਼ ਸਿੰਗਲਾ, ਸੀਨੀਅਰ ਉਪ-ਪ੍ਰਧਾਨ ਸੁਸ਼ੀਲ ਬਿੰਦਲ, ਉਪ-ਪ੍ਰਧਾਨ ਕਪਿਲ ਵਰਮਾ ਤੇ ਸਕੱਤਰ ਸੁਰੇਸ਼ ਬਾਂਸਲ ਮੌਜੂਦ ਸਨ।

# ਸਿਵਲ ਹਸਪਤਾਲ ਦਸੂਹਾ ਵਿਖੇ ਵਿਸ਼ਵ ਸਿਹਤ ਦਿਵਸ ਮਨਾਇਆ



ਦਸੂਹਾ, 8 ਅਪ੍ਰੈਲ (ਰਾਜਿੰਦਰ ਸਿੰਘ ਦਸੂਹਾ): ਸਿਵਲ ਸਰਜਨ ਹੁਸ਼ਿਆਰਪੁਰ ਡਾ.ਮੰਦੀਪਕਮਲ ਦੇ ਹੁਕਮਾਂ ਅਨੁਸਾਰ ਤੇ ਸੀਨੀਅਰ ਮੈਡੀਕਲ ਅਫ਼ਸਰ ਡਾ.ਮਨਮੋਹਨ ਸਿੰਘ ਸਿਵਲ ਹਸਪਤਾਲ ਦਸੂਹਾ ਦੀ ਅਗਵਾਈ ਹੇਠ ਸਿਵਲ ਹਸਪਤਾਲ ਦਸੂਹਾ ਵਿਖੇ ਵਿਸ਼ਵ ਸਿਹਤ ਦਿਵਸ ਮਨਾਇਆ ਗਿਆ। ਇਸ ਮੌਕੇ ਸੀਨੀਅਰ ਮੈਡੀਕਲ ਅਫ਼ਸਰ ਡਾ.ਮਨਮੋਹਨ ਸਿੰਘ ਸਿਵਲ ਹਸਪਤਾਲ ਦਸੂਹਾ ਨੇ ਦੱਸਿਆ ਕਿ ਇਸ ਵਿਸ਼ਵ ਸਿਹਤ ਦਿਵਸ ਮਨਾਉਣ ਦਾ ਮੁੱਖ ਉਦੇਸ ਸਿਹਤ ਦੇ ਮਿਆਰ ਨੂੰ ਉਚਾ ਚੁੱਕਣਾ ਹੈ ਤੇ ਦੁਨੀਆਂ ਭਰ ਦੇ ਲੋਕਾਂ ਨੂੰ ਸਿਹਤ ਸਬੰਧੀ ਜਾਗਰੂਕ ਕਰਨਾ ਤੇ ਸਿਹਤ ਸੇਵਾਵਾਂ ਨੂੰ ਸੁਧਾਰਨ ਲਈ ਪ੍ਰੇਰਿਤ ਕਰਨਾ ਹੈ। ਲੋਕਾਂ ਨੂੰ ਬਿਮਾਰੀਆਂ ਤੋਂ ਬਚਾਅ, ਸਫਾਈ ਤੇ ਸਿਹਤਮੰਦ ਜੀਵਨਸ਼ੈਲੀ ਬਾਰੇ ਜਾਣਕਾਰੀ ਦੇਣਾ। ਹਰ ਵਿਅਕਤੀ ਤੱਕ ਸਸਤੀ ਤੇ ਚੰਗੀ ਸਿਹਤ ਸਹੂਲਤ ਪਹੁੰਚਾਉਣ ਦਾ ਸੁਨੇਹਾ ਦੇਣਾ। ਲੋਕਾਂ ਨੂੰ ਸਿਹਤਮੰਦ ਜੀਵਨਸ਼ੈਲੀ ਅਪਣਾਉਣ, ਕਸਰਤ ਨੂੰ ਉਤਸ਼ਾਹਿਤ ਕਰਨਾ, ਸਫਾਈ ਰੱਖਣ ਤੇ ਬਿਮਾਰੀਆਂ ਤੋਂ ਬਚਾਅ ਲਈ ਜ਼ਰੂਰੀ ਸਲਾਹਾਂ ਦਿੱਤੀਆਂ ਗਈਆਂ। ਖਾਸ ਕਰਕੇ ਮਾਤਾ ਤੇ ਬੱਚਾ ਸਿਹਤ, ਟੀਕਾਕਰਨ, ਡੇਂਗੂ, ਮਲੇਰੀਆ, ਚਿਕਨਗੁਨੀਆ, ਤੰਬਾਕੂ, ਨਸ਼ਿਆਂ ਬਾਰੇ, ਸ਼ੂਗਰ, ਹਾਈ ਬਲੱਡ ਪ੍ਰੈਸ਼ਰ ਤੇ ਸੰਕਰਾਮਕ ਬਿਮਾਰੀਆਂ ਤੋਂ ਬਚਾਅ ਬਾਰੇ ਜਾਣਕਾਰੀ ਦਿੱਤੀ ਗਈ।ਇਸ ਮੌਕੇ ਡਾ.ਕਰਨਜੀਤ ਸਿੰਘ, ਡਾ. ਹਰਸ਼ਪ੍ਰੀਤ ਕੌਰ, ਜਸਵਿੰਦਰ ਕੌਰ ਨਰਸਿੰਗ ਸਿਸਟਰ, ਸੀਮਾ ਭਾਰਦਵਾਜ ਸਟਾਫ਼ ਨਰਸ, ਐਲ.ਐਚ.ਵੀ ਕੁਲਜੀਤ ਕੌਰ, ਏ.ਐਨ ਐਮ ਬਖਸ਼ੀਸ਼ ਕੌਰ, ਐਮ.ਐਲ.ਟੀ. ਸੁਮਨਪ੍ਰੀਤ ਕੌਰ, ਐਮ.ਐਲ.ਟੀ. ਹਰਦਿਆਲ ਸਿੰਘ, ਸਿਹਤ ਕਰਮਚਾਰੀ ਗੁਰਨਾਮ ਸਿੰਘ, ਨਰਸਿੰਗ ਕਾਲਜ ਦੇ ਟੀਚਰ ਤੇ ਵਿਦਿਆਰਥੀ ਹਾਜ਼ਰ ਹੋਏ।

# ਰਿਆੜਕੀ ਪਬਲਿਕ ਸਕੂਲ ਵਿਖੇ 'ਅਰਦਾਸ ਦਿਵਸ' ਵਜੋਂ ਸੈਸ਼ਨ ਦਾ ਆਗਾਜ਼

ਕਾਹਨੂੰਵਾਨ, 8 ਅਪ੍ਰੈਲ (ਕੁਲਜੀਤ ਖੋਖਰ): ਜ਼ਿਲ੍ਹੇ ਦੀ ਮਾਣਮੱਤੀ ਤੇ ਸਿਰਮੌਰ ਸੰਸਥਾ ਬਾਬਾ ਆਇਆ ਸਿੰਘ ਰਿਆੜਕੀ ਪਬਲਿਕ ਸਕੂਲ, ਤੁਗਲਵਾਲਾ ਨੇ ਅੱਜ ਡਾ. ਐਮ.ਐਸ. ਰੰਧਾਵਾ ਆਡੀਟੋਰੀਅਮ ਨਾਲ ਵਿਦਿਆਰਥੀਆਂ ਨੇ ਆਪਣੇ ਮੋਢਿਆਂ 'ਤੇ ਚੁੱਕੀ। ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪ੍ਰਕਾਸ਼ ਕਰਨ ਦੀ ਪਾਵਨ ਸੇਵਾ ਅਦਾ ਕੀਤੀ ਤੇ ਸੰਪੂਰਨ ਸੇਵਾ-ਸੰਭਾਲ ਮਹੱਤਤਾ ਨਾਲ ਸਬੰਧਤ ਪ੍ਰਭਾਵਸ਼ਾਲੀ ਲੈਕਚਰ ਵੀ ਪੇਸ਼ ਕੀਤੇ ਗਏ।ਸੰਸਥਾ ਦੇ ਮੁੱਖ ਪ੍ਰਬੰਧਕ ਗਗਨਦੀਪ ਸਿੰਘ ਵਿਰਕ ਨੇ ਵਿਦਿਆਰਥੀਆਂ ਨੂੰ ਸੰਬੋਧਤ ਕਰਦੇ ਹੋਏ ਕਿਹਾ ਕਿ ਇਹ ਨਵਾਂ ਸੈਸ਼ਨ ਹਰ ਕਿਸੇ ਲਈ ਨਵੀਆਂ ਉਮੰਗਾਂ ਤੇ ਸੰਭਾਵਨਾਵਾਂ ਲੈ ਕੇ ਆਇਆ ਹੈ। ਸੰਸਥਾ ਦੀ ਡਾਇਰੈਕਟਰ ਪ੍ਰਿੰ. ਮਨਪ੍ਰੀਤ ਕੌਰ ਤੇ ਪ੍ਰਿੰ. ਇੰਦਰਜੀਤ ਕੌਰ ਨੇ ਕਿਹਾ ਕਿ ਜਿੱਥੇ ਇਹ ਸੰਸਥਾ ਅਕਾਦਮਿਕ ਤੇ ਖੇਡਾਂ



ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਹਜ਼ੂਰੀ ਵਿੱਚ ਨਵੇਂ ਅਕਾਦਮਿਕ ਸੈਸ਼ਨ 2026-27 ਦੀ ਸ਼ੁਰੂਆਤ 'ਤੂ ਠਾਕੁਰੁ ਤੁਮ ਪਹਿ ਅਰਦਾਸਿ' ਦੇ ਮਹਾਂਵਾਕ ਦੀ ਰੋਸ਼ਨੀ ਵਿੱਚ ਅਰਦਾਸ ਦਿਵਸ ਵਜੋਂ ਮਨਾ ਕੇ ਕੀਤੀ। ਇਹ ਸਮਾਗਮ ਉਸ ਵੇਲੇ ਹੋਰ ਵੀ ਵਿਸ਼ੇਸ਼ ਹੋ ਗਿਆ ਜਦੋਂ ਇਸ ਦੇ ਨਾਲ-ਨਾਲ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ ਪ੍ਰਕਾਸ਼ ਪੁਰਬ ਵੀ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਗਿਆ।ਦੋਵੇਂ ਪਾਵਨ ਦਿਹਾੜੇ ਇੱਕੋ ਦਿਨ ਵਿੱਚ ਸਮਰਪਿਤ ਕਰਕੇ ਰਿਆੜਕੀ ਪਰਿਵਾਰ ਨੇ ਆਪਣੀ ਵਿਰਾਸਤੀ ਭਾਵਨਾ ਦਾ ਸ਼ਾਨਦਾਰ ਪ੍ਰਗਟਾਵਾ ਕੀਤਾ। ਸਮਾਗਮ ਦੀ ਸਭ ਤੋਂ ਵੱਡੀ ਵਿਸ਼ੇਸ਼ਤਾ ਇਹ ਰਹੀ ਕਿ ਤਿਆਰੀ ਤੋਂ ਲੈ ਕੇ ਸੰਚਾਲਨ ਤੱਕ ਦੀ ਸਾਰੀ ਜ਼ਿੰਮੇਵਾਰੀ ਸਵੈ-ਉਤਸ਼ਾਹ ਦੇ ਸਾਰੇ ਕਾਰਜ ਪੂਰੀ ਸ਼ਰਧਾ ਅਤੇ ਨਿਮਰਤਾ ਨਾਲ ਸੰਪੰਨ ਕੀਤੇ।ਸਮਾਗਮ ਦੀ ਸ਼ੁਰੂਆਤ ਵਿਦਿਆਰਥੀਆਂ ਵੱਲੋਂ 'ਗੁਰੂ ਤੇਗ ਬਹਾਦਰ ਸਿਮਰਿਐ' ਦੇ ਪਾਵਨ ਸ਼ਬਦ ਨਾਲ ਕੀਤੀ ਗਈ, ਜਿਸ ਤੋਂ ਬਾਅਦ ਸੁਖਮਨੀ ਸਾਹਿਬ, ਜਪੁਜੀ ਸਾਹਿਬ ਤੇ ਚੌਪਈ ਸਾਹਿਬ ਦਾ ਪਾਵਨ ਜਾਪ ਕੀਤਾ ਗਿਆ। ਇਸ ਤੋਂ ਬਾਅਦ ਬਾਰ੍ਹਵੀਂ ਜਮਾਤ ਦੇ ਵਿਦਿਆਰਥੀ ਗੁਰਸਹਿਜ ਸਿੰਘ ਦੀ ਅਗਵਾਈ ਵਿੱਚ ਕੀਰਤਨੀ ਜਥੇ ਤੇ ਲੜਕੀਆਂ ਦੇ ਜਥੇ ਦੀ ਮੁਖੀ ਅਵਰੀਤ ਕੌਰ ਨੇ ਮਿਲ ਕੇ ਅਜਿਹਾ ਰਸ ਭਿੰਨਾ ਆਨੰਦਮਈ ਕੀਰਤਨ ਗਾਇਨ ਕੀਤਾ ਕਿ ਸਮੁੱਚਾ ਆਡੀਟੋਰੀਅਮ 'ਧੁਰ ਕੀ ਬਾਣੀ' ਦੀਆਂ ਸੁਰੀਲੀਆਂ ਤਰੰਗਾਂ ਵਿੱਚ ਡੁੱਬ ਗਿਆ। ਵਿਦਿਆਰਥੀਆਂ ਵੱਲੋਂ ਅਰਦਾਸ ਦੀ ਵਿੱਚ ਲਾਮਿਸਾਲ ਪ੍ਰਾਪਤੀਆਂ ਕਰਦੀ ਹੈ, ਉਥੇ ਹੀ ਸੰਸਥਾ ਦਾ ਅਸਲ ਉਦੇਸ਼ ਗੁਰੂ ਨਾਨਕ ਪਾਤਸ਼ਾਹ ਜੀ ਦੇ ਸਿਧਾਂਤਾਂ ਅਨੁਸਾਰ ਨੈਤਿਕ ਕਦਰਾਂ-ਕੀਮਤਾਂ ਨਾਲ ਭਰਪੂਰ ਵਿਦਿਆਰਥੀਆਂ ਦੀ ਉਹ ਪਨੀਰੀ ਤਿਆਰ ਕਰਨਾ ਹੈ ਜੋ ਸਮਾਜ ਵਿੱਚ ਖੁਸ਼ਬੂ ਫੈਲਾਅ ਕੇ ਇਸ ਸੰਸਾਰ ਨੂੰ ਇੱਕ ਬਿਹਤਰ ਤੇ ਖੂਬਸੂਰਤ ਥਾਂ ਬਣਾ ਸਕੇ।

# ਕਾਂਗਰਸ ਪਾਰਟੀ ਦੀ ਮਜ਼ਬੂਤੀ ਲਈ ਵਰਕਰ ਬੂਥ ਪੱਧਰ 'ਤੇ ਹੋਣ ਸਰਗਰਮ: ਐਡ. ਗਿਲਜੀਆਂ

ਟਾਂਡਾ ਉੜਮੁੜ, 8 ਅਪ੍ਰੈਲ (ਅਰਜੁਨ ਜੈਨ): ਬਲਾਕ ਕਾਂਗਰਸ ਦਫਤਰ ਟਾਂਡਾ ਵਿਖੇ ਕਾਂਗਰਸੀ ਵਰਕਰਾਂ ਦੀ ਇੱਕ ਵਿਸ਼ੇਸ਼ ਮੀਟਿੰਗ ਸਾਬਕਾ



ਕੈਬਨਿਟ ਮੰਤਰੀ ਪੰਜਾਬ ਸੰਗਤ ਸਿੰਘ ਗਿਲਜੀਆਂ ਦੇ ਦਿਸ਼ਾ-ਨਿਰਦੇਸ਼ਾਂ ਹੇਠ ਆਯੋਜਿਤ ਕੀਤੀ ਗਈ। ਇਸ ਮੀਟਿੰਗ 'ਚ ਜ਼ਿਲ੍ਹਾ ਕਾਂਗਰਸ ਕਮੇਟੀ ਹੁਸ਼ਿਆਰਪੁਰ ਦੇ ਪ੍ਰਧਾਨ ਐਡ. ਦਲਜੀਤ ਸਿੰਘ ਗਿਲਜੀਆਂ ਖਾਸ ਤੌਰ 'ਤੇ ਸ਼ਾਮਲ ਹੋਏ ਤੇ ਉਨ੍ਹਾਂ ਵੱਲੋਂ ਹਾਜ਼ਰ ਬਲਾਕ ਤੇ ਬੂਥ ਪੱਧਰ ਦੇ ਕਾਂਗਰਸੀ ਵਰਕਰਾਂ ਨੂੰ ਪਾਰਟੀ ਦੀ ਮਜ਼ਬੂਤੀ ਲਈ ਲਾਮਬੰਦ ਕੀਤਾ ਗਿਆ।ਮੀਟਿੰਗ ਦੌਰਾਨ ਵੱਡੀ ਗਿਣਤੀ 'ਚ ਵਰਕਰਾਂ ਨੇ ਹਾਜ਼ਰੀ ਭਰੀ ਤੇ ਪਾਰਟੀ ਦੀ ਮਜ਼ਬੂਤੀ, ਭਵਿੱਖੀ ਰਣਨੀਤੀ ਤੇ ਜਨਤਾ ਨਾਲ ਜੁੜੇ ਮਸਲਿਆਂ 'ਤੇ ਵਿਸਤਾਰ ਨਾਲ ਚਰਚਾ ਕੀਤੀ ਗਈ। ਇਸ ਮੌਕੇ ਸੰਬੋਧਨ ਕਰਦਿਆਂ ਐਡ. ਦਲਜੀਤ ਸਿੰਘ ਗਿਲਜੀਆਂ ਨੇ ਕਿਹਾ ਕਿ ਕਾਂਗਰਸ ਪਾਰਟੀ ਹਮੇਸ਼ਾ ਹੀ ਲੋਕਾਂ ਦੇ ਹੱਕਾਂ ਲਈ ਲੜਦੀ ਆਈ ਹੈ ਤੇ ਅੱਜ ਵੀ ਪਾਰਟੀ ਦਾ ਹਰ ਵਰਕਰ ਲੋਕਾਂ ਦੀ ਆਵਾਜ਼ ਬਣ ਕੇ ਕੰਮ ਕਰੇ। ਉਨ੍ਹਾਂ ਵਰਕਰਾਂ ਨੂੰ ਪ੍ਰੇਰਨਾ ਦਿੱਤੀ ਕਿ ਉਹ ਬੂਥ ਪੱਧਰ 'ਤੇ ਆਪਣੀ ਟੀਮਾਂ ਨੂੰ ਹੋਰ ਮਜ਼ਬੂਤ ਕਰਨ, ਘਰ-ਘਰ ਜਾ ਕੇ ਲੋਕਾਂ ਨਾਲ ਸੰਪਰਕ ਬਣਾਉਣ ਤੇ ਪਾਰਟੀ ਦੀਆਂ ਲੋਕ ਹਿਤੈਸ਼ੀ ਨੀਤੀਆਂ ਤੇ ਉਪਲਬਧੀਆਂ ਬਾਰੇ ਜਾਣੂੰ ਕਰਵਾਉਣ।ਮੀਟਿੰਗ 'ਚ ਇਹ ਵੀ ਫੈਸਲਾ ਲਿਆ ਗਿਆ ਕਿ ਆਉਣ ਵਾਲੇ ਸਮੇਂ 'ਚ ਪਾਰਟੀ ਵੱਲੋਂ ਵੱਖ-ਵੱਖ ਪਿੰਡਾਂ ਤੇ ਸ਼ਹਿਰੀ ਇਲਾਕਿਆਂ 'ਚ ਮੀਟਿੰਗਾਂ ਤੇ ਜਨ ਸੰਪਰਕ ਮੁਹਿੰਮਾਂ ਚਲਾਈਆਂ ਜਾਣਗੀਆਂ ਤਾਂ ਜੋ ਲੋਕਾਂ ਨੂੰ ਮੌਜੂਦਾ ਸਰਕਾਰ ਦੀਆਂ ਮਾਰੂ ਨੀਤੀਆਂ ਬਾਰੇ ਜਾਗਰੂਕ ਕੀਤਾ ਜਾ ਸਕੇ ਤੇ ਕਾਂਗਰਸ ਦੀਆਂ ਲੋਕ-ਹਿਤੈਸ਼ੀ ਨੀਤੀਆਂ ਨੂੰ ਉਨ੍ਹਾਂ ਤੱਕ ਪਹੁੰਚਾਇਆ ਜਾ ਸਕੇ।ਇਸ ਮੌਕੇ ਸਰਪੰਚ ਰਜਿੰਦਰ ਸਿੰਘ ਨੱਥੂਪੁਰ, ਸੰਮਤੀ ਮੈਂਬਰ ਪਰਵਿੰਦਰ ਲਾਡੀ, ਸਨੀ ਮਿਆਣੀ, ਹਰਜਿੰਦਰਪਾਲ ਸਿੰਘ ਨੰਗਲੀ, ਡਾ.ਸਤਨਾਮ ਸਿੰਘ, ਮਾਸਟਰ ਨਰਿੰਦਰ ਸਿੰਘ, ਯਾਦਵਿੰਦਰ ਸਿੰਘ, ਰਾਜੂ ਮਿਆਣੀ, ਬਲਜੀਤ ਸਿੰਘ ਸੁੱਖਾਂ ਰੜਾ, ਸੁਖਵਿੰਦਰ ਸਿੰਘ ਗੁੱਜਰ, ਅਜੀਤ ਸਿੰਘ ਮੌਜੂਦ ਸਨ।

# ਬਾਬਾ ਨਾਮਦੇਵ ਯੂਨੀਵਰਸਿਟੀ ਕਾਲਜ ਵਿਖੇ 'ਵਿਸ਼ਵ ਸਿਹਤ ਦਿਵਸ' ਮਨਾਇਆ

ਘੁਮਾਣ/ਸ੍ਰੀ ਹਰਿਗੋਬਿੰਦਪੁਰ ਸਾਹਿਬ, 8 ਅਪ੍ਰੈਲ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੁਆਰਾ ਸੰਚਾਲਿਤ ਸੰਸਥਾ ਬਾਬਾ ਨਾਮਦੇਵ ਯੂਨੀਵਰਸਿਟੀ ਕਾਲਜ ਕਿਸ਼ਨਕੋਟ ਘੁਮਾਣ ਵਿਖੇ ਪ੍ਰਿੰਸੀਪਲ ਡਾ. ਵੀ.ਕੇ. ਸਿੰਘ ਦੀ ਰਹਿਨੁਮਾਈ ਹੇਠ ਤੇ ਐਨ.ਐਸ.ਐਸ. ਯੂਨਿਟ ਦੇ ਕੋ-ਆਰਡੀਨੇਟਰ ਪ੍ਰੋ. ਕਿਰਨਪ੍ਰੀਤ ਕੌਰ ਦੇ ਸਹਿਯੋਗ ਨਾਲ ਵਿਸ਼ਵ ਸਿਹਤ ਦਿਵਸ ਨੂੰ ਸਮਰਪਿਤ ਵਿਸ਼ੇਸ਼ ਲੈਕਚਰ ਕਰਵਾਇਆ ਗਿਆ। ਜਿਸ ਵਿੱਚ ਡਾ.ਨਵਦੀਪ ਕੌਰ (MBBS,MD, DNB) ਡਾ. ਨਿਰਮਲ (DRCH) ਤੇ ਡਾ. ਰਜਿੰਦਰ ਸਿੰਘ (ਟੀਮ ਅਕਾਲ ਹਸਪਤਾਲ ਘੁਮਾਣ) ਨੇ ਸ਼ਿਰਕਤ ਕੀਤੀ। ਇਸ ਉਪਰੰਤ ਡਾ.



ਨਵਦੀਪ ਕੌਰ ਨੇ ਵਿਦਿਆਰਥਣਾਂ ਨਾਲ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਲੜਕੀਆਂ ਨੂੰ ਆਉਣ ਵਾਲੀਆਂ ਮੁਸ਼ਕਿਲਾਂ, ਬੱਚੇਦਾਨੀ ਦੇ ਮੂੰਹ ਦਾ ਕੈਂਸਰ, ਐਚ.ਪੀ.ਵੀ. ਟੀਕਾਕਰਨ ਦੀ ਭੂਮਿਕਾ, ਡਿਸਮੇਨੋਰੀਆ ਆਦਿ ਵਿਸ਼ਿਆਂ 'ਤੇ ਵਿਚਾਰ-ਵਟਾਂਦਰਾ ਕੀਤਾ। ਪ੍ਰੋ. ਕਿਰਨ ਪ੍ਰੀਤ ਕੌਰ ਵੱਲੋਂ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ ਤੇ ਅੰਤ ਵਿੱਚ ਕਾਲਜ ਪ੍ਰਿੰਸੀਪਲ ਸਾਹਿਬ ਦੁਆਰਾ ਆਏ ਹੋਏ ਮਹਿਮਾਨਾਂ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਪ੍ਰੋ. ਕਿਰਨਜੀਤ ਕੌਰ, ਪ੍ਰੋ. ਕਰਮਜੀਤ ਕੌਰ, ਪ੍ਰੋ. ਰਵਨੀਤ ਕੌਰ, ਪ੍ਰੋ. ਨਵਜੋਤ ਕੌਰ, ਪ੍ਰੋ. ਸਿਮਰਨ ਕੌਰ, ਪ੍ਰੋ. ਡਾ. ਸੁਖਵਿੰਦਰ ਕੌਰ, ਪ੍ਰੋ. ਸੰਦੀਪ ਕੌਰ, ਪ੍ਰੋ. ਮਨਦੀਪ ਕੌਰ, ਪ੍ਰੋ. ਮੀਨਾਕਸ਼ੀ, ਪ੍ਰੋ. ਦਲਜੀਤ ਕੌਰ, ਪ੍ਰੋ. ਗੁਰਪ੍ਰੀਤ ਕੌਰ, ਪ੍ਰੋ. ਪ੍ਰਦੀਪ ਕੌਰ, ਪ੍ਰੋ. ਲਖਵਿੰਦਰ ਕੌਰ ਤੇ ਪ੍ਰੋ. ਲਵਪ੍ਰੀਤ ਕੌਰ ਆਦਿ ਹਾਜ਼ਰ ਰਹੇ।

# ਹਵੇਲੀ 'ਚੋਂ ਮੱਝ, ਝੋਟੀ ਤੇ ਕੱਟੀ ਚੋਰੀ

ਗੜ੍ਹਦੀਵਾਲਾ, 8 ਅਪ੍ਰੈਲ (ਗੌਰਵ): ਬੀਤੀ ਰਾਤ ਕਿਸਾਨ ਦੀ ਹਵੇਲੀ 'ਚੋਂ ਮੱਝ, ਝੋਟੀ ਤੇ ਕੱਟੀ ਚੋਰਾਂ ਵੱਲੋਂ ਚੋਰੀ ਕਰ ਲਈ ਗਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਕਿਸਾਨ ਬਘੇਲ ਸਿੰਘ ਪੁੱਤਰ ਕਰਨੈਲ ਸਿੰਘ ਵਾਸੀ ਪਿੰਡ ਚੱਕ ਲਾਦੀਆਂ ਨੇ ਦੱਸਿਆ ਕਿ ਜਦੋਂ ਅੱਜ ਸਵੇਰੇ ਪੰਜ ਵਜੇ ਉਹ ਆਪਣੀ ਹਵੇਲੀ ਵਿੱਚ ਗਿਆ ਤੇ ਦੇਖਿਆ ਕਿ ਪਸ਼ੂ ਹਵੇਲੀ ਵਿੱਚ ਨਹੀਂ ਸਨ। ਉਨ੍ਹਾਂ ਹਵੇਲੀ ਦੇ ਆਲੇ-ਦੁਆਲੇ ਦੇਖਿਆ ਤੇ ਸਾਨੂੰ ਪਸ਼ੂ ਦੇ ਪੈੜੇ ਦੇ ਨਿਸ਼ਾਨ ਤੇ ਤਿੰਨ ਬੰਦਿਆਂ ਦੇ ਪੈਰਾਂ ਦੇ ਨਿਸ਼ਾਨ ਸਨ। ਜਦੋਂ ਅਸੀਂ ਪੈੜਾਂ ਦੇ ਨਿਸ਼ਾਨਾਂ ਦਾ ਪਿੱਛਾ ਕੀਤਾ ਤੇ ਨਿਸ਼ਾਨ ਨਹਿਰ ਤੱਕ ਗਏ ਤੇ ਉਥੇ ਸਾਨੂੰ ਸ਼ੱਕ ਹੋਇਆ ਕਿ ਪਸ਼ੂ ਗੱਡੀ 'ਤੇ ਲੋਡ ਕਰਕੇ ਚੋਰ ਲੈ ਕੇ ਗਏ ਸਨ। ਉਨ੍ਹਾਂ ਪੁਲਿਸ ਨੂੰ ਸੂਚਿਤ ਕਰ ਦਿੱਤਾ ਹੈ।

# ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਚੇਤਨਪੁਰਾ ਵਿਖੇ 'ਵਿਸ਼ਵ ਸਿਹਤ ਦਿਨ' 'ਤੇ 'ਸਿਹਤ ਕੈਂਪ' ਲਗਾਇਆ

ਅਜਨਾਲਾ, 8 ਅਪ੍ਰੈਲ (ਸੁਖਦੇਵ ਸਿੰਘ ਖ਼ਾਲਸਾ): ਹਰ ਵਿਦਿਆਰਥੀ ਲਈ ਤੰਦਰੁਸਤ ਸਿਹਤ ਜ਼ਰੂਰੀ ਹੈ ਤਾਂ ਜੋ ਵਿਦਿਆਰਥੀ ਦੀ ਪੜ੍ਹਾਈ ਵਿੱਚ ਮੁਸ਼ਕਿਲ ਨਾ ਆਵੇ। ਇਸੇ ਮਕਸਦ ਤਹਿਤ ਸ੍ਰੀ ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਚੇਤਨਪੁਰਾ ਵਿਖੇ ਵਿਸ਼ਵ ਸਿਹਤ ਦਿਨ ਮਨਾਇਆ ਤੇ ਨੈਚਰੁੱਲ ਹੱਬ ਅੰਮ੍ਰਿਤਸਰ ਵੱਲੋਂ ਸਿਹਤ ਕੈਂਪ ਲਗਾਇਆ ਗਿਆ, ਜਿਸ ਵਿੱਚ ਵੈਲਨੈਂਸ ਕੋਚ ਦਲਜੀਤ ਸਿੰਘ ਤੇ ਸੰਦੀਪ ਕੌਰ ਵੱਲੋਂ ਕੁਦਰਤੀ ਤੌਰ 'ਤੇ ਤੰਦਰੁਸਤ ਰਹਿਣ ਦੇ ਗੁਣ ਦੱਸ ਕੇ ਹਾਜ਼ਰ ਮਾਪਿਆਂ,




ਵਿਦਿਆਰਥੀਆਂ ਤੇ ਸਟਾਫ਼ ਨੂੰ ਸੁਨੇਹਾ ਦਿੱਤਾ ਕਿ ਬਿਮਾਰੀਆਂ ਤੋਂ ਬਚਾਅ ਤੇ ਦਵਾਈਆਂ ਤੋਂ ਮੁਕਤੀ ਪਾਈ ਜਾ ਸਕਦੀ ਹੈ। ਹਾਜ਼ਰ ਮਾਪਿਆਂ ਨੇ ਸਕੂਲ ਦੇ ਇਸ ਉਪਰਾਲੇ ਦੀ ਬਹੁਤ ਸ਼ਲਾਘਾ ਕੀਤੀ ਕਿਉਂਕਿ ਵਿਦਿਆਰਥੀਆਂ ਨੇ ਵੀ ਸਿਹਤ ਕੈਂਪ ਦੌਰਾਨ ਆਪਣੇ ਵਿਚਾਰ ਰੱਖਦਿਆਂ ਤੰਦਰੁਸਤ ਰਹਿਣ ਦਾ ਸੁਨੇਹਾ ਵੀ ਦਿੱਤਾ ਤੇ ਖੁਦ ਵੀ ਪ੍ਰਣ ਕੀਤਾ ਕਿ ਸਿਹਤ ਨੂੰ ਵਿਗਾੜਣ ਵਾਲਾ ਨਾ ਕੁਝ ਖਾਣਗੇ ਨਾ ਪੀਣਗੇ ਤੇ ਤੰਦਰੁਸਤ ਸਿਹਤ ਸਬੰਧੀ ਵਿਦਿਆਰਥੀਆਂ ਵਿੱਚ ਡਰਾਇੰਗ ਮੁਕਾਬਲਾ ਵੀ ਕਰਵਾਇਆ ਗਿਆ। ਪ੍ਰਿੰਸੀਪਲ ਪਰਮਿੰਦਰ ਗਿੱਲ ਨੇ ਸਿਹਤ ਕੈਂਪ ਬਾਰੇ ਆਪਣੇ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਦੱਸਿਆ ਕਿ ਅੱਜ ਦਾ ਦਿਨ ਸਾਡੇ ਸਕੂਲ ਲਈ ਬਹੁਤ ਹੀ ਮਾਣ ਵਾਲਾ ਜਦੋਂ ਸਾਡੇ ਵਿਦਿਆਰਥੀਆਂ ਨੇ ਤੰਦਰੁਸਤ ਰਹਿਣ ਲਈ ਸੰਕਲਪ ਲਿਆ ਤੇ ਸਭ ਤੋਂ ਵੱਡੀ ਗੱਲ ਬੱਚਿਆਂ ਨੇ ਪੰਜਾਬੀ ਦੇ ਨਾਲ ਅੰਗਰੇਜ਼ੀ ਭਾਸ਼ਾ ਵਿੱਚ ਆਪਣੀ ਗੱਲ ਕੀਤੀ ਕਿਉਂਕਿ ਸਾਡੇ ਸਕੂਲ ਦਾ ਮਕਸਦ ਹੀ ਬੱਚਿਆਂ ਨੂੰ ਸਮੇਂ ਦੇ ਹਾਣ ਦਾ ਬਣਾਉਣਾ ਹੈ ਤੇ ਨਵੇਂ ਸੈਸ਼ਨ ਦੀ ਸ਼ੁਰੂਆਤ ਹੈ, ਸਿਹਤ ਕੈਂਪ ਨਾਲ ਸਾਡੇ ਵਿਦਿਆਰਥੀਆਂ ਦਾ ਵਧਿਆ ਹੋਇਆ ਮਨੋਬਲ ਸਾਫ਼ ਦਿਖਾਈ ਦੇ ਰਿਹਾ ਸੀ ਇਸ ਕੈਂਪ ਨੂੰ ਕਾਮਯਾਬ ਬਣਾਉਣ ਲਈ ਸਕੂਲ ਸਟਾਫ਼ ਨਵਰੀਤ ਕੌਰ, ਰਮਨਦੀਪ ਕੌਰ ਬਾਠ, ਮਨਪ੍ਰੀਤ ਕੌਰ, ਗੀਤਾ ਕੌਰ, ਪ੍ਰਗਟ ਕੌਰ, ਹਰਦੀਪ ਸਿੰਘ, ਮਨਪ੍ਰੀਤ ਸਿੰਘ ਕੰਦੋਵਾਲੀ ਸਭ ਨੇ ਬਹੁਤ ਮਿਹਨਤ ਕੀਤੀ ਤੇ ਹਾਜ਼ਰ ਮਾਪਿਆਂ ਤੇ ਵਿਦਿਆਰਥੀਆਂ ਨੇ ਇਸ ਕੈਂਪ ਦਾ ਲਾਭ ਲਿਆ।

# ਮੁੱਖ ਮੰਤਰੀ ਮਾਨ ਨੇ 9.18 ਕਰੋੜ ਦੀ ਲਾਗਤ ਵਾਲੇ ਹੈਲਥ ਸੈਂਟਰ ਦਾ ਨੀਂਹ ਪੱਥਰ ਰੱਖਿਆ



ਆਦਮਪੁਰ/ਭੋਗਪੁਰ, 8 ਅਪ੍ਰੈਲ (ਜੰਡੀਰ ਸੈਣੀ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ਼ਾਮ ਚਰਸੀ ਪਹੁੰਚੇ ਕੇ ਹਲਕੇ ਵਿੱਚ ਕਮਿਊਨਿਟੀ ਹੈਲਥ ਸੈਂਟਰ ਦਾ ਨੀਂਹ ਪੱਥਰ ਰੱਖਿਆ। ਉਨ੍ਹਾਂ ਨੇ ਦੱਸਿਆ ਕਿ 9.18 ਕਰੋੜ ਦੀ ਲਾਗਤ ਨਾਲ ਬਣਨ ਵਾਲੇ ਇਸ ਹੈਲਥ ਸੈਂਟਰ ਨਾਲ 40 ਤੋਂ ਵੱਧ ਬਣਨ ਵਾਲੇ ਪਿੰਡਾਂ ਦੇ ਵਸਨੀਕਾਂ ਨੂੰ 30 ਬੈਡਾਂ ਦੀ ਸਮਰੱਥਾ ਵਾਲੇ ਇਸ ਸੈਂਟਰ ਵਿੱਚ ਆਧੁਨਿਕ ਆਪ੍ਰੇਸ਼ਨ ਥੀਏਟਰ ਲੈਬ ਐਕਸ ਰੇਅ ਟੀਕਾਕਰਨ ਤੇ ਜੱਚਾ-ਬੱਚਾ ਸੰਭਾਲ ਵਰਗੀਆਂ ਸੁਵਿਧਾਵਾਂ ਉਪਲਬਧ ਹੋਣਗੀਆਂ। ਉਨ੍ਹਾਂ ਇਹ ਵੀ ਕਿਹਾ ਕਿ ਇਸ ਦੇ ਨਾਲ ਹੀ ਇਸ ਹਲਕੇ ਵਿੱਚ 7 ਹੋਰ ਬਣਾਏ ਜਾ ਰਹੇ ਹਨ। ਪੰਜਾਬੀਆਂ ਨੂੰ ਘਰ ਦੇ ਨੇੜੇ ਹੀ ਵਿਸ਼ਵ ਪੱਧਰੀ ਸਿਹਤ ਸਹੂਲਤਾਂ ਦੇਣ ਲਈ ਸਰਕਾਰ ਵਚਨਬੱਧ ਹੈ। ਇਸ ਮੌਕੇ 'ਤੇ ਮੰਤਰੀ ਐਮਐਲਏ ਪਿੰਡਾਂ ਦੇ ਪੰਚ-ਸਰਪੰਚ ਤੇ ਭਾਰੀ ਗਿਣਤੀ ਵਿੱਚ ਲੋਕ ਮੌਜੂਦ ਸਨ।

# ਜੰਗ ਵਿਚਾਲੇ ਬਿਮਾਰ ਹੋ ਗਏ ਈਰਾਨੀ ਸੁਪਰੀਮ ਲੀਡਰ ! ਹਾਲਤ ਬੇਹੱਦ ਨਾਜ਼ੁਕ

ਲੰਡਨ/ਤਹਿਰਾਨ, 8 ਅਪ੍ਰੈਲ (ਚ.ਨ.ਸ): ਈਰਾਨ ਦੇ ਨਵੇਂ ਸੁਪਰੀਮ ਲੀਡਰ ਮੋਜਤਬਾ ਖਮੇਨੀ ਦੀ ਸਿਹਤ ਨੂੰ ਲੈ ਕੇ ਇੱਕ ਬੇਹੱਦ ਹੈਰਾਨੀਜਨਕ ਤੇ ਸਨਸਨੀਖੇਜ਼ ਖ਼ਬਰ ਸਾਹਮਣੇ ਆਈ ਹੈ। ਰਿਪੋਰਟਾਂ ਅਨੁਸਾਰ ਮੋਜਤਬਾ ਖਮੇਨੀ ਇਸ ਸਮੇਂ ਬੇਹੋਸ਼ ਹਨ ਤੇ ਉਨ੍ਹਾਂ ਦੀ ਹਾਲਤ ਬੇਹੱਦ ਗੰਭੀਰ ਬਣੀ ਹੋਈ ਹੈ। ਇੱਕ ਰਿਪੋਰਟ ਵਿੱਚ ਇੱਕ ਡਿਪਲੋਮੈਟਿਕ ਮੈਮੋ ਦੇ ਹਵਾਲੇ ਨਾਲ ਦਾਅਵਾ ਕੀਤਾ ਗਿਆ ਹੈ ਕਿ ਅਮਰੀਕਾ ਤੇ ਇਜ਼ਰਾਈਲ ਦੀਆਂ ਖੁਫੀਆ ਏਜੰਸੀਆਂ ਨੇ ਆਪਣੇ ਖਾੜੀ ਸਹਿਯੋਗੀਆਂ ਨਾਲ ਇਹ ਜਾਣਕਾਰੀ ਸਾਂਝੀ ਕੀਤੀ ਹੈ। ਇਸ ਰਿਪੋਰਟ ਅਨੁਸਾਰ ਸੁਪਰੀਮ ਲੀਡਰ ਬੇਹੋਸ਼ ਹਨ ਤੇ ਇੱਕ ਗੰਭੀਰ ਮੈਡੀਕਲ ਸਥਿਤੀ ਲਈ ਉਨ੍ਹਾਂ ਦਾ ਇਲਾਜ ਈਰਾਨ ਦੇ ਪਵਿੱਤਰ ਸ਼ਹਿਰ ਕੋਮ ਵਿੱਚ ਚੱਲ ਰਿਹਾ ਹੈ। ਪਹਿਲੀ ਵਾਰ ਕਿਸੇ ਰਿਪੋਰਟ ਵਿੱਚ ਸੁਪਰੀਮ ਲੀਡਰ ਦੇ ਗੁਪਤ ਟਿਕਾਣੇ ਦਾ ਖੁਲਾਸਾ ਹੋਇਆ ਹੈ। **ਕੋਈ ਵੀ ਫੈਸਲਾ ਲੈਣ ਦੇ ਸਮਰੱਥ ਨਹੀਂ:** ਰਿਪੋਰਟ ਵਿੱਚ ਸਪੱਸ਼ਟ ਕੀਤਾ ਗਿਆ ਹੈ ਕਿ ਖਮੇਨੀ ਦੀ ਹਾਲਤ ਇੰਨੀ ਗੰਭੀਰ ਹੈ ਕਿ ਉਹ ਈਰਾਨੀ ਸ਼ਾਸਨ ਵੱਲੋਂ ਕਿਸੇ ਵੀ ਤਰ੍ਹਾਂ ਦੀ ਫੈਸਲੇ ਲੈਣ ਦੀ ਪ੍ਰਕਿਰਿਆ ਵਿੱਚ ਸ਼ਾਮਲ ਨਹੀਂ ਹੋ ਸਕਦੇ। ਉਹ ਪੂਰੀ ਤਰ੍ਹਾਂ ਬੇਹੋਸ਼ ਦੱਸੇ ਜਾ ਰਹੇ ਹਨ, ਜਿਸ ਕਾਰਨ ਈਰਾਨ ਵਿੱਚ ਸੱਤਾ ਦੇ ਗਲਿਆਰਿਆਂ ਵਿੱਚ ਵੱਡੀ ਚਿੰਤਾ ਪੈਦਾ ਹੋ ਗਈ ਹੈ। **ਟਰੰਪ ਦੇ ਅਲਟੀਮੇਟਮ ਨੇ ਵਧਾਈ ਮੁਸ਼ਕਿਲ:** ਇਹ ਖ਼ਬਰ ਅਜਿਹੇ ਨਾਜ਼ੁਕ ਸਮੇਂ ਆਈ ਹੈ ਜਦੋਂ ਅਮਰੀਕੀ ਰਾਸ਼ਟਰਪਤੀ ਡੌਨਾਲਡ ਟਰੰਪ ਨੇ ਈਰਾਨ ਨੂੰ ਇੱਕ ਖ਼ਤਰਨਾਕ ਅਲਟੀਮੇਟਮ ਦਿੱਤਾ ਹੋਇਆ ਹੈ। ਸੁਪਰੀਮ ਲੀਡਰ ਦੇ ਬੇਹੋਸ਼ ਹੋਣ ਕਾਰਨ ਹੁਣ ਈਰਾਨੀ ਸਰਕਾਰ ਲਈ ਕਿਸੇ ਵੀ ਤਰ੍ਹਾਂ ਦੇ ਸਮਝੌਤੇ 'ਤੇ ਸਹੀ ਪਾਉਣੀ ਅਸੰਭਵ ਹੁੰਦੀ ਜਾਪ ਰਹੀ ਹੈ।



# ਦੋਰਾਹਾ ਜਬਰ-ਜਨਾਹ ਤੇ ਕਤਲ ਮਾਮਲੇ 'ਚ 2 ਮੁਲਜ਼ਮਾਂ ਦੀ ਫਾਂਸੀ ਦੀ ਸਜ਼ਾ ਰੱਦ

ਚੰਡੀਗੜ੍ਹ, 8 ਅਪ੍ਰੈਲ (ਚ.ਨ.ਸ): ਪੰਜਾਬ ਤੇ ਹਰਿਆਣਾ ਹਾਈ ਕੋਰਟ ਨੇ ਲੁਧਿਆਣਾ ਦੇ ਦੋਰਾਹਾ 'ਚ 2019 'ਚ ਸਾਢੇ ਸੱਤ ਸਾਲ ਦੀ ਬੱਚੀ ਨਾਲ ਜਬਰ-ਜਨਾਹ ਤੇ ਕਤਲ ਮਾਮਲੇ 'ਚ ਦੋਸ਼ੀ ਠਹਿਰਾਏ ਗਏ ਦੋ ਮੁਲਜ਼ਮਾਂ ਦੀ ਫਾਂਸੀ ਦੀ ਸਜ਼ਾ ਨੂੰ ਰੱਦ ਕਰ ਦਿੱਤਾ ਹੈ। ਅਦਾਲਤ ਨੇ ਪਾਇਆ ਕਿ ਟ੍ਰਾਇਲ ਕੋਰਟ ਦੀ ਕਾਰਵਾਈ 'ਚ ਗੰਭੀਰ ਪ੍ਰਕਿਰਿਆਤਮਕ ਖਾਮੀਆਂ ਸਨ ਜਿਸ ਕਾਰਨ ਪੂਰਾ ਟ੍ਰਾਇਲ ਪ੍ਰਭਾਵਿਤ ਹੋਇਆ। ਜਸਟਿਸ ਅਨੂਪ ਚਿਤਕਾਰਾ ਤੇ ਜਸਟਿਸ ਸੁਖਵਿੰਦਰ ਕੌਰ ਨੇ ਆਪਣੇ ਹੁਕਮ 'ਚ ਕਿਹਾ ਕਿ ਦੰਡ ਪ੍ਰਕਿਰਿਆ ਸੰਹਿਤਾ ਦੀ ਧਾਰਾ 313 (ਹੁਣ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ ਦੀ ਧਾਰਾ 351) ਤਹਿਤ ਮੁਲਜ਼ਮਾਂ ਤੋਂ ਪੁੱਛਗਿੱਛ 'ਚ ਗੰਭੀਰ ਤਰੁੱਟੀਆਂ ਹੋਈਆਂ। ਇਹ ਪ੍ਰਬੰਧ ਸਿਰਫ਼ ਇੱਕ ਰਸਮੀ ਕਾਰਵਾਈ ਨਹੀਂ ਹੈ, ਸਗੋਂ ਮੁਲਜ਼ਮ ਨੂੰ ਆਪਣੇ ਖ਼ਿਲਾਫ਼ ਸਬੂਤਾਂ 'ਤੇ ਸਫਾਈ ਦੇਣ ਦਾ ਮੌਲਿਕ ਮੌਕਾ ਦਿੰਦਾ ਹੈ। ਅਦਾਲਤ ਨੇ ਮਾਮਲੇ ਨੂੰ ਵਾਪਸ ਸੈਸ਼ਨ ਕੋਰਟ ਭੇਜਦੇ ਹੋਏ ਨਿਰਦੇਸ਼ ਦਿੱਤੇ ਕਿ ਮੁਲਜ਼ਮਾਂ ਦੇ ਬਿਆਨ ਦੁਬਾਰਾ ਦਰਜ ਕੀਤੇ ਜਾਣ ਤੇ ਟ੍ਰਾਇਲ ਉਸੇ ਪੜਾਅ ਤੋਂ ਮੁੜ ਸ਼ੁਰੂ ਕੀਤਾ ਜਾਵੇ। ਹਾਲਾਂਕਿ, ਕਤਲ ਦੇ ਹਵਾਲੇ (ਮਰਡਰ ਰੈਫਰੈਂਸ) ਤੇ ਅਪੀਲਾਂ ਅੰਤਿਮ ਫੈਸਲੇ ਤੱਕ ਲੰਬਿਤ ਰਹਿਣਗੀਆਂ ਜਦੋਂਕਿ ਮੁਲਜ਼ਮ ਨਿਆਂਇਕ ਹਿਰਾਸਤ 'ਚ ਹੀ ਰਹਿਣਗੇ। ਹਾਈ ਕੋਰਟ ਨੇ ਆਪਣੇ ਫੈਸਲੇ 'ਚ ਟ੍ਰਾਇਲ ਦੀਆਂ ਕਈ ਗੰਭੀਰ ਖਾਮੀਆਂ ਨੂੰ ਸਾਹਮਣੇ ਲਿਆਂਦਾ। ਅਦਾਲਤ ਨੇ ਕਿਹਾ ਕਿ ਮੁਲਜ਼ਮਾਂ ਤੋਂ ਪੁੱਛੇ ਗਏ ਸਵਾਲ ਗਲਤ ਤੇ ਅਸਪੱਸ਼ਟ ਸਨ। ਅਗਵਾ ਨਾਲ ਜੁੜੇ ਸਵਾਲਾਂ 'ਚ ਤੱਥਾਂ ਦੀਆਂ ਗ਼ਲਤੀਆਂ ਸਨ, ਜਦਕਿ ਜਬਰ-ਜਨਾਹ ਨਾਲ ਸਬੰਧਤ ਸਭ ਤੋਂ ਮਹੱਤਵਪੂਰਨ ਮੈਡੀਕਲ ਸਬੂਤ ਮੁਲਜ਼ਮਾਂ ਸਾਹਮਣੇ ਰੱਖਿਆ ਹੀ ਨਹੀਂ ਗਿਆ। ਇਸ ਤੋਂ ਇਲਾਵਾ ਡੀਐਨਏ ਰਿਪੋਰਟ, ਜੋ ਕਿ ਇਸ ਕੇਸ ਦਾ ਸਭ ਤੋਂ ਮਜ਼ਬੂਤ ਸਬੂਤ ਸੀ, ਉਸ ਨੂੰ ਵੀ ਮੁਲਜ਼ਮਾਂ ਅੱਗੇ ਸਪੱਸ਼ਟ ਰੂਪ 'ਚ ਪੇਸ਼ ਨਹੀਂ ਕੀਤਾ ਗਿਆ। ਅਦਾਲਤ ਨੇ ਸਪੱਸ਼ਟ ਕੀਤਾ ਕਿ ਇਹ ਸਾਰੀਆਂ ਖਾਮੀਆਂ ਸੁਧਾਰਨ ਯੋਗ ਹਨ।

# ਹੈਦਰਾਬਾਦ ਹਵਾਈ ਅੱਡੇ ਦੇ ਏਅਰੋਬ੍ਰਿਜ ਦੀ ਛੱਤ ਦਾ ਹਿੱਸਾ ਯਾਤਰੀ ਦੇ ਸਿਰ 'ਤੇ ਡਿੱਗਿਆ

ਹੈਦਰਾਬਾਦ, 8 ਅਪ੍ਰੈਲ (ਚ.ਨ.ਸ): ਹੈਦਰਾਬਾਦ ਹਵਾਈ ਅੱਡੇ ਦੇ ਏਅਰੋਬ੍ਰਿਜ ਦੀ ਛੱਤ ਤੋਂ ਧਾਤੂ ਦਾ ਇੱਕ ਵੱਡਾ ਹਿੱਸਾ ਏਅਰ ਇੰਡੀਆ ਐਕਸਪ੍ਰੈਸ ਯਾਤਰੀ ਦੇ ਸਿਰ 'ਤੇ ਡਿੱਗ ਪਿਆ, ਜਿਸ ਕਾਰਨ ਉਸ ਨੂੰ ਅੰਦਰੂਨੀ ਸੱਟਾਂ ਲੱਗੀਆਂ। ਕੰਮ ਦੇ ਸਿਲਸਿਲੇ 'ਚ ਭਾਰਤ ਆਏ ਅਮਰੀਕੀ ਨਾਗਰਿਕ ਦੀਪਕ ਅਡਾਨੀ (63) ਨੇ ਦੱਸਿਆ ਕਿ ਉਹ ਐਤਵਾਰ ਦੁਪਹਿਰ ਬੈਂਗਲੁਰੂ ਤੋਂ ਆਏ ਜਹਾਜ਼ ਤੋਂ ਉਤਰਨ ਵਾਲੇ ਸ਼ੁਰੂਆਤੀ ਕੁਝ ਯਾਤਰੀਆਂ 'ਚ ਸ਼ਾਮਲ ਸਨ। ਅਡਾਨੀ ਨੇ ਦੱਸਿਆ ਕਿ ਮੈਂ ਕੁਝ ਕਦਮ ਹੀ ਵਧਾਏ ਸਨ ਕਿ ਭਾਰੀ ਪੈਨਲ ਮੇਰੇ ਸਿਰ 'ਤੇ ਡਿੱਗ ਗਿਆ ਤੇ ਮੈਂ ਸਹਿਜ ਰੂਪ 'ਚ ਖ਼ੁਦ ਨੂੰ ਸੰਭਾਲਣ ਲਈ ਰੇਲਿੰਗ ਨੂੰ ਫੜ ਲਿਆ, ਮੈਨੂੰ ਪਤਾ ਨਹੀਂ ਸੀ ਕਿ ਮੇਰੇ 'ਤੇ ਕੀ ਡਿੱਗਿਆ ਹੈ। ਉਨ੍ਹਾਂ ਦੱਸਿਆ ਕਿ ਉਨ੍ਹਾਂ ਦੇ ਪਿੱਛੇ ਮੌਜੂਦ ਇੱਕ ਔਰਤ ਜੈਨਬ ਸਈਅਦ, ਉਨ੍ਹਾਂ ਦੀ ਮਦਦ ਲਈ ਦੌੜੀ ਤੇ ਜਦੋਂ ਉਹ ਏਅਰੋਬ੍ਰਿਜ ਦੀ ਕੰਧ 'ਤੇ ਝੁਕ ਗਏ ਤਾਂ ਉਸ ਨੇ ਮਦਦ ਦੀ ਗੁਹਾਰ ਲਗਾਈ। ਲਗਭਗ 30 ਮਿੰਟ ਬਾਅਦ ਮਦਦ ਮਿਲੀ ਤੇ ਅਡਾਨੀ ਨੂੰ ਐਂਬੂਲੈਂਸ ਰਾਹੀਂ ਅਪੋਲੋ ਹਸਪਤਾਲ ਲਿਜਾਇਆ ਗਿਆ।



# ਦੇਸ਼ ਭਗਤ ਯੂਨੀਵਰਸਿਟੀ ਵੱਲੋਂ ਚਿਕਿਤਸਾ ਉਪਕਰਨ ਨਿਯਮਾਂ ਸਬੰਧੀ ਦਿਸ਼ਾ-ਨਿਰਦੇਸ਼ਾਂ 'ਤੇ ਜਾਣਕਾਰੀ ਭਰਪੂਰ ਲੈਕਚਰ



ਮੰਡੀ ਗੋਬਿੰਦਗੜ੍ਹ, 8 ਅਪ੍ਰੈਲ (ਅੰਮ੍ਰਿਤਪਾਲ ਸਿੰਘ): ਦੇਸ਼ ਭਗਤ ਯੂਨੀਵਰਸਿਟੀ ਅਧੀਨ ਸਰਦਾਰ ਲਾਲ ਸਿੰਘ ਮੈਮੋਰੀਅਲ ਕਾਲਜ ਆਫ ਫਾਰਮੇਸੀ, ਮਾਤਾ ਜਰਨੈਲ ਕੌਰ ਕਾਲਜ ਆਫ ਫਾਰਮੇਸੀ ਤੇ ਸਕੂਲ ਆਫ ਫਾਰਮੇਸੀ ਦੇ ਪਲੇਸੀਬੋ ਕਲੱਬ ਨੇ ਇੰਸਟੀਚਿਊਸ਼ਨ ਇਨੋਵੇਸ਼ਨ ਕੌਂਸਲ ਤੇ ਇੰਟਰਨਲ ਕੁਆਲਿਟੀ ਅਸ਼ੋਰੈਂਸ ਸੈਲ ਦੇ ਸਹਿਯੋਗ ਨਾਲ "ਮੈਡੀਕਲ ਡਿਵਾਈਸਜ਼ ਵਿੱਚ ਨਿਯਮਕ ਦਿਸ਼ਾ-ਨਿਰਦੇਸ਼" ਵਿਸ਼ੇ 'ਤੇ ਇੱਕ ਵਰਚੁਅਲ ਵਿਸ਼ੇਸ਼ ਗਿਆਨ ਲੈਕਚਰ ਕਰਵਾਇਆ ਗਿਆ। ਇਹ ਸੈਸ਼ਨ ਗੌਰਵ ਕਪਿਲਾ, ਯੂ.ਐਸ. ਹੈਡ, ਰੈਗੂਲੇਟਰੀ ਅਫੇਅਰਜ਼ (ਲੈਬ ਇੰਸਟਰੂਮੈਂਟਸ ਤੇ ਸਾਫਟਵੇਅਰ ਭਾਗ), ਰੋਸ਼ ਡਾਇਗਨੋਸਟਿਕਸ, ਇੰਡੀਆਨਾਪੋਲਿਸ (ਅਮਰੀਕਾ) ਵੱਲੋਂ ਦਿੱਤਾ ਗਿਆ। ਇਸ ਲੈਕਚਰ ਦਾ ਮੁੱਖ ਉਦੇਸ਼ ਵਿਸ਼ਵ ਪੱਧਰੀ ਨਿਯਮਕ ਢਾਂਚਿਆਂ ਬਾਰੇ ਵਿਸਤ੍ਰਿਤ ਜਾਣਕਾਰੀ ਪ੍ਰਦਾਨ ਕਰਨਾ ਸੀ, ਜਿਸ ਵਿੱਚ ਮਨਜ਼ੂਰੀ ਪ੍ਰਕਿਰਿਆਵਾਂ, ਅਨੁਕੂਲਤਾ ਦੀਆਂ ਲੋੜਾਂ ਤੇ ਦਸਤਾਵੇਜ਼ੀ ਮਿਆਰਾਂ 'ਤੇ ਧਿਆਨ ਦਿੱਤਾ ਗਿਆ, ਖਾਸ ਕਰਕੇ ਅਮਰੀਕਾ ਤੇ ਯੂਰਪ ਦੇ ਮਹੱਤਵਪੂਰਨ ਬਾਜ਼ਾਰਾਂ ਲਈ। ਸੈਸ਼ਨ ਵਿੱਚ ਨਿਯਮਕ ਮਾਮਲਿਆਂ ਨੂੰ ਇੱਕ ਉਭਰਦੇ ਕਰੀਅਰ ਖੇਤਰ ਵਜੋਂ ਦਰਸਾਇਆ ਗਿਆ, ਜਿਸ ਵਿੱਚ ਉਦਯੋਗਿਕ ਪ੍ਰਥਾਵਾਂ, ਨਵੇਂ ਰੁਝਾਨਾਂ ਤੇ ਲਾਜ਼ਮੀ ਹੁਨਰਾਂ ਬਾਰੇ ਚਰਚਾ ਕੀਤੀ ਗਈ। ਹਕੀਕਤੀ ਜੀਵਨ ਦੇ ਕੇਸ ਸਟਡੀਜ਼ ਰਾਹੀਂ ਭਾਗੀਦਾਰਾਂ ਨੂੰ ਸਿਧਾਂਤਕ ਗਿਆਨ ਨੂੰ ਪ੍ਰਯੋਗਾਤਮਕ ਵਰਤੋਂ ਨਾਲ ਜੋੜਨ ਵਿੱਚ ਮਦਦ ਮਿਲੀ। ਇਸ ਪ੍ਰੋਗਰਾਮ ਵਿੱਚ ਬੀ. ਫਾਰਮੇਸੀ ਦੇ ਵਿਦਿਆਰਥੀਆਂ ਤੇ ਅਧਿਆਪਕਾਂ ਨੇ ਸਰਗਰਮ ਹਿੱਸਾ ਲਿਆ। ਅੰਤ ਵਿੱਚ ਹੋਏ ਪ੍ਰਸ਼ਨ-ਉਤਰ ਸੈਸ਼ਨ ਨੇ ਮੁੱਖ ਧਾਰਨਾਵਾਂ ਤੇ ਕਰੀਅਰ ਸੰਭਾਵਨਾਵਾਂ ਨੂੰ ਹੋਰ ਸਪੱਸ਼ਟ ਕੀਤਾ। ਇਸ ਵਿਸ਼ੇਸ਼ ਗਿਆਨ ਲੈਕਚਰ ਦੇ ਮੁੱਖ ਨਤੀਜੇ ਇਹ ਰਹੇ ਕਿ ਭਾਗੀਦਾਰਾਂ ਨੇ ਵਿਸ਼ਵ ਪੱਧਰੀ ਨਿਯਮਕ ਢਾਂਚਿਆਂ ਤੇ ਅਨੁਕੂਲਤਾ ਮਿਆਰਾਂ ਦੀ ਮਜ਼ਬੂਤ ਸਮਝ ਵਿਕਸਿਤ ਕੀਤੀ। ਦਸਤਾਵੇਜ਼ੀ ਪ੍ਰਕਿਰਿਆਵਾਂ ਤੇ ਕੁਆਲਿਟੀ ਪ੍ਰਥਾਵਾਂ ਬਾਰੇ ਮਹੱਤਵਪੂਰਨ ਜਾਣਕਾਰੀ ਪ੍ਰਾਪਤ ਕੀਤੀ। ਮੌਜੂਦਾ ਉਦਯੋਗਕ ਰੁਝਾਨਾਂ ਤੇ ਚੁਣੌਤੀਆਂ ਨਾਲ ਜਾਣ-ਪਛਾਣ ਹੋਈ। ਨਿਯਮਕ ਖੇਤਰ ਵਿੱਚ ਕਰੀਅਰ ਮੌਕਿਆਂ ਬਾਰੇ ਜਾਗਰੂਕਤਾ ਵਧੀ ਤੇ ਅਕਾਦਮਿਕ ਸਿੱਖਿਆ ਤੇ ਉਦਯੋਗਕ ਅਭਿਆਸ ਵਿੱਚ ਸਬੰਧ ਮਜ਼ਬੂਤ ਹੋਇਆ। ਇਸ ਮੌਕੇ ਖੁਸ਼ਪਾਲ ਕੌਰ ਤੇ ਡਾ. ਸ਼ੈਲੇਸ਼ ਕੁਮਾਰ ਵੀ ਮੌਜੂਦ ਸਨ। ਅੰਤ ਵਿੱਚ ਡਾਇਰੈਕਟਰ, ਸਕੂਲ ਆਫ ਫਾਰਮੇਸੀ ਡਾ. ਪੂਜਾ ਗੁਲਾਟੀ ਨੇ ਧੰਨਵਾਦ ਪ੍ਰਸਤਾਵ ਪੇਸ਼ ਕਰਦਿਆਂ ਵਕਤਾ, ਆਯੋਜਕਾਂ, ਅਧਿਆਪਕਾਂ, ਵਿਦਿਆਰਥੀਆਂ ਸਮੇਤ ਸਭ ਦਾ ਧੰਨਵਾਦ ਕੀਤਾ।

# ਬੈਂਕ ਡਕੈਤੀ ਮਾਮਲਾ: ਜਲੰਧਰ ਪੁਲਿਸ ਨੇ ਮੁੱਖ ਦੋਸ਼ੀ ਨੂੰ ਗ੍ਰਿਫ਼ਤਾਰ ਕੀਤਾ

## ☛ਸੇਵਾਮੁਕਤ ਡੀਐਸਪੀ ਦੇ ਪੁੱਤਰ ਤੋਂ ਪਿਸਤੌਲ ਤੇ 3 ਲੱਖ ਰੁਪਏ ਬ੍ਰਾਮਦ



ਜਲੰਧਰ, 8 ਅਪ੍ਰੈਲ (ਚ.ਨ.ਸ): ਜਲੰਧਰ ਕਮਿਸ਼ਨਰੇਟ ਪੁਲਿਸ ਨੇ ਇੱਕ ਦੋਸ਼ੀ ਨੂੰ ਗ੍ਰਿਫ਼ਤਾਰ ਕਰ ਲਿਆ ਹੈ, ਜਿਸ ਨਾਲ ਖੁਰਲਾ ਕਿੰਗਰਾ ਸਥਿਤ ਪੀਐਨਬੀ ਬੈਂਕ ਵਿੱਚ ਹੋਈ ਡਕੈਤੀ ਦੇ ਮਾਮਲੇ ਨੂੰ ਕੁਝ ਘੰਟਿਆਂ ਵਿੱਚ ਹੀ ਸੁਲਝਾ ਲਿਆ ਹੈ। ਦੋਸ਼ੀ ਦੀ ਪਛਾਣ ਸਿਮਰਨਜੀਤ ਸਿੰਘ ਵਜੋਂ ਹੋਈ ਹੈ, ਜੋ ਕਿ ਇੱਕ ਸੇਵਾਮੁਕਤ ਡੀਐਸਪੀ ਦਾ ਪੁੱਤਰ ਹੈ ਜਿਸਦੀ ਮੌਤ ਹੋ ਚੁੱਕੀ ਹੈ। ਆਪਣੇ ਪਿਤਾ ਦੀ ਮੌਤ ਤੋਂ ਬਾਅਦ, ਸਿਮਰਨਜੀਤ ਨਸ਼ਿਆਂ ਦਾ ਆਦੀ ਹੋ ਗਿਆ। ਆਪਣੇ ਸਾਥੀਆਂ ਨਾਲ ਮਿਲ ਕੇ, ਉਸਨੇ ਨਸ਼ੀਲੇ ਪਦਾਰਥ ਵੇਚਣੇ ਤੇ ਸੇਵਨ ਕਰਨਾ ਸ਼ੁਰੂ ਕਰ ਦਿੱਤਾ। ਇਸ ਲਤ ਤੋਂ ਪ੍ਰੇਰਿਤ ਹੋ ਕੇ ਉਸਨੇ ਬੈਂਕ ਲੁੱਟਣ ਦੀ ਯੋਜਨਾ ਬਣਾਈ। ਪੁਲਿਸ ਨੇ ਦੋਸ਼ੀ ਦੇ ਕਬਜ਼ੇ ਵਿੱਚੋਂ ਅਪਰਾਧ ਵਿੱਚ ਵਰਤਿਆ ਗਿਆ ਰਿਵਾਲਵਰ, ਤਿੰਨ ਜ਼ਿੰਦਾ ਕਾਰਤੂਸ ਤੇ ਚੋਰੀ ਹੋਈ ਨਕਦੀ ਦਾ ਇੱਕ ਹਿੱਸਾ ਬ੍ਰਾਮਦ ਕਰ ਲਿਆ ਹੈ। ਬ੍ਰਾਮਦ ਪਿਸਤੌਲ ਦੇ ਮੂਲ ਤੇ ਮਾਲਕੀ ਦਾ ਪਤਾ ਲਗਾਉਣ ਲਈ ਫਿਲਹਾਲ ਜਾਂਚ ਜਾਰੀ ਹੈ। ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਨੇ ਦੱਸਿਆ ਕਿ 6 ਅਪ੍ਰੈਲ, 2026 ਨੂੰ ਦੁਪਹਿਰ ਲਗਭਗ 2:35 ਵਜੇ, ਦੋ ਨਕਾਬਪੋਸ਼ ਨੌਜਵਾਨ ਬੈਂਕ ਵਿੱਚ ਦਾਖਲ ਹੋਏ, ਬੰਦੂਕ ਦੀ ਨੋਕ 'ਤੇ ਲੁੱਟਮਾਰ ਕੀਤੀ ਤੇ ਮੌਕੇ ਤੋਂ ਭੱਜ ਗਏ। ਬੈਂਕ ਕਰਮਚਾਰੀ ਵਿਕਰਮ ਭਗਤ ਦੇ ਬਿਆਨ ਦੇ ਆਧਾਰ 'ਤੇ, ਥਾਣਾ ਡਵੀਜ਼ਨ ਨੰਬਰ 7 ਵਿੱਚ ਮਾਮਲਾ ਨੰਬਰ 65 ਦਰਜ ਕੀਤਾ ਗਿਆ ਸੀ ਤੇ ਜਾਂਚ ਸ਼ੁਰੂ ਕੀਤੀ ਗਈ ਸੀ। ਜਾਂਚ ਦੌਰਾਨ ਪੁਲਿਸ ਨੇ ਸਿਮਰਨਜੀਤ ਸਿੰਘ ਉਰਫ਼ ਅਮਰੀਕ ਸਿੰਘ ਵਾਸੀ ਗ੍ਰੀਨ ਮਾਡਲ ਟਾਊਨ, ਜਲੰਧਰ ਨੂੰ ਗ੍ਰਿਫ਼ਤਾਰ ਕੀਤਾ। ਉਸ ਵਿਰੁੱਧ ਪਹਿਲਾਂ ਦੋ ਅਪਰਾਧਿਕ ਮਾਮਲੇ ਦਰਜ ਹਨ, ਜਿਨ੍ਹਾਂ ਵਿੱਚ ਧੋਖਾਧੜੀ ਤੇ ਐਨਡੀਪੀਐਸ ਐਕਟ ਤਹਿਤ ਅਪਰਾਧ ਸ਼ਾਮਲ ਹਨ। ਪੁਲਿਸ ਹੁਣ ਉਸਦੇ ਫਰਾਰ ਸਾਥੀ ਦੀ ਭਾਲ ਵਿੱਚ ਲਗਾਤਾਰ ਛਾਪੇਮਾਰੀ ਕਰ ਰਹੀ ਹੈ।

# ਬੇਵਫਾਈ ਤੋਂ ਤੰਗ ਆਏ ਪਤੀ ਨੇ ਪਤਨੀ ਦੇ ਘਰ ਅੱਗੇ ਜ਼ਹਿਰੀਲੀ ਦਵਾਈ ਪੀਂਦਿਆਂ ਦਿੱਤੀ ਜਾਨ

ਜਗਰਾਓਂ, 8 ਅਪ੍ਰੈਲ (ਚ.ਨ.ਸ): ਪ੍ਰੇਮ ਵਿਆਹ ਤੋਂ ਬਾਅਦ ਵੀ ਪਤਨੀ ਦੀ ਬੇਫਵਾਈ ਤੋਂ ਤੰਗ ਆਏ ਪਤੀ ਨੇ ਅੱਜ ਉਸ ਦੇ ਘਰ ਅੱਗੇ ਜਾ ਕੇ ਸੋਸ਼ਲ ਮੀਡੀਆ 'ਤੇ ਲਾਈਵ ਹੁੰਦਿਆਂ ਜ਼ਹਿਰੀਲੀ ਦਵਾਈ ਪੀ ਕੇ ਜਾਨ ਦੇ ਦਿੱਤੀ। ਜ਼ਹਿਰੀਲੀ ਦਵਾਈ ਦੀ ਘੁੱਟ ਭਰਦਿਆਂ ਪਤਨੀ ਦਾ ਨਾਮ ਲੈ ਕੇ ਕਿਹਾ 'ਤੈਨੂੰ ਕੀਤਾ ਆਜ਼ਾਦ'। ਪ੍ਰਾਪਤ ਜਾਣਕਾਰੀ ਅਨੁਸਾਰ ਪਿੰਡ ਕੋਠੇ ਬੱਗੂ ਵਾਸੀ ਜਵਾਲਾ ਸਿੰਘ ਪੁੱਤਰ ਕੁਲਵੰਤ ਸਿੰਘ ਦਾ ਪਿੰਡ ਦੀ ਹੀ ਕੁੜੀ ਮਨਪ੍ਰੀਤ ਕੌਰ ਮਨੂੰ ਨਾਲ ਪਿਆਰ ਹੋ ਗਿਆ। ਚਾਰ ਸਾਲ ਪਹਿਲਾਂ ਦੋਵਾਂ ਨੇ ਵਿਆਹ ਕਰਵਾ ਲਿਆ। ਵਿਆਹ ਤੋਂ ਬਾਅਦ ਪਤਨੀ ਵੱਲੋਂ ਕਿਸੇ ਹੋਰ ਮੁੰਡੇ ਨਾਲ ਮੋਬਾਈਲ 'ਤੇ ਗੱਲਾਂ ਕਰਨ ਨੂੰ ਲੈ ਕੇ ਕਲੇਸ਼ ਰਹਿਣ ਲੱਗ ਪਿਆ। ਦੋਵਾਂ ਦਾ ਝਗੜਾ ਪੰਚਾਇਤ ਵਿੱਚ ਪਹੁੰਚਿਆ ਤਾਂ ਪੰਚਾਇਤ ਨੇ ਦੋਵਾਂ ਧਿਰਾਂ ਦੀ ਸਹਿਮਤੀ ਨਾਲ ਪੰਚਾਇਤੀ ਵੱਖ-ਵੱਖ ਰਹਿਣ ਦਾ ਫੈਸਲਾ ਲਿਖ ਦਿੱਤਾ। ਇਸ ਤੋਂ ਬਾਅਦ ਮਨੂੰ ਆਪਣੇ ਪੇਕੇ ਘਰ ਰਹਿਣ ਲੱਗ ਪਈ। ਉਸ ਦਾ ਪਤੀ ਜਵਾਲਾ ਸਿੰਘ ਪਤਨੀ ਦੀ ਬੇਫਵਾਈ ਤੋਂ ਤੰਗ ਰਹਿੰਦਾ ਅੱਜ ਉਸ ਨੇ ਪਤਨੀ ਦੇ ਘਰ ਅੱਗੇ ਜਾ ਕੇ ਲਾਈਵ ਹੋ ਗਿਆ ਤੇ ਹੱਥ ਵਿਚ ਫੜੀ ਕੀਟਨਾਸ਼ਕ ਜ਼ਹਿਰੀਲੀ ਦਵਾਈ ਦੀ ਬੋਤਲ ਵਿਚੋਂ ਘੁਟ-ਘੁਟ ਭਰਦਿਆਂ ਆਪਣੀ ਦਰਦ ਭਰੀ ਵਿਥਿਆ ਵੀ ਸੁਣਾਈ। ਪਤਨੀ ਨਾਲ ਗੱਲਾਂ ਮਾਰਨ ਵਾਲੇ ਨੌਜਵਾਨ ਦਾ ਵੀ ਨਾਮ ਲੈਂਦਿਆਂ ਘਰ ਉਜਾੜਣ ਦੀ ਦੁਹਾਈ ਦਿੱਤੀ। ਇਸ ਮਾਮਲੇ ਵਿੱਚ ਚੌਕੀ ਬੱਸ ਸਟੈਂਡ ਦੇ ਇੰਚਾਰਜ ਸੁਰਜੀਤ ਸਿੰਘ ਨੇ ਦੱਸਿਆ ਕਿ ਪੁਲਿਸ ਵੱਲੋਂ ਮ੍ਰਿਤਕ ਦੀ ਲਾਸ਼ ਪੋਸਟਮਾਰਟਮ ਲਈ ਸਿਵਲ ਹਸਪਤਾਲ ਭੇਜ ਦਿੱਤੀ ਹੈ ਤੇ ਪੀੜ੍ਹਤ ਪਰਿਵਾਰ ਦੇ ਬਿਆਨ ਦਰਜ ਕਰਕੇ ਕਾਰਵਾਈ ਕੀਤੀ ਜਾਵੇਗੀ।



# ਆਮ ਆਦਮੀ ਕਲੀਨਿਕ ਚੱਕ ਜਾਨੀਸਰ 'ਤੇ ਡਾ.ਕੰਬੋਜ ਮੈਡੀਕਲ ਅਫ਼ਸਰ ਨਿਯੁਕਤ

ਫ਼ਾਜ਼ਿਲਕਾ, 8 ਅਪ੍ਰੈਲ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਘਰਾਂ ਦੇ ਨੇੜੇ ਸਿਹਤ ਸੁਵਿਧਾਵਾਂ ਦੇਣ ਦੇ ਮੰਤਵ ਨਾਲ ਰਾਜ ਵਿੱਚ ਆਮ ਆਦਮੀ ਕਲੀਨਿਕ ਸਥਾਪਤ ਕੀਤੇ ਗਏ ਹਨ, ਜਿਸ ਵਿੱਚ ਵੱਖ-ਵੱਖ ਸਿਹਤ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ। ਇਸ ਮੰਤਵ ਨਾਲ ਹੀ ਪਿਛਲੇ ਦਿਨੀਂ ਡਾ. ਕਵਿਤਾ ਸਿੰਘ ਸਿਵਲ ਸਰਜਨ ਫਾਜ਼ਿਲਕਾ ਵੱਲੋਂ ਆਮ ਆਦਮੀ ਕਲੀਨਿਕ ਚੱਕ ਜਾਨੀਸਰ ਲਈ ਡਾ. ਕਰਨ ਕੰਬੋਜ ਮੈਡੀਕਲ ਅਫ਼ਸਰ ਨੂੰ ਨਿਯੁਕਤੀ ਪੱਤਰ ਦਿੱਤਾ। ਇਸ ਸਮੇਂ ਡਾ. ਰਿੰਕੂ ਚਾਵਲਾ ਜ਼ਿਲ੍ਹਾ ਟੀਕਾਕਰਨ ਅਫ਼ਸਰ, ਰਾਜੇਸ਼ ਕੁਮਾਰ ਜ਼ਿਲ੍ਹਾ ਪ੍ਰੋਗਰਾਮ ਮੈਨੇਜਰ, ਮਾਸ ਮੀਡੀਆ ਵਿੰਗ ਤੋਂ ਮਨਬੀਰ ਸਿੰਘ ਤੇ ਦਿਵੇਸ਼ ਕੁਮਾਰ, ਸੁਖਦੇਵ ਸਿੰਘ, ਆਕਾਸ਼ ਕੁਮਾਰ ਤੇ ਅਤਿੰਦਰ ਪਾਲ ਸਿੰਘ ਹਾਜ਼ਰ ਸਨ। ਡਾ. ਕਵਿਤਾ ਸਿੰਘ ਨੇ ਦੱਸਿਆ ਕਿ ਜ਼ਿਲ੍ਹਾ ਫਾਜ਼ਿਲਕਾ ਵਿੱਚ ਆਮ ਆਦਮੀ ਕਲੀਨਿਕ ਲੋਕਾਂ ਲਈ ਵਰਦਾਨ ਸਿੱਧ ਹੋ ਰਹੇ ਹਨ ਤੇ ਲੋਕ ਇਨ੍ਹਾਂ ਕਲੀਨਿਕਾਂ ਵਿੱਚ ਵਿਸ਼ਵਾਸ ਰੱਖ ਕੇ ਇਲਾਜ ਕਰਵਾ ਰਹੇ ਹਨ। ਸਿਵਲ ਸਰਜਨ ਡਾ. ਕਵਿਤਾ ਸਿੰਘ ਨੇ ਨਵਨਿਯੁਕਤ ਮੈਡੀਕਲ ਅਫ਼ਸਰ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਮਰੀਜ਼ਾਂ ਤੇ ਲੋਕਾਂ ਨੂੰ ਤਨਦੇਹੀ ਨਾਲ ਸਿਹਤ ਸੇਵਾਵਾਂ ਦੇਣ ਲਈ ਕਿਹਾ।



# ਵਿਧਾਇਕ ਰਣਬੀਰ ਸਿੰਘ ਭੁੱਲਰ ਨੇ 'ਫੂਡ ਸੇਫਟੀ ਵੈਨ' ਨੂੰ ਹਰੀ ਝੰਡੀ ਵਿਖਾ ਕੇ ਰਵਾਨਾ ਕੀਤਾ

ਫ਼ਿਰੋਜ਼ਪੁਰ, 8 ਅਪ੍ਰੈਲ (ਤਿਵਾੜੀ): ਪੰਜਾਬ ਸਰਕਾਰ ਵੱਲੋਂ ਸਿਹਤਮੰਦ ਪੰਜਾਬ ਤਹਿਤ ਲੋਕਾਂ ਨੂੰ ਸਾਫ਼ ਸੁਥਰੀਆਂ ਖਾਣ-ਪੀਣ ਦੀਆਂ ਵਸਤੂਆਂ ਮੁਹੱਈਆ ਕਰਵਾਉਣ ਤੇ ਮਿਲਾਵਟਖੋਰਾਂ ਖ਼ਿਲਾਫ਼ ਸ਼ਿਕੰਜਾ ਕੱਸਣ ਦੇ ਉਦੇਸ਼ ਨਾਲ ਫੂਡ ਸੇਫਟੀ ਪੰਦਰਵਾੜਾ ਮੁਹਿੰਮ ਦੀ ਅੱਜ ਤੋਂ ਸ਼ੁਰੂਆਤ ਕੀਤੀ ਗਈ। ਇਸ ਮੌਕੇ ਵਿਧਾਇਕ ਫ਼ਿਰੋਜ਼ਪੁਰ ਸ਼ਹਿਰੀ ਰਣਬੀਰ ਸਿੰਘ ਭੁੱਲਰ ਨੇ ਡਾ. ਰਾਜੀਵ ਪਰਾਸ਼ਰ ਸਿਵਲ ਸਰਜਨ ਫਿਰੋਜ਼ਪੁਰ ਦੀ ਅਗਵਾਈ ਹੇਠ ਸ਼ੁਰੂ ਹੋ ਰਹੀ ਫੂਡ ਸੇਫ਼ਟੀ ਪੰਦਰਵਾੜਾ ਮੁਹਿੰਮ ਤਹਿਤ 'ਫੂਡ ਸੇਫਟੀ ਵੈਨ' ਨੂੰ ਹਰੀ ਝੰਡੀ ਵਿਖਾ ਕੇ ਰਵਾਨਾ ਕੀਤਾ। ਵਿਧਾਇਕ ਰਣਬੀਰ ਸਿੰਘ ਭੁੱਲਰ ਨੇ ਦੱਸਿਆ ਕਿ ਇਹ ਆਧੁਨਿਕ ਟੈਸਟਿੰਗ ਯੰਤਰਾਂ ਨਾਲ ਲੈਸ ਵੈਨ ਸ਼ਹਿਰ ਦੇ ਵੱਖ-ਵੱਖ ਬਜ਼ਾਰਾਂ ਤੇ ਇਲਾਕਿਆਂ ਵਿੱਚ ਜਾ ਕੇ ਖਾਧ ਪਦਾਰਥਾਂ ਦੀ ਮੌਕੇ 'ਤੇ ਹੀ ਜਾਂਚ ਕਰਕੇ ਰਿਪੋਰਟ ਦੇਵੇਗੀ ਤੇ ਆਮ ਲੋਕਾਂ ਨੂੰ ਖਾਣ-ਪੀਣ ਵਾਲੀਆਂ ਵਸਤੂਆਂ ਦੀ ਸ਼ੁੱਧਤਾ ਪ੍ਰਤੀ ਜਾਗਰੂਕ ਵੀ ਕਰੇਗੀ। ਉਨ੍ਹਾਂ ਕਿਹਾ ਕਿ ਇੱਕ ਚਲਦੀ-ਫਿਰਦੀ ਲੈਬਾਰਟਰੀ ਵਾਂਗ ਇਹ ਵੈਨ ਮਹਿਜ਼ ਇੱਕ ਗੱਡੀ ਨਹੀਂ, ਸਗੋਂ ਅਤਿ-ਆਧੁਨਿਕ ਮਸ਼ੀਨਾਂ ਨਾਲ ਲੈਸ ਇੱਕ ਮੋਬਾਈਲ ਟੈਸਟਿੰਗ ਲੈਬ ਹੈ। ਇਸ ਦੇ ਮੁੱਖ ਕੰਮ ਦੁੱਧ, ਘਿਓ, ਪਨੀਰ, ਖਾਣ ਵਾਲੇ ਤੇਲ ਤੇ ਮਸਾਲਿਆਂ ਦੀ ਸ਼ੁੱਧਤਾ ਦੀ ਜਾਂਚ ਮੌਕੇ 'ਤੇ ਹੀ ਕਰਨਾ ਹੈ ਤੇ ਇਲਾਕਾ ਨਿਵਾਸੀਆਂ ਨੂੰ ਲੰਬੀ ਉਡੀਕ ਦੀ ਬਜਾਏ, ਇਸ ਵੈਨ ਰਾਹੀਂ ਕੁਝ ਹੀ ਮਿੰਟਾਂ ਵਿੱਚ ਟੈਸਟ ਦੀ ਰਿਪੋਰਟ ਮਿਲ ਜਾਵੇਗੀ। ਉਨ੍ਹਾਂ ਦੱਸਿਆ ਕਿ ਵੈਨ ਰਾਹੀਂ ਆਮ ਜਨਤਾ ਨੂੰ ਜਾਗਰੂਕ ਕੀਤਾ ਜਾਵੇਗਾ ਕਿ ਉਹ ਘਰ ਬੈਠੇ ਹੀ ਮਿਲਾਵਟੀ ਸਾਮਾਨ ਦੀ ਪਛਾਣ ਕਿਵੇਂ ਕਰ ਸਕਦੇ ਹਨ। ਇਹ ਵੈਨ ਸਾਡੇ ਸ਼ਹਿਰ ਵਾਸੀਆਂ ਲਈ ਇੱਕ ਸੁਰੱਖਿਆ ਕਵਚ ਦਾ ਕੰਮ ਕਰੇਗੀ। ਇਸ ਮੌਕੇ ਡਾ. ਮੀਨਾਕਸ਼ੀ ਢੀਂਗਰਾ ਜ਼ਿਲ੍ਹਾ ਟੀਕਾਕਰਣ ਅਫ਼ਸਰ, ਡਾ. ਮਨਦੀਪ ਕੌਰ ਜ਼ਿਲ੍ਹਾ ਪਰਿਵਾਰ ਭਲਾਈ ਅਫ਼ਸਰ, ਡਾ. ਅਮਰਵੀਰ ਸਿੱਧੂ ਜ਼ਿਲ੍ਹਾ ਸਿਹਤ ਅਫ਼ਸਰ, ਡਾ. ਮਨਮੀਤ, ਅੰਕੁਸ਼ ਭੰਡਾਰੀ ਡਿਪਟੀ ਮਾਸ ਮੀਡੀਆ ਅਫ਼ਸਰ, ਵਿਕਾਸ ਕਾਲੜਾ ਪੀ.ਏ. ਟੂ ਸਿਵਲ ਸਰਜਨ, ਹਿਮਾਂਸ਼ੂ ਠੱਕਰ ਪੀ.ਏ. ਟੂ ਐਮ.ਐਲ.ਏ. ਹਾਜ਼ਰ ਸੀ।



# ਸਰਕਾਰੀ ਪ੍ਰਾਇਮਰੀ ਸਕੂਲ ਦਾ ਸਾਲਾਨਾ ਨਤੀਜਾ ਸਮਾਗਮ ਸ਼ਾਨੋ-ਸ਼ੌਕਤ ਨਾਲ ਸੰਪੰਨ

## ☛ਵਿਧਾਇਕ ਰਜਨੀਸ਼ ਦਹੀਆ ਨੇ ਹੋਣਹਾਰ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ

ਫ਼ਿਰੋਜ਼ਪੁਰ, 8 ਅਪ੍ਰੈਲ (ਤਿਵਾੜੀ): ਫ਼ਿਰੋਜ਼ਪੁਰ ਦਿਹਾਤੀ ਖੇਤਰ ਦੇ ਸਰਕਾਰੀ ਪ੍ਰਾਇਮਰੀ ਸਕੂਲ ਝੋਕ ਹਰੀਹਰ ਵਿਖੇ ਸਾਲਾਨਾ ਨਤੀਜਾ ਸਮਾਗਮ ਬਹੁਤ ਹੀ ਸ਼ਾਨਦਾਰ ਢੰਗ ਨਾਲ ਆਯੋਜਿਤ ਕੀਤਾ ਗਿਆ। ਇਸ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਐਡਵੋਕੇਟ ਰਜਨੀਸ਼ ਦਹੀਆ, ਵਿਧਾਇਕ ਫ਼ਿਰੋਜ਼ਪੁਰ ਦਿਹਾਤੀ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਉਨ੍ਹਾਂ ਦੇ ਨਾਲ ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿ) ਫ਼ਿਰੋਜ਼ਪੁਰ ਸੁਨੀਤਾ ਰਾਣੀ, ਉਪ-ਜ਼ਿਲ੍ਹਾ ਸਿੱਖਿਆ ਅਫ਼ਸਰ ਕੋਮਲ ਅਰੋੜਾ, ਬੀਪੀਈਓ ਸੁਮਨਦੀਪ ਕੌਰ, ਡੀਆਰਸੀ ਸੁਭਾਸ਼ ਚੰਦਰ ਵੀ ਹਾਜ਼ਰ ਰਹੇ। ਸਮਾਗਮ ਦੀ ਸ਼ੁਰੂਆਤ ਵਿਦਿਆਰਥੀਆਂ ਵੱਲੋਂ ਰੰਗਾਰੰਗ ਸਭਿਆਚਾਰਕ ਪ੍ਰਸਤੁਤੀਆਂ ਨਾਲ ਹੋਈ। ਬੱਚਿਆਂ ਨੇ ਕੋਰੀਓਗ੍ਰਾਫੀ, ਭੰਗੜਾ ਤੇ ਗਿੱਧਾ ਵਰਗੀਆਂ ਵੰਨਗੀਆਂ ਰਾਹੀਂ ਆਪਣੀ ਕਲਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ, ਜਿਸ ਨੂੰ ਦਰਸ਼ਕਾਂ ਵੱਲੋਂ ਭਰਪੂਰ ਤਾਲੀਆਂ ਨਾਲ ਸਵਾਗਤ ਕੀਤਾ ਗਿਆ। ਇਸ ਮੌਕੇ 'ਤੇ ਵਿਦਿਆਰਥੀਆਂ ਦੀ ਸਾਲਾਨਾ ਨਤੀਜਿਆਂ ਦਾ ਐਲਾਨ ਕੀਤਾ ਗਿਆ ਤੇ ਹੋਣਹਾਰ ਬੱਚਿਆਂ ਨੂੰ ਇਨਾਮਾਂ ਨਾਲ ਸਨਮਾਨਤ ਕੀਤਾ ਗਿਆ। ਇਸ ਮੌਕੇ ਖਾਸ ਤੌਰ 'ਤੇ ਜਵਾਹਰ ਨਵੋਦਿਆ ਵਿਦਿਆਲਿਆ ਵਿੱਚ ਸਿਲੈਕਟ ਹੋਈ ਵਿਦਿਆਰਥਣ ਸਹਿਜਪ੍ਰੀਤ ਕੌਰ ਨੂੰ ਵਿਸ਼ੇਸ਼ ਸਨਮਾਨ ਦਿੱਤਾ ਗਿਆ। ਇਸ ਤੋਂ ਇਲਾਵਾ ਪਹਿਲੀ ਤੋਂ ਪੰਜਵੀਂ ਕਲਾਸ ਤੱਕ ਪੁਜੀਸ਼ਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਵੀ ਮਾਣ-ਸਨਮਾਨ ਦੇ ਕੇ ਉਨ੍ਹਾਂ ਦਾ ਹੌਸਲਾ ਵਧਾਇਆ ਗਿਆ। ਰਜਨੀਸ਼ ਦਹੀਆ ਨੇ ਆਪਣੇ ਸੰਬੋਧਨ ਵਿੱਚ ਸਕੂਲ ਦੀ ਟੀਮ ਦੀ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਸਰਕਾਰੀ ਸਕੂਲ ਅੱਜ ਸਿੱਖਿਆ ਦੇ ਮਿਆਰ ਨੂੰ ਨਵੀਆਂ ਉਚਾਈਆਂ 'ਤੇ ਲੈ ਕੇ ਜਾ ਰਹੇ ਹਨ। ਇਸ ਮੌਕੇ ਸਕੂਲ ਸਰਪੰਚ ਅਮਰਜੀਤ ਕੌਰ, ਭਜਨ ਸਿੰਘ, ਸਰਬਜੀਤ ਸਿੰਘ ਗੁਰਪ੍ਰੀਤ ਸਿੰਘ ਤੇ ਸਾਰੇ ਪੰਚਾਇਤ ਮੈਂਬਰਾਂ ਤੇ ਝੋਕ ਹਰੀਹਰ ਪਿੰਡ ਦੇ ਪਤਵੰਤੇ ਸੱਜਣਾਂ, ਐਸਐਮਸੀ ਕਮੇਟੀ ਦੇ ਚੇਅਰਮੈਨ ਚਰਨਜੀਤ ਕੌਰ, ਗਗਨਦੀਪ ਸਿੰਘ ਹਾਜ਼ਰ ਸਨ।



# ਕਾਂਗਰਸ ਪਾਰਟੀ ਨੂੰ ਵਰਕਰਾਂ ਦੀ ਖ਼ਾਮੋਸ਼ੀ ਕਾਰਨ ਚੋਣਾਂ 'ਚ ਹੋਵੇਗੀ ਭਾਰੀ ਮੁਸ਼ਕਿਲ

## ☛ਵਰਕਰਾਂ ਤੇ ਆਗੂਆਂ ਨੇ ਹਲਕੇ ਦੇ ਵਸਨੀਕ ਸਾਫ਼-ਸੁਥਰੇ ਅਕਸ ਵਾਲੇ ਆਗੂਆਂ ਦੀ ਕੀਤੀ ਮੰਗ

ਮੰਡੀ ਗੋਬਿੰਦਗੜ੍ਹ, 8 ਅਪ੍ਰੈਲ (ਰੂਪਲ ਸੂਦ): ਕਾਂਗਰਸ ਪਾਰਟੀ ਭਾਵੇਂ ਪੰਜਾਬ ਵਿੱਚ ਸਰਕਾਰ ਬਣਾਉਣ ਦੇ ਸੁਪਨੇ ਲੈ ਰਹੀ ਹੈ ਲੇਕਿਨ ਹਕੀਕਤ ਇਸ ਤੋਂ ਕੋਹਾਂ ਦੂਰ ਹੈ। ਜੇਕਰ ਇਸ ਜ਼ਿਲ੍ਹੇ ਦੀ ਗੱਲ ਕੀਤੀ ਜਾਵੇ ਤਾਂ ਤਿੰਨੋਂ ਸੀਟਾਂ ਉਪਰ ਬਹੁਤ ਸਾਰੇ ਪਾਰਟੀ ਵਰਕਰ ਹਲਕੇ ਦੀ ਲੀਡਰਸ਼ਿਪ ਕਾਰਨ ਖਾਮੋਸ਼ ਬੈਠੇ ਹਨ ਜਾਂ ਦੂਸਰੀਆਂ ਪਾਰਟੀਆਂ ਵਿੱਚ ਚਲੇ ਗਏ, ਜਿਸ ਕਾਰਨ ਕਾਂਗਰਸ ਨੂੰ ਇਨ੍ਹਾਂ ਸੀਟਾਂ 'ਤੇ ਜਿੱਤ ਹਾਸਲ ਕਰਨ ਲਈ ਭਾਰੀ ਮੁਸ਼ਕਿਲ ਆਵੇਗੀ। ਜ਼ਿਲ੍ਹੇ ਦੇ ਕਈ ਆਗੂਆਂ ਤੇ ਵਰਕਰਾਂ ਨੇ ਆਪਣਾ ਨਾਮ ਗੁਪਤ ਰੱਖਣ ਦੀ ਸ਼ਰਤ 'ਤੇ ਦੱਸਿਆ ਕਿ ਧਰਨੇ, ਮੁਜ਼ਾਹਰੇ, ਮੀਟਿੰਗ ਆਦਿ ਲਈ ਉਨ੍ਹਾਂ ਨੂੰ ਬੁਲਾ ਕੇ ਇਕੱਠ ਦਿਖਾ ਦਿੱਤਾ ਜਾਂਦਾ ਹੈ ਲੇਕਿਨ ਬਣਦਾ ਮਾਣ-ਸਤਿਕਾਰ ਨਾ ਹੀ ਸਰਕਾਰ ਸਮੇਂ ਤੇ ਨਾ ਹੀ ਹੁਣ ਦਿੱਤਾ ਜਾ ਰਿਹਾ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਤਿੰਨੋਂ ਸੀਟਾਂ ਉਪਰ ਚੋਣ ਲੜ ਚੁੱਕੇ ਨੇਤਾਵਾਂ ਦੀ ਰਿਹਾਇਸ਼ ਹਲਕੇ ਤੋਂ ਬਾਹਰ ਹੈ ਪ੍ਰੰਤੂ ਉਹ ਮੁੜ ਟਿਕਟ ਹਾਸਲ ਕਰਨ ਲਈ ਆਪਣੀ ਲੀਡਰਸ਼ਿਪ ਨੂੰ ਖੁਸ਼ ਕਰਨ ਲਈ ਤਰਲੋਮੱਛੀ ਹੋ ਰਹੇ ਹਨ। ਹਲਕਿਆਂ ਵਿੱਚ ਕਈ ਹੋਰ ਸੰਭਾਵੀ ਉਮੀਦਵਾਰਾਂ ਨੇ ਵੀ ਪੈਰ ਪਸਾਰਨੇ ਸ਼ੁਰੂ ਕਰ ਦਿੱਤੇ ਹਨ ਤੇ ਲੋਕਲ ਸਮਾਗਮਾਂ ਵਿੱਚ ਸਰਗਰਮੀ ਨਾਲ ਸ਼ਿਰਕਤ ਕੀਤੀ ਜਾ ਰਹੀ ਹੈ, ਜਿਸ ਕਾਰਨ ਇਹ ਚੋਣ ਸਾਬਕਾ ਵਿਧਾਇਕਾਂ ਲਈ ਸੰਕਟਮਈ ਹੋ ਸਕਦੀ ਹੈ। ਸਥਾਨਕ ਵਰਕਰਾਂ ਤੇ ਆਗੂਆਂ ਦਾ ਕਹਿਣਾ ਹੈ ਕਿ ਅਜਮਾਏ ਹੋਏ ਨੇਤਾਵਾਂ ਦੀ ਥਾਂ ਨਵੇਂ ਚਿਹਰਿਆਂ ਨੂੰ ਮੌਕਾ ਮਿਲਣਾ ਚਾਹੀਦਾ ਹੈ ਜੋ ਮਿਹਨਤੀ, ਇਮਾਨਦਾਰ ਹੋਣ ਤੇ ਹਰ ਵਰਗ ਵਿੱਚ ਉਨ੍ਹਾਂ ਦਾ ਸਤਿਕਾਰ ਹੋਵੇ। ਇਥੇ ਇਹ ਵਰਣਨਯੋਗ ਹੈ ਕਿ 2027 ਦੀਆਂ ਚੋਣਾਂ ਨੂੰ ਮੁੱਖ ਰੱਖ ਕੇ ਜਿਥੇ ਪੰਜਾਬ ਦੀ ਆਪ ਸਰਕਾਰ ਪੱਬਾਂ ਭਾਰ ਹੈ ਉਥੇ ਵੱਖ-ਵੱਖ ਸਿਆਸੀ ਪਾਰਟੀਆਂ ਨੇ ਵੀ ਸਰਗਰਮੀਆਂ ਤੇਜ਼ ਕਰ ਦਿੱਤੀਆਂ ਹਨ। ਸ਼੍ਰੋਮਣੀ ਅਕਾਲੀ ਦਲ ਵੱਲੋਂ ਹਲਕਾਵਾਰ ਕਾਨਫਰੰਸਾਂ ਚੱਲ ਰਹੀਆਂ ਹਨ, ਇਸ ਲਈ ਕਾਂਗਰਸ ਲਈ ਸੌਖਾ ਨਹੀਂ ਹੋਵੇਗਾ ਕਿ ਉਹ 2027 ਦੀਆਂ ਚੋਣਾਂ ਨੂੰ ਜਿੱਤ ਕੇ ਸਰਕਾਰ ਬਣਾਵੇ। ਇਸ ਮੰਤਵ ਲਈ ਹਾਈਕਮਾਂਡ ਨੂੰ ਹੇਠਲੇ ਪੱਧਰ ਤੱਕ ਵਰਕਰਾਂ ਦਾ ਸਤਿਕਾਰ ਤੇ ਕਦਰ ਕਰਦੇ ਹੋਏ ਉਨ੍ਹਾਂ ਦੇ ਜਜ਼ਬਾਤਾਂ ਨੂੰ ਸਤਿਕਾਰ ਦੇਣਾ ਚਾਹੀਦਾ ਹੈ।

# ਅਕਾਲੀ ਦਲ ਵਾਰਸ ਦੀ 28 ਦੀ ਕਾਨਫਰੰਸ ਨੂੰ ਲੈ ਕੇ ਜਥੇ. ਲਖਵੀਰ ਸਿੰਘ ਖ਼ਾਲਸਾ ਵੱਲੋਂ ਸਲਾਣਾ 'ਚ ਮੀਟਿੰਗ



ਅਮਲੋਹ, 8 ਅਪ੍ਰੈਲ (ਜਸਵੰਤ ਸਿੰਘ): ਅਕਾਲੀ ਦਲ ਵਾਰਿਸ ਪੰਜਾਬ ਦੇ ਮੁੱਖ ਸੇਵਾਦਾਰ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਮੈਂਬਰ ਲੋਕ ਸਭਾ ਖਡੂਰ ਸਾਹਿਬ ਦੇ ਦਿਸ਼ਾ-ਨਿਰਦੇਸ਼ਾਂ 'ਤੇ ਹਲਕਾ ਅਮਲੋਹ ਦੇ ਪਿੰਡ ਸਲਾਣਾ ਵਿੱਚ ਅਕਾਲੀ ਦਲ ਵਾਰਿਸ ਪੰਜਾਬ ਦੇ ਸੀਨੀਅਰ ਆਗੂ ਲਖਵੀਰ ਸਿੰਘ ਖ਼ਾਲਸਾ ਸੌਂਟੀ ਦੀ ਅਗਵਾਈ ਵਿੱਚ ਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਬਲਾਕ ਅਮਲੋਹ ਦੇ ਪ੍ਰਧਾਨ ਜਸਪਾਲ ਸਿੰਘ ਸਲਾਣਾ ਦੀ ਮਿਹਨਤ ਸਦਕਾ ਭਰਵੀਂ ਨੁੱਕੜ ਮੀਟਿੰਗ ਹੋਈ। ਜਿਸ ਵਿੱਚ ਹਲਕਾ ਅਮਲੋਹ ਦੇ ਪਿੰਡ ਸੌਂਟੀ ਵਿੱਚ 28 ਅਪ੍ਰੈਲ ਨੂੰ 'ਪੰਥ ਬਚਾਓ, ਪੰਜਾਬ ਬਚਾਓ' ਰੈਲੀ ਵਿੱਚ ਸੰਗਤਾਂ ਨੂੰ ਵੱਧ ਚੜ੍ਹ ਕੇ ਸ਼ਾਮਲ ਹੋਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ 2027 ਵਿੱਚ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਦੀ ਅਗਵਾਈ ਵਾਲੀ ਸਰਕਾਰ-ਏ-ਖ਼ਾਲਸਾ ਬਣਾਉਣ ਦਾ ਮਨ ਬਣਾਈ ਬੈਠੇ ਹਨ, ਜਿਸ ਵਿੱਚ ਪੰਜਾਬ ਦੇ ਕਿਸਾਨ, ਮਜ਼ਦੂਰ, ਛੋਟੇ ਦੁਕਾਨਦਾਰ, ਵਪਾਰੀ, ਟਰਾਂਸਪੋਰਟਰ, ਨੌਜਵਾਨ, ਵਿਦਿਆਰਥੀ ਤੇ ਹਰ ਵਰਗ ਨੂੰ ਬਣਦੀਆਂ ਸਹੂਲਤਾਂ ਦਿੱਤੀਆਂ ਜਾਣਗੀਆਂ। ਪੰਜਾਬ ਵਿੱਚ ਅਮਨ ਤੇ ਸ਼ਾਂਤੀ ਬਹਾਲ ਕਰਕੇ ਸੱਚਾਈ ਦਾ ਰਾਜ ਭਾਗ ਲਿਆਂਦਾ ਜਾਵੇਗਾ। ਉਨ੍ਹਾਂ ਲੋਕਾਂ ਨੂੰ ਪਾਰਟੀ ਦਾ ਡੱਟ ਕੇ ਸਾਥ ਦੇਣ ਦੀ ਅਪੀਲ ਕੀਤੀ। ਇਸ ਮੌਕੇ 'ਤੇ ਪਰਮਿੰਦਰ ਸਿੰਘ, ਗੁਰਪ੍ਰੀਤ ਸਿੰਘ, ਸਤਵੀਰ ਸਿੰਘ, ਸੁਰੇਸ਼ ਕੁਮਾਰ, ਬਲਜਿੰਦਰ ਸਿੰਘ ਬੱਲੂ, ਡਾ. ਨਿਰਮਲ ਸਿੰਘ, ਲਾਲਾ ਮੁਹੰਮਦ, ਬਲਵਿੰਦਰ ਸਿੰਘ ਬਿੰਦਾ, ਹਰਜੀਤ ਸਿੰਘ, ਸੁਖਪ੍ਰੀਤ ਸਿੰਘ, ਨਵਪ੍ਰੀਤ ਸਿੰਘ, ਅਮਲੋਹ ਦੇ ਬਲਾਕ ਪ੍ਰਧਾਨ ਜਸਪਾਲ ਸਿੰਘ ਸਲਾਣਾ, ਜਨਰਲ ਸਕੱਤਰ ਪ੍ਰੀਤਮ ਸਿੰਘ ਭੋਲੀਆ, ਜਰਨਲ ਸਕੱਤਰ ਚਰਨ ਸਿੰਘ ਭੱਦਲਥੂਹਾ ਤੇ ਮੀਡੀਆ ਇੰਚਾਰਜ ਨਵਦੀਪ ਸਿੰਘ ਖੰਨਾ ਆਦਿ ਹਾਜ਼ਰ ਸਨ।

# ਅੰਮ੍ਰਿਤਸਰ ਰੋਡ 'ਤੇ ਵਾਪਰਿਆ ਸੜਕ ਹਾਦਸਾ, ਮੋਟਰ ਸਾਈਕਲ ਸਵਾਰ ਦੀ ਮੌਤ, ਪਤਨੀ ਤੇ ਬੇਟਾ ਜ਼ਖ਼ਮੀ

ਮੋਗਾ, 8 ਅਪ੍ਰੈਲ (ਨਿਸ਼ੀ ਮਨਚੰਦਾ/ਗੁਰਦੇਵ ਖੁਰਾਣਾ): ਮੋਗਾ ਦੇ ਅੰਮ੍ਰਿਤਸਰ ਰੋਡ 'ਤੇ ਇੱਕ ਭਿਆਨਕ ਸੜਕ ਹਾਦਸਾ ਵਾਪਰਿਆ, ਜਿੱਥੇ ਬੱਸ ਨੇ ਮੋਟਰਸਾਈਕਲ ਨੂੰ ਟੱਕਰ ਮਾਰ ਦਿੱਤੀ। ਇਸ ਹਾਦਸੇ ਵਿੱਚ ਇੱਕ ਵਿਅਕਤੀ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦਕਿ ਉਸਦੀ ਪਤਨੀ ਤੇ ਬੇਟਾ ਜ਼ਖ਼ਮੀ ਹੋ ਗਏ। ਮ੍ਰਿਤਕ ਦੀ ਪਛਾਣ ਜੋਗਿੰਦਰ ਸਿੰਘ (ਉਮਰ ਲਗਭਗ 42 ਸਾਲ) ਵਜੋਂ ਹੋਈ ਹੈ। ਮਿਲੀ ਜਾਣਕਾਰੀ ਮੁਤਾਬਿਕ ਜੋਗਿੰਦਰ ਸਿੰਘ ਆਪਣੀ ਪਤਨੀ ਗੀਟਾ ਕੌਰ ਤੇ ਬੇਟੇ ਗੁਰਜੀਤ ਸਿੰਘ ਨਾਲ ਸਿੱਧਵਾਂ ਵੇਟ ਤੋਂ ਮੋਗਾ ਵਿੱਚ ਮਾਤਾ ਦੇ ਦਰਸ਼ਨ ਲਈ ਆ ਰਹੇ ਸਨ। ਜਿਵੇਂ ਹੀ ਉਹ ਮੋਗਾ ਪਹੁੰਚੇ ਤੇ ਅੰਮ੍ਰਿਤਸਰ ਰੋਡ 'ਤੇ ਪਹੁੰਚੇ, ਅਚਾਨਕ ਇੱਕ ਬੱਸ ਨੇ ਉਨ੍ਹਾਂ ਦੀ ਬਾਈਕ ਨੂੰ ਟੱਕਰ ਮਾਰ ਦਿੱਤੀ। ਟੱਕਰ ਇੰਨੀ ਭਿਆਨਕ ਸੀ ਕਿ ਜੋਗਿੰਦਰ ਸਿੰਘ ਦੀ ਮੌਕੇ 'ਤੇ ਹੀ ਮੌਤ ਹੋ ਗਈ। ਹਾਦਸੇ ਵਿੱਚ ਗੀਟਾ ਕੌਰ ਤੇ ਗੁਰਜੀਤ ਸਿੰਘ ਵੀ ਜ਼ਖ਼ਮੀ ਹੋ ਗਏ। ਆਸ-ਪਾਸ ਦੇ ਲੋਕਾਂ ਨੇ ਤੁਰੰਤ ਮਦਦ ਕਰਦਿਆਂ ਉਨ੍ਹਾਂ ਨੂੰ ਆਟੋ ਰਿਕਸ਼ਾ ਰਾਹੀਂ ਹਸਪਤਾਲ ਪਹੁੰਚਾਇਆ, ਜਿੱਥੇ ਡਾਕਟਰਾਂ ਨੇ ਜੋਗਿੰਦਰ ਸਿੰਘ ਨੂੰ ਮ੍ਰਿਤਕ ਐਲਾਨ ਦਿੱਤਾ। ਗੁਰਜੀਤ ਸਿੰਘ ਨੂੰ ਹਲਕੀਆਂ ਚੋਟਾਂ ਆਈਆਂ ਹਨ। ਪੁਲਿਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।



# ਬੱਸ ਸਟੈਂਡ ਦਾ ਬੁਰਾ ਹਾਲ, ਥਾਂ-ਥਾਂ ਭਰਿਆ ਪਾਣੀ



ਮੋਗਾ, 8 ਅਪ੍ਰੈਲ (ਨਿਸ਼ੀ ਮਨਚੰਦਾ/ਗੁਰਦੇਵ ਖਰਾਣਾ): ਮੋਗਾ ਦੇ ਬੱਸ ਸਟੈਂਡ ਦਾ ਬਹੁਤ ਟਾਈਮ ਤੋਂ ਬੁਰਾ ਹਾਲ ਹੋ ਚੁੱਕਾ ਹੈ, ਕਿਉਂਕਿ ਜਿੱਥੋਂ ਬੱਸ ਸਟੈਂਡ ਨੂੰ ਬੱਸਾਂ ਅੰਦਰ ਜਾਂਦੀਆਂ ਹਨ। ਥੋੜੇ ਜਿਹੇ ਮੀਂਹ ਨਾਲ ਉਥੇ ਥਾਂ-ਥਾਂ 'ਤੇ ਪਾਣੀ ਭਰਿਆ ਜਾਂਦਾ ਹੈ ਤੇ ਇਹ ਖੜ੍ਹਿਆ ਪਾਣੀ ਕਈ-ਕਈ ਦਿਨ ਇਥੋਂ ਨਿਕਲਦਾ ਨਹੀਂ ਹੈ ਤੇ ਰਾਹਗੀਰਾਂ ਨੂੰ ਲੰਘਣਾ ਵੀ ਬਹੁਤ ਔਖਾ ਹੋ ਜਾਂਦਾ ਹੈ, ਇਹ ਬੱਸ ਸਟੈਂਡ 'ਤੇ ਸੜਕ ਦਾ ਛੋਟਾ ਜਿਹਾ ਟੋਟਾ ਬਹੁਤ ਲੰਬੇ ਸਮੇਂ ਤੋਂ ਲਟਕਿਆ ਪਿਆ ਹੈ, ਪਰ ਕਿਸੇ ਵੀ ਅਧਿਕਾਰੀ ਦਾ ਧਿਆਨ ਨਹੀਂ ਜਾਂਦਾ, ਟੂ-ਵੀਲ੍ਹਰ ਵਹੀਕਲ ਤਾਂ ਇਸ ਤੋਂ ਉਪਰ ਨਹੀਂ ਲੰਘ ਸਕਦਾ ਕਿਸੇ ਵੀ ਵੇਲੇ ਇਹ ਛੋਟਾ ਜਿਹਾ ਸੜਕ ਦਾ ਟੋਟਾ ਵੱਡੀ ਦੁਰਘਟਨਾ ਨੂੰ ਸੱਦਾ ਦੇ ਸਕਦਾ ਹੈ, ਪਰ ਬਹੁਤ ਹੈਰਾਨੀ ਵਾਲੀ ਗੱਲ ਹੈ ਸ਼ਹਿਰ ਦੇ ਮੇਨ ਬੱਸ ਸਟੈਂਡ ਨੂੰ ਜਾਂਦੀ ਹੋਈ ਸੜਕ ਦਾ ਇੰਨਾ ਬੁਰਾ ਹਾਲ ਹੈ ਤੇ ਪ੍ਰਸ਼ਾਸਨ ਕੁੰਭ ਕਰਨੀ ਦੀ ਨੀਂਦ ਸੁੱਤਾ ਪਿਆ ਹੈ, ਇਹ ਉਸ ਵੇਲੇ ਜਾਗੇਗਾ। ਜਿਸ ਟਾਈਮ ਕੋਈ ਵੱਡੀ ਘਟਨਾ ਵਾਪਰ ਜਾਵੇ, ਲੋਕਾਂ ਦੀ ਪ੍ਰਸ਼ਾਸਨ ਅੱਗੇ ਮੰਗ ਹੈ ਕਿ ਇਹ ਛੋਟਾ ਜਿਹਾ ਸੜਕ ਦਾ ਟੋਟਾ ਜਲਦੀ ਤੋਂ ਜਲਦੀ ਠੀਕ ਕਰਵਾਇਆ ਜਾਵੇ ਤਾਂ ਕਿ ਕੋਈ ਘਟਨਾ ਨਾ ਵਾਪਰ ਸਕੇ।

# ਵਿਕਟੋਰੀਆ ਇੰਟਰਨੈਸ਼ਨਲ ਸਕੂਲ 'ਚ ਵਰਲਡ ਹੈਲਥ ਡੇਅ ਦੇ ਮੌਕੇ 'ਤੇ ਦੰਦ ਜਾਂਚ ਕੈਂਪ ਲਗਾਇਆ



ਮੁਕੇਰੀਆਂ, 8 ਅਪ੍ਰੈਲ (ਧਰਮ ਚੰਦ): ਵਿਕਟੋਰੀਆ ਇੰਟਰਨੈਸ਼ਨਲ ਸਕੂਲ, ਮੁਕੇਰੀਆਂ ਵਿੱਚ 7 ਅਪ੍ਰੈਲ ਨੂੰ ਵਰਲਡ ਹੈਲਥ ਡੇਅ ਦੇ ਮੌਕੇ 'ਤੇ ਇੱਕ ਵਿਸ਼ੇਸ਼ ਦੰਦ ਜਾਂਚ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਕੈਂਪ ਵਿੱਚ ਕਲਾਸ 6ਵੀਂ ਤੋਂ 10ਵੀਂ ਤੱਕ ਦੇ ਵਿਦਿਆਰਥੀਆਂ ਦੇ ਦੰਦਾਂ ਦੀ ਜਾਂਚ ਕੀਤੀ ਗਈ ਤੇ ਉਨ੍ਹਾਂ ਨੂੰ ਮੌਖਿਕ ਸਫਾਈ ਪ੍ਰਤੀ ਜਾਗਰੂਕ ਕੀਤਾ ਗਿਆ। ਇਹ ਸਿਹਤ ਕੈਂਪ Tooth Zone Dental Clinic, ਮੁਕੇਰੀਆਂ ਵੱਲੋਂ ਆਯੋਜਿਤ ਕੀਤਾ ਗਿਆ, ਜਿਸ ਦਾ ਨੇਤ੍ਰਿਤਵ ਡਾ. ਸ਼ਿਖਾ ਸੂਦ ਤੇ ਉਨ੍ਹਾਂ ਦੀ ਟੀਮ ਦੇ ਹੋਰ ਡਾਕਟਰਾਂ ਨੇ ਕੀਤਾ। ਡਾਕਟਰਾਂ ਨੇ ਵਿਦਿਆਰਥੀਆਂ ਨੂੰ ਦੰਦਾਂ ਦੀ ਸਹੀ ਦੇਖਭਾਲ, ਨਿਯਮਿਤ ਬਰੱਸ਼ ਕਰਨ ਤੇ ਸਿਹਤਮੰਦ ਖੁਰਾਕ ਦੇ ਮਹੱਤਵ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ 'ਤੇ ਸਕੂਲ ਦੇ ਡਾਇਰੈਕਟਰ ਪ੍ਰੋ. ਜੀ.ਐਸ. ਮੁਲਤਾਨੀ ਤੇ ਨੀਰੂ ਮੁਲਤਾਨੀ ਨੇ ਆਪਣੇ ਸੰਦੇਸ਼ ਵਿੱਚ ਕਿਹਾ ਕਿ ਵਿਦਿਆਰਥੀਆਂ ਦੇ ਸਰਵਾਂਗੀਣ ਵਿਕਾਸ ਲਈ ਸਿਹਤ ਜਾਗਰੂਕਤਾ ਬਹੁਤ ਜ਼ਰੂਰੀ ਹੈ। ਇਸ ਤਰ੍ਹਾਂ ਦੇ ਕੈਂਪ ਬੱਚਿਆਂ ਵਿੱਚ ਸਫਾਈ ਦੀਆਂ ਆਦਤਾਂ ਨੂੰ ਵਿਕਸਿਤ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਸਿਹਤਮੰਦ ਜੀਵਨਸ਼ੈਲੀ ਅਪਣਾਉਣ ਲਈ ਪ੍ਰੇਰਿਤ ਕਰਦੇ ਹਨ। ਸਕੂਲ ਦੀ ਪ੍ਰਿੰਸੀਪਲ ਅਰਚਨਾ ਸੂਦਨ ਨੇ ਆਪਣੇ ਸੰਦੇਸ਼ ਵਿੱਚ ਕਿਹਾ ਕਿ ਵਿਦਿਆਰਥੀਆਂ ਦਾ ਸਰੀਰਕ ਸਿਹਤ ਉਨ੍ਹਾਂ ਦੇ ਵਿਕਾਸ ਜਿੰਨਾ ਹੀ ਮਹੱਤਵਪੂਰਨ ਹੈ। ਅਜਿਹੇ ਸਿਹਤ ਕੈਂਪ ਬੱਚਿਆਂ ਵਿੱਚ ਜਾਗਰੂਕਤਾ ਵਧਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਵਿਕਟੋਰੀਆ ਇੰਟਰਨੈਸ਼ਨਲ ਸਕੂਲ ਬੱਚਿਆਂ ਦੇ ਵਿਕਾਸ ਦੇ ਨਾਲ-ਨਾਲ ਉਨ੍ਹਾਂ ਦੇ ਸਰੀਰਕ ਸਿਹਤ ਦੇ ਵਿਕਾਸ ਲਈ ਵੀ ਵਚਨਬੱਧ ਹੈ। ਕਾਰਜਕ੍ਰਮ ਦੇ ਅੰਤ ਵਿੱਚ ਪ੍ਰਿੰਸੀਪਲ ਅਰਚਨਾ ਸੂਦਨ ਨੇ ਡਾ. ਸ਼ਿਖਾ ਸੂਦ ਤੇ ਉਨ੍ਹਾਂ ਦੀ ਟੀਮ ਦਾ ਇਸ ਸਰਾਹੁਣਯੋਗ ਕੰਮ ਲਈ ਵਿਸ਼ੇਸ਼ ਧੰਨਵਾਦ ਕੀਤਾ ਤੇ ਉਨ੍ਹਾਂ ਨੂੰ ਸਕੂਲ ਵੱਲੋਂ ਸਮਰਪਿਤ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।

# ਪੰਜਾਬ ਇੰਸਟੀਚਿਊਟ ਆਫ਼ ਮੈਨੇਜਮੈਂਟ ਐਂਡ ਟੈਕਨਾਲੋਜੀ ਵਿਖੇ ਫੂਡ ਫ਼ੈਸਟ ਕਰਵਾਇਆ

ਮੰਡੀ ਗੋਬਿੰਦਗੜ੍ਹ, 8 ਅਪ੍ਰੈਲ (ਸੂਦ): ਪੰਜਾਬ ਇੰਸਟੀਚਿਊਟ ਆਫ਼ ਮੈਨੇਜਮੈਂਟ ਐਂਡ ਟੈਕਨਾਲੋਜੀ, ਅਲੌੜ ਵਿੱਚ ਫੂਡ ਫੈਸਟ ਕਰਵਾਇਆ ਗਿਆ, ਜਿਸ ਵਿੱਚ ਐਮਬੀਏ, ਐਮਸੀਏ, ਬੀਬੀਏ, ਬੀਸੀਏ, ਬੀਟੀਟੀਐਮ ਤੇ ਬੀਐਸਸੀ ਫੂਡ ਟੈਕਨਾਲੋਜੀ ਦੇ ਵਿਦਿਆਰਥੀਆਂ ਨੇ ਭਾਗ ਲਿਆ ਤੇ ਕਈ ਤਰ੍ਹਾਂ ਦੇ ਸੁਆਦੀ ਪਕਵਾਨ ਤਿਆਰ ਕੀਤੇ। ਸਮਾਗਮ ਵਿੱਚ ਗੋਬਿੰਦਗੜ੍ਹ ਐਜੂਕੇਸ਼ਨਲ ਐਂਡ ਸੋਸ਼ਲ ਵੈਲਫ਼ੇਅਰ ਟਰੱਸਟ ਦੇ ਪ੍ਰਧਾਨ ਤੇ ਜੀਪੀਐਸ ਦੇ ਚੇਅਰਮੈਨ ਰਾਜ ਕੁਮਾਰ ਗੋਇਲ, ਟਰੱਸਟ ਦੇ ਸੰਯੁਕਤ ਖਜ਼ਾਨਚੀ ਤੇ ਚੇਅਰਮੈਨ ਪਿਮਟ ਨਰੇਸ਼ ਅਗਰਵਾਲ, ਸੀਨੀਅਰ ਮੈਂਬਰ ਪਿਆਰਾ ਸਿੰਘ ਕਲਸੀ, ਗੋਬਿੰਦਗੜ੍ਹ ਪਬਲਿਕ ਕਾਲਜ ਦੀ ਪ੍ਰਿੰਸੀਪਲ ਡਾ. ਨੀਨਾ ਸੇਠ ਪਜਨੀ ਤੇ ਪਿਮਟ ਦੀ ਡਾਇਰੈਕਟਰ ਡਾ. ਨਿਸ਼ੀ ਬਾਲਾ ਨੇ ਸ਼ਿਰਕਤ ਕੀਤੀ ਤੇ ਰਿਬਨ ਕੱਟਣ ਦੀ ਰਸਮ ਕੀਤੀ। ਮਹਿਮਾਨਾਂ ਨੇ ਵੱਖ-ਵੱਖ ਫੂਡ ਸਟਾਲਾਂ ਦਾ ਦੌਰਾ ਕੀਤਾ ਤੇ ਵਿਦਿਆਰਥੀਆਂ ਦੇ ਯਤਨਾਂ ਦੀ ਸ਼ਲਾਘਾ ਕੀਤੀ। ਫੂਡ ਫੈਸਟ ਦੌਰਾਨ ਵਿਦਿਆਰਥੀਆਂ ਨੇ ਭਾਰਤੀ ਤੇ ਅੰਤਰਰਾਸ਼ਟਰੀ ਪਕਵਾਨਾਂ ਦੀ ਸ਼ਾਨਦਾਰ ਪੇਸ਼ਕਾਰੀ ਪੇਸ਼ ਕੀਤੀ। ਰੰਗ-ਬਿਰੰਗੇ ਸਟਾਲਾਂ ਨੇ ਕਈ ਤਰ੍ਹਾਂ ਦੇ ਖਾਣੇ ਪ੍ਰਦਰਸ਼ਿਤ ਕੀਤੇ। ਇਸ ਮੌਕੇ ਗੋਲਡਨ ਪਲੇਟਰ ਐਵਾਰਡ ਬੀਸੀਏ ਛੇਵੇਂ ਸਮੈਸਟਰ ਨੂੰ ਦਿੱਤਾ ਗਿਆ, ਜਦੋਂ ਕਿ ਕਲੀਨਰੀ ਚੈਂਪੀਅਨ ਦਾ ਖਿਤਾਬ ਬੀਟੀਟੀਐਮ ਦੂਜੇ ਸਮੈਸਟਰ ਨੂੰ, ਸੇਲਿੰਗ ਸੈਂਸੇਸ਼ਨ ਐਵਾਰਡ ਬੀਬੀਏ ਦੂਜੇ ਸਮੈਸਟਰ ਨੂੰ ਤੇ ਸਿਜ਼ਲਿੰਗ ਪਰਫਾਰਮੈਂਸ ਐਵਾਰਡ ਐਮਬੀਏ ਦੂਜੇ ਸਮੈਸਟਰ ਦੇ ਵਿਦਿਆਰਥੀਆਂ ਨੂੰ ਮਿਲਿਆ। ਇਸੇ ਤਰ੍ਹਾਂ ਫੂਡ ਫੈਸਟ ਦੇ ਮਾਸਟਰ ਸ਼ੈਫ ਦਾ ਖਿਤਾਬ ਐਮਸੀਏ ਦੂਜੇ ਸਮੈਸਟਰ ਨੂੰ ਜਦੋਂ ਕਿ ਹਾਈਜੀਨ ਐਕਸੀਲੈਂਸ ਐਵਾਰਡ ਫੂਡ ਟੈਕਨਾਲੋਜੀ ਦੇ ਦੂਜੇ ਤੇ ਚੌਥੇ ਸਮੈਸਟਰ ਦੇ ਵਿਦਿਆਰਥੀਆਂ ਨੂੰ ਮਿਲਿਆ।





# ਮਾਝਾ-ਦੁਆਬਾ

ਆਸ ਪਾਸ



## ਦਮਦਮੀ ਟਕਸਾਲ ਵੱਲੋਂ 6 ਜੂਨ ਨੂੰ ਸਮਰਪਿਤ ਲੜੀਵਾਰ ਕਥਾ-ਕੀਰਤਨ ਸਮਾਗਮਾਂ ਦੀ ਆਰੰਭਤਾ ਜਲਦ



ਚੌਂਕ ਮਹਿਤਾ, 8 ਅਪ੍ਰੈਲ (ਬਲਜਿੰਦਰ ਸਿੰਘ ਰੰਧਾਵਾ): ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ ਪ੍ਰਧਾਨ ਸੰਤ ਸਮਾਜ ਦੀ ਰਹਿਨੁਮਾਈ ਹੇਠ ਦਮਦਮੀ ਟਕਸਾਲ ਦੇ ਹੈੱਡ ਕੁਆਟਰ ਗੁ. ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਜੂਨ '84 ਤੀਸਰੇ ਘੱਲੂਘਾਰੇ 'ਚ ਸ਼ਹੀਦ ਹੋਏ ਕੌਮੀ ਯੋਧਿਆਂ ਦੀ ਸ਼ਹਾਦਤਾਂ ਨੂੰ ਨਤਮਸਤਕ ਹੁੰਦਿਆਂ ਸਮੂਹ ਸਿੰਘਾਂ-ਸਿੰਘਣੀਆਂ ਤੇ ਭੁਝੰਗੀਆਂ ਦੀ ਯਾਦ ਨੂੰ ਸਮਰਪਿਤ ਸਲਾਨਾ ਸ਼ਹੀਦੀ ਜੋੜ ਮੇਲਾ 6 ਜੂਨ ਨੂੰ ਪੂਰੀ ਸ਼ਰਧਾਂ ਤੇ ਉਤਸ਼ਾਹ ਨਾਲ ਮਨਾਇਆ ਜਾਂਦਾ ਹੈ।ਇਸ ਦੌਰਾਨ ਵੱਖ ਵੱਖ ਨਗਰਾਂ 'ਚ ਮਹੀਨਾ ਭਰ ਸ਼ਬਦ ਕੀਰਤਨ ਤੇ ਕਥਾ ਸਮਾਗਮਾਂ ਰਾਹੀਂ ਗੁਰਮਤਿ ਪ੍ਰਚਾਰ ਕੀਤਾ ਜਾਂਦਾ ਹੈ। ਇਸ ਵਾਰ 6 ਜੂਨ ਨੂੰ ਹੋ ਰਹੇ ਸ਼ਹੀਦੀ ਸਮਾਗਮ ਦੀਆਂ ਤਿਆਰੀਆਂ ਸ਼ੁਰੂ ਹੋ ਚੁੱਕੀਆਂ ਹਨ। ਨਗਰਾਂ 'ਚ ਸਜਾਏ ਜਾਣ ਵਾਲੇ ਲੜੀਵਾਰ ਕਥਾ-ਕੀਰਤਨ ਸਮਾਗਮਾਂ ਦੀ ਆਰੰਭਤਾ ਇਸ ਮਹੀਨੇ ਦੇ ਆਖਰੀ ਹਫਤੇ ਤੋਂ ਹੋਣ ਜਾ ਰਹੀ ਹੈ।ਇਸ ਸਬੰਧੀ ਜਾਣਕਾਰੀ ਸਾਂਝੀ ਕਰਦੇ ਹੋਏ ਪ੍ਰਬੰਧਕਾਂ ਨੇ ਕਿਹਾ ਕਿ 6 ਜੂਨ ਦੇ ਮੁੱਖ ਸਮਾਗਮ ਤੋਂ ਪਹਿਲਾਂ ਲੜੀਵਾਰ ਕਥਾ ਤੇ ਕੀਰਤਨ ਸਮਾਗਮਾਂ ਦੀ ਆਰੰਭਤਾ 1 ਮਈ ਤੋਂ ਕੀਤੀ ਜਾਂਦੀ ਸੀ, ਪਰ ਸਮਾਗਮਾਂ ਪ੍ਰਤੀ ਸੰਗਤਾਂ ਦਾ ਉਤਸ਼ਾਹ ਤੇ ਹੋਰ ਬਹੁਤ ਸਾਰੇ ਨਗਰਾਂ ਵੱਲੋਂ ਦੀਵਾਨਾਂ ਦੀ ਮੰਗ ਨੂੰ ਲੈ ਇਸ ਵਾਰ ਇਹ ਦੀਵਾਨ ਪਹਿਲਾਂ ਹੀ ਸ਼ੁਰੂ ਕੀਤੇ ਜਾ ਰਹੇ ਹਨ।ਉਨ੍ਹਾਂ ਨੇ ਨਗਰਾਂ ਦੇ ਜ਼ਿੰਮੇਵਾਰ ਸਿੰਘਾਂ ਤੇ ਮੋਹਤਬਰ ਵਿਅਕਤੀਆਂ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਜੇਕਰ ਕਿਸੇ ਨੇ ਨਗਰ 'ਚ ਗੁਰਮਤਿ ਦੀਵਾਨ ਸਜਾਉਣ ਲਈ ਸਮ੍ਹਾਂ ਲੈਣਾ ਹੋਵੇ ਤਾਂ ਗੁਰਦੁਆਰਾ ਸਾਹਿਬ ਆ ਕੇ ਪ੍ਰਬੰਧਕਾਂ ਨੂੰ ਮਿਲ ਸਕਦਾ ਹੈ। ਦਮਦਮੀ ਟਕਸਾਲ ਵੱਲੋਂ ਕਰਾਏ ਜਾ ਰਹੇ ਇਸ 42ਵੇਂ ਸ਼ਹੀਦੀ ਜੋੜ ਮੇਲੇ ਦੌਰਾਨ ਇੱਕ ਮਹੀਨੇ ਤੋਂ ਵੱਧ ਸਮਾਂ ਨਗਰਾਂ ਅੰਦਰ ਸ਼ਾਮ ਦੇ ਗੁਰਮਤਿ ਦੀਵਾਨ ਸਜਾਏ ਜਾਣਗੇ, ਉਪਰੰਤ 1 ਤੋਂ 5 ਜੂਨ ਨੂੰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਵਿਖੇ ਸ਼ਹੀਦੀ ਹਫਤਾ ਮਨਾਇਆ ਜਾਵੇਗਾ। ਸ਼ਾਮ ਦੇ ਸ਼ਹੀਦੀ ਦੀਵਾਨ ਹੋਣਗੇ।ਇਨ੍ਹਾਂ ਸ਼ਹੀਦੀ ਦੀਵਾਨਾਂ ਅੰਦਰ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਕੀਰਤਨ ਦੀ ਹਾਜ਼ਰੀ ਭਰਨਗੇ । ਦਮਦਮੀ ਟਕਸਾਲ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਸੰਗਤਾਂ ਨਾਲ ਕਥਾ-ਵੀਚਾਰ ਦੀ ਸਾਂਝ ਪਾਉਣਗੇ।ਮੁੱਖ ਤੇ ਮਹਾਨ ਸ਼ਹੀਦੀ ਸਮਾਗਮ 6 ਜੂਨ ਨੂੰ ਹੋਵੇਗਾ, ਜਿਸ ਦੌਰਾਨ ਮਹਾਨ ਪੰਥਕ ਇਕੱਠ ਹੋਵੇਗਾ। ਪ੍ਰਮੁੱਖ ਧਾਰਮਿਕ ਹਸਤੀਆਂ ਸੰਗਤਾਂ ਦੇ ਸਨਮੁੱਖ ਹੋ ਕੇ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਨਗੇ।

## ਤ੍ਰੈ ਸ਼ਤਾਬਦੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਵਿਖੇ ਦਾਖ਼ਲਾ ਪ੍ਰਕਿਰਿਆ ਸ਼ੁਰੂ



ਅੰਮ੍ਰਿਤਸਰ, 8 ਅਪ੍ਰੈਲ (ਬਬਲੂ ਮਹਾਜਨ) : ਤ੍ਰੈ ਸ਼ਤਾਬਦੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਵਿਖੇ ਨਵੇਂ ਵਿੱਦਿਅਕ ਸੈਸ਼ਨ 2026-27 ਲਈ ਦਾਖ਼ਲਾ ਮੁਹਿੰਮ ਪੂਰੇ ਜ਼ੋਰਾਂ-ਸ਼ੋਰਾਂ ਨਾਲ ਸ਼ੁਰੂ ਹੋ ਗਈ ਹੈ। ਕਾਲਜ ਦੇ ਪ੍ਰਿੰਸੀਪਲ ਡਾ. ਕੁਲਵਿੰਦਰ ਸਿੰਘ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ 10+1, 10+2 ਅਤੇ ਵੱਖ-ਵੱਖ ਡਿਗਰੀ ਕਲਾਸਾਂ ਵਿੱਚ ਦਾਖ਼ਲਾ ਲੈਣ ਲਈ ਇਲਾਕੇ ਦੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ।ਪ੍ਰਿੰਸੀਪਲ ਨੇ ਦੱਸਿਆ ਕਿ ਇਹ ਸੰਸਥਾ ਪਿਛਲੇ 28 ਸਾਲਾਂ ਤੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਇਲਾਕੇ ਵਿੱਚ ਸਿੱਖਿਆ ਦਾ ਚਾਨਣ ਮੁਨਾਰਾ ਬਣੀ ਹੋਈ ਹੈ। ਉਨ੍ਹਾਂ ਕਿਹਾ ਕਿ ਕਾਲਜ ਹਮੇਸ਼ਾ ਹੀ ਵਿਦਿਆਰਥੀਆਂ ਅਤੇ ਮਾਪਿਆਂ ਦੀਆਂ ਉਮੀਦਾਂ 'ਤੇ ਖ਼ਰਾ ਉਤਰਦਾ ਆਇਆ ਹੈ।**ਉੱਚ ਪੱਧਰੀ ਪ੍ਰਬੰਧ ਅਤੇ ਸਹੂਲਤਾਂ** ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਅਤੇ ਸਕੱਤਰ ਵਿਦਿਆ ਸ. ਸੁਖਮਿੰਦਰ ਸਿੰਘ ਦੀ ਅਗਵਾਈ ਹੇਠ ਵਿਦਿਆਰਥੀਆਂ ਨੂੰ ਸਮੇਂ ਦੇ ਹਾਣੀ ਬਣਾਉਣ ਲਈ ਕਾਲਜ ਵਿੱਚ ਆਧੁਨਿਕ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਕਾਲਜ ਦਾ ਮੁੱਖ ਉਦੇਸ਼ ਨਾ ਸਿਰਫ਼ ਡਿਗਰੀਆਂ ਵੰਡਣਾ ਹੈ, ਬਲਕਿ ਵਿਦਿਆਰਥੀਆਂ ਦਾ ਸਰਵਪੱਖੀ ਵਿਕਾਸ ਕਰਨਾ ਵੀ ਹੈ।**ਵਿਦਿਆਰਥੀ ਭਲਾਈ ਲਈ ਵਿਸ਼ੇਸ਼ ਕਦਮ** ਕਾਲਜ ਦੀਆਂ ਵਿਸ਼ੇਸ਼ਤਾਵਾਂ ਬਾਰੇ ਗੱਲ ਕਰਦਿਆਂ ਡਾ. ਕੁਲਵਿੰਦਰ ਸਿੰਘ ਨੇ ਦੱਸਿਆ:ਕਿਫਾਇਤੀ ਸਿੱਖਿਆ: ਕਾਲਜ ਦੀਆਂ ਫ਼ੀਸਾਂ ਪਹਿਲਾਂ ਹੀ ਬਹੁਤ ਵਾਜਬ ਹਨ, ਪਰ ਇਸ ਦੇ ਬਾਵਜੂਦ ਲੋੜਵੰਦ ਅਤੇ ਹੋਣਹਾਰ ਵਿਦਿਆਰਥੀਆਂ ਨੂੰ ਫ਼ੀਸਾਂ ਵਿੱਚ ਵਿਸ਼ੇਸ਼ ਛੋਟ ਦਿੱਤੀ ਜਾਂਦੀ ਹੈ।ਰੁਜ਼ਗਾਰ ਦੇ ਮੌਕੇ: ਵਿਦਿਆਰਥੀਆਂ ਦੇ ਭਵਿੱਖ ਨੂੰ ਸੁਰੱਖਿਅਤ ਕਰਨ ਲਈ ਡਾਇਰੈਕਟੋਰੇਟ ਆਫ਼ ਐਜੂਕੇਸ਼ਨ ਵੱਲੋਂ ਵਿਸ਼ੇਸ਼ ਪਲੇਸਮੈਂਟ ਡਰਾਈਵਾਂ ਚਲਾਈਆਂ ਜਾਂਦੀਆਂ ਹਨ ਤਾਂ ਜੋ ਪੜ੍ਹਾਈ ਮੁਕੰਮਲ ਹੁੰਦੇ ਹੀ ਵਿਦਿਆਰਥੀਆਂ ਨੂੰ ਚੰਗੀਆਂ ਨੌਕਰੀਆਂ ਮਿਲ ਸਕਣ।ਅਸੀਂ ਇਲਾਕੇ ਦੇ ਸਮੂਹ ਮਾਪਿਆਂ ਨੂੰ ਅਪੀਲ ਕਰਦੇ ਹਾਂ ਕਿ ਉਹ ਆਪਣੇ ਬੱਚਿਆਂ ਦੇ ਸੁਨਹਿਰੀ ਅਤੇ ਉੱਜਵਲ ਭਵਿੱਖ ਲਈ ਇਸ ਵੱਕਾਰੀ ਸੰਸਥਾ ਵਿੱਚ ਦਾਖ਼ਲਾ ਕਰਵਾਉਣ ਅਤੇ ਸ਼੍ਰੋਮਣੀ ਕਮੇਟੀ ਵੱਲੋਂ ਦਿੱਤੀਆਂ ਜਾ ਰਹੀਆਂ ਵਿਸ਼ਵ-ਪੱਧਰੀ ਸਹੂਲਤਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ। - ਡਾ. ਕੁਲਵਿੰਦਰ ਸਿੰਘ, ਪ੍ਰਿੰਸੀਪਲਕਾਲਜ ਪ੍ਰਬੰਧਕਾਂ ਅਨੁਸਾਰ, ਦਾਖ਼ਲਾ ਪ੍ਰਕਿਰਿਆ ਦੌਰਾਨ ਪਾਰਦਰਸ਼ਤਾ ਅਤੇ ਵਿਦਿਆਰਥੀਆਂ ਦੀ ਸਹੂਲਤ ਦਾ ਪੂਰਾ ਧਿਆਨ ਰੱਖਿਆ ਜਾ ਰਿਹਾ ਹੈ ਤਾਂ ਜੋ ਕਿਸੇ ਵੀ ਵਿਦਿਆਰਥੀ ਨੂੰ ਕੋਈ ਮੁਸ਼ਕਿਲ ਪੇਸ਼ ਨਾ ਆਵੇ। ਉਹ ਆਪਣੇ ਬੱਚਿਆਂ ਦੇ ਸੁਨਹਿਰੀ ਅਤੇ ਉੱਜਵਲ ਭਵਿੱਖ ਲਈ ਇਸ ਵੱਕਾਰੀ ਸੰਸਥਾ ਵਿੱਚ ਦਾਖ਼ਲਾ ਕਰਵਾਉਣ ਅਤੇ ਸ਼੍ਰੋਮਣੀ ਕਮੇਟੀ ਵੱਲੋਂ ਦਿੱਤੀਆਂ ਜਾ ਰਹੀਆਂ ਵਿਸ਼ਵ-ਪੱਧਰੀ ਸਹੂਲਤਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ। - ਡਾ. ਕੁਲਵਿੰਦਰ ਸਿੰਘ, ਪ੍ਰਿੰਸੀਪਲਕਾਲਜ ਪ੍ਰਬੰਧਕਾਂ ਅਨੁਸਾਰ, ਦਾਖ਼ਲਾ ਪ੍ਰਕਿਰਿਆ ਦੌਰਾਨ ਪਾਰਦਰਸ਼ਤਾ ਅਤੇ ਵਿਦਿਆਰਥੀਆਂ ਦੀ ਸਹੂਲਤ ਦਾ ਪੂਰਾ ਧਿਆਨ ਰੱਖਿਆ ਜਾ ਰਿਹਾ ਹੈ ਤਾਂ ਜੋ ਕਿਸੇ ਵੀ ਵਿਦਿਆਰਥੀ ਨੂੰ ਕੋਈ ਮੁਸ਼ਕਿਲ ਪੇਸ਼ ਨਾ ਆਵੇ।

## ਐਮ.ਜੀ.ਐਨ. ਕਾਲਜ ਦੇ ਵਿਦਿਆਰਥੀ ਨੇ ਬੀ.ਐਡ. ਦੀ ਪ੍ਰੀਖਿਆ ਵਿੱਚ ਟਾਪ ਕੀਤਾ

ਜਲੰਧਰ, 8 ਅਪ੍ਰੈਲ (ਸੰਦੀਪ ਕੌਲ) : ਗੁਰੂ ਨਾਨਕ ਕਾਲਜ ਆਫ਼ ਐਜੂਕੇਸ਼ਨ, ਜਲੰਧਰ ਦੀ ਵਿਦਿਆਰਥਣ ਅੰਕਿਤਾ ਨੇ ਬੀ.ਐਡ ਸਮੈਸਟਰ ਪਹਿਲਾ ਵਿੱਚ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਦੇ ਦਸੰਬਰ-2025 ਦੇ ਐਲਾਨੇ ਨਤੀਜਿਆਂ ਵਿੱਚ 8.6 ਸੀਜੀਪੀਏ ਨਾਲ ਪਹਿਲਾ ਸਥਾਨ ਪ੍ਰਾਪਤ ਕੀਤਾ। ਗੁਲਨਾਰ ਗਰੇਵਾਲ ਨੇ 8.1 ਸੀਜੀਪੀਏ ਨਾਲ ਕਾਲਜ ਵਿੱਚ ਦੂਜੇ ਸਥਾਨ 'ਤੇ ਰਹੀ, ਉਸ ਤੋਂ ਬਾਅਦ ਸਨੇਹਾ ੭.੯ ਸ਼ਘਫਅ ਨਾਲ ਤੀਜੇ ਸਥਾਨ 'ਤੇ ਰਹੀ। ਉਹਨਾਂ ਦੀ ਇਸ ਅਕਾਦਮਿਕ ਕਾਰਗੁਜਾਰੀ ਸਿੱਖਿਆ ਖੇਤਰ ਵਿੱਚ ਉਹਨਾਂ ਦੀ ਮਿਹਨਤ, ਲਗਨ ਅਤੇ ਉੱਤਮਤਾ ਪ੍ਰਤੀ ਵਚਨਬੱਧਤਾ ਨੂੰ ਦਰਸ਼ਾਉਦੀ ਹੈ। ਇਸ ਪ੍ਰਾਪਤੀ ਨੇ ਨਾ ਸਿਰਫ ਕਾਲਜ ਦਾ ਨਾਮ ਰੌਸ਼ਨ ਕੀਤਾ ਸਗੋ ਵਿਦਿਆਰਥੀਆਂ ਲਈ ਇਕ ਪ੍ਰੇਰਨਾ ਵਜੋ ਕੰਮ ਕੀਤਾ।ਅਧਿਆਪਕਾਂ ਨੇ ਵਿਦਿਆਰਥੀਆਂ ਨੂੰ ਉਹਨਾਂ ਦੀ ਸਖਤ ਮਿਹਨਤ ਲਈ ਵਧਾਈ ਦਿੱਤੀ ਅਤੇ ਉਹਨਾਂ ਦੇ ਉਜਵੱਲ ਭਵਿੱਖ ਲਈ ਭਰੋਸਾ ਪ੍ਰਗਟਾਇਆ। ਮੈਰਿਟ ਟੌਪਰ ਨੇ ਆਪਣੀ ਇਸ ਕਾਮਯਾਬੀ ਦਾ ਸਿਹਰਾ ਅਧਿਆਪਕਾਂ ਅਤੇ ਮਾਪਿਆਂ ਦੀ ਹੌਸਲਾ ਅਫ਼ਜਾਈ, ਰਹਿਨੁਮਾਈ ਅਤੇ ਆਪਣੀ ਲਗਾਤਾਰ ਮਿਹਨਤ ਨੂੰ ਦਿੱਤਾ। ਉਸਨੇ ਦੱਸਿਆ ਕਿ ਸਮੇਂ ਦੀ ਸਹੀ ਯੋਜਨਾ, ਨਿਯਮਿਤ ਅਧਿਐਨ ਅਤੇ ਲਕਸ਼ ਪ੍ਰਤੀ ਸਮਰਪਣ ਨਾਲ ਹੀ ਸਫਲਤਾ ਸੰਭਵ ਹੋ ਸਕੀ। ਕਾਲਜ ਦੇ ਪ੍ਰਿੰਸੀਪਲ ਡਾ.ਨੀਲੂ ਝਾਂਜੀ ਨੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਇਹ ਅਕਾਦਮਿਕ ਉਪਲੱਬਧੀ ਹੋਰਨਾ ਵਿਦਿਆਰਥੀਆਂ ਲਈ ਪ੍ਰੇਰਨਾ ਸਰੂਪ ਹੈ। ਉਹਨਾਂ ਨੇ ਅੱਗੇ ਕਿਹਾ ਕਿ ਇਸ ਤਰਾਂ ਦੀਆਂ ਸਫਲਤਾਵਾਂ ਨਾਲ ਕਾਲਜ ਦੇ ਮਾਣ ਅਤੇ ਗੌਰਵ ਵਿੱਚ ਵਾਧਾ ਹੁੰਦਾ ਹੈ ਅਤੇ ਆਉਣ ਵਾਲੇ ਸਾਲਾਂ ਵਿੱਚ ਉਸਦੀ ਨਿਰੰਤਰ ਤਰੱਕੀ ਦੀ ਕਾਮਨਾ ਕੀਤੀ।

## ਕੈਂਸਰ, ਪ੍ਰਦੂਸ਼ਨ ਅਤੇ ਭ੍ਰਿਸ਼ਟ ਸਿਸਟਮ 'ਤੇ ਸਾਂਸਦ ਗੁਰਜੀਤ ਸਿੰਘ ਔਜਲਾ ਨੇ ਉਠਾਏ ਗੰਭੀਰ ਸਵਾਲ



ਅੰਮ੍ਰਿਤਸਰ, 8 ਅਪ੍ਰੈਲ (ਗੁਰਦਿਆਲ ਸਿੰਘ ) : ਅੰਮ੍ਰਿਤਸਰ ਵਿੱਚ ਤੇਜ਼ੀ ਨਾਲ ਵੱਧ ਰਹੇ ਕੈਂਸਰ ਦੇ ਮਾਮਲਿਆਂ ਨੂੰ ਲੈ ਵਰਤੋਂ ਬਾਰੇ ਜਾਣਕਾਰੀ ਨਹੀਂ ਦਿੱਤੀ ਜਾ ਰਹੀ, ਜੋ ਕਿ ਐਗਰੀਕਲਚਰ ਵਿਭਾਗ ਦੀ ਵੱਡੀ ਨਾਕਾਮੀ ਹੈ। ਇਸ ਦੇ ਨਾਲ ਹੀ ਬਾਜ਼ਾਰ ਵਿੱਚ ਮਿਲਾਵਟੀ ਖਾਣ-ਪੀਣ ਦੀਆਂ ਚੀਜ਼ਾਂ ਖੁੱਲ੍ਹੇਆਮ ਵਿਕ ਰਹੀਆਂ ਹਨ, ਜਿਸ ਨਾਲ ਲੋਕਾਂ ਦੀ ਸਿਹਤ 'ਤੇ ਬੁਰਾ ਅਸਰ ਪੈ ਰਿਹਾ ਹੈ।ਸੰਸਦ ਮੈਂਬਰ ਨੇ ਕਿਹਾ ਕਿ ਤੁੰਗ ਢਾਬ ਡਰੇਨ ਦਾ ਮੁੱਦਾ ਉਹ ਪਿਛਲੇ 8 ਸਾਲਾਂ ਤੋਂ ਲਗਾਤਾਰ ਉਠਾਉਂਦੇ ਆ ਰਹੇ ਹਨ, ਪਰ ਅਜੇ ਤੱਕ ਕੋਈ ਢੰਗ ਦਾ ਹੱਲ ਨਹੀਂ ਨਿਕਲਿਆ। ਉਨ੍ਹਾਂ ਦੱਸਿਆ ਕਿ ਮਾਨਾਵਾਲਾ ਵਿੱਚ ਨਵੀਂ ਡਰੇਨ ਬਣ ਰਹੀ ਹੈ, ਪਰ ਉੱਥੇ ਵੀ ਡੇਰੀਆਂ, ਕੇਮਿਕਲ ਅਤੇ ਹੋਰ ਗੰਦਲਾ ਪਾਣੀ ਵਗ ਰਿਹਾ ਹੈ। ਸਭ ਤੋਂ ਵੱਡੀ ਗੱਲ ਇਹ ਹੈ ਕਿ ਕੋਈ ਵੀ ਵਿਭਾਗ ਮਿਲ ਕੇ ਕੰਮ ਨਹੀਂ ਕਰ ਰਿਹਾ। ਪੋਲਿਊਸ਼ਨ ਵਿਭਾਗ, ਐਗਰੀਕਲਚਰ ਵਿਭਾਗ ਅਤੇ ਹੋਰ ਸੰਬੰਧਿਤ ਏਜੰਸੀਆਂ ਇੱਕ-ਦੂਜੇ 'ਤੇ ਜ਼ਿੰਮੇਵਾਰੀ ਪਾ ਰਹੀਆਂ ਹਨ, ਜਦਕਿ ਜ਼ਮੀਨੀ ਹਕੀਕਤ ਹੋਰ ਵੀ ਖਰਾਬ ਹੋ ਰਹੀ ਹੈ।ਉਨ੍ਹਾਂ ਕਿਹਾ ਕਿ ਗੁਰੂ ਰਾਮ ਦਾਸ ਜੀ ਦੀ ਪਵਿੱਤਰ ਨਗਰੀ, ਜਿੱਥੇ ਸਰੋਵਰ ਆਸਥਾ ਦਾ ਕੇਂਦਰ ਹਨ, ਅੱਜ ਪ੍ਰਸ਼ਾਸਨ ਦੀ ਲਾਪਰਵਾਹੀ ਅਤੇ ਸਰਕਾਰਾਂ ਦੀ ਨਾਕਾਮੀ ਕਾਰਨ ਪ੍ਰਦੂਸ਼ਨ ਦਾ ਸ਼ਿਕਾਰ ਹੋ ਰਹੀ ਹੈ। ਪਵਿੱਤਰ ਧਰਤੀ 'ਤੇ ਕੈਂਸਰ ਦੇ ਮਰੀਜ਼ਾਂ ਦੀ ਵੱਧਦੀ ਗਿਣਤੀ ਬਹੁਤ ਦੁਖਦਾਈ ਹੈ।ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਨੇ ਕਿਹਾ ਕਿ ਸਰਕਾਰਾਂ ਦਾ ਪੂਰਾ ਤੰਤਰ ਲੋਕਾਂ ਦੀ ਜੀਵਨ ਪੱਧਰ ਸੁਧਾਰਨ ਲਈ ਬਣਾਇਆ ਗਿਆ ਹੈ, ਪਰ ਅੱਜ ਇਹ ਤੰਤਰ ਭ੍ਰਿਸ਼ਟਾਚਾਰ ਦੀ ਭੇਂਟ ਚੜ੍ਹ ਚੁੱਕਾ ਹੈ। ਅਧਿਕਾਰੀਆਂ ਨੂੰ ਲੱਗਦਾ ਹੈ ਕਿ ਉਹ ਬਚ ਜਾਣਗੇ, ਪਰ ਇਸਦਾ ਅਸਰ ਹਰ ਕਿਸੇ 'ਤੇ ਪੈਂਦਾ ਹੈ। ਉਨ੍ਹਾਂ ਸਪਸ਼ਟ ਕੀਤਾ ਕਿ ਜੇ ਖਾਦ ਪਦਾਰਥਾਂ ਵਿੱਚ ਮਿਲਾਵਟ ਹੋ ਰਹੀ ਹੈ ਤਾਂ ਇਸ ਲਈ ਜ਼ਿਲ੍ਹਾ ਸਿਹਤ ਅਧਿਕਾਰੀ ਅਤੇ ਫੂਡ ਸੇਫਟੀ ਵਿਭਾਗ ਜ਼ਿੰਮੇਵਾਰ ਹਨ, ਅਤੇ ਜੇ ਪ੍ਰਦੂਸ਼ਣ ਵੱਧ ਰਿਹਾ ਹੈ ਤਾਂ ਪੋਲਿਊਸ਼ਨ ਵਿਭਾਗ ਸਭ ਤੋਂ ਵੱਧ ਜ਼ਿੰਮੇਵਾਰ ਹੈ।ਉਨ੍ਹਾਂ ਕਿਹਾ ਕਿ ਹਰ ਵਿਭਾਗ ਮੌਜੂਦ ਹੈ, ਕਾਨੂੰਨ ਵੀ ਹਨ, ਪਰ ਜ਼ਮੀਨ 'ਤੇ ਕੋਈ ਕੰਮ ਨਹੀਂ ਹੋ ਰਿਹਾ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਅਧਿਕਾਰੀਆਂ ਅਤੇ ਪ੍ਰਸ਼ਾਸਨ ਤੋਂ ਸਵਾਲ ਕਰਨ, ਕਿਉਂਕਿ ਇਹ ਸਾਰੇ ਲੋਕਾਂ ਦੇ ਨੌਕਰ ਹਨ ਅਤੇ ਉਨ੍ਹਾਂ ਨੂੰ ਜਵਾਬ ਦੇਣਾ ਪਵੇਗਾ।ਉਨ੍ਹਾਂ ਇਹ ਵੀ ਕਿਹਾ ਕਿ ਜਨ ਪ੍ਰਤਿਨਿਧੀ ਆਪਣੇ ਪੱਧਰ 'ਤੇ ਲਗਾਤਾਰ ਮੁੱਦੇ ਉਠਾ ਰਹੇ ਹਨ। ਦਿਸ਼ਾ ਕਮੇਟੀ ਦੀਆਂ ਮੀਟਿੰਗਾਂ ਵਿੱਚ ਕਈ ਵਾਰ ਇਹ ਮੁੱਦੇ ਚੁੱਕੇ ਗਏ ਅਤੇ ਰਿਪੋਰਟਾਂ ਸਰਕਾਰ ਨੂੰ ਭੇਜੀਆਂ ਗਈਆਂ, ਪਰ ਅਜੇ ਤੱਕ ਕੋਈ ਜਵਾਬਦੇਹੀ ਤੈਅ ਨਹੀਂ ਕੀਤੀ ਗਈ। ਅਧਿਕਾਰੀਆਂ ਦੀ ਲਾਪਰਵਾਹੀ ਕਾਰਨ ਹੀ ਅੱਜ ਹਾਲਾਤ ਇੰਨੇ ਖਰਾਬ ਹੋ ਚੁੱਕੇ ਹਨ। ਉਨ੍ਹਾਂ ਕਿਹਾ ਕਿ ਕੁਝ ਇਮਾਨਦਾਰ ਅਧਿਕਾਰੀ ਅਤੇ ਨੇਤਾ ਹੀ ਸਿਸਟਮ ਨੂੰ ਕਿਸੇ ਤਰ੍ਹਾਂ ਚਲਾ ਰਹੇ ਹਨ, ਨਹੀਂ ਤਾਂ ਹਾਲਾਤ ਹੋਰ ਵੀ ਬੁਰੇ ਹੋ ਸਕਦੇ ਸਨ।ਉਨ੍ਹਾਂ ਅੰਮ੍ਰਿਤਸਰ ਦੇ ਦਬੁਰਜੀ, ਟਾਂਗਰਾ ਅਤੇ ਹੋਰ ਪੁਲਾਂ ਦਾ ਮਸਲਾ ਉਠਾਉਂਦੇ ਹੋਏ ਕਿਹਾ ਕਿ ਇਨ੍ਹਾਂ ਪ੍ਰੋਜੈਕਟਾਂ ਵਿੱਚ ਵੱਡੇ ਪੱਧਰ 'ਤੇ ਭ੍ਰਿਸ਼ਟਾਚਾਰ ਹੋਇਆ ਹੈ। ਦਬੁਰਜੀ ਪੁਲ ਪਹਿਲਾਂ ਹੀ ਧੱਸ ਚੁੱਕਾ ਹੈ ਅਤੇ ਟਾਂਗਰਾ ਵਾਲਾ ਪੁਲ ਵੀ ਖਾਮੀਆਂ ਨਾਲ ਭਰਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਜਦੋਂ ਇਹ ਪੁਲ ਬਣ ਰਹੇ ਸਨ, ਤਦੋਂ ਵੀ ਪ੍ਰੋਜੈਕਟ ਡਾਇਰੈਕਟਰ ਨੂੰ ਕਈ ਵਾਰ ਕਮੀਆਂ ਬਾਰੇ ਦੱਸਿਆ ਗਿਆ, ਪਰ ਕਿਸੇ ਨੇ ਧਿਆਨ ਨਹੀਂ ਦਿੱਤਾ। ਅੱਜ ਹਾਲਾਤ ਇਹ ਹਨ ਕਿ ਕਿਸੇ ਵੀ ਵੇਲੇ ਵੱਡਾ ਹਾਦਸਾ ਹੋ ਸਕਦਾ ਹੈ, ਜਿਸ ਦੀ ਜ਼ਿੰਮੇਵਾਰੀ ਨੈਸ਼ਨਲ ਹਾਈਵੇ ਅਥਾਰਟੀ ਅਤੇ ਸੰਬੰਧਿਤ ਵਿਭਾਗਾਂ ਦੀ ਹੋਵੇਗੀ। ਉਨ੍ਹਾਂ ਕਿਹਾ ਕਿ ਉਹ ਇਸ ਮਾਮਲੇ ਨੂੰ ਅਖੀਰਲੇ ਪੜਾਅ ਤੱਕ ਲੈ ਕੇ ਜਾਣਗੇ ਅਤੇ ਭ੍ਰਿਸ਼ਟਾਚਾਰ ਦੇ ਖ਼ਿਲਾਫ਼ ਹਰ ਲੜਾਈ ਲੜਣਗੇ। ਇਸਦੇ ਨਾਲ ਹੀ ਉਨ੍ਹਾਂ ਮੁੱਖ ਮੰਤਰੀ ਤੋਂ ਵੀ ਸਵਾਲ ਕੀਤਾ ਕਿ ਇਨ੍ਹਾਂ ਗੰਭੀਰ ਮੁੱਦਿਆਂ 'ਤੇ ਸਰਕਾਰ ਦੀ ਜਵਾਬਦੇਹੀ ਕੀ ਹੈ। ਅੰਤ ਵਿੱਚ ਉਨ੍ਹਾਂ ਹਾਲ ਹੀ ਦੇ ਇੱਕ ਮਾਮਲੇ ਦਾ ਜ਼ਿਕਰ ਕਰਦੇ ਹੋਏ ਕਿਹਾ ਕਿ ਗਗਨਦੀਪ ਸਿੰਘ ਰੰਧਾਵਾ ਨਾਲ ਜੁੜੇ ਕੇਸ ਵਿੱਚ ਲਾਲਜੀਤ ਸਿੰਘ ਭੁੱਲਰ ਦੀ ਗ੍ਰਿਫ਼ਤਾਰੀ ਹੋ ਚੁੱਕੀ ਹੈ, ਪਰ ਇਸ ਦੇ ਬਾਵਜੂਦ ਅਜੇ ਤੱਕ ਉਸ ਦਾ ਮੋਬਾਈਲ ਫੋਨ ਅਤੇ ਸਿਮ ਕਾਰਡ ਬਰਾਮਦ ਨਹੀਂ ਹੋ ਸਕਿਆ। ਉਨ੍ਹਾਂ ਕਿਹਾ ਕਿ ਇਹ ਸਿੱਧਾ-ਸਿੱਧਾ ਭ੍ਰਿਸ਼ਟਾਚਾਰ ਵੱਲ ਇਸ਼ਾਰਾ ਕਰਦਾ ਹੈ ਅਤੇ ਜਾਂਚ ਪ੍ਰਕਿਰਿਆ 'ਤੇ ਗੰਭੀਰ ਸਵਾਲ ਖੜ੍ਹੇ ਕਰਦਾ ਹੈ। ਅੰਤ ਵਿੱਚ ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਨੇ ਕਿਹਾ ਕਿ ਹੁਣ ਸਮਾਂ ਆ ਗਿਆ ਹੈ ਕਿ ਸਰਕਾਰ ਅਤੇ ਪ੍ਰਸ਼ਾਸਨ ਆਪਣੀ ਜ਼ਿੰਮੇਵਾਰੀ ਸਮਝਣ। ਜੇ ਸਮੇਂ ਸਿਰ ਢੰਗ ਦੇ ਕਦਮ ਨਾ ਚੁੱਕੇ ਗਏ, ਤਾਂ ਇਸਦਾ ਨੁਕਸਾਨ ਆਉਣ ਵਾਲੀਆਂ ਪੀੜ੍ਹੀਆਂ ਨੂੰ ਝੇਲਣਾ ਪਵੇਗਾ।

## ਛੀਨਾ ਨੇ ਸਰਹੱਦੀ ਵਾੜ ਦਾ ਹੱਲ ਕਰਨ 'ਤੇ ਕੇਂਦਰ ਦੇ ਫ਼ੈਸਲੇ ਦਾ ਕੀਤਾ ਸਵਾਗਤ



ਅੰਮ੍ਰਿਤਸਰ, 8 ਅਪ੍ਰੈਲ (ਗੁਰਦਿਆਲ ਸਿੰਘ/ਬਬਲੂ ਮਹਜਨ): ਭਾਜਪਾ ਦੇ ਸੀਨੀਅਰ ਆਗੂ ਸ: ਰਜਿੰਦਰ ਮੋਹਨ ਸਿੰਘ ਛੀਨਾ ਨੇ ਅੱਜ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦਾ ਪੰਜਾਬ 'ਚ ਭਾਰਤ-ਪਾਕਿਸਤਾਨ ਅੰਤਰਰਾਸ਼ਟਰੀ ਸਰਹੱਦ 'ਤੇ ਕੰਡਿਆਲੀ ਤਾਰ ਦੇ ਵਾੜ ਦੀ ਸਮੱਸਿਆ ਨੂੰ ਹੱਲ ਕਰਦਿਆਂ ਜਾਰੀ ਕੀਤੇ ਗਏ ਨੋਟੀਫਿਕੇਸ਼ਨ ਲਈ ਧੰਨਵਾਦ ਕੀਤਾ ਹੈ। ਉਨ੍ਹਾਂ ਕਿਹਾ ਕਿ ਲੰਬੇ ਸਮੇਂ ਤੋਂ ਲਟਕਿਆ ਹੋਇਆ, ਇਹ ਮੁੱਦਾ 1990 ਦੇ ਦਹਾਕੇ ਦੌਰਾਨ ਬਣਾਈ ਗਈ ਵਾੜ ਨਾਲ ਸਬੰਧਿਤ ਹੈ, ਜਿਸ ਨੇ ਹਜ਼ਾਰਾਂ ਏਕੜ ਉਤਪਾਦਕ ਅਤੇ ਉਪਜਾਊ ਖੇਤੀਬਾੜੀ ਜ਼ਮੀਨ ਨੂੰ ਨਾ ਵਰਤਣਯੋਗ ਬਣਾ ਦਿੱਤਾ ਸੀ, ਕਿਉਂਕਿ ਸੁਰੱਖਿਆ ਕਾਰਨਾਂ ਕਰਕੇ ਉਕਤ ਵਾੜ ਕਈ ਮੀਟਰ ਅਤੇ ਕੁਝ ਮਾਮਲਿਆਂ 'ਚ ਭਾਰਤੀ ਖੇਤਰ ਦੇ ਅੰਦਰ ਕਈ ਕਿਲੋਮੀਟਰ ਤੱਕ ਵੀ ਲਗਾਈ ਗਈ ਸੀ। ਇਸ ਨਾਲ ਉਨ੍ਹਾਂ ਕਿਸਾਨਾਂ ਨੂੰ ਖੇਤੀ ਲਈ ਆਪਣੀ ਜ਼ਮੀਨ ਤੱਕ ਸੀਮਤ ਪਹੁੰਚ ਕਾਰਨ ਲਗਾਤਾਰ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ।ਸ: ਛੀਨਾ ਨੇ ਕਿਹਾ ਕਿ ਇਹ ਫੈਸਲਾ ਕਿਸਾਨਾਂ ਦੀ ਭਲਾਈ ਅਤੇ ਅਸਲ ਜਨਤਕ ਸ਼ਿਕਾਇਤਾਂ ਦੇ ਹੱਲ ਪ੍ਰਤੀ ਪ੍ਰਧਾਨ ਮੰਤਰੀ ਦੀ ਦ੍ਰਿੜ ਵਚਨਬੱਧਤਾ ਨੂੰ ਦਰਸਾਉਂਦਾ ਹੈ। ਸ: ਛੀਨਾ ਨੇ ਕਿਹਾ ਕਿ ਉਨ੍ਹਾਂ (ਖੁਦ) ਪਿਛਲੇ ਸਾਲ ਦਸੰਬਰ 'ਚ ਉਕਤ ਸਮੱਸਿਆ ਦੇ ਹੱਲ ਲਈ ਸ੍ਰੀ ਮੋਦੀ ਅਤੇ ਸ੍ਰੀ ਸ਼ਾਹ ਨੂੰ ਬੇਨਤੀ ਪੱਤਰ ਲਿਖਿਆ ਸੀ ਅਤੇ ਹੁਣ ਇਹ ਖੁਸ਼ੀ ਦੀ ਗੱਲ ਹੈ ਕਿ ਕੇਂਦਰ ਸਰਕਾਰ ਦੇ ਇਸ ਫੈਸਲੇ ਨਾਲ ਪ੍ਰਭਾਵਿਤ ਕਿਸਾਨਾਂ ਨੂੰ ਬਹੁਤ ਲੋੜੀਂਦੀ ਰਾਹਤ ਮਿਲੇਗੀ ਅਤੇ ਸਰਹੱਦੀ ਖੇਤਰਾਂ 'ਚ ਖੇਤੀਬਾੜੀ ਉਤਪਾਦਕਤਾ ਨੂੰ ਬਹਾਲ ਕਰਨ ਵਿੱਚ ਮੱਦਦ ਮਿਲੇਗੀ। ਉਨ੍ਹਾਂ ਕਿਹਾ ਕਿ ਇਸ ਕਦਮ ਨਾਲ ਨਾ ਸਿਰਫ਼ ਕਿਸਾਨ ਭਾਈਚਾਰੇ ਨੂੰ ਲਾਭ ਹੋਵੇਗਾ, ਸਗੋਂ ਸਰਹੱਦੀ ਪ੍ਰਬੰਧਨ ਨੂੰ ਵੀ ਮਜ਼ਬੂਤੀ ਮਿਲੇਗੀ ਅਤੇ ਖੇਤਰ ਵਿੱਚ ਸਰਹੱਦ ਪਾਰ ਤਸਕਰੀ ਦੀਆਂ ਗਤੀਵਿਧੀਆਂ ਨੂੰ ਰੋਕਣ 'ਚ ਵੀ ਮਦਦ ਮਿਲੇਗੀ। ਉਨ੍ਹਾਂ ਪੰਜਾਬ ਨੂੰ ਪ੍ਰਭਾਵਿਤ ਕਰਨ ਵਾਲੇ ਮਹੱਤਵਪੂਰਨ ਮੁੱਦਿਆਂ ਨੂੰ ਹੱਲ ਕਰਨ 'ਚ ਕੇਂਦਰ ਸਰਕਾਰ ਦੇ ਨਿਰੰਤਰ ਯਤਨਾਂ ਦੀ ਵੀ ਸ਼ਲਾਘਾ ਕੀਤੀ ਅਤੇ ਉਮੀਦ ਪ੍ਰਗਟ ਕੀਤੀ ਕਿ ਨੋਟੀਫਿਕੇਸ਼ਨ ਨੂੰ ਸਮੇਂ ਸਿਰ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕੀਤਾ ਜਾਵੇਗਾ। ਇਸ ਮੌਕੇ ਛੀਨਾ ਨੇ ਪ੍ਰਧਾਨ ਮੰਤਰੀ ਦੀ ਦੂਰਦਰਸ਼ੀ ਅਗਵਾਈ ਅਤੇ ਪੰਜਾਬ ਦੇ ਲੋਕਾਂ ਲਈ ਨਿਰੰਤਰ ਸਮਰਥਨ ਦੀ ਸ਼ਲਾਘਾ ਕੀਤੀ। ਉਨ੍ਹਾਂ ਉਮੀਦ ਜਾਹਿਰ ਕਰਦਿਆਂ ਕਿਹਾ ਕਿ ਇਹ ਕਦਮ ਪੰਜਾਬ ਦੇ ਸਰਹੱਦੀ ਖੇਤਰਾਂ 'ਚ ਸੁਰੱਖਿਆ ਅਤੇ ਖੁਸ਼ਹਾਲੀ ਲਈ ਇਕ ਨਵੇਂ ਯੁੱਗ ਦੀ ਸ਼ੁਰੂਆਤ ਕਰੇਗਾ।

## ਸ਼ਾਮ 7 ਵਜੇ ਤੋਂ ਸਵੇਰੇ 9 ਵਜੇ ਤੱਕ ਕੰਬਾਈਨ ਰਾਹੀਂ ਕਣਕ ਦੀ ਕਟਾਈ 'ਤੇ ਪਾਬੰਦੀ

ਅੰਮ੍ਰਿਤਸਰ, 8 ਅਪ੍ਰੈਲ (ਬਬਲੂ ਮਹਾਜਨ): ਵਧੀਕ ਜ਼ਿਲ੍ਹਾ ਮੈਜਿਸਟਰੇਟ, ਅੰਮ੍ਰਿਤਸਰ ਸ੍ਰੀ ਰੋਹਿਤ ਗੁਪਤਾ ਨੇ ਭਾਰਤੀ ਨਾਗਰਿਕ ਸੁਰਕਸ਼ਾ ਸਹਿੰਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹਾ ਅੰਮ੍ਰਿਤਸਰ ਦੀ ਹਦੂਦ ਵਿੱਚ ਸ਼ਾਮ 7.00 ਵਜੇ ਤੋਂ ਸਵੇਰੇ 9.00 ਵਜੇ ਤੱਕ ਕੰਬਾਈਨ ਰਾਹੀਂ ਕਣਕ ਦੀ ਕਟਾਈ 'ਤੇ ਮੁਕੰਮਲ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ।ਜਾਰੀ ਹੁਕਮ ਵਿੱਚ ਕਿਹਾ ਗਿਆ ਹੈ ਕਿ ਸਾਲ-2026 ਦੀ ਕਣਕ ਦੀ ਕਟਾਈ ਸ਼ੁਰੂ ਹੋਣ ਵਾਲੀ ਹੈ। ਜਿਸ ਵਿੱਚ ਸਰਕਾਰੀ ਖਰੀਦ ਏਜੰਸੀਆਂ ਕਣਕ ਦੀ ਖ੍ਰੀਦ ਘੱਟੋ-ਘੱਟ ਸਮਰਥਨ ਮੁੱਲ 'ਤੇ ਸਰਕਾਰ ਵੱਲੋਂ ਨਿਰਧਾਰਤ ਸਪੈਸੀਫਿਕੇਸ਼ਨਾਂ ਅਨੁਸਾਰ ਕਰਨਗੀਆਂ। ਸੀਜ਼ਨ ਦੌਰਾਨ ਭਾਰੀ ਮਾਤਰਾ ਵਿੱਚ ਕਣਕ ਮੰਡੀਆਂ ਵਿੱਚ ਆਵੇਗੀ। ਆਮ ਤੌਰ 'ਤੇ ਸ਼ਿਕਾਇਤਾਂ ਪ੍ਰਾਪਤ ਹੁੰਦੀਆਂ ਹਨ ਕਿ ਕਣਕ ਕੱਟਣ ਲਈ ਕੰਬਾਇਨਾਂ 24 ਘੰਟੇ ਕੰਮ ਕਰਦੀਆਂ ਹਨ।

## .ਗਰੀਬਾਂ ਲਈ ਜੀ.ਐਨ.ਐਮ. ਹਸਪਤਾਲ ਬਣਿਆ ਸਹਾਰਾ, ਮੁ.ਫਤ ਇਲਾਜ ਤੇ ਦਵਾਈਆਂ ਦਾ ਐਲਾਨ

### ਸੰਤ ਬਾਬਾ ਨਿਧਾਨ ਸਿੰਘ ਜਥੇਬੰਦੀ ਵੱਲੋਂ ਲੋੜਵੰਦਾਂ ਲਈ ਵੱਡੀ ਸਹਾਇਤਾ



ਅੰਮ੍ਰਿਤਸਰ, 8 ਅਪ੍ਰੈਲ (ਬਬਲੂ ਮਹਾਜਨ): ਸੰਤ ਬਾਬਾ ਨਿਧਾਨ ਸਿੰਘ ਪੰਜ ਹੱਥਾ ਜਥੇਬੰਦੀ ਦੇ ਸਹਿਯੋਗ ਨਾਲ ਚੱਲ ਰਹੇ ਜੀ.ਐੱਨ.ਐੱਮ. ਸਪੈਸ਼ਲਿਟੀ ਹਸਪਤਾਲ, ਚੱਬੇਵਾਲ ਵਿਚ ਬੇਸਹਾਰਾ ਅਤੇ ਲੋੜਵੰਦ ਪਰਿਵਾਰਾਂ ਲਈ ਮੁਫ਼ਤ ਦਵਾਈਆਂ, ਮੁਫ਼ਤ ਇਲਾਜ ਤੇ ਹੋਰ ਲੋੜੀਂਦੀਆਂ ਸੁਵਿਧਾਵਾਂ ਉਪਲੱਬਧ ਕਰਾਉਣ ਲਈ ਅੰਮ੍ਰਿਤਸਰ ਵਿਖੇ ਵਿਸ਼ੇਸ਼ ਪ੍ਰੈੱਸ ਕਾਨਫਰੰਸ ਦਾ ਆਯੋਜਨ ਕੀਤਾ ਗਿਆ। ਜਥੇਬੰਦੀ ਦੇ ਜਥੇਦਾਰ ਡਾ. ਲਖਵੀਰ ਸਿੰਘ ਚੱਬੇਵਾਲ, ਸਰਦਾਰ ਤੇਜਾ ਸਿੰਘ, ਸਰਦਾਰ ਮਨਿੰਦਰ ਸਿੰਘ ਖਾਲਸਾ, ਗਿਆਨੀ ਅਮਰਜੀਤ ਸਿੰਘ ਆਲਮ, ਸਰਦਾਰ ਵਰਿੰਦਰ ਸਿੰਘ ਅਤੇ ਡਾ. ਅਮਨਦੀਪ ਸਿੰਘ ਨੇ ਇਸ ਦੌਰਾਨ ਹਸਪਤਾਲ ਦੀਆਂ ਉਪਲੱਬਧੀਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।ਜਥੇਦਾਰਾਂ ਨੇ ਦੱਸਿਆ ਕਿ ਹਸਪਤਾਲ ਵਿਚ ਬੇਸਹਾਰਾ ਲੋਕਾਂ ਨੂੰ ਨਾ ਸਿਰਫ਼ ਮੁਫ਼ਤ ਦਵਾਈਆਂ ਅਤੇ ਇਲਾਜ ਮਿਲ ਰਿਹਾ ਹੈ, ਬਲਕਿ ਲੋੜਵੰਦ ਪਰਿਵਾਰਾਂ ਦੀਆਂ ਲੜਕੀਆਂ ਦੀ ਪੜ੍ਹਾਈ, ਵਿਧਵਾਵਾਂ ਅਤੇ ਅਨਾਥ ਬੱਚਿਆਂ ਦੇ ਮੁਫ਼ਤ ਇਲਾਜ ਦੀ ਵੀ ਪੂਰੀ ਵਿਵਸਥਾ ਹੈ। ਜੇਕਰ ਕੋਈ ਗਰੀਬ ਪਰਿਵਾਰ ਆਪਣੀ ਬੇਟੀ ਦੀ ਸ਼ਾਦੀ ਦਾ ਖ਼ਰਚ ਨਾ ਉਠਾ ਸਕਦਾ ਤਾਂ ਜਥੇਬੰਦੀ ਉਸਦੀ ਪੂਰੀ ਮਦਦ ਕਰੇਗੀ। ਉਨ੍ਹਾਂ ਕਿਹਾ ਕਿ ਚੱਬੇਵਾਲ ਖੇਤਰ ਵਿਚ ਪਿਛਲੇ ਕਈ ਸਾਲਾਂ ਤੋਂ ਉਹ ਲਗਾਤਾਰ ਅਜਿਹੇ ਲੋਕਰੰਜਿਤ ਕੰਮ ਕਰ ਰਹੇ ਹਨ।ਪ੍ਰੈੱਸ ਕਾਨਫਰੰਸ ਵਿਚ ਜਥੇਦਾਰਾਂ ਨੇ ਹਸਪਤਾਲ ਨੂੰ ਹੋਰ ਵਿਸਥਾਰ ਦੇਣ ਅਤੇ ਹੋਰ ਵੱਧ ਗਰੀਬ ਪਰਿਵਾਰਾਂ ਤੱਕ ਪਹੁੰਚ ਬਣਾਉਣ ਲਈ ਸਹਿਯੋਗੀ ਨਾਗਰਿਕਾਂ, ਸਮਾਜ ਸੇਵੀਆਂ ਅਤੇ ਦਾਨਦਾਤਾਵਾਂ ਤੋਂ ਅਪੀਲ ਕੀਤੀ। ਉਨ੍ਹਾਂ ਕਿਹਾ, ਕੋਈ ਵੀ ਵੀਰ ਜਾਂ ਭੈਣ ਜੇਕਰ ਇਸ ਨੇਕ ਕੰਮ ਵਿਚ ਸਹਿਯੋਗ ਕਰਨਾ ਚਾਹੁੰਦਾ ਹੈ ਤਾਂ ਉਹ ਸਾਡੇ ਨਾਲ ਸੰਪਰਕ ਕਰ ਸਕਦਾ ਹੈ।

## 'ਪ੍ਰਹਾਰ' ਸੁਰੱਖਿਆ ਪਰਿਪੇਖ : ਹੁਣ ਭਾਰਤ ਹਮਲੇ ਸਹਿਣ ਦੀ ਥਾਂ ਮੂੰਹ ਤੋੜ ਜਵਾਬ ਦੇਵੇਗਾ: ਪ੍ਰੋ. ਖਿਆਲਾ



ਅੰਮ੍ਰਿਤਸਰ, 8 ਅਪ੍ਰੈਲ (ਗੁਰਦਿਆਲ ਸਿੰਘ): ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਕਿਹਾ ਕਿ ਕੇਂਦਰੀ ਗ੍ਰਹਿ ਮੰਤਰਾਲੇ ਵੱਲੋਂ ਸ਼ੁਰੂ ਕੀਤੀ ਗਈ ਭਾਰਤ ਦੀ ਪਹਿਲੀ ਵਿਆਪਕ ਰਾਸ਼ਟਰੀ ਅੱਤਵਾਦ ਵਿਰੋਧੀ ਨੀਤੀ ਅਤੇ ਰਣਨੀਤੀ 'ਪ੍ਰਹਾਰ' ਸਿਰਫ਼ ਇੱਕ ਸੁਰੱਖਿਆ ਰਣਨੀਤੀ ਨਹੀਂ, ਸਗੋਂ ਨਵੇਂ ਭਾਰਤ ਦੀ ਦ੍ਰਿੜ੍ਹ ਇੱਛਾ ਸ਼ਕਤੀ ਦਾ ਪ੍ਰਤੀਕ ਹੈ। ਇਹ ਸਪੱਸ਼ਟ ਸੰਦੇਸ਼ ਹੈ ਕਿ ਭਾਰਤ ਹੁਣ ਹਰ ਤਰ੍ਹਾਂ ਦੇ ਆਤੰਕਵਾਦ ਅਤੇ ਅੰਦਰੂਨੀ ਖ਼ਤਰਿਆਂ ਦਾ ਡਟ ਕੇ ਮੁਕਾਬਲਾ ਕਰਨ ਲਈ ਪੂਰੀ ਤਰ੍ਹਾਂ ਤਿਆਰ ਅਤੇ ਸਮਰੱਥ ਹੈ ਅਤੇ ਦੇਸ਼ ਦੀ ਏਕਤਾ, ਅਖੰਡਤਾ ਅਤੇ ਸੁਰੱਖਿਆ 'ਤੇ ਕੋਈ ਸਮਝੌਤਾ ਨਹੀਂ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਪ੍ਰਹਾਰ ਇੱਕ ਐਸਾ ਦ੍ਰਿੜ੍ਹ ਐਲਾਨ ਹੈ, ਜੋ ਇਹ ਸਪਸ਼ਟ ਕਰਦਾ ਹੈ ਕਿ ਹੁਣ ਭਾਰਤ ਹਮਲੇ ਨਹੀਂ ਸਹੇਗਾ, ਸਗੋਂ ਦੁਸ਼ਮਣ ਨੂੰ ਪਹਿਲਾਂ ਹੀ ਪ੍ਰਭਾਵਹੀਣ ਕਰਕੇ ਮੂੰਹਤੋੜ ਜਵਾਬ ਦੇਵੇਗਾ।ਭਾਜਪਾ ਬੁਲਾਰੇ ਪ੍ਰੋ. ਖਿਆਲਾ ਨੇ ਕਿਹਾ ਕਿ 21ਵੀਂ ਸਦੀ ਵਿੱਚ ਆਤੰਕਵਾਦ ਦਾ ਰੂਪ ਬਹੁਤ ਤੇਜ਼ੀ ਨਾਲ ਬਦਲਿਆ ਹੈ। ਅੱਜ ਦਾ ਆਤੰਕਵਾਦ ਸਿਰਫ਼ ਸਰਹੱਦਾਂ ਤੱਕ ਸੀਮਿਤ ਨਹੀਂ ਰਿਹਾ, ਸਗੋਂ ਡਾਰਕ ਵੈੱਬ, ਐਨਕ੍ਰਿਪਟਿਡ ਕਮਿਊਨੀਕੇਸ਼ਨ, ਕ੍ਰਿਪਟੋਕਰੰਸੀ ਅਤੇ ਡਰੋਨ ਤਕਨਾਲੋਜੀ ਰਾਹੀਂ ਚੱਲਣ ਵਾਲਾ ਇੱਕ ਸੁਚਿੰਤਿਤ ਅਤੇ ਸੁਸੰਗਠਿਤ ਜਾਲ ਬਣ ਚੁੱਕਾ ਹੈ। ਇਹ ਸਿਰਫ਼ ਕੁਝ ਬਿਖਰੇ ਹੋਏ ਤੱਤਾਂ ਦੀ ਕਾਰਵਾਈ ਨਹੀਂ, ਸਗੋਂ ਰਾਜਨੀਤਿਕ ਹਥਿਆਰ ਦੇ ਰੂਪ 'ਚ ਰਾਜ-ਪ੍ਰੋਤਸਾਹਿਤ ਸ਼ੈਡੋ ਕੰਫਲਿਕਟ ਅਤੇ ਪ੍ਰਾਕਸੀ ਜੰਗ ਦਾ ਨਵਾਂ ਰੂਪ ਹੈ।ਉਨ੍ਹਾਂ ਕਿਹਾ ਕਿ ਪਾਕਿਸਤਾਨ ਵੱਲੋਂ ਪ੍ਰੋਤਸਾਹਿਤ ਨੈੱਟਵਰਕ ਹੁਣ ਨਾਰਕੋ-ਟੈਰਰਿਜ਼ਮ ਰਾਹੀਂ ਭਾਰਤ ਨੂੰ ਨਿਸ਼ਾਨਾ ਬਣਾ ਰਹੇ ਹਨ। ਨਸ਼ਾ ਤਸਕਰੀ ਦੇ ਰਸਤੇ ਹੁਣ ਹਥਿਆਰਾਂ ਅਤੇ ਜਾਲੀ ਕਰੰਸੀ ਦੀ ਸਪਲਾਈ ਲਈ ਵਰਤੇ ਜਾ ਰਹੇ ਹਨ। ਡਰੋਨਾਂ ਰਾਹੀਂ ਸਰਹੱਦਾਂ ਪਾਰ ਨਸ਼ਾ ਅਤੇ ਹਥਿਆਰ ਭੇਜਣ ਦੀਆਂ ਕੋਸ਼ਿਸ਼ਾਂ ਦੇਸ਼ ਦੀ ਅੰਦਰੂਨੀ ਸੁਰੱਖਿਆ ਲਈ ਗੰਭੀਰ ਚੁਣੌਤੀ ਬਣ ਚੁੱਕੀਆਂ ਹਨ। ਇਹ ਖ਼ਤਰਾ ਹੁਣ ਧਰਤੀ, ਆਕਾਸ਼ ਅਤੇ ਜਲ—ਤਿੰਨਾਂ ਮੋਰਚਿਆਂ 'ਤੇ ਫੈਲ ਚੁੱਕਾ ਹੈ।ਪ੍ਰੋ. ਖਿਆਲਾ ਨੇ ਕਿਹਾ ਕਿ ਇਸ ਬਦਲਦੇ ਖ਼ਤਰੇ ਦੇ ਮੱਦੇਨਜ਼ਰ ਭਾਰਤ ਸਰਕਾਰ ਵੱਲੋਂ ਲਾਗੂ ਕੀਤਾ ਗਿਆ 'ਪ੍ਰਹਾਰ' ਸੁਰੱਖਿਆ ਪਰਿਪੇਖ ਇੱਕ ਇਤਿਹਾਸਕ ਅਤੇ ਦੂਰਦਰਸ਼ੀ ਕਦਮ ਹੈ, ਜੋ ਭਾਰਤ ਦੀ ਸੁਰੱਖਿਆ ਰਣਨੀਤੀ ਨੂੰ ਪ੍ਰਤੀਕਿਰਿਆਤਮਕ ਤੋਂ ਪ੍ਰੋਐਕਟਿਵ ਬਣਾਉਂਦਾ ਹੈ। ਹੁਣ ਸੁਰੱਖਿਆ ਏਜੰਸੀਆਂ ਹਮਲੇ ਦੀ ਉਡੀਕ ਨਹੀਂ ਕਰਨਗੀਆਂ, ਸਗੋਂ ਖ਼ਤਰੇ ਨੂੰ ਪਹਿਲਾਂ ਹੀ ਪਛਾਣ ਕੇ ਨਾਕਾਮ ਕਰਨ 'ਤੇ ਕੇਂਦ੍ਰਿਤ ਰਹਿਣਗੀਆਂ।ਉਨ੍ਹਾਂ ਦੱਸਿਆ ਕਿ ਕੇਂਦਰੀ ਅਤੇ ਰਾਜ ਏਜੰਸੀਆਂ ਵਿਚਕਾਰ ਅਸਲ ਸਮੇਂ ਵਿੱਚ ਖ਼ੁਫ਼ੀਆ ਜਾਣਕਾਰੀ ਸਾਂਝੀ ਕਰਨ ਲਈ ਇੰਟੈਲੀਜੈਂਸ ਬਿਊਰੋ ਦੇ ਅਧੀਨ ਮਲਟੀ ਏਜੰਸੀ ਸੈਂਟਰ ਅਤੇ ਜੁਆਇੰਟ ਟਾਸਕ ਫੋਰਸ ਆਨ ਇੰਟੈਲੀਜੈਂਸ ਦੀ ਭੂਮਿਕਾ ਮਹੱਤਵਪੂਰਨ ਹੈ। ਇਹ ਇੰਟੈਲੀਜੈਂਸ-ਅਗਵਾਈ ਵਾਲਾ ਮਾਡਲ ਸਲੀਪਰ ਸੈੱਲਾਂ ਨੂੰ ਤੋੜਨ ਅਤੇ ਆਤੰਕਵਾਦੀ ਫੰਡਿੰਗ ਦੇ ਸਰੋਤਾਂ ਨੂੰ ਖਤਮ ਕਰਨ ਵਿੱਚ ਨਿਰਣਾਇਕ ਸਾਬਤ ਹੋਵੇਗਾ।ਪ੍ਰੋ. ਖਿਆਲਾ ਨੇ ਜ਼ੋਰ ਦੇ ਕੇ ਕਿਹਾ ਕਿ ਇਹ ਨੀਤੀ ਸਿਰਫ਼ ਸਖ਼ਤੀ ਤੱਕ ਸੀਮਿਤ ਨਹੀਂ, ਸਗੋਂ ਮਨੁੱਖਤਾ ਅਤੇ ਸੰਵਿਧਾਨਕ ਮੁੱਲਾਂ ਦਾ ਵੀ ਸਤਿਕਾਰ ਕਰਦੀ ਹੈ।

## ਵਿਦਿਆਰਥਣਾਂ ਨੇ ਪੀਸੀਐਮ ਐਸ.ਡੀ. ਕਾਲਜੀਏਟ ਸੀਨੀਅਰ ਸੈਕੰਡਰੀ ਸਕੂਲ ਫਾਰ ਗਰਲਜ਼ ਦਾ ਨਾਮ ਰੋਸ਼ਨ ਕੀਤਾ



ਜਲੰਧਰ, 8 ਅਪ੍ਰੈਲ (ਸੰਦੀਪ ਕੌਲ): ਪੀਸੀਐਮ ਐਸ.ਡੀ. ਕਾਲਜੀਏਟ ਸੀਨੀਅਰ ਸੈਕੰਡਰੀ ਸਕੂਲ ਫਾਰ ਗਰਲਜ਼ ਦੀਆਂ ਵਿਦਿਆਰਥਣਾਂ ਨੇ ਅਕਾਦਮਿਕ ਸੈਸ਼ਨ 2025-26 ਲਈ 10+1 ਪ੍ਰੀਖਿਆਵਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ, ਸਾਰੀਆਂ ਸਟ੍ਰੀਮਾਂ ਵਿੱਚ ਉਨ੍ਹਾਂ ਦੇ ਸ਼ਾਨਦਾਰ ਨਤੀਜੇ ਆਏ। ਨਵੇਂ ਅਕਾਦਮਿਕ ਸੈਸ਼ਨ ਲਈ ਦਾਖਲੇ ਵੀ ਸ਼ੁਰੂ ਹੋ ਗਏ ਹਨ, ਜਿਸ ਨਾਲ ਚਾਹਵਾਨ ਵਿਦਿਆਰਥੀਆਂ ਨੂੰ ਸੰਸਥਾ ਦੀ ਉੱਤਮਤਾ ਦੀ ਪਰੰਪਰਾ ਦਾ ਹਿੱਸਾ ਬਣਨ ਦਾ ਸੱਦਾ ਦਿੱਤਾ ਗਿਆ ਹੈ।ਆਰਟਸ ਸਟ੍ਰੀਮ ਵਿੱਚ, ਜਾਨਵੀ ਛਾਬੜਾ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ, ਉਸ ਤੋਂ ਬਾਅਦ ਦ੍ਰਿਸ਼ਟੀ ਦੂਜੇ ਸਥਾਨ 'ਤੇ ਅਤੇ ਭਾਵਨਾ ਤੀਜੇ ਸਥਾਨ ਤੇ ਰਹੀ।ਕਾਮਰਸ ਵਿੱਚ, ਘਨਾਲੀ ਪਹਿਲੇ ਸਥਾਨ 'ਤੇ ਰਹੀ, ਜਦੋਂ ਕਿ ਭੂਮਿਕਾ ਅਤੇ ਅੰਮ੍ਰਿਤ ਨੇ ਕ੍ਰਮਵਾਰ ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕੀਤਾ।ਸਾਇੰਸ (ਮੈਡੀਕਲ) ਸਟ੍ਰੀਮ ਵਿੱਚ, ਏਕਤਾ ਨੇ ਸੂਚੀ ਵਿੱਚ ਸਿਖਰਲਾ ਸਥਾਨ ਪ੍ਰਾਪਤ ਕੀਤਾ, ਕਸ਼ਿਸ਼ ਨੇ ਦੂਜਾ ਸਥਾਨ ਅਤੇ ਵੰਸ਼ੁਲ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਦੌਰਾਨ, ਸਾਇੰਸ (ਨਾਨ-ਮੈਡੀਕਲ) ਸਟ੍ਰੀਮ ਵਿੱਚ, ਆਕ੍ਰਿਤੀ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਉਸ ਤੋਂ ਬਾਅਦ ਮੋਨਿਕਾ ਦੂਜੇ ਸਥਾਨ 'ਤੇ ਅਤੇ ਗੁਰਲੀਨ ਤੀਜੇ ਸਥਾਨ 'ਤੇ ਰਹੀ।ਪ੍ਰਧਾਨ ਸ਼੍ਰੀ ਨਰੇਸ਼ ਬੁਧੀਆ, ਸੀਨੀਅਰ ਉਪ ਪ੍ਰਧਾਨ ਸ਼੍ਰੀ ਵਿਨੋਦ ਦਾਦਾ, ਪ੍ਰਬੰਧਕੀ ਕਮੇਟੀ ਦੇ ਹੋਰ ਮੈਂਬਰਾਂ ਅਤੇ ਪ੍ਰਿੰਸੀਪਲ ਡਾ. ਪੂਜਾ ਪਰਾਸ਼ਰ ਨੇ ਵਿਦਿਆਰਥੀਆਂ ਦੀਆਂ ਪ੍ਰਾਪਤੀਆਂ 'ਤੇ ਬਹੁਤ ਮਾਣ ਪ੍ਰਗਟ ਕੀਤਾ ਅਤੇ ਉਨ੍ਹਾਂ ਨੂੰ ਵਧਾਈ ਦਿੱਤੀ। ਉਨ੍ਹਾਂ ਵਿਦਿਆਰਥੀਆਂ ਨੂੰ ਆਪਣੇ ਭਵਿੱਖ ਦੇ ਕੰਮਾਂ ਵਿੱਚ ਸਫਲਤਾ ਲਈ ਯਤਨਸ਼ੀਲ ਰਹਿਣ ਲਈ ਉਤਸ਼ਾਹਿਤ ਕੀਤਾ।

## ਦਸਮੇਸ਼ ਕਾਲਜ ਦਾ ਬੀ.ਕਾਮ ਭਾਗ ਪਹਿਲਾ ਦਾ ਨਤੀਜਾ ਰਿਹਾ ਸ਼ਾਨਦਾਰ



ਚੌਂਕ ਮਹਿਤਾ, 8 ਅਪ੍ਰੈਲ (ਬਲਜਿੰਦਰ ਸਿੰਘ ਰੰਧਾਵਾ): ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਵੱਲੋਂ ਬੀ.ਕਾਮ ਭਾਗ ਪਹਿਲਾਂ ਦੇ ਐਲਾਨੇ ਗਏ ਨਤੀਜੇ ਵਿੱਚ ਦਸਮੇਸ਼ ਕਾਲਜ ਫਾਰ ਵਿਮਨ, ਮਹਿਤਾ ਚੌਂਕ ਦੀਆਂ ਵਿਦਿਆਰਥਣਾਂ ਦਾ ਨਤੀਜਾ ਖੁਸ਼ੀਯੋਗ ਰਿਹਾ। ਸਮੂਹ ਸਟਾਫ ਅਤੇ ਮਾਪਿਆਂ ਦੁਆਰਾ ਇਸ ਸ਼ਾਨਦਾਰ ਨਤੀਜੇ ਲਈ ਪਰਮਾਤਮਾ ਦਾ ਸ਼ੁਕਰਾਨਾ ਕੀਤਾ ਅਤੇ ਵਿਦਿਆਰਥਣਾਂ ਦੁਆਰਾ ਭਵਿੱਖ ਵਿੱਚ ਇਸੇ ਤਰ੍ਹਾਂ ਹੀ ਮਿਹਨਤ ਕਰਦੇ ਰਹਿਣ ਦਾ ਪ੍ਰਣ ਕੀਤਾ। ਬੀ.ਕਾਮ ਭਾਗ ਪਹਿਲਾਂ ਦੀਆਂ ਵਿਦਿਆਰਥਣਾਂ ਦਾ ਨਤੀਜਾ ਸੌ ਫੀਸਦੀ ਰਿਹਾ। ਖੁਸ਼ਪ੍ਰੀਤ ਕੌਰ, ਜਸਪ੍ਰੀਤ ਕੌਰ, ਹਰਸਿਮਰਨਜੀਤ ਕੌਰ ਨੇ ਵਧੀਆ ਅੰਕ ਪ੍ਰਾਪਤ ਕਰਕੇ ਕਾਲਜ ਵਿੱਚ ਕ੍ਰਮਵਾਰ ਪਹਿਲਾਂ, ਦੂਜਾ ਅਤੇ ਤੀਜਾ ਸਥਾਨ ਹਾਸਿਲ ਕੀਤਾ ਗਿਆ। ਇਸ ਤੋਂ ਇਲਾਵਾ ਬਾਕੀ ਵਿਦਿਆਰਥਣਾਂ ਵੱਲੋਂ ਫਸਟ ਡਵੀਜ਼ਨਾਂ ਵਿੱਚ ਅੰਕ ਪ੍ਰਾਪਤ ਕੀਤੇ ਗਏ।ਦਸਮੇਸ਼ ਵਿੱਦਿਅਕ ਸੰਸਥਾਵਾਂ ਦੇ ਚੇਅਰਮੈਨ ਗੁਰਦੀਪ ਸਿੰਘ ਰੰਧਾਵਾ ਨੇ ਵਿਦਿਆਰਥਣਾਂ ਦਾ ਮੂੰਹ ਮਿੱਠਾ ਕਰ ਕੇ ਮੁਬਾਰਕਬਾਦ ਦਿੱਤੀ ਤੇ ਉਹਨਾਂ ਨੂੰ ਆਉਣ ਵਾਲੇ ਭਵਿੱਖ ਵਿੱਚ ਇਸੇ ਤਰ੍ਹਾਂ ਮਿਹਨਤ ਕਰਕੇ ਕਾਮਯਾਬੀ ਪ੍ਰਾਪਤ ਕਰਨ ਦੀ ਪ੍ਰੇਰਨਾ ਦਿੱਤੀ। ਵਿਦਿਆਰਥਣਾਂ ਦੀ ਹੌਂਸਲਾ ਅਫਜ਼ਾਈ ਕਰਦੇ ਸਮੇਂ ਚੇਅਰਮੈਨ ਸ: ਗੁਰਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਮੈ: ਗੁਰਬੀਰ ਕੌਰ, ਡਾਇਰੈਕਟਰ ਮੈ: ਹਰਪ੍ਰੀਤ ਕੌਰ, ਕੋਆਰਡੀਨੇਟਰ ਮੈ: ਰਵਿੰਦਰ ਕੌਰ ਅਤੇ ਸਮੂਹ ਸਟਾਫ ਅਤੇ ਵਿਦਿਆਰਥਣਾਂ ਹਾਜ਼ਰ ਸਨ।

## ਛੀਨਾ ਨੇ ਖ਼ਾਲਸਾ ਯੂਨੀਵਰਸਿਟੀ ਦੇ ਆਨਲਾਈਨ 'ਐਡਮਿਸ਼ਨ ਪੋਰਟਲ' ਨੂੰ ਕੀਤਾ ਜਾਰੀ



ਅੰਮ੍ਰਿਤਸਰ, 8 ਅਪ੍ਰੈਲ (ਬਬਲੂ ਮਹਾਜਨ): ਖ਼ਾਲਸਾ ਯੂਨੀਵਰਸਿਟੀ ਦਾ ਨਵਾਂ 'ਐਡਮਿਸ਼ਨ ਪੋਰਟਲ' ਵਿਦਿਆਰਥੀਆਂ ਲਈ ਦਾਖਲਾ ਪ੍ਰੀਕ੍ਰਿਆ ਨੂੰ ਪੂਰੀ ਤਰ੍ਹਾਂ ਆਨਲਾਈਨ ਅਤੇ ਪਾਰਦਰਸ਼ੀ ਬਣਾਉਂਦਾ ਹੈ। ਹੁਣ ਵਿਦਿਆਰਥੀ ਘਰ ਬੈਠੇ ਹੀ ਆਸਾਨੀ ਨਾਲ 200 ਤੋਂ ਵਧੇਰੇ ਯੂਨੀਵਰਸਿਟੀ ਦੇ ਵੱਖ-ਵੱਖ ਵਿਸ਼ਿਆਂ ਨਾਲ ਸਬੰਧਿਤ ਕੋਰਸਾਂ ਲਈ ਅਰਜ਼ੀਆਂ ਭਰ ਸਕਣਗੇ, ਦਸਤਾਵੇਜ਼ ਅਪਲੋਡ ਕਰ ਸਕਣਗੇ ਅਤੇ ਫੀਸ ਜਮ੍ਹਾਂ ਕਰਵਾ ਸਕਣਗੇ। ਇਸ ਨਾਲ ਨਾ ਸਿਰਫ਼ ਸਮਾਂ ਬਚੇਗਾ, ਸਗੋਂ ਕਾਗਜ਼ੀ ਕਾਰਵਾਈ 'ਚ ਵੀ ਕਾਫ਼ੀ ਕਮੀ ਆਵੇਗੀ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਅੱਜ ਖ਼ਾਲਸਾ ਯੂਨੀਵਰਸਿਟੀ ਦੇ ਪ੍ਰੋ-ਚਾਂਸਲਰ ਅਤੇ ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਦੇ ਆਨਰੇਰੀ ਸਕੱਤਰ ਰਜਿੰਦਰ ਮੋਹਨ ਸਿੰਘ ਛੀਨਾ ਨੇ 'ਵਰਸਿਟੀ ਦੇ ਉਕਤ ਪੋਰਟਲ ਨੂੰ ਜਾਰੀ ਕਰਨ ਮੌਕੇ ਕੀਤਾ। ਇਸ ਮੌਕੇ ਸ: ਛੀਨਾ ਨੇ 'ਵਰਸਿਟੀ ਦੇ ਉੱਪ ਕੁਲਪਤੀ ਡਾ. ਮਹਿਲ ਸਿੰਘ ਤੋਂ ਇਲਾਵਾ ਡੀਨ, ਰਜਿਸਟਰਾਰ, ਡਾਇਰੈਕਟਰ ਅਤੇ ਹੋਰ ਸਟਾਫ਼ ਦੀ ਮੌਜੂਦਗੀ 'ਚ ਵਿਦਿਆਰਥੀਆਂ ਦੀ ਸਹੂਲਤ ਅਤੇ ਦਾਖਲਾ ਪ੍ਰੀਕ੍ਰਿਆ ਨੂੰ ਹੋਰ ਆਸਾਨ ਬਣਾਉਣ ਲਈ ਮੈਨੇਜ਼ਮੈਂਟ ਦੇ ਆਈ. ਟੀ. ਸਟਾਫ਼ ਦੁਆਰਾ ਤਿਆਰ ਕੀਤੇ ਗਏ ਉਕਤ ਆਧੁਨਿਕ ਆਨਲਾਈਨ ਐਡਮਿਸ਼ਨ ਪੋਰਟਲ ਨੂੰ ਜਾਰੀ ਕਰਦਿਆਂ ਇਸਨੂੰ ਡਿਜ਼ੀਟਲ ਸਿੱਖਿਆ ਵੱਲ ਇਕ ਵੱਡਾ ਅਤੇ ਅਹਿਮ ਕਦਮ ਕਰਾਰ ਦਿੱਤਾ। ਉਨ੍ਹਾਂ ਕਿਹਾ ਕਿ ਮੈਨੇਜ਼ਮੈਂਟ ਦੀ ਹਮੇਸ਼ਾਂ ਇਹੀ ਕੋਸ਼ਿਸ਼ ਰਹੀ ਹੈ ਕਿ ਵਿਦਿਆਰਥੀਆਂ ਦੇ ਨਾਲ-ਨਾਲ ਉਨ੍ਹਾਂ ਦੇ ਮਾਪਿਆਂ ਨੂੰ ਵਿੱਦਿਆ ਸਬੰਧੀ ਹਰੇਕ ਸਹੂਲਤ ਘਰ ਬੈਠਿਆਂ ਹੀ ਪ੍ਰਦਾਨ ਕੀਤੀ ਜਾਵੇ ਅਤੇ ਉਕਤ ਪੋਰਟਲ ਜਾਰੀ ਕਰਨ ਦਾ ਵੀ ਇਹੀ ਮਕਸਦ ਹੈ। ਇਸ ਮੌਕੇ ਸ: ਛੀਨਾ ਨੇ ਕਿਹਾ ਕਿ ਉਕਤ ਪੋਰਟਲ ਰਜਿਸਟਰਾਰ ਡਾ. ਖੁਸ਼ਵਿੰਦਰ ਕੁਮਾਰ, ਖ਼ਾਲਸਾ ਕਾਲਜ ਇੰਜੀਨੀਅਰਿੰਗ ਐਂਡ ਟੈਕਨਾਲੋਜੀ, ਰਣਜੀਤ ਐਵੀਨਿਊ ਦੇ ਡਾਇਰੈਕਟਰ ਡਾ. ਮੰਜੂ ਬਾਲਾ ਦੀ ਅਗਵਾਈ ਹੇਠ ਤਿਆਰ ਕੀਤਾ ਗਿਆ ਹੈ, ਜੋ ਕਿ ਵਿਦਿਆਰਥੀਆਂ ਅਤੇ ਪ੍ਰਸ਼ਾਸਕੀ ਸਟਾਫ ਲਈ ਕਈ ਬਹੁਤ ਮਹੱਤਵਪੂਰਨ ਸਾਬਿਤ ਹੋਵੇਗਾ।ਇਸਦੇ ਨਾਲ ਵਿਦਿਆਰਥੀ ਦੇਸ਼ ਦੇ ਕਿਸੇ ਵੀ ਕੋਨੇ 'ਚ ਬੈਠ ਕੇ ਕੋਰਸਾਂ ਸਬੰਧੀ ਜਾਣਕਾਰੀ ਤੋਂ ਇਲਾਵਾ ਰਜਿਸਟਰੇਸ਼ਨ ਅਤੇ ਉਪਰੰਤ ਦਾਖਲੇ ਦੀਆਂ ਸੰਪੂਰਨ ਕਾਰਵਾਈਆਂ ਆਨਲਾਈਨ ਪਰ ਕਰ ਸਕੇਗਾ।

## ਗੁ: ਸ਼ਹੀਦ ਗੰਜ ਸਾਹਿਬ ਲੋਪੋਕੇ ਦੇ ਦੀਵਾਨ ਹਾਲ ਦਾ ਲੈਂਟਰ ਪਾਇਆ



ਚੋਗਾਵਾਂ, 8 ਅਪ੍ਰੈਲ (ਸੁਬੇਗ ਸਿੰਘ ਸੋਨਾ) : ਜ਼ਿਲ੍ਹਾ ਅੰਮ੍ਰਿਤਸਰ ਹਲਕਾ ਰਾਜਾਸਾਂਸੀ ਦੇ ਅਧੀਨ ਆਉਂਦੇ ਸਰਹੱਦੀ ਪਿੰਡ ਲੋਪੋਕੇ ਦੇ ਗੁਰਦੁਆਰਾ ਸ਼ਹੀਦ ਗੰਜ ਸਾਹਿਬ ਲੋਪੋਕੇ ਵਿਖੇ ਦੀਵਾਨ ਹਾਲ ਦੀ ਇਮਾਰਤ ਦਾ ਲੈਂਟਰ ਮੁੱਖ ਸੇਵਾਦਾਰ ਬਾਬਾ ਜੋਗਿੰਦਰ ਸਿੰਘ ਦੀ ਅਗਵਾਈ ਹੇਠ ਪਾਇਆ ਗਿਆ। ਜਿਸ ਦੀ ਆਰੰਭਤਾ ਅੱਜ ਸੰਤ ਬਾਬਾ ਅਵਤਾਰ ਸਿੰਘ ਸੁਰ ਸਿੰਘ ਵਾਲਿਆਂ ਵੱਲੋਂ ਅਰਦਾਸ ਕਰਕੇ ਕੀਤੀ ਗਈ। ਗੁਰੂ ਦੀਆਂ ਪਿਆਰੀਆਂ ਸੰਗਤਾਂ ਨੇ ਵੱਧ ਚੜ੍ਹ ਕੇ ਇਸ ਕਾਰ ਸੇਵਾ ਵਿੱਚ ਹਿੱਸਾ ਪਾਇਆ। ਇਸ ਮੌਕੇ 'ਤੇ ਗੁਰੂ ਘਰ ਦੇ ਸੇਵਾਦਾਰਾਂ ਵੱਲੋਂ ਸੰਗਤਾਂ ਦੇ ਲਈ ਚਾਹ ਪਕੌੜਿਆਂ ਸਮੇਤ ਅਨੇਕਾਂ ਸਵਾਦੀ ਪਕਵਾਨਾਂ ਦੇ ਅਤੁੱਟ ਲੰਗਰ ਵਰਤਾਏ ਗਏ। ਛੋਟੇ ਬੱਚਿਆਂ ਤੋਂ ਲੈ ਕੇ ਬੀਬੀਆਂ ਤੇ ਬਜ਼ੁਰਗਾਂ ਤੱਕ ਵੱਧ ਚੜ੍ਹ ਕੇ ਸੇਵਾ ਕੀਤੀ ਗਈ। ਇਸ ਮੌਕੇ 'ਤੇ ਸੰਤ ਬਾਬਾ ਸਤਨਾਮ ਸਿੰਘ ਗੁਰੂ ਕਾ ਬਾਗ, ਬਾਬਾ ਸਤਨਾਮ ਸਿੰਘ ਕਿਲਾ ਅਨੰਦਗੜ੍ਹ, ਸੰਤ ਬਾਬਾ ਕਿਰਪਾਲ ਸਿੰਘ ਗੁਰੂ ਕਾ ਬਾਗ, ਬਾਬਾ ਕੁਲਬੀਰ ਸਿੰਘ ਸੇਵਾਦਾਰ, ਬਾਬਾ ਸਰਦਾਰਾ ਸਿੰਘ ਮੱਖਣਵਿੰਡੀ, ਸ਼੍ਰੋਮਣੀ ਕਮੇਟੀ ਮੈਂਬਰ ਸੁਰਜੀਤ ਸਿੰਘ ਭਿੱਟੇਵੱਡ, ਰਾਣਾ ਰਣਬੀਰ ਸਿੰਘ ਲੋਪੋਕੇ, ਸਾਬਕਾ ਸਰਪੰਚ ਰੇਸ਼ਮ ਸਿੰਘ ਕੋਟਲੀ ਔਲਖ, ਬਾਬਾ ਸੁਬੇਗ ਸਿੰਘ ਵੈਰੋਕੇ, ਬਾਬਾ ਰਾਜਨ ਸਿੰਘ ਮੌੜੇ ਕਲਾਂ, ਗੁਰਭੇਜ ਸਿੰਘ ਚਵਿੰਡਾ ਕਲਾਂ, ਬਾਬਾ ਗੁਰਪ੍ਰੀਤ ਸਿੰਘ ਸੌੜੀਆਂ, ਬਾਬਾ ਨਿਰਵੈਲ ਸਿੰਘ ਗੁਰੂਸਰ ਬਰਾੜ ਆਦਿ ਨੇ ਹਾਜ਼ਰੀਆਂ ਭਰੀਆਂ। ਇਸ ਮੌਕੇ ਪ੍ਰਧਾਨ ਜਰਨੈਲ ਸਿੰਘ, ਬਲਦੇਵ ਸਿੰਘ ਫੌਜੀ, ਅਵਤਾਰ ਸਿੰਘ ਬੀਰਾ, ਅਮਨਜੋਤ ਸਿੰਘ ਲਾਡੀ, ਗ੍ਰੰਥੀ ਮੇਜਰ ਸਿੰਘ ਆਦਿ ਸੇਵਾਦਾਰ ਹਾਜ਼ਰ ਸਨ।

# ਮੁੰਡੀਆਂ ਨੇ ਸਾਹਨੇਵਾਲ ਅਨਾਜ਼ ਮੰਡੀ ’ਚ ਅਤਿ-ਆਧੁਨਿਕ ਸਟੀਲ ਸ਼ੈੱਡ ਦਾ ਕੀਤਾ ਉਦਘਾਟਨ



ਸਾਹਨੇਵਾਲ ਕੁਹਾੜਾ, 8 ਅਪ੍ਰੈਲ (ਕੁਲਦੀਪ ਸਿੰਘ ਕੁਹਾੜਾ) : ਵਿਧਾਨ ਸਭਾ ਹਲਕਾ ਸਾਹਨੇਵਾਲ ਦੀ ਨਵੀਂ ਬਣੀ ਦਾਣਾ ਮੰਡੀ ਸਾਹਨੇਵਾਲ ਵਿੱਚ ਅੱਜ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਅਤਿ-ਆਧੁਨਿਕ ਸਟੀਲ ਕਵਰ ਸ਼ੈੱਡ ਦਾ ਉਦਘਾਟਨ ਕੀਤਾ। ਇਹ ਸਹੂਲਤ 93.44 ਲੱਖ ਰੁਪਏ ਦੀ ਲਾਗਤ ਨਾਲ ਬਣਾਈ ਗਈ ਹੈ ਅਤੇ ਅਨਾਜ ਖਰੀਦ ਸੀਜ਼ਨ ਦੌਰਾਨ ਕਿਸਾਨਾਂ ਨੂੰ ਬਹੁਤ ਲੋੜੀਂਦੀ ਸੁਰੱਖਿਆ ਅਤੇ ਸਹੂਲਤ ਪ੍ਰਦਾਨ ਕਰੇਗੀ।

ਨਵੇਂ ਸਥਾਪਿਤ ਸ਼ੈੱਡ ਵਿੱਚ ਇੱਕ ਟਿਕਾਊ ਸਟੀਲ ਢਾਂਚਾ ਹੈ ਜੋ ਕਟਾਈ ਵਾਲੇ ਅਨਾਜ ਨੂੰ ਭਾਰੀ ਬਾਰਸ਼, ਗੜ੍ਹੇਮਾਰੀ ਅਤੇ ਆਦਿ ਸਮੇਤ ਪ੍ਰਤੀਕੂਲ ਮੌਸਮੀ ਸਥਿਤੀਆਂ ਤੋਂ ਬਚਾਉਣ ਲਈ ਤਿਆਰ ਕੀਤਾ ਗਿਆ ਹੈ। ਇਹ ਬੁਨਿਆਦੀ ਢਾਂਚਾ ਫਸਲਾਂ, ਖਾਸ ਕਰਕੇ ਕਣਕ, ਝੋਨਾ ਅਤੇ ਆਦਿ ਦੀ ਬਿਹਤਰ ਗੁਣਵੱਤਾ ਸੰਭਾਲ ਨੂੰ ਯਕੀਨੀ ਬਣਾਏਗਾ।

ਮੰਤਰੀ ਮੁੰਡੀਆਂ ਨੇ ਕਿਸਾਨਾਂ ਦੀ ਸਹਾਇਤਾ ਲਈ ਪੰਜਾਬ ਸਰਕਾਰ ਦੀ ਵਚਨਬੱਧਤਾ ’ਤੇ ਜ਼ੋਰ ਦਿੱਤਾ। ਉਨ੍ਹਾਂ ਅੱਗੇ ਕਿਹਾ ਕਿ ਇਹ ਸਟੀਲ ਕਵਰ ਸ਼ੈੱਡ ਸਾਡੇ ਮਿਹਨਤੀ ਕਿਸਾਨਾਂ ਲਈ ਬਹੁਤ ਲਾਭਦਾਇਕ ਸਾਬਤ ਹੋਵੇਗਾ। ਉਨ੍ਹਾਂ ਕਿਹਾ, ਇਹ ਉਨ੍ਹਾਂ ਦੇ ਕੀਮਤੀ ਅਨਾਜ ਨੂੰ ਬਾਰਿਸ਼ ਅਤੇ ਹੋਰ ਮੌਸਮੀ ਪ੍ਰੇਸ਼ਾਨੀਆਂ ਤੋਂ ਬਚਾਏਗਾ, ਨਾਲ ਹੀ ਉਨ੍ਹਾਂ ਨੂੰ ਮੰਡੀ ਵਿੱਚ ਆਰਾਮ ਕਰਨ ਲਈ ਇੱਕ ਆਰਾਮਦਾਇਕ ਜਗ੍ਹਾ ਵੀ ਪ੍ਰਦਾਨ ਕਰੇਗਾ। ਉਨ੍ਹਾਂ ਅੱਗੇ ਕਿਹਾ ਕਿ ਅਜਿਹੇ ਉਪਰਾਲੇ ਪੰਜਾਬ ਸਰਕਾਰ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਅਨਾਜ ਮੰਡੀਆਂ ਨੂੰ ਹੋਰ ਕਿਸਾਨ-ਅਨੁਕੂਲ ਬਣਾਉਣ ਦੇ ਕੇਂਦ੍ਰਿਤ ਯਤਨਾਂ ਨੂੰ ਦਰਸਾਉਂਦੇ ਹਨ।

ਉਦਘਾਟਨ ਸਮਾਰੋਹ ਦੌਰਾਨ ਮਾਰਕੀਟ ਕਮੇਟੀ ਸਾਹਨੇਵਾਲ ਦੇ ਚੇਅਰਮੈਨ ਹੇਮਰਾਜ ਰਾਜੀ ਸਮੇਤ ਹੋਰ ਪ੍ਰਮੁੱਖ ਆਗੂ ਅਤੇ ਅਧਿਕਾਰੀ ਮੌਜੂਦ ਸਨ। ਕਿਸਾਨਾਂ ਨੇ ਨਵੀਂ ਸਹੂਲਤ ਦਾ ਸਵਾਗਤ ਕਰਦਿਆਂ ਕਿਹਾ ਕਿ ਇਹ ਸਟੀਲ ਕਵਰ ਸ਼ੈੱਡ ਖਰੀਦ ਸੀਜ਼ਨ ਦੌਰਾਨ ਰਾਹਤ ਪ੍ਰਦਾਨ ਕਰੇਗਾ।

# ਸਫ਼ਾਈ ਸੇਵਕਾਂ ਨੇ ਵਿਧਾਇਕਾ ਮਾਣੂੰਕੇ ਦੇ ਗ੍ਰਹਿ ਵਿਖੇ ਪਹੁੰਚ ਕੇ ਮੰਗਾਂ ਰੱਖੀਆਂ



ਜਗਰਾਓਂ, 8 ਅਪ੍ਰੈਲ (ਵਿਸ਼ਾਲ ਅੱਤਰੇ/ਆਰੀਅਨ ਅੱਤਰੇ) : ਅੱਜ ਹਲਕਾ ਜਗਰਾਓਂ ਦੀ ਵਿਧਾਇਕਾ ਸਰਬਜੀਤ ਕੌਰ ਮਾਣੂੰਕੇ ਦੇ ਗ੍ਰਹਿ ਵਿਖੇ ਸਫਾਈ ਸੇਵਕ ਯੂਨੀਅਨ ਪੰਜਾਬ ਬ੍ਰਾਂਚ ਜਗਰਾਓਂ ਦੇ ਸਮੂਹ ਸਫਾਈ ਕਰਮਚਾਰੀਆਂ ਵੱਲੋਂ ਪਹੁੰਚ ਕੇ ਆਪਣੀਆਂ ਲੰਬਿਤ ਮੰਗਾਂ ਬਾਰੇ ਜਾਣੂੰ ਕਰਵਾਇਆ ਗਿਆ।ਇਸ ਮੌਕੇ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਅਰੁਣ ਵੱਲੋਂ ਵਿਧਾਇਕਾ ਨੂੰ ਦੱਸਿਆ ਗਿਆ ਕਿ ਸਫਾਈ ਸੇਵਕਾਂ ਦੀਆਂ ਮੁੱਖ ਮੰਗਾਂ ਵਿੱਚ ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨਾ, ਠੇਕੇਦਾਰੀ ਪ੍ਰਥਾ ਖਤਮ ਕਰਕੇ ਸਿੱਧੀ ਭਰਤੀ ਕਰਨਾ, 10 ਸਾਲਾ ਪਾਲਿਸੀ ਰੱਦ ਕਰਨਾ ਅਤੇ 2016 ਦੇ ਕਾਨੂੰਨ ਨੂੰ ਲਾਗੂ ਕਰਨਾ ਸ਼ਾਮਲ ਹਨ।ਉਹਨਾਂ ਨੇ ਇਹ ਵੀ ਬੇਨਤੀ ਕੀਤੀ ਕਿ ਹਾਊਸ ਵੱਲੋਂ ਪ੍ਰਵਾਨ ਕੀਤੇ ਮਤੇ ਅਨੁਸਾਰ 50 ਨਵੇਂ ਸਫਾਈ ਸੇਵਕਾਂ, ਡਰਾਈਵਰਾਂ ਅਤੇ ਸੀਵਰਮੈਨਾਂ ਦੀ ਭਰਤੀ ਜਲਦੀ ਤੋਂ ਜਲਦੀ ਕਰਵਾਈ ਜਾਵੇ, ਤਾਂ ਜੋ ਜਗਰਾਓਂ ਸ਼ਹਿਰ ਵਿੱਚ ਸਫਾਈ ਪ੍ਰਬੰਧ ਨੂੰ ਹੋਰ ਸੁਚਾਰੂ ਅਤੇ ਪ੍ਰਭਾਵਸ਼ਾਲੀ ਬਣਾਇਆ ਜਾ ਸਕੇ। ਵਿਧਾਇਕਾ ਸਰਬਜੀਤ ਕੌਰ ਮਾਣੂੰਕੇ ਨੇ ਸਮੂਹ ਸਫਾਈ ਕਰਮਚਾਰੀਆਂ ਨੂੰ ਭਰੋਸਾ ਦਿਵਾਇਆ ਕਿ ਉਹਨਾਂ ਦੀਆਂ ਮੰਗਾਂ ਨੂੰ ਸਰਕਾਰ ਅੱਗੇ ਰੱਖ ਕੇ ਜਲਦੀ ਹੱਲ ਕਰਵਾਇਆ ਜਾਵੇਗਾ। ਭਰੋਸੇ ਲਈ ਸਫਾਈ ਸੇਵਕਾਂ ਵੱਲੋਂ ਵਿਧਾਇਕਾ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ।ਇਸ ਮੌਕੇ ਯੂਨੀਅਨ ਦੇ ਸਰਪ੍ਰਸਤ ਪ੍ਰਦੀਪ ਕੁਮਾਰ ਗਿੱਲ, ਚੇਅਰਮੈਨ ਬੁੱਧ ਰਾਮ, ਸੈਕਟਰੀ ਰਜਿੰਦਰ ਕੁਮਾਰ, ਵਾਈਸ ਪ੍ਰਧਾਨ ਸਨੀ ਸੁੰਦਰ, ਸੰਤੋਖ ਰਾਮ, ਸੁਰਜੀਤ ਸਿੰਘ, ਭੂਸ਼ਣ ਗਿੱਲ, ਸੁਖਵਿੰਦਰ ਖੋਸਲਾ, ਸੁਨੀਲ ਕੁਮਾਰ ਕਾਲਾ, ਮਿਸਰੋ ਦੇਵੀ, ਆਸ਼ਾ ਰਾਣੀ, ਨੀਨਾ ਰਾਣੀ, ਕੰਚਨ, ਸੁਨੀਤਾ, ਹਰਜੀਤ ਕੌਰ, ਮਾਇਆ ਦੇਵੀ, ਰਾਣੀ ਸਮੇਤ ਵੱਡੀ ਗਿਣਤੀ ਵਿੱਚ ਸਫਾਈ ਕਰਮਚਾਰੀ ਹਾਜ਼ਰ ਸਨ।

# ਮੰਤਰੀ ਮੁੰਡੀਆਂ ਨੇ ਅਨਾਜ ਮੰਡੀ ’ਚ ਕਣਕ ਦੀ ਖ਼ਰੀਦ ਸ਼ੁਰੂ ਕਰਵਾਈ



ਲੁਧਿਆਣਾ,8 ਅਪ੍ਰੈਲ (ਵਿਸ਼ਾਲ ਸ਼ਰਮਾ) ਵਿਧਾਨ ਸਭਾ ਹਲਕਾ ਸਾਹਨੇਵਾਲ ਦੇ ਵਿਧਾਇਕ ਅਤੇ ਪੰਜਾਬ ਦੇ ਮਾਲ, ਮੁੜ ਵਸੇਬਾ ਤੇ ਆਫ਼ਤ ਪ੍ਰਬੰਧਨ, ਜਲ ਸਪਲਾਈ ਅਤੇ ਸੈਨੀਟੇਸ਼ਨ, ਹਾਊਸਿੰਗ ਅਤੇ ਸ਼ਹਿਰੀ ਵਿਕਾਸ, ਮੰਤਰੀ ਹਰਦੀਪ ਸਿੰਘ ਮੁੰਡੀਆਂ ਵੱਲੋਂ ਸਾਹਨੇਵਾਲ ਦੀ ਅਨਾਜ ਮੰਡੀ ਵਿੱਚ ਕਣਕ ਦੀ ਖ਼ਰੀਦ ਸ਼ੁਰੂ ਕਰਵਾਈ। ਉਨ੍ਹਾਂ ਕਿਸਾਨ ਵੀਰਾਂ ਨੂੰ ਮੁਬਾਰਕਬਾਦ ਦਿੰਦਿਆਂ ਸਫਲ ਸੀਜਨ ਦੀ ਵੀ ਕਾਮਨਾ ਕੀਤੀ। ਇਸ ਮੌਕੇ ਉਨ੍ਹਾਂ ਦੇ ਨਾਲ ਮਾਰਕੀਟ ਕਮੇਟੀ ਸਾਹਨੇਵਾਲ ਦੇ ਚੇਅਰਮੈਨ ਹੇਮਰਾਜ ਰਾਜੀ ਵੀ ਮੌਜੂਦ ਸਨ। ਮੰਤਰੀ ਮੁੰਡੀਆਂ ਨੇ ਅਧਿਕਾਰੀਆਂ ਨੂੰ ਕਿਸਾਨਾਂ ਦੀ ਸਖ਼ਤ ਮਿਹਨਤ ਨਾਲ ਪੈਦਾ ਕੀਤੀ ਉਪਜ ਦੀ ਤੁਰੰਤ ਖ਼ਰੀਦ ਅਤੇ ਲਿਫਟਿੰਗ ਨੂੰ ਯਕੀਨੀ ਬਣਾਉਣ ਲਈ ਕਿਹਾ। ਉਨ੍ਹਾਂ ਕਿਹਾ ਕਿ ਕਿਸਾਨ ਭਰਾਵਾਂ ਨੂੰ ਅਨਾਜ ਮੰਡੀਆਂ ’ਚ ਕਿਸੇ ਵੀ ਤਰ੍ਹਾਂ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਪੰਜਾਬ ਸਰਕਾਰ ਫ਼ਸਲ ਦਾ ਇੱਕ-ਇੱਕ ਦਾਣਾ ਖਰੀਦਣ ਲਈ ਵਚਨਬੱਧ ਹੈ। ਮੁੰਡੀਆਂ ਨੇ ਕਿਹਾ ਕਿ ਕਿਸਾਨਾਂ, ਮਜ਼ਦੂਰਾਂ ਅਤੇ ਆੜ੍ਹਤੀਆਂ ਨੂੰ ਕਿਸੇ ਵੀ ਤਰ੍ਹਾਂ ਦੀ ਸਮੱਸਿਆ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਸਾਨਾਂ ਨੂੰ ਵੀ ਅਪੀਲ ਕੀਤੀ ਕਿ ਉਹ ਸਾਫ-ਸੁੱਥਰੀ ਕਣਕ ਹੀ ਮੰਡੀ ਵਿੱਚ ਲਿਆਉਣ ਤਾਂ ਜੋ ਉਨ੍ਹਾਂ ਨੂੰ ਕਿਸੇ ਵੀ ਤਰ੍ਹਾਂ ਦੀ ਮੁਸ਼ਕਿਲ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਕਿਹਾ ਕਿ ਅਨਾਜ ਮੰਡੀਆਂ ਵਿੱਚ ਪ੍ਰਬੰਧ ਪੂਰੀ ਤਰ੍ਹਾਂ ਮੁਕੰਮਲ ਹਨ। ਕਿਸਾਨਾਂ ਨੂੰ ਕਿਸੇ ਵੀ ਤਰ੍ਹਾਂ ਦੀ ਸਮੱਸਿਆ ਦਾ ਸਾਹਮਣਾ ਨਹੀਂ ਕਰਨ ਦਿੱਤਾ ਜਾਵੇਗਾ।

ਮੁੰਡੀਆਂ ਨੇ ਦੱਸਿਆ ਕਿ ਕਣਕ ਦਾ ਘੱਟੋ-ਘੱਟ ਸਮਰਥਨ ਮੁੱਲ (ਐਮ.ਐਸ.ਪੀ) 2,585 ਰੁਪਏ ਪ੍ਰਤੀ ਕੁਇੰਟਲ ਨਿਰਧਾਰਤ ਕੀਤਾ ਗਿਆ ਹੈ। ਕਿਸਾਨਾਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਦਰਪੇਸ਼ ਨਾ ਆਵੇ, ਇਸ ਲਈ ਬਾਰਦਾਨੇ (ਗਨੀ ਬੈਗ) ਦੇ ਢੁਕਵੇਂ ਪ੍ਰਬੰਧ ਕੀਤੇ ਗਏ ਹਨ। ਬਾਅਦ ਵਿੱਚ, ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਵੱਲੋਂ ਨਵੀਂ ਦਾਣਾ ਮੰਡੀ, ਸਾਹਨੇਵਾਲ ਵਿਖੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਅਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਦੇ ਯਤਨਾਂ ਸਦਕਾ, 93.44 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਹੋਏ ਸਟੀਲ ਕਵਰ ਸ਼ੈੱਡ ਦਾ ਉਦਘਾਟਨ ਵੀ ਕੀਤਾ ਗਿਆ। ਇਸ ਮੌਕੇ ‘ਆਪ’ ਦੇ ਚੇਅਰਮੈਨ ਸਹਿਬਾਨ, ਬਲਾਕ ਪ੍ਰਧਾਨ ਸਹਿਬਾਨ, ਬਲਾਕ ਸੰਮਤੀ ਮੈਂਬਰ ਸਹਿਬਾਨ, ਸਗੰਠਨ ਇਨਚਾਰਜ, ਪ੍ਰਧਾਨ ਸਹਿਬਾਨ, ਕੌਂਸਲਰ ਸਹਿਬਾਨ, ਸਰਪੰਚ ਸਹਿਬਾਨ, ਪੰਚ ਸਹਿਬਾਨ, ਨੰਬਰਦਾਰ ਸਹਿਬਾਨ, ਆੜ੍ਹਤੀਏ ਭਰਾ, ਕਿਸਾਨ ਭਰਾ, ਮਜ਼ਦੂਰ ਭਰਾ ਅਤੇ ਪਾਰਟੀ ਦੇ ਵਲੰਟੀਅਰ ਸਹਿਬਾਨ ਵੀ ਮੌਜੂਦ ਸਨ।

# ਨਕਲੀ ਖਾਦ ਬਣਾਉਣ ਵਾਲੀ ‘ਰਾਫਾ ਬਾਇਓਟੈਕ’ ’ਤੇ ਛਾਪਾ, ਦੋਸ਼ੀ ਗ੍ਰਿਫ਼ਤਾਰ



ਲੁਧਿਆਣਾ, 8 ਅਪ੍ਰੈਲ (ਵਿਸ਼ਾਲ ਸ਼ਰਮਾ): ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੇ ਆਦੇਸ਼ਾਂ ਅਨੁਸਾਰ ਪੰਜਾਬ ਦੇ ਕਿਸਾਨਾਂ ਨੂੰ ਉੱਚ-ਮਿਆਰੀ ਦੇ ਇਨਪੁੱਟ ਖਾਦਾਂ, ਦਵਾਈਆਂ ਅਤੇ ਬੀਜਾਂ ਦੀ ਨਿਰਵਿਘਨ ਸਪਲਾਈ ਨੂੰ ਮੁੱਖ ਰੱਖਦਿਆਂ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਅਤੇ ਪ੍ਰਬੰਧਕੀ ਸਕੱਤਰ ਅਰਸ਼ਦੀਪ ਸਿੰਘ ਥਿੰਦ ਦੇ ਦਿਸ਼ਾ ਨਿਰਦੇਸ਼ਾਂ ਹੇਠ ਸੰਯੁਕਤ ਡਾਇਰੈਕਟਰ ਖੇਤੀਬਾੜੀ (ਪੌਦ ਸੁਰੱਖਿਆ) ਡਾ. ਨਰਿੰਦਰ ਸਿੰਘ ਬੈਨੀਪਾਲ ਅਤੇ ਮੁੱਖ ਖੇਤੀਬਾੜੀ ਅਫਸਰ ਲੁਧਿਆਣਾ ਡਾ. ਗੁਰਦੀਪ ਸਿੰਘ ਦੀ ਟੀਮ ਨੇ ਜਗਰਾਓਂ ਵਿਖੇ ਪਰਦੇਸੀ ਢਾਬਾ ਦੇ ਪਿਛਲੇ ਪਾਸੇ ਮਨੋਜ ਕੁਮਾਰ ਪੁੱਤਰ ਰਾਮ ਆਸਰਾ ਵਾਸੀ ਕੋਠੇ ਸ਼ੇਰ ਜੰਗ ਦੇ ਜਗਰਾਓਂ ਦੀ ‘ਰਾਫਾ ਬਾਇਓਟੈਕ’ ਵਿਖੇ ਛਾਪਾ ਮਾਰਿਆ ਗਿਆ, ਤਾਂ ਮੌਕੇ ’ਤੇ ਮਨੋਜ ਕੁਮਾਰ ਵੱਲੋਂ ਭਾਰੀ ਮਾਤਰਾ ਵਿੱਚ ਜ਼ਿੰਕ ਸਲਫੇਟ 33 ਪ੍ਰਤੀਸ਼ਤ ਅਤੇ ਮੈਗਨੀਜ ਸਲਫੇਟ ਦਾ ਵੱਖੋ-ਵੱਖ ਕੰਪਨੀਆਂ ਦਾ ਵਾਰਦਾਨਾ ਬਣਾਇਆ ਹੋਇਆ ਪਾਇਆ ਗਿਆ ਅਤੇ ਵੱਖੋ-ਵੱਖਰੇ ਕੰਪਨੀਆਂ ਦੇ ਜ਼ਿੰਕ ਸਲਫੇਟ 33 ਪ੍ਰਤੀਸ਼ਤ ਦੇ ਬਣਾਏ ਹੋਏ ਪੈਕਟ ਜੋ ਕਿ ਬਰਾਂਡਿਡ ਕੰਪਨੀਆਂ ਦੇ ਨਾਮ ’ਤੇ ਹਨ ਬਰਾਮਦ ਕੀਤੇ ਗਏ ਅਤੇ ਉਹਨਾਂ ਦੀ ਖੇਤੀਬਾੜੀ ਵਿਭਾਗ ਦੀ ਟੀਮ ਵੱਲੋਂ ਸੈਂਪਲਿੰਗ ਕੀਤੀ ਗਈ। ਮਨੋਜ ਕੁਮਾਰ ਮੌਕੇ ’ਤੇ ਖੇਤੀਬਾੜੀ ਲਈ ਵਰਤੋਂ ਵਾਲੀਆਂ ਖਾਦਾਂ ਬਣਾਉਣ ਅਤੇ ਵੇਚਣ ਦਾ ਕੋਈ ਲਾਇਸੈਂਸ ਪੇਸ਼ ਨਹੀਂ ਕਰ ਸਕਿਆ। ਇਸ ਦੌਰਾਨ ਸੀਨੀਅਰ ਪੁਲਿਸ ਕਪਤਾਨ ਲੁਧਿਆਣਾ ਦਿਹਾਤੀ (ਜਗਰਾਓਂ) ਨਾਲ ਰਾਬਤਾ ਕਰਕੇ ਥਾਣਾ ਸਿਟੀ ਜਗਰਾਓਂ ਦੀ ਟੀਮ ਨੂੰ ਮੌਕੇ ’ਤੇ ਬੁਲਾਇਆ ਗਿਆ। ਪੁਲਿਸ ਟੀਮ ਵੱਲੋਂ ਮੌਕੇ ’ਤੇ ਬਰਾਮਦ ਕੀਤੀਆਂ ਗਈਆਂ ਖਾਦਾਂ ਅਤੇ ਵੱਖੋ-ਵੱਖਰੀਆਂ ਕੰਪਨੀਆਂ ਦਾ ਵਾਰਦਾਨਾ ਸੀਲ ਕਰਕੇ ਮੌਕੇ ਤੋਂ ਮਨੋਜ ਕੁਮਾਰ ਨੂੰ ਗ੍ਰਿਫਤਾਰ ਕਰ ਲਿਆ ਗਿਆ ਅਤੇ ਖੇਤੀਬਾੜੀ ਵਿਭਾਗ ਵੱਲੋਂ ਪੁਲਿਸ ਨੂੰ ਐਫ.ਆਈ.ਆਰ ਦਰਜ ਕਰਨ ਦੀ ਦਰਖਾਸਤ ਦੇ ਕੇ ਮਨੋਜ ਕੁਮਾਰ ਖਿਲਾਫ ਖਾਦ ਕੰਟਰੋਲ ਆਰਡਰ 1985 ਅਤੇ ਜ਼ਰੂਰੀ ਵਸਤਾਂ ਐਕਟ 1955 ਦੀਆਂ ਵੱਖ-ਵੱਖ ਧਾਰਾਵਾਂ ਦੇ ਤਹਿਤ ਐਫ.ਆਈ.ਆਰ ਦਰਜ ਕਰਵਾਈ ਗਈ।

ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਦੇ ਸਖ਼ਤ ਨਿਰਦੇਸ਼ ਹਨ ਕਿ ਕਿਸਾਨਾਂ ਨੂੰ ਖੇਤੀ ਇਨਪੁਟ ਖਾਦ, ਦਵਾਈਆਂ ਅਤੇ ਬੀਜ ਦੀ ਨਿਰਵਿਘਨ ਸਪਲਾਈ ਜਾਰੀ ਰਹੇਗੀ ਅਤੇ ਕਿਸਾਨਾਂ ਨਾਲ ਧੋਖਾਧੜੀ ਕਰਨ ਵਾਲਿਆਂ ਨੂੰ ਬਖਸ਼ਿਆ ਨਹੀਂ ਜਾਵੇਗਾ। ਇਸ ਮੌਕੇ ਖੇਤੀਬਾੜੀ ਵਿਭਾਗ ਦੀ ਟੀਮ ਵਿੱਚ ਡਾ. ਗੁਰਜੇਸ਼ ਭਾਰਗਵ ਚੀਫ ਇੰਸਪੈਕਟਰ ਫਰਟੀਲਾਈਜ਼ਰ, ਡਾ. ਜਤਿੰਦਰ ਸਿੰਘ ਸਿੱਧੂ ਖੇਤੀਬਾੜੀ ਅਫਸਰ ਜਗਰਾਓਂ, ਜਤਿੰਦਰ ਸਿੰਘ ਖੇਤੀਬਾੜੀ ਵਿਕਾਸ ਅਫਸਰ ਲੁਧਿਆਣਾ, ਡਾ. ਸੁਖਬੀਰ ਸਿੰਘ ਖੇਤੀਬਾੜੀ ਵਿਕਾਸ ਅਫਸਰ ਇਨਫੋਰਸਮੈਂਟ, ਡਾ. ਮਨਜੀਤ ਸਿੰਘ ਖੇਤੀਬਾੜੀ ਵਿਕਾਸ ਅਫਸਰ ਬੀਜ, ਡਾ. ਜਸਵੰਤ ਸਿੰਘ ਖੇਤੀਬਾੜੀ ਵਿਕਾਸ ਅਫਸਰ ਪੀ.ਪੀ. ਜਗਰਾਓਂ, ਡਾ. ਅਰਸ਼ਦੀਪ ਕੌਰ ਖੇਤੀਬਾੜੀ ਵਿਕਾਸ ਅਫਸਰ ਜ.ਕ. ਜਗਰਾਓਂ, ਡਾ. ਨੀਰਜ ਖੇਤੀਬਾੜੀ ਵਿਕਾਸ ਅਫਸਰ ਮਾਣੂਕੇ, ਸੰਦੀਪ ਸਿੰਘ ਜੇ.ਟੀ., ਜਸਵਿੰਦਰ ਸਿੰਘ ਜੇ.ਟੀ., ਪਰਮਵੀਰ ਸਿੰਘ ਏ.ਟੀ.ਐਮ. ਆਦਿ ਹਾਜ਼ਰ ਸਨ।

# ਫਿਲੌਰ ਦੇ ਸ੍ਰੀ ਗੁਰੂ ਰਵਿਦਾਸ ਚੌਕ ਵਿਖੇ ਪਾਵਨ ਚਰਨ ਛੋਹ ਕੀਤੇ ਸਥਾਪਿਤ



ਫਿਲੌਰ, 8 ਅਪ੍ਰੈਲ (ਅਜੇ ਸਿੰਘ ਨਾਗੀ) : ਫਿਲੌਰ ਵਿਖੇ ਇੱਕ ਵਿਸ਼ੇਸ਼ ਧਾਰਮਿਕ ਸਮਾਗਮ ਦੌਰਾਨ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਪਾਵਨ ਚਰਨ ਛੋਹ ਸ਼ਰਧਾ ਅਤੇ ਭਾਵਨਾ ਨਾਲ ਸਥਾਪਿਤ ਕੀਤੇ ਗਏ। ਇਹ ਪਾਵਨ ਚਰਨ ਛੋਹ ਸ੍ਰੀ ਚਿਤੌੜਗੜ੍ਹ ਸਾਹਿਬ ਤੋਂ ਸ੍ਰੀ ਗੁਰੂ ਰਵਿਦਾਸ ਪ੍ਰਬੰਧਕ ਕਮੇਟੀ ਵੱਲੋਂ ਫਿਲੌਰ ਲਿਆਂਦੇ ਗਏ ਸਨ। ਅੱਜ ਸ੍ਰੀ ਗੁਰੂ ਰਵਿਦਾਸ ਭਵਨ ਤੋਂ ਅਰਦਾਸ ਦੌਰਾਨ ਬੜੀ ਸ਼ਰਧਾ ਪੂਰਵਕ ਨਾਲ ਨਕੋਦਰ ਰੋਡ ਅਤੇ ਗੰਨਾ ਪਿੰਡ ਰੋਡ ਵਿਚਕਾਰ ਸ੍ਰੀ ਗੁਰੂ ਰਵਿਦਾਸ ਚੌਕ ਤੱਕ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਚਰਨ ਛੋਹ ਲਿਆਂਦੇ ਗਏ, ਜਿੱਥੇ ਧਾਰਮਿਕ ਰਸਮਾਂ ਅਨੁਸਾਰ ਚਰਨ ਛੋਹ ਸਥਾਪਨਾ ਕੀਤੇ ਗਏ । ਇਸ ਮੌਕੇ ਇਲਾਕੇ ਦੀਆਂ ਸੰਗਤਾਂ ਵੱਡੀ ਗਿਣਤੀ ਵਿੱਚ ਹਾਜ਼ਰ ਰਹੀਆਂ ਅਤੇ ਗੁਰਬਾਣੀ ਕੀਰਤਨ ਨਾਲ ਨਿਹਾਲ ਕੀਤਾ।

ਇਸ ਸਮਾਗਮ ਦੀ ਅਗਵਾਈ ਪਿੰਡ ਹਰੀਪੁਰ ਦੇ ਸੰਤ ਮਹਾਂਪੁਰਸ਼ ਰਾਮਸੇਵਕ ਜੀ, ਗੱਦੀ ਨਸ਼ੀਨ ਡੇਰਾ ਸੰਤ ਠਾਕੁਰ ਦਾਸ ਜੀ ਵੱਲੋਂ ਕੀਤੀ ਗਈ। ਉਨ੍ਹਾਂ ਨੇ ਆਪਣੇ ਸੰਬੋਧਨ ਦੌਰਾਨ ਸੰਗਤਾਂ ਨੂੰ ਗੁਰੂ ਜੀ ਦੀਆਂ ਸਿੱਖਿਆਵਾਂ ‘ਤੇ ਚੱਲਣ ਦੀ ਪ੍ਰੇਰਨਾ ਦਿੱਤੀ।

ਸਮਾਗਮ ਦੌਰਾਨ ਰਾਜ ਕੁਮਾਰ ਸੰਧੂ, ਯਸ਼ਪਾਲ ਗਿੰਡਾ ਕੌਂਸਲਰ, ਪ੍ਰਬੰਧਕ ਕਮੇਟੀ ਦੇ ਮੈਂਬਰਾਂ ਅਤੇ ਇਲਾਕੇ ਦੇ ਪ੍ਰਮੁੱਖ ਵਿਅਕਤੀ ਵੀ ਹਾਜ਼ਰ ਸਨ।

# ਮੰਤਰੀ ਅਰੋੜਾ ਵੱਲੋਂ NHAI ਪ੍ਰੋਜੈਕਟਾਂ ਦੇ ਨਵੀਨੀਕਰਨ ਨੂੰ ਤੇਜ਼ ਕਰਨ ਦੇ ਨਿਰਦੇਸ਼



ਲੁਧਿਆਣਾ, 8 ਅਪ੍ਰੈਲ (ਵਿਸ਼ਾਲ ਸ਼ਰਮਾ): ਅੱਜ ਹੋਈ ਇੱਕ ਉੱਚ-ਪੱਧਰੀ ਸਮੀਖਿਆ ਮੀਟਿੰਗ ਵਿੱਚ, ਕੈਬਨਿਟ ਮੰਤਰੀ ਅਰੋੜਾ ਨੇ ਸਬੰਧਤ ਅਧਿਕਾਰੀਆਂ ਨੂੰ ਰਾਸ਼ਟਰੀ ਰਾਜਮਾਰਗ ਅਥਾਰਟੀ ਆਫ਼ ਇੰਡੀਆ (NHAI) ਦੇ ਮਹੱਤਵਪੂਰਨ ਪ੍ਰੋਜੈਕਟਾਂ ’ਤੇ ਪ੍ਰਗਤੀ ਨੂੰ ਤੇਜ਼ ਕਰਨ ਅਤੇ ਲੁਧਿਆਣਾ ਵਿੱਚ ਮੁੱਖ ਬੁਨਿਆਦੀ ਢਾਂਚੇ ਦੀਆਂ ਚੁਣੌਤੀਆਂ ਨੂੰ ਹੱਲ ਕਰਨ ਲਈ ਸਖ਼ਤ ਨਿਰਦੇਸ਼ ਦਿੱਤੇ। ਮੰਤਰੀ ਨੇ ਉਪ-ਮੰਡਲ ਮੈਜਿਸਟਰੇਟ, ਰਾਏਕੋਟ-ਕਮ-ਯੋਗ ਅਥਾਰਟੀ (ਭੂਮੀ ਪ੍ਰਾਪਤੀ) ਨੂੰ ਲੁਧਿਆਣਾ-ਬਠਿੰਡਾ-ਰਾਏਕੋਟ ਹਾਈਵੇਅ ਲਈ ਐਕੁਆਇਰ ਕੀਤੀ ਗਈ ਜ਼ਮੀਨ ਦਾ ਕਬਜ਼ਾ ਤੁਰੰਤ ਨੈਸ਼ਨਲ ਹਾਈਵੇਅ ਅਥਾਰਟੀ ਆਫ਼ ਇੰਡੀਆ ਨੂੰ ਸੌਂਪਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਪ੍ਰੋਜੈਕਟ ਅਧੀਨ ਜ਼ਮੀਨ ਮਾਲਕਾਂ ਦੇ ਬਕਾਏ ਤੁਰੰਤ ਜਾਰੀ ਕਰਨ ਦੇ ਵੀ ਆਦੇਸ਼ ਦਿੱਤੇ। ਇਸੇ ਤਰ੍ਹਾਂ, ਜ਼ਿਲ੍ਹਾ ਮਾਲ ਅਧਿਕਾਰੀ-ਕਮ-ਸਮਰੱਥ ਅਥਾਰਟੀ (ਭੂਮੀ ਪ੍ਰਾਪਤੀ) ਨੂੰ ਨਿਰਦੇਸ਼ ਦਿੱਤੇ ਗਏ ਸਨ ਕਿ ਉਹ ਦੱਖਣੀ ਬਾਈਪਾਸ ਪ੍ਰੋਜੈਕਟ ਲਈ ਜ਼ਮੀਨ ਮਾਲਕਾਂ ਨੂੰ ਬਕਾਇਆ ਭੁਗਤਾਨਾਂ ਦਾ ਭੁਗਤਾਨ ਕਰਨ ਲਈ ਤੁਰੰਤ ਕਦਮ ਚੁੱਕਣ ਅਤੇ ਇਹ ਯਕੀਨੀ ਬਣਾਉਣ ਕਿ ਬਾਕੀ ਜ਼ਮੀਨ ਬਿਨਾਂ ਦੇਰੀ ਦੇ NHAI ਨੂੰ ਸੌਂਪ ਦਿੱਤੀ ਜਾਵੇ। ਚੱਲ ਰਹੇ ਬੁਨਿਆਦੀ ਢਾਂਚੇ ਦੇ ਵਿਕਾਸ ਦੀ ਰਣਨੀਤਕ ਮਹੱਤਤਾ ’ਤੇ ਜ਼ੋਰ ਦਿੰਦੇ ਹੋਏ, ਮੰਤਰੀ ਨੇ ਕਿਹਾ ਕਿ 1904 ਕਰੋੜ ਤੋਂ ਵੱਧ ਦੀ ਕੀਮਤ ਦੇ ਤਿੰਨ ਪ੍ਰਮੁੱਖ NHAI ਪ੍ਰੋਜੈਕਟ – ਲੁਧਿਆਣਾ-ਬਠਿੰਡਾ, ਦੱਖਣੀ ਬਾਈਪਾਸ, ਅਤੇ ਲੁਧਿਆਣਾ-ਰੋਪੜ – ਸਮੂਹਿਕ ਤੌਰ ’ਤੇ ਲੁਧਿਆਣਾ ਲਈ ਇੱਕ ਰਿੰਗ ਰੋਡ ਵਜੋਂ ਕੰਮ ਕਰਨਗੇ। ਉਨ੍ਹਾਂ ਨੇ ਇਸ ਗੱਲ ’ਤੇ ਜ਼ੋਰ ਦਿੱਤਾ ਕਿ ਇਹ ਪ੍ਰੋਜੈਕਟ ਸੰਪਰਕ ਨੂੰ ਮਹੱਤਵਪੂਰਨ ਤੌਰ ’ਤੇ ਵਧਾਉਣਗੇ, ਖਾਸ ਕਰਕੇ ਆਉਣ ਵਾਲੇ ਹਲਵਾਰਾ ਹਵਾਈ ਅੱਡੇ ਲਈ। ਇਸ ਤੋਂ ਇਲਾਵਾ, NHAI ਨੂੰ ਨਿਰਦੇਸ਼ ਜਾਰੀ ਕੀਤੇ ਗਏ ਸਨ ਤਾਂ ਜੋ ਯਾਤਰੀਆਂ ਦੀ ਸੁਰੱਖਿਅਤ ਆਵਾਜਾਈ ਨੂੰ ਸੁਵਿਧਾਜਨਕ ਬਣਾਉਣ ਲਈ ਦੱਖਣੀ ਸ਼ਹਿਰ ਦੇ ਪੁਲ ’ਤੇ ਢੁਕਵੇਂ ਰੋਸ਼ਨੀ ਪ੍ਰਬੰਧ ਯਕੀਨੀ ਬਣਾਏ ਜਾ ਸਕਣ। ਮੰਤਰੀ ਨੇ ਤੇਜ਼ ਰਫ਼ਤਾਰ ਹਾਦਸਿਆਂ ਨੂੰ ਰੋਕਣ ਲਈ ਮੌਜੂਦਾ ਪੁਲਾਂ ਦੇ ਸੁੰਦਰੀਕਰਨ, ਢੁਕਵੇਂ ਸਾਈਨ ਬੋਰਡ ਲਗਾਉਣ ਅਤੇ ਰੰਬਲਰ ਅਤੇ ਕੈਟ ਆਈ ਵਰਗੇ ਸੁਰੱਖਿਆ ਉਪਾਵਾਂ ਦੇ ਨਿਰਦੇਸ਼ ਵੀ ਦਿੱਤੇ। NHAI ਅਧਿਕਾਰੀਆਂ ਨੂੰ ਹਾਦਸਿਆਂ ਨੂੰ ਰੋਕਣ ਲਈ ਜ਼ਿਲ੍ਹੇ ਭਰ ਦੀਆਂ ਮੁੱਖ ਸੜਕਾਂ ’ਤੇ ਬਲੈਕ ਸਪਾਟਾਂ ਦੀ ਪਛਾਣ ਕਰਨ ਅਤੇ ਉਨ੍ਹਾਂ ਨੂੰ ਠੀਕ ਕਰਨ ਲਈ ਵੀ ਕਿਹਾ ਗਿਆ। ਹਲਵਾਰਾ ਹਵਾਈ ਅੱਡੇ ਨਾਲ ਸਬੰਧਤ ਕੰਮਾਂ ਦੀ ਪ੍ਰਗਤੀ ਦਾ ਜਾਇਜ਼ਾ ਲੈਂਦੇ ਹੋਏ, ਮੰਤਰੀ ਨੇ ਨਿਰਦੇਸ਼ ਦਿੱਤੇ ਕਿ ਸਾਰੇ ਲੰਬਿਤ ਕੰਮਾਂ ਨੂੰ ਸਖ਼ਤ ਨਿਗਰਾਨੀ ਹੇਠ ਪਹਿਲ ਦੇ ਆਧਾਰ ’ਤੇ ਪੂਰਾ ਕੀਤਾ ਜਾਵੇ ਅਤੇ ਆਮ ਲੋਕਾਂ ਲਈ ਨਿਰਵਿਘਨ ਸੜਕ ਸੰਪਰਕ ਯਕੀਨੀ ਬਣਾਇਆ ਜਾਵੇ। ਮੀਟਿੰਗ ਵਿੱਚ ਡਿਪਟੀ ਕਮਿਸ਼ਨਰ ਲੁਧਿਆਣਾ ਹਿਮਾਂਸ਼ੂ ਜੈਨ, ਵਧੀਕ ਡਿਪਟੀ ਕਮਿਸ਼ਨਰ (ਜੀ), ਉਪ-ਮੰਡਲ ਮੈਜਿਸਟ੍ਰੇਟ ਰਾਏਕੋਟ, ਜ਼ਿਲ੍ਹਾ ਮਾਲ ਅਫ਼ਸਰ ਲੁਧਿਆਣਾ, ਪ੍ਰੋਜੈਕਟ ਡਾਇਰੈਕਟਰ ਅਤੇ ਡੀਐਮ NHAI ਲੁਧਿਆਣਾ, ਅਤੇ ਤਹਿਸੀਲਦਾਰ ਰਾਏਕੋਟ ਸਮੇਤ ਹੋਰ ਅਧਿਕਾਰੀ ਸ਼ਾਮਲ ਹੋਏ।

# ਥੱਲੇ ਲਟਕ ਰਹੀਆਂ ਬਿਜਲੀ ਤਾਰਾਂ ਦੇ ਖਤਰੇ ’ਤੇ ਜਤਾਈ ਗੰਭੀਰ ਚਿੰਤਾ



ਲੁਧਿਆਣਾ, 8 ਅਪ੍ਰੈਲ (ਰਵਿੰਦਰ ਸਿੰਘ ਨਿੱਝਰ): ਜ਼ਿਲ੍ਹਾ ਕਾਂਗਰਸ ਕਮੇਟੀ ਲੁਧਿਆਣਾ (ਸ਼ਹਿਰੀ) ਦੇ ਸਾਬਕਾ ਪ੍ਰਧਾਨ ਅਤੇ ਪੰਜਾਬ ਲਾਰਜ ਇੰਡਸਟ੍ਰੀਅਲ ਡਿਵੈਲਪਮੈਂਟ ਬੋਰਡ ਦੇ ਸਾਬਕਾ ਚੇਅਰਮੈਨ ਪਵਨ ਦੀਵਾਨ ਨੇ ਲੁਧਿਆਣਾ ਸ਼ਹਿਰ ਤੇ ਖ਼ਾਸ ਕਰਕੇ ਪੱਛਮੀ ਵਿਧਾਨ ਸਭਾ ਹਲਕੇ ਦੇ ਇਲਾਕਿਆਂ ਵਿੱਚ, ਵੱਡੀ ਗਿਣਤੀ ਵਿੱਚ ਥੱਲੇ ਲਟਕ ਰਹੀਆਂ ਬਿਜਲੀ ਤਾਰਾਂ ਦੀ ਖ਼ਤਰਨਾਕ ਹਾਲਤ ‘ਤੇ ਗੰਭੀਰ ਚਿੰਤਾ ਜਤਾਈ ਹੈ। ਇੱਥੇ ਜਾਰੀ ਇੱਕ ਬਿਆਨ ਵਿੱਚ, ਉਨ੍ਹਾਂ ਨੇ ਇਸ ਸਥਿਤੀ ਨੂੰ ਹਜ਼ਾਰਾਂ ਨਿਵਾਸੀਆਂ ਲਈ ਰੋਜ਼ਾਨਾ ਦਾ ਖ਼ਤਰਾ ਕਰਾਰ ਦਿੱਤਾ ਹੈ ਅਤੇ ਚੇਤਾਵਨੀ ਦਿੱਤੀ ਹੈ ਕਿ ਇਹ ਤਾਰਾਂ ਹਾਦਸਿਆਂ, ਕਰੰਟ ਲੱਗਣ ਅਤੇ ਇੱਥੋਂ ਤੱਕ ਕਿ ਜਾਨੀ ਨੁਕਸਾਨ ਦਾ ਵੱਡਾ ਕਾਰਨ ਬਣ ਸਕਦੀਆਂ ਹਨ।

ਦੀਵਾਨ ਨੇ ਕਿਹਾ ਕਿ ਲੁਧਿਆਣਾ ਪੱਛਮੀਂ ਵਿੱਚ ਥੱਲੇ ਲਟਕ ਰਹੀਆਂ ਬਿਜਲੀ ਤਾਰਾਂ ਦੀ ਸਮੱਸਿਆ ਹੁਣ ਕੋਈ ਛੋਟੀ ਅਸੁਵਿਧਾ ਨਹੀਂ ਰਹੀ ਹੈ, ਸਗੋਂ ਇਹ ਲੋਕ ਸੁਰੱਖਿਆ ਲਈ ਇੱਕ ਵੱਡਾ ਖਤਰਾ ਬਣ ਚੁੱਕੀ ਹੈ। ਉਨ੍ਹਾਂ ਨੇ ਖ਼ੁਲਾਸਾ ਕੀਤਾ ਕਿ ਮਾਡਲ ਟਾਊਨ, ਮਾਡਲ ਟਾਊਨ ਐਕਸਟੈਂਸ਼ਨ, ਸਰਾਭਾ ਨਗਰ, ਗੁਰਦੇਵ ਨਗਰ, ਭਾਈ ਰਣਧੀਰ ਸਿੰਘ ਨਗਰ, ਸਿਵਲ ਲਾਈਨ, ਸ਼ਾਸਤਰੀ ਨਗਰ, ਜਵਾਹਰ ਨਗਰ, ਸ਼ਾਮ ਨਗਰ, ਭਾਰਤ ਨਗਰ ਚੌਂਕ ਸਮੇਤ ਕਈ ਭੀੜ ਵਾਲੇ ਇਲਾਕਿਆਂ ਵਿੱਚ ਖਤਰਨਾਕ ਢੰਗ ਨਾਲ ਲਟਕ ਰਹੀਆਂ ਤਾਰਾਂ ਸੜਕਾਂ ਅਤੇ ਰਿਹਾਇਸ਼ੀ ਗਲੀਆਂ ‘ਚ ਫੈਲੀਆਂ ਹੋਈਆਂ ਹਨ, ਜਿਹੜੀਆਂ ਰੋਜ਼ਾਨਾ ਆਵਾਜਾਈ ਕਰਨ ਵਾਲਿਆਂ, ਦੁਕਾਨਦਾਰਾਂ ਅਤੇ ਸਥਾਨਕ ਨਿਵਾਸੀਆਂ ਲਈ ਇਕ ਵੱਡਾ ਖ਼ਤਰਾ ਬਣੀਆਂ ਹੋਈਆਂ ਹਨ।

ਸੀਨੀਅਰ ਕਾਂਗਰਸੀ ਆਗੂ ਨੇ ਨਗਰ ਨਿਗਮ ਅਤੇ ਸਬੰਧਤ ਵਿਭਾਗਾਂ ਦੀ ਲਾਪਰਵਾਹੀ ‘ਤੇ ਨਾਰਾਜ਼ਗੀ ਜ਼ਾਹਿਰ ਕਰਦਿਆਂ, ਸਵਾਲ ਉਠਾਇਆ ਹੈ ਕਿ ਇੱਥੇ ਇੰਨੇ ਗੰਭੀਰ ਹਾਲਾਤ ਕਿਵੇਂ ਬਣ ਸਕਦੇ ਹਨ, ਜਦਕਿ ਪੰਜਾਬ ਦੇ ਬਿਜਲੀ ਮੰਤਰੀ ਖੁਦ ਲੁਧਿਆਣਾ ਪੱਛਮੀ ਤੋਂ ਵਿਧਾਇਕ ਹਨ, ਜਿਹੜੇ ਆਪਣੇ ਹੀ ਹਲਕੇ ਵਿੱਚ ਪੈਦਾ ਹੋ ਰਹੇ ਇਸ ਸੰਕਟ ਤੋਂ ਬੇਖ਼ਬਰ ਦਿਖਾਈ ਦੇ ਰਹੇ ਹਨ। ਉਨ੍ਹਾਂ ਕਿਹਾ ਕਿ ਮੰਤਰੀ ਬਣਨ ਤੋਂ ਬਾਅਦ ਲੋਕਾਂ ਨਾਲ ਇਹ ਵਾਅਦਾ ਕੀਤਾ ਗਿਆ ਸੀ, ਕਿ ਸਾਰੀਆਂ ਖ਼ਤਰਨਾਕ ਤਾਰਾਂ ਨੂੰ ਠੀਕ ਕੀਤਾ ਜਾਵੇਗਾ ਅਤੇ ਬਿਜਲੀ ਢਾਂਚੇ ਨੂੰ ਅੱਪਗ੍ਰੇਡ ਕੀਤਾ ਜਾਵੇਗਾ, ਪਰ ਕਈ ਮਹੀਨੇ ਬੀਤ ਜਾਣ ਦੇ ਬਾਵਜੂਦ ਕੰਮ ਦੀ ਰਫ਼ਤਾਰ ਬਹੁਤ ਹੌਲੀ ਹੈ।

ਦੀਵਾਨ ਨੇ ਕਿਹਾ ਕਿ ਜਿਹੜਾ ਪ੍ਰੋਜੈਕਟ ਵੱਡੇ ਐਲਾਨਾਂ ਨਾਲ ਸ਼ੁਰੂ ਹੋਇਆ ਸੀ, ਉਹ ਹੁਣ ਕਾਗਜ਼ੀ ਕਾਰਵਾਈ ਅਤੇ ਅਧਿਕਾਰੀਆਂ ਦੀ ਲਾਪਰਵਾਹੀ ਕਾਰਨ ਠੱਪ ਪਿਆ ਦਿਖਾਈ ਦੇ ਰਿਹਾ ਹੈ। ਉਨ੍ਹਾਂ ਕਿਹਾ ਕਿ ਲੁਧਿਆਣਾ ਵੈਸਟ ਦੇ ਲੋਕ ਅਜੇ ਵੀ ਖ਼ਤਰੇ ਦੇ ਸਾਏ ਹੇਠ ਜੀਅ ਰਹੇ ਹਨ ਅਤੇ ਹਰ ਥੱਲੇ ਲਟਕਦੀ ਤਾਰ ਇੱਕ ਸੰਭਾਵਿਤ ਮੌਤ ਦਾ ਜਾਲ ਬਣ ਚੁੱਕੀ ਹੈ। ਇਹ ਮਾਮਲਾ ਸਿਰਫ਼ ਸੁੰਦਰਤਾ ਦਾ ਨਹੀਂ, ਸਗੋਂ ਜ਼ਿੰਦਗੀ ਅਤੇ ਮੌਤ ਨਾਲ ਜੁੜਿਆ ਹੋਇਆ ਹੈ। ਸ਼ਹਿਰ ਦੀ ਵੱਧ ਰਹੀ ਆਬਾਦੀ ਅਤੇ ਵਾਹਨਾਂ ਦੀ ਗਿਣਤੀ ਦੇ ਮੱਦੇਨਜ਼ਰ, ਇਨ੍ਹਾਂ ਤਾਰਾਂ ਨਾਲ ਅਚਾਨਕ ਸੰਪਰਕ ਦਾ ਖ਼ਤਰਾ ਹੋਰ ਵੀ ਵੱਧ ਗਿਆ ਹੈ। ਦੀਵਾਨ ਨੇ ਸਬੰਧਤ ਅਧਿਕਾਰੀਆਂ ਤੋਂ ਤੁਰੰਤ ਦਖ਼ਲ ਦੀ ਮੰਗ ਕੀਤੀ ਹੈ, ਤਾਂ ਜੋ ਪਿਛਲੇ ਸਾਲ ਕੀਤੇ ਗਏ ਸੁਰੱਖਿਆ ਵਾਅਦੇ ਹਕੀਕਤ ਬਣ ਸਕਣ ਅਤੇ ਲੋਕਾਂ ਦੀ ਜਾਨ ਦੀ ਰੱਖਿਆ ਯਕੀਨੀ ਬਣਾਈ ਜਾ ਸਕੇ।

# ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕੀਰਤਨ ਸਮਾਗਮ



ਲੁਧਿਆਣਾ, 8 ਅਪ੍ਰੈਲ (ਰਵਿੰਦਰ ਸਿੰਘ ਨਿੱਝਰ) : ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ ਮਾਡਲ ਟਾਊਨ ਐਕਸਟੈਨਸ਼ਨ ਵਿਖੇ ਗੁਰ ਦਸਮੇਸ਼ ਸੇਵਾ ਸੋਸਾਇਟੀ ਵੱਲੋਂ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਦੇ ਨਿੱਘੇ ਸਹਿਯੋਗ ਨਾਲ ਬੀਤੀ ਰਾਤ ਸ਼੍ਰੀ ਗੁਰੂ ਤੇਗ਼ ਬਹਾਦਰ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ੇਸ਼ ਕੀਰਤਨ ਸਮਾਗਮ ਕਰਵਾਇਆ ਗਿਆ।ਜਿਸ ਵਿੱਚ ਵਿਸ਼ੇਸ਼ ਤੌਰ ’ਤੇ ਆਪਣੇ ਕੀਰਤਨੀ ਜੱਥੇ ਸਮੇਤ ਹਾਜ਼ਰੀ ਭਰਨ ਲਈ ਪੁੱਜੇ ਪੰਥ ਦੇ ਪ੍ਰਸਿੱਧ ਕੀਰਤਨੀਏ ਭਾਈ ਬਲਜੀਤ ਸਿੰਘ ਪਟਿਆਲੇ ਵਾਲਿਆਂ ਦੇ ਕੀਰਤਨੀ ਜੱਥੇ ਨੇ ਗੁਰਬਾਣੀ ਦਾ ਇਲਾਹੀ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਸੁਸਾਇਟੀ ਦੇ ਮੈਂਬਰਾਂ ਨੇ ਸਾਂਝੇ ਤੌਰ ’ਤੇ ਭਾਈ ਬਲਜੀਤ ਸਿੰਘ ਪਟਿਆਲੇ ਵਾਲੇ ਤੇ ਉਨ੍ਹਾਂ ਦੇ ਸਾਥੀਆਂ ਨੂੰ ਸਿਰਪਾਓ ਭੇਟ ਕਰਕੇ ਸਨਮਾਨਿਤ ਵੀ ਕੀਤਾ। ਕੀਰਤਨ ਸਮਾਗਮ ਅੰਦਰ ਦਸਮੇਸ਼ ਸੇਵਾ ਸੋਸਾਇਟੀ ਦੇ ਪ੍ਰਮੁੱਖ ਮੈਂਬਰ ਇੰਦਰਬੀਰ ਸਿੰਘ ਬੱਤਰਾ, ਹਰਪਾਲ ਸਿੰਘ ਬੱਤਰਾ, ਰਜਿੰਦਰ ਸਿੰਘ ਡੰਗ, ਸਰਬਜੀਤ ਸਿੰਘ ਦਸ਼ਮੇਸ਼ ਪੰਪ ਵਾਲੇ, ਭੁਪਿੰਦਰ ਸਿੰਘ ਅਰੋੜਾ, ਬਲਬੀਰ ਸਿੰਘ ਭਾਟੀਆ, ਹਰਪਾਲ ਸਿੰਘ ਖਾਲਸਾ, ਭੁਪਿੰਦਰ ਸਿੰਘ ਜੁਨੇਜਾ, ਐਨ. ਪੀ ਸਿੰਘ ਕਥੂਰੀਆਂ, ਰਘਬੀਰ ਸਿੰਘ, ਮਹਿੰਦਰ ਸਿੰਘ ਡੰਗ, ਹਰਮੀਤ ਸਿੰਘ ਡੰਗ, ਗੁਰਬਚਨ ਸਿੰਘ, ਅਤੱਰ ਸਿੰਘ ਮਕੱੜ, ਸੁਰਿੰਦਰਪਾਲ ਸਿੰਘ ਭੁਟੀਆਣੀ, ਅਵਤਾਰ ਸਿੰਘ ਮਿੱਢਾ , ਦਾਨ ਸਿੰਘ, ਹਰਪ੍ਰੀਤ ਸਿੰਘ ਨੀਟਾ, ਦਵਿੰਦਰ ਸਿੰਘ ਬਿੱਟੂ, ਹਰਚਰਨ ਸਿੰਘ ਕਾਲੜਾ, ਕਵੰਲਪ੍ਰੀਤ ਸਿੰਘ ਸੋਢੀ, ਇੰਦਰਜੀਤ ਸਿੰਘ ਛਾਬੜਾ, ਵਿਜੈ ਕੁਮਾਰ ਸੂਦ, ਮਨਮੋਹਨ ਸਿੰਘ, ਜੋਗਿੰਦਰ ਸਿੰਘ ਸਲੂਜਾ, ਕੁਲਜੀਤ ਸਿੰਘ ਖੁਰਾਣਾ ਵਿਸ਼ੇਸ਼ ਤੌਰ ’ਤੇ ਹਾਜ਼ਰ ਸਨ।

# ਵਿਧਾਇਕਾ ਸਰਬਜੀਤ ਕੌਰ ਮਾਣੂੰਕੇ ਨੇ ਬਣਨ ਵਾਲੀਆਂ ਗਲੀਆਂ ਦਾ ਰੱਖਿਆ ਨੀਂਹ ਪੱਥਰ



ਜਗਰਾਓਂ, 8 ਅਪ੍ਰੈਲ ( ਵਿਸ਼ਾਲ ਅੱਤਰੇ/ਆਰੀਅਨ ਅੱਤਰੇ): ਹਲਕਾ ਜਗਰਾਓਂ ਤੋਂ ਵਿਧਾਇਕਾ ਬੀਬੀ ਸਰਬਜੀਤ ਕੌਰ ਮਾਣੂੰਕੇ ਵੱਲੋਂ ਇਲਾਕੇ ਦੇ ਸਰਵਪੱਖੀ ਵਿਕਾਸ ਦੀ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ, ਅੱਜ ਵਾਰਡ ਨੰਬਰ 2 ਵਿਖੇ ਵਿਕਾਸ ਕਾਰਜਾਂ ਦਾ ਆਗਾਜ਼ ਕੀਤਾ ਗਿਆ। ਉਨ੍ਹਾਂ ਵੱਲੋਂ ਮਹੱਲਾ ਨਿਵਾਸੀਆਂ ਦੀ ਚਿਰੋਕਣੀ ਮੰਗ ਨੂੰ ਪੂਰਾ ਕਰਦਿਆਂ, 22 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਹੋਣ ਵਾਲੀਆਂ ਨਵੀਆਂ ਗਲੀਆਂ ਦਾ ਨੀਂਹ ਪੱਥਰ ਰੱਖਿਆ ਗਿਆ। ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਵਿਧਾਇਕਾ ਮਾਣੂੰਕੇ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦਾ ਮੁੱਖ ਮਨੋਰਥ ਹਰ ਗਲੀ-ਮਹੱਲੇ ਤੱਕ ਮੁੱਢਲੀਆਂ ਸਹੂਲਤਾਂ ਪਹੁੰਚਾਉਣਾ ਹੈ। ਮੁੱਖ ਕੰਮ: ਗਲੀਆਂ ਨੂੰ ਨਵੇਂ ਸਿਰੇ ਤੋਂ ਪੱਕਾ ਕਰਨਾ ਅਤੇ ਨਿਕਾਸੀ ਦਾ ਪ੍ਰਬੰਧ ਸੁਧਾਰਨਾ। ਬਾਰਿਸ਼ਾਂ ਦੌਰਾਨ ਹੋਣ ਵਾਲੀ ਜਲ-ਥਲ ਅਤੇ ਟੁੱਟੀਆਂ ਸੜਕਾਂ ਤੋਂ ਨਿਜਾਤ ਦਿਵਾਉਣਾ। ਨੀਂਹ ਪੱਥਰ ਰੱਖਣ ਦੀ ਰਸਮ ਦੌਰਾਨ ਵਿਧਾਇਕਾ ਬੀਬੀ ਸਰਬਜੀਤ ਕੌਰ ਮਾਣੂੰਕੇ ਕਿਹਾ ਕਿ ਸਾਡਾ ਮਕਸਦ ਸਿਰਫ਼ ਨੀਂਹ ਪੱਥਰ ਰੱਖਣਾ ਨਹੀਂ, ਸਗੋਂ ਮਿੱਥੇ ਸਮੇਂ ਅੰਦਰ ਉੱਚ-ਪੱਧਰੀ ਮਟੀਰੀਅਲ ਨਾਲ ਕੰਮ ਮੁਕੰਮਲ ਕਰਕੇ ਜਨਤਾ ਨੂੰ ਸਮਰਪਿਤ ਕਰਨਾ ਹੈ। ਵਾਰਡ ਨੰਬਰ 2 ਦੀ ਨੁਹਾਰ ਬਦਲਣ ਲਈ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਇਸ ਸਮੇਂ ਵਿਧਾਇਕਾ ਦੇ ਨਾਲ ਕਵਰਪਾਲ: ਕਾਰਜਕਾਰੀ ਪ੍ਰਧਾਨ (ਨਗਰ ਕੌਂਸਲ) ਜਗਜੀਤ ਸਿੰਘ ਜੱਗੀ: ਕੌਂਸਲਰ, ਵਾਰਡ ਨੰਬਰ 2 ਇਲਾਕਾ ਨਿਵਾਸੀਆਂ ਨੇ ਸ਼ਮੂਲੀਅਤ ਕੀਤੀ ਅਤੇ ਸਰਕਾਰ ਦੇ ਇਸ ਕਦਮ ਦਾ ਸਵਾਗਤ ਕੀਤਾ। ਵੱਡੀ ਗਿਣਤੀ ਵਿੱਚ ਪ੍ਰਸ਼ਾਸਨਿਕ ਅਤੇ ਰਾਜਨੀਤਿਕ ਸਖ਼ਸ਼ੀਅਤਾਂ ਵੀ ਮੌਜੂਦ ਸਨ ਕੌਂਸਲਰ ਜਗਜੀਤ ਸਿੰਘ ਜੱਗੀ ਨੇ ਵਿਧਾਇਕਾ ਦਾ ਧੰਨਵਾਦ ਕੀਤਾ

# ਈਰਾਨ ਦੇ ਤੇਲ ਭੰਡਾਰਾਂ ’ਤੇ ਕਬਜ਼ਾ ਕਰਨ ਅਤੇ ਸੱਭਿਅਤਾ ਮਿਟਾਉਣ ਦੀ ਧਮਕੀ ਖ਼ਿਲਾਫ਼ ਟਰੰਪ ਦਾ ਪੁਤਲਾ ਫੂਕਿਆ



ਲੁਧਿਆਣਾ, 8 ਅਪ੍ਰੈਲ (ਰਵਿੰਦਰ ਸਿੰਘ ਨਿੱਝਰ): ਅੱਜ ਸਥਾਨਕ ਗ਼ਦਰੀ ਸ਼ਹੀਦ ਬਾਬਾ ਭਾਨ ਸਿੰਘ ਯਾਦਗਾਰ ਸੁਨੇਤ ਵਿਖੇ ਵੱਖ-ਵੱਖ ਜਥੇਬੰਦੀਆਂ ਦੇ ਨੁਮਾਇੰਦਿਆਂ ਵੱਲੋਂ ਅਮਰੀਕੀ ਰਾਸ਼ਟਰਪਤੀ ਡੋਨਾਲਡ ਟ੍ਰੰਪ ਦੀ ਅਰਥੀ ਫੂਕੀ ਗਈ ਅਤੇ ਅਮਰੀਕਨ ਸਾਮਰਾਜ ਵੱਲੋਂ ਇਰਾਨ ਤੇ ਕੀਤੇ ਜਾ ਰਹੇ ਚੌਤਰਫਾ ਹਮਲਿਆਂ ਦੀ ਨਿਖੇਧੀ ਕੀਤੀ।

ਪ੍ਰੈੱਸ ਨੂੰ ਬਿਆਨ ਜਾਰੀ ਕਰਦਿਆਂ ਵੱਖ-ਵੱਖ ਜੱਥੇਬੰਦੀਆਂ ਦੇ ਨੁਮਾਇੰਦਿਆਂ ਨੇ ਕਿਹਾ ਅਮਰੀਕਾ ਲਗਾਤਾਰ ਇਰਾਨ ’ਤੇ ਦਬਾਅ ਬਣਾਉਣ ਲਈ ਇਜ਼ਰਾਈਲ ਨਾਲ ਮਿਲ ਕੇ ਇਰਾਨ ਨੂੰ ਨਿਸ਼ਾਨਾ ਬਣਾ ਰਿਹਾ ਹੈ ਅਤੇ ਵੱਡੇ ਹਮਲੇ ਦੀਆਂ ਧਮਕੀਆਂ ਦੇ ਰਿਹਾ ਹੈ। ਬੀਤੀ ਕੱਲ੍ਹ ਅਮਰੀਕੀ ਰਾਸ਼ਟਰਪਤੀ ਡੌਨਲਡ ਟਰੰਪ ਨੇ ਇਰਾਨ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਉਹ ਇੱਕ ਰਾਤ ਵਿੱਚ ਇਰਾਨੀ ਸੱਭਿਅਤਾ ਨੂੰ ਖ਼ਤਮ ਕਰ ਦੇਵੇਗਾ। ਅਸਲ ਵਿੱਚ ਅਮਰੀਕੀ ਸਾਮਰਾਜ ਪੂਰੀ ਦੁਨੀਆਂ ਵਿੱਚ ਊਰਜਾ ਦੇ ਮੁੱਖ ਸਰੋਤਾਂ ਅਤੇ ਜਲ ਮਾਰਗਾਂ ’ਤੇ ਕਬਜ਼ਾ ਕਰਨਾ ਚਾਹੁੰਦਾ ਹੈ ਅਤੇ ਇਰਾਨ ਉਸ ਦੀ ਅਧੀਨਗੀ ਅਤੇ ਉਸ ਦੀਆਂ ਸ਼ਰਤਾਂ ’ਤੇ ਕਿਸੇ ਕਿਸਮ ਦਾ ਸਮਝੌਤਾ ਨਹੀਂ ਕਰਨਾ ਚਾਹੁੰਦਾ। ਅਮਰੀਕਾ ਵੱਲੋਂ ਇਰਾਨ ਤੇ ਥੋਪੀ ਇਸ ਨਿਹੱਕੀ ਜੰਗ ਨੇ ਭਾਰਤ ਸਮੇਤ ਪੂਰੀ ਦੁਨੀਆਂ ਨੂੰ ਪੈਟਰੋਲੀਅਮ ਪਦਾਰਥਾਂ ਦੇ ਸੰਕਟ ਵੱਲ ਝੋਕ ਦਿੱਤਾ ਹੈ। ਇਸ ਤੋਂ ਪਹਿਲਾਂ ਫ਼ਲਸਤੀਨ ਵਿੱਚ ਅਮਰੀਕੀ ਸ਼ਹਿ ਉੱਤੇ ਇਜ਼ਰਾਈਲ ਨੇ ਗਾਜ਼ਾ ਵਿੱਚ ਨਸਲਕੁਸ਼ੀ ਕਰਨ ਦੀ ਕੋਸ਼ਿਸ਼ ਕਰਦਿਆਂ ਔਰਤਾਂ ਅਤੇ ਬੱਚਿਆਂ ਨੂੰ ਨਿਸ਼ਾਨਾ ਬਣਾਇਆ ਇਸੇ ਤਰ੍ਹਾਂ ਹੁਣ ਇਰਾਨ ਦੀ ਸੱਭਿਅਤਾ ਮਿਟਾਉਣ ਅਤੇ ਉੱਥੋਂ ਦੇ ਸਕੂਲਾਂ ਤੇ ਹਸਪਤਾਲਾਂ ’ਤੇ ਹਮਲਾ ਕਰਕੇ ਬੱਚਿਆਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਇਸ ਦੌਰਾਨ ਇਕੱਠ ਨੇ ਅਮਰੀਕੀ ਹਮਲਾਵਰ ਜੁੰਡਲੀ ਵੱਲੋਂ ਕੀਤੇ ਹਮਲਿਆਂ ਦੀ ਨਿਖੇਧੀ ਕੀਤੀ ਅਤੇ ਭਾਰਤ ਸਰਕਾਰ ਵੱਲੋਂ ਇਸ ਯੁੱਧ ਵਿੱਚ ਅਮਰੀਕਾ ਪੱਖੀ ਭੂਮਿਕਾ ਨਿਭਾਉਣ ਦੀ ਨਿਖੇਧੀ ਵੀ ਕੀਤੀ । ਇਰਾਨ ਦੇ ਬਹਾਦਰ ਲੋਕਾਂ ਵੱਲੋਂ ਆਪਣੇ ਦੇਸ਼ ਦੇ ਪਾਵਰ ਸੋਮਿਆਂ ਨੂੰ ਬਚਾਉਣ ਲਈ ਮਨੁੱਖੀ ਚੇਨ ਬਣਾ ਕੇ ਰੱਖਿਆ ਕਰਨ ਅਤੇ ਕੁਰਬਾਨ ਹੋਣ ਲਈ ਵਿਖਾਏ ਜਜਬੇ ਦੀ ਸਰਾਹਨਾ ਵੀ ਕੀਤੀ ਗਈ।

ਇਸ ਅਰਥੀ ਫੂਕ ਪ੍ਰਦਰਸ਼ਨ ਦੌਰਾਨ ਵੱਖ-ਵੱਖ ਜੱਥੇਬੰਦੀਆਂ ਜਮਹੂਰੀ ਅਧਿਕਾਰ ਸਭਾ ਵੱਲੋਂ ਜਸਵੰਤ ਜ਼ੀਰਖ, ਗ਼ਦਰੀ ਸ਼ਹੀਦ ਬਾਬਾ ਭਾਨ ਸਿੰਘ ਨੌਜਵਾਨ ਸਭਾ ਵੱਲੋਂ ਰਾਕੇਸ਼ ਆਜ਼ਾਦ, ਹਰਪ੍ਰੀਤ ਜ਼ੀਰਖ, ਪ੍ਰਤਾਪ ਸਿੰਘ, ਰਾਜੀਵ ਕੁਮਾਰ, ਜਗਜੀਤ ਗੁੜ੍ਹੇ, ਵਰੁਣ ਕੁਮਾਰ , ਮਹੇਸ਼ ਕੁਮਾਰ ਅਤੇ ਉੱਘੇ ਕਾਲਮਨਵੀਸ ਡਾ. ਮੋਹਣ ਸਿੰਘ ਆਦਿ ਹਾਜ਼ਰ ਸਨ।

# ਸਰਕਾਰੀ ਦਾਅਵਿਆਂ ਤੋਂ ਉਲਟ ਲੋਕ ਮੁੱਢਲੀਆਂ ਸੁਵਿਧਾਵਾਂ ਤੋਂ ਵੀ ਵਾਂਝੇ : ਪਵਨ ਦੀਵਾਨ



ਲੁਧਿਆਣਾ, 8 ਅਪ੍ਰੈਲ (ਰਵਿੰਦਰ ਸਿੰਘ ਨਿੱਝਰ) : ਜ਼ਿਲ੍ਹਾ ਕਾਂਗਰਸ ਕਮੇਟੀ ਲੁਧਿਆਣਾ ਸ਼ਹਿਰੀ ਦੇ ਸਾਬਕਾ ਪ੍ਰਧਾਨ ਅਤੇ ਪੰਜਾਬ ਲਾਜ ਇੰਡਸਟਰੀਅਲ ਡਿਵੈਲਪਮੈਂਟ ਬੋਰਡ ਦੇ ਸਾਬਕਾ ਚੇਅਰਮੈਨ ਪਵਨ ਦੀਵਾਨ ਵੱਲੋਂ ਸਥਾਨਕ ਅੰਮ੍ਰਿਤ ਕਲੋਨੀ, ਵਾਰਡ ਨੰਬਰ 62 ਸਥਿੱਤ ਰਾਮ ਕੁਮਾਰ ਦੇ ਨਿਵਾਸ ਵਿਖੇ ਮੀਟਿੰਗ ਦੌਰਾਨ ਇਲਾਕਾ ਨਿਵਾਸੀਆਂ ਦੀਆਂ ਸਮੱਸਿਆਵਾਂ ਨੂੰ ਜਾਣਿਆ ਗਿਆ।

ਮੀਟਿੰਗ ਬਾਰੇ ਜਾਣਕਾਰੀ ਦਿੰਦੇ ਹੋਏ, ਪਵਨ ਦੀਵਾਨ ਨੇ ਦੱਸਿਆ ਕਿ ਸਰਕਾਰ ਵੱਲੋਂ ਕੀਤੇ ਜਾ ਰਹੇ ਦਾਅਵਿਆਂ ਦੇ ਉਲਟ ਲੋਕ ਮੁੱਢਲੀਆਂ ਸੁਵਿਧਾਵਾਂ ਵੀ ਨਾ ਮਿਲਣ ਕਾਰਨ ਭਾਰੀ ਪਰੇਸ਼ਾਨ ਹਨ। ਲੋਕਾਂ ਨੇ ਦੱਸਿਆ ਹੈ ਕਿ ਇਲਾਕੇ ਵਿੱਚ ਸੜਕਾਂ ਦੀ ਬੜੀ ਮਾੜੀ ਹਾਲਤ ਹੈ। ਇਸ ਤੋਂ ਇਲਾਵਾ, ਆਏ ਦਿਨ ਹੋਣ ਵਾਲੀਆਂ ਅਪਰਾਧਿਕ ਘਟਨਾਵਾਂ ਕਾਨੂੰਨ ਅਤੇ ਵਿਵਸਥਾ ਸਬੰਧੀ ਸਰਕਾਰੀ ਦਾਅਵਿਆਂ ਦੀ ਪੋਲ ਖੋਲਦੀਆਂ ਹਨ। ਦੀਵਾਨ ਨੇ ਕਿਹਾ ਕਿ ਵਿਕਾਸ ਜ਼ਮੀਨ ’ਤੇ ਨਜ਼ਰ ਆਉਣਾ ਚਾਹੀਦਾ ਹੈ, ਲੇਕਿਨ ਸਰਕਾਰ ਸਿਰਫ ਦਿਖਾਵੇਬਾਜੀ ਉੱਪਰ ਜ਼ੋਰ ਦੇ ਰਹੀ ਹੈ। ਉਹਨਾਂ ਨੇ ਕਿਹਾ ਕਿ ਲੋਕ ਆਮ ਆਦਮੀ ਪਾਰਟੀ ਨੂੰ ਸੱਤਾ ਤੋਂ ਬੇਦਖਲ ਕਰਨ ਲਈ ਬੇਸਬਰੀ ਨਾਲ ਵੋਟਾਂ ਦਾ ਇੰਤਜ਼ਾਰ ਕਰ ਰਹੇ ਹਨ।

ਇਸ ਮੌਕੇ ਹੋਰਨਾਂ ਤੋਂ ਇਲਾਵਾ, ਰੋਹਿਤ ਪਾਹਵਾ, ਕ੍ਰਿਸ਼ਨ ਲਾਲ, ਮਨਜੀਤ ਕੁਮਾਰ, ਹਨੂਮਾਨ ਬਾਹਰੀ, ਵੇਦ ਪ੍ਰਕਾਸ਼, ਸੁਖਚੈਨ ਬਰਾੜ, ਡਾ. ਰਣਜੀਤ ਸਕਸੈਨਾ, ਮਹਿਪਾਲ ਲੋਹਟ, ਚੰਦਨ ਵਰਮਾ, ਪ੍ਰਦੀਪ ਯਾਦਵ ਵੀ ਮੌਜੂਦ ਰਹੇ।

# ਗਿਆਸਪੁਰਾ ਨੇ ਗ੍ਰਾਮ ਪੰਚਾਇਤਾਂ ਨੂੰ ਫਾਇਰ ਸਿਸਟਮ ਨਾਲ ਲੈਸ ਪਾਣੀ ਟੈਂਕਰ ਦਿੱਤੇ



ਲੁਧਿਆਣਾ, 8 ਅਪ੍ਰੈਲ (ਵਿਸ਼ਾਲ ਸ਼ਰਮਾ): ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਨੇ ਬੁੱਧਵਾਰ ਨੂੰ ਕਰੀਬ 8 ਲੱਖ ਰੁਪਏ ਦੀ ਲਾਗਤ ਨਾਲ ਹਲਕਾ ਪਾਇਲ ਦੇ 5 ਪਿੰਡਾਂ ਦੀਆਂ ਗ੍ਰਾਮ ਪੰਚਾਇਤਾਂ ਨੂੰ ਪਾਣੀ ਵਾਲੇ ਟੈਂਕਰ ਫਾਇਰ ਸਿਸਟਮ ਸਮੇਤ ਮੁਹੱਈਆ ਕਰਵਾਏ। ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਨੇ ਦੱਸਿਆ ਕਿ ਹਲਕਾ ਪਾਇਲ ਦੇ ਪਿੰਡ ਜੈਪੁਰਾ, ਗੁਰਦਿੱਤਪੁਰਾ, ਅਲੂਣਾ ਤੋਲਾ, ਕਟਾਹਰੀ ਅਤੇ ਗੁਰਥਲੀ ਦੀਆਂ ਗ੍ਰਾਮ ਪੰਚਾਇਤਾਂ ਨੂੰ ਪਾਣੀ ਵਾਲੇ ਟੈਂਕਰ ਫਾਇਰ ਸਿਸਟਮ ਸਮੇਤ ਮੁਹੱਈਆ ਕਰਵਾਏ ਗਏ ਹਨ। ਇਹ ਪਾਣੀ ਵਾਲੇ ਟੈਂਕਰ ਪਿੰਡ ਦੇ ਸਾਂਝੇ ਕੰਮਾਂ ਲਈ ਬਹੁਤ ਹੀ ਲਾਭਦਾਇਕ ਹੋਣਗੇ। ਪਾਣੀ ਵਾਲੇ ਟੈਂਕਰਾਂ ਵਿੱਚ ਫਾਇਰ ਸਿਸਟਮ ਦੀ ਸਹੂਲਤ ਹੋਣ ਨਾਲ ਅੱਗ ਲੱਗਣ ਦੀ ਘਟਨਾ ਨੂੰ ਵੀ ਰੋਕਣ ਲਈ ਕੰਮ ਕੀਤਾ ਜਾ ਸਕਦਾ ਹੈ। ਉਨ੍ਹਾਂ ਦੱਸਿਆ ਕਿ ਇਹਨਾਂ ਪਾਣੀ ਵਾਲੇ ਟੈਂਕਰਾਂ ਵਿੱਚ ਫਾਇਰ ਸਿਸਟਮ ਦੀ ਸਹੂਲਤ ਹੋਣ ਨਾਲ ਪਿੰਡ ਅਤੇ ਇਲਾਕਾ ਨਿਵਾਸੀਆਂ ਦੀ ਜਾਨ-ਮਾਲ ਦੀ ਸੁਰੱਖਿਆ ਨੂੰ ਯਕੀਨੀ ਬਣਾਇਆ ਜਾ ਸਕੇਗਾ। ਉਨ੍ਹਾਂ ਕਿਹਾ ਕਿ ਨਾਗਰਿਕਾਂ ਦੀ ਸੁਰੱਖਿਆ ਸਾਡੀ ਮੁੱਖ ਤਰਜ਼ੀਹ ਹੈ ਅਤੇ ਪੰਜਾਬ ਸਰਕਾਰ ਐਮਰਜੈਂਸੀ ਹਾਲਾਤਾਂ ‘ਚ ਬੁਨਿਆਦੀ ਸਹੂਲਤਾਂ ਲਈ ਪੁਖ਼ਤਾ ਪ੍ਰਬੰਧ ਕਰ ਰਹੀ ਹੈ। ਇਸ ਲਈ ਮੈਂ ਪੰਜਾਬ ਦੇ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦਾ ਵਿਸ਼ੇਸ਼ ਤੌਰ ’ਤੇ ਧੰਨਵਾਦ ਕਰਦਾ ਹਾਂ।

ਗਿਆਸਪੁਰਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਕੀਤੇ ਜਾ ਰਹੇ ਇਹਨਾਂ ਉਪਰਾਲਿਆਂ ਤਹਿਤ ਹੁਣ ਪਿੰਡਾਂ ਨੂੰ ਹਾਈਟੈੱਕ ਬਣਾਇਆ ਜਾ ਰਿਹਾ ਹੈ। ਪੰਜਾਬ ਦੇ ਪਿੰਡਾਂ ਦੀਆਂ ਬੁਨਿਆਦੀ ਸਹੂਲਤਾਂ ਵਿੱਚ ਹੁਣ ਪਾਣੀ ਵਾਲੇ ਟੈਂਕਰ ਫਾਇਰ ਸਿਸਟਮ ਵਰਗੀਆਂ ਸਹੂਲਤਾਂ ਵੀ ਸ਼ਾਮਲ ਹੋ ਗਈਆਂ ਹਨ ਜੋ ਪਿੰਡਾਂ ਨੂੰ ਹੋਰ ਸੁਰੱਖਿਅਤ ਬਣਾਉਣਗੀਆਂ।

ਇਹਨਾਂ ਪਿੰਡਾਂ ਪੰਚਾਇਤਾਂ ਨੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਪਿੰਡਾਂ ਵਿੱਚ ਹਰ ਤਰ੍ਹਾਂ ਦੇ ਕੀਤੇ ਜਾ ਰਹੇ ਵਿਕਾਸ ਕਾਰਜਾਂ ’ਤੇ ਖ਼ੁਸ਼ੀ ਦਾ ਪ੍ਰਗਟਾਵਾਂ ਕਰਦਿਆਂ ਕਿਹਾ ਕਿ ਇਨ੍ਹਾਂ ਉਪਰਾਲਿਆਂ ਨਾਲ ਪੰਜਾਬ ਦੇ ਪਿੰਡਾਂ ਦੀ ਤਸਵੀਰ ਬਦਲ ਰਹੀ ਹੈ।



ਰੋਜ਼ਾਨਾ ਚੜ੍ਹਦੀਕਲਾ
## ਸਿਹਤ ਖ਼ਬਰਨਾਮਾ



# ਐਲਰਜੀ ਵਾਲੇ ਲੋਕਾਂ ਲਈ ਜ਼ਹਿਰ ਬਰਾਬਰ ਹੈ ਕੱਚਾ ਪਿਆਜ਼!

ਭਾਰਤੀ ਖਾਣੇ ’ਚ ਕੱਚੇ ਪਿਆਜ਼ ਦੀ ਵਰਤੋਂ ਬਹੁਤ ਆਮ ਹੈ, ਚਾਹੇ ਉਹ ਸਲਾਦ ਹੋਵੇ ਜਾਂ ਦਾਲ-ਰੋਟੀ ਦੇ ਨਾਲ। ਇਸ ’ਚ ਵਿਟਾਮਿਨ 3, ਐਂਟੀਆਕਸੀਡੈਂਟ ਅਤੇ ਕਈ ਜ਼ਰੂਰੀ ਪੌਸ਼ਕ ਤੱਤ ਪਾਏ ਜਾਂਦੇ ਹਨ ਜੋ ਸਰੀਰ ਲਈ ਫਾਇਦੇਮੰਦ ਹੁੰਦੇ ਹਨ ਪਰ ਹਰ



ਚੀਜ਼ ਹਰ ਕਿਸੇ ਲਈ ਸਹੀ ਨਹੀਂ ਹੁੰਦੀ ਅਤੇ ਕੁਝ ਲੋਕਾਂ ਲਈ ਕੱਚਾ ਪਿਆਜ਼ ਨੁਕਸਾਨ ਵੀ ਪਹੁੰਚਾ ਸਕਦਾ ਹੈ।

**ਪਾਚਨ ਦੀ ਸਮੱਸਿਆ ਵਾਲੇ ਲੋਕ;** – ਜਿਨ੍ਹਾਂ ਲੋਕਾਂ ਨੂੰ ਗੈਸ, ਪੇਟ ਫੁੱਲਣ ਜਾਂ ਬਦਹਜ਼ਮੀ ਦੀ ਸ਼ਿਕਾਇਤ ਰਹਿੰਦੀ ਹੈ, ਉਨ੍ਹਾਂ ਨੂੰ ਕੱਚਾ ਪਿਆਜ਼ ਨਹੀਂ ਖਾਣਾ ਚਾਹੀਦਾ। ਕੱਚੇ ਪਿਆਜ਼ @ਚ ਅਜਿਹੇ ਕਾਰਬੋਹਾਈਡ੍ਰੇਟਸ ਹੁੰਦੇ ਹਨ ਜੋ ਪੇਟ ’ਚ ਠੀਕ ਤਰ੍ਹਾਂ ਨਹੀਂ ਪਚਦੇ ਅਤੇ ਗੈਸ ਬਣਨ ਦਾ ਕਾਰਨ ਬਣਦੇ ਹਨ, ਜਿਸ ਨਾਲ ਪੇਟ ਦਰਦ ਅਤੇ ਭਾਰੀਪਨ ਵਧ ਸਕਦਾ ਹੈ।

**ਐਸੀਡਿਟੀ ਜਾਂ ਸੀਨੇ ’ਚ ਜਲਣ ;** ਜੇਕਰ ਤੁਹਾਨੂੰ ਅਕਸਰ ਐਸੀਡਿਟੀ ਹੁੰਦੀ ਹੈ, ਤਾਂ ਕੱਚਾ ਪਿਆਜ਼ ਪੇਟ ’ਚ ਐਸਿਡ ਦਾ ਪੱਧਰ ਵਧਾ ਸਕਦਾ ਹੈ। ਇਸ ਨਾਲ ਐਸਿਡ ਰਿਫਲਕਸ, ਖੱਟੇ ਡਕਾਰ ਅਤੇ ਸੀਨੇ @ਚ ਦਰਦ ਦੀ ਸਮੱਸਿਆ ਵਧ ਸਕਦੀ ਹੈ।

**ਐਲਰਜੀ ਵਾਲੇ ਲੋਕ ;** ਕੁਝ ਲੋਕਾਂ ਨੂੰ ਪਿਆਜ਼ ਤੋਂ ਐਲਰਜੀ ਹੋ ਸਕਦੀ ਹੈ, ਜਿਸ ਕਾਰਨ ਖੁਜਲੀ, ਚਮੜੀ ’ਤੇ ਲਾਲ ਨਿਸ਼ਾਨ, ਸੋਜ ਜਾਂ ਸਾਹ ਲੈਣ ’ਚ ਤਕਲੀਫ਼ ਹੋ ਸਕਦੀ ਹੈ। ਅਜਿਹੇ ਲੱਛਣ ਦਿਖਣ ’ਤੇ ਤੁਰੰਤ ਡਾਕਟਰ ਦੀ ਸਲਾਹ ਲੈਣੀ ਚਾਹੀਦੀ ਹੈ।

**ਦਵਾਈਆਂ ਲੈਣ ਵਾਲੇ ਲੋਕ ;** ਜੋ ਲੋਕ ਬਲੱਡ ਪ੍ਰੈਸ਼ਰ ਜਾਂ ਖ਼ੂਨ ਪਤਲਾ ਕਰਨ ਵਾਲੀਆਂ ਦਵਾਈਆਂ ਲੈਂਦੇ ਹਨ, ਉਨ੍ਹਾਂ ਨੂੰ ਸਾਵਧਾਨ ਰਹਿਣਾ ਚਾਹੀਦਾ ਹੈ। ਕੱਚਾ ਪਿਆਜ਼ ਖ਼ੂਨ ਨੂੰ ਪਤਲਾ ਕਰਨ ਦਾ ਕੰਮ ਕਰਦਾ ਹੈ, ਜੋ ਦਵਾਈਆਂ ਦੇ ਨਾਲ ਮਿਲ ਕੇ ਨੁਕਸਾਨਦਾਇਕ ਹੋ ਸਕਦਾ ਹੈ।

# ਸੁਰਜੀਤ ਮਾਧੋਪੁਰੀ ਤੇ ਬਿੱਟੂ ਖੰਨੇਵਾਲਾ ਦਾ ਗਾਇਆ ਗੀਤ ਸੋਹਣੀਆਂ ਪੱਗਾਂ ਧੂਮਧਾਮ ਨਾਲ ਰਿਲੀਜ਼

## ਅੱਜ ‘ਸੋਹਣੀਆਂ ਪੱਗਾਂ’ ਵਰਗੇ ਗੀਤਾਂ ਦੀ ਵੱਡੀ ਲੋੜ: ਸੁੱਖੀ ਬਾਠ



ਸਰੀ, 8 ਅਪ੍ਰੈਲ (ਕੁਲਵੰਤ ਸਰੋਤਾ, ਜਸਵੀਰ ਸਿੰਘ ਭਲੂਰੀਆ, ਹਰਦਮ ਮਾਨ, ਮਹੇਸ਼ਇੰਦਰ ਸਿੰਘ ਮਾਂਗਟ) : ਪੰਜਾਬੀ ਦੇ ਪ੍ਰਸਿੱਧ ਸ਼ਾਇਰ ਕਵਿੰਦਰ ਚਾਂਦ ਦੇ ਲਿਖੇ ਅਤੇ ਸੁਰਜੀਤ ਸਿੰਘ ਮਾਧੋਪੁਰੀ ਤੇ ਬਿੱਟੂ ਖੰਨੇ ਵਾਲਾ ਦੀ ਸੁਰੀਲੀ ਅਤੇ ਬੁਲੰਦ ਆਵਾਜ਼ ਵਿੱਚ ਗਾਏ ਖ਼ੂਬਸੂਰਤ ਗੀਤ ‘ਸੋਹਣੀਆਂ ਪੱਗਾਂ’ ਨੂੰ ਬੀਤੀ 4 ਅਪ੍ਰੈਲ ਨੂੰ ਤਾਜ ਪਾਰਕ ਕਨਵੈਨਸ਼ਨ ਸੈਂਟਰ ਸਰੀ ਵਿਖੇ ਪੰਜਾਬ ਪੰਜਾਬੀ ਅਤੇ ਪੰਜਾਬੀਅਤ ਨਾਲ ਪਿਆਰ ਕਰਨ ਵਾਲੀਆਂ ਉੱਘੀਆਂ ਹਸਤੀਆਂ ਵੱਲੋਂ ਲੋਕ ਅਰਪਿਤ ਕੀਤਾ ਗਿਆ। ਕੈਨੇਡੀਅਨ ਪੰਜਾਬੀ ਕਲਚਰਲ ਐਸੋਸ਼ੀਏਸ਼ਨ ਸਰੀ ਅਤੇ ਅਦਾਰਾ ਪੰਜਾਬ ਭਵਨ ਸਰੀ ਦੇ ਸਹਿਯੋਗ ਨਾਲ ਕਰਵਾਏ ਗਏ ਪ੍ਰਭਾਵਸ਼ਾਲੀ ਸੰਗੀਤਕ ਸਮਾਗਮ ਵਿੱਚ ਵੱਡੀ ਗਿਣਤੀ ‘ਚ ਸੰਗੀਤ ਪ੍ਰੇਮੀ , ਸਾਹਿਤਕਾਰ, ਸਮਾਜ ਸੇਵੀ , ਬੁੱਧੀਜੀਵੀ, ਵਿਦਵਾਨ,ਮੀਡੀਆ ਕਰਮੀ ਅਤੇ ਵੱਖ-ਵੱਖ ਕਮਿਊਨਿਟੀਆਂ ਤੋਂ ਪਰਮੁੱਖ ਸ਼ਖਸ਼ੀਅਤਾਂ ਹਾਜ਼ਰ ਸਨ। ਮਹਾਨ ਸੰਗੀਤਕਾਰ ਲਾਲ ਕਮਲ ਦੇ ਮਨਮੋਹਕ ਸੰਗੀਤ ਨਾਲ ਸ਼ਿੰਗਾਰੇ ਇਸ ਗੀਤ ਦੀ ਬਹੁਤ ਹੀ ਪਿਆਰੀ ਅਤੇ ਮਿਆਰੀ ਵੀਡੀਓ ਗਰਾਫ਼ੀ ਵੀਡਿਓ ਡਾਇਰੈਕਟਰ ਗੱਗੀ ਸਿੰਘ ਨੇ ਕੀਤੀ ਹੈ। ਸਮਾਗਮ ਦੌਰਾਨ ਵੱਖ ਵੱਖ ਪ੍ਰਮੁੱਖ ਹਸਤੀਆਂ ਨੇ ਪੰਜਾਬੀ ਸੱਭਿਆਚਾਰ ਦੀ ਪ੍ਰਤੀਕ ਪੱਗ ਦੀ ਮਹੱਤਤਾ, ਸਵੈਮਾਣ ਅਤੇ ਇਤਿਹਾਸ ਨੂੰ ਉਜਾਗਰ ਕਰਨ ਵਾਲੇ ਪ੍ਰਭਾਵਸ਼ਾਲੀ ਸ਼ਬਦਾਂ ‘ਚ ਲਿਖੇ ਗੀਤ ਦੇ ਗੀਤਕਾਰ ਕਵਿੰਦਰ ਚਾਂਦ ਅਤੇ ਸੁਰੀਲੇ ਗਾਇਕ ਸੁਰਜੀਤ ਸਿੰਘ ਮਾਧੋਪੁਰੀ ਤੇ ਬਿੱਟੂ ਖੰਨੇ ਵਾਲਾ ਦੇ ਇਸ ਸੁਚੱਜੇ ਕਾਰਜ ਦੀ ਭਰਪੂਰ ਪ੍ਰਸ਼ੰਸਾ ਕੀਤੀ। ਉੱਘੇ ਵਿਦਵਾਨ ਮੋਤਾ ਸਿੰਘ ਝੀਤਾ, ਰਵਿੰਦਰ ਸਹਿਰਾਅ ਸ਼ਿਕਾਗੋ (ਯੂ.ਐਸ.ਏ.), ਡਾ. ਰਣਜੀਤ ਸਿੰਘ ਪੰਨੂ, ਹਰਪ੍ਰੀਤ ਸਿੰਘ ਰੇਡੀਓ ਹੋਸਟ, ਗੁਰਬਾਜ ਸਿੰਘ ਬਰਾੜ, ਲਵੀ ਪੰਨੂ, ਦੇਵਿੰਦਰ ਬੈਨੀਵਾਲ ,ਪਾਲ ਬਰਾੜ, ਪ੍ਰਿਤਪਾਲ ਸਿੰਘ ਗਿੱਲ, ਮਨਜੀਤ ਕੰਗ, ਪੌਲ ਵੜੈਚ, ਸੁਖਬੀਰ ਬੀਹਲਾ (ਬੈਲਿੰਗ ਹੈਮ) ਅਤੇ ਰਾਇ ਅਜੀਜ਼ ਉੱਲਾ ਖਾਨ (ਸਾਬਕਾ ਐਮ. ਪੀ. ਪਾਕਿਸਤਾਨ) ਅਤੇ ਹੋਰ ਬੁਲਾਰਿਆਂ ਨੇ ਪੱਗ ਦੀ ਮਹੱਤਤਾ ਬਾਰੇ ਲਿਖੇ ਤੇ ਗਾਏ ਗੀਤ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਪੱਗ ਕੇਵਲ ਕੱਪੜਾ ਨਹੀਂ ਹੈ ਸਗੋਂ ਇਹ ਸਿਰ ਦਾ ਤਾਜ ਹੁੰਦੀ ਹੈ। ਦਸਤਾਰ ਦੀ ਸ਼ਾਨ ਬਾਰੇ ਬੁਲਾਰਿਆਂ ਨੇ ਕਿਹਾ ਕਿ ਪੱਗ ਨਾਲ ਵਿਅਕਤੀ ਬਾਦਸ਼ਾਹ ਲਗਦਾ ਹੈ। ਰਸਮਾਂ ਰਿਵਾਜਾਂ ‘ਚ ਅਤੇ ਸ਼ਲੋਕਾਂ ਵਿੱਚ ਭਗਤਾਂ ਵੱਲੋਂ ਪੱਗ ਦਾ ਜਿਕਰ ਕੀਤਾ ਗਿਆ ਹੈ। ਸਾਡੇ ਸਾਰੇ ਧਾਰਮਿਕ ਰਹਿਬਰਾਂ ਨੇ ਪੱਗ ਜਾਂ ਦਸਤਾਰ ਨੂੰ ਅਪਨਾਇਆ ਹੈ। ਇਸ ਮੌਕੇ ਤੇ ਹਾਜ਼ਰ ਦਰਸ਼ਕਾਂ ਨੂੰ ਸਕਰੀਨ ਤੇ ਵੱਖ ਵੱਖ ਪ੍ਰਮੁੱਖ ਸ਼ਖਸ਼ੀਅਤਾਂ ਦੇ ਵਧਾਈ ਸੰਦੇਸ਼ ਵੀ ਵਿਖਾਏ ਗਏ। ਜਿਨ੍ਹਾਂ ‘ਚ ਘੱਟ ਗਿਣਤੀ ਕਮਿਸ਼ਨ ਭਾਰਤ ਦੇ ਸਾਬਕਾ ਚੇਅਰਮੈਨ ਤਰਲੋਚਨ ਸਿੰਘ, ਅੰਤਰਰਾਸ਼ਟਰੀ ਐਂਕਰ ਆਸ਼ਾ ਸ਼ਰਮਾ, ਪ੍ਰਸਿੱਧ ਲੇਖਕਾ ਬਲਵਿੰਦਰ ਕੌਰ ਬਰਾੜ,ਪ੍ਰਸਿੱਧ ਪੰਜਾਬੀ ਸ਼ਾਇਰ ਗੁਰਭਜਨ ਗਿੱਲ, ਪ੍ਰਸਿੱਧ ਗਾਇਕ ਮਲਕੀਤ ਸਿੰਘ ਗੋਲਡਨ ਸਟਾਰ, ਬਲਤੇਜ ਸਿੰਘ ਢਿੱਲੋਂ ਸੈਨੇਟਰ ਕੈਨੇਡਾ, ਪ੍ਰਸਿੱਧ ਗੀਤਕਾਰ ਸ਼ਮਸ਼ੇਰ ਸੰਧੂ ਅਤੇ ਗਾਇਕ ਬਿੱਟੂ ਖੰਨੇ ਵਾਲਾ ਸ਼ਾਮਿਲ ਹਨ। ਗੀਤ ਦੇ ਗਾਇਕ ਸੁਰਜੀਤ ਸਿੰਘ ਮਾਧੋਪੁਰੀ ਅਤੇ ਵਿਸ਼ੇਸ਼ ਮਹਿਮਾਨ ਅਤੇ ਅਦਾਰਾ ਪੰਜਾਬ ਭਵਨ ਦੇ ਸੰਸਥਾਪਕ ਸੁਖਜਿੰਦਰ ਸਿੰਘ ਸੁੱਖੀ ਬਾਠ ਨੇ ਅਦਾਰੇ ਵੱਲੋਂ ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਲਈ ਕੀਤੇ ਜਾ ਰਹੇ ਕਾਰਜਾਂ ਦਾ ਵਿਸ਼ੇਸ਼ ਜ਼ਿਕਰ ਕਰਦਿਆਂ ਸਮਾਗਮ ਵਿੱਚ ਸ਼ਾਮਿਲ ਹੋਣ ਵਾਲੀਆਂ ਸਾਰੀਆਂ ਸ਼ਖਸ਼ੀਅਤਾਂ ਦਾ ਧੰਨਵਾਦ ਕੀਤਾ। ਤਾਜ ਪਾਰਕ ਕਨਵੈਂਨ ?ਸ਼ਨ ਸੈਂਟਰ ਦੇ ਮਾਲਕ ਸ: ਕੁਲਤਾਰਜੀਤ ਸਿੰਘ ਥਿਆੜਾ ਨੇ ਸਮੁੱਚੀ ਟੀਮ ਨੂੰ ਇਸ ਉੱਤਮ ਕਾਰਜ ਲਈ ਸ਼ਾਬਾਸ਼ ਦਿੱਤੀ। ਸਟੇਜ ਦੀ ਕਾਰਵਾਈ ਚਰਚਿਤ ਲੇਖਿਕਾ ਬਲਵੀਰ ਕੌਰ ਢਿਲੋਂ ਨੇ ਬਾਖ਼ੂਬੀ ਨਿਭਾਈ। ਵੱਡੀ ਗਿਣਤੀ ਵਿੱਚ ਪਹੁੰਚੀਆਂ ਸ਼ਖ਼ਸੀਅਤਾਂ ਵੱਲੋਂ ਮਿਲੇ ਹੁੰਗਾਰੇ ਨੇ ਪ੍ਰਬੰਧਕਾਂ ਦੇ ਹੌਸਲੇ ਬੁਲੰਦ ਕਰ ਦਿੱਤੇ। ਸੁਰਜੀਤ ਸਿੰਘ ਮਾਧੋਪੁਰੀ ਨੇ ਦੱਸਿਆ ਕਿ ਵੱਡੀ ਗਿਣਤੀ ਵਿੱਚ ਬੁਲਾਰੇ ਪਹੁੰਚੇ ਹੋਣ ਕਰਕੇ ਅਤੇ ਸਮਾਂ ਸੀਮਿਤ ਹੋਣ ਕਰਕੇ ਕਾਫੀ ਬੁਲਾਰਿਆਂ ਦੇ ਅਰਮਾਨ ਦਿਲ ਵਿੱਚ ਹੀ ਦੱਬੇ ਰਹਿ ਗਏ ਜਿਨਾਂ ਨੂੰ ਜਲਦ ਹੀ ਇੱਕ ਹੋਰ ਸਮਾਗਮ ਵਿੱਚ ਮੌਕਾ ਦਿੱਤਾ ਜਾਵੇਗਾ।

# ਜਿਸਨੂੰ ਡਬਲਿਊ.ਐਚ.ਓ. ਨੇ ਅਸੰਭਵ ਸਮਝ ਕੇ ਛੱਡ ਦਿੱਤਾ, ਪਤੰਜਲੀ ਨੇ ਇਸਨੂੰ ਹਕੀਕਤ ਬਣਾਇਆ




ਹਰਿਦੁਆਰ, 8 ਅਪ੍ਰੈਲ (ਅੰਮ੍ਰਿਤਪਾਲ ਸਿੰਘ): ਭਾਰਤ ਵਿੱਚ ਇੱਕ ਸਿੰਗਲ ਸੰਕਲਪ ਨੇ ਨਾ ਸਿਰਫ਼ ਦੁਨੀਆ ਦੇ ਸਭ ਤੋਂ ਵੱਡੇ ਸਿਹਤ ਸੰਗਠਨ ਨੂੰ ਇੱਕ ਅਜਿਹੇ ਕੰਮ ਲਈ ਪ੍ਰੇਰਿਤ ਕੀਤਾ ਜਿਸਨੂੰ ਉਹ ਅਸੰਭਵ ਸਮਝਦਾ ਸੀ, ਸਗੋਂ ਇਸਨੂੰ ਇਤਿਹਾਸ ਵਿੱਚ ਵੀ ਦਰਜ ਕਰ ਦਿੱਤਾ। ਇਹ ਸ਼ਾਨਦਾਰ ਯਤਨਾਂ ਦੀ ਕਹਾਣੀ ਹੈ, ਜਿੱਥੇ ਦ੍ਰਿੜਤਾ, ਖੋਜ ਅਤੇ ਦੂਰਦਰਸ਼ਤਾ ਨੇ ਯੂਨੀਵਰਸਲ ਫਾਰਮਾਕੋਪੀਆ ਵਰਗਾ ਇੱਕ ਯਾਦਗਾਰੀ ਕੰਮ ਬਣਾਉਣ ਲਈ ਮਿਲਾਇਆ, ਅਤੇ ਅੱਜ, ਡਿਜੀਟਲ ਦਿੱਗਜ ਗੂਗਲ ਉਸ ਗਿਆਨ ਨੂੰ ਪ੍ਰਾਪਤ ਕਰਨ ਲਈ ਪਤੰਜਲੀ ਦੇ ਦਰਵਾਜ਼ੇ ’ਤੇ ਵੀ ਦਸਤਕ ਦੇ ਰਿਹਾ ਹੈ। 1999 ਵਿੱਚ, ਵਿਸ਼ਵ ਸਿਹਤ ਸੰਗਠਨ ਨੇ ਇੱਕ ਮਹੱਤਵਾਕਾਂਖੀ ਪ੍ਰੋਜੈਕਟ ਸ਼ੁਰੂ ਕੀਤਾ। ਟੀਚਾ ਦੁਨੀਆ ਭਰ ਤੋਂ ਪੌਦਿਆਂ-ਅਧਾਰਤ ਦਵਾਈ ਪ੍ਰਣਾਲੀਆਂ, ਔਸ਼ਧੀ ਪੌਦਿਆਂ ਅਤੇ ਰਵਾਇਤੀ ਗਿਆਨ ਨੂੰ ਇਕੱਠਾ ਕਰਨ ਵਾਲਾ ਇੱਕ ਵਿਸ਼ਵਵਿਆਪੀ ਦਸਤਾਵੇਜ਼ ਤਿਆਰ ਕਰਨਾ ਸੀ। ਲਗਭਗ 11 ਸਾਲਾਂ ਦੀ ਸਖ਼ਤ ਮਿਹਨਤ ਤੋਂ ਬਾਅਦ, WHO ਨੇ 2010 ਵਿੱਚ ਇਸ ਪ੍ਰੋਜੈਕਟ ਨੂੰ ਰੋਕ ਦਿੱਤਾ। ਕਾਰਨ ਸਪੱਸ਼ਟ ਸੀ: ਇਹ ਕੰਮ ਵਿਸ਼ਾਲ, ਗੁੰਝਲਦਾਰ ਅਤੇ ਲਗਭਗ ਅਸੰਭਵ ਜਾਪਦਾ ਸੀ। ਅੰਤ ਵਿੱਚ, ⇨8® ਨੇ ਆਪਣੇ ਆਪ ਨੂੰ ਸਿਰਫ਼ ਤਿੰਨ ਸੀਮਤ ਖੰਡਾਂ ਤੱਕ ਸੀਮਤ ਕਰ ਦਿੱਤਾ। ਭਾਰਤ ਵਿੱਚ ਇੱਕ ਵੱਖਰੀ ਕਹਾਣੀ ਚੁੱਪ-ਚਾਪ ਸਾਹਮਣੇ ਆ ਰਹੀ ਸੀ। ਇਸ ਦੇ ਨਾਲ ਹੀ, ਬਿਨਾਂ ਕਿਸੇ ਵਿਸ਼ਵਵਿਆਪੀ ਧੂਮਧਾਮ ਦੇ, ਪਤੰਜਲੀ ਯੋਗਪੀਠ ਨੇ 2003-04 ਵਿੱਚ ਇਸ ਦਿਸ਼ਾ ਵਿੱਚ ਕੰਮ ਸ਼ੁਰੂ ਕੀਤਾ। ਸੰਸਥਾ ਨੂੰ ਇਸ ਗੱਲ ਦਾ ਪਤਾ ਨਹੀਂ ਸੀ ਕਿ WHO ਪਹਿਲਾਂ ਹੀ ਇਹ ਕੰਮ ਕਰ ਚੁੱਕਾ ਹੈ। ਪਰ ਅੰਤਰ ਦ੍ਰਿਸ਼ਟੀ, ਧੀਰਜ ਅਤੇ ਲਗਨ ਵਿੱਚ ਸੀ। ਜਿੱਥੇ ਵਿਸ਼ਵਵਿਆਪੀ ਸੰਗਠਨ ਰੁਕ ਗਿਆ, ਪਤੰਜਲੀ ਦੀ ਯਾਤਰਾ ਤੇਜ਼ ਹੋ ਗਈ।

## ਪੀਐਨਬੀ ਲੁਧਿਆਣਾ ਸਰਕਲ ਦਫ਼ਤਰ ਵੱਲੋਂ ‘ਸੋਲਜਰਥਾਨ 2026’ ਦਾ ਆਯੋਜਨ



ਲੁਧਿਆਣਾ, 8 ਅਪ੍ਰੈਲ (ਚ.ਨ.ਸ.) : ਪੰਜਾਬ ਨੈਸ਼ਨਲ ਬੈਂਕ, ਲੁਧਿਆਣਾ ਦੇ ਸਰਕਲ ਦਫ਼ਤਰ ਵੱਲੋਂ ਮੁੱਖ ਦਫ਼ਤਰ ਵੱਲੋਂ ਜਾਰੀ ਕੀਤੇ ਗਏ ਪਹਿਲੇ ਉਪਰਾਲੇ ਅਤੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸੋਲਜਰਥਾਨ 2026 ਦਾ ਆਯੋਜਨ ਕੀਤਾ ਗਿਆ। ਲੁਧਿਆਣਾ ਦੇ ਜ਼ੋਨਲ/ਸਰਕਲ / ਸੀਏਸੀ/ਜ਼ੈਡਏਓ ਦਫ਼ਤਰਾਂ ਦੇ ਸਟਾਫ਼ ਮੈਂਬਰਾਂ ਦੇ ਨਾਲ-ਨਾਲ ਸ਼ਹਿਰ ਭਰ ਦੀਆਂ ਵੱਖ-ਵੱਖ ਸ਼ਾਖਾਵਾਂ ਨੇ ਇਸ ਸਮਾਗਮ ਵਿੱਚ ਹਿੱਸਾ ਲਿਆ। ਪ੍ਰੋਗਰਾਮ ਜ਼ੋਨਲ ਦਫ਼ਤਰ ਦੇ ਅਹਾਤੇ ਤੋਂ ਸ਼ੁਰੂ ਹੋਇਆ, ਅਤੇ ਫਿਟਿਸਤਾਨ ਐਪ ਦੀ ਵਰਤੋਂ ਕਰਕੇ ਭਾਗੀਦਾਰਾਂ ਦੀ ਪ੍ਰਗਤੀ ਨੂੰ ਟਰੈਕ ਕੀਤਾ ਗਿਆ। ਸਮਾਗਮ ਵਿੱਚ ਜ਼ੋਨਲ ਮੈਨੇਜਰ ਸ੍ਰੀ ਪਰਮੇਸ਼ ਕੁਮਾਰ ਅਤੇ ਨਵ-ਨਿਯੁਕਤ ਜ਼ੋਨਲ ਮੈਨੇਜਰ ਸ੍ਰੀ ਰਾਮਾਨੁਜ ਪ੍ਰਸਾਦ ਸ਼ਾਮਲ ਹੋਏ, ਜਿਨ੍ਹਾਂ ਦੀ ਅਗਵਾਈ ਹੇਠ ਇਕੱਠ ਵਿੱਚ ਡੀਜ਼ੈਡਐਮ ਸ੍ਰੀ ਸੰਜੀਵ ਕਪੂਰ ਅਤੇ ਸ੍ਰੀ ਰਾਜਿੰਦਰ ਮੋਹਨ ਸ਼ਰਮਾ, ਸਰਕਲ ਹੈੱਡ ਲੁਧਿਆਣਾ ਸ੍ਰੀ ਕਿਸ਼ੋਰ ਚਿਲਾਣਾ, ਡੀਜ਼ੈਡਐਮ ਸ੍ਰੀ ਗਿਰੀਵਰ ਪ੍ਰਸਾਦ, ਏਜੀਐਮ ਸ੍ਰੀ ਰਵਨੀਤ ਸਿੰਘ ਅਤੇ ਸ੍ਰੀ ਰਾਕੇਸ਼ ਭਯਾਨਾ, ਸ੍ਰੀ ਮਨੀਸ਼ ਜੈਨ, ਡਿਪਟੀ ਸਰਕਲ ਹੈੱਡ ਸ੍ਰੀ ਵਿਸ਼ਾਲ ਅਗਰਵਾਲ ਅਤੇ ਹੋਰ ਸੀਨੀਅਰ ਅਧਿਕਾਰੀ ਸ਼ਾਮਲ ਸਨ।

## ਜਨਮ ਦਿਨ ਮੁਬਾਰਕ



ਲਵਪ੍ਰੀਤ ਸਿੰਘ



ਜੰਨਵ ਸਿੰਘ



ਰੌਸ਼ਨਪ੍ਰੀਤ



ਵਕੀਲ ਖਾਨ ਤੇ ਨਰਗਿਸ ਨੂੰ ਵਿਆਹ ਦੀ ਵਰ੍ਹੇਗੰਢ ਮੁਬਾਰਕ

## ਅਭੈ 5 ਸੈੱਟਾਂ ਦੇ ਰੋਮਾਂਚਕ ਮੁਕਾਬਲੇ ’ਚ ਹਾਰਿਆ

ਨਵੀਂ ਦਿੱਲੀ, 8 ਅਪ੍ਰੈਲ (ਚ.ਨ.ਸ.) : ਭਾਰਤ ਦਾ ਚੋਟੀ ਦਾ ਖਿਡਾਰੀ ਅਭੈ ਸਿੰਘ ਮਿਸਰ ਦੇ ਐੱਲ ਗੌਨਾ ’ਚ ਚੱਲ ਰਹੀ ਪੀ. ਐੱਸ. ਏ. ਪਲੈਟੀਨਮ ਪ੍ਰਤੀਯੋਗਿਤਾ ਐੱਲ ਗੌਨਾ ਓਪਨ ਸਕੁਐਸ਼ ਦੇ ਪੁਰਸ਼ ਵਰਗ ਦੇ ਦੂਜੇ ਦੌਰ ’ਚ 5 ਸੈੱਟਾਂ ਤੱਕ ਚੱਲੇ ਰੋਮਾਂਚਕ ਮੁਕਾਬਲੇ ’ਚ ਸਥਾਨਕ ਖਿਡਾਰੀ ਯੂਸਫ ਇਬਰਾਹਿਮ ਤੋਂ ਹਾਰ ਗਿਆ।ਵਿਸ਼ਵ ’ਚ 25ਵੇਂ ਨੰਬਰ ਦੇ ਖਿਡਾਰੀ ਅਭੈ ਸੋਮਵਾਰ ਨੂੰ ਖੇਡੇ ਗਏ ਮੈਚ ’ਚ ਮਿਸਰ ਦੇ 6ਵਾਂ ਦਰਜਾ ਪ੍ਰਾਪਤ ਖਿਡਾਰੀ ਇਬਰਾਹਿਮ ਤੋਂ 7-11, 11-9, 9-11, 11-5, 11-8 ਨਾਲ ਹਾਰਿਆ। ਇਹ ਮੈਚ 68 ਮਿੰਟ ਤੱਕ ਚੱਲਿਆ ਜਿਸ ਨਾਲ ਇਬਰਾਹਿਮ ਨੇ ਖਿਤਾਬ ਲਈ ਆਪਣੀ ਦਾਅਵੇਦਾਰੀ ਮਜ਼ਬੂਤ ਕਰ ਲਈ ਹੈ।




## ਨਗਰ ਨਿਗਮ ਦੀ ਬੈਠਕ 'ਚ ਕਰੋੜਾਂ ਦੇ ਮਤੇ ਪਾਸ: ਬਿਨਾਂ ਚਰਚਾ 88 ਕਰੋੜ ਦੇ ਪ੍ਰੋਜੈਕਟਾਂ ਨੂੰ ਹਰੀ ਝੰਡੀ



ਬਠਿੰਡਾ, 8 ਅਪ੍ਰੈਲ (ਦੀਪਕ ਸ਼ਰਮਾ) : ਨਗਰ ਨਿਗਮ ਬਠਿੰਡਾ ਦੀ ਮੰਗਲਵਾਰ ਨੂੰ ਹੋਈ ਜਨਰਲ ਹਾਊਸ ਦੀ ਬੈਠਕ ਵਿੱਚ ਕਰੋੜਾਂ ਰੁਪਏ ਦੇ ਪ੍ਰਸਤਾਵਾਂ ਨੂੰ ਬਿਨਾਂ ਕਿਸੇ ਵਿਸਤ੍ਰਿਤ ਚਰਚਾ ਦੇ ਪਾਸ ਕਰ ਦਿੱਤਾ ਗਿਆ। ਹੈਰਾਨੀ ਦੀ ਗੱਲ ਇਹ ਰਹੀ ਕਿ ਬੀਤੀ 2 ਅਪ੍ਰੈਲ ਨੂੰ ਜਿਨ੍ਹਾਂ 88 ਕਰੋੜ ਦੇ ਪ੍ਰੋਜੈਕਟਾਂ 'ਤੇ ਹੰਗਾਮਾ ਹੋਇਆ ਸੀ ਅਤੇ ਜਿਨ੍ਹਾਂ ਨੂੰ ਪੈਂਡਿੰਗ ਰੱਖਿਆ ਗਿਆ ਸੀ, ਉਨ੍ਹਾਂ ਨੂੰ ਇਸ ਵਾਰ ਏਜੰਡੇ ਵਿੱਚ ਸ਼ਾਮਲ ਕੀਤੇ ਬਿਨਾਂ ਹੀ ਅਚਾਨਕ ਮਨਜ਼ੂਰੀ ਦੇ ਦਿੱਤੀ ਗਈ। ਇਨ੍ਹਾਂ ਵਿੱਚ ਸ਼ਹਿਰ ਦੀ ਸੜਕ ਸਫਾਈ ਲਈ 54 ਕਰੋੜ ਅਤੇ ਸੜਕਾਂ ਦੀ ਉਸਾਰੀ ਲਈ 34 ਕਰੋੜ ਰੁਪਏ ਦਾ ਖ਼ਰਚਾ ਸ਼ਾਮਲ ਹੈ।ਖ਼ਾਸ ਗੱਲ ਇਹ ਹੈ ਕਿ ਪਹਿਲਾਂ ਇਹ ਖ਼ਰਚਾ ਕੇਂਦਰ ਜਾਂ ਰਾਜ ਸਰਕਾਰ ਤੋਂ ਮਿਲਣ ਵਾਲੇ ਫੰਡਾਂ ਰਾਹੀਂ ਕੀਤਾ ਜਾਣਾ ਸੀ, ਪਰ ਹੁਣ ਨਿਗਮ ਨੇ ਇਸ ਨੂੰ ਆਪਣੇ ਮਿਊਂਸਪਲ ਫੰਡ ਵਿੱਚੋਂ ਖ਼ਰਚਣ ਦਾ ਫੈਸਲਾ ਕੀਤਾ ਹੈ। ਇਸ ਫੈਸਲੇ ਨੇ ਨਿਗਮ ਦੀ ਵਿੱਤੀ ਹਾਲਤ ਤੇ ਸਵਾਲ ਖੜ੍ਹੇ ਕਰ ਦਿੱਤੇ ਹਨ, ਕਿਉਂਕਿ ਪਾਰਸ਼ਦਾਂ ਅਨੁਸਾਰ ਨਿਗਮ ਪਹਿਲਾਂ ਹੀ ਦੇਣਦਾਰੀਆਂ ਪੂਰੀਆਂ ਕਰਨ ਲਈ ਜੂਝ ਰਿਹਾ ਹੈ। ਪਾਰਸ਼ਦ ਮਾਸਟਰ ਹਰਮੰਦਰ ਸਿੰਘ ਅਤੇ ਸੰਜੀਵ ਬੱਬੀ ਨੇ ਪਿਛਲੀ ਬੈਠਕ ਵਿੱਚ ਚਿਤਾਵਨੀ ਦਿੱਤੀ ਸੀ ਕਿ ਬਿਨਾਂ ਫੰਡਾਂ ਦੇ ਟੈਂਡਰ ਜਾਰੀ ਕਰਨ ਨਾਲ ਭਵਿੱਖ ਵਿੱਚ ਕਾਨੂੰਨੀ ਪੇਚ ਫਸ ਸਕਦੇ ਹਨ, ਪਰ ਇਸ ਵਾਰ ਬਿਨਾਂ ਕਿਸੇ ਬਹਿਸ ਦੇ 30 ਪਾਰਸ਼ਦਾਂ ਦੀ ਸਹਿਮਤੀ ਲੈ ਲਈ ਗਈ।ਬੈਠਕ ਵਿੱਚ ਹੋਰ ਵੀ ਕਈ ਅਹਿਮ ਫੈਸਲੇ ਲਏ ਗਏ, ਜਿਸ ਵਿੱਚ 59 ਸੀਵਰੇਜਮੈਨਾਂ ਨੂੰ ਨਿਗਮ ਵਿੱਚ ਸ਼ਾਮਲ ਕਰਨਾ, ਸਫਾਈ ਸੇਵਕਾਂ ਦਾ ਕਾਰਜਕਾਲ ਵਧਾਉਣਾ ਅਤੇ ਅਮਰੀਕ ਸਿੰਘ ਰੋਡ ਤੇ ਇੱਕ ਸਰਕਾਰੀ ਪਲਾਟ ਦੀ ਨਿਲਾਮੀ ਸ਼ਾਮਲ ਹੈ। ਇਸ ਪਲਾਟ ਦੀ ਰਿਜ਼ਰਵ ਕੀਮਤ 1.25 ਲੱਖ ਰੁਪਏ ਪ੍ਰਤੀ ਗਜ਼ ਤੈਅ ਕੀਤੀ ਗਈ ਹੈ। ਨਿਗਮ ਦਾ ਮੌਜੂਦਾ ਕਾਰਜਕਾਲ ਇਸੇ ਮਹੀਨੇ ਖ਼ਤਮ ਹੋ ਰਿਹਾ ਹੈ ਅਤੇ 10 ਅਪ੍ਰੈਲ ਨੂੰ ਆਖ਼ਰੀ ਬੈਠਕ ਹੋਣੀ ਤੈਅ ਹੈ, ਜਿਸ ਕਾਰਨ ਅੰਤਿਮ ਦਿਨਾਂ ਵਿੱਚ ਲਏ ਜਾ ਰਹੇ ਇਨ੍ਹਾਂ ਵੱਡੇ ਵਿੱਤੀ ਫੈਸਲਿਆਂ ਨੂੰ ਲੈ ਕੇ ਸ਼ਹਿਰ ਵਿੱਚ ਚਰਚਾ ਦਾ ਬਾਜ਼ਾਰ ਗਰਮ ਹੈ।

## ਵਿਧਾਇਕ ਬਲਕਾਰ ਸਿੱਧੂ ਨੇ ਜਲਾਲ-ਹਾਕਮ ਸਿੰਘ ਵਾਲਾ ਸੜਕ ਦਾ ਨਿਰਮਾਣ ਕਾਰਜ ਸ਼ੁਰੂ ਕਰਵਾਇਆ



ਭਗਤਾ ਭਾਈ ਕਾ, 8 ਅਪ੍ਰੈਲ (ਸਵਰਨ ਸਿੰਘ ਭਗਤਾ): ਹਲਕਾ ਰਾਮਪੁਰਾ ਫੂਲ ਦੇ ਅਧੀਨ ਆਉਂਦੇ ਪਿੰਡ ਜਲਾਲ ਤੋਂ ਹਾਕਮ ਸਿੰਘ ਵਾਲਾ ਤੱਕ ਬਣਨ ਵਾਲੀ 18 ਫੁੱਟ ਚੌੜੀ ਮੁੱਖ ਸੜਕ ਦੇ ਨਿਰਮਾਣ ਕਾਰਜਾਂ ਦੀ ਅੱਜ ਸ਼ੁਰੂਆਤ ਹਲਕਾ ਵਿਧਾਇਕ ਬਲਕਾਰ ਸਿੱਧੂ ਨੇ ਕਰਵਾਈ। ਲਗਭਗ 8 ਕਰੋੜ 10 ਲੱਖ ਰੁਪਏ ਦੀ ਲਾਗਤ ਨਾਲ ਬਣ ਰਹੀ ਇਸ ਸੜਕ ਨਾਲ ਇਲਾਕੇ ਦੇ ਲੋਕਾਂ ਦੀ 11 ਸਾਲਾਂ ਦੀ ਲੰਮੀ ਉਡੀਕ ਖਤਮ ਹੋ ਗਈ ਹੈ ਅਤੇ ਪਿੰਡਾਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਹੈ।ਇਹ ਸੜਕ ਇਤਿਹਾਸਕ ਨਗਰ ਸਮਾਧ ਭਾਈ ਨਾਲ ਜੋੜਦੀ ਹੈ, ਜਿੱਥੇ ਨਾਨਕਸਰ ਗੁਰੂਦੁਆਰਾ ਸਾਹਿਬ ਅਤੇ ਭਾਈ ਰੂਪ ਚੰਦ ਗੁਰਦੁਆਰਾ ਸਾਹਿਬ ਸਥਿਤ ਹਨ।ਮੇਲਿਆਂ ਤੇ ਧਾਰਮਿਕ ਸਮਾਗਮਾਂ ਦੌਰਾਨ ਹਜ਼ਾਰਾਂ ਸ਼ਰਧਾਲੂ ਇਸ ਰਸਤੇ ਦੀ ਵਰਤੋਂ ਕਰਦੇ ਹਨ,ਪਰ ਪਿਛਲੇ ਕਈ ਸਾਲਾਂ ਤੋਂ ਸੜਕ ਦੀ ਖ਼ਰਾਬ ਹਾਲਤ ਕਾਰਨ ਲੋਕਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ।ਹੁਣ ਇਸ ਨਵੇਂ ਪ੍ਰੋਜੈਕਟ ਨਾਲ ਆਵਾਜਾਈ ਪ੍ਰਣਾਲੀ ਵਿੱਚ ਵੱਡਾ ਸੁਧਾਰ ਆਵੇਗਾ।ਇਸ ਮੌਕੇ ਵਿਧਾਇਕ ਬਲਕਾਰ ਸਿੱਧੂ ਨੇ ਕਿਹਾ ਕਿ ਇਹ ਸੜਕ ਸਿਰਫ਼ ਇੱਕ ਰਸਤਾ ਨਹੀਂ,ਸਗੋਂ ਇਲਾਕੇ ਦੇ ਵਿਕਾਸ ਦੀ ਨਵੀਂ ਦਿਸ਼ਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬਾ ਪੱਧਰ 'ਤੇ ਕਿਸਾਨਾਂ, ਵਪਾਰੀਆਂ ਅਤੇ ਆਮ ਲੋਕਾਂ ਲਈ ਕਈ ਇਤਿਹਾਸਕ ਫ਼ੈਸਲੇ ਲਏ ਗਏ ਹਨ। ਉਨ੍ਹਾਂ ਕਿਹਾ ਕਿ ਔਰਤਾਂ ਦੀ ਸੁਰੱਖਿਆ ਅਤੇ ਸਸ਼ਕਤੀਕਰਨ ਲਈ ਵੱਖ-ਵੱਖ ਸਕੀਮਾਂ ਲਾਗੂ ਕੀਤੀਆਂ ਗਈਆਂ ਹਨ ਅਤੇ ਪਰਿਵਾਰਾਂ ਲਈ 10 ਲੱਖ ਰੁਪਏ ਤੱਕ ਦੇ ਸਿਹਤ ਬੀਮਾ ਕਵਰ ਨਾਲ ਲੋਕਾਂ ਨੂੰ ਵੱਡੀ ਰਾਹਤ ਮਿਲ ਰਹੀ ਹੈ। ਇਸ ਦੇ ਨਾਲ ਹੀ ਧਾਰਮਿਕ ਯਾਤਰਾ ਯੋਜਨਾਵਾਂ ਰਾਹੀਂ ਸੰਗਤਾਂ ਨੂੰ ਤੀਰਥ ਸਥਾਨਾਂ ਦੇ ਦਰਸ਼ਨ ਕਰਵਾਏ ਜਾ ਰਹੇ ਹਨ।ਬਲਕਾਰ ਸਿੱਧੂ ਨੇ ਦੱਸਿਆ ਕਿ ਸੂਬੇ ਵਿੱਚ ਮੁਫ਼ਤ ਬਿਜਲੀ ਸਕੀਮ ਨਾਲ ਲੱਖਾਂ ਪਰਿਵਾਰਾਂ ਨੂੰ ਸਿੱਧਾ ਲਾਭ ਮਿਲ ਰਿਹਾ ਹੈ। ਮੁਹੱਲਾ ਕਲੀਨਿਕਾਂ ਰਾਹੀਂ ਲੋਕਾਂ ਨੂੰ ਘਰ ਦੇ ਨੇੜੇ ਹੀ ਮੁਫ਼ਤ ਇਲਾਜ ਦੀ ਸਹੂਲਤ ਦਿੱਤੀ ਜਾ ਰਹੀ ਹੈ, ਜਦਕਿ ਸਰਕਾਰੀ ਸਕੂਲਾਂ ਵਿੱਚ ਸੁਧਾਰ ਕਰਕੇ ਸਿੱਖਿਆ ਪ੍ਰਣਾਲੀ ਨੂੰ ਨਵੀਆਂ ਉਚਾਈਆਂ 'ਤੇ ਲਿਆਂਦਾ ਗਿਆ ਹੈ।ਇਸ ਦੌਰਾਨ ਉਨ੍ਹਾਂ ਵਿਰੋਧੀ ਪਾਰਟੀਆਂ 'ਤੇ ਵੀ ਤਿੱਖਾ ਹਮਲਾ ਬੋਲਦਿਆਂ ਕਿਹਾ ਕਿ ਪਿਛਲੀਆਂ ਸਰਕਾਰਾਂ ਦੇ ਕੁਝ ਨੇਤਾ ਕਦੇ ਵੀ ਕਿਸਾਨਾਂ ਦੇ ਹਿੱਤਾਂ ਦੇ ਸੱਚੇ ਹਿਮਾਇਤੀ ਨਹੀਂ ਰਹੇ। ਉਨ੍ਹਾਂ ਦੋਸ਼ ਲਗਾਇਆ ਕਿ ਇਹ ਨੇਤਾ ਆਪਣੇ ਸਮੇਂ ਦੌਰਾਨ ਲੋਕਾਂ ਦੀ ਭਲਾਈ ਦੀ ਥਾਂ ਆਪਣੇ ਘਰ ਕਥਿਤ ਭ੍ਰਿਸ਼ਟਾਚਾਰ ਨਾਲ ਭਰਦੇ ਰਹੇ, ਜਦਕਿ ਮੌਜੂਦਾ ਸਰਕਾਰ ਲੋਕਾਂ ਦੀ ਸੇਵਾ ਨੂੰ ਪਹਿਲ ਦੇ ਰਹੀ ਹੈ।ਉਨ੍ਹਾਂ ਕਿਹਾ ਕਿ ਅੱਜ ਹਲਕੇ ਵਿੱਚ ਸੜਕਾਂ, ਪਾਣੀ, ਬਿਜਲੀ ਅਤੇ ਹੋਰ ਬੁਨਿਆਦੀ ਢਾਂਚੇ ਨਾਲ ਜੁੜੇ ਕਰੋੜਾਂ ਰੁਪਏ ਦੇ ਵਿਕਾਸ ਕਾਰਜ ਚੱਲ ਰਹੇ ਹਨ, ਜਿਸ ਨਾਲ ਇਲਾਕੇ ਨੂੰ ਨਵੀਂ ਪਛਾਣ ਮਿਲ ਰਹੀ ਹੈ। ਇਸ ਮੌਕੇ ਬੇਅੰਤ ਸਿੰਘ ਧਾਲੀਵਾਲ ਚੇਅਰਮੈਨ ਮਾਰਕੀਟ ਕਮੇਟੀ ਭਗਤਾ,ਗੁਰਪ੍ਰੀਤ ਸਿੰਘ ਸਾਬਕਾ ਚੇਅਰਮੈਨ ਬਲਾਕ ਸੰਮਤੀ, ਸਰਪੰਚ ਹਰਪ੍ਰੀਤ ਸਿੰਘ ਭੋਡੀਪੁਰਾ,ਕੁਲਦੀਪ ਸਿੰਘ ਸਰਪੰਚ ਕੋਇਰ ਸਿੰਘ ਵਾਲਾ,ਭਿੰਦਾ ਅਕਲੀਆ ਸੀਨੀਅਰ ਆਪ ਆਗੂ, ਹਰਦੇਵ ਬੁੱਟਰ ਹਾਕਮ ਸਿੰਘ ਵਾਲਾ,ਨੌਜਵਾਨ ਆਗੂ ਗੁਰਪ੍ਰੀਤ ਜਲਾਲ ਤੋਂ ਇਲਾਵਾਸਥਾਨਕ ਲੋਕਾਂ ਨੇ ਇਸ ਪ੍ਰੋਜੈਕਟ ਦੀ ਸ਼ੁਰੂਆਤ 'ਤੇ ਖੁਸ਼ੀ ਜਤਾਈ ਅਤੇ ਹਲਕਾ ਵਿਧਾਇਕ ਬਲਕਾਰ ਸਿੱਧੂ ਤੇ ਸਰਕਾਰ ਦਾ ਧੰਨਵਾਦ ਕੀਤਾ। ਉਨ੍ਹਾਂ ਆਸ ਪ੍ਰਗਟਾਈ ਕਿ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਵਿਕਾਸ ਕਾਰਜ ਲਗਾਤਾਰ ਜਾਰੀ ਰਹਿਣਗੇ।

## ਸਿਹਤ ਸੇਵਾਵਾਂ ਹੋਈਆਂ ਹਾਈਟੈੱਕ: ਬਠਿੰਡਾ ਦੀਆਂ ਮੋਬਾਈਲ ਟੀਮਾਂ ਹੁਣ ਲੈਪਟਾਪ ਨਾਲ ਲੈਸ



ਬਠਿੰਡਾ, 8 ਅਪ੍ਰੈਲ (ਦੀਪਕ ਸ਼ਰਮਾ) : ਜ਼ਿਲ੍ਹਾ ਬਠਿੰਡਾ ਵਿੱਚ ਸਿਹਤ ਸੇਵਾਵਾਂ ਨੂੰ ਸਮੇਂ ਦੇ ਹਾਣੀ ਬਣਾਉਣ ਅਤੇ ਬੱਚਿਆਂ ਦੀ ਸਿਹਤ ਸੰਭਾਲ ਵਿੱਚ ਤੇਜ਼ੀ ਲਿਆਉਣ ਦੇ ਉਦੇਸ਼ ਨਾਲ ਇੱਕ ਅਹਿਮ ਕਦਮ ਚੁੱਕਿਆ ਗਿਆ ਹੈ। ਸਿਵਲ ਸਰਜਨ ਡਾ. ਤਪਿੰਦਰਜੋਤ ਵੱਲੋਂ ਆਰ.ਬੀ.ਐਸ.ਕੇ. (ਰਾਸ਼ਟਰੀ ਬਾਲ ਸਵਾਸਥ ਕਾਰਿਯਕ੍ਰਮ) ਅਧੀਨ ਕੰਮ ਕਰਦੀਆਂ ਮੋਬਾਈਲ ਹੈਲਥ ਟੀਮਾਂ ਨੂੰ ਵਿਸ਼ੇਸ਼ ਤੌਰ 'ਤੇ ਲੈਪਟਾਪ ਵੰਡੇ ਗਏ ਹਨ। ਇਸ ਉਪਰਾਲੇ ਦਾ ਮੁੱਖ ਮਕਸਦ 0 ਤੋਂ 18 ਸਾਲ ਤੱਕ ਦੇ ਬੱਚਿਆਂ ਦੀ ਸਿਹਤ ਸਬੰਧੀ ਜਾਣਕਾਰੀ ਨੂੰ ਤੁਰੰਤ ਡਿਜੀਟਲ ਰੂਪ ਵਿੱਚ ਦਰਜ ਕਰਨਾ ਹੈ।ਸਿਵਲ ਸਰਜਨ ਨੇ ਦੱਸਿਆ ਕਿ ਇਹ ਤਕਨਾਲੋਜੀ ਟੀਮਾਂ ਨੂੰ ਫੀਲਡ ਵਿੱਚ ਕੰਮ ਕਰਨ ਦੌਰਾਨ ਬਹੁਤ ਸਹਾਈ ਹੋਵੇਗੀ। ਹੁਣ ਬੱਚਿਆਂ ਵਿੱਚ ਜਨਮ ਤੋਂ ਪਾਈਆਂ ਜਾਣ ਵਾਲੀਆਂ ਖਾਮੀਆਂ ਜਾਂ ਬਿਮਾਰੀਆਂ ਦੀ ਪਛਾਣ ਹੁੰਦੇ ਹੀ ਉਨ੍ਹਾਂ ਦਾ ਡਾਟਾ ਆਨਲਾਈਨ ਅਪਡੇਟ ਹੋ ਸਕੇਗਾ, ਜਿਸ ਨਾਲ ਇਲਾਜ ਦੀ ਪ੍ਰਕਿਰਿਆ ਵਿੱਚ ਹੋਣ ਵਾਲੀ ਦੇਰੀ ਖ਼ਤਮ ਹੋਵੇਗੀ। ਇਹ ਕਦਮ ਸਿਹਤ ਸੇਵਾਵਾਂ ਦੀ ਗੁਣਵੱਤਾ ਨੂੰ ਹੋਰ ਨਿਖਾਰਨ ਵਿੱਚ ਮੀਲ ਦਾ ਪੱਥਰ ਸਾਬਤ ਹੋਵੇਗਾ।ਨੋਡਲ ਅਫ਼ਸਰ ਡਾ. ਮੀਨਾਕਸ਼ੀ ਸਿੰਗਲਾ ਨੇ ਜਾਣਕਾਰੀ ਦਿੱਤੀ ਕਿ ਲੈਪਟਾਪ ਮਿਲਣ ਨਾਲ ਬੱਚਿਆਂ ਦੇ ਵਿਕਾਸ ਵਿੱਚ ਦੇਰੀ ਜਾਂ ਪੋਸ਼ਣ ਦੀ ਘਾਟ ਵਰਗੀਆਂ ਸਮੱਸਿਆਵਾਂ ਦੀ ਟ੍ਰੈਕਿੰਗ ਅਤੇ ਫਾਲੋਅਪ ਕਰਨਾ ਹੁਣ ਪਹਿਲਾਂ ਨਾਲੋਂ ਕਿਤੇ ਜ਼ਿਆਦਾ ਆਸਾਨ ਅਤੇ ਪ੍ਰਭਾਵਸ਼ਾਲੀ ਹੋ ਜਾਵੇਗਾ। ਇਸ ਮੌਕੇ ਸਿਹਤ ਅਫ਼ਸਰ ਡਾ. ਊਸ਼ਾ ਗੋਇਲ ਅਤੇ ਕੋਆਰਡੀਨੇਟਰ ਮਨਫੂਲ ਸਿੰਘ ਸਮੇਤ ਹੋਰ ਮੈਂਬਰ ਵੀ ਮੌਜੂਦ ਸਨ, ਜਿਨ੍ਹਾਂ ਨੇ ਇਸ ਨੂੰ ਸਿਹਤ ਪ੍ਰਣਾਲੀ ਵਿੱਚ ਨਵੀਂ ਰੂਹ ਫੂਕਣ ਵਾਲਾ ਕਦਮ ਦੱਸਿਆ।

## ਰਜਵਾਹੇ 'ਤੇ ਓਵਰ ਬਰਿੱਜ ਬਣਨ ਦਾ ਮਾਮਲਾ ਹਾਈਕੋਰਟ ਪੁੱਜਿਆ ਅਦਾਲਤ ਵੱਲੋਂ ਧਿਰਾਂ ਨੂੰ ਜਵਾਬ ਦਾਅਵਾ ਦਾਇਰ ਕਰਨ ਲਈ 22 ਅਪਰੈਲ ਨਿਰਧਾਰਿਤ



ਧੂਰੀ, 8 ਅਪਰੈਲ (ਰਾਜੇਸ਼ਵਰ ਪਿੰਟੂ, ਅਮਨ ਗਰਗ) ਸਥਾਨਕ ਸ਼ਹਿਰ ਅੰਦਰ ਸ਼ੇਰੋ ਰਜਵਾਹੇ ਉਪਰ ਕਰੀਬ 55 ਕਰੋੜ ਰੁਪੈ ਦੀ ਲਾਗਤ ਨਾਲ ਬਣਨ ਜਾ ਰਿਹਾ ਰੇਲਵੇ ਓਵਰ ਬਰਿੱਜ ਉਸਾਰੀ ਸ਼ੁਰੂ ਤੋਂ ਪਹਿਲਾਂ ਹੀ ਰਜਵਾਹੇ ਕਿਨਾਰੇ ਵੱਸਦੇ ਲੋਕਾਂ ਵੱਲੋਂ ਕੀਤੇ ਜਾ ਰਹੇ ਵਿਰੋਧ ਕਾਰਨ ਵਿਵਾਦਾਂ ਚ ਆਉਣ ਤੋਂ ਬਾਅਦ ਹੁਣ ਮਾਮਲਾ ਪੰਜਾਬ ਐਂਡ ਹਰਿਆਣਾ ਹਾਈਕੋਰਟ ਪੁੱਜਣ ਕਾਰਨ ਪੁਲ ਦੀ ਉਸਾਰੀ ਦਾ ਕਾਰਜ ਲਮਕਣ ਦੀ ਸੰਭਾਵਨਾ ਬਣਦੀ ਜਾ ਰਹੀ ਹੈ ਅਤੇ ਪੁਲ ਦੀ ਉਸਾਰੀ ਦੇ ਵਿਰੋਧ ਚ ਪਾਈ ਗਈ ਲੋਕ ਹਿੱਤ ਪਟੀਸ਼ਨ ਨੂੰ ਮੰਨਜੂਰ ਕਰਦਿਆਂ ਸਬੰਧਤ ਧਿਰਾਂ ਵੱਲੋਂ ਜਵਾਬ ਦਾਵਾ ਦਾਇਰ ਕਰਨ ਲਈ ਸਮਾਂ ਮੰਗਣ ਤੇ ਅਦਾਲਤ ਨੇ ਨੋਟਿਸ ਆਫਵ ਮੋਸ਼ਨ ਜਾਰੀ ਕਰਦਿਆਂ ਅਗਲੀ ਪੇਸ਼ੀ 22 ਅਪਰੈਲ ਨਿਰਧਾਰਿਤ ਕੀਤੀ ਹੈ। ਪਟੀਸ਼ਨਕਰਤਾ ਅੰਮ੍ਰਿਤਰੂਪ ਸਿੰਘ ਧਾਲੀਵਾਲ ਨੇ ਮੁਹੱਲਾ ਨਿਵਾਸੀਆਂ ਦੀ ਹਾਜਰੀ ਚ ਦਾਇਰ ਕੀਤੀ ਲੋਕ ਹਿੱਤ ਪਟੀਸ਼ਨ ਬਾਰੇ ਦੱਸਦਿਆਂ ਧੂਰੀ ਸ਼ਹਿਰ ਦੇ ਰਿਹਾਇਸ਼ੀ ਖੇਤਰ ਚੋਂ ਲੰਘਦੇ ਸ਼ੇਰੋ ਰਜਵਾਹੇ ਤੇ ਓਵਰ ਬਰਿੱਜ ਬਣਾਉਣ ਦਾ ਵਿਰੋਧ ਕਰਦਿਆਂ ਦਲੀਲ ਦਿੱਤੀ ਕਿ ਪੁਲ ਦੇ ਨਿਰਮਾਣ ਕਾਰਨ ਜਿੱਥੇ 250 ਤੋਂ ਵਧੇਰੇ ਹਰੇ ਭਰੇ ਦਰਖੱਤਾਂ ਦਾ ਉਜਾੜਾ ਹੋਵੇਗਾ, ਉਥੇ ਓਵਰ ਬਰਿੱਜ ਦੀ ਉਸਾਰੀ ਦੀ ਲਾਗਤ ਪਹਿਲਾਂ ਤਜਵੀਜ ਅਧੀਨ ਅੰਡਰ ਬਰਿੱਜ ਦੇ ਖਰਚ ਹੋਣ ਵਾਲੇ ਕਰੀਬ 11 ਕਰੋੜ ਦੇ ਮੁਕਾਬਲੇ ਕਰੀਬ 55 ਕਰੋੜ ਰੁਪੈ ਲਾਗਤ ਆਵੇਗੀ, ਜਦੋਂਕਿ ਲੋਹਾ ਬਜਾਰ ਵਾਲੇ ਪਾਸੇ ਰੇਲ ਕਰਾਸਿੰਗ ਤੇ ਪੁਲ ਦੀ ਤਜਵੀਜ਼ ਸਿਰਫ਼ ਦੁਕਾਨਦਾਰਾਂ ਨੂੰ ਖੁਸ਼ ਕਰਨ ਲਈ ਬਦਲੀ ਗਈ, ਜਿੰਨ੍ਹਾਂ ਵੱਲੋਂ ਲੋਹਾ ਬਜਾਰ ਅੰਦਰ ਕਥਿਤ ਤੌਰ ਤੇ ਸਰਕਾਰੀ ਜਮੀਨ ਤੇ ਨਜਾਇਜ ਕਬਜਾ ਕੀਤਾ ਹੋਇਆ ਹੈ। ਪਟੀਸ਼ਨ ਕਰਤਾ ਨੇ ਕਿਹਾ ਕਿ ਰਜਵਾਹੇ ਤੇ ਪੁਲ ਬਣਾਉਣ ਦੀ ਸਰਕਾਰੀ ਤਜਵੀਜ ਦਾ ਲੋਕਾਂ ਵੱਲੋਂ ਵਿਰੋਧ ਕਰਨ ਅਤੇ ਉੱਚ ਅਧਿਕਾਰੀਆਂ ਕੋਲ ਲਿਖਤੀ ਵਿਰੋਧ ਦਰਜ਼ ਕਰਵਾਉਣ ਦੇ ਬਾਵਜੂਦ ਰਜਵਾਹੇ ਉਪਰ ਓਵਰ ਬਰਿੱਜ ਬਣਨ ਨਾਲ ਸਟੇਅ ਹਾਈਵੇਅ ਤੇ ਸਥਿਤ ਰੇਲਵੇ ਕਰਾਸਿੰਗ ਉੱਪਰ ਟਰੈਫਿਕ ਸਮੱਸਿਆ ਦਾ ਹੱਲ ਸੰਭਵ ਨਹੀਂ, ਕਿਉਂਕਿ ਓਵਰ ਬਰਿੱਜ ਦੇ ਨਿਰਮਾਣ ਦੇ ਬਾਵਜੂਦ ਰੇਲ ਕਰਾਸਿੰਗ ਜਾਰੀ ਰਹੇਗੀ, ਜਿਸ ਕਰਕੇ ਸ਼ਹਿਰ ਦੇ ਲੋਹਾ ਬਜਾਰ ਵਾਲੀ ਰੇਲਵੇ ਕਰਾਸਿੰਗ ਤੇ ਤਜਵੀਜ ਅਧੀਨ ਪੁਲ ਲੋਕ ਹਿੱਕ ਚ ਨਹੀਂ ਹੋਵੇਗਾ। ਪਟੀਸ਼ਨਰ ਨੇ ਰਜਵਾਹੇ ਤੇ ਓਵਰ ਬਰਿੱਜ ਦੇ ਨਿਰਮਾਣ ਦਾ ਵਿਰੋਧ ਕਰਦਿਆਂ ਕਿਹਾ ਕਿ ਰਜਵਾਹੇ ਤੇ ਪੁਲ ਬਣਨ ਨਾਲ ਰਿਹਾਇਸ਼ੀ ਖੇਤਰ ਚ ਪਾਣੀ ਭਰਨ ਦੇ ਖਦਸ਼ਿਆਂ ਨਾਲ ਲੋਕਾਂ ਨੂੰ ਅਨੇਕਾਂ ਦਿੱਕਤਾਂ ਦਾ ਸਾਹਮਣਾ ਕਰਨ ਲਈ ਮਜਬੂਰ ਹੋਣਾ ਪਵੇਗਾ। ਦੱਸਣਯੋਗ ਹੈ ਕਿ ਸਾਬਕਾ ਹਲਕਾ ਵਿਧਾਇਕ ਦਲਵੀਰ ਸਿੰਘ ਗੋਲਡੀ ਨੇ ਆਪਣੇ ਕਾਰਜਕਾਲ ਦੌਰਾਨ ਸਰਕਾਰ ਦੇ ਆਖਰੀ ਬਜਟ ਸ਼ੈਸਨ ਦੌਰਾਨ ਸ਼ਹਿਰ ਦੇ ਲੋਹਾ ਬਜਾਰ ਵਾਲੀ ਰੇਲਵੇ ਕਰਾਸਿੰਗ ਤੇ ਬਣਨ ਵਾਲੇ ਅੰਡਰ ਬਰਿੱਜ ਲਈ ਫੰਡ ਰਾਖਵੇਂ ਰਖਵਾ ਦਿੱਤੇ ਸਨ, ਪਰ ਪੰਜਾਬ ਚ ਸੱਤਾ ਤਬਦੀਲੀ ਹੋਣ ਕਾਰਨ ਇਹ ਪੁਲ ਦਾ ਮਾਮਲਾ ਕਿਸੇ ਤਣ ਪੱਤਣ ਨਹੀਂ ਲੱਗ ਸਕਿਆ।

## ਵਿਸ਼ਾਲ ਭਾਂਬਰੀ ਦੂਜੀ ਵਾਰ ਦੋਧੀ ਡੇਅਰੀ ਯੂਨੀਅਨ ਦੇ ਪ੍ਰਧਾਨ ਚੁਣੇ ਗਏ



ਭਵਾਨੀਗੜ੍ਹ, 8 ਅਪ੍ਰੈਲ (ਅਮਨਦੀਪ ਸਿੰਘ ਮਾਝਾ) : ਦੋਧੀ ਡੇਅਰੀ ਯੂਨੀਅਨ ਵੱਲੋਂ ਬਲਾਕ ਭਵਾਨੀਗੜ੍ਹ ਦੀ ਚੋਣ ਕੀਤੀ ਗਈ ਜਿਸ ਵਿੱਚ ਵਿਸ਼ਾਲ ਦੀਪ ਭਾਂਬਰੀ ਨੂੰ ਸਰਬਸੰਮਤੀ ਨਾਲ ਦੂਸਰੀ ਵਾਰ ਬਲਾਕ ਪ੍ਰਧਨ ਚੁਣਿਆ ਗਿਆ। ਇਸ ਮੌਕੇ ਤੇ ਬਾਕੀ ਮੈਂਬਰਾਂ ਨੇ ਗੱਲਬਾਤ ਕਰਦਿਆਂ ਕਿਹਾ ਕਿ ਵਿਸ਼ਾਲ ਭਾਂਬਰੀ ਵੱਲੋਂ ਇੱਕ ਸਾਲ ਦੇ ਕਾਰਜਕਾਲ ਵਿੱਚ ਬਹੁਤ ਵਧੀਆ ਕੰਮ ਕੀਤਾ ਗਿਆ। ਵਿਸ਼ਾਲ ਭਾਂਬਰੀ ਇਕ ਪ੍ਰਧਾਨ ਬਣਕੇ ਨਹੀਂ ਸੋਗ ਭਰਾਵਾਂ ਵਾਂਗ ਹਰੇਕ ਭਰਾ ਨਾਲ ਮੋਢੇ ਨਾਲ ਮੋਢਾ ਜੋੜਕੇ ਖੜ੍ਹੇ ਨਜ਼ਰ ਆਏ। ਇਸ ਮੌਕੇ ਤੇ ਮੈਂਬਰਾਂ ਵੱਲੋਂ ਵਿਸ਼ਾਲ ਭਾਂਬਰੀ ਦਾ ਬਰਫੀ ਨਾਲ ਮੂੰਹ ਮਿੱਠਾ ਕਰਵਾਇਆ ਗਿਆ ਅਤੇ ਹਾਰ ਪਾਕੇ ਵਿਸ਼ਾਲ ਭਾਂਬਰੀ ਨੂੰ ਵਧਾਈ ਦਿੱਤੀ ਗਈ । ਵਿਸ਼ਾਲ ਭਾਂਬਰੀ ਨੇ ਕਿਹਾ ਕਿ ਉਹ ਆਪਣੇ ਭਾਈਚਾਰੇ ਨਾਲ ਹਮੇਸ਼ਾਂ ਮੋਢੇ ਨਾਲ ਮੋਢਾ ਜੋੜਕੇ ਅੱਗੇ ਖੜ੍ਹੇ ਮਿਲਣਗੇ।

## ਮਾਤਾ ਸੁੰਦਰੀ ਗਰਲਜ਼ ਕਾਲਜ ਦੇ ਨਤੀਜੇ ਰਹੇ ਸ਼ਾਨਦਾਰ



ਤਲਵੰਡੀ ਸਾਬੋ, 8 ਅਪ੍ਰੈਲ: ਸੰਦੀਪ ਜੋਸੀ : ਲੜਕੀਆਂ ਦੀ ਸਿੱਖਿਆ ਦੇ ਖੇਤਰ ਵਿੱਚ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਆਪਣੀ ਵਿਲੱਖਣ ਪਹਿਚਾਣ ਬਣਾਉਣ ਵਾਲੀ ਇਲਾਕੇ ਦੀ ਪ੍ਰਸਿੱਧ ਸੰਸਥਾ ਮਾਤਾ ਸੁੰਦਰੀ ਗਰੁੱਪ ਆਫ਼ ਇੰਸਟੀਚਿਊਸ਼ਨਜ਼, ਢੱਡੇ (ਬਠਿੰਡਾ) ਦੀ ਇਕਾਈ ਮਾਤਾ ਸੁੰਦਰੀ ਗਰਲਜ਼ ਕਾਲਜ ਦੇ ਬੀ.ਏ. ਭਾਗ ਪਹਿਲਾ, ਸਮੈਸਟਰ ਦੂਜਾ ਦੇ ਮਈ 2025 ਦੇ ਨਤੀਜੇ, ਜੋ ਕਿ ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਐਲਾਨੇ ਗਏ, ਬੇਹੱਦ ਸ਼ਾਨਦਾਰ ਰਹੇ ਹਨ।ਸੰਸਥਾ ਦੀਆਂ ਵਿਦਿਆਰਥਣਾਂ ਦੀ ਮਿਹਨਤ, ਲਗਨ ਅਤੇ ਸਮਰਪਣ ਨੇ ਅਕਾਦਮਿਕ ਖੇਤਰ ਵਿੱਚ ਕਾਲਜ ਦੀ ਮਜ਼ਬੂਤ ਅਤੇ ਉੱਚ ਪੱਧਰੀ ਪਛਾਣ ਬਣਾਈ ਹੈ। ਇਸ ਮੌਕੇ ਸੰਸਥਾ ਦੇ ਚੇਅਰਮੈਨ ਸ੍ਰੀ ਕੁਲਵੰਤ ਸਿੰਘ ਸਿੱਧੂ ਅਤੇ ਐਮ.ਡੀ. ਸ੍ਰੀ ਗੁਰਬਿੰਦਰ ਸਿੰਘ ਬੱਲੀ ਨੇ ਸਾਰੀਆਂ ਵਿਦਿਆਰਥਣਾਂ ਨੂੰ ਉਨ੍ਹਾਂ ਦੀ ਕਾਮਯਾਬੀ ਲਈ ਦਿਲੋਂ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਚੰਗੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਇਹ ਸ਼ਾਨਦਾਰ ਨਤੀਜੇ ਕਾਲਜ ਦੀ ਗੁਣਵੱਤਾ-ਪੂਰਨ ਸਿੱਖਿਆ ਅਤੇ ਵਿਦਿਆਰਥਣਾਂ ਦੀ ਲਗਨ ਦਾ ਸਪੱਸ਼ਟ ਨਤੀਜਾ ਹਨ।ਡਾਇਰੈਕਟਰ ਐਡਮਿਨਿਸਟ੍ਰੇਸ਼ਨ ਸ੍ਰੀ ਪਰਮਿੰਦਰ ਸਿੰਘ ਸਿੱਧੂ ਨੇ ਵੀ ਇਸ ਉਪਲਬਧੀ 'ਤੇ ਖੁਸ਼ੀ ਪ੍ਰਗਟ ਕਰਦੇ ਹੋਏ ਕਿਹਾ ਕਿ ਇਹ ਸਫਲਤਾ ਸੰਸਥਾ ਦੇ ਸਮਰਪਿਤ ਅਧਿਆਪਕਾਂ, ਵਿਦਿਆਰਥਣਾਂ ਦੀ ਸਖ਼ਤ ਮਿਹਨਤ ਅਤੇ ਮਾਪਿਆਂ ਦੇ ਸਹਿਯੋਗ ਦਾ ਨਤੀਜਾ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਸੰਸਥਾ ਹਮੇਸ਼ਾ ਗੁਣਵੱਤਾ-ਪੂਰਨ ਸਿੱਖਿਆ, ਨਵੀਨਤਮ ਤਕਨਾਲੋਜੀ ਅਤੇ ਨੈਤਿਕ ਮੁੱਲਾਂ ਦੇ ਸਮਨ੍ਹਯ ਨਾਲ ਵਿਦਿਆਰਥਣਾਂ ਦੇ ਸਰਵਪੱਖੀ ਵਿਕਾਸ ਲਈ ਵਚਨਬੱਧ ਹੈ।ਕਾਲਜ ਦੇ ਪ੍ਰਿੰਸੀਪਲ ਪ੍ਰੋ. ਰਾਜ ਸਿੰਘ ਬਾਘਾ ਨੇ ਵਿਦਿਆਰਥਣਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਉਨ੍ਹਾਂ ਦੀ ਦਿਨ-ਰਾਤ ਦੀ ਮਿਹਨਤ ਅਤੇ ਅਧਿਆਪਕਾਂ ਦੀ ਲਗਨ ਦਾ ਨਤੀਜਾ ਹੈ। ਉਨ੍ਹਾਂ ਵਿਸ਼ਵਾਸ ਜਤਾਇਆ ਕਿ ਵਿਦਿਆਰਥਣਾਂ ਭਵਿੱਖ ਵਿੱਚ ਵੀ ਯੂਨੀਵਰਸਿਟੀ ਮੈਰਿਟ ਵਿੱਚ ਆਪਣਾ ਸਥਾਨ ਬਣਾਉਣਗੀਆਂ।

## ਪ੍ਰੈਸ ਕਲੱਬ ਭਵਾਨੀਗੜ੍ਹ ਦੇ ਮੇਜਰ ਸਿੰਘ ਮੱਟਰਾਂ ਬਣੇ ਪ੍ਰਧਾਨ



ਭਵਾਨੀਗੜ੍ਹ, 8 ਅਪ੍ਰੈਲ (ਅਮਨਦੀਪ ਸਿੰਘ ਮਾਝਾ) : ਪ੍ਰੈਸ ਕਲੱਬ ਭਵਾਨੀਗੜ੍ਹ ਰਜਿ ਦੀ ਸਾਲਾਨਾ ਚੋਣ ਮੀਟਿੰਗ ਗੁਰਵਿੰਦਰ ਸਿੰਘ ਰੋਮੀ ਦੀ ਪ੍ਰਧਾਨਗੀ ਹੇਠ ਕੀਤੀ ਗਈ। ਮੀਟਿੰਗ ਵਿੱਚ ਗੁਰਵਿੰਦਰ ਸਿੰਘ ਰੋਮੀ ਨੇ ਆਪਣੇ ਕਾਰਜਕਾਲ ਦੌਰਾਨ ਸਾਰੇ ਮੈਂਬਰਾਂ ਵੱਲੋਂ ਦਿੱਤੇ ਸਹਿਯੋਗ ਦਾ ਧੰਨਵਾਦ ਕਰਦਿਆਂ ਪੁਰਾਣੀ ਬਾਡੀ ਭੰਗ ਕਰਨ ਦਾ ਐਲਾਨ ਕੀਤਾ। ਇਸ ਉਪਰੰਤ ਸਰਬਸੰਮਤੀ ਨਾਲ ਚੋਣ ਕੀਤੀ ਗਈ, ਜਿਸ ਵਿੱਚ ਮੇਜਰ ਸਿੰਘ ਮੱਟਰਾਂ ਪ੍ਰਧਾਨ, ਗੁਰਵਿੰਦਰ ਸਿੰਘ ਰੋਮੀ ਚੇਅਰਮੈਨ, ਇਕਬਾਲ ਸਿੰਘ ਫੱਗੂਵਾਲਾ ਸਰਪ੍ਰਸਤ, ਵਿਜੇ ਸਿੰਗਲਾ ਸੀਨੀਅਰ ਮੀਤ ਪ੍ਰਧਾਨ, ਅਮਨਦੀਪ ਸਿੰਘ ਮਾਝਾ ਜਨਰਲ ਸਕੱਤਰ, ਮਨਦੀਪ ਅੱਤਰੀ ਖਜਾਨਚੀ, ਗੁਰਦਰਸ਼ਨ ਸਿੰਘ ਸਿੱਧੂ ਮੀਤ ਪ੍ਰਧਾਨ, ਸੋਹਣ ਸਿੰਘ ਸੋਢੀ ਮੀਤ ਪ੍ਰਧਾਨ, ਭੀਮਾ ਭੱਟੀਵਾਲ ਦਫਤਰ ਸਕੱਤਰ,ਜਤਿੰਦਰ ਸੈਂਟੀ ਸਹਾਇਕ ਸਕੱਤਰ ਚੁਣੇ ਗਏ।ਇਸ ਤੋਂ ਇਲਾਵਾ ਪ੍ਰੇਮਜੀਤ ਸਿੰਘ ਗਰੇਵਾਲ, ਕ੍ਰਿਸ਼ਨ ਗਰਗ, ਰਾਜ ਕੁਮਾਰ ਖੁਰਮੀ, ਰਸ਼ਪਿੰਦਰ ਪ੍ਰਿੰਸ਼, ਹੈਪੀ ਸ਼ਰਮਾ ਅਤੇ ਰਾਜੀਵ ਸ਼ਰਮਾ ਅਗਜੈਕਟਿਵ ਕਮੇਟੀ ਮੈਂਬਰ ਬਣਾਏ ਗਏ।

## ਸ੍ਰੀ ਗੁਰੂ ਤੇਗ ਬਹਾਦਰ ਜੀ ਦਾ ਪ੍ਰਕਾਸ਼ ਉਤਸਵ ਸ਼ਰਧਾ ਨਾਲ ਮਨਾਇਆ



ਭਵਾਨੀਗੜ੍ਹ, 8 ਅਪ੍ਰੈਲ (ਅਮਨਦੀਪ ਸਿੰਘ ਮਾਝਾ ) : ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਭਵਾਨੀਗੜ੍ਹ ਵਿਖੇ ਸ਼੍ਰੀ ਗੁਰੂ ਤੇਗ ਬਹਾਦਰ ਜੀ ਦਾ ਪ੍ਰਕਾਸ਼ ਉਤਸਵ ਪੂਰੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਤਿੰਨ ਦਿਨਾਂ ਤੋਂ ਸ਼੍ਰੀ ਅਖੰਡ ਪਾਠ ਸਾਹਿਬ ਪ੍ਰਕਾਸ਼ ਕਰਵਾਏ ਜਿੰਨ੍ਹਾਂ ਦੇ ਅੱਜ ਭੋਗ ਪਾਏ ਗਏ। ਪਹਿਲੇ ਸ਼੍ਰੀ ਅਖੰਡ ਪਾਠ ਪ੍ਰਕਾਸ਼ ਕਰਵਾਕੇ ਨਗਰ ਕੀਰਤਨ ਵੀ ਸਜਾਇਆ ਗਿਆ। ਵਿਚਕਾਰਲੇ ਦਿਨ ਭਾਈ ਜਸਵਿੰਦਰ ਸਿੰਘ ਹੈੱਡ ਰਾਗੀ ਦੂਖਨਿਵਾਰਨ ਸਾਹਿਬ ਪਟਿਆਲਾ ਅਤੇ ਭਾਈ ਜਗਤਾਰ ਸਿੰਘ ਤਲਵੰਡੀ ਸਾਬੋ ਨੇ ਕਥਾ ਵਿਚਾਰਾਂ ਦੀ ਸਾਂਝ ਪਾਈ। ਗੁਰਦੁਆਰਾ ਸਾਹਿਬ ਦੇ ਮੈਨੇਜਰ ਜਗਜੀਤ ਸਿੰਘ ਸੰਗਤਪੁਰਾ ਨੇ ਸੰਗਤਾਂ ਦਾ ਧੰਨਵਾਦ ਕਰਦਿਆਂ ਦੱਸਿਆ ਕਿ ਅੱਜ ਭੋਗ ਉਪਰੰਤ ਭਾਈ ਚਮਕੌਰ ਸਿੰਘ ਕਕਰਾਲਾ ਢਾਡੀ ਜਥਾ, ਭਾਈ ਗੁਰਸੇਵਕ ਸਿੰਘ ਅਤੇ ਭਾਈ ਮੰਗਾ ਸਿੰਘ ਪ੍ਰਚਾਰਕ ਅਤੇ ਭਾਈ ਜੀਵਨ ਸਿੰਘ ਘਰਾਚੋਂ ਦੇ ਕਵੀਸ਼ਰੀ ਜਥੇ ਨੇ ਗੁਰਬਾਣੀ ਦੀ ਸਾਂਝ ਪਾਈ। 61 ਵਿਅਕਤੀਆਂ ਨੇ ਖੂਨਦਾਨ ਦੀ ਸੇਵਾ ਨਿਭਾਈ। ਇਸ ਉਪਰੰਤ ਅਕਾਲੀ ਦਲ ਦੇ ਹਲਕਾ ਇੰਚਾਰਜ ਅਰਵਿੰਦ ਖੰਨਾ, ਜਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਗੁਰਮੇਲ ਸਿੰਘ ਘਰਾਚੋਂ, ਪੰਚਾਇਤ ਸੰਮਤੀ ਦੇ ਚੇਅਰਮੈਨ ਬਲਜਿੰਦਰ ਸਿੰਘ ਬਾਲਦ, ਸਾਬਕਾ ਚੇਅਰਮੈਨ ਰੁਪਿੰਦਰ ਸਿੰਘ ਰੰਧਾਵਾ, ਹਰਵਿੰਦਰ ਸਿੰਘ ਕਾਕੜਾ, ਪਰਮਜੀਤ ਸਿੰਘ ਸੰਗਤਪੁਰਾ ਸਰਕਲ ਪ੍ਰਧਾਨ, ਤੇਜਿੰਦਰ ਸਿੰਘ ਸੰਘਰੇੜੀ, ਇਕਬਾਲਜੀਤ ਸਿੰਘ ਪੂਨੀਆ, ਪ੍ਰਿਤਪਾਲ ਸਿੰਘ ਫੱਗੂਵਾਲਾ, ਇੰਦਰਜੀਤ ਸਿੰਘ ਤੂਰ, ਹਰਵਿੰਦਰ ਸਿੰਘ ਗੁਰਦੁਆਰਾ ਇੰਸਪੈਕਟਰ, ਅਮਨਿੰਦਰ ਸਿੰਘ ਸਟੋਰ ਕੀਪਰ, ਗੁਰਵਿੰਦਰ ਸਿੰਘ ਗਰੰਥੀ, ਹਰਪ੍ਰੀਤ ਸਿੰਘ ਗਰੰਥੀ, ਮਨਜੀਤ ਸਿੰਘ ਅਕਾਊਂਟੈਂਟ, ਭਾਈ ਗੁਰਵਿੰਦਰ ਸਿੰਘ ਭੜੋ, ਮਾਸਟਰ ਜੋਗਿੰਦਰ ਸਿੰਘ, ਗੁਰਮਿੰਦਰ ਸਿੰਘ ਬਬਲਾ ਸਕਰੌਦੀ ਸਮੇਤ ਤਿੰਨ ਦਿਨ ਵੱਡੀ ਗਿਣਤੀ ਵਿਚ ਸੰਗਤਾਂ ਨੇ ਗੁਰੂ ਘਰ ਦੀ ਖੁਸ਼ੀਆਂ ਲਈ।

## ਵਿਧਾਇਕ ਸਿੱਧੂ ਨੇ ਹਲਕੇ ਦੀਆਂ ਸੜਕਾਂ 18 ਫੁੱਟੀਆਂ ਕਰਨ ਲਈ ਮੁਹਿੰਮ ਵਿੱਢੀ




ਰਾਮਪੁਰਾ ਫੂਲ,8 ਅਪ੍ਰੈਲ (ਮਨਪ੍ਰੀਤ ਮਿੱਟੂ) : ਹਲਕਾ ਰਾਮਪੁਰਾ ਫੂਲ ਵਿੱਚ ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਅੱਗੇ ਵਧਾਉਂਦਿਆਂ ਅੱਜ ਵੱਖ-ਵੱਖ ਮਹੱਤਵਪੂਰਨ ਸੜਕ ਪ੍ਰੋਜੈਕਟਾਂ ਦੇ ਨੀਂਹ ਪੱਥਰ ਰੱਖੇ ਗਏ। ਇਨ੍ਹਾਂ ਪ੍ਰੋਜੈਕਟਾਂ ਨਾਲ ਇਲਾਕੇ ਵਿੱਚ ਆਵਾਜਾਈ ਪ੍ਰਣਾਲੀ ਹੋਰ ਮਜ਼ਬੂਤ ਹੋਵੇਗੀ ਅਤੇ ਲੋਕਾਂ ਨੂੰ ਬਿਹਤਰ ਸਹੂਲਤਾਂ ਪ੍ਰਾਪਤ ਹੋਣਗੀਆਂ।ਇਸ ਮੌਕੇ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਕਿ ਰਾਮਪੁਰਾ ਮਹਿਰਾਜ ਰੋਡ ਤੋਂ ਮਹਿਰਾਜ ਖੁਰਦ ਤੱਕ ਸੜਕ ਦੀ ਉਸਾਰੀ ਲਈ ਲਗਭਗ 56 ਲੱਖ ਰੁਪਏ ਦੀ ਲਾਗਤ ਆਵੇਗੀ। ਇਸ ਦੇ ਨਾਲ ਹੀ ਮਹਿਰਾਜ ਕਾਲਜ ਰੋਡ ਤੋਂ ਰਾਮਪੁਰਾ ਮਹਿਰਾਜ ਰੋਡ ਵਾਇਆ ਮਹਿਰਾਜ ਖੁਰਦ ਤੱਕ 2.93 ਕਿਲੋਮੀਟਰ ਲੰਬੀ ਸੜਕ ਦਾ ਨਿਰਮਾਣ ਕੀਤਾ ਜਾਵੇਗਾ, ਜਿਸ 'ਤੇ ਕਰੀਬ 1 ਕਰੋੜ 10 ਲੱਖ ਰੁਪਏ ਖਰਚ ਕੀਤੇ ਜਾਣਗੇ। ਇਸੇ ਤਰ੍ਹਾਂ ਵਿਧਾਇਕ ਵਲੋਂ ਪਿੰਡ ਜਲਾਲ ਤੋਂ ਹਾਕਮ ਸਿੰਘ ਵਾਲਾ ਤੱਕ ਬਣਨ ਵਾਲੀ 18 ਫੁੱਟੀ ਸੜਕ ਦੇ ਨਿਰਮਾਣ ਕਾਰਜਾਂ ਦੀ ਵੀ ਸ਼ੁਰੂਆਤ ਕਰਵਾਈ ਗਈ ਅਤੇ ਹਾਜ਼ਰ ਲੋਕਾਂ ਨੇ ਖੁਸ਼ੀ ਦਾ ਪ੍ਰਗਟਾਵਾ ਕੀਤਾ। ਦੱਸਿਆ ਗਿਆ ਹੈ ਕਿ ਇਸ ਸੜਕ ਦੇ ਨਿਰਮਾਣ ਤੇ ਲਗਪਗ 8 ਕਰੋੜ 10 ਲੱਖ ਰੁਪਏ ਲਾਗਤ ਆਵੇਗੀ,ਜਿਸ ਨਾਲ ਲੋਕਾਂ ਦਾ 11 ਸਾਲਾਂ ਦੀ ਲੰਮੀ ਉਡੀਕ ਖਤਮ ਹੋਣ ਜਾ ਰਹੀ ਹੈ।ਇਸ ਮੌਕੇ ਹਲਕਾ ਵਿਧਾਇਕ ਬਲਕਾਰ ਸਿੱਧੂ ਨੇ ਕਿਹਾ ਕਿ ਹਰ ਗਲੀ, ਹਰ ਸੜਕ ਨੂੰ ਪੱਕਾ ਅਤੇ ਵਿਕਸਿਤ ਬਣਾਉਣਾ ਸਾਡਾ ਮੁੱਖ ਵਾਅਦਾ ਹੈ ਅਤੇ ਇਸ ਨੂੰ ਪੂਰਾ ਕਰਨ ਲਈ ਸਰਕਾਰ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਸੜਕਾਂ ਦੇ ਬਣਨ ਨਾਲ ਨਾ ਸਿਰਫ ਪਿੰਡਾਂ ਅਤੇ ਸ਼ਹਿਰਾਂ ਵਿਚਕਾਰ ਆਵਾਜਾਈ ਸੁਗਮ ਹੋਵੇਗੀ, ਬਲਕਿ ਵਪਾਰਕ ਗਤੀਵਿਧੀਆਂ ਨੂੰ ਵੀ ਹੁਲਾਰਾ ਮਿਲੇਗਾ।ਉਨ੍ਹਾਂ ਹੋਰ ਕਿਹਾ ਕਿ ਹਲਕੇ ਵਿੱਚ ਕਰੋੜਾਂ ਰੁਪਏ ਦੇ ਵਿਕਾਸ ਕਾਰਜ ਜਾਰੀ ਹਨ, ਜਿਨ੍ਹਾਂ ਵਿੱਚ ਸੜਕਾਂ, ਪਾਣੀ ਸਪਲਾਈ, ਬਿਜਲੀ ਅਤੇ ਹੋਰ ਬੁਨਿਆਦੀ ਢਾਂਚੇ ਨਾਲ ਜੁੜੇ ਪ੍ਰੋਜੈਕਟ ਸ਼ਾਮਲ ਹਨ। ਸਰਕਾਰ ਦਾ ਮੁੱਖ ਉਦੇਸ਼ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਉਨ੍ਹਾਂ ਦੇ ਘਰਾਂ ਦੇ ਨੇੜੇ ਹੀ ਮੁਹੱਈਆ ਕਰਵਾਉਣਾ ਹੈ।

## ਪੰਜਾਬ ਵਿੱਚ ਸਿਹਤ ਕ੍ਰਾਂਤੀ ਦਾ ਨਵਾਂ ਦੌਰ, ਆਮ ਆਦਮੀ ਕਲੀਨਿਕਾਂ ਨਾਲ ਮਿਲ ਰਹੀਆਂ ਨੇ ਮੁਫ਼ਤ ਸਹੂਲਤਾਂ : ਜਵੰਧਾ

ਸੰਗਰੂਰ, 8 ਅਪ੍ਰੈਲ (ਹਰਕੰਵਲ ਸਿੰਘ ਹੈਪੀ) : ਪੰਜਾਬ ਇਨਫੋਟੈਕ ਦੇ ਚੇਅਰਮੈਨ ਡਾ. ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ ਨੇ ਮਾਨ ਸਰਕਾਰ ਦੇ ਚਾਰ ਸਾਲਾਂ ਦੇ ਸਫ਼ਲ ਕਾਰਜਕਾਲ ਦੌਰਾਨ ਸਿਹਤ ਸੇਵਾਵਾਂ ਦੇ ਖੇਤਰ ਵਿੱਚ ਹੋਈਆਂ ਵੱਡੀਆਂ ਪ੍ਰਾਪਤੀਆਂ ਦਾ ਵੇਰਵਾ ਸਾਂਝਾ ਕੀਤਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਵਿੱਚ ਸਿਹਤ ਪ੍ਰਣਾਲੀ ਪੂਰੀ ਤਰ੍ਹਾਂ ਬਦਲ ਚੁੱਕੀ ਹੈ ਅਤੇ ਹੁਣ ਗਰੀਬ ਤੋਂ ਗਰੀਬ ਵਿਅਕਤੀ ਨੂੰ ਵੀ ਵਧੀਆ ਇਲਾਜ ਦੀ ਸਹੂਲਤ ਮਿਲ ਰਹੀ ਹੈ। ਡਾ. ਜਵੰਧਾ ਨੇ ਦੱਸਿਆ ਕਿ ਸੂਬੇ ਵਿੱਚ 990 ਤੋਂ ਵੱਧ ਨਵੇਂ ਆਮ ਆਦਮੀ ਕਲੀਨਿਕ ਸਫ਼ਲਤਾਪੂਰਵਕ ਚੱਲ ਰਹੇ ਹਨ, ਜਿੱਥੇ 95% ਲੋਕਾਂ ਨੂੰ ਮੁਫ਼ਤ ਟੈਸਟ ਅਤੇ ਦਵਾਈਆਂ ਮਿਲ ਰਹੀਆਂ ਹਨ। ਸਰਕਾਰੀ ਹਸਪਤਾਲਾਂ ਅਤੇ ਕਲੀਨਿਕਾਂ ਵਿੱਚ ਹੁਣ 107 ਤਰ੍ਹਾਂ ਦੀਆਂ ਦਵਾਈਆਂ ਅਤੇ 47 ਤਰ੍ਹਾਂ ਦੇ ਟੈਸਟ ਬਿਲਕੁਲ ਮੁਫ਼ਤ ਕੀਤੇ ਜਾਂਦੇ ਹਨ। ਇਸ ਤੋਂ ਇਲਾਵਾ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਲੋਕਾਂ ਨੂੰ 10 ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਦੀ ਸਹੂਲਤ ਦਿੱਤੀ ਜਾ ਰਹੀ ਹੈ। ਸਿਹਤ ਢਾਂਚੇ ਨੂੰ ਮਜ਼ਬੂਤ ਕਰਨ ਲਈ ਸਰਕਾਰ ਵੱਲੋਂ 2000 ਤੋਂ ਵੱਧ ਨਵੇਂ ਡਾਕਟਰਾਂ, ਨਰਸਾਂ ਅਤੇ ਸਹਾਇਕ ਸਟਾਫ਼ ਦੀ ਭਰਤੀ ਕੀਤੀ ਗਈ ਹੈ। ਡਾ. ਮਿੰਕੂ ਜਵੰਧਾ ਨੇ ਕਿਹਾ ਕਿ ਮਾਨ ਸਰਕਾਰ ਨੇ ਸਿਹਤ ਸੇਵਾਵਾਂ ਨੂੰ ਆਧੁਨਿਕ ਬਣਾਉਣ ਲਈ ਡਿਜੀਟਲ ਸਿਹਤ ਰਿਕਾਰਡ ਅਤੇ ਟੈਲੀ-ਮੈਡੀਸਨ ਵਰਗੀਆਂ ਸੁਵਿਧਾਵਾਂ ਸ਼ੁਰੂ ਕੀਤੀਆਂ ਹਨ, ਜਿਸ ਨਾਲ ਦੂਰ-ਦਰਾਡੇ ਦੇ ਪਿੰਡਾਂ ਵਿੱਚ ਬੈਠੇ ਲੋਕ ਵੀ ਮਾਹਰ ਡਾਕਟਰਾਂ ਦੀ ਸਲਾਹ ਲੈ ਸਕਦੇ ਹਨ।



## ਮਲਬੇ ਦੇ ਢੇਰ ਬਣੇ ਸ਼ਰਧਾਲੂਆਂ ਲਈ ਪ੍ਰੇਸ਼ਾਨੀ

ਬਠਿੰਡਾ, 8 ਅਪ੍ਰੈਲ : (ਜਗਸੀਰ ਭੁੱਲਰ): ਸੀਵਰੇਜ ਵਿਭਾਗ ਦੀ ਲਾਪ੍ਰਵਾਹੀ ਕਾਰਨ ਰਾਮਪੁਰਾ ਫੂਲ ਵਿਖੇ ਸਥਿਤ ਸ਼੍ਰੀ ਰਾਮ ਦੂਤ ਬਾਲਾਜੀ ਮੰਦਰ ਰਾਮਪੁਰਾ ਫੂਲ ਤੱਕ ਪਹੁੰਚਣ ਵਾਲਾ ਰਸਤਾ ਭਾਰੀ ਪ੍ਰੇਸ਼ਾਨੀਆਂ ਦਾ ਕੇਂਦਰ ਬਣ ਗਿਆ ਹੈ। ਸੜਕ ਪੱਟ ਕੇ ਛੱਡੀ ਮਿੱਟੀ ਅਤੇ ਮਲਬੇ ਦੇ ਵੱਡੇ ਢੇਰਾਂ ਨੇ ਆਵਾਜਾਈ ਨੂੰ ਬੁਰੀ ਤਰ੍ਹਾਂ ਪ੍ਰਭਾਵਿਤ ਕੀਤਾ ਹੋਇਆ ਹੈ, ਜਿਸ ਕਾਰਨ ਹਰ ਰੋਜ਼ ਸੈਂਕੜੇ ਸ਼ਰਧਾਲੂਆਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਜਾਣਕਾਰੀ ਮੁਤਾਬਕ ਗਿੱਲ ਕਲਾਂ ਫਾਟਕ ਤੋਂ ਨੈਸ਼ਨਲ ਹਾਈਵੇ ਤੱਕ ਸੀਵਰੇਜ ਪਾਈਪਾਂ ਪਾਉਣ ਲਈ ਸੜਕ ਪੱਟੀ ਗਈ ਸੀ, ਪਰ ਪੱਟੀ ਗਈ ਮਿੱਟੀ ਅਤੇ ਮਲਬਾ ਸੜਕ ਉੱਤੇ ਹੀ ਛੱਡ ਦਿੱਤਾ ਗਿਆ।ਖਾਸ ਕਰਕੇ ਮੰਦਰ ਵਾਲੇ ਰਸਤੇ 'ਤੇ ਹਾਲਾਤ ਕਾਫੀ ਗੰਭੀਰ ਬਣੇ ਹੋਏ ਹਨ

## ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ ਪ੍ਰਕਾਸ਼ ਦਿਹਾੜਾ ਮਨਾਇਆ



ਬੁਢਲਾਡਾ, 8 ਅਪ੍ਰੈਲ (ਦਵਿੰਦਰ ਸਿੰਘ ਕੋਹਲੀ, ਜੀਵਨ ਕੁਮਾਰ) : ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਨਵੀਨ ਵਿਖੇ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ ਪ੍ਰਕਾਸ਼ ਦਿਹਾੜਾ ਸਮੂਹ ਸੰਗਤਾਂ ਵੱਲੋਂ ਬੜੀ ਤੇ ਸ਼ਰਧਾ ਨਾਲ ਮਨਾਇਆ ਗਿਆ। ਰਾਤਰੀ ਦੇ ਹੋਏ ਕੀਰਤਨ ਦਰਬਾਰ ਵਿੱਚ ਗੁਰਦੁਆਰਾ ਸਾਹਿਬ ਦੇ ਹਜ਼ੂਰੀ ਰਾਗੀ ਜਥਾ ਭਾਈ ਗੁਰਮੇਲ ਸਿੰਘ ਜੀ ਦੇ ਰਾਗੀ ਜਥੇ ਵੱਲੋਂ ਗੁਰਬਾਣੀ ਕਥਾ ਕੀਰਤਨ ਰਾਹੀਂ ਗੁਰੂ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਉਨ੍ਹਾਂ ਸਿੱਖ ਸੰਗਤਾਂ ਨੂੰ ਬਾਣੀ ਵਾਣੇ ਨਾਲ ਜੁੜ ਕੇ ਖੰਡੇ ਬਾਟੇ ਦਾ ਅੰਮ੍ਰਿਤ ਛਕ ਕੇ ਸਿੰਘ ਸੱਜਣ ਲਈ ਪ੍ਰੇਰਿਆ। ਉਨ੍ਹਾਂ ਕਿਹਾ ਕਿ ਹਰ ਧਰਮ ਦਾ ਕਰੋ ਸਤਿਕਾਰ ਸਿੱਖ ਲਈ ਜ਼ਰੂਰੀ ਕੇਸ ਤੇ ਦਸਤਾਰ।ਇਸ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਗੁਰਨਾਮ ਸਿੰਘ ਕੋਹਲੀ,ਦਵਿੰਦਰਪਾਲ ਸਿੰਘ ਨਾਗਪਾਲ,ਸਵਰਨਜੀਤ ਸਿੰਘ ਸਾਹਨੀ,ਦਵਿੰਦਰ ਸਿੰਘ ਕੋਹਲੀ,ਦਲਜੀਤ ਸਿੰਘ ਸਪੇਅਰ ਪਾਰਟਸ ਵਾਲੇ,ਹਰਜੀਤ ਚਾਵਲਾ,ਰਮੇਸ਼ ਸਲੂਜਾ,ਜਸਵੰਤ ਸਿੰਘ ਬੇਕਰੀ ਵਾਲੇ,ਪ੍ਰਭਦਿਆਲ ਮਦਾਨ,ਕੁਲਦੀਪ ਸਿੰਘ ਕੱਪੜੇ ਵਾਲੇ,ਆਗਿਆਪਾਲ ਸਿੰਘ ਨਾਗਪਾਲ,ਗੁਰਚਰਨ ਸਿੰਘ ਮਲਹੋਤਰਾ, ਭਲਿੰਦਰ ਵਾਲੀਆ, ਅਮਰਜੀਤ ਸਿੰਘ ਸੁਧੀਰ ਚੌਧਰੀ ਅਤੇ ਇਲਾਕੇ ਦੀਆਂ ਸੰਗਤਾਂ ਨੇ ਗੁਰਬਾਣੀ ਕੀਰਤਨ ਦਾ ਆਨੰਦ ਮਾਣਿਆ।

## ਧੂੰਨਾ ਤੇ ਵੜਿੰਗ ਦਾ ਵਿਸ਼ੇਸ਼ ਸਨਮਾਨ



ਭਗਤਾ ਭਾਈ ਕਾ, 8 ਅਪਰੈਲ (ਸਵਰਨ ਸਿੰਘ ਭਗਤਾ) :ਇਲਾਕੇ ਦੇ ਪ੍ਰਸਿੱਧ ਸਮਾਜ ਸੇਵੀ ਅਤੇ ਰਾਜਨੀਤਿਕ ਸਰਗਰਮ ਆਗੂ ਮਨਜੀਤ ਸਿੰਘ ਧੂੰਨਾ ਨੂੰ ਸ਼੍ਰੋਮਣੀ ਅਕਾਲੀ ਦਲ ਵੱਲੋਂ ਬੀ ਸੀ ਵਿੰਗ ਪੰਜਾਬ ਦਾ ਮੀਤ ਪ੍ਰਧਾਨ ਅਤੇ ਜਸਪਾਲ ਸਿੰਘ ਵੜਿੰਗ ਨੂੰ ਸ਼੍ਰੋਮਣੀ ਅਕਾਲੀ ਦਲ ਯੂਥ ਵਿੰਗ ਦਾ ਸਰਕਲ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ , ਇਨ੍ਹਾਂ ਨਿਯੁਕਤੀਆਂ ਨੂੰ ਲੈਕੇ ਭਗਤਾ ਭਾਈ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਖੁਸ਼ੀ ਦੀ ਲਹਿਰ ਦੌੜ ਪਈ ਹੈ ਅਤੇ ਵੱਖ-ਵੱਖ ਸਮਾਜਿਕ, ਧਾਰਮਿਕ ਅਤੇ ਰਾਜਨੀਤਿਕ ਸੰਗਠਨਾਂ ਵੱਲੋਂ ਉਨ੍ਹਾਂ ਨੂੰ ਵਧਾਈਆਂ ਦਿੱਤੀਆਂ ਜਾ ਰਹੀਆਂ ਹਨ ਇਸੇ ਹੀ ਕੜੀ ਦੇ ਤਹਿਤ ਸਥਾਨਕ ਸ਼ਹਿਰ ਦੇ ਸੁਰਜੀਤ ਨਗਰ ਵਿਖੇ ਸਥਿਤ ਗੁਰਦੁਆਰਾ ਸ਼੍ਰੋਮਣੀ ਸ਼ਹੀਦ ਬਾਬਾ ਜੀਵਨ ਸਿੰਘ ਜੀ ਵਿਖੇ ਗੁਰਦੁਆਰਾ ਕਮੇਟੀ ਅਤੇ ਇਕਾਈ ਸ਼੍ਰੋਮਣੀ ਅਕਾਲੀ ਦੇ ਆਗੂਆਂ ਅਤੇ ਵਰਕਰਾਂ ਵੱਲੋਂ ਨਵਨਿਯੁਕਤ ਬੀ ਸੀ ਵਿੰਗ ਪੰਜਾਬ ਦੇ ਮੀਤ ਪ੍ਰਧਾਨ ਮਨਜੀਤ ਸਿੰਘ ਧੂੰਨਾ ਅਤੇ ਯੂਥ ਵਿੰਗ ਭਗਤਾ ਭਾਈ ਦੇ ਸਰਕਲ ਪ੍ਰਧਾਨ ਜਸਪਾਲ ਸਿੰਘ ਵੜਿੰਗ ਨੂੰ ਸਿਰੋਪਾਓ ਅਤੇ ਗੁਰੂ ਸਾਹਿਬਾਨ ਦੇ ਸਰੂਪ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਦੋਨਾਂ ਆਗੂਆਂ ਨੇ ਵਿਸ਼ਵਾਸ ਦਿਵਾਇਆ ਕਿ ਉਹ ਪਾਰਟੀ ਵੱਲੋਂ ਦਿੱਤੀ ਗਈ ਜ਼ਿਮੇਵਾਰੀ ਤਨਦੇਹੀ ਨਾਲ ਨਿਭਾਉਣ ਦੀ ਕੋਸ਼ਿਸ਼ ਕਰਨਗੇ ਅਤੇ ਪਾਰਟੀ ਦੀ ਬੇਹਤਰੀ ਲਈ ਸਿਰਤੋੜ ਯਤਨ ਕਰਨਗੇ।ਇਸ ਮੌਕੇ ਰਾਕੇਸ਼ ਕੁਮਾਰ ਗੋਇਲ ਸਾਬਕਾ ਪ੍ਰਧਾਨ ਨਗਰ ਪੰਚਾਇਤ ਭਗਤਾ,ਗਗਨਦੀਪ ਸਿੰਘ ਗਰੇਵਾਲ ਸਾਬਕਾ ਚੇਅਰਮੈਨ ਮਾਰਕਿਟ ਕਮੇਟੀ ਭਗਤਾ , ਸਤਵਿੰਦਰਪਾਲ ਸਿੰਘ ਪਿੰਦਰ ਪ੍ਰਧਾਨ, ਰਮਜ਼ਾਨ ਖਾਨ,ਸੋਨੀ ਸਿੰਘ ਅਦਿ ਹਾਜ਼ਰ ਸਨ।

## ਅਕਾਲ ਕਾਲਜ ਆਫ਼ ਫਿਜ਼ੀਕਲ ਐਜੂਕੇਸ਼ਨ ਵਿਖੇ ਸ਼ੂਟਿੰਗ ਰੇਂਜ ਅਕੈਡਮੀ ਦਾ ਉਦਘਾਟਨ



ਸੰਗਰੂਰ, 8 ਅਪ੍ਰੈਲ (ਹਰਕੰਵਲ ਸਿੰਘ ਹੈਪੀ) : ਮਸਤੂਆਣਾ ਸਾਹਿਬ ਵਿਖੇ ਸਥਿਤ ਅਕਾਲ ਕਾਲਜ ਆਫ਼ ਫਿਜ਼ੀਕਲ ਐਜੂਕੇਸ਼ਨ ਵਿੱਚ ਅੱਜ ਸ਼ੂਟਿੰਗ ਰੇਂਜ ਅਕੈਡਮੀ ਦਾ ਸ਼ਾਨਦਾਰ ਉਦਘਾਟਨ ਕੀਤਾ ਗਿਆ। ਇਸ ਮੌਕੇ ਉੱਘੇ ਵਿਦਵਾਨ ਡਾ. ਭੁਪਿੰਦਰ ਸਿੰਘ ਪੂਨੀਆ ਮੁੱਖ ਮਹਿਮਾਨ ਵਜੋਂ ਪਹੁੰਚੇ, ਜਿਨ੍ਹਾਂ ਦੇ ਨਾਲ ਅਕਾਲ ਕਾਲਜ ਕੌਂਸਲ ਦੇ ਸਕੱਤਰ ਸ. ਜਸਵੰਤ ਸਿੰਘ ਖਹਿਰਾ, ਸੀਨੀਅਰ ਕੌਂਸਲ ਮੈਂਬਰ ਸ. ਮਨਜੀਤ ਸਿੰਘ ਬਾਲੀਆ, ਪ੍ਰਿੰਸੀਪਲ ਡਾ. ਗੀਤਾ ਠਾਕੁਰ ਅਤੇ ਹੋਰ ਪ੍ਰਬੰਧਕ ਮੈਂਬਰ ਅਤੇ ਫਿਜ਼ੀਕਲ ਸਟਾਫ਼ ਹਾਜ਼ਰ ਸਨ।ਇਸ ਮੌਕੇ ਸੰਬੋਧਨ ਕਰਦਿਆਂ ਡਾ. ਭੁਪਿੰਦਰ ਸਿੰਘ ਪੂਨੀਆ ਨੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਸ਼ੂਟਿੰਗ ਰੇਂਜ ਵਰਗੀ ਖੇਡ ਵਿੱਚ ਅੱਗੇ ਵੱਧ ਕੇ ਵਿਦਿਆਰਥੀ ਵੱਧ ਤੋਂ ਵੱਧ ਮੈਡਲ ਜਿੱਤਣ ਅਤੇ ਸੰਸਥਾ ਦਾ ਨਾਮ ਰੌਸ਼ਨ ਕਰਨ।ਪ੍ਰਿੰਸੀਪਲ ਡਾ. ਗੀਤਾ ਠਾਕੁਰ ਨੇ ਵੀ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਸ ਅਕੈਡਮੀ ਨਾਲ ਵਿਦਿਆਰਥੀਆਂ ਨੂੰ ਉੱਚ ਪੱਧਰੀ ਸਹੂਲਤਾਂ ਆਪਣੇ ਹੀ ਕੈਂਪਸ ਵਿੱਚ ਉਪਲਬਧ ਹੋਣਗੀਆਂ, ਜਿਸ ਨਾਲ ਉਹ ਖੇਡ ਖੇਤਰ ਵਿੱਚ ਨਵੀਆਂ ਉਚਾਈਆਂ ਹਾਸਲ ਕਰਨਗੇ।ਅਕਾਲ ਕਾਲਜ ਕੌਂਸਲ ਦੇ ਸਕੱਤਰ ਸ. ਜਸਵੰਤ ਸਿੰਘ ਖਹਿਰਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਇਹ ਦਿਨ ਸੰਸਥਾ ਲਈ ਬਹੁਤ ਹੀ ਮਹੱਤਵਪੂਰਨ ਹੈ, ਕਿਉਂਕਿ ਕਈ ਸਾਲਾਂ ਦੀ ਕੋਸ਼ਿਸ਼ ਤੋਂ ਬਾਅਦ ਸ਼ੂਟਿੰਗ ਰੇਂਜ ਅਕੈਡਮੀ ਦਾ ਸੁਪਨਾ ਸਾਕਾਰ ਹੋਇਆ ਹੈ। ਉਨ੍ਹਾਂ ਦੱਸਿਆ ਕਿ ਸੰਗਰੂਰ ਜ਼ਿਲ੍ਹੇ ਵਿੱਚ ਹੁਣ ਇਹ ਤੀਜੀ ਸ਼ੂਟਿੰਗ ਰੇਂਜ ਅਕੈਡਮੀ ਬਣੀ ਹੈ।ਉਨ੍ਹਾਂ ਨੇ ਘੋਸ਼ਣਾ ਕੀਤੀ ਕਿ ਮਸਤੂਆਣਾ ਸਾਹਿਬ ਦੇ ਵਿਦਿਆਰਥੀਆਂ ਲਈ ਅਕੈਡਮੀ ਦੀ ਫੀਸ ਕੇਵਲ 1000 ਰੁਪਏ ਪ੍ਰਤੀ ਮਹੀਨਾ ਰੱਖੀ ਗਈ ਹੈ, ਜਦਕਿ ਬਾਹਰੀ ਵਿਦਿਆਰਥੀਆਂ ਲਈ ਫੀਸ 2500 ਰੁਪਏ ਤੋਂ ਘਟਾ ਕੇ 2000 ਰੁਪਏ ਪ੍ਰਤੀ ਮਹੀਨਾ ਕਰ ਦਿੱਤੀ ਗਈ ਹੈ। ਉਨ੍ਹਾਂ ਨੇ ਕਿਹਾ ਕਿ ਸੰਸਥਾ ਦਾ ਮੁੱਖ ਉਦੇਸ਼ ਵੱਧ ਤੋਂ ਵੱਧ ਖਿਡਾਰੀਆਂ ਨੂੰ ਮੌਕਾ ਦੇਣਾ ਹੈ ਤਾਂ ਜੋ ਆਰਥਿਕ ਪਾਬੰਦੀਆਂ ਕਰਕੇ ਕੋਈ ਵੀ ਵਿਦਿਆਰਥੀ ਖੇਡਾਂ ਤੋਂ ਵਾਂਝਾ ਨਾ ਰਹੇ।ਉਨ੍ਹਾਂ ਨੇ ਹੋਰ ਦੱਸਿਆ ਕਿ ਆਉਣ ਵਾਲੇ ਸਮੇਂ ਵਿੱਚ ਸੰਸਥਾ ਵਿੱਚ ਹੋਰ ਇਨਡੋਰ ਖੇਡਾਂ ਦੀਆਂ ਸਹੂਲਤਾਂ ਵੀ ਉਪਲਬਧ ਕਰਵਾਈਆਂ ਜਾਣਗੀਆਂ।ਇਸ ਮੌਕੇ ਡਾਇਰੈਕਟਰ ਜਨਰਲ ਐਡਮਨਿਸਟਰੇਟਰਸਨ ਡਾ. ਨਿਰਪਜੀਤ ਸਿੰਘ, ਸਪੋਰਟ ਡਾਇਰੈਕਟਰ ਜਤਿੰਦਰ ਦੇਵ, ਡਾ. ਵਿਜੇ ਪਲਾਹਾ (ਸੰਤ ਅਤਰ ਸਿੰਘ ਅਕਾਲ ਅਕੈਡਮੀ), ਪ੍ਰਿੰਸੀਪਲ ਡਾ. ਰਜਿੰਦਰ ਸਿੰਘ (ਬਹਾਦਰਪੁਰ ਸਕੂਲ), ਡਾ. ਹਰਜਿੰਦਰ ਸਿੰਘ, ਪ੍ਰੋ. ਰਣਧੀਰ ਸ਼ਰਮਾ. ਸੋਹਣਦੀਪ ਸਿੰਘ ਜੁਗਨੂੰ, ਪ੍ਰੋ. ਲਖਵਿੰਦਰ ਸਿੰਘ, , ਪ੍ਰੋ. ਰਜਨੀ, ਪ੍ਰੋ. ਹਰਪ੍ਰੀਤ ਕੌਰ, ਪ੍ਰੋ. ਸੁਖਜੀਤ ਸਿੰਘ ਸੁੱਖੀ ਸਮੇਤ ਸਮੂਹ ਫਿਜ਼ੀਕਲ ਸਟਾਫ਼ ਅਤੇ ਮੈਨੇਜਮੈਂਟ ਮੈਂਬਰ ਮੌਜੂਦ ਸਨ।ਅਕੈਡਮੀ ਦੇ ਖੁੱਲ੍ਹਣ ਨਾਲ ਵਿਦਿਆਰਥੀਆਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਹੈ ਅਤੇ ਉਨ੍ਹਾਂ ਨੂੰ ਹੁਣ ਘੱਟ ਫੀਸ ਵਿੱਚ ਉੱਚ ਪੱਧਰੀ ਖੇਡ ਸਹੂਲਤਾਂ ਪ੍ਰਾਪਤ ਹੋਣਗੀਆਂ।

## ਗੁਰਨੇ ਕਲਾਂ ਦੇ 25 ਪਰਿਵਾਰ ਭਾਜਪਾ ਵਿੱਚ ਸ਼ਾਮਲ



ਬੁਢਲਾਡਾ, 8 ਅਪ੍ਰੈਲ (ਦਵਿੰਦਰ ਸਿੰਘ ਕੋਹਲੀ, ਜੀਵਨ ਕੁਮਾਰ) : ਭਾਰਤੀ ਜਨਤਾ ਪਾਰਟੀ ਨੂੰ ਉਸ ਸਮੇਂ ਹਲਕਾ ਬੁਢਲਾਡਾ ਵਿੱਚ ਭਾਰੀ ਬਲ ਮਿਲਿਆ ਜਦੋਂ ਹਲਕਾ ਇੰਚਾਰਜ ਸੂਬੇਦਾਰ ਭੋਲਾ ਸਿੰਘ ਦੇ ਯਤਨਾ ਸਦਕਾ ਪਿੰਡ ਗੁਰਨੇ ਕਲਾਂ ਦੇ ਲਗਭਗ 25 ਪਰਿਵਾਰ ਹੋਰ ਵੱਖ-ਵੱਖ ਪਾਰਟੀਆਂ ਨੂੰ ਛੱਡ ਕੇ ਸੂਬਾ ਮੀਤ ਪ੍ਰਧਾਨ ਜਗਦੀਪ ਸਿੰਘ ਨਕਈ ਅਤੇ ਜ਼ਿਲ੍ਹਾ ਜਨਰਲ ਸਕੱਤਰ ਗਗਨਦੀਪ ਸ਼ਰਮਾ ਅਤੇ ਪ੍ਰਧਾਨ ਮੰਗੂ ਸਿੰਘ ਦੀ ਅਗਵਾਈ ਹੇਠ ਬੀਜੇਪੀ ਵਿੱਚ ਸ਼ਾਮਲ ਹੋਏ।ਇਸ ਮੌਕੇ ਸੰਬੋਧਨ ਕਰਦਿਆਂ ਆਗੂਆਂ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਅਨੇਕਾਂ ਲੋਕਪੱਖੀ ਸਕੀਮਾਂ ਚਲਾਈਆਂ ਜਾ ਰਹੀਆਂ ਹਨ, ਜਿਹਨਾਂ ਦਾ ਲਾਭ ਪੰਜਾਬ ਦੇ ਲੱਖਾਂ ਲੋਕ ਲੈ ਰਹੇ ਹਨ। ਇਸ ਲਈ ਪੰਜਾਬ ਦੇ ਲੋਕ ਸੂਬੇ ਵਿੱਚ ਭਾਜਪਾ ਦੇ ਸਰਕਾਰ ਵੇਖਣਾ ਚਾਹੁੰਦੇ ਹਨ ਅਤੇ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕਿ ਹਰ ਰੋਜ਼ ਭਾਜਪਾ ਦਾ ਪੱਲਾ ਫੜ ਰਹੇ ਹਨ।ਇਸ ਮੌਕੇ ਬੀਜੇਪੀ ਮੰਡਲ ਵਿਚ ਸ਼ਾਮਿਲ ਹੋਣ ਵਾਲੇ ਵਿਅਕਤੀ ਹੈਰੀ ਸਿੰਘ,ਮਨਪ੍ਰੀਤ ਸਿੰਘ, ਜਸਪ੍ਰੀਤ ਸਿੰਘ ਜੱਸੂ,ਹੈਰੀ ਸਿੰਘ, ਨਿੱਕਾ ਸਿੰਘ, ਰਮਨਦੀਪ ਸਿੰਘ, ਜੱਗਾ ਸਿੰਘ, ਗੁਰਦੀਪ ਸਿੰਘ, ਲਵਪ੍ਰੀਤ ਸਿੰਘ, ਦਲਬਾਰਾ ਸਿੰਘ, ਲੀਲਾ ਸਿੰਘ,ਦੇਵਰਾਜ ਸ਼ਰਮਾ,ਕਾਕਾ ਗੋਬਿੰਦਪੁਰਾ ਅਤੇ ਰਾਜੂ ਆਦਿ ਸਨ।

# ਲਹਿਰਾ ਹਲਕੇ ਅੰਦਰ ਵਿਰੋਧੀ ਪਾਰਟੀਆਂ ਨੂੰ ਝਟਕਾ, ਸੈਂਕੜੇ ਪਰਿਵਾਰ 'ਆਪ' 'ਚ ਸ਼ਾਮਲ

## ਹਰ ਵਿਅਕਤੀ ਨੂੰ ਮਿਲੇਗਾ ਪੂਰਾ ਮਾਨ ਸਨਮਾਨ : ਮੰਤਰੀ ਗੋਇਲ



ਲਹਿਰਾਗਾਗਾ, 8 ਅਪ੍ਰੈਲ (ਰਾਮੇਸ਼ਵਰ ਸ਼ਰਮਾ/ਖੁਸ਼ਵਿੰਦਰ ਸ਼ਰਮਾ) : ਵਿਧਾਨ ਸਭਾ ਹਲਕਾ ਲਹਿਰਾ ਅੰਦਰ ਆਮ ਆਦਮੀ ਪਾਰਟੀ ਨੂੰ ਉਸ ਸਮੇਂ ਭਾਰੀ ਬਲ ਮਿਲਿਆ, ਜਦੋਂ ਖਨੌਰੀ ਵਿਖੇ ਕਰਵਾਏ ਗਏ ਇੱਕ ਸਮਾਗਮ ਵਿੱਚ ਸੈਂਕੜੇ ਪਰਿਵਾਰਾਂ ਨੇ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਤੋਂ ਖੁਸ਼ ਹੋ ਕੇ ਕੈਬਨਿਟ ਮੰਤਰੀ ਐਡਵੋਕੇਟ ਬਰਿੰਦਰ ਗੋਇਲ ਦੀ ਅਗਵਾਈ ਵਿੱਚ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ। ਮੰਤਰੀ ਗੋਇਲ ਨੇ ਪਾਰਟੀ ਵਿੱਚ ਸ਼ਾਮਲ ਹੋਣ ਵਾਲਿਆਂ ਦਾ ਸਨਮਾਨ ਕਰਦਿਆਂ ਕਿਹਾ ਕਿ ਪਾਰਟੀ ਵੱਲੋਂ ਹਰ ਵਿਅਕਤੀ ਨੂੰ ਪੂਰਾ ਮਾਣ ਸਨਮਾਨ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਵਿਰੋਧੀ ਪਾਰਟੀਆਂ ਕੋਲ ਪੰਜਾਬ ਦੇ ਵਿਕਾਸ ਅਤੇ ਖੁਸ਼ਹਾਲੀ ਲਈ ਕੋਈ ਏਜੰਡਾ ਨਹੀਂ, ਵਿਰੋਧੀ ਆਪਣੀ ਸਿਆਸੀ ਹੋਂਦ ਬਚਾਉਣ ਦੀ ਲੜਾਈ ਲੜ ਰਹੇ ਹਨ। ਆਮ ਆਦਮੀ ਪਾਰਟੀ ਜਿੱਥੇ ਪੰਜਾਬ ਦੇ ਵਿਕਾਸ ਤੇ ਖੁਸ਼ਹਾਲੀ ਦੀ ਗੱਲ ਕਰਦੀ ਹੈ ਉੱਥੇ ਹੀ ਵਿਰੋਧੀ ਪਾਰਟੀਆਂ ਕੋਲ ਆਪ ਨੂੰ ਕੋਸਣ ਤੋਂ ਸਿਵਾਏ ਕੋਈ ਗੱਲ ਨਹੀਂ, ਹਰ ਵਰਗ ਲਈ 600 ਯੂਨਿਟ ਬਿਜਲੀ ਮਾਫ ਕਰਨਾ, 60,000 ਤੋਂ ਵੱਧ ਬੇਰੁਜ਼ਗਾਰਾਂ ਨੂੰ ਸਰਕਾਰੀ ਨੌਕਰੀਆਂ ਦੇਣਾ, ਹਰ ਖੇਤ ਤੱਕ ਨਹਿਰੀ ਪਾਣੀ ਪਹੁੰਚਾਉਣਾ, ਅਪ੍ਰੈਲ ਮਹੀਨੇ ਤੋਂ ਮਹਿਲਾਵਾਂ ਦੇ ਖਾਤਿਆਂ ਵਿੱਚ ਹਜ਼ਾਰ ਅਤੇ ਪੰਦਰਾਂ ਸੌ ਰੁਪਏ ਪਾਉਣਾ ਤੋਂ ਇਲਾਵਾ ਸੂਬੇ ਨੂੰ ਭਰਿਸ਼ਟਾਚਾਰ ਅਤੇ ਨਸ਼ਾ ਮੁਕਤ ਕਰਨਾ, ਸਿਹਤ ਅਤੇ ਸਿੱਖਿਆ ਦੇ ਖੇਤਰ ਵਿੱਚ ਕ੍ਰਾਂਤੀਕਾਰੀ ਬਦਲਾਅ ਆਮ ਆਦਮੀ ਪਾਰਟੀ ਦੇ ਇਤਿਹਾਸਿਕ ਕੰਮ ਹਨ, ਜਿਸ ਨੂੰ ਇਤਿਹਾਸ ਦੇ ਸੁਨਹਿਰੇ ਪੰਨਿਆਂ 'ਤੇ ਲਿਖਿਆ ਜਾਵੇਗਾ। ਇਸ ਦੌਰਾਨ ਉਹਨਾਂ ਵੱਖ ਵੱਖ ਥਾਵਾਂ 'ਤੇ 'ਸ਼ਾਨਦਾਰ ਚਾਰ ਸਾਲ ਮੁੱਖ ਮੰਤਰੀ ਭਗਵੰਤ ਮਾਨ ਦੇ ਨਾਲ ਦੇ ਤਹਿਤ 'ਸੰਵਾਦ' ਪ੍ਰੋਗਰਾਮ ਵਿੱਚ ਪੰਜਾਬ ਸਰਕਾਰ ਦੀਆਂ ਪ੍ਰਾਪਤੀਆਂ ਨੂੰ ਵੀ ਲੋਕਾਂ ਸਾਹਮਣੇ ਰੱਖਿਆ। ਦੂਜੇ ਪਾਸੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਵਿਅਕਤੀਆਂ ਨੇ ਕਿਹਾ ਕਿ ਉਹ ਕੈਬਨਿਟ ਮੰਤਰੀ ਐਡਵੋਕੇਟ ਬਰਿੰਦਰ ਗੋਇਲ ਵੱਲੋਂ ਲਹਿਰੇ ਹਲਕੇ ਲਈ ਕੀਤੇ ਜਾ ਰਹੇ ਵਿਕਾਸ ਕੰਮਾਂ 'ਤੇ ਸਰਕਾਰ ਦੀਆਂ ਨੀਤੀਆਂ ਤੋਂ ਪੂਰੀ ਤਰ੍ਹਾਂ ਖੁਸ਼ ਅਤੇ ਸੰਤੁਸ਼ਟ ਹਨ। 2027 ਦੀਆਂ ਚੋਣਾਂ ਲਈ ਉਹ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਨੂੰ ਘਰ ਘਰ ਪਹੁੰਚਾਉਣ ਵਿੱਚ ਕੋਈ ਕਸਰ ਨਹੀਂ ਛੱਡਣਗੇ। ਇਸ ਮੌਕੇ ਮੰਤਰੀ ਗੋਇਲ ਦੇ ਓਐਸਡੀ ਰਕੇਸ਼ ਕੁਮਾਰ ਗੁਪਤਾ ਵਿੱਕੀ ਤੋਂ ਇਲਾਵਾ ਕ੍ਰਿਸ਼ਨ ਕੁਮਾਰ ਪੁੱਤਰ ਹਰੀ ਰਾਮ, ਪਰਵੀਨ ਕੁਮਾਰ ਪੁੱਤਰ ਬੰਤ ਰਾਮ, ਦੀਪਕ ਪੁੱਤਰ ਹਰ ਭਗਵਾਨ, ਪ੍ਰੇਮ ਸਿੰਘ ਪੁੱਤਰ ਸਤਨਾਮ ਸਿੰਘ, ਗੋਲੂ ਸਿੰਘ ਪੁੱਤਰ ਨਿਰੰਜਨ ਸਿੰਘ, ਸੁਰਿੰਦਰ ਕੁਮਾਰ ਪੁੱਤਰ ਜਗਦੀਸ਼ ਕੁਮਾਰ, ਓਮ ਪ੍ਰਕਾਸ਼, ਚਮਨ ਲਾਲ, ਭੁਪਿੰਦਰ, ਮਹੇਸ਼, ਰਜੇਸ਼, ਕਰਨ, ਬੰਤ ਰਾਮ , ਜੋਤ ਮਸੀਹ ਤੋਂ ਇਲਾਵਾ ਹੋਰ ਪਾਰਟੀ ਵਲੰਟੀਅਰ ਹਾਜ਼ਰ ਸਨ।

# ਬਰਨਾਲਾ ਵਿੱਚ ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਦੀ ਮੀਟਿੰਗ



ਬਰਨਾਲਾ, 8 ਅਪ੍ਰੈਲ (ਬਘੇਲ ਸਿੰਘ ਧਾਲੀਵਾਲ) : ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ (ਰਜਿ:) ਜ਼ਿਲ੍ਹਾ ਬਰਨਾਲਾ ਦੀ ਇਕ ਮਹੱਤਵਪੂਰਨ ਮੀਟਿੰਗ ਅੱਜ ਜ਼ਿਲ੍ਹਾ ਪ੍ਰਧਾਨ ਬਖ਼ਸ਼ੀਸ਼ ਸਿੰਘ ਅਤੇ ਪ੍ਰਿੰਸੀਪਲ ਕੌਰ ਸਿੰਘ ਜ਼ਿਲ੍ਹਾ ਵਰਕਿੰਗ ਪ੍ਰਧਾਨ ਦੀ ਅਗਵਾਈ ਹੇਠ ਹੋਈ। ਇਸ ਮੀਟਿੰਗ ਵਿੱਚ ਪਰਮਜੀਤ ਸਿੰਘ ਪਾਸੀ ਜਨਰਲ ਸਕੱਤਰ ਨੇ ਪੈਨਸ਼ਨਰਾਂ ਨਾਲ ਸੰਬੰਧਤ ਮਸਲਿਆਂ 'ਤੇ ਵਿਸਥਾਰ ਨਾਲ ਚਰਚਾ ਕੀਤੀ।ਮੀਟਿੰਗ ਦੌਰਾਨ ਬਰਨਾਲਾ ਦੇ ਵੱਖ-ਵੱਖ ਵਿਭਾਗਾਂ ਦੇ ਪੈਨਸ਼ਨਰਾਂ ਨੇ ਭਾਗ ਲਿਆ ਅਤੇ ਆਪਣੇ ਮਸਲਿਆਂ ਬਾਰੇ ਵਿਚਾਰ ਸਾਂਝੇ ਕੀਤੇ। ਮੀਟਿੰਗ ਵਿੱਚ ਸੂਬਾ ਲੀਡਰਸ਼ਿਪ ਦੀਆਂ ਹਦਾਇਤਾਂ ਮੁਤਾਬਕ ਸੰਘਰਸ਼ ਨੂੰ ਹੋਰ ਤੇਜ਼ ਕਰਨ ਦਾ ਫੈਸਲਾ ਲਿਆ ਗਿਆ।ਪੈਨਸ਼ਨਰਾਂ ਨੇ ਮੰਗ ਕੀਤੀ ਕਿ ਮੈਡੀਕਲ ਭੱਤਾ 2000 ਰੁਪਏ ਕੀਤਾ ਜਾਵੇ ਅਤੇ ਬਕਾਇਆ ਕਿਸ਼ਤਾਂ ਜਲਦੀ ਜਾਰੀ ਕੀਤੀਆਂ ਜਾਣ। ਉਨ੍ਹਾਂ ਕਿਹਾ ਕਿ ਪੈਨਸ਼ਨਰਾਂ ਤੇ ਮੁਲਾਜ਼ਮਾਂ ਨਾਲ ਇਸ ਤਰ੍ਹਾਂ ਦਾ ਵਤੀਰਾ ਪੰਜਾਬ ਸਰਕਾਰ ਦੀ ਨੀਤੀ ਨੂੰ ਦਰਸਾਉਂਦਾ ਹੈ। ਮੀਟਿੰਗ ਵਿੱਚ ਇਹ ਵੀ ਕਿਹਾ ਗਿਆ ਕਿ ਸਾਲ 2017 ਤੋਂ ਬਾਅਦ ਪੈਨਸ਼ਨਰਾਂ ਤੇ ਮੁਲਾਜ਼ਮਾਂ ਦਾ ਸਹੀ ਹੱਕ ਨਹੀਂ ਦਿੱਤਾ ਗਿਆ। ਜ਼ਿਲ੍ਹਾ ਜਨਰਲ ਸਕੱਤਰ ਮਨੋਹਰ ਲਾਲ ਅਰੋੜਾ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਕੀਤੇ ਵਾਅਦੇ ਅਜੇ ਤੱਕ ਪੂਰੇ ਨਹੀਂ ਕੀਤੇ ਗਏ। ਉਨ੍ਹਾਂ ਕਿਹਾ ਕਿ ਜੇਕਰ ਪੈਨਸ਼ਨਰਾਂ ਤੇ ਮੁਲਾਜ਼ਮਾਂ ਦੀਆਂ ਮੰਗਾਂ ਨੂੰ ਜਲਦੀ ਹੱਲ ਨਾ ਕੀਤਾ ਗਿਆ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਮੀਟਿੰਗ ਵਿੱਚ ਸਾਥੀ ਜੰਗਵੰਤ ਸਿੰਘ, ਹੰਸ ਰਾਜ, ਸਰੂਪ ਰਾਮ, ਅਸ਼ੋਕ ਗੁਪਤਾ, ਰਾਜ ਕੁਮਾਰ, ਗੁਰਨਾਮ ਸਿੰਘ, ਨਾਥ ਸਿੰਘ, ਮੇਜਰ ਸਿੰਘ ਕੁੱਬੇ, ਹਰਚਰਨ ਸਿੰਘ, ਸਤੀਸ਼ ਕੁਮਾਰ ਕਾਨੂੰਗੋ, ਚਮਕੌਰ ਸਿੰਘ, ਹੀਰਾ ਲਾਲ, ਅਸ਼ੋਕ ਕੁਮਾਰ ਲੈਕਚਰਾਰ, ਬਿੱਕਰ ਸਿੰਘ, ਗੁਰਜੰਟ ਕੈਰੇ, ਦਰਸ਼ਨ ਪੂਹਲਾ, ਸੁਰਜੀਤ ਸਿੰਘ, ਕੈਲਾਸ਼ ਦਾਸ,ਪਵਨ ਕੁਮਾਰ, ਜ਼ੋਰਾ ਸਿੰਘ ਕਾਨੂੰਗੋ, ਲਛਮਣ ਸਿੰਘ, ਰਾਜਿੰਦਰ ਸਿੰਘ ਆਦਿ ਬਹੁਤ ਸਾਰੇ ਸਾਥੀ ਹਾਜ਼ਰ ਸਨ। ਮੀਟਿੰਗ ਦੇ ਅੰਤ ਵਿੱਚ ਸਾਰੇ ਮੈਂਬਰਾਂ ਨੇ ਇੱਕਜੁੱਟ ਹੋ ਕੇ ਆਪਣੇ ਹੱਕਾਂ ਦੀ ਪ੍ਰਾਪਤੀ ਲਈ ਸੰਘਰਸ਼ ਨੂੰ ਜਾਰੀ ਰੱਖਣ ਦਾ ਅਹਿਦ ਕੀਤਾ।

# ਆਯੂਸ਼ਮਾਨ ਅਰੋਗਿਆ ਕੇਂਦਰ ਦੀ ਟੀਮ ਵੱਲੋਂ ਸਿਹਤ ਸੰਭਾਲ ਮੁਹਿੰਮ

ਧਨੌਲਾ, 8 ਅਪ੍ਰੈਲ (ਚਮਕੌਰ ਸਿੰਘ ਗੱਗੀ) : ਸਿਵਲ ਸਰਜਨ ਬਰਨਾਲਾ ਡਾ. ਹਰੀਪਾਲ ਸਿੰਘ ਸਿੱਧੂ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਆਯੂਸ਼ਮਾਨ ਅਰੋਗਿਆ ਕੇਂਦਰ, ਕਰਮਗੜ੍ਹ ਦੀ ਟੀਮ ਵੱਲੋਂ ਵਿਸ਼ਵ ਸਿਹਤ ਦਿਵਸ ਦੇ ਮੌਕੇ 'ਤੇ ਪਿੰਡ ਵਾਸੀਆਂ ਨੂੰ ਸਿਹਤ ਪ੍ਰਤੀ ਜਾਗਰੂਕ ਕਰਨ ਅਤੇ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਲਈ ਵਿਸ਼ੇਸ਼ ਜਾਗਰੂਕਤਾ ਮੁਹਿੰਮ ਚਲਾਈ ਗਈ। ਇਸ ਮੌਕੇ ਸੀਨੀਅਰ ਮੈਡੀਕਲ ਅਫ਼ਸਰ ਡਾ. ਸਤਵੰਤ ਸਿੰਘ ਔਜਲਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਿਹਤਮੰਦ ਸਮਾਜ ਦੀ ਸਿਰਜਣਾ ਲਈ ਹਰ ਸਾਲ ਅਪ੍ਰੈਲ ਮਹੀਨੇ ਵਿੱਚ ਵਿਸ਼ਵ ਸਿਹਤ ਦਿਵਸ ਮਨਾਇਆ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਇਸ ਸਾਲ ਦਾ ਥੀਮ (ਸਿਹਤ ਲਈ ਇਕੱਠੇ — ਵਿਗਿਆਨ ਨਾਲ ਖੜ੍ਹੇ ਹੋਵੋ) ਰੱਖਿਆ ਗਿਆ ਹੈ। ਇਸ ਦਾ ਮੁੱਖ ਮਕਸਦ ਲੋਕਾਂ ਨੂੰ ਵਿਗਿਆਨਕ ਤਰੀਕਿਆਂ ਅਤੇ ਸਹੀ ਜਾਣਕਾਰੀ ਦੇ ਆਧਾਰ 'ਤੇ ਸਿਹਤ ਸੰਬੰਧੀ ਫੈਸਲੇ ਲੈਣ ਲਈ ਪ੍ਰੇਰਿਤ ਕਰਨਾ ਹੈ। ਸੀ.ਐਚ.ਓ ਕਿਰਨਦੀਪ ਕੌਰ ਦੀ ਅਗਵਾਈ ਵਾਲੀ ਟੀਮ ਵੱਲੋਂ ਪਿੰਡ ਕਰਮਗੜ੍ਹ ਦੀ ਸੱਥ ਵਿੱਚ ਬੈਠੇ ਬਜ਼ੁਰਗਾਂ ਨੂੰ ਤੰਦਰੁਸਤ ਰਹਿਣ ਲਈ ਵਿਸ਼ੇਸ਼ ਜਾਣਕਾਰੀ ਦਿੱਤੀ ਗਈ, ਜਿਸ ਵਿੱਚ ਮੁੱਖ ਤੌਰ 'ਤੇ ਸਮੇਂ-ਸਮੇਂ 'ਤੇ ਬੀ.ਪੀ. ਅਤੇ ਸ਼ੂਗਰ ਆਦਿ ਦੀ ਡਾਕਟਰੀ ਜਾਂਚ ਕਰਵਾਉਣਾ, ਆਪਣੀਆਂ ਦਵਾਈਆਂ ਦਾ ਸੇਵਨ ਬਿਨਾਂ ਨਾਗਾ ਅਤੇ ਸਮੇਂ ਸਿਰ ਕਰਨਾ, ਰੋਜ਼ਾਨਾ 7 ਤੋਂ 8 ਘੰਟਿਆਂ ਦੀ ਭਰਪੂਰ ਨੀਂਦ ਲੈਣਾ, ਹਲਕਾ ਅਤੇ ਪੌਸ਼ਟਿਕ ਭੋਜਨ ਖਾਣਾ, ਰੋਜ਼ਾਨਾ ਹਲਕੀ ਕਸਰਤ ਅਤੇ ਸੈਰ ਕਰਨਾ ਗੱਲਾਂ 'ਤੇ ਜ਼ੋਰ ਦਿੱਤਾ ਗਿਆ। ਡਾ. ਔਜਲਾ ਨੇ ਕਿਹਾ ਕਿ ਸਹੀ ਖੁਰਾਕ ਅਤੇ ਨਿਯਮਿਤ ਕਸਰਤ ਨਾਲ ਸ਼ੂਗਰ, ਬਲੱਡ ਪ੍ਰੈਸ਼ਰ ਅਤੇ ਦਿਲ ਦੀਆਂ ਬਿਮਾਰੀਆਂ ਤੋਂ ਆਸਾਨੀ ਨਾਲ ਬਚਿਆ ਜਾ ਸਕਦਾ ਹੈ। ਬੁਢਾਪਾ ਜ਼ਿੰਦਗੀ ਦਾ ਇੱਕ ਕੁਦਰਤੀ ਪੜਾਅ ਹੈ, ਪਰ ਸਿਹਤ ਪ੍ਰਤੀ ਸੁਚੇਤ ਰਹਿ ਕੇ ਇਸ ਨੂੰ ਹੋਰ ਵੀ ਸੁਖਾਲਾ ਅਤੇ ਖੁਸ਼ਹਾਲ ਬਣਾਇਆ ਜਾ ਸਕਦਾ ਹੈ। ਇਹਨਾਂ ਪਿੰਡਾਂ ਵਿੱਚ ਫਰਵਾਹੀ, ਹਮੀਦੀ, ਖੁੱਡੀ ਕਲਾਂ, ਰਾਜੀਆ, ਬਡਬਰ, ਮਾਨਾ ਪਿੰਡੀ, ਸੇਖਾਂ, ਠੁੱਲੀਵਾਲ, ਗੁੰਮਟੀ, ਫ਼ਤਹਿਗੜ੍ਹ ਛੰਨਾ, ਰੂੜੇਕੇ ਕਲਾਂ, ਭੂਰੇ, ਜਲੂਰ, ਧੂਰਕੋਟ, ਨਾਇਵਾਲ ਅਤੇ ਭੱਠਲਾਂ ਸ਼ਾਮਲ ਹਨ, ਜਿੱਥੇ ਲੋਕਾਂ ਨੂੰ ਚੰਗੀ ਸਿਹਤ ਦੀ ਮਹੱਤਤਾ ਬਾਰੇ ਵਿਸਥਾਰ ਨਾਲ ਜਾਗਰੂਕ ਕੀਤਾ ਗਿਆ। ਇਸ ਮੌਕੇ ਸੀ.ਐਚ.ਓ ਕਿਰਨਦੀਪ ਕੌਰ, ਏ.ਐਨ.ਐਮ ਰਜਨੀ ਰਾਣੀ, ਆਸ਼ਾ ਫਸੀਲੀਟੇਟਰ ਹਰਪਾਲ ਕੌਰ, ਅਤੇ ਆਸ਼ਾ ਵਰਕਰ ਦਵਿੰਦਰ ਕੌਰ, ਕਰਮਜੀਤ ਕੌਰ ਅਤੇ ਪ੍ਰਿਤਪਾਲ ਕੌਰ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

# ਗ਼ੈਰਕਾਨੂੰਨੀ ਢੰਗ ਨਾਲ ਹੋ ਰਹੀ ਹੈ ਰੇਤ ਤੇ ਮਿੱਟੀ ਦੀ ਮਾਈਨਿੰਗ, ਪ੍ਰਸ਼ਾਸਨ ਕੁੰਭਕਰਨੀ ਨੀਂਦ ਸੁੱਤਾ?



ਛਾਜਲੀ, 8 ਅਪ੍ਰੈਲ (ਹਰਿੰਦਰ ਧੌਥੜ) : ਛਾਜਲੀ ਅਤੇ ਨੇੜਲੇ ਇਲਾਕਿਆਂ ਵਿੱਚ ਨਜਾਇਜ਼ ਰੇਤ ਅਤੇ ਮਿੱਟੀ ਦੀ ਮਾਈਨਿੰਗ ਦਾ ਮਾਮਲਾ ਹੁਣ ਗੰਭੀਰ ਰੂਪ ਧਾਰ ਚੁੱਕਾ ਹੈ। ਇਲਾਕੇ ਵਿੱਚ ਦਿਨ-ਰਾਤ ਟਿੱਪਰਾਂ ਅਤੇ ਟਰਾਲੀਆਂ ਰਾਹੀਂ ਰੇਤ ਦੀ ਢੁਆਈ ਹੋਣ ਦੇ ਦਾਅਵੇ ਕੀਤੇ ਜਾ ਰਹੇ ਹਨ, ਜਿਸ ਨਾਲ ਕਾਨੂੰਨ-ਵਿਵਸਥਾ 'ਤੇ ਵੱਡੇ ਸਵਾਲ ਖੜ੍ਹੇ ਹੋ ਰਹੇ ਹਨ।

ਸਰਕਾਰ ਵੱਲੋਂ ਮਾਈਨਿੰਗ ਨੂੰ ਨਿਯਮਾਂ ਅਨੁਸਾਰ ਲਿਆਂਦਾ ਜਾਣ ਦਾ ਦਾਅਵਾ ਕੀਤਾ ਜਾਂਦਾ ਹੈ, ਪਰ ਜ਼ਮੀਨੀ ਪੱਧਰ 'ਤੇ ਤਸਵੀਰ ਬਿਲਕੁਲ ਵੱਖਰੀ ਦਿਖਾਈ ਦੇ ਰਹੀ ਹੈ। ਪ੍ਰਸ਼ਾਸਨ ਦੀ ਮੌਜੂਦਗੀ ਦੇ ਬਾਵਜੂਦ ਇਹ ਗਤੀਵਿਧੀਆਂ ਜਾਰੀ ਰਹਿਣਾ ਇਸ ਗੱਲ ਵੱਲ ਇਸ਼ਾਰਾ ਕਰਦਾ ਹੈ ਕਿ ਕਿਤੇ ਨਾ ਕਿਤੇ ਨਿਗਰਾਨੀ ਵਿੱਚ ਕਮੀ ਹੈ।

ਇਸ ਮਾਮਲੇ ਦਾ ਸਭ ਤੋਂ ਚਿੰਤਾਜਨਕ ਪੱਖ ਇਹ ਹੈ ਕਿ ਕੁਝ ਠੇਕੇਦਾਰ ਭੋਲੇ-ਭਾਲੇ ਕਿਸਾਨਾਂ ਤੋਂ ਜ਼ਮੀਨ ਠੇਕੇ 'ਤੇ ਲੈ ਕੇ ਉਨ੍ਹਾਂ ਨੂੰ ਸਿਰਫ਼ ਮਿੱਟੀ ਚੁੱਕਣ ਦਾ ਭਰੋਸਾ ਦਿੰਦੇ ਹਨ। ਬਾਅਦ ਵਿੱਚ ਉਸੇ ਜ਼ਮੀਨ ਵਿੱਚੋਂ ਰੇਤ ਦੀ ਗੈਰ ਕਾਨੂੰਨੀ ਮਾਈਨਿੰਗ ਕੀਤੀ ਜਾਂਦੀ ਹੈ ਅਤੇ ਕਿਸਾਨਾਂ ਨੂੰ ਇਸ ਦੀ ਪੂਰੀ ਜਾਣਕਾਰੀ ਵੀ ਨਹੀਂ ਹੁੰਦੀ। ਨਤੀਜੇ ਵਜੋਂ ਜੇ ਕੋਈ ਕਾਰਵਾਈ ਹੁੰਦੀ ਹੈ ਤਾਂ ਕਿਸਾਨਾਂ ਨੂੰ ਵੀ ਬੇਵਜ੍ਹਾ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ।

ਸਥਾਨਕ ਲੋਕਾਂ ਮੁਤਾਬਕ ਇਹ ਰੇਤ ਅਤੇ ਮਿੱਟੀ ਲੋਕਲ ਠੇਕੇਦਾਰਾਂ, ਟਾਲਾਂ ਅਤੇ ਹੋਰ ਥਾਵਾਂ 'ਤੇ ਮਹਿੰਗੇ ਭਾਅ 'ਤੇ ਵੇਚੀ ਜਾ ਰਹੀ ਹੈ, ਜਿਸ ਨਾਲ ਇੱਕ ਪਾਸੇ ਸਰਕਾਰ ਨੂੰ ਰੈਵਨਿਊ ਦਾ ਨੁਕਸਾਨ ਹੋ ਰਿਹਾ ਹੈ ਅਤੇ ਦੂਜੇ ਪਾਸੇ ਗੈਰਕਾਨੂੰਨੀ ਧੰਦਾ ਕਰਨ ਵਾਲੇ ਲੋਕ ਮਾਲਾਮਾਲ ਹੋ ਰਹੇ ਹਨ।

ਇਸ ਦੌਰਾਨ ਇਹ ਵੀ ਦੋਸ਼ ਲੱਗ ਰਹੇ ਹਨ ਕਿ ਕੁਝ ਲੋਕਾਂ ਵੱਲੋਂ ਪੱਤਰਕਾਰਾਂ ਨੂੰ ਵੀ ਦਬਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ, ਤਾਂ ਜੋ ਇਹ ਮਾਮਲਾ ਸਾਹਮਣੇ ਨਾ ਆ ਸਕੇ। ਇਸ 'ਤੇ ਪ੍ਰਤੀਕਿਰਿਆ ਦਿੰਦਿਆਂ ਕਿਸਾਨ ਆਗੂ ਸੰਤ ਰਾਮ ਛਾਜਲੀ ਨੇ ਕਿਹਾ ਕਿ ਪ੍ਰੈਸ ਸਮਾਜ ਦਾ ਸ਼ੀਸ਼ਾ ਹੁੰਦੀ ਹੈ ਅਤੇ ਇਸਦੀ ਆਵਾਜ਼ ਨੂੰ ਦਬਾਉਣਾ ਲੋਕਤੰਤਰ ਲਈ ਖ਼ਤਰਨਾਕ ਹੈ।

ਸਰਪੰਚ ਗੁਰਬਿਆਸ ਸਿੰਘ ਨੇ ਕਿਹਾ ਕਿ ਪੰਚਾਇਤ ਮੀਡੀਆ ਦੇ ਨਾਲ ਖੜ੍ਹੀ ਹੈ ਅਤੇ ਜੇ ਕੋਈ ਵੀ ਵਿਅਕਤੀ ਬਿਨਾਂ ਮਨਜ਼ੂਰੀ ਮਾਈਨਿੰਗ ਕਰਦਾ ਹੈ ਤਾਂ ਉਸ 'ਤੇ ਸਖ਼ਤ ਕਾਰਵਾਈ ਹੋਣੀ ਚਾਹੀਦੀ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਕਾਨੂੰਨੀ ਪ੍ਰਕਿਰਿਆ ਅਨੁਸਾਰ ਹੀ ਮਿੱਟੀ ਜਾਂ ਰੇਤ ਕੱਢੀ ਜਾਵੇ।

ਕੀ ਕਹਿੰਦੇ ਨੇ ਅਧਿਕਾਰੀ :

ਜਲ ਸਰੋਤ ਅਤੇ ਮਾਈਨਿੰਗ ਵਿਭਾਗ ਦੇ ਐਸਡੀਓ ਗੁਰਤੇਜ ਸਿੰਘ ਸੁਨਾਮ ਨੇ ਦੱਸਿਆ ਕਿ ਛਾਜਲੀ ਇਲਾਕੇ ਵਿੱਚ ਚੱਲ ਰਹੀ ਮਾਈਨਿੰਗ ਸਬੰਧੀ ਵਿਭਾਗ ਵੱਲੋਂ ਪਹਿਲਾਂ ਵੀ ਕਈ ਵਾਰ ਚੈਕਿੰਗ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਜਿੱਥੇ ਮਿੱਟੀ ਚੁੱਕਣ ਦੀ ਮਨਜ਼ੂਰੀ ਹੁੰਦੀ ਹੈ, ਉੱਥੇ ਸਿਰਫ਼ ਨਿਰਧਾਰਿਤ ਹੱਦ ਤੱਕ ਹੀ ਖੁਦਾਈ ਕੀਤੀ ਜਾ ਸਕਦੀ ਹੈ।

ਉਨ੍ਹਾਂ ਤੋਂ 10 ਤੋਂ 12 ਫੁੱਟ ਤੱਕ ਖੁਦਾਈ ਹੋਣ ਸਪੱਸ਼ਟ ਕੀਤਾ ਕਿ ਮਨਜ਼ੂਰੀ ਅਨੁਸਾਰ ਕਰੀਬ ਤਿੰਨ ਫੁੱਟ ਤੱਕ ਮਿੱਟੀ ਚੁੱਕੀ ਜਾ ਸਕਦੀ ਹੈ, ਪਰ ਕੁਝ ਥਾਵਾਂ ਦੀ ਜਾਣਕਾਰੀ ਮਿਲੀ ਹੈ, ਜੋ ਕਿ ਨਿਯਮਾਂ ਦੇ ਖ਼ਿਲਾਫ਼ ਹੈ।

ਐਸਡੀਓ ਮੁਤਾਬਕ ਮਾਮਲੇ ਦੀ ਗੰਭੀਰਤਾ ਨੂੰ ਦੇਖਦੇ ਹੋਏ ਮੌਕੇ 'ਤੇ ਕਰਮਚਾਰੀ ਤਾਇਨਾਤ ਕੀਤੇ ਗਏ ਹਨ ਅਤੇ ਨਿਗਰਾਨੀ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵੱਲੋਂ ਗੈਰ ਕਾਨੂੰਨੀ ਤਰੀਕੇ ਨਾਲ ਮਾਈਨਿੰਗ ਕੀਤੀ ਜਾ ਰਹੀ ਹੈ, ਤਾਂ ਪੱਕੇ ਸਬੂਤ ਇਕੱਠੇ ਕਰਕੇ ਸੰਬੰਧਿਤ ਲੋਕਾਂ ਖ਼ਿਲਾਫ਼ ਕਾਰਵਾਈ ਕੀਤੀ ਜਾਵੇਗੀ।

ਉਨ੍ਹਾਂ ਇਹ ਵੀ ਕਿਹਾ ਕਿ ਵਿਭਾਗ ਵੱਲੋਂ ਜੇਈ ਅਧਿਕਾਰੀ ਨੂੰ ਵੀ ਹਦਾਇਤਾਂ ਦਿੱਤੀਆਂ ਗਈਆਂ ਹਨ ਕਿ ਮੌਕੇ 'ਤੇ ਨਿਗਰਾਨੀ ਰੱਖੀ ਜਾਵੇ ਅਤੇ ਜੇ ਮਾਈਨਿੰਗ ਦਾ ਮਾਲ ਕਿਤੇ ਹੋਰ ਲਿਜਾਇਆ ਜਾਂਦਾ ਹੈ ਤਾਂ ਉਸਦਾ ਵੀ ਪੂਰਾ ਰਿਕਾਰਡ ਇਕੱਠਾ ਕੀਤਾ ਜਾਵੇ।

ਐਸਡੀਓ ਨੇ ਭਰੋਸਾ ਦਿਵਾਇਆ ਕਿ ਆਉਣ ਵਾਲੇ ਦਿਨਾਂ ਵਿੱਚ ਵੀ ਲਗਾਤਾਰ ਕਾਰਵਾਈ ਜਾਰੀ ਰਹੇਗੀ ਅਤੇ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਨੂੰ ਬਖ਼ਸ਼ਿਆ ਨਹੀਂ ਜਾਵੇਗਾ।

# 10 ਅਪ੍ਰੈਲ ਨੂੰ ਟੀ.ਐਸ.ਯੂ. ਦੇ ਕਾਮੇ ਮੁੱਖ ਦਫ਼ਤਰ ਪਟਿਆਲਾ ਵੱਲ ਕੂਚ ਕਰਨਗੇ : ਸਤਿੰਦਰਪਾਲ ਜੱਸੜ



ਬਰਨਾਲਾ, 8 ਅਪ੍ਰੈਲ (ਬਘੇਲ ਸਿੰਘ ਧਾਲੀਵਾਲ) : ਟੈਕਨੀਕਲ ਸਰਵਿਸਿਜ਼ ਯੂਨੀਅਨ ਰਜਿ. ਸਰਕਲ ਬਰਨਾਲਾ ਦੀ ਇੱਕ ਅਹਿਮ ਮੀਟਿੰਗ ਪੰਜਾਬ ਦੇ ਜਥੇਬੰਦਕ ਸਕੱਤਰ/ਸਰਕਲ ਪ੍ਰਧਾਨ ਸਤਿੰਦਰਪਾਲ ਸਿੰਘ ਜੱਸੜ ਦੀ ਪ੍ਰਧਾਨਗੀ ਹੇਠ ਕੀਤੀ ਗਈ। ਜਿਸ ਵਿੱਚ ਸਰਕਲ ਬਰਨਾਲਾ ਦੇ ਸਰਗਰਮ ਅਹੁਦੇਦਾਰਾਂ ਨੇ ਵਿਸ਼ੇਸ਼ ਤੌਰ 'ਤੇ ਭਾਗ ਲਿਆ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਸਰਕਲ ਸਕੱਤਰ ਕੁਲਵੀਰ ਸਿੰਘ ਔਲਖ ਨੇ ਕਿਹਾ ਕਿ ਅੱਜ ਦੀ ਮੀਟਿੰਗ ਵਿੱਚ ਜੁਆਇੰਟ ਫੋਰਮ ਅਤੇ ਏਕਤਾ ਮੰਚ ਵੱਲੋਂ 10 ਅਪ੍ਰੈਲ ਨੂੰ ਮੰਨੀਆਂ ਹੋਈਆਂ ਮੰਗਾਂ ਨੂੰ ਲਾਗੂ ਕਰਵਾਉਣ, 1 ਜਨਵਰੀ 2016 ਤੋਂ 30 ਜੂਨ 2021 ਤੱਕ ਤਨਖਾਹ ਸਕੇਲਾਂ ਦਾ ਬਕਾਇਆ ਦੇਣ ਅਤੇ ਮਹਿੰਗਾਈ ਭੱਤੇ ਦੀਆਂ ਬਕਾਇਆ ਕਿਸ਼ਤਾਂ ਜਾਰੀ ਕਰਵਾਉਣ ਲਈ ਹੈੱਡ ਆਫਿਸ ਪਟਿਆਲਾ ਵਿਖੇ ਦਿੱਤੇ ਜਾ ਰਹੇ ਇੱਕ ਰੋਜ਼ਾ ਧਰਨੇ ਦੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਹਨ। ਇਸ ਧਰਨੇ ਵਿੱਚ ਟੈਕਨੀਕਲ ਸਰਵਿਸਿਜ਼ ਯੂਨੀਅਨ ਰਜਿ. ਸਰਕਲ ਬਰਨਾਲਾ ਦੇ ਬਿਜਲੀ ਕਾਮੇ ਵੱਡੀ ਗਿਣਤੀ ਵਿੱਚ ਸ਼ਾਮਲ ਹੋਣਗੇ । ਦਿਹਾਤੀ ਮੰਡਲ ਦੇ ਸਕੱਤਰ ਕੁਲਵੰਤ ਸਿੰਘ ਢਿੱਲਵਾਂ ਅਤੇ ਸਹਿਰੀ ਮੰਡਲ ਬਰਨਾਲਾ ਦੇ ਪ੍ਰਧਾਨ ਕੁਲਵਿੰਦਰ ਸਿੰਘ ਨੇ ਮੰਗ ਕੀਤੀ ਕਿ ਆਉਣ ਵਾਲੇ ਪੈਡੀ ਸੀਜ਼ਨ ਨੂੰ ਧਿਆਨ ਵਿੱਚ ਰੱਖਦੇ ਹੋਏ ਪਾਵਰਕੌਮ ਦੀ ਮੈਨੇਜਮੈਂਟ ਨੂੰ ਬਿਜਲੀ ਮੁਲਾਜ਼ਮਾਂ ਲਈ ਸੇਫਟੀ ਕਿੱਟਾਂ ਤੇ ਟੂਲ ਕਿੱਟਾਂ ਤੁਰੰਤ ਜਾਰੀ ਕੀਤੀਆਂ ਜਾਣ, ਤਾਂ ਸਮੁੱਚੇ ਪੰਜਾਬ ਵਿੱਚ ਬਿਜਲੀ ਮੁਲਾਜ਼ਮਾਂ ਦੇ ਹੋ ਰਹੇ ਬਿਜਲੀ ਹਾਦਸਿਆਂ ਤੋਂ ਬਚਿਆ ਜਾ ਸਕੇ। ਪਾਵਰਕੌਮ ਦੀ ਮੈਨੇਜਮੈਂਟ ਤੋਂ ਮੰਗ ਕੀਤੀ ਗਈ, ਬਿਜਲੀ ਮੁਲਾਜ਼ਮਾਂ ਦੀਆਂ ਡਿਊਟੀਆਂ ਕਣਕ ਦੇ ਨਾੜ ਨੂੰ ਅੱਗ ਲਗਾਉਣ ਤੋਂ ਰੋਕਣ ਲਈ ਨਾ ਲਗਾਈਆਂ ਜਾਣ। ਕਿਉਂਕਿ ਬਿਜਲੀ ਮੁਲਾਜ਼ਮਾਂ ਦੀ ਫੀਲਡ ਵਿੱਚ ਪਹਿਲਾਂ ਹੀ ਗਿਣਤੀ ਬਹੁਤ ਜ਼ਿਆਦਾ ਘੱਟ ਹੈ। ਅੱਜ ਮੀਟਿੰਗ ਵਿੱਚ ਪਾਵਰਕੌਮ ਦੀ ਮਨੈਜਮੈਂਟ ਵੱਲੋਂ ਮੁਲਾਜ਼ਮਾਂ ਦੀਆਂ ਮੰਨੀਆ ਮੰਗਾਂ ਤੁਰੰਤ ਲਾਗੂ ਕੀਤੀਆਂ ਜਾਣ, ਜੇਕਰ ਮੰਗਾਂ ਦਾ ਹੱਲ ਨਾ ਕੀਤਾ ਗਿਆ, ਤਾਂ ਆਉਣ ਵਾਲੇ ਦਿਨਾਂ ਨੂੰ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਜਿਸ ਦੀ ਸਾਰੀ ਜ਼ੁੰਮੇਵਾਰੀ ਪੰਜਾਬ ਸਰਕਾਰ ਅਤੇ ਪਾਵਰਕਾਮ ਦੀ ਮੈਨੇਜਮੈਂਟ ਹੋਵੇਗੀ। ਅੱਜ ਦੀ ਮੀਟਿੰਗ ਵਿੱਚ ਗੁਰਵਿੰਦਰ ਸਿੰਘ, ਇੰਜ ਹਾਕਮ ਸਿੰਘ ਨੂਰ, ਕੇਵਲ ਸਿੰਘ ਤਪਾ, ਜਸਵਿੰਦਰ ਸਿੰਘ ਖੁੱਡੀਕਲਾਂ, ਜਸਵਿੰਦਰ ਸਿੰਘ ਚੰਨਣਵਾਲ , ਮੁਖਤਿਆਰ ਸਿੰਘ ਠੁੱਲੀਵਾਲ, ਗੁਰਪ੍ਰੀਤ ਸਿੰਘ ਧਨੌਲਾ, ਮਨਦੀਪ ਸਿੰਘ ਕੁਰੜ ਨੇ ਆਪਣੇ ਵਿਚਾਰ ਪੇਸ਼ ਕਰਦੇ ਹੋਏ ਹੈੱਡ ਆਫਿਸ ਪਟਿਆਲਾ ਵਿਖੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨ ਲਈ ਜ਼ੋਰ ਦਿੱਤਾ ਗਿਆ। ਮੀਟਿੰਗ ਦੇ ਅੰਤ ਵਿੱਚ ਸਰਕਲ ਕੈਸ਼ੀਅਰ ਪਰਦੀਪ ਸਿੰਘ ਜੋਧਪੁਰ ਨੇ ਮੀਟਿੰਗ ਵਿੱਚ ਆਏ ਸਮੂਹ ਸਾਥੀਆਂ ਦਾ ਧੰਨਵਾਦ ਕੀਤਾ।

# ਆਤਮਾ ਸਕੀਮ ਤਹਿਤ ਜ਼ਿਲ੍ਹਾ ਖੇਤੀਬਾੜੀ ਉਤਪਾਦਨ ਕਮੇਟੀ ਨਾਲ ਮੀਟਿੰਗ



ਬਰਨਾਲਾ, 8 ਅਪ੍ਰੈਲ (ਬਘੇਲ ਸਿੰਘ ਧਾਲੀਵਾਲ) : ਡਿਪਟੀ ਕਮਿਸ਼ਨਰ ਬਰਨਾਲਾ ਸ੍ਰੀ ਹਰਪ੍ਰੀਤ ਸਿੰਘ ਆਈ.ਏ.ਐਸ ਦੀ ਅਗਵਾਈ ਹੇਠ ਆਤਮਾ ਸਕੀਮ ਤਹਿਤ ਜ਼ਿਲ੍ਹਾ ਖੇਤੀਬਾੜੀ ਉਤਪਾਦਨ ਕਮੇਟੀ ਦੀ ਇੱਕ ਅਹਿਮ ਮੀਟਿੰਗ ਹੋਈ। ਇਸ ਮੀਟਿੰਗ ਦੌਰਾਨ ਖੇਤੀਬਾੜੀ ਅਤੇ ਸਬੰਧਤ ਵਿਭਾਗਾਂ ਵੱਲੋਂ ਕੀਤੇ ਜਾ ਰਹੇ ਕੰਮਾਂ, ਫ਼ਸਲਾਂ ਦੀ ਸਥਿਤੀ ਅਤੇ ਵਿਕਾਸ ਕਾਰਜਾਂ ਦੀ ਵਿਸਥਾਰਪੂਰਵਕ ਸਮੀਖਿਆ ਕੀਤੀ ਗਈ। ਮੀਟਿੰਗ ਦੌਰਾਨ ਮੁੱਖ ਖੇਤੀਬਾੜੀ ਅਫ਼ਸਰ ਡਾ. ਸੁਖਪਾਲ ਸਿੰਘ ਨੇ ਦੱਸਿਆ ਕਿ ਮੌਜੂਦਾ ਸੀਜ਼ਨ ਵਿੱਚ ਜ਼ਿਲ੍ਹੇ ਅੰਦਰ ਲਗਭਗ 1,14,000 ਹੈਕਟੇਅਰ ਰਕਬੇ ਵਿੱਚ ਕਣਕ ਦੀ ਕਾਸ਼ਤ ਕੀਤੀ ਗਈ ਹੈ। ਕਿਸਾਨਾਂ ਦੀ ਸਹੂਲਤ ਲਈ ਸਾਲ 2025-26 ਦੇ ਟੀਚਿਆਂ ਨੂੰ ਮੁੱਖ ਰੱਖਦਿਆਂ ਮਾਰਚ 2026 ਤੱਕ 71,724.6 ਮੀਟ੍ਰਿਕ ਟਨ ਯੂਰੀਆ ਅਤੇ 23,256.15 ਮੀਟ੍ਰਿਕ ਟਨ ਡੀ.ਏ.ਪੀ. ਖਾਦ ਦਾ ਪ੍ਰਬੰਧ ਕੀਤਾ ਜਾ ਚੁੱਕਾ ਹੈ। ਡਿਪਟੀ ਕਮਿਸ਼ਨਰ ਨੇ ਕਿਸਾਨਾਂ ਤੱਕ ਮਿਆਰੀ ਖਾਦਾਂ, ਬੀਜ ਅਤੇ ਦਵਾਈਆਂ ਦੀ ਪਹੁੰਚ ਯਕੀਨੀ ਬਣਾਉਣ ਦੀ ਹਦਾਇਤ ਕੀਤੀ। ਮੁੱਖ ਖੇਤੀਬਾੜੀ ਅਫ਼ਸਰ ਨੇ ਦੱਸਿਆ ਕਿ ਖੇਤੀਬਾੜੀ ਵਿਭਾਗ ਵੱਲੋਂ ਲਗਾਤਾਰ ਚੈਕਿੰਗ ਮੁਹਿੰਮ ਚਲਾਈ ਜਾ ਰਹੀ ਹੈ। ਇਸ ਮੁਹਿੰਮ ਤਹਿਤ ਹੁਣ ਤੱਕ ਬੀਜਾਂ ਦੇ 185, ਕੀੜੇਮਾਰ ਦਵਾਈਆਂ ਦੇ 156 ਅਤੇ ਰਸਾਇਣਕ ਖਾਦਾਂ ਦੇ 98 ਸੈਂਪਲ ਲਏ ਗਏ ਹਨ ਤਾਂ ਜੋ ਕਿਸੇ ਵੀ ਤਰ੍ਹਾਂ ਦੀ ਊਣਤਾਈ ਨੂੰ ਰੋਕਿਆ ਜਾ ਸਕੇ। ਕਿਸਾਨਾਂ ਨੂੰ ਨਵੀਨਤਮ ਖੇਤੀ ਤਕਨੀਕਾਂ ਨਾਲ ਜੋੜਨ ਦੇ ਮਕਸਦ ਨਾਲ ਵਿਭਾਗ ਵੱਲੋਂ ਜ਼ਿਲ੍ਹੇ ਵਿੱਚ 695 ਪਿੰਡ ਪੱਧਰੀ ਜਾਗਰੂਕਤਾ ਕੈਂਪ ਲਗਾਏ ਗਏ ਹਨ। ਖੇਤੀ ਮਸ਼ੀਨੀਕਰਨ ਨੂੰ ਹੁਲਾਰਾ ਦੇਣ ਲਈ ਸੀ.ਆਰ.ਐਮ (CRM) ਸਕੀਮ ਤਹਿਤ 5.78 ਕਰੋੜ ਰੁਪਏ ਦੇ ਬਜਟ ਨਾਲ ਕਿਸਾਨਾਂ ਨੂੰ 552 ਖੇਤੀ ਮਸ਼ੀਨਾਂ ਮੁਹੱਈਆ ਕਰਵਾਈਆਂ ਗਈਆਂ ਹਨ, ਜਿਨ੍ਹਾਂ ਵਿੱਚ 268 ਸੁਪਰ ਸੀਡਰ ਵਿਸ਼ੇਸ਼ ਤੌਰ @ਤੇ ਸ਼ਾਮਲ ਹਨ। ਇਸ ਤੋਂ ਇਲਾਵਾ, ਪੀ.ਐਮ. ਕਿਸਾਨ ਸਕੀਮ ਤਹਿਤ ਜ਼ਿਲ੍ਹੇ ਦੇ 89% ਕਿਸਾਨਾਂ ਦੀ ਈ-ਕੇਵਾਈਸੀ ਦੀ ਪ੍ਰਕਿਰਿਆ ਮੁਕੰਮਲ ਕੀਤੀ ਜਾ ਚੁੱਕੀ ਹੈ।

# 25 ਏਕੜ ਨਿਵਾਸੀਆਂ ਦੀ ਮੀਟਿੰਗ 'ਚ ਨਾਜਾਇਜ਼ ਰੇਹੜੀਆਂ ਹਟਾਉਣ ਦੀ ਮੰਗ



ਬਰਨਾਲਾ, 8 ਅਪ੍ਰੈਲ (ਸੁਖਵਿੰਦਰ ਸਿੰਘ ਭੰਡਾਰੀ) : 25 ਏਕੜ ਕਲੋਨੀ (ਭਾਈ ਮਨੀ ਸਿੰਘ ਨਗਰ ਬਰਨਾਲਾ) ਨਿਵਾਸੀਆਂ ਦੀ ਭਰਵੀਂ ਮੀਟਿੰਗ ਹੋਈ, ਜਿਸ ਵਿਚ ਸਰਬਸੰਮਤੀ ਨਾਲ ਪ੍ਰਸ਼ਾਸਨ ਤੋਂ ਮੰਗ ਕੀਤੀ ਗਈ ਕਿ ਕਲੋਨੀ ਵਿਚ ਗੈਰ ਕਾਨੂੰਨੀ ਮੀਟ ਅਤੇ ਸ਼ਰਾਬ ਦੀਆਂ ਰੇਹੜੀਆਂ ਨੂੰ ਤੁਰੰਤ ਹਟਾਇਆ ਜਾਵੇ। ਇਸ ਸਬੰਧੀ ਭਾਈ ਮਨੀ ਸਿੰਘ ਨਗਰ ਦਾ ਇੱਕ ਵਫ਼ਦ ਐਸ ਐਸ ਪੀ ਬਰਨਾਲਾ ਨੂੰ ਮਿਲਿਆ ਅਤੇ ਸ਼ਰਾਬ ਅਤੇ ਮੀਟ ਦੀਆਂ ਰੇਹੜੀਆਂ ਹਟਾਉਣ ਦੀ ਕੋਸ਼ਿਸ਼ ਕੀਤੀ। ਇਸ ਮੌਕੇ ਐਸ ਐਸ ਪੀ ਸਰਫ਼ਰਾਜ਼ ਆਲਮ ਨੇ ਸੰਬੰਧਿਤ ਐਸ ਐਚ ਓ ਨੂੰ ਫ਼ੋਨ ਕਰਕੇ ਤੁਰੰਤ ਸ਼ਰਾਬ ਅਤੇ ਮੀਟ ਦੀਆਂ ਰੇਹੜੀਆਂ ਹਟਾਉਣ ਦਾ ਹੁਕਮ ਦਿੱਤਾ।

ਇਸ ਤੋਂ ਇਲਾਵਾ ਇਹ ਵੀ ਮੰਗ ਕੀਤੀ ਕਿ ਕਲੋਨੀ ਦੀਆਂ ਗਲੀਆਂ ਅਤੇ ਆਸਪਾਸ ਘੁੰਮਦੇ ਅਵਾਰਾ ਕੁੱਤਿਆਂ 'ਤੇ ਰੋਕ ਲਾਈ ਜਾਵੇ, ਕਿਉਂਕਿ ਅਵਾਰਾ ਕੁੱਤਿਆਂ ਕਰਕੇ ਕਲੋਨੀ ਦੀਆਂ ਮਹਿਲਾਵਾਂ ਅਤੇ ਬੱਚੇ ਘੁੰਮ ਫਿਰ ਨਹੀ ਸਕਦੇ ਅਤੇ ਮੀਟ ਅਤੇ ਸ਼ਰਾਬ ਦੀਆ ਰੇਹੜੀਆਂ 'ਤੇ ਸ਼ਰਾਰਤੀ ਅਨਸਰ ਆਉਂਦੇ ਹਨ ਅਤੇ ਗਾਲੀ ਗਲੋਚ ਕਰਦੇ ਹਨ ਅਤੇ ਅਪਸ਼ਬਦ ਬੋਲਦੇ ਹਨ, ਜਿਸ ਕਰਕੇ ਕਲੋਨੀ ਨਿਵਾਸੀਆਂ ਨੂੰ ਬਹੁਤ ਪ੍ਰੇਸ਼ਾਨੀ ਆਉਂਦੀ ਹੈ। ਪਹਿਲਾਂ ਵੀ ਉੱਥੇ ਬਹੁਤ ਵਾਰਦਾਤਾਂ ਹੋ ਚੁੱਕੀਆਂ ਹਨ ਅਤੇ ਉੱਥੇ ਪਹਿਲਾਂ ਵੀ ਲੜਾਈ ਝਗੜੇ ਦੌਰਾਨ ਇਕ ਪੁਲਿਸ ਮੁਲਾਜ਼ਮ ਦੀ ਮੌਤ ਹੋ ਗਈ ਸੀ। ਇਹ ਮੀਟ ਅਤੇ ਸ਼ਰਾਬ ਦੀਆਂ ਦੁਕਾਨਾਂ ਮੰਦਰ ਦੇ ਬਹੁਤ ਨੇੜੇ ਹਨ, ਮੰਦਿਰ ਬਹੁਤ ਨੇੜੇ ਹੈ। ਇਸ ਮੌਕੇ ਵਫ਼ਦ 'ਤੇ ਲਲਿਤ ਮਹਾਜਨ, ਬਲਦੇਵ ਆਹਲੂਵਾਲੀਆ, ਐਸ ਐਲ ਕਟਾਰੀਆ, ਡਾਕਟਰ ਹਰਵਿੰਦਰ, ਵਾਸਦੇਵ, ਸਮਾਜ ਸੇਵੀ ਕੇਵਲ ਵੀਨਸ, ਰਾਕੇਸ਼ ਮਹਿਰਾ, ਪੱਪੂ ਕੁਲਫ਼ੀ ਵਾਲੇ, ਗੁਰਨਾਮ ਸਿੰਘ, ਭਗਤ ਸਿੰਘ ਜੱਸਲ, ਨਰੇਸ਼ ਕੁਮਾਰ ਲੱਕੀ, ਰਾਜ ਕੁਮਾਰ, ਰਮੇਸ਼ ਕੁਮਾਰ ਆਦਿ ਨੇ ਵੀ ਜ਼ੋਰਦਾਰ ਮੰਗ ਕੀਤੀ ਕਿ ਇਨ੍ਹਾਂ ਮੀਟ ਅਤੇ ਸ਼ਰਾਬ ਦੀਆਂ ਨਾਜਾਇਜ਼ ਲੱਗਦੀਆਂ ਰੇਹੜੀਆਂ ਨੂੰ ਤੁਰੰਤ ਹਟਾਇਆ ਜਾਵੇ, ਤਾਂ ਜੋ ਇਲਾਕੇ ਵਿਚ ਅਮਨ ਅਤੇ ਸ਼ਾਂਤੀ ਬਣੀ ਰਹੇ ।

# ਸੁਪਰੀਮ ਕੋਰਟ ਦੇ ਫ਼ੈਸਲੇ ਖ਼ਿਲਾਫ਼ ਬਰਨਾਲਾ ਵਿੱਚ ਅਧਿਆਪਕਾਂ ਦਾ ਜ਼ਬਰਦਸਤ ਰੋਸ ਪ੍ਰਦਰਸ਼ਨ, ਪੰਜਾਬ ਸਰਕਾਰ ਦੀ ਅਰਥੀ ਸਾੜੀ




ਬਰਨਾਲਾ, 8 ਅਪ੍ਰੈਲ (ਬਘੇਲ ਸਿੰਘ ਧਾਲੀਵਾਲ) : ਸੁਪਰੀਮ ਕੋਰਟ ਦੇ ਗੈਰ ਕੁਦਰਤੀ ਦਿੱਤੇ ਅਧਿਆਪਕ ਵਿਰੋਧੀ ਫ਼ੈਸਲੇ ਖ਼ਿਲਾਫ਼ ਸਮੂਹ ਅਧਿਆਪਕ ਜਥੇਬੰਦੀਆਂ ਵੱਲੋਂ ਸੰਘਰਸ਼ ਨੂੰ ਜਾਰੀ ਰੱਖਣ ਦਾ ਅਹਿਦ ਲੈਂਦਿਆ ਸੂਬਾ ਪੱਧਰੀ ਸੱਦੇ ਅਨੁਸਾਰ ਚਿੰਟੂ ਪਾਰਕ ਬਰਨਾਲਾ ਵਿਖੇ ਜ਼ੋਰਦਾਰ ਰੋਸ ਪ੍ਰਦਰਸ਼ਨ ਕਰਨ ਉਪਰੰਤ ਸ਼ਹਿਰ ਵਿੱਚ ਰੋਸ ਮਾਰਚ ਕਰਨ ਉਪਰੰਤ ਸਿਵਲ ਹਸਪਤਾਲ ਚੌਂਕ ਵਿੱਚ ਪੰਜਾਬ ਸਰਕਾਰ ਦੀ ਅਰਥੀ ਸਾੜੀ ਗਈ। ਜੱਥੇਬੰਦੀਆਂ ਦੇ ਆਗੂਆਂ ਨਰਿੰਦਰ ਸ਼ਹਿਣਾ, ਹਰਿੰਦਰ ਮੱਲੀਆਂ, ਰਾਜੀਵ ਕੁਮਾਰ, ਪਰਮਿੰਦਰ ਬਰਨਾਲਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਕੇਂਦਰ ਸਰਕਾਰ ਦੇ ਇਸ਼ਾਰੇ 'ਤੇ ਸੁਪਰੀਮ ਕੋਰਟ ਰਾਹੀਂ ਟੈੱਟ ਦੀ ਬਿਲਕੁਲ ਬੇਲੋੜੀ, ਗੈਰਵਿਧਾਨਿਕ ਸ਼ਰਤ ਜਬਰੀ ਥੋਪਣ, ਪੰਜਾਬ ਸਰਕਾਰ ਵੱਲੋਂ ਬਜਟ ਸੈਸ਼ਨ ਦੌਰਾਨ ਅਧਿਆਪਕਾਂ ਦੀ ਸੇਵਾ ਸੁਰੱਖਿਆ ਲਈ ਬਿੱਲ ਨਾ ਲਿਆਉਣ, ਸੁਪਰੀਮ ਕੋਰਟ ਵਿੱਚ ਰੀਵਿਊ ਪਟੀਸ਼ਨ ਦਾਖਲ ਨਾ ਕਰਨ, ਸਿੱਖਿਆ ਵਿਭਾਗ ਵੱਲੋਂ ਕੁਝ ਵਰਗਾਂ ਨੂੰ ਟੈੱਟ ਤੋਂ ਛੋਟ ਦੇਣ ਦਾ ਪੱਤਰ ਰੱਦ ਕਰਨ, ਸੰਘਰਸ਼ ਦੌਰਾਨ ਜਲ ਤੋਪਾਂ, ਲਾਠੀਚਾਰਜ ਅਤੇ ਅਥਰੂ ਗੈਸ ਦੇ ਗੋਲਿਆਂ ਦੀ ਅੰਨ੍ਹੇਵਾਹ ਵਰਤੋਂ ਕਰਕੇ ਅਧਿਆਪਕਾਂ ਨੂੰ ਜਖਮੀ ਕਰਕੇ ਰਾਸ਼ਟਰ ਨਿਰਮਾਤਾ ਅਧਿਆਪਕਾਂ ਦੇ ਮਾਨ ਸਨਮਾਨ ਨੂੰ ਸੱਟ ਮਾਰਨ ਦੇ ਵਿਰੋਧ ਵਿੱਚ ਪੰਜਾਬ ਸਰਕਾਰ ਦੀ ਅਰਥੀ ਫੂਕੀ ਗਈ। ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਆਪਣੇ ਚਾਰ ਸਾਲ ਦੇ ਕਾਰਜਕਾਲ ਵਿੱਚ ਅਧਿਆਪਕਾਂ ਦੀ ਕਿਸੇ ਵੀ ਸਮੱਸਿਆ ਦਾ ਹੱਲ ਕਰਨ ਦੀ ਬਜਾਏ ਅਧਿਆਪਕਾਂ ਦੇ ਹਰ ਵਰਗ ਤੇ ਪੁਲਸੀਆ ਤਸ਼ੱਦਦ ਹੀ ਕੀਤਾ ਹੈ। ਪੁਰਾਣੀ ਪੈਨਸ਼ਨ ਸਕੀਮ ਦੀ ਬਹਾਲੀ ਲਈ ਲੰਗੜਾ ਨੋਟੀਫਿਕੇਸ਼ਨ ਜਾਰੀ ਕਰਨ ਦੇ ਬਾਵਜੂਦ ਹੁਣ ਤੱਕ ਲਾਗੂ ਨਹੀਂ ਕੀਤੀ ਗਈ, ਤਨਖਾਹ ਦੁਹਰਾਈ ਦੇ ਬਕਾਏ, ਮਹਿਗਾਈ ਭੱਤੇ ਦੀਆਂ ਰਹਿੰਦੀਆਂ ਕਿਸ਼ਤਾਂ ਅਤੇ ਜਾਰੀ ਕੀਤੀਆਂ ਕਿਸ਼ਤਾਂ ਦੇ ਬਕਾਏ ਮਿੱਟੀ ਘੱਟੇ ਰਲਾ ਦਿੱਤੇ ਗਏ ਹਨ। ਸੋਧਨ ਦੇ ਨਾਂ 'ਤੇ ਬੰਦ ਕੀਤੇ ਸਮੁੱਚੇ ਭੱਤੇ ਬਹਾਲ ਨਹੀਂ ਕੀਤੇ ਜਾ ਰਹੇ। ਤਨਖਾਹ ਕਮਿਸ਼ਨ ਦੀ ਪੂਰੀ ਰਿਪੋਰਟ ਵੀ ਜਾਰੀ ਨਹੀਂ ਕੀਤੀ ਗਈ। ਸਕੂਲਾਂ ਵਿੱਚ ਅਧਿਆਪਕਾਂ ਦੀਆਂ ਅਤੇ ਸਕੂਲ ਮੁਖੀਆਂ ਦੀਆਂ ਹਜ਼ਾਰਾਂ ਪੋਸਟਾਂ ਖਾਲੀ ਹੋਣ ਦੇ ਬਾਵਜੂਦ ਬੇਰੁਜ਼ਗਾਰ ਅਧਿਆਪਕਾਂ ਨੂੰ ਰੁਜ਼ਗਾਰ ਨਹੀਂ ਦਿੱਤਾ ਜਾ ਰਿਹਾ। ਸਰਕਾਰ ਵਲੋਂ ਖਜਾਨਾ ਭਰੇ ਹੋਣ ਦੇ ਦਮਗਜੇ ਮਾਰੇ ਜਾ ਰਹੇ ਹਨ, ਪਰ ਅਧਿਆਪਕਾਂ ਦੇ ਵਿੱਤੀ ਮਸਲੇ ਹੱਲ ਨਹੀਂ ਕੀਤੇ ਜਾ ਰਹੇ, ਬਹੁਗਿਣਤੀ ਅਧਿਆਪਕ ਫਰਵਰੀ ਮਹੀਨੇ ਦੀ ਤਨਖਾਹ ਨੂੰ ਤਰਸ ਰਹੇ ਹਨ। ਇਹਨਾਂ ਸਮੱਸਿਆਵਾਂ ਦਾ ਹੱਲ ਕਰਨ ਦੀ ਬਜਾਏ ਸੇਵਾ ਨਿਭਾ ਰਹੇ ਅਧਿਆਪਕਾਂ ਦੇ ਸਿਰ ਤੇ ਛਾਂਟੀ ਦੀ ਤਲਵਾਰ ਲਟਕਾ ਦਿੱਤੀ ਗਈ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਨਿਰਮਲ ਚੁਹਾਨਕੇ, ਦਲਜਿੰਦਰ ਸਿੰਘ ਪੰਡੋਰੀ , ਤੇਜਿੰਦਰ ਸਿੰਘ ਤੇਜੀ, ਕਪਿਲ ਤਪਾ, ਕਰਮਜੀਤ ਸਿੰਘ ਭੋਤਨਾ, ਸਤਪਾਲ ਤਪਾ, ਰਾਜਿੰਦਰ ਕੁਮਾਰ, ਮਾਲਵਿੰਦਰ ਸਿੰਘ, ਰਮਨਦੀਪ ਸਿੰਘ, ਅਸ਼ੋਕ ਛੀਨੀਵਾਲ, ਜਗਜੀਤ ਸਿੰਘ ਪੰਧੇਰ, ਅਮ੍ਰਿਤਪਾਲ ਕੋਟਦੂੰਨਾ, ਅਮਰੀਕ ਸਿੰਘ ਭੱਦਲਵੱਡ, ਜਗਜੀਤ ਸਿੰਘ ਛਾਪਾ, ਏਕਮਪ੍ਰੀਤ ਸਿੰਘ ਭੋਤਨਾ, ਲਖਵੀਰ ਸਿੰਘ ਠੁੱਲੀਵਾਲ, ਸੁਖਬੀਰ ਸਿੰਘ ਸੰਘੇੜਾ, ਸੁਖਦੀਪ ਤਪਾ, ਹਰਪ੍ਰੀਤ ਸਿੰਘ ਟੱਲੇਵਾਲ, ਜਸਵੀਰ ਸਹਿਣਾ, ਵਿਕਾਸ ਕੁਮਾਰ ਭੱਦਲਵੱਡ, ਹਰਜੀਤ ਸਿੰਘ ਖੁੱਡੀ, ਸਰਨਜੀਤ ਸਿੰਘ ਸਾਂਪਲਾ, ਸੂਰੀਆ, ਗੁਰਗੀਤ ਸਿੰਘ ਠੀਕਰੀਵਾਲਾ, ਗੁਰਮੇਲ ਸਿੰਘ ਰੂੜੇਕੇ ਆਦਿ ਹਾਜ਼ਰ ਸਨ।

# ਬੱਚਿਆਂ 'ਚ ਵੱਧ ਰਿਹੈ ਮਾਨਸਿਕ ਤਣਾਅ ਇੱਕ ਗੰਭੀਰ ਮਸਲਾ : ਸੰਜੀਵ ਬਾਂਸਲ



ਬਰਨਾਲਾ, 8 ਅਪ੍ਰੈਲ (ਸੁਖਵਿੰਦਰ ਸਿੰਘ ਭੰਡਾਰੀ) : ਅੱਜ ਦੇ ਤੇਜ਼ ਰਫ਼ਤਾਰ ਜੀਵਨ 'ਚ ਜਿੱਥੇ ਘਰ ਦੇ ਵੱਡੇ ਮਾਨਸਿਕ ਤਣਾਅ ਦਾ ਸਾਹਮਣਾ ਕਰ ਰਹੇ ਹਨ, ਉੱਥੇ ਬੱਚੇ ਵੀ ਇਸ ਤੋਂ ਅਛੂਤੇ ਨਹੀਂ ਰਹੇ । ਸਕੂਲ ਦਾ ਦਬਾਅ, ਮਾਪਿਆਂ ਦੀਆਂ ਉਮੀਦਾਂ 'ਤੇ ਡਿਜੀਟਲ ਦੁਨੀਆਂ ਦਾ ਪ੍ਰਭਾਵ ਬੱਚਿਆਂ ਦੇ ਮਨ 'ਤੇ ਗੰਭੀਰ ਅਸਰ ਪਾ ਰਹੇ ਹਨ।ਨਤੀਜੇ ਵਜੋਂ ਬੱਚਿਆਂ 'ਚ ਚਿੜਚਿੜਾਪਣ, ਗੁੱਸਾ ਤੇ ਅਸਹਿਣਸ਼ੀਲਤਾ ਵੱਧ ਰਹੀ ਹੈ। ਇਸ ਸਬੰਧੀ ਉੱਘੇ ਕਾਰੋਬਾਰੀ ਤੇ ਸਮਾਜ ਸੇਵੀ ਸੰਜੀਵ ਬਾਂਸਲ ਨੇ ਕਿਹਾ ਕਿ ਬੱਚਿਆਂ ਦੀ ਮਾਨਸਿਕ ਸਿਹਤ ਇਕ ਗੰਭੀਰ ਮਸਲਾ ਬਣਦਾ ਜਾ ਰਿਹਾ ਹੈ। ਜੇ ਮਾਪੇ ਤੇ ਅਧਿਆਪਕ ਸਮੇਂ 'ਤੇ ਧਿਆਨ ਦੇਣ, ਤਾਂ ਬੱਚਿਆਂ ਦੇ ਗੁੱਸੇ ਤੇ ਚਿੜਚਿੜੇਪਨ ਨੂੰ ਆਸਾਨੀ ਨਾਲ ਕੰਟਰੋਲ ਕੀਤਾ ਜਾ ਸਕਦਾ ਹੈ। ਸਹੀ ਮਾਰਗਦਰਸ਼ਨ ਤੇ ਪਿਆਰ ਭਰਿਆ ਮਾਹੌਲ ਬੱਚਿਆਂ ਨੂੰ ਇਕ ਖੁਸ਼ਹਾਲ ਤੇ ਸੰਤੁਲਿਤ ਜੀਵਨ ਵੱਲ ਲੈ ਜਾ ਸਕਦਾ ਹੈ। ਬੱਚਿਆਂ 'ਚ ਵਧਦੇ ਮਾਨਸਿਕ ਤਣਾਅ ਦੇ ਕਈ ਕਾਰਨ ਹਨ। ਇਸ ਦੇ ਨਾਲ ਹੀ ਮਾਪਿਆਂ ਦੀਆਂ ਵਧਦੀਆਂ ਉਮੀਦਾਂ ਵੀ ਬੱਚਿਆਂ ਨੂੰ ਅੰਦਰੋਂ ਦਬਾ ਰਹੀਆਂ ਹਨ। ਡਿਜੀਟਲ ਯੁੱਗ 'ਚ ਮੋਬਾਈਲ 'ਤੇ ਗੇਮਿੰਗ ਦਾ ਜ਼ਿਆਦਾ ਇਸਤੇਮਾਲ ਵੀ ਬੱਚਿਆਂ ਦੀ ਮਨੋਦਸ਼ਾ 'ਤੇ ਨਾਕਾਰਾਤਮਕ ਪ੍ਰਭਾਵ ਪਾ ਰਿਹਾ ਹੈ, ਜਿਸ ਨਾਲ ਉਹ ਜਲਦੀ ਗੁੱਸੇ 'ਚ ਆ ਜਾਂਦੇ ਹਨ। ਇਸ ਲਈ ਆਧਿਆਪਕ ਤੇ ਮਾਪਿਆਂ ਨੂੰ ਬੱਚਿਆਂ ਦਾ ਤਣਾਅ ਘਟਾਉਣ ਲਈ ਰਲ ਮਿਲ ਕੇ ਉਪਰਾਲੇ ਕਰਨੇ ਚਾਹੀਦੇ ਹਨ।

# ਆਰੀਆ ਭੱਟ ਕਾਲਜ ਵਿੱਚ ਸਮਰ ਇੰਟਰਨਸ਼ਿਪ 'ਤੇ ਜਾਣਕਾਰੀ ਭਰਪੂਰ ਸੈਮੀਨਾਰ



ਬਰਨਾਲਾ, 8 ਅਪ੍ਰੈਲ (ਬਘੇਲ ਸਿੰਘ ਧਾਲੀਵਾਲ) : ਆਰੀਆਭੱਟ ਕਾਲਜ ਵਿੱਚ ਸੋਲੀਟੇਅਰ ਇਨਫੋਸਿਸ ਦੇ ਸਹਿਯੋਗ ਨਾਲ ਸਮਰ ਇੰਟਰਨਸ਼ਿਪ ਵਿਸ਼ੇ 'ਤੇ ਇੱਕ ਜਾਣਕਾਰੀ ਭਰਪੂਰ ਸੈਮੀਨਾਰ ਆਯੋਜਿਤ ਕੀਤਾ ਗਿਆ। ਇਸ ਸੈਮੀਨਾਰ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਵਿਹਾਰਕ ਹੁਨਰਾਂ ਦੇ ਵਿਕਾਸ ਅਤੇ ਕਰੀਅਰ ਦੇ ਮੌਕਿਆਂ ਵਿੱਚ ਵਾਧੇ ਲਈ ਇੰਟਰਨਸ਼ਿਪ ਦੀ ਮਹੱਤਤਾ ਬਾਰੇ ਜਾਣੂ ਕਰਵਾਉਣਾ ਸੀ। ਸੈਸ਼ਨ ਨੂੰ ਸ਼੍ਰੀ ਜਸਪ੍ਰੀਤ ਸਿੰਘ ਵੱਲੋਂ ਸੰਬੋਧਿਤ ਕੀਤਾ ਗਿਆ, ਜਿਨ੍ਹਾਂ ਨੇ ਅਕਾਦਮਿਕ ਸਿੱਖਿਆ ਅਤੇ ਉਦਯੋਗ ਦੀਆਂ ਜ਼ਰੂਰਤਾਂ ਵਿਚਕਾਰ ਪਾੜੇ ਨੂੰ ਪੂਰਾ ਕਰਨ ਵਿੱਚ ਗਰਮੀਆਂ ਦੀਆਂ ਇੰਟਰਨਸ਼ਿਪਾਂ ਦੀ ਅਹਿਮ ਭੂਮਿਕਾ 'ਤੇ ਰੋਸ਼ਨੀ ਪਾਈ। ਉਨ੍ਹਾਂ ਦੱਸਿਆ ਕਿ ਇੰਟਰਨਸ਼ਿਪਾਂ ਰਾਹੀਂ ਵਿਦਿਆਰਥੀ ਅਸਲ ਜੀਵਨ ਦਾ ਤਜਰਬਾ ਹਾਸਲ ਕਰਦੇ ਹਨ, ਆਪਣੇ ਪੇਸ਼ੇਵਰ ਹੁਨਰਾਂ ਨੂੰ ਨਿਖਾਰਦੇ ਹਨ ਅਤੇ ਭਵਿੱਖ ਵਿੱਚ ਰੋਜ਼ਗਾਰ ਦੇ ਮੌਕਿਆਂ ਲਈ ਖੁਦ ਨੂੰ ਤਿਆਰ ਕਰਦੇ ਹਨ। ਸੈਮੀਨਾਰ ਦੌਰਾਨ ਵਿਦਿਆਰਥੀਆਂ ਨੂੰ ਵੱਖ-ਵੱਖ ਸਿਖਲਾਈ ਪ੍ਰੋਗਰਾਮਾਂ, ਉਦਯੋਗਿਕ ਸੰਪਰਕ ਅਤੇ ਉਪਲਬਧ ਇੰਟਰਨਸ਼ਿਪ ਮੌਕਿਆਂ ਬਾਰੇ ਵੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਸੈਸ਼ਨ ਇੰਟਰਐਕਟਿਵ ਰਿਹਾ, ਜਿਸ ਵਿੱਚ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲੈਂਦਿਆਂ ਆਪਣੇ ਸਵਾਲ ਪੁੱਛੇ ਅਤੇ ਮਾਹਿਰਾਂ ਤੋਂ ਉਨ੍ਹਾਂ ਦੇ ਸੰਤੋਸ਼ਜਨਕ ਜਵਾਬ ਪ੍ਰਾਪਤ ਕੀਤੇ। ਇਹ ਸੈਮੀਨਾਰ ਕਾਲਜ ਦੇ ਚੇਅਰਮੈਨ ਇਰ. ਰਾਕੇਸ਼ ਗੁਪਤਾ, ਡਾਇਰੈਕਟਰ ਡਾ. ਅਜੈ ਮਿੱਤਲ, ਡੀਨ ਅਕਾਦਮਿਕ ਡਾ. ਭਵੇਤ ਗਰਗ, ਆਈਕਿਊਏਸੀ ਕੋਆਰਡੀਨੇਟਰ ਸ਼੍ਰੀ ਵਿਜੇ ਕੁਮਾਰ ਅਤੇ ਵਣਜ ਅਤੇ ਪ੍ਰਬੰਧਨ ਵਿਭਾਗ ਦੇ ਮੁਖੀ ਡਾ. ਜਸ਼ਨ ਜੋਤ ਦੇ ਮਾਣਯੋਗ ਮਾਰਗਦਰਸ਼ਨ ਹੇਠ ਆਯੋਜਿਤ ਕੀਤਾ ਗਿਆ। ਅੰਤ ਵਿੱਚ, ਕਾਲਜ ਪ੍ਰਬੰਧਨ ਵੱਲੋਂ ਸੈਮੀਨਾਰ ਦੇ ਸਫਲ ਆਯੋਜਨ ਲਈ ਸਬੰਧਿਤ ਟੀਮ ਦੀ ਪ੍ਰਸ਼ੰਸਾ ਕੀਤੀ ਗਈ ਅਤੇ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ ਗਿਆ ਕਿ ਉਹ ਵਿਹਾਰਕ ਗਿਆਨ ਪ੍ਰਾਪਤ ਕਰਨ ਅਤੇ ਉਦਯੋਗ ਨਾਲ ਜੁੜਨ ਲਈ ਇੰਟਰਨਸ਼ਿਪ ਪ੍ਰੋਗਰਾਮਾਂ ਵਿੱਚ ਸਰਗਰਮੀ ਨਾਲ ਹਿੱਸਾ ਲੈਣ।

# 10 ਲੱਖ ਵਾਲੇ ਸਿਹਤ ਕਾਰਡ ਡੇਰਾ ਬਾਬਾ ਲੇਖ ਰਾਮ ਝਾਹਿਆਂ ਵਾਲੀ ਵਿਖੇ ਬਣਾਏ ਜਾਣਗੇ

ਭਦੌੜ, 8 ਅਪ੍ਰੈਲ (ਸੁਖਵਿੰਦਰ ਪਲਾਹਾ) : ਪੰਜਾਬ ਸਰਕਾਰ ਵੱਲੋਂ ਪੰਜਾਬ ਦੇ ਲੋਕਾਂ ਨੂੰ ਵਧੀਆ ਸਿਹਤ ਸਹੂਲਤਾਂ ਦੇਣ ਲਈ ਪੂਰੀ ਤਰ੍ਹਾਂ ਵਚਨਵੱਧ ਹੈ, ਇਸੇ ਲੜੀ ਤਹਿਤ ਪੂਰੇ ਪੰਜਾਬ ਵਿੱਚ 10 ਲੱਖ ਤੱਕ ਦਾ ਫਰੀ ਇਲਾਜ ਕਰਵਾਉਣ ਵਾਲੇ ਹੈਲਥ ਕਾਰਡ ਬਿਲਕੁੱਲ ਫਰੀ ਬਣਾਏ ਜਾ ਰਹੇ ਹਨ। ਜਿਸ ਵਿੱਚ ਹਰ ਇੱਕ ਪਰਿਵਾਰ ਦਾ 10 ਲੱਖ ਤੱਕ ਰੁਪਏ ਦਾ ਫਰੀ ਇਲਾਜ ਪ੍ਰਾਈਵੇਟ ਅਤੇ ਸਰਕਾਰੀ ਹਸਪਤਾਲਾਂ ਵਿੱਚ ਕਰਵਾਇਆ ਜਾ ਸਕੇਗਾ। ਇਸੇ ਤਰ੍ਹਾਂ ਹੀ 7 ਅਪ੍ਰੈਲ ਦਿਨ ਮੰਗਲਵਾਰ ਤੋਂ ਲੈ ਕੇ 10 ਅਪ੍ਰੈਲ ਦਿਨ ਸ਼ੁੱਕਰਵਾਰ ਤੱਕ ਇਹ ਸਿਹਤ ਕਾਰਡ ਤਪ ਅਸਥਾਨ ਡੇਰਾ ਬਾਬਾ ਲੇਖ ਰਾਮ ਜੀ ਬਾਬਾ ਮਸਤ ਰਾਮ ਜੀ ਵਿਖੇ ਬਣਾਏ ਜਾਣਗੇ। ਆਸ਼ਾ ਵਰਕਰ ਅਮਨਦੀਪ ਕੌਰ ਗਿੱਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ ਦੀ ਇਹ ਸਹੂਲਤ ਦਾ ਲੋਕ ਵੱਧ ਤੋਂ ਵੱਧ ਫਾਇਦਾ ਉਠਾਉਣ ਅਤੇ ਆਪਣੇ ਸਿਹਤ ਕਾਰਡ ਬਣਵਾਉਣ ਲਈ 10 ਅਪ੍ਰੈਲ ਤੱਕ ਡੇਰਾ ਬਾਬਾ ਲੇਖ ਰਾਮ ਜੀ ਵਿਖੇ ਪਹੁੰਚ ਕੇ ਇਸ ਸਕੀਮ ਦਾ ਲਾਭ ਉਠਾ ਸਕਦੇ ਹਨ। ਉਹਨਾਂ ਕਿਹਾ ਕਿ ਇਹ ਕਾਰਡ ਬਣਵਾਉਣ ਲਈ ਹਰ ਇੱਕ ਨਾਗਰਿਕ ਆਪਣਾ ਆਧਾਰ ਕਾਰਡ, ਆਪਣਾ ਪੈਨ ਕਾਰਡ, ਵੋਟਰ ਕਾਰਡ ਅਤੇ ਦੋ ਫੋਟੋਆਂ ਲੈ ਕੇ ਆਪਣੇ ਕਾਰਡ ਬਣਵਾ ਸਕਦਾ ਹੈ। ਉਹਨਾਂ ਕਿਹਾ ਕਿ ਜਿਸ ਕਿਸੇ ਦਾ ਇਹ ਪਹਿਲਾਂ ਹੀ ਪੰਜ ਲੱਖ ਤੱਕ ਫਰੀ ਇਲਾਜ ਦੇ ਹੈਲਥ ਕਾਰਡ ਬਣਾਏ ਹੋਏ ਹਨ, ਉਹ ਵੀ ਇਸ ਸਕੀਮ ਦਾ ਲਾਭ ਉਠਾ ਸਕਦੇ ਹਨ।

# 11 ਅਪ੍ਰੈਲ ਦੇ 'ਵਾਅਦਾ ਖ਼ਿਲਾਫ਼ੀ ਮਾਰਚ' ਲਈ ਡੈਮੋਕ੍ਰੈਟਿਕ ਟੀਚਰਜ਼ ਫ਼ਰੰਟ ਬਰਨਾਲਾ ਵੱਲੋਂ ਸ਼ਮੂਲੀਅਤ ਦਾ ਐਲਾਨ



ਬਰਨਾਲਾ, 8 ਅਪ੍ਰੈਲ (ਹਮੀਰ ਸਿੰਘ) : ਡੈਮੋਕ੍ਰੈਟਿਕ ਟੀਚਰਜ਼ ਫ਼ਰੰਟ ਪੰਜਾਬ ਜ਼ਿਲ੍ਹਾ ਇਕਾਈ ਬਰਨਾਲਾ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਰਾਜੀਵ ਕੁਮਾਰ ਅਤੇ ਜ਼ਿਲ੍ਹਾ ਸਕੱਤਰ ਨਿਰਮਲ ਚੁਹਾਨਕੇ ਦੀ ਅਗਵਾਈ ਹੇਠ ਚਿੰਟੂ ਪਾਰਕ ਬਰਨਾਲਾ ਵਿਖੇ ਕੀਤੀ ਗਈ। ਮੀਟਿੰਗ ਦੀ ਕਾਰਵਾਈ ਸਬੰਧੀ ਜਾਣਕਾਰੀ ਦਿੰਦਿਆਂ ਪ੍ਰੈਸ ਸਕੱਤਰ ਸੁਖਦੀਪ ਤਪਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੁਪਰੀਮ ਕੋਰਟ ਦੇ ਫ਼ੈਸਲੇ ਨੂੰ ਢਾਲ ਬਣਾ ਕੇ ਪੰਜਾਬ ਦੇ ਅਧਿਆਪਕਾਂ ਉੱਪਰ ਜ਼ਬਰੀ ਥੋਪੇ ਟੈਸਟ ਵਿਰੁੱਧ ਸੰਘਰਸ਼ ਨੂੰ ਅੱਗੇ ਜਾਰੀ ਰੱਖਣ ਦੇ ਫ਼ੈਸਲੇ ਤਹਿਤ 11 ਅਪ੍ਰੈਲ ਨੂੰ ਸੰਗਰੂਰ ਵਿਖੇ ਕੀਤੇ ਜਾ ਰਹੇ 'ਵਾਅਦਾ ਖ਼ਿਲਾਫ਼ੀ' ਮਾਰਚ ਵਿੱਚ ਭਰਵੀਂ ਸ਼ਮੂਲੀਅਤ ਕਰਨ ਦਾ ਫ਼ੈਸਲਾ ਕੀਤਾ ਗਿਆ। ਹੋਰਨਾਂ ਜੱਥੇਬੰਦੀਆਂ ਨੂੰ ਇਸ ਦਾ ਹਿੱਸਾ ਬਣਨ ਦੀ ਅਪੀਲ ਕੀਤੀ ਗਈ। ਆਗੂਆਂ ਨੇ ਕਿਹਾ ਕਿ ਪਿਛਲੇ ਸਮੇਂ ਵਿੱਚ ਕੀਤੇ ਸੰਘਰਸ਼ਾਂ ਦੇ ਸਿੱਟੇ ਵਜੋਂ ਸਿੱਖਿਆ ਮੰਤਰੀ ਪੰਜਾਬ ਨੇ ਟੈੱਟ ਵਿਰੁੱਧ ਰੀਵਿਊ ਪਟੀਸ਼ਨ ਦਾਇਰ ਕਰਨ ਅਤੇ ਵਿਧਾਨ ਸਭਾ ਵਿੱਚ ਬਿੱਲ ਲੈ ਕੇ ਆਉਣ ਦਾ ਭਰੋਸਾ ਦਿੱਤਾ ਸੀ, ਪ੍ਰੰਤੂ ਸਰਕਾਰ ਨੇ ਦੋਨੋਂ ਮੰਗਾਂ ਉੱਪਰ ਅਮਲ ਨਾ ਕਰਕੇ, ਅਧਿਆਪਕ ਵਰਗ ਨਾਲ ਵਾਅਦਾ ਖ਼ਿਲਾਫ਼ੀ ਕੀਤੀ ਹੈ। ਇਕ ਤਰ੍ਹਾਂ ਨਾਲ ਅਧਿਆਪਕਾਂ ਨਾਲ ਧੋਖਾ ਕਰਕੇ ਜਬਰੀ ਟੈੱਟ ਨੂੰ ਥੋਪਿਆ ਗਿਆ ਹੈ। ਕੌਮੀ ਸਿੱਖਿਆ ਨੀਤੀ 2020 ਦੀਆਂ ਅਧਿਆਪਕ ਵਿਰੋਧੀ ਮੱਦਾਂ ਨੂੰ ਲਾਗੂ ਕਰਦਿਆਂ ਪਹਿਲਾਂ ਤੋਂ ਹੀ ਆਪਣੇ ਵਿਸ਼ੇ ਦੇ ਮਾਹਰ ਅਧਿਆਪਕਾਂ ਨੂੰ ਬੇਲੋੜੇ ਟੈਸਟਾਂ ਵਿੱਚ ਉਲਝਾਇਆ ਜਾ ਰਿਹਾ ਹੈ ਅਤੇ ਅਧਿਆਪਕਾਂ ਦੀ ਸੇਵਾ ਸੁਰੱਖਿਆ ਨੂੰ ਖ਼ਤਮ ਕਰਨ ਲਈ ਟੈਨਿਉਰ ਟ੍ਰੈਕ ਸਿਸਟਮ' (tenure track system) ਲਿਆਉਣ ਅਤੇ ਤਰੱਕੀ 'ਤੇ ਸਾਲਾਨਾ ਤਨਖਾਹ ਵਾਧੇ ਰੋਕਣ ਵੱਲ ਵਧਿਆ ਜਾ ਰਿਹਾ ਹੈ। ਜਦਕਿ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਕੌਮੀ ਸਿੱਖਿਆ ਨੀਤੀ- 2020 ਨੂੰ ਪੰਜਾਬ ਵਿੱਚ ਲਾਗੂ ਨਾ ਕਰਨ ਅਤੇ ਪੰਜਾਬ ਦੀ ਆਪਣੀ ਸਿੱਖਿਆ ਨੀਤੀ ਬਣਾਉਣ ਦਾ ਭਰੋਸਾ ਦਿੱਤਾ ਗਿਆ ਸੀ, ਸਗੋਂ ਪੰਜਾਬ ਕੈਬਨਿਟ ਨੇ 5 ਸਤੰਬਰ 2024 ਨੂੰ ਇਸ ਸਬੰਧੀ ਮਤਾ ਵੀ ਪਾਸ ਕੀਤਾ ਸੀ। ਇਸਦੇ ਉਲਟ ਸਰਕਾਰ ਪੰਜਾਬ ਸਰਕਾਰ ਹੋਰਨਾਂ ਗੈਰ- ਭਾਜਪਾ ਸਰਕਾਰਾਂ ਦੇ ਉਲਟ ਪੰਜਾਬ ਵਿੱਚ ਧੜੱਲੇ ਨਾਲ ਲਾਗੂ ਕਰ ਰਹੀ ਹੈ ਅਤੇ ਇਸੇ ਤਰ੍ਹਾਂ ਪੁਰਾਣੀ ਪੈਨਸ਼ਨ ਦੇ ਮਾਮਲੇ ਵਿੱਚ ਇੱਕ ਅਧੂਰਾ ਨੋਟੀਫਿਕੇਸ਼ਨ ਵੀ ਜਾਰੀ ਕੀਤਾ, ਪਰ ਲਾਗੂ ਕਰਨ ਤੋਂ ਪੂਰੀ ਤਰ੍ਹਾਂ ਜਵਾਬ ਦੇ ਚੁੱਕੀ ਹੈ। ਇਸੇ ਤਰ੍ਹਾਂ 18 ਨਵੰਬਰ 2022 ਨੂੰ ਪੁਰਾਣੀ ਪੈਨਸ਼ਨ ਬਹਾਲ ਕਰਨ ਲਈ ਜਾਰੀ ਕੀਤੇ ਅਧੂਰੇ ਨੋਟੀਫਿਕੇਸ਼ਨ ਦਾ ਐਸ ਓ ਪੀ (SOP) ਜਾਰੀ ਨਹੀਂ ਕੀਤਾ ਗਿਆ ਅਤੇ ਨਾ ਹੀ ਮੁਲਾਜ਼ਮਾਂ ਦੇ ਜਨਰਲ ਪ੍ਰੌਵੀਡੈਂਟ ਫੰਡ (GPF) ਦੇ ਖਾਤੇ ਖੋਲ੍ਹੇ ਗਏ ਹਨ। ਇਸ ਮੌਕੇ ਮੀਟਿੰਗ ਵਿੱਚ ਹਾਜ਼ਰ ਆਗੂਆਂ ਲਖਵੀਰ ਠੁੱਲੀਵਾਲ, ਸੱਤਪਾਲ ਤਪਾ,ਅੰਮ੍ਰਿਤਪਾਲ ਕੋਟਦੂੰਨਾ, ਮਾਲਵਿੰਦਰ ਬਰਨਾਲਾ ਨੇ ਪੰਜਾਬ ਸਰਕਾਰ ਦੀਆਂ ਇਨ੍ਹਾਂ ਵਾਅਦਾ ਖਿਲਾਫੀਆਂ ਵਿਰੁੱਧ ਸਰਕਾਰ ਨੂੰ ਸੰਘਰਸ਼ ਰਾਹੀਂ ਘੇਰਨ ਲਈ 11 ਅਪ੍ਰੈਲ 2026 ਦਿਨ ਸ਼ਨੀਵਾਰ ਨੂੰ ਸੰਗਰੂਰ-ਪਟਿਆਲਾ ਮੁੱਖ ਸੜਕ 'ਤੇ ਸਥਿਤ ਬਾਈਪਾਸ ਵਾਲੇ ਪੁਲ ਦੇ ਹੇਠਾਂ ਸੂਬਾ ਪੱਧਰੀ ਇਕੱਤਰਤਾ ਕਰਨ ਤੋਂ ਬਾਅਦ ਮੁੱਖ ਮੰਤਰੀ ਨਿਵਾਸ ਸੰਗਰੂਰ ਵੱਲ ਕੀਤੇ ਜਾਣ ਵਾਲੇ 'ਵਾਅਦਾ ਖਿਲਾਫੀ ਮਾਰਚ' ਵਿੱਚ ਸਮੂਹ ਅਧਿਆਪਕਾਂ ਨੂੰ ਭਰਵੀਂ ਸ਼ਮੂਲੀਅਤ ਦਾ ਸੱਦਾ ਦਿੱਤਾ। ਮੀਟਿੰਗ ਵਿੱਚ ਜ਼ਿਲ੍ਹਾ ਕਮੇਟੀ ਮੈਂਬਰ ਦਵਿੰਦਰ ਤਲਵੰਡੀ, ਰਘਵੀਰ ਕਰਮਗੜ੍ਹ, ਅੰਮ੍ਰਿਤ ਹਰੀਗੜ੍ਹ, ਪਲਵਿੰਦਰ ਠੀਕਰੀਵਾਲ, ਰਮਨਦੀਪ ਸਿੰਗਲਾ, ਹੈੱਡ ਮਾਸਟਰ ਪ੍ਰਦੀਪ ਕੁਮਾਰ, ਸੁਖਪ੍ਰੀਤ ਬੜੀ, ਹਰਬਚਨ ਹੰਡਿਆਇਆ, ਬਲਾਕ ਕਮੇਟੀ ਮੈਂਬਰਾਨ ਬਲਜਿੰਦਰ ਅਕਲੀਆ, ਜਗਰੰਟ ਸਿੰਘ, ਬਲਦੀਪ ਸੇਖਾ, ਪ੍ਰਿੰਸ ਕੁਮਾਰ ਅਤੇ ਸੁਮਿਤ ਕੰਬੋਜ ਹਾਜ਼ਰ ਸਨ।



# ਪਟਿਆਲਾ-ਆਸ/ਪਾਸ



### ਟੈਕਸੀ ਚਾਲਕ ਵੱਲੋਂ ਕੀਤੀ ਖੁਦਕੁਸ਼ੀ ਦਾ ਮਾਮਲਾ ਗਰਮਾਇਆ

## ਸੜਕ ’ਤੇ ਲਾਸ਼ ਰੱਖ ਕੇ ਪੀੜਤਾਂ ਨੇ ਆਵਾਜਾਈ ਕੀਤੀ ਠੱਪ

ਪਾਤੜਾਂ, 8 ਅਪ੍ਰੈਲ (ਚ.ਨ.ਸ.) : ਪਿੰਡ ਹਾਮਝੇੜੀ ਦੇ ਟੈਕਸੀ ਚਾਲਕ ਵੱਲੋਂ ਕੀਤੀ ਖੁਦਕੁਸ਼ੀ ਦਾ ਮਾਮਲਾ ਹੋਰ ਗਰਮਾ ਗਿਆ ਹੈ। ਖੁਦਕੁਸ਼ੀ ਤੋਂ ਪਹਿਲਾਂ ਵਾਇਰਲ ਕੀਤੀ ਗਈ ਵੀਡੀਓ ਦੇ ਅਧਾਰ ’ਤੇ ਪੁਲਿਸ ਵੱਲੋਂ ਕੇਸ ਵਿਚ ਨਾਮਜ਼ਦ ਮੁਲਜ਼ਮਾਂ ਦੀ ਗ੍ਰਿਫਤਾਰੀ ਨੂੰ ਲੈ ਕੇ ਪਿਛਲੇ ਚਾਰ ਦਿਨਾਂ ਤੋਂ ਪਿੰਡ ਦੇ ਸਰਕਾਰੀ ਸਕੂਲ ਵਿੱਚ ਲਾਸ਼ ਨੂੰ ਰੱਖ ਕੇ ਬੈਠੇ ਪੀੜਤ ਪਰਿਵਾਰ ਅਤੇ ਪਿੰਡ ਵਾਸੀਆਂ ਸੰਘਰਸ਼ ਨੂੰ ਤੇਜ਼ ਕਰਦਿਆਂ ਸੋਮਵਾਰ ਨੂੰ ਪੰਜਵੇਂ ਦਿਨ ਪਿੰਡ ਹਾਮਝੇੜੀ ਦੇ ਬੱਸ ਸਟੈਂਡ ’ਤੇ ਮ੍ਰਿਤਕ ਬਲਜਿੰਦਰ ਸਿੰਘ ਦੀ ਲਾਸ਼ ਰੱਖ ਕੇ ਪਾਤੜਾਂ ਜਾਖਲ ਰੋਡ ਪੂਰੀ ਤਰ੍ਹਾਂ ਜਾਮ ਕਰਕੇ ਅਣਮਿੱਥੇ ਸਮੇਂ ਦਾ ਰੋਹ ਭਰਪੂਰ ਧਰਨਾ ਸ਼ੁਰੂ ਕਰ ਦਿੱਤਾ ਹੈ। ਇਸ ਦੌਰਾਨ ਜਿੱਥੇ ਡੀਐਸਪੀ ਪਾਤੜਾਂ ਇੰਦਰਪਾਲ ਸਿੰਘ ਚੌਹਾਨ ਅਤੇ ਥਾਣਾ ਮੁਖੀ ਪਾਤੜਾਂ ਹਰਪ੍ਰੀਤ ਸਿੰਘ ਨੇ ਧਰਨਾਕਾਰੀਆਂ ਨੂੰ ਸ਼ਾਂਤ ਕਰਦਿਆਂ ਪਰਚੇ ਵਿਚ ਨਾਮਜ਼ਦ ਵਿਅਕਤੀਆਂ ਦੀ ਗ੍ਰਿਫਤਾਰੀ ਲਈ ਕੀਤੀਆਂ ਜਾ ਰਹੀਆਂ ਕੋਸ਼ਿਸ਼ਾਂ ਸਬੰਧੀ ਦੱਸਿਆ ਪਰ ਪ੍ਰਦਰਸ਼ਨਕਾਰੀ ਮੁਲਜ਼ਮਾਂ ਦੀ ਗ੍ਰਿਫਤਾਰੀ ਨਾ ਹੋਣ ਤੱਕ ਸਸਕਾਰ ਨਾ ਕਰਨ ਦੀ ਜਿੱਦ ’ਤੇ ਅੜੇ ਰਹੇ। ਇਸ ਕਾਰਨ ਰਾਜਨੀਤਿਕ ਧਾਰਮਿਕ ਅਤੇ ਸਮਾਜਿਕ ਜਥੇਬੰਦੀਆਂ ਦੇ ਆਗੂਆਂ ਨੇ ਪਹੁੰਚ ਕੇ ਪਰਿਵਾਰ ਨਾਲ ਹਮਦਰਦੀ ਦਾ ਇਜ਼ਹਾਰ ਕਰਦਿਆਂ ਸੰਘਰਸ਼ ਵਿਚ ਪੂਰਨ ਸਹਿਯੋਗ ਦਾ ਭਰੋਸਾ ਦਿੱਤਾ ਹੈ। ਰੋਸ ਪ੍ਰਦਰਸ਼ਨ ਦੌਰਾਨ ਜੁੜੇ ਇਕੱਠ ਨੂੰ ਸੰਬੋਧਨ ਕਰਦਿਆਂ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਲੋਕ ਆਗੂ ਡਾ. ਜਤਿੰਦਰ ਸਿੰਘ ਮੱਟੂ, ਅਕਾਲੀ ਦਲ ਪੁਨਰ ਸੁਰਜੀਤ ਦੇ ਜਥੇਬੰਦਕ ਸਕਤਰ ਡੀਟੀਓ ਕਰਨ ਸਿੰਘ, ਬੀਬੀ ਪਲਵਿੰਦਰ ਕੌਰ ਹਰਿਆਓ, ਸਾਬਕਾ ਸਰਪੰਚ ਅਤੇ ਅਕਾਲੀ ਦਲ ਵਾਰਸ ਪੰਜਾਬ ਦੇ ਆਗੂ ਭਗਵੰਤ ਸਿੰਘ ਸ਼ੁਤਰਾਣਾ, ਭੀਮ ਆਰਮੀ ਦੇ ਆਗੂ ਡਾਕਟਰ ਗੁਰਸੇਵਕ ਸਿੰਘ ਅਤੇ ਗੁਰਮੇਲ ਸਿੰਘ ਘੱਗਾ ਨੇ ਦੋਸ਼ ਲਗਾਇਆ ਕਿ ਭਾਰਤੀ ਕਾਨੂੰਨ ਦਾ ਹਵਾਲਾ ਦਿੰਦਿਆਂ ਪੰਜਾਬ ਪੁਲਿਸ ਦੇ ਹੱਥ ਬੜੇ ਲੰਬੇ ਹੋਣ ਦੇ ਦਾਅਵੇ ਆਮ ਸੁਣੇ ਜਾਂਦੇ ਹਨ ਪਰ ਬਦਕਿਸਮਤੀ ਦੀ ਗੱਲ ਹੈ ਕਿ ਪੰਜ ਦਿਨ ਬੀਤ ਜਾਣ ਦੇ ਬਾਵਜੂਦ ਵੀ ਬਲਜਿੰਦਰ ਸਿੰਘ ਨੂੰ ਖੁਦਕੁਸ਼ੀ ਲਈ ਮਜਬੂਰ ਕਰਨ ਵਾਲੇ ਰਾਜਸੀ ਸ਼ਹਿ ਪ੍ਰਾਪਤ ਲੋਕਾਂ ਨੂੰ ਗ੍ਰਿਫਤਾਰ ਕਰਨ ਤੋਂ ਪੁਲਿਸ ਅਸਮਰਥ ਹੈ। ਉਹਨਾਂ ਕਿਹਾ ਕਿ ਜਿੰਨੀ ਦੇਰ ਤੱਕ ਕਥਿਤ ਦੋਸ਼ੀਆਂ ਦੀ ਗ੍ਰਿਫਤਾਰੀ ਨਹੀਂ ਹੁੰਦੀ ਉਨੀ ਦੇਰ ਤੱਕ ਧਰਨਾ ਲਗਾਤਾਰ ਜਾਰੀ ਰਹੇਗਾ। ਇਸ ਦੌਰਾਨ ਮ੍ਰਿਤਕ ਬਲਜਿੰਦਰ ਸਿੰਘ ਦੇ ਪਰਿਵਾਰ ਨੂੰ ਇਨਸਾਫ ਦਿਵਾਉਣ ਲਈ ਨੌਜਵਾਨ ਆਗੂ ਜਰਨੈਲ ਸਿੰਘ ਜੈਲੀ ਸਰਪੰਚ, ਧਨੀ ਰਾਮ ਸ਼ਰਮਾ , ਜਤਿੰਦਰ ਸਿੰਘ ਮੱਟੂ, ਖੁਸ਼ੀ ਨੰਬਰਦਾਰ, ਮ੍ਰਿਤਕ ਦੀ ਪਤਨੀ ਕੁਲਜੀਤ ਕੌਰ, ਗੁਰਮੇਲ ਸਿੰਘ ਘੱਗਾ, ਹਰਪ੍ਰੀਤ ਸਿੰਘ ਮੈਂਬਰ ਪੰਚਾਇਤ, ਗੁਰਸੇਵਕ ਸਿੰਘ ਨਿਹੰਗ, ਡਾਕਟਰ ਗੁਰਸੇਵਕ ਸਿੰਘ ਭੀਮ ਆਰਮੀ, ਕਸ਼ਮੀਰ ਸਿੰਘ ਚੌਕੀਦਾਰ, ਤਰਸੇਮ ਸ਼ਰਮਾ ਸਾਬਕਾ ਸਰਪੰਚ, ਖੁਸ਼ੀ ਸ਼ੇਰਗੜ੍ਹ, ਮਨਪ੍ਰੀਤ ਸਿੰਘ, ਸੂਬਾ ਸਿੰਘ, ਰਿੰਕੂ ਦਾਨਵ ਐਮਸੀ ਅਤੇ ਰਾਜਾ ਸਰਾਓ ਸੇਵਾ ਦਲ ਕਾਂਗਰਸ ਦੇ ਅਧਾਰਤ 16 ਮੈਂਬਰੀ ਐਕਸ਼ਨ ਕਮੇਟੀ ਦਾ ਗਠਨ ਕੀਤਾ ਗਿਆ ਹੈ। ਮਾਮਲੇ ਸਬੰਧੀ ਡੀਐੱਸਪੀ ਪਾਤੜਾਂ ਇੰਦਰਪਾਲ ਸਿੰਘ ਚੌਹਾਨ ਨੇ ਦੱਸਿਆ ਕਿ ਪਾਤੜਾ ਪੁਲਿਸ ਵੱਲੋਂ ਪੰਜ ਵਿਅਕਤੀਆਂ ਨੂੰ ਕੇਸ ਵਿਚ ਨਾਮਜ਼ਦ ਕੀਤਾ ਗਿਆ ਸੀ ਜਿਨ੍ਹਾਂ ਵਿੱਚੋਂ ਚਾਰ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ ਮੁੱਖ ਦੋਸ਼ੀ ਦੀਪਕ ਸ਼ਰਮਾ ਨੂੰ ਜਲਦੀ ਗ੍ਰਿਫਤਾਰ ਕਰ ਲਿਆ ਜਾਵੇਗਾ।

## ਗੁਰਦੁਆਰਾ ਮੋਤੀ ਬਾਗ਼ ਸਾਹਿਬ ਵਿਖੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਸਮਾਗਮ ਸਮਾਪਤ

ਪਟਿਆਲਾ, 8 ਅਪ੍ਰੈਲ (ਰੁਪਾਣਾ/ਵਿਨੋਦ ਸ਼ਰਮਾ) : ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਗੁਰਦੁਆਰਾ ਮੋਤੀ ਬਾਗ਼ ਸਾਹਿਬ ਵਿਖੇ ਚੱਲ ਰਹੇ ਸਮਾਗਮ ਦੇਰ ਰਾਤ ਨੂੰ ਕਥਾ ਪ੍ਰਵਾਹ ਅਤੇ ਕੀਰਤਨ ਦਰਬਾਰ ਨਾਲ ਸਮਾਪਤ ਹੋਇਆ। ਧਾਰਮਿਕ ਸਮਾਗਮ ਦੌਰਾਨ ਉਚੇਚੇ ਤੌਰ ’ਤੇ ਸੱਚਖੰਡ ਸ੍ਰੀ ਦਰਬਾਰ ਸਾਹਿਬ ਦੇ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ, ਸੱਚਖੰਡ ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਡਾ. ਜਤਿੰਦਰ ਸਿੰਘ ਜੀ, ਭਾਈ ਓਂਕਾਰ ਸਿੰਘ, ਭਾਈ ਤੇਜੇਸ਼ਵਰ ਸਿੰਘ ਜੀ, ਹਜ਼ੂਰੀ ਰਾਗੀ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਭਾਈ ਚਰਨਜੀਤ ਸਿੰਘ ਹੀਰਾ ਦਿੱਲੀ ਵਾਲੇ, ਬਾਬਾ ਅਮਰੀਕ ਸਿੰਘ ਕਾਰ ਸੇਵਾ ਵਾਲੇ, ਬਾਬਾ ਇੰਦਰ ਸਿੰਘ ਕਾਰ ਸੇਵਾ ਵਾਲੇ, ਕਥਾਵਾਚਕ ਗਿਆਨੀ ਪ੍ਰਿਤਪਾਲ ਸਿੰਘ, ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ, ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਗੜ੍ਹੀ, ਜਥੇਦਾਰ ਜਸਮੇਰ ਸਿੰਘ ਲਾਛੜੂ ਵਾਲਿਆਂ ਤੋਂ ਇਲਾਵਾ ਵੱਡੀ ਗਿਣਤੀ ਸ਼ਹਿਰ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੇ ਹਾਜ਼ਰੀ ਲਗਵਾਈ। ਇਸ ਮੌਕੇ ਗੁਰਦੁਆਰਾ ਪ੍ਰਬੰਧਕ ਹੈੱਡ ਗ੍ਰੰਥੀ ਭਾਈ ਪ੍ਰਨਾਮ ਸਿੰਘ, ਮੈਨੇਜਰ ਭਾਗ ਸਿੰਘ ਆਦਿ ਨੇ ਲਗਾਤਾਰ ਚੱਲੇ ਏਨਾ ਸਮਾਗਮਾਂ ਵਿਚ ਪੁੱਜੀਆਂ ਸੰਗਤਾਂ ਦਾ ਵੀ ਧੰਨਵਾਦ ਕੀਤਾ। ਇਸ ਮੌਕੇ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਜੀ ਨੇ ਸੰਗਤਾਂ ਨੂੰ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ ਜੀਵਨ ਇਤਿਹਾਸ ਬਾਰੇ ਜਾਣੂੰ ਕਰਵਾਉਂਦਿਆਂ ਕਿਹਾ ਕਿ ਗੁਰੂ ਸਾਹਿਬ ਦਾ ਜਨਮ ਅਸਥਾਨ ਗੁਰੂ ਕੇ ਮਹਿਲ ਹੋਇਆ ਅਤੇ ਦਿੱਲੀ ਦੇ ਚਾਂਦਨੀ ਚੌਕ ਵਿਚ ਆਪਣੀ ਸ਼ਹਾਦਤ ਦਿੱਤੀ। ਗੁਰੂ ਸਾਹਿਬ ਨੇ ਆਪਣੇ ਜੀਵਨ ਵਿਚ ਅਜਿਹੀ ਇਤਿਹਾਸਕ ਜੰਗ ਲੜੀ ਅਤੇ ਆਪਣੇ ਜੀਵਨ ਦੌਰਾਨ ਅਜਿਹੀ ਗੁਰਬਾਣੀ ਦੀ ਰਚਨਾ ਕੀਤੀ, ਜਿਸ ਵਿਚ ਮਨੁੱਖ ਨੂੰ ਪ੍ਰਮਾਤਮਾ ਨੂੰ ਪਾਉਣ ਦੀ ਜੁਗਤ ਦਿੱਤੀ ਤਾਂ ਜੋ ਮਨੁੱਖ ਆਪਣਾ ਜੀਵਨ ਗੁਰੂ ਆਸ਼ੇ ਅਨੁਸਾਰ ਬਤੀਤ ਕਰ ਸਕੇ। ਸਿੰਘ ਸਾਹਿਬ ਨੇ ਸੰਗਤਾਂ ਨੂੰ ਗੁਰੂ ਸਾਹਿਬ ਜੀ ਦੇ ਜੀਵਨ ਉਦੇਸ਼ ਤੋਂ ਸਿੱਖਣ ’ਤੇ ਜ਼ੋਰ ਦਿੱਤਾ। ਗੁਰਦੁਆਰਾ ਸਾਹਿਬ ਵਿਖੇ ਪ੍ਰਕਾਸ਼ ਦਿਹਾੜੇ ਮੌਕੇ ਗੁਰੂ ਘਰ ਪੁੱਜੀ ਸੰਗਤ ਵੱਲੋਂ ਆਤਿਸ਼ਬਾਜ਼ੀ ਕਰਕੇ ਗੁਰੂ ਸਾਹਿਬ ਦੀਆਂ ਖ਼ੁਸ਼ੀਆਂ ਹਾਸਲ ਕੀਤੀਆਂ ਗਈਆਂ। ਇਸ ਮੌਕੇ ਹੋਰਨਾਂ ਤੋਂ ਇਲਾਵਾ ਗਿਆਨੀ ਫੂਲਾ ਸਿੰਘ, ਭਾਈ ਹਰਵਿੰਦਰ ਸਿੰਘ, ਮੀਤ ਮੈਨੇਜਰ ਨਵਜਿੰਦਰ ਸਿੰਘ, ਜਸਵਿੰਦਰ ਸਿੰਘ, ਮਨਜੀਤ ਸਿੰਘ ਚੱਪੜ, ਸੁਪਰਵਾਈਜ਼ਰ ਵਰਿੰਦਰ ਸਿੰਘ ਗੋਲਡੀ, ਮੈਂਬਰ ਪਾਰਲੀਮੈਂਟ ਡਾ. ਧਰਮਵੀਰ ਗਾਂਧੀ, ਵਿਧਾਇਕ ਅਜੀਤਪਾਲ ਸਿੰਘ ਕੋਹਲੀ, ਸ੍ਰੀ ਗੁਰੂ ਤੇਗ ਬਹਾਦਰ ਜਥੇ ਦੇ ਪ੍ਰਧਾਨ ਪ੍ਰੇਮ ਸਿੰਘ ਅਤੇ ਅਹੁਦੇਦਾਰ, ਸਾਬਕਾ ਚੇਅਰਮੈਨ ਇੰਦਰਮੋਹਨ ਸਿੰਘ ਬਜਾਜ, ਕੰਵਲਜੀਤ ਸਿੰਘ ਗੋਨਾ, ਤਰਲੋਕ ਸਿੰਘ ਤੋਰਾ, ਸਿਮਰਨ ਸਿੰਘ ਗਰੇਵਾਲ, ਕੇ.ਕੇ. ਸਹਿਗਲ, ਅਕਾਊਂਟੈਂਟ ਗੁਰਮੀਤ ਸਿੰਘ, ਰਿਕਾਰਡ-ਕੀਪਰ ਸਰਬਜੀਤ ਸਿੰਘ, ਸੁਖਦੇਵ ਸਿੰਘ ਕਾਹਲਵਾਂ, ਭਾਈ ਹਜ਼ੂਰ ਸਿੰਘ, ਭਾਈ ਰਜਨੀਸ਼ ਸਿੰਘ, ਪ੍ਰਚਾਰਕ ਪਰਵਿੰਦਰ ਸਿੰਘ ਬਰਾੜ, ਜਸਵੀਰ ਸਿੰਘ, ਭਾਈ ਪਰਵਿੰਦਰ ਸਿੰਘ ਰਿਉਂਦ ਆਦਿ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਅਧਿਕਾਰੀਆਂ ਵਿਚ ਇੰਸਪੈਕਟਰ ਸਾਹਿਬਾਨ ਦਲਜੀਤ ਸਿੰਘ, ਤਰਸੇਮ ਸਿੰਘ ਆਦਿ ਅਤੇ ਸੰਗਤਾਂ ਵੱਡੀ ਗਿਣਤੀ ਵਿਚ ਸ਼ਾਮਲ ਸਨ।



ਗੁਰਦੁਆਰਾ ਪ੍ਰਬੰਧਕਾਂ ਵੱਲੋਂ ਪੁੱਜੀਆਂ ਵੱਖ-ਵੱਖ ਸ਼ਖ਼ਸੀਅਤਾਂ ਦਾ ਸਨਮਾਨ

## ਅਨਾਜ ਮੰਡੀਆਂ ’ਚ ਕਣਕ ਦੀ ਖ਼ਰੀਦ ਦੇ ਪ੍ਰਬੰਧ ਮੁਕੰਮਲ

### ➢ਕਿਸਾਨਾਂ-ਆੜ੍ਹਤੀਆਂ ਨੂੰ ਪ੍ਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ: ਬਰਸਟ



ਸਮਾਣਾ, 8 ਅਪ੍ਰੈਲ (ਵਿਜੇ ਕੁਮਾਰ) : ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਨੇ ਦਾਅਵਾ ਕੀਤਾ ਹੈ ਕਿ ਮੰਡੀਆਂ ਵਿੱਚ ਬਿਜਲੀ, ਪੀਣ ਵਾਲਾ ਪਾਣੀ, ਸਫਾਈ ਅਤੇ ਬੈਠਣ ਸਮੇਤ ਕਣਕ ਦੀ ਨਿਰਵਿਘਨ ਖਰੀਦ ਲਈ ਸਾਰੇ ਪੁਖ਼ਤਾ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਰਾਜ ਦੀਆਂ ਸਾਰੀਆਂ ਮੰਡੀਆਂ ਵਿੱਚ ਕਿਸਾਨਾਂ, ਆੜ੍ਹਤੀਆਂ ਅਤੇ ਮਜ਼ਦੂਰਾਂ ਦੀਆਂ ਸਹੂਲਤਾਂ ਨੂੰ ਮੁੱਖ ਰੱਖਦਿਆਂ ਪੁਖ਼ਤਾ ਪ੍ਰਬੰਧ ਕੀਤੇ ਗਏ ਹਨ। ਮੰਡੀਆਂ ਵਿੱਚ ਕਿਸੇ ਵੀ ਤਰ੍ਹਾਂ ਦੀ ਮੁਸ਼ਕਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ। ਕਣਕ ਦੀ ਸਰਕਾਰੀ ਖਰੀਦ ਪਹਿਲੀ ਅਪ੍ਰੈਲ ਤੋਂ ਸ਼ੁਰੂ ਹੋ ਗਈ ਹੈ। ਅਜੇ ਮੰਡੀਆਂ ਵਿੱਚ ਕਣਕ ਦੀ ਆਮਦ ਘੱਟ ਹੋ ਰਹੀ ਹੈ, ਪਰ ਆਉਣ ਵਾਲੇ ਦਿਨਾਂ ਵਿੱਚ ਮੰਡੀਆਂ ਵਿੱਚ ਫਸਲ ਦੀ ਬੰਪਰ ਆਮਦ ਹੋਵੇਗੀ। ਚੇਅਰਮੈਨ ਬਰਸਟ ਨੇ ਦੱਸਿਆ ਕਿ ਕਣਕ ਦੇ ਸੀਜ਼ਨ ਦੇ ਮੱਦੇਨਜ਼ਰ ਰਾਜ ਵਿੱਚ ਕਣਕ ਦੀ ਖਰੀਦ ਕਰਵਾਉਣ ਲਈ 1896 ਮੰਡੀਆਂ ਨੋਟੀਫਾਈ ਕੀਤੀਆਂ ਗਈਆਂ ਹਨ। ਇਸ ਦੇ ਨਾਲ ਹੀ ਸੀਜ਼ਨ ਦੌਰਾਨ ਫਸਲ ਦੀ ਆਮਦ ਨੂੰ ਧਿਆਨ ਵਿੱਚ ਰੱਖਦਿਆਂ ਆਰਜ਼ੀ (ਟੈਂਪਰੇਰੀ) ਖਰੀਦ ਕੇਂਦਰ ਘੋਸ਼ਿਤ ਕਰਨ ਦੀ ਪ੍ਰਕਿਰਿਆ ਵੀ ਚੱਲ ਰਹੀ ਹੈ, ਜਿਸ ਤਹਿਤ ਹੁਣ ਤੱਕ 456 ਆਰਜ਼ੀ ਮੰਡੀਆਂ ਘੋਸ਼ਿਤ ਕੀਤੀਆਂ ਜਾ ਚੁੱਕੀਆਂ ਹਨ।ਉੱਚ ਅਧਿਕਾਰੀਆਂ ਵੱਲੋਂ ਮੰਡੀਆਂ ਵਿੱਚ ਜਾ ਕੇ ਲਗਾਤਾਰ ਚੈਕਿੰਗ ਕੀਤੀ ਜਾ ਰਹੀ ਹੈ ਤਾਂ ਜੋ ਮੰਡੀਆਂ ਵਿੱਚ ਖਰੀਦ ਕਾਰਜਾਂ ਨੂੰ ਸੁਚਾਰੂ ਢੰਗ ਨਾਲ ਚਲਾਇਆ ਜਾ ਸਕੇ। ਇਸ ਦੇ ਨਾਲ ਹੀ ਸੀਜ਼ਨ ਦੌਰਾਨ ਕਿਸਾਨਾਂ ਦੀ ਸਹੂਲਤ ਲਈ ਮੰਡੀ ਬੋਰਡ ਦੇ ਮੁੱਖ ਦਫਤਰ ਵਿੱਚ ਕੰਟਰੋਲ ਰੂਮ ਸਥਾਪਿਤ ਕੀਤਾ ਗਿਆ।

## ਥਾਣਾ ਘੱਗਾ ਦੇ ਸਬ-ਇੰਸਪੈਕਟਰ ਜੈਦੀਪ ਸ਼ਰਮਾ ਇੰਚਾਰਜ ਨਿਯੁਕਤ



ਸਮਾਣਾ, 8 ਅਪ੍ਰੈਲ (ਵਿਜੇ ਕੁਮਾਰ) : ਸਬ-ਇੰਸਪੈਕਟਰ ਜੈਦੀਪ ਸ਼ਰਮਾ ਨੂੰ ਥਾਣਾ ਘੱਗਾ ਦਾ ਇੰਚਾਰਜ ਨਿਯੁਕਤ ਕੀਤਾ ਗਿਆ ਹੈ। ਇਸ ਮੌਕੇ ਉਨ੍ਹਾਂ ਕਿਹਾ ਕਿ ਐੱਸ.ਐੱਸ.ਪੀ. ਪਟਿਆਲਾ ਸ੍ਰੀ ਵਰੁਣ ਸ਼ਰਮਾ ਦੀਆਂ ਹਦਾਇਤਾਂ ਦੀ ਪਾਲਣਾ ਕਰਦਿਆਂ ਨਸ਼ਾ ਵੇਚਣ ਅਤੇ ਖਰੀਦਣ ਵਾਲਿਆਂ ’ਤੇ ਸਖ਼ਤੀ ਨਾਲ ਪੇਸ਼ ਆਇਆ ਜਾਵੇਗਾ। ਉਨ੍ਹਾਂ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ, ਕਿ ਇਲਾਕੇ ਦਾ ਕੋਈ ਵੀ ਵਿਅਕਤੀ ਬੇਝਿਜਕ ਆ ਕੇ ਆਪਣੀ ਸਮੱਸਿਆ ਦੱਸ ਸਕਦਾ ਹੈ ਤੇ ਉਸ ਦੀ ਹੱਲ ਹੋਣ ਵਾਲੀ ਸਮੱਸਿਆ ਨੂੰ ਪਹਿਲ ਦੇ ਆਧਾਰ ’ਤੇ ਹੱਲ ਕੀਤਾ ਜਾਵੇਗਾ। ਜ਼ਿਕਰਯੋਗ ਹੈ ਕਿ ਜੈਦੀਪ ਸ਼ਰਮਾ ਇਮਾਨਦਾਰ ਪੁਲਿਸ ਅਫ਼ਸਰ ਹਨ, ਉਨ੍ਹਾਂ ਦੀਆਂ ਵੱਖ-ਵੱਖ ਚੌਕੀਆ ਅਤੇ ਥਾਣਿਆ ਵਿਚ ਸੇਵਾਵਾਂ ਨੂੰ ਦੇਖਦੇ ਹੋਏ ਉਕਤ ਅਹੁਦੇ ’ਤੇ ਬਿਰਾਜਮਾਨ ਕੀਤਾ ਹੈ।

## ਗੁਰਦੁਆਰਾ ਰੋਹਟਾ ਸਹਿਬ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ ਪ੍ਰਕਾਸ਼ ਦਿਹਾੜਾ ਮਨਾਇਆ



ਨਾਭਾ, 8 ਅਪ੍ਰੈਲ (ਬਲਜਿੰਦਰ ਮਾਨ) : ਹਿੰਦ ਦੀ ਚਾਦਰ ਧੰਨ-ਧੰਨ ਸ੍ਰੀ ਗੁਰੂ ਤੇਗ ਬਹਾਦਰ ਜੀ ਮਹਾਰਾਜ ਜੀ ਦੇ ਪ੍ਰਕਾਸ਼ ਦਿਹਾੜੇ ਮੌਕੇ ਲੋਕਲ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਗੁਰਦੁਆਰਾ ਪਾਤਸ਼ਾਹੀ ਨੌਵੀਂ ਰੋਹਟਾ ਸਾਹਿਬ ਵਿਖੇ ਪ੍ਰਕਾਸ਼ ਦਿਹਾੜਾ ਬੜੀ ਸ਼ਰਧਾ ਭਾਵਨਾ ਤੇ ਧੂਮ-ਧਾਮ ਨਾਲ ਮਨਾਇਆ ਗਿਆ। ਇਸ ਮੌਕੇ ’ਤੇ ਕਥਾਵਾਚਕ ਜਥੇ ਵੱਲੋਂ ਸੰਗਤਾਂ ਨੂੰ ਹਰ ਜਸ ਕਥਾ ਕੀਰਤਨ ਰਾਹੀਂ ਨਿਹਾਲ ਕੀਤਾ ਅਤੇ ਸੰਗਤਾਂ ਨੂੰ ਗੁਰੂਆਂ ਦੇ ਇਤਿਹਾਸ ਬਾਰੇ ਜਾਣੂੰ ਕਰਵਾਇਆ ਗਿਆ। ਇਸ ਮੌਕੇ ਗੁਰੂ ਕੇ ਲੰਗਰ ਅਟੁੱਟ ਵਰਤਾਏ ਗਏ ਸੰਗਤਾਂ ਵੱਲੋਂ ਵੱਡੀ ਗਿਣਤੀ ਵਿੱਚ ਹਾਜ਼ਰੀ ਭਰੀ ਗਈ। ਇਸ ਮੌਕੇ ਪ੍ਰਧਾਨ ਰਣਜੀਤ ਸਿੰਘ, ਮੈਨੇਜਰ ਅਮਰੀਕ ਸਿੰਘ ,ਸੁਖਪਾਲ ਸਿੰਘ ਹੈਡ ਗ੍ਰੰਥੀ, ਜਥੇਦਾਰ ਸਰਬਜੀਤ ਸਿੰਘ ਰੋਹਟਾ , ਸਾਬਕਾ ਮੈਂਬਰ ਜ਼ਿਲ੍ਹਾ ਪ੍ਰੀਸ਼ਦ ਤਜਿੰਦਰ ਸਿੰਘ ਤੇਜ਼ੀ ਰੋਹਟਾ, ਦਲਵੀਰ ਸਿੰਘ ਇੰਸਪੈਕਟਰ,ਕੈਪਟਨ ਜਗਜੀਤ ਸਿੰਘ , ਕੁਲਵੰਤ ਸਿੰਘ ਲਾਡੀ ਰੋਹਟੀ ਖਾਸ, ਜਗਦੇਵ ਸਿੰਘ ਨੰਬਰਦਾਰ, ਸੁਖਦੇਵ ਸਿੰਘ ਸੇਖੋਂ, ਬਲਵਿੰਦਰ ਸਿੰਘ,ਭੁਪਿੰਦਰ ਸਿੰਘ, ਗੁਰਪ੍ਰੀਤ ਗੁਰੀ,ਧਰਮਿੰਦਰ ਸਿੰਘ, ਸੁਖਚੈਨ ਸਿੰਘ,ਲਖਵਿੰਦਰ ਸਿੰਘ ਲੱਖੀ ਸਰਪੰਚ, ਬਲਜਿੰਦਰ ਸਿੰਘ,ਜਗਜੀਤ ਸਿੰਘ, ਚਮਕੌਰ ਖੱਟੜਾ, ਤੋਂ ਇਲਾਵਾ ਵੱਡੀ ਗਿਣਤੀ ਸਿੱਖ ਸੰਗਤਾਂ ਮੌਜੂਦ ਸਨ।

## ਵਿਜੇ ਡਾਵਰ ਭਾਰਤ ਵਿਕਾਸ ਪ੍ਰੀਸ਼ਦ ਪੰਜਾਬ ਪੂਰਬ ਦੇ ਵਾਈਸ ਪ੍ਰਧਾਨ ਬਣੇ



ਸਮਾਣਾ, 8 ਅਪ੍ਰੈਲ (ਵਿਜੇ ਕੁਮਾਰ) : ਆਤਮ ਵਿਚਾਰ ਕੁਟੀਆ ਦੇ ਪ੍ਰਮੁੱਖ ਅਤੇ ਭਾਰਤ ਵਿਕਾਸ ਪ੍ਰੀਸ਼ਦ ਦੇ ਸੂਬਾ ਕਨਵੀਨਰ ਵਿਜੇ ਡਾਵਰ ਵੱਲੋਂ ਦਿੱਤੀਆਂ ਜਾ ਰਹੀਆਂ ਸੇਵਾਵਾਂ ਨੂੰ ਵੇਖਦੇ ਹੋਏ ਪ੍ਰੀਸ਼ਦ ਦੀ ਹਾਈ ਕਮਾਂਡ ਵੱਲੋਂ ਭਾਰਤ ਵਿਕਾਸ ਪ੍ਰੀਸ਼ਦ ਪੰਜਾਬ ਪੂਰਬ ਦਾ ਵਾਇਸ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਸ਼੍ਰੀ ਡਾਵਰ ਇਸ ਤੋਂ ਪਹਿਲਾਂ ਵੀ ਪ੍ਰੀਸ਼ਦ ਦੇ ਅਹਿਮ ਅਹੁਦਿਆਂ ’ਤੇ ਆਪਣੀਆਂ ਸੇਵਾਵਾਂ ਦੇ ਚੁੱਕੇ ਹਨ ਅਤੇ ਸਮਾਣਾ ਕਲਾ ਮੰਚ ਸਮਾਣਾ ਦੇ ਪ੍ਰਧਾਨ ਵੀ ਹਨ। ਇਸ ਮੌਕੇ ਵਿਜੇ ਡਾਵਰ ਨੇ ਪ੍ਰੀਸ਼ਦ ਹਾਈ ਕਮਾਂਡ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿੱਤਾ ਕਿ ਉਹ ਪਹਿਲਾ ਵਾਂਗ ਪ੍ਰੀਸ਼ਦ ਵੱਲੋਂ ਸਮੇਂ-ਸਮੇਂ ’ਤੇ ਕੀਤੇ ਜਾ ਰਹੇ ਸਮਾਜ ਸੇਵੀ ਕਾਰਜਾਂ ਲਈ ਆਪਣੀਆਂ ਸੇਵਾਵਾਂ ਦਿੰਦੇ ਰਹਿਣਗੇ।



ਰੌਇਲ ਪਟਿਆਲਾ ਕਲਚਰਲ ਅਤੇ ਵੈਲਫ਼ੇਅਰ ਸੁਸਾਇਟੀ ਪਟਿਆਲਾ ਵੱਲੋਂ ਕਰਵਾਏ ਗਏ ਸੰਗੀਤਮਈ ਪ੍ਰੋਗਰਾਮ ਦੌਰਾਨ ਗਾਇਕਾ ਮੈਡਮ ਅਰਵਿੰਦਰ ਕੌਰ ਨੂੰ ਸਨਮਾਨਿਤ ਕਰਦੇ ਹੋਏ ਕਲੱਬ ਮੈਂਬਰ। (ਫੋਟੋ ਤੇ ਵੇਰਵਾ : ਚੜ੍ਹਦੀਕਲਾ ਬਿਊਰੋ)

## ਨਟਾਸ ਵੱਲੋਂ ਅੰਤਰਰਾਸ਼ਟਰੀ ਪੰਜਾਬੀ ਰੰਗਮੰਚ ਦਿਵਸ ਬਤੌਰ ਨੌਰਾ-ਨੰਦਾ ਥੀਏਟਰ ਫੈਸਟੀਵਲ



ਪਟਿਆਲਾ, 8 ਅਪ੍ਰੈਲ (ਚ.ਨ.ਸ.) : ਨੈਸ਼ਨਲ ਥੀਏਟਰ ਆਰਟਸ ਸੋਸਾਇਟੀ (ਨਟਾਸ) ਦਮਪਤੀ ਪਦਮਸ਼੍ਰੀ ਅਵਾਰਡੀ ਪ੍ਰਾਣ ਸੱਭਰਵਾਲ -ਸਟੇਟ ਅਵਾਰਡੀ ਸ਼੍ਰੀਮਤੀ ਸੁਨੀਤਾ ਸੱਭਰਵਾਲ ਵੱਲੋਂ ਸਰਬਤ ਦਾ ਭਲਾ ਚੈਰੀਟੇਬਲ ਟ੍ਰਸਟ ਦੇ ਸਹਿਯੋਗ ਨਾਲ 112ਵਾਂ ਅੰਤਰ ਰਾਸ਼ਟਰੀ ਪੰਜਾਬੀ ਰੰਗਮੰਚ ਦਿਵਸ ਅਤੇ ਨਾਲ ਲਗਵਾਂ 284ਵਾਂ ਮਾਸਿਕ ਗਾਰਡਨ ਨਾਟਕ ਮੇਲਾ ਬਤੌਰ ਨੌਰਾ-ਨੰਦਾ ਨਾਟਕ ਮੇਲਾ ਆਯੋਜਿਤ ਕੀਤਾ ਗਿਆ। ਸਮਾਗਮ ਦੇ ਮੁੱਖ ਮਹਿਮਾਨ ਜਾਨੀ-ਮਾਨੀ ਸਮਾਜਿਕ ਸ਼ਖਸੀਅਤ ਰਾਕੇਸ਼ ਕੱਦ, ਵਿਸ਼ੇਸ਼ ਮਹਿਮਾਨ ਅਕਸ਼ੈ ਗੋਪਾਲ-ਧਰਮ ਪਤਨੀ ਮਾਲਾ ਗੋਪਾਲ ਆਫ ਹੋਟਲ ਫਲਾਈ ਓਵਰ ਕਲਾਸਿਕ, ਜਸਬੀਰ ਸਿੰਘ ਓਬਰਾਏ, ਨਟਾਸ ਪ੍ਰਧਾਨ ਜੀ.ਐਸ. ਕੱਕੜ, ਡਾਇਰੈਕਟਰ ਪ੍ਰਾਣ ਸੱਭਰਵਾਲ ਅਤੇ ਭਗਵਾਨ ਦਾਸ ਗੁਪਤਾ ਅਤੇ ਸ਼ਾਮਿਲ ਹੋਰ ਹਸਤੀਆਂ ਨੇ ਸਮਾਗਮ ਦਾ ਉਦਘਾਟਨ ਸ਼ਲੋਕਾਂ ਦੇ ਉਚਾਰਨ ਦੌਰਾਨ ਕੀਤਾ। ਇਹਨਾਂ ਹਸਤੀਆਂ ਨੇ ਪੰਜਾਬੀ ਡਰਾਮੇ ਦੀ ਬਤੌਰ ਜਨਨੀ ਜਾਣੀ ਜਾਂਦੀ ਨੌਰਾ ਰਿਚਰਡਜ਼ ਅਤੇ ਉਹਨਾਂ ਦੇ ਹੋਨਹਾਰ ਸ਼ਾਗਿਰਦ ਆਈ.ਸੀ. ਨੰਦਾ, ਜਿਨ੍ਹਾਂ ਨੇ 6 ਅਪ੍ਰੈਲ 1914 ਵਿੱਚ ਲਾਹੌਰ ਦਿਆਲ ਸਿੰਘ ਕਾਲੇਜ ਵਿਖੇ ਆਧੁਨਿਕ ਪੰਜਾਬੀ ਰੰਗਮੰਚ ਦੀ ਨੀਂਹ ਰੱਖੀ ਸੀ, ਦੇ ਅਜੀਤ ਆਰਟਸ ਵੱਲੋਂ ਬਣਾਏ ਪੋਰਟਰੇਟਾਂ ’ਤੇ ਪੁਸ਼ਪਾਂਜਲੀ ਭੇਟ ਕਰਕੇ ਫੈਸਟੀਵਲ ਨੂੰ ਉਹਨਾਂ ਨੂੰ ਸਮਰਪਿਤ ਕੀਤਾ। ਸ਼੍ਰੀ ਕਦ ਨੇ ਨਟਾਸ ਵੱਲੋਂ ਪਿਛਲੇ 7 ਦਹਾਕਿਆਂ ਤੋਂ ਜਾਰੀ ਸਮਾਜਿਕ ਅਤੇ ਥੀਏਟਰ ਗਤੀਵਿਧੀਆਂ ਦੇ ਮੱਦੇਨਜ਼ਰ 11000/- ਰੁਪਏ ਦਾ ਕੈਸ਼ ਅਵਾਰਡ ਭੇਟ ਕੀਤਾ। ਵਿਸ਼ੇਸ਼ ਮਹਿਮਾਨ ਮੈਡਮ ਮਾਲਾ ਗੋਪਾਲ ਨੇ 2100/- ਰੁਪਏ ਦਾ ਕੈਸ਼ ਅਵਾਰਡ ਪ੍ਰਦਾਨ ਕੀਤਾ। ਨਟਾਸ ਵੱਲੋਂ ਉਪਰੋਕਤ ਹਸਤੀਆਂ ਨੂੰ ਗੌਰਵਮਈ ਨੌਰਾ-ਨੰਦਾ ਅਵਾਰਡ ਆਫ ਆਨਰ 2026, ਮੋਮੈਂਟੋ, ਸ਼ਾਲ ਅਤੇ ਉਪਹਾਰ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਸਾਰੇ ਕਲਾਕਾਰਾਂ ਨੂੰ ਕੈਸ਼ ਅਵਾਰਡ ਚੈਕ ਭੇਟ ਕਰਕੇ ਸਨਮਾਨਿਤ ਕੀਤਾ, ਜਿਨ੍ਹਾਂ ਦੇ ਨਾਮ ਇਸ ਪ੍ਰਕਾਰ ਹਨ। ਇਸ ਅਵਸਰ ’ਤੇ ਸਮਾਜਿਕ ਕਲਾ ਸ਼ਖਸੀਅਤਾਂ ਹਰਨੇਕ ਸਿੰਘ ਭੱਟੀ, ਜੋਗਾ ਸਿੰਘ ਖੀਵਾ ਅਤੇ ਗੋਪਾਲ ਸ਼ਰਮਾ ਹਾਜ਼ਰ ਸਨ।

## ਵਧੀਆ ਪੁਜ਼ੀਸ਼ਨਾਂ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਦਾ ਸਨਮਾਨ



ਪਟਿਆਲਾ, 8 ਅਪ੍ਰੈਲ (ਚ.ਨ.ਸ.) : ‘ਕਰੂ ਦਾ ਹੈਲਪ’ ਗਰੁੱਪ ਪਟਿਆਲਾ ਵੱਲੋਂ ਸਰਕਾਰੀ ਐਲੀਮੈਂਟਰੀ ਸਕੂਲ ਪਿੰਡ ਨੰਦਪੁਰ ਕੇਸ਼ੋ ਅਤੇ ਸਰਕਾਰੀ ਐਲੀਮੈਂਟਰੀ ਸਕੂਲ ਪਿੰਡ ਫੱਗਣ ਮਾਜਰਾ ਵਿਖੇ ਜਾ ਕੇ ਉੱਥੋਂ ਦੇ ਵੱਖ-ਵੱਖ ਜਮਾਤਾਂ ਵਿਚ ਪੁਜ਼ੀਸ਼ਨਾਂ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ ਹੈ। ਇਸ ਮੌਕੇ ਜਾਣਕਾਰੀ ਦਿੰਦਿਆਂ ਗਰੁੱਪ ਦੇ ਪ੍ਰਧਾਨ ਇੰਜੀ. ਅਮਰਜੀਤ ਸਿੰਘ ਸਾਬਕਾ ਜ਼ਿਲ੍ਹਾ ਸਿੱਖਿਆ ਅਫਸਰ ਨੇ ਦੱਸਿਆ ਕਿ ਪਹਿਲੀ ਕਲਾਸ ਤੋਂ ਪੰਜਵੀਂ ਕਲਾਸ ਤੱਕ ਜਿਹੜੇ ਵਿਦਿਆਰਥੀ ਆਪਣੀਆਂ ਕਲਾਸਾਂ ਵਿੱਚੋਂ ਫਸਟ, ਸੈਕੰਡ ਅਤੇ ਥਰਡ ਪੁਜ਼ੀਸ਼ਨ ’ਤੇ ਰਹੇ ਹਨ ਜਾਂ ਕਿਸੇ ਹੋਰ ਐਕਟੀਵਿਟੀ ਵਿੱਚ ਅੱਗੇ ਰਹੇ ਹਨ, ਨੂੰ ਹੌਸਲਾ ਅਫਜਾਈ ਵਜੋਂ ਮੈਡਲ, ਪ੍ਰਸ਼ੰਸਾ ਸਰਟੀਫਿਕੇਟ ਅਤੇ ਸਟੇਸ਼ਨਰੀ ਨਾਲ ਸਨਮਾਨਿਤ ਕੀਤਾ ਗਿਆ ਹੈ। ਇਸ ਦੌਰਾਨ ਪ੍ਰਧਾਨ ਇੰਜੀ: ਅਮਰਜੀਤ ਸਿੰਘ ਵੱਲੋਂ ਵਿਦਿਆਰਥੀਆਂ ਨੂੰ ਪੜ੍ਹਾਈ ਵੱਲ ਕੇਂਦਰਿਤ ਕਰਨ ਲਈ ਉਦਾਹਰਣਾਂ ਸਹਿਤ ਪ੍ਰੇਰਿਤ ਕੀਤਾ ਅਤੇ ਗਰੁੱਪ ਦੇ ਜਰਨਲ ਸਕੱਤਰ ਗੁਰਮੁਖ ਸਿੰਘ ਫੱਗਣ ਮਾਜਰਾ ਨੇ ਗਰੁੱਪ ਦੀਆਂ ਗਤੀਵਿਧੀਆਂ ਬਾਰੇ ਦੱਸਿਆ। ਇਸ ਤੋਂ ਇਲਾਵਾ ਗਰੁੱਪ ਦੇ ਮੀਤ ਪ੍ਰਧਾਨ ਗੁਰਮੁਖ ਸਿੰਘ ਰੁੜਕੀ ਨੇ ਵਿਦਿਆਰਥੀਆਂ ਨੂੰ ਸਿੱਖਿਆ ਭਰਪੂਰ ਗੀਤ ਗਾ ਕੇ ਵਿਦਿਆਰਥੀਆਂ ਨੂੰ ਉਤਸ਼ਾਹਿਤ ਕੀਤਾ। ਇਸ ਦੌਰਾਨ ਸਕੱਤਰ ਕਰਮ ਸਿੰਘ ਲੰਗ ਨੇ ਸਟੇਜ ਸੱਕਤਰ ਦੀ ਭੂਮਿਕਾ ਬਾਖੂਬੀ ਨਿਭਾਈ। ਅਖੀਰ ਵਿਚ ਸੈਂਟਰ ਇੰਚਾਰਜ ਜਸਵਿੰਦਰ ਕੌਰ ਨੰਦਪੁਰ ਕੇਸ਼ੋ ਅਤੇ ਹੈਡ ਟੀਚਰ ਲਖਵਿੰਦਰ ਕੌਰ ਨੇ ਗਰੁੱਪ ਅਹੁਦੇਦਾਰਾਂ ਅਤੇ ਆਏ ਮਹਿਮਾਨਾਂ ਦਾ ਸੁਆਗਤ ਅਤੇ ਧੰਨਵਾਦ ਕੀਤਾ।ਇਸ ਮੌਕੇ ਦੋਵੇਂ ਸਕੂਲਾਂ ਦੇ ਅਧਿਆਪਕ ਅਤੇ ਸਕੂਲ ਮੈਨੇਜਮੈਂਟ ਕਮੇਟੀ ਦੇ ਮੈਂਬਰ ਹਾਜ਼ਰ ਸਨ।

## ਜਸਵਿੰਦਰ ਸਿੰਘ ਤੇ ਪਰਮਜੀਤ ਸਿੰਘ ਦੀ ਅਗਵਾਈ ਹੇਠ ਵ਼ਫਦ ਸਹਾਇਕ ਕਮਿਸ਼ਨਰ ਜਨਰਲ ਨੂੰ ਮਿਲਿਆ



ਦੇਵੀਗੜ੍ਹ, 8 ਅਪ੍ਰੈਲ (ਗੁਰਜੀਤ ਸਿੰਘ ਢੌਟ) : ਪ੍ਰਦੀਪ ਕੁਮਾਰ ਜੋ ਕਿ ਸਰਕਾਰੀ ਪ੍ਰਾਇਮਰੀ ਸਕੂਲ ਹਸਨਪੁਰ ਕੰਬੋਆਂ ਬਲਾਕ ਦੇਵੀਗੜ੍ਹ ਜ਼ਿਲ੍ਹਾ ਪਟਿਆਲਾ ਵਿਖੇ ਬਤੌਰ ਈਟੀਟੀ ਅਧਿਆਪਕ ਨਿਯੁਕਤ ਸਨ। ਉਹਨਾਂ ਕੋਲ ਬੀਐਲਓ ਦਾ ਵਾਧੂ ਕੰਮ ਵੀ ਸੀ। ਉਹ ਬੂਥ ਨੰਬਰ 92 ਹਲਕਾ ਸਨੌਰ ਵਿੱਚ ਬੀਐਲਓ ਸਨ। ਐਸ ਆਈ ਆਰ ਦੇ ਕੰਮ ਕਰਕੇ ਉਹ ਮਾਨਸਿਕ ਤੌਰ ’ਤੇ ਪਰੇਸ਼ਾਨ ਤੇ ਦਬਾਅ ਵਿੱਚ ਸਨ । ਚਾਰ ਅਪ੍ਰੈਲ ਨੂੰ ਉਹ ਐਸ ਆਈ ਆਰ ਹੀ ਆਰ ਦਾ ਫੀਲਡ ਵਿੱਚ ਕੰਮ ਕਰਕੇ ਆਪਣੇ ਘਰ ਆਨਲਾਈਨ ਕੰਮ ਲਈ ਪਰਤੇ ਤਾਂ ਤੁਰੰਤ ਐਸ ਆਈ ਆਰ ਦੇ ਦਬਾਅ ਤੇ ਮਾਨਸਿਕ ਪਰੇਸ਼ਾਨੀ ਕਰਕੇ ਉਹਨਾਂ ਦੀ ਦਿਲ ਦਾ ਦੌਰਾ ਪੈਣ ਕਰਕੇ ਮੌਤ ਹੋ ਗਈ। ਇਸ ਸਬੰਧੀ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਜ਼ਿਲ੍ਹਾ ਪਟਿਆਲਾ ਦੇ ਪ੍ਰਧਾਨ ਜਸਵਿੰਦਰ ਸਿੰਘ ਸਮਾਣਾ ਤੇ ਸਕੱਤਰ ਪਰਮਜੀਤ ਸਿੰਘ ਪਟਿਆਲਾ ਦੀ ਅਗਵਾਈ ਹੇਠ ਵਫ਼ਦ ਅੱਜ ਸਹਾਇਕ ਕਮਿਸ਼ਨਰ ਪਟਿਆਲਾ/ ਤਹਿਸੀਲ ਦੁਧਨਸਾਧਾਂ ਮੈਡਮ ਹਰਜੋਤ ਕੌਰ ਨੂੰ ਮਿਲਿਆ। ਉਹਨਾਂ ਨੂੰ ਮੰਗ ਪੱਤਰ ਸੌਂਪਦੇ ਹੋਏ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਜ਼ਿਲ੍ਹਾ ਪਟਿਆਲਾ ਦੇ ਪ੍ਰਧਾਨ ਜਸਵਿੰਦਰ ਸਿੰਘ ਸਮਾਣਾ ਵੱਲੋਂ ਅਪੀਲ ਕੀਤੀ ਗਈ ਕਿ ਪ੍ਰਦੀਪ ਕੁਮਾਰ ਨੂੰ ਨਿਯਮਾਂ ਮੁਤਾਬਕ ਬਣਦਾ ਇੱਕ ਕਰੋੜ ਰੁਪਏ ਮੁਆਵਜ਼ਾ ਦਿੱਤਾ ਜਾਵੇ ਤੇ ਪਰਿਵਾਰ ਦੇ ਕਿਸੇ ਮੈਂਬਰ ਨੂੰ ਤਰਸ ਦੇ ਅਧਾਰ ਤੇ ਨੌਕਰੀ ਦਿੱਤੀ ਜਾਵੇ। ਮੈਡਮ ਹਰਜੋਤ ਕੌਰ ਸਹਾਇਕ ਕਮਿਸ਼ਨਰ ਪਟਿਆਲਾ ਨੇ ਬੜੇ ਹੀ ਹਮਦਰਦੀ ਪੂਰਵਕ ਗੱਲਬਾਤ ਸੁਣੀ ਤੇ ਛੇਤੀ ਤੋਂ ਛੇਤੀ ਨਿਯਮਾਂ ਮੁਤਾਬਕ ਕਾਰਵਾਈ ਅਮਲ ਵਿੱਚ ਲਿਆਉਣ ਦਾ ਪੂਰਾ ਭਰੋਸਾ ਦਿੱਤਾ। ਇਸ ਸਮੇਂ ਸਾਥੀ ਦੀਦਾਰ ਸਿੰਘ ਪਟਿਆਲਾ, ਹਰਪ੍ਰੀਤ ਸਿੰਘ ਉੱਪਲ, ਹਰਦੀਪ ਸਿੰਘ ਪਟਿਆਲਾ, ਮਨਦੀਪ ਸਿੰਘ ਕਾਲੇਕੇ, ਗੁਰਪ੍ਰੀਤ ਸਿੰਘ ਸਿੱਧੂ, ਗੁਰਜੀਤ ਸਿੰਘ, ਕਰਮਜੀਤ ਸਿੰਘ ,ਗੁਰਵਿੰਦਰ ਸਿੰਘ ਧਨੇਠਾ, ਹਰਵਿੰਦਰ ਸਿੰਘ ਪਹਾੜਪੁਰ, ਸੁਖਦੀਪ ਸਿੰਘ ਮਠਾੜੂ, ਗੁਰਵਿੰਦਰ ਸਿੰਘ ਗਹੀਰ, ਸੁਧੀਰ ਕੁਮਾਰ ਸਾਥੀ ਮੌਜੂਦ ਰਹੇ।

## ਵਿਦਿਆਰਥੀਆਂ ਨੂੰ ਸਕੂਲ ਬੈਗ ਵੰਡੇ



ਭੁਨਰਹੇੜੀ , 8 ਅਪ੍ਰੈਲ (ਗੁਰਜੀਤ ਸਿੰਘ ਢੌਟ) : : ਪਟਿਆਲਾ-ਦੇਵੀਗੜ੍ਹ ਰੋਡ ’ਤੇ ਪੈਂਦੇ ਪਿੰਡ ਅਸਮਾਨਪੁਰ ਵਿਖੇ ਸਰਕਾਰੀ ਐਲੀਮੈਂਟਰੀ ਸਕੂਲ ਅਸਮਾਨਪੁਰ ਦੇ ਸਾਰੇ ਵਿਦਿਆਰਥੀਆਂ ਨੂੰ ਪਰਮਿੰਦਰ ਸਿੰਘ ਵੱਲੋਂ ਆਪਣੇ ਮਾਤਾ - ਪਿਤਾ ਸਵਰਗਵਾਸੀ ਲਾਲ ਸਿੰਘ ਤੇ ਸ਼੍ਰੀਮਤੀ ਕੈਲਾਸ਼ ਕੌਰ ਦੀ ਯਾਦ ਵਿੱਚ ਐਸ ਐਮ ਸੀ ਕਮੇਟੀ,ਗ੍ਰਾਮ ਪੰਚਾਇਤ ਤੇ ਮਾਪਿਆਂ ਦੀ ਮੌਜੂਦਗੀ ਵਿੱਚ ਸਕੂਲ ਬੈਗ ਤੇ ਸਟੇਸ਼ਨਰੀ ਵੰਡੀ ਗਈ। ਇਸ ਵੱਡਮੁੱਲੇ ਕਾਰਜ ਲਈ ਸਕੂਲ ਅਧਿਆਪਕਾਂ ਨਰਿੰਦਰ ਸਿੰਘ ਤੇ ਤੇਜਿੰਦਰਪਾਲ ਸਿੰਘ ਵੱਲੋਂ ਇਸ ਨਿਵੇਕਲੀ ਪਹਿਲ ਲਈ ਪਰਮਿੰਦਰ ਸਿੰਘ ਦਾ ਖ਼ਾਸ ਤੌਰ ’ਤੇ ਧੰਨਵਾਦ ਕੀਤਾ ਗਿਆ। ਸਰਪੰਚ ਅਮਰੀਕ ਸਿੰਘ ਤੇ ਸ੍ਰ. ਰਣਧੀਰ ਸਿੰਘ ਨੰਬਰਦਾਰ ਵੱਲੋਂ ਇਸ ਨੇਕ ਕਾਰਜ ਨੂੰ ਸਲਾਹਿਆ ਗਿਆ। ਇਸ ਮੌਕੇ ਹਰਮੇਲ ਸਿੰਘ ਪੰਚਾਇਤ ਮੈਂਬਰ, ਅਜੈਬ ਸਿੰਘ, ਇੰਦਰਜੀਤ ਸਿੰਘ, ਬਲਦੇਵ ਸਿੰਘ, ਆਂਗਨਵਾੜੀ ਵਰਕਰ ਪ੍ਰਵੀਨ ਕੌਰ, ਸਿਮਰਨਜੀਤ ਕੌਰ , ਬਲਵਿੰਦਰ ਕੌਰ, ਅਮਰਜੀਤ ਕੌਰ ਮਿਡ ਡੇ ਮੀਲ ਵਰਕਰ ਹਾਜ਼ਰ ਸਨ।

## 80 ਨਸ਼ੀਲੀਆਂ ਗੋਲੀਆਂ ਬ੍ਰਾਮਦ

ਪਟਿਆਲਾ, 8 ਅਪ੍ਰੈਲ (ਵਿਨੋਦ ਸ਼ਰਮਾ) : ਥਾਣਾ ਲਾਹੌਰੀ ਗੇਟ ਪੁਲਿਸ ਨੇ ਕਥਿਤ ਦੋਸ਼ੀ ਮਹਿਲਾ ਸਾਨੀਆ ਵਾਸੀ ਭੀਮ ਨਗਰ ਸੈਫਾਬਾਦੀ ਗੇਟ ਪਟਿਆਲਾ ਵਿਰੁੱਧ ਧਾਰਾ 22, 61, 85 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਏਐਸਆਈ ਤੇਜਿੰਦਰ ਸਿੰਘ ਸਮੇਤ ਪੁਲਿਸ ਪਾਰਟੀ ਗਸ਼ਤ ਵਾ ਤਲਾਸ਼ ਸ਼ੱਕੀ ਤੇ ਭੈੜੇ ਪੁਰਸ਼ਾ ਦੇ ਸਬੰਧ ਵਿੱਚ ਮਾਰਕਿਟ ਐਸ.ਐਸ.ਟੀ ਨਗਰ ਪਾਸ ਮੌਜੂਦ ਸੀ, ਜੋ ਕਥਿਤ ਦੋਸ਼ੀ ਮਹਿਲਾ ਨੂੰ ਸ਼ੱਕ ਦੇ ਅਧਾਰ ਪਰ ਰੋਕ ਕੇ ਚੈੱਕ ਕਰਨ ਪਰ ਦੋਸ਼ਣ ਪਾਸੋਂ 80 ਨਸ਼ੀਲੀਆਂ ਗੋਲੀਆਂ ਬ੍ਰਾਮਦ ਹੋਈਆਂ।

## ਸਵਾਮੀ ਬ੍ਰਹਮ ਦੇਵ ਜੀ ਤੋਂ ਪ੍ਰਦਮਨ ਸਿੰਘ ਵਿਰਕ ਨੇ ਆਸ਼ੀਰਵਾਦ ਲਿਆ



ਸਮਾਣਾ, 8 ਅਪ੍ਰੈਲ (ਵਿਜੇ ਕੁਮਾਰ) : ਪਦਮਸ਼੍ਰੀ ਸਵਾਮੀ ਬ੍ਰਹਮਦੇਵ ਜੀ ਅਤੇ ਸਵਾਮੀ ਨਿਜਾਨੰਦ ਜੀ ਦੀ ਸਰਪ੍ਰਸਤੀ ਹੇਠ ਅਗਰਵਾਲ ਧਰਮਸ਼ਾਲਾ ਵਿੱਚ ਸ੍ਰੀ ਜਗਦੰਬਾ ਆਸ਼ਰਮ ਕਮੇਟੀ ਵੱਲੋਂ ਕਰਵਾਈ ਜਾ ਰਹੀ ਸੱਤ ਰੋਜ਼ਾ ਸ੍ਰੀ ਰਾਮ ਅੰਮ੍ਰਿਤ ਕਥਾ ਵਿੱਚ ਕਥਾਵਾਚਕ ਆਚਾਰੀਆ ਮਨਦੀਪ ਸ਼ਾਸਤਰੀ ਨੇ ਕਈ ਪ੍ਰਸੰਗ ਸੁਣਾ ਕੇ ਸ਼ਰਧਾਲੂਆਂ ਨੂੰ ਮੰਤਰ-ਮੁਗਧ ਕੀਤਾ ਅਤੇ ਉਨ੍ਹਾਂ ਦੀਆਂ ਕਈ ਸ਼ੰਕਾਵਾਂ ਦਾ ਨਿਵਾਰਨ ਵੀ ਕੀਤਾ। ਕਥਾਵਾਚਕ ਨੇ ਕਿਹਾ ਕਿ ਸਾਡੇ ਅੰਦਰ ਛਿਪੇ ਬਹੁਤ ਸਾਰੇ ਰਾਵਣ ਰੂਪੀ ਔਗੁਣਾਂ ਤੋਂ ਛੁਟਕਾਰਾ ਪਾਉਣ ਲਈ ਪ੍ਰਭੂ ਸ੍ਰੀ ਰਾਮ ਦੀ ਸ਼ਰਨ ਵਿੱਚ ਆਉਣਾ ਪਵੇਗਾ। ਕਥਾ ਵਿੱਚ ਬਾਬਾ ਬੰਦਾ ਸਿੰਘ ਬਹਾਦਰ ਸਕੂਲ ਕਮੇਟੀ ਪ੍ਰਧਾਨ ਪ੍ਰਦਮਨ ਸਿੰਘ ਵਿਰਕ, ਬੀਜੇਪੀ ਮੰਡਲ ਪ੍ਰਧਾਨ ਯਤਿੰਦਰ ਸ਼ਰਮਾ, ਸੰਜੀਵ ਗਰਗ, ਦਿਨੇਸ਼ ਜੈਨ, ਬਿੱਟੂ ਧੀਮਾਨ ਨੇ ਸ਼ਿਰਕਤ ਕਰਕੇ ਸਵਾਮੀ ਬ੍ਰਹਮਦੇਵ ਜੀ ਤੋਂ ਆਸ਼ੀਰਵਾਦ ਲਿਆ ਅਤੇ ਕਥਾ ਦਾ ਆਨੰਦ ਮਾਣਿਆ। ਸਵਾਮੀ ਬ੍ਰਹਮਦੇਵ ਜੀ ਅਤੇ ਸਵਾਮੀ ਨਿਜਾਨੰਦ ਜੀ ਨੇ ਵੀ ਆਸ਼ੀਰਵਾਦ ਦਿੱਤੇ।

## ਮੁਫਤ ਥੈਰੇਪੀ ਕੈਂਪ ਲਗਾਇਆ



ਸਮਾਣਾ, 8 ਅਪ੍ਰੈਲ (ਵਿਜੇ ਕੁਮਾਰ) : ਥਰਮਲ ਥੈਰੇਪੀ ਸੈਂਟਰ ਸਮਾਣਾ ਵੱਲੋਂ ਸਥਾਨਕ ਗੁਰਦੁਆਰਾ ਸਿੰਘ ਸਭਾ ’ਚ ਕਮੇਟੀ ਪ੍ਰਧਾਨ ਕੁਲਵਿੰਦਰ ਸਿੰਘ ਸਿੱਧੂ ਦੀ ਅਗਵਾਈ ਵਿਚ ਮੁਫਤ ਥੈਰੇਪੀ ਕੈਂਪ ਲਗਾਇਆ ਗਿਆ। ਇਸ ਮੌਕੇ ਡਾ: ਅਮਨਦੀਪ ਬਾਂਸਲ (ਐਮ.ਡੀ.), ਸੋਸਲ ਵਰਕਰ ਸੁਨੀਤਾ ਧੀਮਾਨ ਅਤੇ ਸੀਤਲ ਨੇ ਦੋ ਦਰਜ਼ਨ ਦੇ ਕਰੀਬ ਮਰੀਜ਼ਾਂ ਨੂੰ ਥੈਰੇਪੀ ਕਰਵਾ ਕੇ ਇਸ ਦੇ ਫਾਇਦੇ ਦੱਸੇ। ਡਾ. ਬਾਂਸਲ ਨੇ ਕਿਹਾ ਕਿ ਸਾਊਥ ਕੋਰੀਆ ਦੀਆਂ ਮਸ਼ੀਨਾਂ ਰਾਹੀਂ ਜੋੜਾਂ ਦਾ ਦਰਦ, ਸਰਵਾਇਕਲ, ਅਧਰੰਗ, ਬਲੱਡ ਪ੍ਰੈਸ਼ਰ, ਸੂਗਰ ਅਤੇ ਗੱਠੀਆ ਵਗੈਰਾ ਦਾ ਬਿਨਾ ਦਵਾਈ ਥੈਰੇਪੀ ਕਰਵਾ ਕੇ ਇਲਾਜ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਪਿਛਲੇ 10 ਮਹੀਨਿਆਂ ਤੋਂ ਮਾਤਾ ਨੈਣਾਂ ਆਰੀਆ ਧਰਮਸ਼ਾਲਾ ’ਚ ਉਨ੍ਹਾਂ ਮੁਫਤ ਥੈਰੇਪੀ ਕੈਂਪ ਲਗਾਇਆ ਹੋਇਆ ਹੈ, ਜੋ ਸਵੇਰੇ 8 ਵਜੇ ਤੋਂ ਸ਼ਾਮ 5 ਵਜੇ ਤੱਕ ਖੁੱਲ੍ਹਾ ਰਹਿੰਦਾ ਹੈ, ਅਤੇ ਸੈਂਕੜੇ ਲੋਕ ਇਸ ਦਾ ਫਾਇਦਾ ਲੈ ਚੁੱਕੇ ਹਨ। ਇਸ ਮੌਕੇ ਸ਼ਹੀਦ ਬਾਬਾ ਦੀਪ ਸਿੰਘ ਦਲ ਦੇ ਸ਼ਹਿਰੀ ਪ੍ਰਧਾਨ ਹਰਵਿੰਦਰ ਸਿੰਘ ਲਾਡੀ, ਗੁਰਮੀਤ ਸਿੰਘ ਬੱਗਾ, ਬਾਬਾ ਸਰਬਜੀਤ ਸਿੰਘ ਵੀ ਮੌਜੂਦ ਸਨ।

## ਪੰਜਾਬੀ ਯੂਨੀਵਰਸਿਟੀ ਵਿਖੇ ਪੰਜ-ਰੋਜ਼ਾ ਸਾਹਿਤ ਉਤਸਵ ਦੌਰਾਨ ਦੇਬੀ ਮਖ਼ਸੂਸਪੁਰੀ ਦੀ ਸਾਹਿਤਕ ਗਾਇਕੀ ਨੇ ਕੀਲੇ ਸ੍ਰੋਤੇ

### ਸਾਹਿਤਕ ਗੀਤਕਾਰੀ ਦੀ ਉਮਰ ਚਿਰਜੀਵੀ ਹੁੰਦੀ ਹੈ : ਡਾ. ਰਾਜਵੰਤ ਕੌਰ ਪੰਜਾਬੀ



ਪਟਿਆਲਾ, 8 ਅਪ੍ਰੈਲ (ਚ.ਨ.ਸ.) : ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਪੰਜਾਬੀ ਵਿਭਾਗ ਵੱਲੋਂ ਆਯੋਜਿਤ ਸਾਹਿਤ ਉਤਸਵ—2026 ਪ੍ਰਸਿੱਧ ਗੀਤਕਾਰ ਅਤੇ ਗਾਇਕ ਦੇਬੀ ਮਖ਼ਸੂਸਪੁਰੀ ਦੀ ਸੰਗੀਤਕ ਤੇ ਸਾਹਿਤਕ ਸ਼ਾਮ ਨਾਲ ਸਫਲਤਾਪੂਰਵਕ ਸੰਪੰਨ ਹੋ ਗਿਆ।ਇਸ ਸੰਗੀਤਕ ਸ਼ਾਮ ਵਿਚ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਵਾਈਸ—ਚਾਂਸਲਰ ਡਾ. ਜਗਦੀਪ ਸਿੰਘ ਵਿਸ਼ੇਸ਼ ਤੌਰ ’ਤੇ ਪੁੱਜੇ।ਇਸ ਮੌਕੇ ਪੰਜਾਬੀ ਵਿਭਾਗ ਦੇ ਮੁਖੀ ਡਾ. ਰਾਜਵੰਤ ਕੌਰ ‘ਪੰਜਾਬੀ ਨੇ ਕਿਹਾ ਕਿ ਸਾਹਿਤਕ ਗੀਤਕਾਰੀ ਦੀ ਉਮਰ ਚਿਰਜੀਵੀ ਹੁੰਦੀ ਹੈ। ਉਨ੍ਹਾਂ ਇਹ ਵੀ ਕਿਹਾ ਕਿ ਗਾਇਕ ਦੇਬੀ ਮਖ਼ਸੂਸਪੁਰੀ ਦੀ ਗੀਤਕਾਰੀ ਸਾਹਿਤਕ ਰੰਗਣ ਵਾਲੀ ਹੈ ਅਤੇ ਇਸ ਵਿਚ ਲੋਕ—ਸਾਹਿਤ ਵਰਗੀ ਚਾਸ਼ਨੀ ਘੁਲੀ ਹੋਈ ਹੈ।ਇਸ ਮੌਕੇ ਵੱਡੀ ਗਿਣਤੀ ਵਿਚ ਜੁੜੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਪ੍ਰਸ਼ੰਸਕਾਂ ਨੇ ਮਖ਼ਸੂਸਪੁਰੀ ਦੇ ਜੀਵਨ, ਸੰਘਰਸ਼,ਗੀਤਕਾਰੀ ਅਤੇ ਗਾਇਕੀ ਦੇ ਸਫ਼ਰ ਸੰਬੰਧੀ ਉਨ੍ਹਾਂ ਨੂੰ ਸੁਆਲ ਵੀ ਕੀਤੇ । ਅੰਤ ਵਿਚ ਵਿਭਾਗ ਮੁਖੀ ਡਾ. ਰਾਜਵੰਤ ਕੌਰ ਪੰਜਾਬੀ ਨੇ ਦੇਬੀ ਮਖ਼ਸੂਸਪੁਰੀ ਦਾ ਸਨਮਾਨ ਵੀ ਕੀਤਾ।ਇਸ ਸੰਗੀਤਕ ਸ਼ਾਮ ਵਿਚ ਡਾ. ਗੁਰਮੁਖ ਸਿੰਘ, ਡਾ. ਗੁਰਸੇਵਕ ਲੰਬੀ, ਡਾ. ਰਾਜਵਿੰਦਰ ਸਿੰਘ, ਡਾ. ਨਿਵੇਦਿਤਾ ਉੱਪਲ,ਡਾ. ਰਾਜਿੰਦਰਪਾਲ ਸਿੰਘ ਬਰਾੜ, ਡਾ. ਸੁਰਜੀਤ ਸਿੰਘ ਭੱਟੀ, ਡਾ. ਭੀਮ ਇੰਦਰ ਸਿੰਘ, ਡਾ. ਦਰਸ਼ਨ ਸਿੰਘ ਆਸ਼ਟ, ਡਾ. ਬਲਵਿੰਦਰ ਕੌਰ ਭੱਟੀ, ਡਾ. ਚਰਨਜੀਤ ਕੌਰ, ਡਾ. ਹਰਵਿੰਦਰਪਾਲ ਕੌਰ, ਪ੍ਰਿੰ. ਸਤਵੀਰ ਸਿੰਘ ਗਿੱਲ, ਭਗਵਾਨ ਦਾਸ ਗੁਪਤਾ, ਡਾ. ਜਯੋਤੀ ਪੁਰੀ, ਡਾ. ਰਾਜਮੋਹਿੰਦਰ ਕੌਰ, ਬਲਵਿੰਦਰ ਸਿੰਘ ਭੱਟੀ,ਡਾ. ਲੱਛਮੀ ਨਾਰਾਇਣ ਭੀਖੀ, ਖੋਜਾਰਥੀ, ਵਿਦਿਆਰਥੀ ਅਤੇ ਕੈਂਪਸ ਨਿਵਾਸੀ ਸ਼ਾਮਿਲ ਸਨ।

## ਯੂਨੀਵਰਸਿਟੀ ਕਾਲਜ ਘਨੌਰ ਵੱਲੋਂ ਆਨਲਾਈਨ ਮੈਨੇਜਮੈਂਟ ਸਿਸਟਮ ਤਿਆਰ



ਘਨੌਰ, 8 ਅਪ੍ਰੈਲ (ਮਦਨ ਲਾਲ) : ਆਪ ਸਭ ਨੂੰ ਇਹ ਦੱਸਦੇ ਹੋਏ ਮਾਣ ਮਹਿਸੂਸ ਕਰ ਰਹੇਂ ਹਾਂ ਕਿ ਯੂਨੀਵਰਸਿਟੀ ਕਾਲਜ, ਘਨੌਰ ਵੱਲੋਂ ਆਪਣੀ ਵੈਬਸਾਈਟ ਅਤੇ ਕਾਲਜ ਦਫਤਰ ਲਈ ਆਨਲਾਈਨ ਮੈਨੇਜਮੈਂਟ ਸਿਸਟਮ ਤਿਆਰ ਕੀਤਾ ਗਿਆ ਹੈ। ਇਸ ਵੈਬਸਾਈਟ ਦੀ ਰਸਮੀ ਸ਼ੁਰੂਆਤ ਪੰਜਾਬੀ ਯੂਨੀਵਰਸਿਟੀ, ਪਟਿਆਲਾ ਦੇ ਵਾਈਸ ਚਾਂਸਲਰ ਡਾ. ਜਗਦੀਪ ਸਿੰਘ ਵੱਲੋਂ ਕੀਤੀ ਗਈ। ਵਾਈਸ ਚਾਂਸਲਰ ਸਾਹਿਬ ਨੇ ਕਾਲਜ ਨੂੰ ਇਸ ਕਾਰਜ ਲਈ ਵਧਾਈ ਦਿੱਤੀ ਅਤੇ ਭਵਿੱਖ ਵਿੱਚ ਅਜਿਹੇ ਹੋਰ ਕਾਰਜ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਡੀਨ ਅਕਾਦਮਿਕ ਮਾਮਲੇ, ਡਾ. ਜਸਵਿੰਦਰ ਸਿੰਘ ਬਰਾੜ, ਰਜਿਸਟਰਾਰ ਡਾ. ਦਵਿੰਦਰ ਪਾਲ ਸਿੰਘ, ਡਾਇਰੈਕਟਰ, ਕਾਂਸਟੀਚੁਐਂਟ ਕਾਲਜਾਂ ਡਾ. ਅਮਰਇੰਦਰ ਸਿੰਘ ਖਾਸ ਤੌਰ ’ਤੇ ਮੌਜੂਦ ਰਹੇ। ਕਾਲਜ ਪ੍ਰਿੰਸੀਪਲ, ਡਾ. ਲਖਵੀਰ ਸਿੰਘ ਗਿੱਲ ਨੇ ਦੱਸਿਆ ਕਿ ਇਹ ਪ੍ਰੋਜੈਕਟ ਕਾਲਜ ਦੇ ਕੰਪਿਊਟਰ ਵਿਭਾਗ ਦੇ ਅਸਿਸਟੈਂਟ ਪ੍ਰੋਫੈਸਰ ਡਾ. ਅਰਵਿੰਦਰ ਸਿੰਘ ਦੀ ਦੇਖ-ਰੇਖ ਵਿੱਚ ਕਾਲਜ ਦੇ ਵਿਦਿਆਰਥੀਆਂ ਦੇ ਸਹਿਯੋਗ ਨਾਲ ਤਿਆਰ ਕੀਤਾ ਗਿਆ ਹੈ। ਕਾਲਜ ਦੀ ਆਪਣੀ ਵੈਬਸਾਈਟ ਅਤੇ ਕਾਲਜ ਆਫਿਸ ਨੂੰ ਆਨਲਾਈਨ ਕਰਨਾ ਸਮੇਂ ਦੀ ਲੋੜ ਹੈ। ਇਸ ਆਨਲਾਈਨ ਪ੍ਰੋਜੈਕਟ ਦੇ ਆਉਣ ਨਾਲ ਆਫਿਸ ਦੇ ਕੰਮ ਨੂੰ ਆਸਾਨੀ ਨਾਲ ਕੀਤਾ ਜਾ ਸਕੇਗਾ। ਇਹ ਵੈਬਸਾਈਟ ਵਿਦਿਆਰਥੀਆਂ ਲਈ ਵੀ ਲਾਹੇਵੰਦ ਹੋਵੇਗੀ ਜਿੱਥੋਂ ਉਹ ਕਾਲਜ ਵਿੱਚ ਚੱਲ ਰਹੇ ਕੋਰਸਾਂ ਅਤੇ ਦਾਖਲੇ ਸਬੰਧੀ ਜਾਣਕਾਰੀ ਪ੍ਰਾਪਤ ਕਰ ਸਕਣਗੇ। ਕਾਲਜ ਦੇ ਕੰਪਿਊਟਰ ਵਿਭਾਗ ਦੇ ਅਸਿ. ਪ੍ਰੋ. ਡਾ. ਅਰਵਿੰਦਰ ਸਿੰਘ ਨੇ ਦੱਸਿਆ ਕਿ ਇਸ ਪ੍ਰੋਜੈਕਟ ਰਾਹੀਂ ਕਾਲਜ ਦੇ ਵਿਦਿਆਰਥੀਆਂ ਦੀਆਂ ਫੀਸਾਂ ਦਾ ਰਿਕਾਰਡ ਆਨਲਾਈਨ ਵਿਧੀ ਰਾਹੀਂ ਰੱਖਿਆ ਜਾਵੇਗਾ। ਇਸ ਦੇ ਨਾਲ ਹੀ ਵਿਦਿਆਰਥੀਆਂ ਦੇ ਸਬਜੈਕਟ, ਸਕਾਲਰਸ਼ਿਪ, ਡੀ. ਐਮ. ਸੀ. ਦੇ ਪ੍ਰਬੰਧ ਨੂੰ ਵੀ ਆਨਲਾਈਨ ਕੀਤਾ ਜਾਵੇਗਾ। ਇਸ ਤੋਂ ਇਲਾਵਾ ਕਾਲਜ ਦੇ ਨੋਟਿਸ ਬੋਰਡ ਦਾ ਪ੍ਰਬੰਧ ਵੀ ਆਲਾਈਨ ਵੈਬਸਾਈਟ ਰਾਹੀਂ ਕੀਤਾ ਜਾਵੇਗਾ ਜਿੱਥੋਂ ਵਿਦਿਆਰਥੀ ਜਾਣਕਾਰੀ ਹਾਸਲ ਕਰ ਸਕਣਗੇ। ਇਸ ਪ੍ਰੋਜੈਕਟ ਰਾਹੀਂ ਪ੍ਰੀਖਿਆਵਾਂ ਦੌਰਾਨ ਸੀਟਿੰਗ ਪਲਾਨ ਵੀ ਆਨਲਾਈਨ ਵਿਧੀ ਰਾਹੀਂ ਬਣਾਇਆ ਜਾ ਸਕੇਗਾ।



# ਪਟਿਆਲਾ-ਆਸ/ਪਾਸ



## ਮੌਸਮ ਦੇ ਬਦਲੇ ਮਿਜਾਜ਼ ਨੇ ਕਿਸਾਨਾਂ ਦੀ ਚਿੰਤਾ ਵਧਾਈ

### ➢ਮੌਸਮ 'ਚ ਤਬਦੀਲੀ ਨਾਲ ਪਾਰਾ ਹੇਠਾਂ ਡਿੱਗਿਆ

ਸਮਾਣਾ, 8 ਅਪ੍ਰੈਲ (ਵਿਜੇ ਕੁਮਾਰ): ਹਾੜ੍ਹੀ ਦੀ ਮੁੱਖ ਫਸਲ ਕਣਕ ਪੱਕ ਕੇ ਤਿਆਰ ਹੋ ਚੁੱਕੀ ਹੈ ਤੇ ਵਾਢੀ ਦਾ ਕੰਮ ਵੀ ਸ਼ੁਰੂ ਹੋ ਚੁੱਕਿਆ ਹੈ ਪਰ ਪਿਛਲੇ ਦਿਨਾਂ ਤੋਂ ਮੌਸਮ ਦੇ ਬਦਲੇ ਮਿਜਾਜ਼ ਨੇ ਕਿਸਾਨਾਂ ਦੀਆਂ ਚਿੰਤਾਵਾਂ ਵਧਾਈਆਂ ਹੋਈਆਂ ਹੈ। ਹਰ ਰੋਜ਼ ਖਰਾਬ ਹੋ ਰਹੇ ਮੌਸਮ ਨੇ ਕਿਸਾਨਾਂ ਨੂੰ ਪਰੇਸ਼ਾਨੀ 'ਚ ਪਾਇਆ ਹੋਇਆ ਤੇ ਭਾਰੀ ਮੀਂਹ ਦੀ ਪੇਸ਼ਨਗੋਈ ਨੇ ਹਾੜ੍ਹੀ ਦੀ ਵਾਢੀ ਦਾ ਕੰਮ ਤੇਜ਼ ਕਰ ਦਿੱਤਾ ਹੈ। ਬਰਸਾਤ ਤੇ ਗੜੇਮਾਰੀ ਦੇ ਡਰੋਂ ਕਿਸਾਨਾਂ ਵੱਲੋਂ ਕਣਕ ਦੀ ਵਾਢੀ ਵੱਡੇ ਪੱਧਰ 'ਤੇ ਸ਼ੁਰੂ ਕਰ ਦਿੱਤੀ ਤੇ ਕਿਸਾਨ ਕੱਚੀ ਪੱਕੀ ਫਸਲ ਕੱਟਣ ਲੱਗ ਪਏ ਹਨ। ਦੂਜੇ ਪਾਸੇ ਜ਼ਿਲ੍ਹੇ ਦੇ ਜ਼ਿਆਦਾਤਰ ਖਰੀਦ ਕੇਂਦਰਾਂ ਵਿਚ ਹਾਲੇ ਤੱਕ ਖਰੀਦ ਸ਼ੁਰੂ ਨਾ ਹੋਣ ਸਕਣ ਕਾਰਨ ਇਨ੍ਹਾਂ ਖਰੀਦ ਕੇਂਦਰਾਂ ਵਿਚ ਵੀ ਕਣਕ ਦੀਆਂ



ਢੇਰੀਆਂ ਦੇ ਅੰਬਾਰ ਲੱਗ ਚੁੱਕੇ ਹਨ। ਕਿਸਾਨ ਕਾਹਲੀ ਕਾਹਲੀ ਫਸਲ ਕੱਟ ਕੇ ਮੰਡੀਆਂ 'ਚ ਲਿਆ ਰਹੇ ਹਨ ਤੇ ਕਿਸਾਨਾਂ ਦਾ ਕਹਿਣਾ ਹੈ ਕਿ ਜੇਕਰ ਬਰਸਾਤ ਹੋ ਜਾਂਦੀ ਹੈ ਤਾਂ ਪੂਰੀ ਤਰ੍ਹਾਂ ਪੱਕ ਕੇ ਤਿਆਰ ਹੋਈ ਕਣਕ ਦੀ ਫਸਲ ਨੂੰ ਭਾਰੀ ਨੁਕਸਾਨ ਹੋਵੇਗਾ। ਮੌਸਮ ਵਿਭਾਗ ਵੱਲੋਂ ਦੋ ਦਿਨ ਮੌਸਮ ਖਰਾਬ ਰਹਿਣ 'ਤੇ ਮੀਂਹ, ਝੱਖੜ ਤੇ ਗੜੇਮਾਰੀ ਦੀ ਪੇਸ਼ੀਨਗੋਈ ਨੇ ਕਿਸਾਨਾਂ ਦੇ ਮੱਥੇ 'ਤੇ ਚਿੰਤਾਵਾਂ ਦੀਆਂ ਲਕੀਰਾਂ ਹੋਰ ਗੂੜ੍ਹੀਆਂ ਕਰ ਦਿੱਤੀਆਂ ਹਨ। ਪਿਛਲੇ ਹਫਤੇ ਮੌਸਮ ਖਰਾਬ ਰਹਿਣ ਉਪਰੰਤ ਸੋਮਵਾਰ ਨੂੰ ਮੌਸਮ ਸਾਫ ਰਹਿਣ ਨਾਲ ਭਾਵੇਂ ਕੁਝ ਰਾਹਤ ਮਿਲੀ ਸੀ ਪਰ ਮੰਗਲਵਾਰ ਬਾਅਦ ਦੁਪਹਿਰ ਚੜ੍ਹ ਕੇ ਆਏ ਬੱਦਲਾਂ ਨਾਲ ਇੱਕ ਵਾਰ ਦਿਨ ਵੇਲੇ ਪੂਰੀ ਤਰ੍ਹਾਂ ਹਨੇਰਾ ਛਾਅ ਗਿਆ ਤੇ ਦਿਨ ਵਿਚ ਵੀ ਰਾਤ ਵਰਗਾ ਅਹਿਸਾਸ ਹੋ ਰਿਹਾ ਸੀ। ਕਿਸਾਨਾਂ ਨੇ ਦੱਸਿਆ ਕਿ ਉਨ੍ਹਾਂ ਦੀ ਕਣਕ ਦੀ ਫਸਲ ਪੂਰੀ ਤਰ੍ਹਾਂ ਪੱਕ ਕੇ ਤਿਆਰ ਹੋ ਚੁੱਕੀ ਹੈ ਤੇ ਅੱਜ ਵਾਢੀ ਦਾ ਕੰਮ ਸ਼ੁਰੂ ਕਰਨਾ ਸੀ ਪਰ ਮੌਸਮ ਖਰਾਬ ਹੋਣ ਕਾਰਨ ਕਟਾਈ ਦਾ ਕੰਮ ਵਿਚਕਾਰ ਹੀ ਲਟਕ ਗਿਆ ਹੈ। ਮੌਸਮ 'ਚ ਤਬਦੀਲੀ ਨਾਲ ਪਾਰਾ ਹੇਠਾਂ ਡਿੱਗਿਆ। ਪਿਛਲੇ ਦਿਨਾਂ ਤੋਂ ਮੌਸਮ 'ਚ ਆਏ ਬਦਲਾਅ ਨਾਲ ਵਾਤਾਵਰਣ ਠੰਢਕ ਵਾਲਾ ਹੈ ਅਤੇ ਤਾਪਮਾਨ 'ਚ ਵੀ ਗਿਰਾਵਟ ਆਈ ਹੈ।

## ਸ੍ਰੀ ਗੁਰੂ ਤੇ.ਗ ਬਹਾਦਰ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਸਬ ਜੇਲ੍ਹ ਵਿਖੇ ਸਮਾਜਿਕ ਬੁਰਾਈਆਂ ਵਿਰੁੱਧ ਸੈਮੀਨਾਰ

### ➢ਐਸ.ਐਸ.ਪੀ. ਨੇ ਬੰਦੀਆਂ ਨੂੰ ਨਵੀਂ ਜ਼ਿੰਦਗੀ ਦੀ ਸ਼ੁਰੂਆਤ ਕਰਕੇ, ਨਵੀਂ ਸੋਚ ਅਤੇ ਸਾਕਾਰਾਤਮਕ ਜੀਵਨ ਅਪਣਾਉਣ ਲਈ ਪ੍ਰੇਰਿਤ ਕੀਤਾ

ਮਲੇਰਕੋਟਲਾ, 8 ਅਪ੍ਰੈਲ (ਬਲਜੀਤ ਸਿੰਘ ਟਿੱਬਾ): ਸ਼੍ਰੀ ਗੁਰੂ ਤੇ.ਗ ਬਹਾਦਰ ਜੀ ਦੇ ਦਿਹਾੜੇ ਨੂੰ ਸਮਰਪਿਤ ਸਥਾਨਕ ਸਬ-ਜੇਲ ਮਾਲੇਰਕੋਟਲਾ ਵਿਖੇ ਸਮਾਜਿਕ ਬੁਰਾਈਆਂ ਵਿਰੁੱਧ ਜਾਗਰੂਕਤਾ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਐਸ.ਐਸ.ਪੀ.ਗਗਨ ਅਜੀਤ ਸਿੰਘ ਵੱਲੋਂ ਜੇਲ੍ਹ ਬੰਦੀਆਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਨੂੰ ਨਵੀਂ ਸੋਚ ਅਤੇ ਸਾਕਾਰਾਤਮਕ ਜੀਵਨ ਅਪਨਾਉਣ ਲਈ ਪ੍ਰੇਰਿਤ ਕੀਤਾ ਗਿਆ। ਉਨ੍ਹਾਂ ਕਿਹਾ ਕਿ ਗੁਰੂ ਜੀ ਦਾ ਜੀਵਨ,ਮਨੁੱਖਤਾ ਦੀ ਰਾਖੀ ਅਤੇ ਧਾਰਮਿਕ ਆਜ਼ਾਦੀ ਦੀ ਸਰਬ-ਉੱਚ ਮਿਸਾਲ ਹੈ। ਉਨ੍ਹਾਂ ਕਿਹਾ ਕਿ ਸਾਨੂੰ ਉਨ੍ਹਾਂ ਦੇ ਜੀਵਨ ਤੋਂ ਪ੍ਰੇਰਨਾ ਲੈਂਦਿਆਂ ਬਿਨ੍ਹਾਂ ਕਿਸੇ ਡਰ ਤੋਂ ਨਾ



ਇਨਸਾਫ਼ੀ ਵਿਰੁੱਧ ਖੜ੍ਹੇ ਰਹਿਣਾ ਅਤੇ ਸੱਚ ਦੇ ਰਾਹ ਉੱਤੇ ਚੱਲਣਾ ਚਾਹੀਦਾ ਹੈ। ਐਸ.ਐਸ.ਪੀ.ਗਗਨ ਅਜੀਤ ਸਿੰਘ ਨੇ ਕਿਹਾ ਕਿ ਮਨੁੱਖ ਤੋਂ ਗਲਤੀਆਂ ਹੋ ਸਕਦੀਆਂ ਹਨ ਪਰ ਅਸਲ ਹਿੰਮਤ ਆਪਣੀਆਂ ਗਲਤੀਆਂ ਨੂੰ ਸਮਝ ਕੇ ਨਵੀਂ ਅਤੇ ਸਹੀ ਦਿਸ਼ਾ ਵੱਲ ਵਧਣ ਵਿੱਚ ਹੈ। ਉਨ੍ਹਾਂ ਕਿਹਾ ਕਿ ਨਫ਼ਰਤ, ਹਿੰਸਾ ਅਤੇ ਨਸ਼ਿਆਂ ਵਰਗੀਆਂ ਸਮਾਜਿਕ ਬੁਰਾਈਆਂ ਸਮਾਜ ਨੂੰ ਕਮਜ਼ੋਰ ਕਰਦੀਆਂ ਹਨ ਅਤੇ ਹਰ ਵਿਅਕਤੀ ਦੀ ਜ਼ਿੰਮੇਵਾਰੀ ਹੈ ਕਿ ਉਹ ਇਨ੍ਹਾਂ ਦੇ ਖ਼ਿਲਾਫ਼ ਡਟ ਕੇ ਖੜ੍ਹੇ ਹੋਵੇ। ਉਨ੍ਹਾਂ ਕੈਦੀਆਂ ਨੂੰ ਅਹਿਦ ਦਿਵਾਇਆ ਕਿ ਅਸੀਂ ਆਪਣੇ ਨਾਲ ਕਿਸੇ ਵੱਲੋਂ ਅਚਾਨਕ ਜਾਂ ਜਾਣ-ਬੁੱਝ ਕੇ ਕੀਤੀ ਕਿਸੇ ਵੀ ਜ਼ਿਆਦਤੀ ਲਈ ਆਪਣੇ ਮਨ ਵਿੱਚ ਬਦਲੇ ਦੀ ਭਾਵਨਾ ਨਹੀਂ ਰੱਖਾਂਗੇ ਅਤੇ ਅੱਜ ਤੋਂ ਆਪਣੇ ਪਰਿਵਾਰ ਅਤੇ ਸਮਾਜ ਦੀ ਖੁਸ਼ਹਾਲੀ ਅਤੇ ਵਿਕਾਸ ਲਈ ਸਕਾਰਾਤਮਕ ਸੋਚ ਨਾਲ ਕੰਮ ਕਰਾਂਗੇ। ਐਸ.ਐਸ.ਪੀ. ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਨਸ਼ਾ ਮੁਕਤ ਪੰਜਾਬ ਮੁਹਿੰਮ ਤਹਿਤ ਨਸ਼ਿਆਂ ਦੇ ਖ਼ਾਤਮੇ ਲਈ ਵੱਡੇ ਪੱਧਰ 'ਤੇ ਕਾਰਵਾਈ ਕੀਤੀ ਜਾ ਰਹੀ ਹੈ ਅਤੇ ਅਪਰਾਧ ਦੇ ਖ਼ਿਲਾਫ਼ ਜ਼ੀਰੋ ਟੌਲਰੈਂਸ ਨੀਤੀ ਅਪਣਾਈ ਗਈ ਹੈ। ਉਨ੍ਹਾਂ ਬੰਦੀਆਂ ਨੂੰ ਅਪੀਲ ਕੀਤੀ ਕਿ ਜਦੋਂ ਉਹ ਸਮਾਜ ਵਿੱਚ ਵਾਪਸ ਜਾਣ ਤਾਂ ਨਸ਼ਿਆਂ ਅਤੇ ਅਪਰਾਧ ਤੋਂ ਦੂਰ ਰਹਿ ਕੇ ਇੱਕ ਜ਼ਿੰਮੇਵਾਰ ਨਾਗਰਿਕ ਵਜੋਂ ਸਮਾਜ ਦੀ ਤਰੱਕੀ ਵਿੱਚ ਆਪਣਾ ਯੋਗਦਾਨ ਪਾਉਣ। ਇਸ ਮੌਕੇ ਕੈਦੀਆਂ ਵੱਲੋਂ ਵੀ ਸਹੁੰ ਚੁੱਕੀ ਕਿ ਉਹ ਆਪਣੇ ਪਰਿਵਾਰ ਅਤੇ ਸਮਾਜ ਵਿੱਚ ਵਾਪਸ ਜਾ ਕੇ ਪੰਜਾਬ ਸਰਕਾਰ ਵੱਲੋਂ ਸਮਾਜਿਕ ਬੁਰਾਈਆਂ ਵਿਰੁੱਧ ਚਲਾਈਆਂ ਜਾ ਰਹੀਆਂ ਮੁਹਿੰਮਾਂ ਨੂੰ ਪੂਰਾ ਸਹਿਯੋਗ ਦੇਣਗੇ ਅਤੇ ਸਮਾਜ ਨੂੰ ਨਸ਼ਿਆਂ, ਨਫ਼ਰਤ ਅਤੇ ਹਿੰਸਾ ਤੋਂ ਮੁਕਤ ਬਣਾਉਣ ਲਈ ਪੁਰਜ਼ੋਰ ਕੋਸ਼ਿਸ਼ ਕਰਨਗੇ। ਜੇਲ੍ਹ ਸੁਪਰਡੈਂਟ ਰਿਪੂ ਦਮਨ ਨੇ ਸਮਾਗਮ ਵਿੱਚ ਪਹੁੰਚੇ ਮਹਿਮਾਨਾਂ ਦਾ ਸਵਾਗਤ ਕਰਦਿਆਂ ਜੀ ਆਇਆਂ ਆਖਿਆ। ਸਮਾਜ ਸੇਵੀ ਮਹੇਸ਼ ਸ਼ਰਮਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਗੁਰੂ ਜੀ ਦੀਆਂ ਸਿੱਖਿਆਵਾਂ ਮਨੁੱਖਤਾ, ਭਾਈਚਾਰੇ ਅਤੇ ਸੇਵਾ ਦੀ ਪ੍ਰੇਰਣਾ ਦਿੰਦੀਆਂ ਹਨ। ਡੀ. ਐਸ.ਪੀ.ਅਹਿਮਦਗੜ੍ਹ ਸੁਖਦੇਵ ਸਿੰਘ ਬਰਾੜ ਵੱਲੋਂ ਸਮਾਗਮ ਵਿੱਚ ਸ਼ਾਮਲ ਹੋਏ ਸਾਰੇ ਮਹਿਮਾਨਾਂ ਅਤੇ ਅਧਿਕਾਰੀਆਂ ਦਾ ਧੰਨਵਾਦ ਕੀਤਾ। ਇਸ ਮੌਕੇ ਐਸ.ਐਚ.ਓ ਸਦਰ ਗੁਰਪ੍ਰੀਤ ਕੌਰ ਵੀ ਮੌਜੂਦ ਸਨ।

## ਕੰਬਾਇਨਾਂ ਨਾਲ ਸ਼ਾਮ 7 ਤੋਂ ਅਗਲੀ ਸਵੇਰ 6 ਵਜੇ ਤੱਕ ਕਣਕ ਦੀ ਕਟਾਈ ਕਰਨ 'ਤੇ ਪਾਬੰਦੀ ਦੇ ਹੁਕਮ

ਪਟਿਆਲਾ, 8 ਅਪ੍ਰੈਲ (ਰੁਪਾਣਾ): ਵਧੀਕ ਜ਼ਿਲ੍ਹਾ ਮੈਜਿਸਟਰੇਟ ਸਿਮਰਪ੍ਰੀਤ ਕੌਰ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹੇ ਵਿੱਚ ਸ਼ਾਮ 7 ਵਜੇ ਤੋਂ ਅਗਲੀ ਸਵੇਰ 6 ਵਜੇ ਤੱਕ ਕੰਬਾਇਨਾਂ ਨਾਲ ਕਣਕ ਕੱਟਣ ਉਤੇ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ। ਜਾਰੀ ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਕਣਕ ਕੱਟਣ ਲਈ ਕੰਬਾਇਨਾਂ 24 ਘੰਟੇ ਕੰਮ ਕਰਦੀਆਂ ਹਨ। ਇਹ ਕੰਬਾਇਨਾਂ ਰਾਤ ਵੇਲੇ ਹਰੀ ਕਣਕ ਜਿਹੜੀ ਕਿ ਚੰਗੀ ਤਰ੍ਹਾਂ ਪੱਕੀ ਵੀ ਨਹੀਂ ਹੁੰਦੀ, ਭਾਵ ਕੱਚਾ ਦਾਣਾ ਕੱਟ ਦਿੰਦੀਆਂ ਹਨ। ਹਰੀ ਕੱਟੀ ਹੋਈ ਕਣਕ ਸੁੱਕਣ ਤੇ ਕਾਲੀ ਪੈ ਜਾਂਦੀ ਹੈ, ਸਵੇਰੇ ਜਲਦੀ ਕੰਬਾਇਨਾਂ ਚੱਲਣ ਨਾਲ ਨਮੀ ਵਾਲੇ ਝੋਨੇ ਦੀ ਮਿਕਦਾਰ ਬਹੁਤ ਜ਼ਿਆਦਾ ਹੋ ਜਾਂਦੀ ਹੈ। ਸਿੱਟੇ ਵਜੋਂ ਮੰਡੀਆਂ ਵਿੱਚ ਅਣਵਿਕੀ ਕਣਕ ਦੇ ਅੰਬਾਰ ਜਮ੍ਹਾਂ ਹੋ ਜਾਂਦੇ ਹਨ। ਇਸ ਤੋਂ ਇਲਾਵਾ ਬਹੁਤ ਸਾਰੀਆਂ ਪੁਰਾਣੀਆਂ ਹੋ ਚੁੱਕੀਆਂ ਕੰਬਾਇਨਾਂ ਵੀ ਕਟਾਈ ਕਰਦੀਆਂ ਹਨ, ਜੋ ਕਣਕ ਦੀ ਕੁਆਲਿਟੀ ਨੂੰ ਪ੍ਰਭਾਵਿਤ ਕਰਦੀਆਂ ਹਨ। ਕਣਕ ਸਮੇਂ ਸਿਰ ਨਾ ਵਿਕਣ ਕਾਰਨ ਕਿਸਾਨਾਂ ਵਿੱਚ ਰੋਸ ਪੈਦਾ ਹੁੰਦਾ ਹੈ। ਜਿਸ ਨਾਲ ਅਮਨ ਕਾਨੂੰਨ ਦੀ ਸਥਿਤੀ ਨੂੰ ਖਤਰਾ ਪੈਦਾ ਹੁੰਦਾ ਹੈ। ਵਧੀਕ ਜ਼ਿਲ੍ਹਾ ਮੈਜਿਸਟਰੇਟ ਨੇ ਜ਼ਿਲ੍ਹਾ ਪਟਿਆਲਾ ਅੰਦਰ ਕਣਕ ਦੀ ਕਟਾਈ ਕਰਨ ਵਾਲੀਆਂ ਕੰਬਾਇਨਾਂ ਦੇ ਮਾਲਕਾਂ ਨੂੰ ਹਦਾਇਤ ਕੀਤੀ ਕਿ ਪਟਿਆਲਾ ਵਿਚ ਸ਼ਾਮ 7 ਬਜੇ ਤੋਂ ਅਗਲੀ ਸਵੇਰ 6 ਬਜੇ ਤਕ ਕੰਬਾਇਨਾਂ ਨਾਲ ਕਣਕ ਕੱਟਣ ਤੇ ਪਾਬੰਦੀ ਲਗਾਈ ਜਾਂਦੀ ਹੈ। ਇਹ ਹੁਕਮ 2 ਅਪ੍ਰੈਲ ਤੋਂ 1 ਜੂਨ ਤਕ ਲਾਗੂ ਰਹਿਣਗੇ।

## 'ਕਲਿੰਗ ਵਿਜਯ' ਹਿੰਦੀ ਨਾਟਕ ਦਾ ਮੰਚਨ 11 ਨੂੰ

ਪਟਿਆਲਾ, 8 ਅਪ੍ਰੈਲ (ਚ.ਨ.ਸ.): ਉੱਤਰ ਖ਼ੇਤਰੀ ਸਭਿਆਚਾਰਕ ਕੇਂਦਰ (ਸਭਿਆਚਾਰਕ ਮੰਤਰਾਲਾ, ਭਾਰਤ ਸਰਕਾਰ) ਪਟਿਆਲਾ ਵੱਲੋਂ ਹਰ ਮਹੀਨੇ ਦੇ ਦੂਸਰੇ ਸ਼ਨੀਵਾਰ ਨਾਟਕ ਲੜੀ ਦੇ ਅਧੀਨ ਇਸ ਵਾਰ 11 ਅਪ੍ਰੈਲ ,ਦਿਨ ਸ਼ਨੀਵਾਰ ਨੂੰ ਸ਼ਾਮ 6:30 ਵਜੇ ਕਾਲੀ ਦਾਸ ਆਡੀਟੋਰੀਅਮ, ਵਿਰਸਾ ਵਿਹਾਰ ਕੇਂਦਰ ਨਜ਼ਦੀਕ ਭਾਸ਼ਾ ਵਿਭਾਗ ਪੰਜਾਬ, ਸ਼ੇਰਾਂ ਵਾਲਾ ਗੇਟ ਪਟਿਆਲਾ ਵਿਖੇ ਹਿੰਦੀ ਨਾਟਕ 'ਕਲਿੰਗ ਵਿਜਯ' ਦਾ ਮੰਚਨ ਪੰਚਮ ਵੇਦ ਕਰਿਏਸ਼ਨਸ ਟਰੱਸਟ ਦੇਹਰਾਦੂਨ ਦੀ ਟੀਮ ਵੱਲੋਂ ਕੀਤਾ ਜਾ ਰਿਹਾ ਹੈ। ਸ਼੍ਰੀ ਮੋਹਨ ਰਾਕੇਸ਼ ਦੁਆਰਾ ਲਿਖੇ ਇਸ ਨਾਟਕ ਦਾ ਨਿਰਦੇਸ਼ਨ ਰੰਗਮੰਚ ਦੇ ਪ੍ਰਸਿੱਧ ਨਿਰਦੇਸ਼ਕ ਸ਼੍ਰੀ ਅਨੁਰਾਗ ਵਰਮਾ ਨੇ ਕੀਤਾ ਹੈ। ਉੱਤਰ ਖੇਤਰੀ ਸਭਿਆਚਾਰਕ ਕੇਂਦਰ ਪਟਿਆਲਾ ਦੇ ਨਿਰਦੇਸ਼ਕ ਐਮ ਫੁਰਕਾਨ ਖਾਨ ਨੇ ਇਸ ਨਾਟਕ ਨੂੰ ਵੇਖਣ ਲਈ ਸਾਰੇ ਰੰਗਮੰਚ ਦੇ ਕਲਾਕਾਰਾਂ, ਰੰਗਮੰਚ ਕਲਾ ਪ੍ਰੇਮੀਆ ਤੇ ਸ਼ਹਿਰ ਨਿਵਾਸੀਆਂ ਨੂੰ ਖੁੱਲ੍ਹਾ ਸੱਦਾ ਦਿੱਤਾ ਹੈ।

## ਖ਼ਾਲਸਾ ਸਾਜਨਾ ਦਿਵਸ ਵਿਸਾਖੀ ਮੌਕੇ ਮਹਾਨ ਕੀਰਤਨ ਸਮਾਗਮ ਤੇ ਅੰਮ੍ਰਿਤ ਸੰਚਾਰ 14 ਨੂੰ

### ਕਕਾਰਾਂ ਦੀ ਸੇਵਾ ਪੰਜਾਬ ਸਿੱਖ ਕੌਂਸਲ ਵੱਲੋਂ ਫਰੀ ਕੀਤੀ ਜਾਵੇਗੀ

ਡਕਾਲਾ/ਬਲਬੇੜ੍ਹਾ, 8 ਅਪ੍ਰੈਲ (ਗੁਰਸੇਵਕ ਸਿੰਘ ਕਰਹਾਲੀ ਸਾਹਿਬ): ਖਾਲਸਾ ਸਾਜਨਾ ਦਿਵਸ ਵਿਸਾਖੀ ਦੇ ਪਵਿੱਤਰ ਦਿਹਾੜੇ ਮੌਕੇ ਪੰਜਾਬ ਸਿੱਖ ਕੌਂਸਲ ਵੱਲੋਂ ਗੁਰਦੁਆਰਾ ਪ੍ਰਬੰਧਕ ਕਮੇਟੀ ਬਲਬੇੜ੍ਹਾ ਦੇ ਸਹਿਯੋਗ ਨਾਲ ਗੁਰਦੁਆਰਾ ਸਾਹਿਬ 'ਚ ਮਹਾਨ ਕੀਰਤਨ ਸਮਾਗਮ ਅਤੇ ਅੰਮ੍ਰਿਤ ਸੰਚਾਰ 14 ਅਪ੍ਰੈਲ ਨੂੰ ਕਰਵਾਇਆ ਜਾ ਰਿਹਾ ਹੈ। ਜਾਣਕਾਰੀ ਦਿੰਦਿਆਂ ਜਥੇਦਾਰ ਮੋਹਣ ਸਿੰਘ ਕਰਤਾਰਪੁਰ ਪ੍ਰਧਾਨ ਪੰਜਾਬ ਸਿੱਖ ਕੌਂਸਲ ਨੇ ਦੱਸਿਆ ਕਿ ਪੰਜਾਬ ਸਿੱਖ ਕੌਂਸਲ ਵੱਲੋਂ ਨਿਰੰਤਰ ਸੇਵਾਵਾਂ ਤਹਿਤ ਅਹਿਮ ਉਪਰਾਲਾ ਕੀਤਾ ਜਾਂਦਾ ਹੈ ਕਿ ਹਰ ਪ੍ਰਾਣੀ ਅੰਮ੍ਰਿਤ ਛੱਕ ਕੇ ਖਾਲਸਾਈ ਸਰੂਪ ਦੇ ਧਾਰਨੀ ਬਣ ਕੇ ਸ਼ਬਦ ਗੁਰੂ ਨਾਲ ਜੁੜ ਕੇ ਆਪਣਾ ਜੀਵਨ ਬਸਰ ਕਰਨ। ਭਾਈ



ਲਖਵਿੰਦਰ ਸਿੰਘ ਹੈੱਡ ਗ੍ਰੰਥੀ ਗੁਰਦੁਆਰਾ ਸਾਹਿਬ ਨੇ ਸੰਗਤਾਂ ਨੂੰ ਬੈਨਤੀ ਕਰਦਿਆਂ ਕਿਹਾ ਕਿ 14 ਅਪ੍ਰੈਲ ਨੂੰ ਵਿਸਾਖੀ ਦੇ ਪਵਿੱਤਰ ਦਿਹਾੜੇ ਮੌਕੇ ਪੰਜਾਬ ਸਿੱਖ ਕੌਂਸਲ ਧਾਰਮਿਕ ਸੰਸਥਾ ਵੱਲੋਂ ਗੁਰੂ ਘਰ ਵਿਚ ਅੰਮ੍ਰਿਤ ਦਾ ਬਾਟਾ ਤਿਆਰ ਕਰਵਾਇਆ ਜਾ ਰਿਹਾ ਹੈ। ਅੰਮ੍ਰਿਤ ਅਭਿਲਾਖ਼ੀ ਸੰਗਤਾਂ ਕੇਸੀ ਇਸ਼ਨਾਨ ਕਰਕੇ ਸਵੇਰੇ 9:30 ਵਜੇ ਤੱਕ ਗੁਰਦੁਆਰਾ ਸਾਹਿਬ ਵਿਚ ਪਹੁੰਚਣ ਦੀ ਕ੍ਰਿਪਾਲਤਾ ਕਰਨ। ਇਸ ਸਮਾਗਮ ਮੌਕੇ ਕਕਾਰਾਂ ਦੀ ਸੇਵਾ ਪੰਜਾਬ ਸਿੱਖ ਕੌਂਸਲ ਫਰੀ ਕੀਤੀ ਜਾਵੇਗੀ।

## ਸਮਾਣਾ ਅਨਾਜ ਮੰਡੀ 'ਚ ਕਣਕ ਦੀ ਸਰਕਾਰੀ ਖ਼ਰੀਦ ਸ਼ੁਰੂ

### ➢ਮਾਨ ਸਰਕਾਰ ਹਰ ਸਮੇਂ ਕਿਸਾਨਾਂ ਦੇ ਹੱਕਾਂ ਦੀ ਰੱਖਿਆ ਲਈ ਵਚਨਬੱਧ : ਮਿੰਟੂ ਜੌੜਾਮਾਜਰਾ, ਚੇਅਰਮੈਨ ਗੱਜੂਮਾਜਰਾ

ਸਮਾਣਾ, 8 ਅਪ੍ਰੈਲ (ਜਵੰਦਾ/ਵਿਜੇ ਕੁਮਾਰ): ਅੱਜ ਸਮਾਣਾ ਅਨਾਜ ਮੰਡੀ ਵਿੱਚ ਕਣਕ ਦੀ ਬੋਲੀ ਦੌਰਾਨ ਕਿਸਾਨਾਂ ਲਈ ਵੱਡੀ ਰਾਹਤ ਵਾਲੀ ਖ਼ਬਰ ਸਾਹਮਣੇ ਆਈ। ਕਣਕ ਦਾ ਰੇਟ 2585 ਪ੍ਰਤੀ ਕੁਇੰਟਲ ਤੱਕ ਪਹੁੰਚ ਗਿਆ, ਜਿਸ ਨਾਲ ਕਿਸਾਨਾਂ ਦੇ ਚਿਹਰਿਆਂ 'ਤੇ ਖੁਸ਼ੀ ਸਪੱਸ਼ਟ ਨਜ਼ਰ ਆਈ। ਇਹ ਬੋਲੀ ਹਲਕਾ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਦੀ ਰਹਿਨੁਮਾਈ ਹੇਠ ਹੋਈ, ਜਿੱਥੇ ਹਰਜਿੰਦਰ ਸਿੰਘ ਜੌੜਾਮਾਜਰਾ ਅਤੇ ਮਾਰਕੀਟ ਕਮੇਟੀ ਦੇ ਚੇਅਰਮੈਨ ਬਲਕਾਰ ਸਿੰਘ ਗੱਜੂਮਾਜਰਾ ਵੀ ਮੌਜੂਦ ਰਹੇ। ਸਾਰੇ ਪ੍ਰਬੰਧ ਸੁਚੱਜੇ ਢੰਗ ਨਾਲ ਕੀਤੇ ਗਏ, ਜਿਸ ਨਾਲ ਮੰਡੀ ਵਿੱਚ ਆਏ ਕਿਸਾਨਾਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਦਾ ਸਾਹਮਣਾ ਨਹੀਂ ਕਰਨਾ ਪਿਆ। ਇਸ ਮੌਕੇ 'ਤੇ ਵਿਧਾਇਕ ਨੇ ਕਿਹਾ ਕਿ ਪੰਜਾਬ ਦੀ ਸਰਕਾਰ, ਖਾਸ ਕਰਕੇ ਆਮ ਆਦਮੀ ਪਾਰਟੀ ਦੀ ਅਗਵਾਈ ਹੇਠ, ਹਮੇਸ਼ਾ



ਕਿਸਾਨਾਂ ਦੇ ਹੱਕਾਂ ਦੀ ਰੱਖਿਆ ਲਈ ਵਚਨਬੱਧ ਹੈ। ਮੰਡੀਆਂ ਵਿੱਚ ਵਧੀਆ ਰੇਟ, ਸਹੀ ਤੋਲ ਅਤੇ ਤੁਰੰਤ ਭੁਗਤਾਨ ਯਕੀਨੀ ਬਣਾਉਣਾ ਸਰਕਾਰ ਦੀ ਪਹਿਲੀ ਤਰਜੀਹ ਹੈ। ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਮੰਡੀਆਂ ਦੇ ਪ੍ਰਬੰਧਾਂ ਨੂੰ ਹੋਰ ਮਜ਼ਬੂਤ ਕੀਤਾ ਜਾ ਰਿਹਾ ਹੈ, ਤਾਂ ਜੋ ਕਿਸਾਨਾਂ ਨੂੰ ਆਪਣੀ ਫਸਲ ਵੇਚਣ ਸਮੇਂ ਕੋਈ ਪਰੇਸ਼ਾਨੀ ਨਾ ਆਵੇ। ਕਿਸਾਨਾਂ ਨੇ ਵੀ ਸਰਕਾਰ ਦੇ ਇਨ੍ਹਾਂ ਉਪਰਾਲਿਆਂ ਦੀ ਸਰਾਹਨਾ ਕਰਦਿਆਂ ਕਿਹਾ ਕਿ ਵਧੀਆ ਰੇਟ ਮਿਲਣ ਨਾਲ ਉਨ੍ਹਾਂ ਨੂੰ ਆਰਥਿਕ ਤੌਰ 'ਤੇ ਵੱਡੀ ਰਾਹਤ ਮਿਲੀ ਹੈ। ਇਸ ਮੌਕੇ ਆੜਤੀ ਯੂਨੀਅਨ ਦੇ ਪ੍ਰਧਾਨ ਨਰਿੰਦਰ ਗਰਗ, ਜੀਵਨ ਮਿੱਤਲ ਬਘੌਲ਼, ਕਸ਼ਮੀਰ ਸਿੰਘ, ਸ਼ਕਤੀ ਵੜੈਚ, ਰੰਮੀ ਸ਼ਰਮਾ ਗੁਰਚਰਨ ਸਿੰਘ ਵੜੈਚ, ਭੁਪਿੰਦਰ ਸਿੰਘ ਵੜੈਚ, ਸ਼ਕਤੀ ਵੜੈਚ ਅਤੇ ਪਵਨ ਬਾਂਸਲ ਆਦਿ ਵੀ ਮੌਜੂਦ ਰਹੇ।

## ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਖ਼ੂਨਦਾਨ ਕੈਂਪ ਲਗਾਇਆ

ਭੁਨਰਹੇੜੀ, 8 ਅਪ੍ਰੈਲ (ਗੁਰਜੀਤ ਢੋਟ): ਜਾਗਦੇ ਰਹੋ ਕਲੱਬ ਪਟਿਆਲਾ ਨੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਮਿੰਨੀ ਸਕੱਤਰੇਤ ਡੀ. ਸੀ. ਦਫਤਰ ਦੇ ਸਾਹਮਣੇ ਖ਼ੂਨਦਾਨ ਕੈਂਪ ਲਗਾਇਆ। ਖ਼ੂਨਦਾਨ ਕੈਂਪ ਦਾ ਰਸਮੀਂ ਉਦਘਾਟਨ ਪ੍ਰਧਾਨ ਗੁਰਬਾਜ਼ ਸਿੰਘ ਪਿਲਖਣੀ ਭਾਰਤੀ ਕਿਸਾਨ ਯੂਨੀਅਨ ਏਕਤਾ ਨੇ ਖ਼ੂਨਦਾਨ ਕਰਕੇ ਕੀਤਾ। ਖ਼ੂਨਦਾਨ ਕੈਂਪ ਵਿੱਚ 24 ਖ਼ੂਨਦਾਨੀਆਂ ਨੇ ਖ਼ੂਨਦਾਨ ਕੀਤਾ। ਇਸ ਮੌਕੇ ਪ੍ਰਧਾਨ ਗੁਰਬਾਜ਼ ਸਿੰਘ ਨੇ ਕਿਹਾ ਕਿ ਗੁਰੂ ਸਾਹਿਬ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਖ਼ੂਨਦਾਨ ਕੈਂਪ ਲਗਾਉਣਾ ਮਹਾਨ ਕਾਰਜ ਹੈ। ਹਰੇਕ ਮਨੁੱਖ ਨੂੰ ਇੱਕ ਸਾਲ ਵਿੱਚ ਘੱਟੋ-ਘੱਟ ਚਾਰ ਵਾਰ ਖ਼ੂਨਦਾਨ ਕਰਨਾ ਚਾਹੀਦਾ ਹੈ। ਜਸਪਾਲ ਸਿੰਘ ਸਨੌਰ ਵੱਲੋਂ ਸਮੂਹ ਖ਼ੂਨਦਾਨੀਆਂ



ਨੂੰ ਮੈਡਲ ਅਤੇ ਸਰਟੀਫਿਕੇਟ ਦੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਕਲੱਬ ਪ੍ਰਧਾਨ ਅਮਰਜੀਤ ਸਿੰਘ ਜਾਗਦੇ ਰਹੋ, ਦੀਦਾਰ ਸਿੰਘ ਬੋਸਰ, ਰਣਜੀਤ ਸਿੰਘ ਬੋਸਰ,ਤੇਜਿੰਦਰ ਸਿੰਘ ਮੰਡੌਰ, ਦਰਸ਼ਨ ਸਿੰਘ ਦੂੰਦੀਮਾਜਰਾ, ਗੁਰਮੇਲ ਸਿੰਘ ਸ਼ਹਿਰੀ ਪ੍ਰਧਾਨ ਪਟਿਆਲਾ, ਰਾਹੁਲ ਕੁਮਾਰ ਸਨੌਰ, ਏਕਮ ਸਨੌਰੀਆ, ਹਰਵਿੰਦਰ ਸਿੰਘ ਬਠਿੰਡਾ, ਅਤੇ ਹਰਕ੍ਰਿਸ਼ਨ ਸਿੰਘ ਸੁਰਜੀਤ ਆਦਿ ਹਾਜ਼ਰ ਸੀ।

## ਅਕਾਲੀ ਦਲ (ਅ) ਵੱਲੋਂ 14 ਨੂੰ ਤਲਵੰਡੀ ਸਾਬੋ ਵਿਖੇ ਕਰਵਾਈ ਜਾ ਰਹੀ ਮੀਰੀ-ਪੀਰੀ ਕਾਨਫਰੰਸ 'ਚ ਸ਼ਾਮਲ ਹੋਣ ਲਈ ਅਮਲੋਹ ਤੋਂ ਜਥਾ ਰਵਾਨਾ ਹੋਵੇਗਾ: ਭੁਪਿੰਦਰ ਸਿੰਘ ਫਤਿਹਪੁਰ

ਭਾਦਸੋਂ, 8 ਅਪ੍ਰੈਲ (ਭਰਪੂਰ ਸਿੰਘ ਮੱਟਰਾਂ): ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਪਾਰਟੀ ਦੇ ਜ਼ਿਲ੍ਹਾ ਜਰਨਲ ਸਕੱਤਰ ਭੁਪਿੰਦਰ ਸਿੰਘ ਫਤਿਹਪੁਰ ਨੇ ਸਮੁੱਚੀ ਸੰਗਤ ਨੂੰ ਅਪੀਲ ਕੀਤੀ ਕਿ ਉਹ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵੱਲੋਂ ਖਾਲਸੇ ਦੇ ਸਾਜਨਾ ਦਿਵਸ ਨੂੰ ਸਮਰਪਿਤ 14 ਅਪ੍ਰੈਲ ਨੂੰ ਤਲਵੰਡੀ ਸਾਬੋ ਵਿਖੇ ਕਰਵਾਈ ਜਾ ਰਹੀ ਮੀਰੀ ਪੀਰੀ ਕਾਨਫਰਾਂਸ ਵਿੱਚ ਵੱਧ ਚੜ ਕੇ ਸ਼ਾਮਲ ਹੋਣ ਤਾਂ ਜੋ ਮੀਰੀ ਪੀਰੀ ਕਾਨਫਰੰਸ ਨੂੰ ਹਰ ਪੱਖੋਂ ਸਫਲ ਬਣਾਇਆ ਜਾ ਸਕੇ ਜਥੇਦਾਰ ਭੁਪਿੰਦਰ ਸਿੰਘ ਫਤਿਹਪੁਰ ਨੇ ਅੱਗੇ ਕਿਹਾ ਕਿ ਪਾਰਟੀ ਸੁਪਰੀਮੋ ਸ. ਸਿਮਰਨਜੀਤ ਸਿੰਘ ਮਾਨ ਦੀ ਅਗਵਾਈ ਹੇਠ 14 ਅਪ੍ਰੈਲ ਨੂੰ ਤਲਵੰਡੀ ਸਾਬੋ ਵਿਖੇ ਕਰਵਾਈ ਜਾ ਰਹੀ ਮੀਰੀ ਪੀਰੀ ਕਾਨਫਰੰਸ ਇਤਿਹਾਸਿਕ ਹੋਵੇਗੀ, ਜਿਸ ਵਿੱਚ ਪੰਥ ਤੇ ਪੰਜਾਬ ਨੂੰ ਲੱਗ ਰਹੀ ਢਾਹ ਕੌਮ ਨੂੰ ਆ ਰਹੀਆਂ ਦਰਪੇਸ ਸਮੱਸਿਆਵਾਂ ਸਬੰਧੀ ਵਿਚਾਰ ਚਰਚਾ ਹੋਵੇਗੀ ਤੇ ਸੱਤਾਧਾਰੀ ਰਾਜਸੀ ਪਾਰਟੀਆਂ ਦੀਆਂ ਲੋਕ ਮਾਰੂ ਨੀਤੀਆਂ ਦਾ ਪਰਦਾਫਾਸ਼ ਵੀ ਕੀਤਾ ਜਾਵੇਗਾ ਉਹਨਾਂ ਕਿਹਾ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਮੀਰੀ ਪੀਰੀ ਦੇ ਸੰਕਲਪ ਤਾਹਿਤ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂ ਵਾਲਿਆਂ ਵੱਲੋਂ ਆਰੰਭੇ ਖਾਲਸਾ ਰਾਜ ਦੇ ਮਿਸ਼ਨ ਦੀ ਪ੍ਰਾਪਤੀ ਲਈ ਆਖਰੀ ਦਮ ਤੱਕ ਲੜਾਈ



ਲੜਦੀ ਰਹੇਗੀ। ਉਹਨਾਂ ਅੱਗੇ ਕਿਹਾ ਤੇ ਚੋਣ ਵਰੇ ਜਿੱਥੇ ਅੱਜ ਸਾਰੀਆਂ ਪਾਰਟੀਆਂ ਆਪਣੇ ਹਿੱਤਾਂ ਦੀ ਗੱਲ ਕਰ ਰਹੀਆਂ ਹਨ ਉੱਥੇ ਅਕਾਲੀ ਦਲ ਅੰਮ੍ਰਿਤਸਰ ਪਾਰਟੀ ਹੀ ਪੰਥ ਪੰਜਾਬ ਕਿਸਾਨਾਂ ਮਜ਼ਦੂਰਾਂ ਵਪਾਰੀਆਂ ਤੇ ਸਾਰੇ ਵਰਗਾਂ ਦੀ ਗੱਲ ਕਰ ਰਹੀ ਹੈ, ਜਿਸ ਵਜੋਂ 14 ਅਪ੍ਰੈਲ ਨੂੰ ਮੀਰੀ ਪੀਰੀ ਕਾਨਫਰੰਸ ਵਿੱਚ ਸਾਰੇ ਵਰਗਾਂ ਦਾ ਸਾਮਲ ਹੋਣਾ ਜ਼ਰੂਰੀ ਹੈ।

## ਮੋਟਰਸਾਈਕਲ ਚੋਰੀ

ਪਟਿਆਲਾ, 8 ਅਪ੍ਰੈਲ (ਵਿਨੋਦ ਸ਼ਰਮਾ): ਥਾਣਾ ਲਾਹੌਰੀ ਗੇਟ ਪਟਿਆਲਾ ਪੁਲਿਸ ਕੋਲ ਲਖਵੀਰ ਸਿੰਘ ਪੁੱਤਰ ਜਸਵੰਤ ਸਿੰਘ ਵਾਸੀ ਬੋਸਰ ਕਲਾਂ ਨੇ ਅਣਪਛਾਤੇ ਵਿਅਕਤੀਆਂ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ ਕਿ ਉਹ ਆਪਣੀ ਪਤਨੀ ਲਵਪ੍ਰੀਤ ਕੌਰ ਸਮੇਤ ਆਪਣੇ ਮੋਟਰਸਾਈਕਲ 'ਤੇ ਸਵਾਰ ਹੋ ਕੇ ਕਾਲੀ ਮਾਤਾ ਮੰਦਿਰ ਪਟਿਆਲਾ, ਵਿਖੇ ਮੱਥਾ ਟੇਕਣ ਲਈ ਆਇਆ ਸੀ ਤਾਂ ਮੋਟਰਸਾਇਕਲ ਨੂੰ ਵੱਡੀ ਬਾਰਾਂਦਰੀ ਗਾਰਡਨ ਬਾਹਰ ਖੜ੍ਹਾ ਕਰਕੇ ਮੱਥਾ ਟੇਕਣ ਲਈ ਚਲਾ ਗਿਆ ਤਾਂ ਕੁੱਝ ਸਮੇਂ ਬਾਅਦ ਆ ਕੇ ਦੇਖਿਆ ਕਿ ਕਿਸੀ ਅਣਪਛਾਤੇ ਵਿਅਕਤੀਆਂ ਵੱਲੋਂ ਉਸ ਦਾ ਮੋਟਰਸਾਇਕਲ ਚੋਰੀ ਕਰ ਲਿਆ। ਪੁਲਿਸ ਨੇ ਮਾਮਲਾ ਦਰਜ ਕਰ ਲਿਆ ਹੈ।

## ਮਹੀਨਾਵਾਰ ਮੀਟਿੰਗ ਦੌਰਾਨ ਬਜ਼ੁਰਗਾਂ ਦਾ ਸਨਮਾਨ

ਸਮਾਣਾ, 8 ਅਪ੍ਰੈਲ (ਵਿਜੇ ਕੁਮਾਰ): ਪੈਨਸ਼ਨਰ ਐਸੋਸੀਏਸ਼ਨ ਮੰਡਲ ਯੂਨਿਟ ਦੀ ਮਹੀਨਾਵਾਰ ਮੀਟਿੰਗ ਸੋਹਨ ਸਿੰਘ ਵਿਰਕ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿਚ ਸਾਥੀ ਸਕੱਤਰ ਨਰਾਇਣ ਦਾਸ,ਦਵਿੰਦਰ ਸਿੰਘ, ਧਰਮਪਾਲ ਚੌਹਾਨ, ਬਲਕਾਰ ਸਿੰਘ ਫਤਿਹਪੁਰ, ਨੱਛਤਰ ਸਿੰਘ ਸਣੇ ਹੋਰ ਬੁਲਾਰਿਆ ਨੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਬਣਾਏ ਜਾ ਰਹੇ ਡਿਜਿਟਲ ਲਾਇਫ ਸਰਟੀਫਿਕੇਟ ਦਾ ਵਿਰੋਧ ਕੀਤਾ ਤੇ ਕਿਹਾ ਇਸ ਨਾਲ ਅਨਪੜ੍ਹ ਪੈਨਸ਼ਨਰਾਂ ਦੀ ਖਜਲ-ਖੁਆਰੀ ਹੋਵੇਗੀ। ਇਸ ਦੌਰਾਨ ਜਿੱਥੇ ਹੰਸ ਰਾਜ ਕਲਿਆਣ ਵੱਲੋਂ ਇਕ ਧਾਰਮਿਕ ਗੀਤ ਗਾਇਆ ਗਿਆ ਉਥੇ ਹੀ ਐਸੋਸੀਏਸ਼ਨ ਦੇ ਸੀਨੀ: ਮੀਤ ਪ੍ਰਧਾਨ ਬੱਗਾ ਸਿੰਘ ਬਾਦਸ਼ਾਹਪੁਰ ਦੇ





ਸਪੁੱਤਰ ਦੇ ਵਿਆਹ ਦੀ ਖੁਸ਼ੀ ਵਿਚ ਮਿਠਾਈ ਵੰਡੀ ਗਈ। ਜਿਨ੍ਹਾਂ ਸਾਥੀਆਂ ਦੇ ਜਨਮ ਦਿਨ ਅਪ੍ਰੈਲ ਮਹੀਨੇ ਵਿਚ ਆਏ ਸਨ ਉਨ੍ਹਾਂ ਨੂੰ ਗਿਫਟ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਾਰੇ ਧਰਮਾਂ ਦੇ ਗ੍ਰੰਥਾਂ ਦੀ ਬੇਅਦਬੀ ਰੋਕਣ ਲਈ ਕਾਨੂੰਨ ਬਨਾਉਣ ਲਈ ਲੱਗੇ ਮੋਰਚੇ ਦਾ ਸਮਰਥਨ ਕਰਨ ਦਾ ਐਲਾਨ ਕਰਦਿਆਂ ਸਰਕਾਰ ਨੂੰ ਕਾਨੂੰਨ ਬਣਾਉਣ ਦੀ ਅਪੀਲ ਕੀਤੀ।

## ਥਾਪਰ ਯੂਨੀਵਰਸਿਟੀ ਦੇ ਪ੍ਰੋ. ਸੁਨੀਲ ਕੁਮਾਰ ਸਿੰਗਲਾ ਅਕਾਦਮਿਕ ਉੱਤਮਤਾ ਲਈ ਵਿਸ਼ੇਸ਼ ਐਲੂਮਨੀ ਪੁਰਸਕਾਰ ਨਾਲ ਸਨਮਾਨਿਤ

ਪਟਿਆਲਾ, 8 ਅਪ੍ਰੈਲ (ਚ.ਨ.ਸ.): ਅਕਾਦਮਿਕ ਹਲਕਿਆਂ ਲਈ ਮਾਣ ਵਾਲੀ ਗੱਲ ਹੈ ਕਿ ਥਾਪਰ ਇੰਸਟੀਚਿਊਟ ਆਫ਼ ਇੰਜੀਨੀਅਰਿੰਗ ਐਂਡ ਟੈਕਨਾਲੋਜੀ, ਪਟਿਆਲਾ ਦੇ ਪ੍ਰੋਫੈਸਰ ਅਤੇ ਮੁਖੀ, ਪ੍ਰੋ. ਸੁਨੀਲ ਕੁਮਾਰ ਸਿੰਗਲਾ ਨੂੰ ਸੰਤ ਲੌਂਗੋਵਾਲ ਇੰਸਟੀਚਿਊਟ ਆਫ਼ ਇੰਜੀਨੀਅਰਿੰਗ ਐਂਡ ਟੈਕਨਾਲੋਜੀ, ਲੌਂਗੋਵਾਲ ਨੇ ਵੱਕਾਰੀ ਵਿਸ਼ੇਸ਼ ਐਲੂਮਨੀ ਪੁਰਸਕਾਰ (ਅਕਾਦਮਿਕ ਉੱਤਮਤਾ) ਨਾਲ ਸਨਮਾਨਿਤ ਕੀਤਾ ਹੈ। ਇਹ ਪੁਰਸਕਾਰ ਸਲਾਈਟ ਕੈਂਪਸ ਵਿਖੇ ਐਲੂਮਨੀ ਮੀਟ 2026 ਦੌਰਾਨ ਪੇਸ਼ ਕੀਤਾ ਗਿਆ, ਜਿਸ ਵਿੱਚ ਪ੍ਰੋ. ਸਿੰਗਲਾ ਦੇ ਅਕਾਦਮਿਕ, ਖੋਜ ਅਤੇ ਸੰਸਥਾਗਤ ਲੀਡਰਸ਼ਿਪ ਵਿੱਚ





ਸ਼ਾਨਦਾਰ ਯੋਗਦਾਨ ਨੂੰ ਮਾਨਤਾ ਦਿੱਤੀ ਗਈ। ਇਹ ਸਨਮਾਨ ਸਲਾਈਟ ਦੇ ਇੱਕ ਵਿਦਿਆਰਥੀ ਤੋਂ ਇੰਜੀਨੀਅਰਿੰਗ ਸਿੱਖਿਆ ਦੇ ਖੇਤਰ ਵਿੱਚ ਇੱਕ ਵਿਸ਼ੇਸ਼ ਅਕਾਦਮਿਕ ਅਤੇ ਨੇਤਾ ਬਣਨ ਤੱਕ ਦੇ ਉਨ੍ਹਾਂ ਦੇ ਸ਼ਾਨਦਾਰ ਸਫ਼ਰ ਲਈ ਪ੍ਰਦਾਨ ਕੀਤਾ ਗਿਆ ਹੈ। ਥਾਪਰ ਇੰਸਟੀਚਿਊਟ ਆਫ ਇੰਜੀਨੀਅਰਿੰਗ ਐਂਡ ਟੈਕਨੋਲੋਜੀ ਵਿੱਚ ਪ੍ਰੋਫੈਸਰ ਅਤੇ ਮੁਖੀ ਵਜੋਂ ਸੇਵਾ ਨਿਭਾਅ ਰਹੇ ਪ੍ਰੋ. ਸਿੰਗਲਾ ਨੇ ਅਧਿਆਪਨ, ਖੋਜ ਅਤੇ ਵਿਦਿਆਰਥੀਆਂ ਨੂੰ ਸਲਾਹ ਦੇਣ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਹੈ। ਪ੍ਰੋ. ਸਿੰਗਲਾ ਦੀ ਮਾਨਤਾ ਮੌਜੂਦਾ ਵਿਦਿਆਰਥੀਆਂ ਅਤੇ ਨੌਜਵਾਨ ਸਾਬਕਾ ਵਿਦਿਆਰਥੀ ਲਈ ਇੱਕ ਪ੍ਰੇਰਨਾ ਵਜੋਂ ਖੜ੍ਹੀ ਹੈ, ਜੋ ਉਨ੍ਹਾਂ ਉਚਾਈਆਂ ਨੂੰ ਉਜਾਗਰ ਕਰਦੀ ਹੈ ਜੋ ਸਮਰਪਣ, ਸਖ਼ਤ ਮਿਹਨਤ ਅਤੇ ਉੱਤਮਤਾ ਪ੍ਰਤੀ ਵਚਨਬੱਧਤਾ ਦੁਆਰਾ ਪ੍ਰਾਪਤ ਕੀਤੀਆਂ ਜਾ ਸਕਦੀਆਂ ਹਨ।

## ਮੇਅਰ ਗੋਗੀਆ ਵੱਲੋਂ ਵਿਸ਼ਵ ਸਿਹਤ ਦਿਵਸ ਮੌਕੇ ਤੰਦਰੁਸਤੀ ਅਤੇ ਕੁਦਰਤ ਨਾਲ ਜੁੜਨ ਦਾ ਸੰਦੇਸ਼



ਪਟਿਆਲਾ, 8 ਅਪ੍ਰੈਲ (ਰੁਪਾਣਾ): ਵਿਸ਼ਵ ਸਿਹਤ ਦਿਵਸ ਮੌਕੇ ਗਿਆਨ ਜਯੋਤੀ ਐਜੂਕੇਸ਼ਨ ਸੋਸਾਇਟੀ (ਰਜਿ.) ਪਟਿਆਲਾ ਵੱਲੋਂ ਉਪਕਾਰ ਸਿੰਘ ਦੀ ਅਗਵਾਈ ਹੇਠ ਨਹਿਰੂ ਪਾਰਕ ਵਿੱਚ ਵਿਸ਼ੇਸ਼ ਪ੍ਰੋਗਰਾਮ ਆਯੋਜਿਤ ਕੀਤਾ ਗਿਆ। ਇਸ ਮੌਕੇ ਮੌਰਨਿੰਗ ਕਲੱਬ ਅਤੇ ਸੈਰ ਪ੍ਰੇਮੀਆਂ ਨੇ ਵੱਡੀ ਗਿਣਤੀ ਵਿੱਚ ਭਾਗ ਲਿਆ। ਪ੍ਰੋਗਰਾਮ ਦੀ ਪ੍ਰਧਾਨਗੀ ਸ਼ਹਿਰ ਦੇ ਮੇਅਰ ਕੁੰਦਨ ਗੋਗੀਆ ਨੇ ਕੀਤੀ, ਜਦਕਿ ਦੇਵ ਰਾਜ ਨੇ ਸਮਾਗਮ ਦੀ ਅਗਵਾਈ ਕੀਤੀ ਅਤੇ ਲਖਵਿੰਦਰ ਸਿੰਘ ਲੱਖਾ (ਸਾਬਕਾ ਡਿਪਟੀ ਡਾਇਰੈਕਟਰ) ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ। ਮੌਰਨਿੰਗ ਕਲੱਬ ਵੱਲੋਂ ਮੁੱਖ ਮਹਿਮਾਨ ਦਾ ਸਨਮਾਨ ਬੁੱਕੇ ਭੇਟ ਕਰਕੇ ਕੀਤਾ ਗਿਆ। ਮੇਅਰ ਕੁੰਦਨ ਗੋਗੀਆ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਚੰਗੀ ਸਿਹਤ ਲਈ ਸਵੇਰੇ ਦੀ ਸੈਰ, ਯੋਗ ਅਤੇ ਕੁਦਰਤ ਨਾਲ ਜੁੜਨਾ ਬਹੁਤ ਜ਼ਰੂਰੀ ਹੈ। ਇਸ ਮੌਕੇ ਉਪਕਾਰ ਸਿੰਘ, ਦੇਵ ਰਾਜ ਰਾਜ ਕੁਮਾਰ, ਦੀਪਕ ਕਪੂਰ, ਟੋਨੀ, ਸੋਢੀ ਅਤੇ ਹੋਰ ਸੈਰ ਪ੍ਰੇਮੀ ਵੀ ਮੌਜੂਦ ਰਹੇ।

## ਬੇਅਦਬੀ ਵਿਰੁੱਧ ਸਖ਼ਤ ਕਾਨੂੰਨ ਲਈ ਆਲ ਇੰਡੀਆ ਐਕਟ ਬਿੱਲ ਲਿਆਂਦਾ ਜਾਵੇ : ਪ੍ਰੋ. ਬਡੂੰਗਰ

ਪਟਿਆਲਾ, 8 ਅਪ੍ਰੈਲ (ਰੁਪਾਣਾ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਕਿਹਾ ਕਿ ਪੰਜਾਬ ਸਰਕਾਰ 13 ਅਪ੍ਰੈਲ ਨੂੰ ਵਿਸ਼ੇਸ਼ ਸੈਸ਼ਨ ਸੱਦ ਕੇ ਧਾਰਮਿਕ ਗ੍ਰੰਥਾਂ ਦੀ ਬੇਅਦਬੀ ਬਾਰੇ ਬਿੱਲ ਲਿਆਉਣ ਜਾ ਰਹੀ, ਪ੍ਰੰਤੂ ਏਸੇ ਪੰਜਾਬ ਵਿਧਾਨ ਸਭਾ ਵੱਲੋਂ ਪਹਿਲਾਂ ਵੀ ਦੋ ਵਾਰ ਅਜਿਹਾ ਹੀ ਬਿੱਲ ਪਾਸ ਕੀਤਾ ਜਾ ਚੁੱਕਾ ਹੈ, ਜਿਸ ਨੂੰ ਪੰਜਾਬ ਦੇ ਮਾਨਯੋਗ ਰਾਜਪਾਲ ਅਤੇ ਦੇਸ਼ ਦੇ ਮਾਨਯੋਗ ਰਾਸ਼ਟਰਪਤੀ ਵੱਲੋਂ ਪ੍ਰਵਾਨਗੀ ਨਾ ਮਿਲਣ ਕਾਰਨ ਉਹ ਦੋਵੇਂ ਪ੍ਰਸਤਾਵਿਤ ਬਿੱਲ ਕਨੂੰਨ ਨਹੀਂ ਬਣ ਸਕੇ। ਸਾਬਕਾ ਪ੍ਰਧਾਨ ਨੇ ਸੁਝਾਅ ਦਿੰਦਿਆਂ ਆਖਿਆ ਕਿ ਪੰਜਾਬ ਵਿਧਾਨ ਸਭਾ ਵੱਲੋਂ ਆਲ ਇੰਡੀਆ ਗੁਰਦੁਆਰਾ ਐਕਟ ਦਾ ਬਿੱਲ ਪਾਸ ਕਰਕੇ ਕੇਂਦਰ ਨੂੰ ਨਵਾਂ ਕਾਨੂੰਨ ਪਾਸ ਕਰਨ ਲਈ ਭੇਜਿਆ ਜਾਵੇ ਤਾਂ ਕਿ ਬੇਅਦਬੀ ਕਰਨ ਵਾਲਿਆਂ ਨੂੰ ਕਾਨੂੰਨ ਦੇ ਕਟਹਿਰੇ ਵਿਚ ਖੜ੍ਹਾ ਕੀਤਾ ਜਾ ਸਕੇ। ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਕਿਹਾ ਅਸਲ ਵਿਚ ਚਿਰਾਂ ਤੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪੰਜਾਬ ਸਿੱਖ ਗੁਰਦੁਆਰਾ ਐਕਟ 1925 ਦੀ ਥਾਂ ਆਲ ਇੰਡੀਆ ਗੁਰਦੁਆਰਾ ਐਕਟ ਬਣਾਉਣ ਦੀ ਮੰਗ ਕਰਦੀ ਆ ਰਹੀ ਹੈ। ਪਰੰਤੂ ਇਹ ਬਦਕਿਸਮਤੀ ਹੀ ਹੈ ਅਜਿਹਾ ਕਰਨ ਦੀ ਥਾਂ ਦਿੱਲੀ ਅਤੇ ਹਰਿਆਣਾ ਦੇ ਵੱਖਰੇ ਵੱਖਰੇ ਗੁਰਦੁਆਰਾ ਐਕਟ ਬਣਾਕੇ ਸਿੱਖਾਂ ਦੀ ਚਿਰੋਕਣੀ ਮੰਗ ਨੂੰ ਤਹਿਸ ਨਹਿਸ ਕਰ ਦਿੱਤਾ ਗਿਆ ਹੈ। ਸਾਬਕਾ ਪ੍ਰਧਾਨ ਨੇ ਕਿਹਾ ਦੁਨੀਆ ਜਾਣਦੀ ਹੈ ਕਿ ਸਿੱਖ ਕੌਮ ਦੀ ਸਾਜਨਾ, ਸਿਰਜਣਾ, ਸਿਧਾਂਤ, ਸਰੂਪ, ਸਭਿਆਚਾਰ, ਧਾਰਮਿਕ ਮਰਯਾਦਾ, ਅਕੀਦਾ, ਬੋਲੀ, ਲਿਪੀ, ਕੈਲੰਡਰ, ਸ਼ਾਨਾਮੱਤਾ ਇਤਿਹਾਸ ਅਤੇ ਦੇਸ਼ ਦੁਨੀਆ ਦੇ ਭਲੇ ਲਈ ਕੀਤੀਆਂ ਲਾਮਿਸਾਲ ਕੁਰਬਾਨੀਆਂ ਆਦਿ ਸਿੱਖ ਕੌਮ ਨੂੰ ਵਿਸ਼ਵ ਵਿਚ ਇਕ ਵੱਖਰੀ ਕੌਮ ਸਥਾਪਤ ਕਰਦੇ ਹਨ। ਇਸ ਲਈ ਪੰਜਾਬ ਵਿਧਾਨ ਸਭਾ ਵੱਲੋਂ ਆਲ ਇੰਡੀਆ ਗੁਰਦੁਆਰਾ ਐਕਟ ਦਾ ਬਿੱਲ ਪਾਸ ਕਰਕੇ ਕੇਂਦਰ ਨੂੰ ਨਵਾਂ ਕਨੂੰਨ ਪਾਸ ਕਰਨ ਲਈ ਭੇਜਿਆ ਜਾਵੇ।

## ਆਦਰਸ਼ ਕਾਲਜ ਆਫ਼ ਨਰਸਿੰਗ ਨੇ ਵਿਸ਼ਵ ਸਿਹਤ ਦਿਵਸ ਮਨਾਇਆ



ਸਮਾਣਾ, 8 ਅਪ੍ਰੈਲ (ਵਿਜੇ ਕੁਮਾਰ/ਜਵੰਦਾ): ਆਦਰਸ਼ ਕਾਲਜ ਆਫ਼ ਨਰਸਿੰਗ ਪਟਿਆਲਾ ਨੇ ਹਾਲ ਹੀ ਵਿੱਚ ਵਿਸ਼ਵ ਸਿਹਤ ਦਿਵਸ 2026 ਨੂੰ ਬੜੇ ਉਤਸ਼ਾਹ ਨਾਲ ਮਨਾਇਆ। ਇਹ ਦਿਵਸ ਹਰ ਸਾਲ 7 ਅਪ੍ਰੈਲ ਨੂੰ ਮਨਾਇਆ ਜਾਂਦਾ ਹੈ। ਇਸ ਸਾਲ ਦਾ ਮਕਸਦ ਵਿਗਿਆਨ-ਆਧਾਰਿਤ ਸਿਹਤ ਹੱਲਾਂ ਦਾ ਸਮਰਥਨ ਕਰਨ ਲਈ ਵਿਸ਼ਵ ਪੱਧਰੀ ਏਕਤਾ 'ਤੇ ਜ਼ੋਰ ਦਿੰਦਾ ਹੈ। ਇਸ ਮੌਕੇ 'ਤੇ ਸੰਬੋਧਨ ਕਰਦਿਆਂ, ਕਾਲਜ ਦੀ ਪ੍ਰਿੰਸੀਪਲ ਸਿਮਰਨਜੀਤ ਕੌਰ ਨੇ ਇਸ ਦਿਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਇਸ ਮੌਕੇ ਸਿਮਰਨਜੀਤ ਕੌਰ (ਪ੍ਰਿੰਸੀਪਲ), ਸੰਦੀਪ ਕੌਰ (ਵਾਈਸ ਪ੍ਰਿੰਸੀਪਲ), ਸੰਜੀਵ ਕੁਮਾਰ, ਸਿਮਰਨ, ਜਸਨਦੀਪ ਕੌਰ, ਦਿਲਪ੍ਰੀਤ ਕੌਰ, ਸਤਵੀਰ ਕੌਰ, ਮਨਦੀਪ ਕੌਰ, ਪਵਨਪ੍ਰੀਤ ਕੌਰ, ਰਵਨੀਤ ਕੌਰ, ਮਨਜਿੰਦਰ ਕੌਰ, ਗੁਰਪ੍ਰੀਤ ਸਿੰਘ, ਰਜਿੰਦਰ ਕੌਰ, ਜਸਪਾਲ ਸਿੰਘ, ਪ੍ਰਭਨੂਰ ਕੌਰ, ਲਖਵਿੰਦਰ ਕੌਰ ਹਾਜ਼ਰ ਸਨ।

## ਡੋਪ ਟੈਸਟ ਪਾਜ਼ੀਟਿਵ ਆਇਆ

ਪਟਿਆਲਾ, 8 ਅਪ੍ਰੈਲ (ਵਿਨੋਦ ਸ਼ਰਮਾ): ਥਾਣਾ ਬਖ਼ਸ਼ੀਵਾਲਾ ਪੁਲਿਸ ਨੇ ਕਥਿਤ ਦੋਸ਼ੀਆਂ ਸੁਲਤਾਨ ਅਲੀ, ਗੁਰਤੇਜ ਵਾਸੀ ਪਿੰਡ ਲਚਕਾਣੀ ਵਿਰੁੱਧ ਧਾਰਾ 27, 61, 85 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਏਐਸਆਈ ਸੂਬਾ ਸਿੰਘ ਸਮੇਤ ਪੁਲਿਸ ਪਾਰਟੀ ਗਸ਼ਤ ਵਾ ਤਲਾਸ਼ ਸ਼ੱਕੀ ਤੇ ਭੈੜੇ ਪੁਰਸ਼ਾਂ ਦੇ ਸਬੰਧ ਵਿੱਚ ਸਿੱਧੂਵਾਲ ਨਹਿਰ ਦੀ ਪਟੜੀ ਪਾਸ ਮੌਜੂਦ ਸੀ, ਜੋ ਕਥਿਤ ਦੋਸ਼ੀ ਨੂੰ ਸ਼ੱਕ ਦੇ ਅਧਾਰ ਪਰ ਰੋਕ ਕੇ ਚੈਕ ਕਰਨ ਪਰ ਉਸਦਾ ਨਸ਼ਾ ਕੀਤਾ ਜਾਪਦਾ ਪਾਇਆ ਗਿਆ, ਜੋ ਡੋਪ ਟੈਸਟ ਕਰਾਉਣ ਪਰ ਪਾਜ਼ੀਟਿਵ ਆਇਆ।

## ਬਸੰਤ ਰਿਤੂ ਕਲੱਬ ਨੇ ਅੱਖਾਂ ਦੇ ਆਪ੍ਰੇਸ਼ਨ ਕਰਵਾਏ

ਪਟਿਆਲਾ, 8 ਅਪ੍ਰੈਲ (ਚ.ਨ.ਸ.): ਬਸੰਤ ਰਿਤੂ ਯੂਥ ਕਲੱਬ ਤ੍ਰਿਪੜੀ ਪਟਿਆਲਾ ਨੇ ਸ੍ਰੀ ਗੁਰੂ ਤੇਗ ਬਹਾਦਰ ਅੱਖਾਂ ਦੇ ਹਸਪਤਾਲ ਵਿਖੇ ਮਾਸਿਕ ਅੱਖਾਂ ਦਾ ਮੁਫਤ ਉਪਰੇਸ਼ਨ ਕੈਂਪ ਲਗਾਇਆ ਗਿਆ। ਇਸ ਦੀ ਪ੍ਰਧਾਨਗੀ ਸੰਤੋਸ਼ ਕੁਮਾਰ ਲਾਲਵਾਨੀ ਨੇ ਕੀਤੀ। ਕਲੱਬ ਦੇ ਪ੍ਰਧਾਨ ਇੰਜੀ: ਆਕਰਸ਼ ਸ਼ਰਮਾ ਨੇ ਦੱਸਿਆ ਕਿ ਇਸ ਕੈਂਪ ਵਿੱਚ ਡਾ. ਆਸ਼ਾ ਪ੍ਰਿਤਪਾਲ ਕੌਰ ਆਈ ਸਰਜਨ ਵੱਲੋਂ ਮਰੀਜ਼ਾਂ ਦਾ ਚੈਕਅੱਪ ਕੀਤਾ ਗਿਆ ਅਤੇ ਲੋੜਵੰਦ ਮਰੀਜ਼ਾਂ ਦੇ ਅੱਖਾਂ ਦੇ ਲੈਂਜ ਵਾਲੇ



ਉਪਰੇਸ਼ਨ ਮੁਫ਼ਤ ਕੀਤੇ ਗਏ। ਕਲੱਬ ਦੇ ਸੰਸਥਾਪਕ ਰਾਜੇਸ਼ ਸ਼ਰਮਾ ਨੇ ਆਖਿਆ ਕਿ ਬਸੰਤ ਰਿਤੂ ਕਲੱਬ ਤ੍ਰਿਪੜੀ ਪਟਿਆਲਾ ਵੱਲੋਂ ਪਿਛਲੇ ਚਾਰ ਸਾਲਾਂ ਤੋਂ ਹਰ ਮਹੀਨੇ ਅੱਖਾਂ ਦਾ ਮੁਫ਼ਤ ਚੈਕਅੱਪ ਅਤੇ ਉਪਰੇਸ਼ਨ ਕੈਂਪ ਆਯੋਜਿਤ ਕੀਤਾ ਜਾਂਦਾ ਹੈ, ਜਿਸ ਵਿੱਚ ਚੈਕਅੱਪ ਕਰਨ ਤੋਂ ਬਾਅਦ ਜ਼ਰੂਰਤਮੰਦ ਮਰੀਜ਼ਾਂ ਦੇ ਅੱਖਾਂ ਦੇ ਲੈਂਜ ਵਾਲੇ ਉਪਰੇਸ਼ਨ ਮੁਫ਼ਤ ਕਰਨ ਉਪਰੰਤ ਉਹਨਾਂ ਨੂੰ ਦਵਾਈਆਂ ਅਤੇ ਐਨਕਾਂ ਵੀ ਦਿੱਤੀਆਂ ਜਾਂਦੀਆਂ ਹਨ। ਇਸ ਕੈਂਪ ਵਿੱਚ ਪੰਜਾਬ ਤੋਂ ਬਾਹਰ ਦੇ ਸੂਬਿਆਂ ਦੇ ਲੋਕ ਵੀ ਆ ਕੇ ਇਸ ਕੈਂਪ ਦਾ ਲਾਭ ਉਠਾਉਂਦੇ ਹਨ। ਇਸ ਕੈਂਪ ਵਿੱਚ ਕਲੱਬ ਮੈਂਬਰ ਹਰਜੀਤ ਸਿੰਘ, ਮੇਹਰਵਾਨ ਸਿੰਘ ਮਾਗੋ, ਹਰਸ਼ਪ੍ਰੀਤ ਸਿੰਘ, ਧਰਮਿੰਦਰ ਕੁਮਾਰ, ਨਿਵਨ ਨਾਸਰਾ ਅਤੇ ਜਗਤਾਰ ਸਿੰਘ ਨੇ ਵੀ ਸੇਵਾ ਨਿਭਾਈ।

### ਮਾਮਲਾ ਧਰਮ ਯੁੱਧ ਮੋਰਚੇ 'ਚ ਹੋਈ ਕਿਸਾਨ ਦੀ ਮੌਤ ਦਾ

## ਸੈਂਕੜੇ ਕਿਸਾਨਾਂ ਨੇ ਡੱਲੇਵਾਲ ਦੀ ਅਗਵਾਈ 'ਚ ਵਿਧਾਇਕ ਜੌੜਾਮਾਜਰਾ ਦੇ ਘਰ ਦੇ ਬਾਹਰ ਲਗਾਇਆ ਪੱਕਾ ਮੋਰਚਾ

ਸਮਾਣਾ, 8 ਅਪ੍ਰੈਲ (ਵਿਜੇ ਕੁਮਾਰ): ਮੰਗਲਵਾਰ ਸਵੇਰੇ ਬਾਬਾ ਬੰਦਾ ਸਿੰਘ ਬਹਾਦਰ ਚੌਕ ਵਿੱਚ ਲੱਗੇ 'ਧਰਮ ਯੁੱਧ ਮੋਰਚੇ' ਵਿੱਚ ਸ਼ਾਮਲ ਕਿਸਾਨ ਗੋਬਿੰਦ ਸਿੰਘ ਵਾਸੀ ਪਿੰਡ ਨਨਹੇੜਾ ਚੱਠਾ (ਸੰਗਰੂਰ) ਦੀ ਦਿਲ ਦਾ ਦੌਰਾ ਪੈਣ ਕਾਰਨ ਮੌਤ ਹੋ ਗਈ ਸੀ। ਇਸ ਘਟਨਾ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਪੀੜ੍ਹਤ ਪਰਿਵਾਰ ਨਾਲ ਕੋਈ ਹਮਦਰਦੀ ਜਾਹਿਰ ਨਾ ਕਰਨ ਦੇ ਰੋਸ ਵੱਜੋਂ ਕਿਸਾਨ ਜਥੇਬੰਦੀ ਸਿੱਧੂਪੁਰ ਦੇ ਸੈਂਕੜੇ ਕਿਸਾਨਾਂ ਨੇ ਹਲਕਾ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਦੇ ਘਰ ਅੱਗੇ ਧਰਨਾ ਲੱਗਾ ਕੇ ਸਰਕਾਰ ਖਿਲਾਫ ਨਾਅਰੇਬਾਜ਼ੀ ਕਰਦਿਆਂ ਪੀੜ੍ਹਤ ਪਰਿਵਾਰ ਨੂੰ ਇਨਸਾਫ ਦੇਣ ਦੀ ਮੰਗ ਕੀਤੀ। ਮੰਗ ਪੂਰੀ ਨਾ ਹੋਣ ਤੱਕ ਗੋਬਿੰਦ ਸਿੰਘ ਦਾ ਪੋਸਟਮਾਰਟਮ ਕਰਵਾਉਣ ਅਤੇ ਸੰਸਕਾਰ ਕਰਨ ਤੋਂ ਇਨਕਾਰ ਕਰਦਿਆਂ ਅਣਮਿਥੇ ਸਮੇਂ ਲਈ ਧਰਨਾ ਜਾਰੀ ਰੱਖਣ ਦੀ ਚਿਤਾਵਨੀ ਵੀ ਦਿੱਤੀ। ਜਾਣਕਾਰੀ ਦਿੰਦਿਆਂ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਤੇ ਕਾਕਾ ਸਿੰਘ ਕੋਟੜਾ ਨੇ ਦੱਸਿਆ ਕਿ ਬੁੱਧਵਾਰ ਨੂੰ ਸਿੱਧੂਪੁਰ ਕਿਸਾਨ ਜਥੇਬੰਦੀ ਦੇ



ਆਗੂਆਂ ਅਤੇ ਧਰਮ ਯੁੱਧ ਮੋਰਚਾ ਕਮੇਟੀ ਦੇ ਮੈਂਬਰਾਂ ਨੇ ਸਮਾਣਾ ਦੇ ਚੀਕਾ ਰੋਡ ਸਥਿਤ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਦੀ ਕੋਠੀ ਦੇ ਬਾਹਰ ਧਰਨਾ ਪ੍ਰਦਰਸ਼ਨ ਸ਼ੁਰੂ ਕਰ ਦਿੱਤਾ ਹੈ। ਕਿਸਾਨਾਂ ਨੇ ਮੰਗ ਕੀਤੀ ਹੈ ਕਿ ਮ੍ਰਿਤਕ ਕਿਸਾਨ ਗੋਬਿੰਦ ਸਿੰਘ ਨੂੰ ਸ਼ਹੀਦ ਦਾ ਦਰਜਾ, ਪੀੜਤ ਪਰਿਵਾਰ ਨੂੰ 5 ਲੱਖ ਰੁਪਏ ਨਕਦ ਮੁਆਵਜਾ , ਇੱਕ ਮੈਂਬਰ ਨੂੰ ਸਰਕਾਰੀ ਨੌਕਰੀ ਦਿੱਤੀ ਜਾਵੇ। ਉਨ੍ਹਾਂ ਅੱਗੇ ਦੱਸਿਆ ਕਿ 'ਆਪ' ਦੇ ਪ੍ਰਧਾਨ, ਪੰਜਾਬ ਦੇ ਮੁੱਖ ਮੰਤਰੀ ਅਤੇ ਵਿੱਤ ਮੰਤਰੀ ਵੀ ਸੰਗਰੂਰ ਜ਼ਿਲ੍ਹੇ ਨਾਲ ਹੀ ਸਬੰਧ ਰੱਖਦੇ ਹਨ, ਪਰ ਫਿਰ ਵੀ 24 ਘੰਟੇ ਬੀਤ ਜਾਣ ਦੇ ਬਾਵਜੂਦ ਕਿਸੇ ਨੇ ਪਰਿਵਾਰ ਨਾਲ ਦੁੱਖ ਤੱਕ ਸਾਂਝਾ ਨਹੀਂ ਕੀਤਾ। ਕਾਕਾ ਸਿੰਘ ਨੇ ਸਥਾਨਕ ਪ੍ਰਸ਼ਾਸਨ ਦੀ ਆਲੋਚਨਾ ਕਰਦਿਆਂ ਦੱਸਿਆ ਕਿ 24 ਮਾਰਚ ਤੋਂ ਚੱਲ ਰਹੇ ਇਸ ਮੋਰਚੇ ਵਿੱਚ ਸਫਾਈ ਦਾ ਕੋਈ ਪ੍ਰਬੰਧ ਨਾ ਹੋਣ ਕਾਰਨ ਧਰਨੇ ਵਾਲੀ ਥਾਂ ਗੰਦਗੀ ਫੈਲੀ ਹੋਈ ਹੈ ਜਿਸ ਕਾਰਨ ਧਰਨੇ ਵਿੱਚ ਸ਼ਾਮਲ ਲੋਕ ਬੀਮਾਰ ਹੋ ਰਹੇ ਹਨ। ਪੀਣ ਵਾਲੇ ਸਾਫ ਪਾਣੀ ਦਾ ਕੋਈ ਪ੍ਰਬੰਧ ਨਹੀਂ ਹੈ, ਜਿਸ ਥਾਂ 'ਤੇ ਖਾਣਾ ਬਣਾਇਆ ਜਾਂਦਾ ਹੈ, ਉੱਥੇ ਹੀ ਸੰਗਤ ਸੌਂਦੀ ਹੈ, ਪਰ ਪ੍ਰਸ਼ਾਸਨ ਨੇ ਸਫਾਈ ਵੱਲ ਕੋਈ ਧਿਆਨ ਨਹੀਂ ਦਿੱਤਾ। ਉਨ੍ਹਾਂ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਉਕਤ ਮੰਗਾਂ ਜੇਕਰ ਜਲਦੀ ਨਾ ਮੰਨੀਆਂ ਤਾਂ ਉਹ ਸੰਘਰਸ਼ ਨੂੰ ਹੋਰ ਤਿੱਖਾ ਕਰਨਗੇ। ਇਸ ਮੌਕੇ ਜਗਦੀਪ ਸਿੰਘ ਅਲੂਣਾ, ਗੁਰਦੀਪ ਸਿੰਘ ਗਿੱਲ, ਅਜੈਬ ਸਿੰਘ ਧਨੇਠਾ, ਖੁਸ਼ਇੰਦਰ ਸਿੰਘ, ਤਲਵਿੰਦਰ ਸਿੰਘ ਔਲਖ, ਰਣਜੀਤ ਸਿੰਘ ਤੇਈ ਪੁਰ ਤੋਂ ਇਲਾਵਾ ਹੋਰ ਵੀ ਸੈਂਕੜੇ ਕਿਸਾਨ ਵੀ ਹਾਜ਼ਰ ਸਨ।

## ਸਾਹਿਤ ਕਲਸ਼ ਪ੍ਰਕਾਸ਼ਨ ਵੱਲੋਂ ਪੁਸਤਕ ਵਿਮੋਚਨ ਤੇ ਰਾਸ਼ਟਰੀ ਕਵੀ ਦਰਬਾਰ



ਪਟਿਆਲਾ, 8 ਅਪ੍ਰੈਲ (ਦੀਪਕ ਜੈਦਕਾ): ਸਾਹਿਤਕ ਸੇਵਾ ਨੂੰ ਸਮਰਪਿਤ ਸੰਸਥਾ, ਸਾਹਿਤ ਕਲਸ਼ ਪ੍ਰਕਾਸ਼ਨ ਅਤੇ ਪਰਿਵਾਰ ਨੇ ਸਥਾਨਕ ਗ੍ਰੀਨ ਵੈੱਲ ਹਾਈ ਸਕੂਲ ਵਿਖੇ ਇੱਕ ਸ਼ਾਨਦਾਰ ਪੁਸਤਕ ਵਿਮੋਚਨ ਅਤੇ ਰਾਸ਼ਟਰੀ ਕਵੀ ਦਰਬਾਰ ਦਾ ਆਯੋਜਨ ਕੀਤਾ। ਪਿਛਲੇ 13 ਸਾਲਾਂ ਤੋਂ ਸਾਹਿਤ ਦੇ ਖੇਤਰ ਵਿੱਚ ਸਰਗਰਮ, ਸੰਸਥਾ ਨੇ ਇੱਕ ਵਾਰ ਫਿਰ ਸਾਹਿਤਕ ਹਸਤੀਆਂ ਲਈ ਇੱਕ ਪਲੇਟਫਾਰਮ ਪ੍ਰਦਾਨ ਕੀਤਾ। ਸਮਾਰੋਹ ਵਿੱਚ ਮੁੱਖ ਤੌਰ 'ਤੇ ਦੋ ਲੇਖਕਾਂ ਦੀਆਂ ਰਚਨਾਵਾਂ ਦਾ ਰਿਲੀਜ਼ ਕੀਤਾ ਗਿਆ। ਮੌਜੂਦ ਵਿਦਵਾਨਾਂ ਨੇ ਦੋਵਾਂ ਕਿਤਾਬਾਂ ਦੀ ਪ੍ਰਸ਼ੰਸਾ ਕੀਤੀ, ਉਨ੍ਹਾਂ ਨੂੰ ਸਾਹਿਤਕ ਜਗਤ ਵਿੱਚ ਕੀਮਤੀ ਯੋਗਦਾਨ ਕਿਹਾ। ਉਜਾਗਰ ਸਿੰਘ, ਡਾ. ਦਰਸ਼ਨ ਸਿੰਘ ਆਸ਼ਟ, ਪ੍ਰੋਫੈਸਰ ਨੀਲੇ ਖਾਨ, ਜਗਤਾਰ ਸਿੰਘ, ਦਿਨੇਸ਼ ਸੂਦ, ਪਵਨ ਗੋਇਲ ਅਤੇ ਮੰਜੂ ਮੈਮ ਵਿਸ਼ੇਸ਼ ਮਹਿਮਾਨ ਸਨ। ਮਹਿਮਾਨਾਂ ਨੇ ਸਾਹਿਤ ਕਲਸ਼ ਪਰਿਵਾਰ ਦੇ ਯਤਨਾਂ ਦੀ ਪ੍ਰਸ਼ੰਸਾ ਕੀਤੀ ਅਤੇ ਲੇਖਕਾਂ ਨੂੰ ਉਨ੍ਹਾਂ ਦੀਆਂ ਨਵੀਆਂ ਪੁਸਤਕਾਂ ਲਈ ਦਿਲੋਂ ਵਧਾਈ ਦਿੱਤੀ। ਪ੍ਰੋਗਰਾਮ ਦਾ ਮੁੱਖ ਆਕਰਸ਼ਣ ਰਾਸ਼ਟਰੀ ਕਵੀ ਦਰਬਾਰ ਸੀ, ਜਿਸ ਵਿੱਚ ਵੱਖ-ਵੱਖ ਰਾਜਾਂ ਅਤੇ ਸ਼ਹਿਰਾਂ ਤੋਂ ਲਗਭਗ 40 ਸਾਹਿਤਕ ਹਸਤੀਆਂ ਨੇ ਹਿੱਸਾ ਲਿਆ। ਕਵੀਆਂ ਨੇ ਆਪਣੀਆਂ ਕਵਿਤਾਵਾਂ, ਗ਼ਜ਼ਲਾਂ ਅਤੇ ਰਚਨਾਵਾਂ ਨਾਲ ਸਰੋਤਿਆਂ ਨੂੰ ਮੋਹਿਤ ਕੀਤਾ। ਪਿਆਰ, ਸਮਾਜ ਅਤੇ ਮਨੁੱਖੀ ਭਾਵਨਾਵਾਂ 'ਤੇ ਆਧਾਰਿਤ ਇਨ੍ਹਾਂ ਰਚਨਾਵਾਂ ਨੇ ਸਰੋਤਿਆਂ ਨੂੰ ਮੰਤਰਮੁਗਧ ਕਰ ਦਿੱਤਾ। ਸਾਹਿਤਕ ਚਰਚਾ ਦੇ ਨਾਲ-ਨਾਲ, ਇਸ ਮਹੀਨੇ ਜਨਮੇ ਸਾਹਿਤ ਕਲਸ਼ ਪਰਿਵਾਰ ਦੇ ਉਨ੍ਹਾਂ ਮੈਂਬਰਾਂ ਦੇ ਜਨਮਦਿਨ ਵੀ ਕੇਕ ਕੱਟ ਕੇ ਮਨਾਏ ਗਏ। ਸੰਗਠਨ ਦੇ ਅਧਿਕਾਰੀਆਂ ਨੇ ਦੱਸਿਆ ਕਿ ਸਾਹਿਤ ਕਲਸ਼ ਪਿਛਲੇ 13 ਸਾਲਾਂ ਤੋਂ ਨਿਰਸਵਾਰਥ ਸਾਹਿਤ ਦੀ ਸੇਵਾ ਕਰ ਰਿਹਾ ਹੈ, ਅਤੇ ਨਵੇਂ ਲੇਖਕਾਂ ਨੂੰ ਪਲੇਟਫਾਰਮ ਪ੍ਰਦਾਨ ਕਰਨਾ ਉਨ੍ਹਾਂ ਦੀ ਤਰਜੀਹ ਹੈ। ਪ੍ਰੋਗਰਾਮ ਦੇ ਅੰਤ ਵਿੱਚ, ਸਾਹਿਤ ਕਲਸ਼ ਪਰਿਵਾਰ ਨੇ ਹਾਜ਼ਰ ਸਾਰੇ ਮਹਿਮਾਨਾਂ ਅਤੇ ਲੇਖਕਾਂ ਦਾ ਧੰਨਵਾਦ ਕੀਤਾ।